ਬੁੱਧਵਾਰ, 19 ਅਗਸਤ, 2026
3 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 78

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 19 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਦਿੱਲੀ ਤੇ ਬਿਹਾਰ ਪੁਲਸ ਪਾੜ੍ਹਿਆਂ 'ਤੇ ਢਾਹੇ ਜ਼ੁਲਮ ਮੰਨਣ ਤੋਂ ਇਨਕਾਰੀ

### ਸੁਪਰੀਮ ਕੋਰਟ ਅੱਜ ਉੱਚ ਪੱਧਰੀ ਜਾਂਚ ਕਮੇਟੀ ਕਾਇਮ ਕਰੇਗੀ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਸੁਪਰੀਮ ਕੋਰਟ ਨੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਅਗਵਾਈ ਵਾਲੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਅਤੇ ਪੁਲਸ ਕਾਰਵਾਈ ਦੇ ਦੋਸ਼ਾਂ ਦੀ ਜਾਂਚ ਲਈ ਇੱਕ ਉਚ-ਪੱਧਰੀ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਹੈ। ਇਸ ਵਿੱਚ ਸੁਪਰੀਮ ਕੋਰਟ ਦੇ ਇੱਕ ਸਾਬਕਾ ਜੱਜ, ਇੱਕ ਸਾਬਕਾ ਡੀ ਜੀ ਪੀ, ਇੱਕ ਸਾਬਕਾ ਸੀ ਬੀ ਆਈ ਡਾਇਰੈਕਟਰ ਅਤੇ ਹੋਰ ਮੈਂਬਰ ਸ਼ਾਮਲ ਹੋਣਗੇ। ਉਹ ਬੁੱਧਵਾਰ ਨੂੰ ਪਟੀਸ਼ਨਰਾਂ ਅਤੇ ਹੋਰ ਧਿਰਾਂ ਤੋਂ ਮੈਂਬਰਾਂ ਦੇ ਨਾਵਾਂ 'ਤੇ ਸੁਝਾਅ ਮੰਗਣ ਤੋਂ ਬਾਅਦ ਕਮੇਟੀ ਬਣਾਉਣ ਲਈ ਰਸਮੀ ਹੁਕਮ ਜਾਰੀ ਕਰੇਗੀ।

ਮੰਗਲਵਾਰ ਸੁਣਵਾਈ ਦੌਰਾਨ ਦਿੱਲੀ ਪੁਲਸ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ 20 ਜੁਲਾਈ ਦਾ ਸੰਸਦ ਮਾਰਚ ਗੈਰ-ਕਾਨੂੰਨੀ ਅਤੇ ਬਿਨਾਂ ਇਜਾਜ਼ਤ ਸੀ। ਜੰਤਰ-ਮੰਤਰ 'ਤੇ ਹੋਏ ਵਿਰੋਧ ਪ੍ਰਦਰਸ਼ਨ ਵਿੱਚ ਕਈ ਹਿਸਟਰੀਸ਼ੀਟਰ ਵੀ ਸ਼ਾਮਲ ਸਨ। ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਬੈਰੀਕੇਡ ਤੋੜ ਦਿੱਤੇ ਅਤੇ ਪੁਲਸ 'ਤੇ ਹਮਲਾ ਕੀਤਾ। ਸਥਿਤੀ ਨੂੰ ਕਾਬੂ ਕਰਨ ਲਈ ਤਾਕਤ ਦੀ ਵਰਤੋਂ ਕੀਤੀ ਗਈ, ਪਰ ਪ੍ਰਦਰਸ਼ਨਕਾਰੀਆਂ ਵਿਰੁੱਧ ਕੋਈ ਜ਼ਿਆਦਾ ਤਾਕਤ ਦੀ ਵਰਤੋਂ ਨਹੀਂ ਕੀਤੀ ਗਈ।

ਡਿਪਟੀ ਕਮਿਸ਼ਨਰ ਆਫ ਪੁਲਸ ਸਚਿਨ ਸ਼ਰਮਾ ਨੇ ਇਹ ਜਾਣਕਾਰੀ ਪੁਲਸ ਵਧੀਕੀਆਂ ਦੀ ਅਦਾਲਤ ਦੀ ਨਿਗਰਾਨੀ ਹੇਠ ਜਾਂਚ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ ਦੇ ਜਵਾਬ ਵਿੱਚ ਦਾਇਰ ਕੀਤੇ ਇੱਕ ਹਲਫਨਾਮੇ ਵਿੱਚ ਦਿੱਤੀ। ਇਹੀ ਜਵਾਬ ਚਾਰ ਸੰਬੰਧਤ ਪਟੀਸ਼ਨਾਂ ਵਿੱਚ ਵੀ ਵਰਤਿਆ ਜਾਵੇਗਾ। ਕਿੱਲਾਂ ਵਾਲੇ ਡੰਡਿਆਂ ਦੇ ਦੋਸ਼ਾਂ ਦੇ ਸੰਬੰਧ ਵਿੱਚ ਹਲਫਨਾਮੇ ਵਿੱਚ ਕਿਹਾ ਗਿਆ ਹੈ ਕਿ ਪਟੀਸ਼ਨਾਂ ਵਿੱਚ ਚੋਣਵੀਆਂ ਤਸਵੀਰਾਂ, ਅਧੂਰੀਆਂ ਵੀਡੀਓਜ਼ ਅਤੇ ਗੈਰ-ਪ੍ਰਮਾਣਤ ਮੀਡੀਆ ਰਿਪੋਰਟਾਂ ਦੀ ਵਰਤੋਂ ਕੀਤੀ ਗਈ। ਇਹ ਪੁਲਸ ਕਾਰਵਾਈ ਦਾ ਪੂਰਾ ਸੰਦਰਭ ਪ੍ਰਦਾਨ ਨਹੀਂ ਕਰਦੀਆਂ। ਵੀਡੀਓ ਵਿੱਚ ਅਜਿਹੇ ਡੰਡੇ ਦੀ ਵਰਤੋਂ ਦੀ ਸਿਰਫ ਇੱਕ ਘਟਨਾ ਦਿਖਾਈ ਗਈ ਹੈ, ਜੋ ਇੱਕ ਪ੍ਰਦਰਸ਼ਨਕਾਰੀ ਦੇ ਹੱਥਾਂ ਵਿੱਚ ਸੀ। ਸ਼ਰਮਾ ਨੇ ਕਿਹਾ ਹੈ ਕਿ ਸਪੈਸ਼ਲ ਬ੍ਰਾਂਚ, ਸਪੈਸ਼ਲ ਸੈੱਲ, ਕ੍ਰਾਈਮ ਬ੍ਰਾਂਚ ਅਤੇ ਸਥਾਨਕ ਪੁਲਸ ਦੇ ਕਰਮਚਾਰੀ ਸਾਦੇ ਕੱਪੜਿਆਂ ਵਿੱਚ ਭੀੜ ਵਿੱਚ ਮੌਜੂਦ ਸਨ। ਇਹ ਇੱਕ ਆਮ ਸੁਰੱਖਿਆ ਰਣਨੀਤੀ ਹੈ।

ਇਸੇ ਦੌਰਾਨ ਬਿਹਾਰ ਸਰਕਾਰ ਨੇ ਸੁਪਰੀਮ ਕੋਰਟ ਨੂੰ ਹਲਫਨਾਮੇ ਰਾਹੀਂ ਦੱਸਿਆ ਕਿ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ 25 ਜੁਲਾਈ ਨੂੰ ਸੀਵਾਨ ਦੇ ਜੇ ਪੀ ਚੌਕ ਨੇੜੇ ਤਾਇਨਾਤ ਕਾਂਸਟੇਬਲ ਅਭਿਸ਼ੇਕ ਕੁਮਾਰ ਨੇ ਏ ਕੇ-47 ਤੋਂ ਚਾਰ ਗੋਲੀਆਂ ਉਦੋਂ ਚਲਾਈਆਂ, ਜਦੋਂ ਉਸ ਨੂੰ ਪ੍ਰਦਰਸ਼ਨਕਾਰੀਆਂ ਦੀ ਭੀੜ ਨੇ ਘੇਰ ਲਿਆ ਸੀ। ਉਸ ਨੇ ਗੋਲੀਬਾਰੀ ਵੀ ਹਵਾ ਵਿੱਚ ਕੀਤੀ ਸੀ ਅਤੇ ਕਿਸੇ ਵੀ ਪ੍ਰਦਰਸ਼ਨਕਾਰੀ ਨੂੰ ਨਹੀਂ ਲੱਗੀ। ਹਲਫਨਾਮੇ ਵਿੱਚ ਇੱਕ ਹੋਰ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਹੈ ਕਿ ਏ ਐੱਸ ਆਈ ਨੀਲੇਸ਼ ਕੁਮਾਰ ਸਿੰਘ ਨੇ ਭੀੜ ਨੂੰ ਖਿੰਡਾਉਣ ਦੀ ਕੋਸ਼ਿਸ਼ ਵਿੱਚ ਹਾਥੀ ਚੌਕ ਨੇੜੇ ਆਪਣੇ ਪਿਸਤੌਲ ਨਾਲ ਦੋ ਗੋਲੀਆਂ ਚਲਾਈਆਂ।

### ਕਾਂਗਰਸ ਦਾ ਰਾਜ ਹੁੰਦਾ ਤਾਂ ਹਜ਼ਾਰਾਂ ਮਰਨੇ ਸਨ : ਰਿਜਿਜੂ

**ਨਵੀਂ ਦਿੱਲੀ** : ਕੇਂਦਰੀ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਜੰਤਰ-ਮੰਤਰ ਪ੍ਰਦਰਸ਼ਨ ਦੌਰਾਨ ਦਿੱਲੀ ਪੁਲਸ ਦੀਆਂ ਕਾਰਵਾਈਆਂ ਦਾ ਬਚਾਅ ਕਰਦਿਆਂ ਦਾਅਵਾ ਕੀਤਾ ਕਿ ਹਜ਼ਾਰਾਂ ਲੋਕਾਂ ਦੇ ਪ੍ਰਦਰਸ਼ਨ ਦੇ ਬਾਵਜੂਦ ਇੱਕ ਵੀ ਗੋਲੀ ਨਹੀਂ ਚਲਾਈ ਗਈ ਅਤੇ ਕੋਈ ਵੀ ਪ੍ਰਦਰਸ਼ਨਕਾਰੀ ਗੰਭੀਰ ਜ਼ਖਮੀ ਨਹੀਂ ਹੋਇਆ। ਇਸ ਲਈ ਦਿੱਲੀ ਪੁਲਸ ਦੀ ਸ਼ਲਾਘਾ ਕੀਤੀ ਜਾਣੀ ਚਾਹੀਦੀ ਹੈ। ਜੇ ਕਾਂਗਰਸ ਦੇ ਸ਼ਾਸਨ ਦੌਰਾਨ ਅਜਿਹਾ ਅੰਦੋਲਨ ਹੋਇਆ ਹੁੰਦਾ ਤਾਂ ਹਜ਼ਾਰਾਂ ਲੋਕ ਮਰ ਸਕਦੇ ਸਨ।

ਖਬਰ ਏਜੰਸੀ ਏ ਐੱਨ ਆਈ ਨੂੰ ਦਿੱਤੀ ਇੰਟਰਵਿਊ ਵਿੱਚ ਰਿਜਿਜੂ ਨੇ ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ 'ਤੇ ਸਵਾਲ ਉਠਾਉਂਦਿਆਂ ਕਿਹਾ, "ਦੀਪਕੇ ਇੱਕ 'ਆਪ' ਵਰਕਰ ਹਨ। ਉਹ ਵਿਦਿਆਰਥੀ ਨੇਤਾ ਕਿਵੇਂ ਬਣੇ?"

### ਜਾਇਦਾਦ ਜ਼ਬਤੀ ਦੀ ਮੰਗ 'ਤੇ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਨੋਟਿਸ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਕੇਂਦਰ ਅਤੇ ਸੂਬਾ ਸਰਕਾਰਾਂ ਤੋਂ ਇੱਕ ਜਨਹਿਤ ਪਟੀਸ਼ਨ 'ਤੇ ਜਵਾਬ ਮੰਗਿਆ, ਜਿਸ ਵਿੱਚ ਪ੍ਰਸ਼ਨ ਪੱਤਰ ਲੀਕ ਕਰਨ ਦੇ ਮਾਮਲਿਆਂ ਵਿੱਚ ਸ਼ਾਮਲ ਅਪਰਾਧੀਆਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੀ ਚੱਲ-ਅਚੱਲ ਜਾਇਦਾਦ ਜ਼ਬਤ ਕਰਨ ਦੇ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਹੈ। ਜਸਟਿਸ ਪੀ ਐੱਸ ਨਰਸਿਮ੍ਹਾ ਤੇ ਜਸਟਿਸ ਆਲੋਕ ਅਰਾਧੇ ਦੀ ਬੈਂਚ ਨੇ ਵਕੀਲ ਅਸ਼ਵਨੀ ਕੁਮਾਰ ਉਪਾਧਿਆਏ ਦੀ ਪਟੀਸ਼ਨ 'ਤੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਨੂੰ ਨੋਟਿਸ ਜਾਰੀ ਕੀਤਾ ਹੈ। ਅਗਲੀ ਸੁਣਵਾਈ 25 ਸਤੰਬਰ ਨੂੰ ਹੋਵੇਗੀ।

## ਪੈਦਲ ਯਾਤਰਾਵਾਂ ਨੂੰ ਭਰਵਾਂ ਹੁੰਗਾਰਾ, ਦਿੱਲੀ ਰੈਲੀ 'ਚ ਪੰਜਾਬ ਤੋਂ 10 ਹਜ਼ਾਰ ਤੋਂ ਵੀ ਵੱਧ ਕਾਰਕੁਨ ਪੁੱਜਣਗੇ : ਧਾਲੀਵਾਲ

**ਚੰਡੀਗੜ੍ਹ (ਨ ਜ਼ ਸ)**



ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਪਾਰਟੀ ਵੱਲੋਂ ਪਹਿਲੀ ਸਤੰਬਰ ਨੂੰ ਦਿੱਲੀ ਵਿਚ ਕੀਤੀ ਜਾ ਰਹੀ ਰੈਲੀ ਲਈ ਪਾਰਟੀ ਵਰਕਰਾਂ, ਹਮਦਰਦਾਂ ਵਿਚ ਭਾਰੀ ਉਤਸ਼ਾਹ ਹੈ। ਇਸ ਸੰਬੰਧ ਵਿਚ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿਚ ਰੈਲੀਆਂ, ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਹਨਾ ਕਿਹਾ ਕਿ ਸੀ ਪੀ ਆਈ ਵੱਲੋਂ ਪੰਜਾਬ ਦੇ ਲੋਕ ਮੁੱਦਿਆਂ ਨੂੰ ਜੋ ਸਮੁੱਚੇ ਪੰਜਾਬ ਵਿਚ ਕਨਵੈਨਸ਼ਨਾਂ ਰਾਹੀਂ ਆਮ ਲੋਕਾਂ ਨੂੰ ਜਾਗਰੂਕ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਅਤੇ ਉਸ ਤੋਂ ਬਾਅਦ ਹੁਣ 6 ਅਗਸਤ ਤੋਂ 15 ਅਗਸਤ ਤੱਕ ਪਿੰਡਾਂ ਅਤੇ ਸ਼ਹਿਰਾਂ ਵਿਚ ਸਾਰੇ ਭਾਰਤ ਵਿਚ ਜਥਾ-ਮਾਰਚ ਅਤੇ ਪੈਦਲ-ਯਾਤਰਾ ਦੇਸ਼ ਦੇ ਸਨਮੁੱਖ ਜੋ ਲੋਕਾਂ ਦੀਆਂ ਵਿਕਰਾਲ ਸਮੱਸਿਆਵਾਂ ਹਨ, ਉਹਨਾਂ ਦਾ ਪ੍ਰਚਾਰ ਕਰਨ ਲਈ ਕੀਤੀਆਂ ਗਈਆਂ ਅਤੇ ਪਾਰਟੀ ਵੱਲੋਂ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿਖੇ ਬਦਲਾਅ ਦਾ ਨਾਅਰਾ ਲੈ ਕੇ ਕੀਤੀ ਜਾ ਰਹੀ ਵਿਸ਼ਾਲ ਦੇਸ਼-ਪੱਧਰੀ ਰੈਲੀ ਵਿਚ ਪੰਜਾਬ ਤੋਂ 10 ਹਜ਼ਾਰ ਮਜ਼ਦੂਰ, ਕਿਸਾਨ, ਨੌਜਵਾਨ, ਵਿਦਿਆਰਥੀ ਅਤੇ ਔਰਤਾਂ ਦੀ ਸ਼ਮੂਲੀਅਤ ਕਰਵਾਉਣ ਦੀ ਤਿਆਰੀ ਕੀਤੀ ਗਈ ਹੈ। ਉਮੀਦ ਹੈ ਕਿ 10 ਹਜ਼ਾਰ ਤੋਂ ਵੱਧ ਪਾਰਟੀ ਕਾਰਕੁਨ ਪਹਿਲੀ ਸਤੰਬਰ ਨੂੰ ਦਿੱਲੀ ਵਿਚ ਹੁੰਮ-ਹੁਮਾ ਕੇ ਪੁੱਜਣਗੇ। ਇਥੇ ਜਾਰੀ ਕੀਤੇ ਬਿਆਨ ਵਿਚ ਧਾਲੀਵਾਲ ਨੇ ਕਿਹਾ ਕਿ ਜਿਹਨਾਂ ਮੁੱਦਿਆਂ ਨੂੰ ਲੈ ਕੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿਚ ਕਨਵੈਨਸ਼ਨਾਂ ਕੀਤੀਆਂ ਗਈਆਂ ਉਹਨਾਂ ਵਿਚ ਪੰਜਾਬ ਵਿਚ ਧਰਤੀ ਹੇਠਲੇ ਪਾਣੀ ਦੀ ਬਣਦੀ ਜਾ ਗੰਭੀਰ ਸਮੱਸਿਆ ਨੂੰ ਲੈ ਕੇ ਕੇਂਦਰ ਸਰਕਾਰ ਤੋਂ ਦਰਿਆਈ ਪਾਣੀ ਦੀ ਵੰਡ ਰਿਪੇਅਰੀਅਨ ਕਾਨੂੰਨ ਅਤੇ ਪੰਜਾਬ ਦੀਆਂ ਖੇਤੀ ਲੋੜਾਂ ਅਤੇ ਪਾਣੀ ਦੀ ਵਰਤਮਾਨ ਉਪਲੱਭਤਾ ਨੂੰ ਸਾਹਮਣੇ ਰੱਖ ਕੇ ਤਰਕਸੰਗਤ ਤਰੀਕੇ ਨਾਲ ਕੀਤੀ ਜਾਣੀ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿਚ ਸ਼ਾਮਲ ਕਰਨੇ, ਚੰਡੀਗੜ੍ਹ ਪੰਜਾਬ ਨੂੰ ਸੌਂਪਣਾ, ਪੰਜਾਬ ਨਾਲ ਕੇਂਦਰ ਸਰਕਾਰ ਵਲੋਂ ਕਈ ਪੱਖਾਂ ਤੋਂ ਕੀਤਾ ਜਾ ਰਿਹਾ ਵਿਤਕਰਾ ਦੂਰ ਕਰਨਾ, ਪੰਜਾਬੀ ਭਾਸ਼ਾ ਤੇ ਹਮਲਾ ਬੰਦ ਕਰਨਾ ਅਤੇ ਪੰਜਾਬੀ ਦੀ ਪਰਫੁਲਤਾ ਲਈ ਠੋਸ ਕਦਮ ਚੁਕਣੇ ਅਤੇ ਪੰਜਾਬੀ ਨੂੰ ਜਨ-ਜੀਵਨ ਵਿਚ ਈਮਾਨਦਾਰੀ ਲਾਗੂ ਕਰਨਾ ਅਤੇ ਇਸ ਦਾ ਬਣਦਾ ਰੁਤਬਾ ਬਹਾਲ ਕਰਨਾ, ਪੰਜਾਬ ਵਿਚ ਬੇਰੁਜ਼ਗਾਰੀ, ਨਸ਼ਿਆਂ ਦਾ ਪ੍ਰਕੋਪ, ਅਮਨ-ਕਾਨੂੰਨ ਦੀ ਬਦ ਤੋਂ ਬਦਤਰ ਬਣ ਚੁੱਕੀ ਸਥਿਤੀ, ਸਿਹਤ, ਸਿੱਖਿਆ, ਮਨਰੇਗਾ ਤਹਿਤ ਪੂਰੇ ਦਿਨ ਕੰਮ ਦੇਣ ਦਾ ਪ੍ਰਬੰਧ ਕਰਨਾ ਅਤੇ ਸਮੇਂ ਸਿਰ ਅਦਾਇਗੀ ਕਰਨਾ, ਮਹਿੰਗਾਈ ਕੰਟਰੋਲ ਕਰਨਾ, ਮਜ਼ਦੂਰ-ਵਿਰੋਧੀ ਚਾਰੇ ਲੇਬਰ ਕੋਡ ਰੱਦ ਕਰਨੇ, ਬਿਜਲੀ ਸੋਧ ਬਿੱਲ, ਸੀਡ ਬਿੱਲ, ਕਿਸਾਨਾਂ ਤੇ ਮਜ਼ਦੂਰਾਂ ਸਿਰ ਚੜ੍ਹਿਆ ਸਾਰਾ ਕਰਜ਼ਾ ਮੁਆਫ ਕਰਨਾ ਆਦਿ ਸ਼ਾਮਲ ਸਨ। ਇਹਨਾਂ ਕਨਵੈਨਸ਼ਨਾਂ ਨੂੰ ਕਾਮਯਾਬ ਕਰਨ ਲਈ ਸੂਬਾਈ ਲੀਡਰਸ਼ਿਪ ਮੇਰੇ ਸਮੇਤ ਸਰਬਸਾਥੀ ਬੰਤ ਬਰਾੜ, ਹਰਦੇਵ ਅਰਸ਼ੀ, ਜਗਰੂਪ ਸਿੰਘ, ਅਮਰਜੀਤ ਆਸਲ, ਨਰਿੰਦਰ ਸੋਹਲ, ਪ੍ਰਿਥੀਪਾਲ ਮਾੜੀਮੇਘਾ, ਬਲਦੇਵ ਸਿੰਘ ਨਿਹਾਲਗੜ੍ਹ, ਦੇਵੀ ਕੁਮਾਰੀ ਅਤੇ ਕ੍ਰਿਸ਼ਨ ਚੌਹਾਨ ਨੇ ਤਨਦੇਹੀ ਨਾਲ ਆਪਣੀ ਬਣਦੀ ਭੂਮਿਕਾ ਨਿਭਾਈ।

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਦਿੱਲੀ ਰਾਮਲੀਲ੍ਹਾ ਮੈਦਾਨ ਵਿਖੇ ਕੀਤੀ ਜਾ ਰਹੀ ਦੇਸ਼ ਪੱਧਰੀ ਵਿਸ਼ਾਲ ਰੈਲੀ ਵਿਚ ਪੰਜਾਬ ਦੇ ਸਮੁਚੇ ਜ਼ਿਲ੍ਹਿਆਂ ਵੱਲੋਂ ਆਪਣੀ ਪੂਰੀ ਸਮਰੱਥਾ ਨਾਲ ਰੈਲੀ ਵਿਚ ਪਾਰਟੀ ਕਰਕੁਨਾਂ ਦੀ ਸ਼ਮੂਲੀਅਤ ਕਰਵਾਉਣ ਲਈ ਜਥਾ-ਮਾਰਚ, ਪਦ-ਯਾਤਰਾ ਅਤੇ ਮੀਟਿੰਗਾਂ ਰਾਹੀਂ ਇਸ ਬਦਲਾਅ ਰੈਲੀ ਲਈ ਉਭਾਰੇ ਜਾ ਰਹੇ ਮੁੱਦੇ ਸੰਵਿਧਾਨ ਬਚਾਓ-ਦੇਸ਼ ਬਚਾਓ, ਮੁਕਤ ਵਪਾਰ ਸਮਝੌਤਾ ਰੱਦ ਕਰੋ, ਭਾਜਪਾ ਦੀ ਤਾਨਾਸ਼ਾਹ ਅਤੇ ਫਿਰਕਾਪ੍ਰਸਤ

• ਬਾਕੀ ਸਫਾ 2 'ਤੇ

## ਅੱਛੇ ਨਹੀਂ, ਮਾੜੇ ਦਿਨ ਆਉਣ ਦੇ ਆਸਾਰ!

**ਨਵੀਂ ਦਿੱਲੀ (ਨ ਜ਼ ਸ)**-ਵਿੱਤੀ ਸੇਵਾਵਾਂ ਪ੍ਰਦਾਨ ਕਰਨ ਵਾਲੀ ਬਹੁਕੌਮੀ ਫਰਮ ਜੇ ਪੀ ਮੋਰਗਨ ਨੇ ਖ਼ਬਰਦਾਰ ਕੀਤਾ ਹੈ ਕਿ ਭਾਰਤ ਵਿੱਚ 2027 ਤੱਕ ਖਾਣ-ਪੀਣ ਦੀਆਂ ਕੀਮਤਾਂ ਵਿੱਚ ਕਾਫੀ ਵਾਧਾ ਹੋ ਸਕਦਾ ਹੈ। ਭਾਰਤ ਸਰਕਾਰ 'ਤੇ ਸਬਸਿਡੀ ਦਾ ਬੋਝ 3 ਲੱਖ ਕਰੋੜ ਰੁਪਏ ਤੱਕ ਵਧ ਜਾਵੇਗਾ। ਫਰਮ ਦਾ ਦਾਅਵਾ ਹੈ ਕਿ ਮਹਿੰਗਾਈ ਪੂਰੀ ਦੁਨੀਆ ਨੂੰ ਪ੍ਰਭਾਵਤ ਕਰੇਗੀ। ਖਾਦ ਦੀ ਘਾਟ, ਭੂ-ਰਾਜਨੀਤਕ ਤਣਾਅ ਅਤੇ ਅਲ ਨੀਨੋ ਤੂਫਾਨ ਦਾ ਆਉਣਾ ਇਸ ਸੰਕਟ ਨੂੰ ਹੋਰ ਵਧਾ ਦੇਵੇਗਾ। 2027 ਦੀ ਪਹਿਲੀ ਛਿਮਾਹੀ ਵਿੱਚ ਵਿਸ਼ਵ ਪੱਧਰ 'ਤੇ ਭੋਜਨ ਦੀਆਂ ਕੀਮਤਾਂ 5 ਫੀਸਦੀ ਤੱਕ ਵਧ ਸਕਦੀਆਂ ਹਨ। 2026 ਦੀ ਪਹਿਲੀ ਛਿਮਾਹੀ ਵਿੱਚ ਇਹ ਅੰਕੜਾ 2.8 ਫੀਸਦੀ ਸੀ।

ਦੁਨੀਆ ਦੇ 42 ਫੀਸਦੀ ਯੂਰੀਆ ਅਤੇ 27 ਫੀਸਦੀ ਅਮੋਨੀਆ (ਇੱਕ ਖਾਦ ਰਸਾਇਣ) ਮੱਧ ਪੂਰਬ ਜਾਂ ਅਰਬ ਦੇਸ਼ਾਂ ਤੋਂ ਆਉਂਦੇ ਹਨ। ਜੇ ਯੁੱਧ ਜਾਂ ਤਣਾਅ ਉੱਥੇ ਸਪਲਾਈ ਵਿੱਚ ਵਿਘਨ ਪਾਉਂਦੇ ਹਨ, ਤਾਂ ਦੁਨੀਆ ਭਰ ਵਿੱਚ ਖਾਦ ਦੀ ਭਾਰੀ ਘਾਟ ਹੋ ਜਾਵੇਗੀ ਅਤੇ ਕੀਮਤਾਂ ਅਸਮਾਨ ਛੂਹ ਜਾਣਗੀਆਂ। ਕੁਦਰਤੀ ਗੈਸ ਯੂਰੀਆ ਵਰਗੀਆਂ ਖਾਦਾਂ ਦੇ ਉਤਪਾਦਨ ਲਈ ਸਭ ਤੋਂ ਵੱਧ ਵਰਤਿਆ ਜਾਣ ਵਾਲਾ ਬਾਲਣ ਹੈ। ਜੇ ਗੈਸ ਦੀਆਂ ਕੀਮਤਾਂ ਵਧਦੀਆਂ ਹਨ, ਤਾਂ ਖਾਦ ਦਾ ਉਤਪਾਦਨ ਵੀ ਮਹਿੰਗਾ ਹੋ ਜਾਵੇਗਾ। ਕਿਸਾਨ ਘੱਟ ਖਾਦ ਦੀ ਵਰਤੋਂ ਕਰਨਗੇ, ਜਿਸ ਨਾਲ ਫਸਲ ਦੀ ਪੈਦਾਵਾਰ ਘੱਟ ਹੋਵੇਗੀ। ਇੱਕ ਵਾਰ ਜਦੋਂ ਖਾਦ ਫੈਕਟਰੀਆਂ ਜਾਂ ਗੈਸ ਪਲਾਂਟ ਬੰਦ ਹੋ ਜਾਂਦੇ ਹਨ ਜਾਂ ਇਸ ਸੰਕਟ ਤੋਂ ਪ੍ਰਭਾਵਤ ਹੁੰਦੇ ਹਨ, ਤਾਂ ਉਨ੍ਹਾਂ ਨੂੰ ਪੂਰੀ ਤਰ੍ਹਾਂ ਠੀਕ ਹੋਣ ਵਿੱਚ 1 ਤੋਂ 5 ਸਾਲ ਤੱਕ ਦਾ ਲੰਮਾ ਸਮਾਂ ਲੱਗ ਸਕਦਾ ਹੈ। ਭਾਰਤ ਦੁਨੀਆ ਦੇ ਯੂਰੀਆ ਦੇ ਸਭ ਤੋਂ ਵੱਡੇ ਦਰਾਮਦਕਾਰ ਦੇਸ਼ਾਂ ਵਿੱਚੋਂ ਇੱਕ ਹੈ। 45 ਕਿੱਲੋ ਯੂਰੀਆ ਦੇ ਇੱਕ ਬੋਰੇ ਦੀ ਘਰੇਲੂ ਕੀਮਤ ਸਿਰਫ 266.50 ਰੁਪਏ ਹੈ, ਪਰ ਸਰਕਾਰ ਇਸ ਨੂੰ ਵਿਦੇਸ਼ਾਂ ਤੋਂ ਇਸ ਤੋਂ ਦਸ ਗੁਣਾ ਵੱਧ ਕੀਮਤ 'ਤੇ ਖਰੀਦਦੀ ਹੈ।

• ਬਾਕੀ ਸਫਾ 2 'ਤੇ

## ਹਰ ਇੱਕ ਲਈ ਰੁਜ਼ਗਾਰ ਸਭ ਤੋਂ ਵੱਡੀ ਲੋੜ : ਦਵਿੰਦਰ ਸੋਹਲ

**ਝਬਾਲ (ਮੱਖਣ ਮਨੋਜ)**




ਪਹਿਲੀ ਸਤੰਬਰ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਸੰਬੰਧੀ ਮੰਗਲਵਾਰ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਝਬਾਲ ਚੌਕ ਤੋਂ ਵਿਸ਼ਾਲ ਜਥਾ ਮਾਰਚ ਮੋਟਰਸਾਈਕਲਾਂ, ਗੱਡੀਆਂ 'ਤੇ ਖੇਮਕਰਨ ਵੱਲ ਤੋਰਿਆ ਗਿਆ। ਇਸ ਜਥੇ ਦੀ ਅਗਵਾਈ ਮਨਜੀਤ ਸਿੰਘ ਢੰਡ, ਸੁਲੱਖਣ ਸਿੰਘ ਗੰਡੀਵਿੰਡ, ਸੁਰਿੰਦਰ ਸਿੰਘ ਬਿੱਲਾ, ਜਗਤਾਰ ਸਿੰਘ ਜੱਗਾ ਵੱਲੋਂ ਕੀਤੀ ਗਈ। ਝਬਾਲ ਤੇ ਗੱਗੋਬੂਹਾ, ਸੁਰਸਿੰਘ ਵਿਖੇ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ ਤੇ ਮੀਤ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਅੱਜ ਦੇਸ਼ ਦੀ ਮਿਹਨਤਕਸ਼ ਜਨਤਾ ਦੀ ਲੋੜ ਹੈ ਕਿ ਸਭ ਮੁੰਡੇ-ਕੁੜੀਆਂ ਨੂੰ ਕੰਮ/ ਰੁਜ਼ਗਾਰ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ। ਚੰਗੀ ਜ਼ਿੰਦਗੀ ਜਿਉਣ ਲਈ ਚੰਗਾ ਮਿਹਨਤਾਨਾ ਕਾਨੂੰਨੀ ਰੂਪ ਵਿੱਚ ਦਿੱਤਾ ਜਾਵੇ। ਇਸ ਨਾਲ ਹੀ ਪੰਜਾਬ ਤੇ ਭਾਰਤ ਦੇ ਹੋਰ ਰਾਜਾਂ ਵਿੱਚ ਨਸ਼ਾਖੋਰੀ, ਗੈਂਗਸਟਰਵਾਦ, ਚੋਰੀਆਂ, ਡਾਕਿਆਂ, ਲੁੱਟਾਂ-ਖੋਹਾਂ ਸਮੇਤ ਸਮਾਜਿਕ ਬੁਰਾਈਆਂ ਦਾ ਖਾਤਮਾ ਹੋ ਸਕਦਾ ਹੈ। ਉਹਨਾਂ ਕਿਹਾ ਕਿ ਹਰ ਫ਼ਸਲ 'ਤੇ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਹੋਵੇ। ਮਜ਼ਦੂਰ ਵਿਰੋਧੀ ਚਾਰੇ ਲੇਬਰ ਕੋਡ ਰੱਦ ਕੀਤੇ ਜਾਣ। ਨਰੇਗਾ ਕਾਨੂੰਨ ਪਹਿਲੇ ਰੂਪ ਵਿੱਚ ਮੁੜ ਬਹਾਲ ਕੀਤਾ ਜਾਵੇ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ ਤੇ ਪੰਜਾਬ ਦੇ ਪਾਣੀਆਂ ਤੇ ਪੰਜਾਬ ਦਾ ਸੰਪੂਰਨ ਹੱਕ ਹੋਵੇ। ਪੰਜਾਬ ਸਮੇਤ ਸਭ ਰਾਜਾਂ ਨੂੰ ਵੱਧ ਅਧਿਕਾਰ ਦਿੱਤੇ ਜਾਣ। ਉਹਨਾਂ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਸਿਰਫ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਕੰਮ ਕਰ ਰਹੀ ਹੈ, ਜਿਸ ਨਾਲ ਸਾਡੇ ਮਜ਼ਦੂਰ, ਕਿਸਾਨ, ਛੋਟੇ ਤੇ ਕਾਰੋਬਾਰੀਆਂ ਦਾ ਗਲ਼ਾ ਘੁੱਟਿਆ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਗੰਡੀਵਿੰਡ, ਸੁਖਵੰਤ ਸਿੰਘ ਮੰਨਣ, ਕੰਵਲਜੀਤ ਸਿੰਘ ਢਿੱਲੋਂ, ਪੰਜਾਬ ਸਿੰਘ ਕਸੇਲ, ਤਰਸੇਮ ਸਿੰਘ ਝਬਾਲ, ਕੁਲਦੀਪ ਸਿੰਘ ਮੈਂਬਰ, ਅਰਵਿੰਦ ਗੁਪਤਾ, ਜਸਪਾਲ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ ਸਰਾਂ ਸਮੇਤ ਕਈ ਆਗੂ ਮੌਜੂਦ ਸਨ।

### ਇਮਰਾਨ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਉਣ ਦੇ ਆਦੇਸ਼

**ਇਸਲਾਮਾਬਾਦ** : ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੂੰ ਵੱਡੀ ਰਾਹਤ ਦਿੰਦਿਆਂ ਦੇਸ਼ ਦੀ ਸੁਪਰੀਮ ਕੋਰਟ ਨੇ ਉਨ੍ਹਾਂ ਨੂੰ ਜੇਲ੍ਹ ਵਿੱਚੋਂ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਤਬਦੀਲ ਕਰਨ ਦਾ ਹੁਕਮ ਦਿੱਤਾ ਹੈ। ਅਦਾਲਤ ਦਾ ਇਹ ਫ਼ੈਸਲਾ ਇਮਰਾਨ ਦੀ ਵਿਗੜਦੀ ਸਿਹਤ ਨੂੰ ਲੈ ਕੇ ਉੱਠ ਰਹੀਆਂ ਚਿੰਤਾਵਾਂ ਦੇ ਵਿਚਕਾਰ ਆਇਆ ਹੈ। ਉਨ੍ਹਾਂ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ਼ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰ ਕਾਫ਼ੀ ਸਮੇਂ ਤੋਂ ਉਨ੍ਹਾਂ ਨੂੰ ਹਸਪਤਾਲ ਲਿਜਾਣ ਦੀ ਮੰਗ ਕਰ ਰਹੇ ਸਨ, ਜਿਸ ਦਾ ਅਦਾਲਤ ਨੇ ਨੋਟਿਸ ਲਿਆ ਹੈ। ਪਾਰਟੀ ਦੇ ਬੁਲਾਰੇ ਨਈਮ ਹੈਦਰ ਪੰਜੁਥਾ ਅਨੁਸਾਰ, ਸੁਪਰੀਮ ਕੋਰਟ ਨੇ ਨਿਰਦੇਸ਼ ਦਿੱਤਾ ਹੈ ਕਿ ਇਮਰਾਨ ਖ਼ਾਨ ਨੂੰ ਅਗਲੇ 48 ਘੰਟਿਆਂ ਦੇ ਅੰਦਰ ਸ਼ਿਫ਼ਾ ਇੰਟਰਨੈਸ਼ਨਲ ਹਸਪਤਾਲ ਵਿੱਚ ਸ਼ਿਫ਼ਟ ਕੀਤਾ ਜਾਵੇ। ਅਦਾਲਤ ਨੇ ਕਿਹਾ ਹੈ ਕਿ ਇਮਰਾਨ 16 ਸਤੰਬਰ ਤੱਕ ਇਸੇ ਹਸਪਤਾਲ ਵਿੱਚ ਦਾਖ਼ਲ ਰਹਿਣਗੇ।

### ਸਤੀਸ਼ ਪੂਨੀਆ ਬਣੇ ਪੰਜਾਬ ਭਾਜਪਾ ਦੇ ਨਵੇਂ ਇੰਚਾਰਜ

**ਚੰਡੀਗੜ੍ਹ** : ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇੱਕ ਵੱਡਾ ਫੇਰਬਦਲ ਕਰਦਿਆਂ ਰਾਜਸਥਾਨ ਦੇ ਆਗੂ ਸਤੀਸ਼ ਪੂਨੀਆ ਨੂੰ ਪੰਜਾਬ ਦਾ ਭਾਜਪਾ ਇੰਚਾਰਜ ਨਿਯੁਕਤ ਕੀਤਾ ਹੈ। ਉਹ ਪਿਛਲੇ ਦੋ-ਤਿੰਨ ਮਹੀਨਿਆਂ ਤੋਂ ਪਰਦੇ ਪਿੱਛੇ ਰਹਿ ਕੇ ਪੰਜਾਬ ਭਾਜਪਾ ਦਾ ਕੰਮ ਦੇਖ ਰਹੇ ਸਨ। ਇਸ ਤੋਂ ਪਹਿਲਾਂ ਪੰਜਾਬ ਭਾਜਪਾ ਦੇ ਇੰਚਾਰਜ ਵਿਜੇ ਰੂਪਾਨੀ ਸਨ, ਜਿਨ੍ਹਾਂ ਦੀ 12 ਜੂਨ 2025 ਨੂੰ ਏਅਰ ਇੰਡੀਆ ਦੀ ਉਡਾਣ ਦੇ ਹਾਦਸਾਗ੍ਰਸਤ ਹੋਣ ਕਾਰਨ ਮੌਤ ਹੋ ਗਈ ਸੀ।

### ਮਸਕ ਨੂੰ ਮੰਨਣਾ ਪਵੇਗਾ ਭਾਰਤੀ ਕਾਨੂੰਨ

**ਨਵੀਂ ਦਿੱਲੀ** : ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਦੇ ਨਵੇਂ ਨਿਯਮ, ਜਿਸ ਤਹਿਤ ਕਿਸੇ ਵੀ ਸਰਕਾਰ ਵੱਲੋਂ ਕੰਟੈਂਟ ਹਟਾਉਣ ਦੀ ਮੰਗ ਨੂੰ ਜਨਤਕ ਕੀਤਾ ਜਾਵੇਗਾ, 'ਤੇ ਸਰਕਾਰੀ ਅਧਿਕਾਰੀ ਨੇ ਸੋਮਵਾਰ ਨੂੰ ਕਿਹਾ ਕਿ ਐਕਸ ਨੂੰ ਦੇਸ਼ ਦਾ ਕਾਨੂੰਨ ਮੰਨਣਾ ਪਵੇਗਾ। ਐਲਨ ਮਸਕ ਨੇ ਸ਼ਨਿੱਚਰਵਾਰ ਨੂੰ ਐਕਸ ਵਿੱਚ ਸ਼ਾਮਲ ਕੀਤੇ ਗਏ ਇੱਕ ਨਵੇਂ ਐਲਗੋਰਿਦਮ ਬਾਰੇ ਬਿਆਨ ਸਾਂਝਾ ਕਰਦਿਆਂ ਕਿਹਾ ਸੀ ਕਿ "ਸਰਕਾਰਾਂ ਵੱਲੋਂ ਮੰਗੀ ਗਈ ਕੋਈ ਵੀ ਸੈਂਸਰਸ਼ਿਪ ਹੁਣ ਸਾਫ਼ ਤੌਰ 'ਤੇ ਦਿਖਾਈ ਦੇਵੇਗੀ।" ਇਸ ਕਦਮ ਦੇ ਹਿੱਸੇ ਵਜੋਂ ਐਕਸ ਯੂਜ਼ਰਸ ਇਹ ਦੇਖ ਸਕਣਗੇ ਕਿ ਸਰਕਾਰ ਕਦੋਂ ਕਿਸੇ ਪੋਸਟ ਨੂੰ ਹਟਾਉਣ ਦੀ ਮੰਗ ਕਰਦੀ ਹੈ ਜਾਂ ਯੂਜ਼ਰ ਅਕਾਊਂਟਸ 'ਤੇ ਪਾਬੰਦੀਆਂ ਲਗਾਉਣ ਦੀ ਬੇਨਤੀ ਕਰਦੀ ਹੈ।

## ਮੰਤਰੀਆਂ-ਅਫਸਰਾਂ ਦੇ ਨਿਆਣੇ ਸਰਕਾਰੀ ਸਕੂਲੇ ਪਾਓ, ਸਿਸਟਮ ਹੋ ਜਾਵੇਗਾ ਦਰੁਸਤ : ਦੀਪਕੇ

**ਨਵੀਂ ਦਿੱਲੀ** : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਮੰਗਲਵਾਰ ਨੂੰ ਕਿਹਾ ਕਿ ਜੇਕਰ ਮੰਤਰੀ ਤੇ ਹੋਰ ਸਰਕਾਰੀ ਮੁਲਾਜ਼ਮ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਂਦੇ ਹਨ ਤਾਂ ਸਰਕਾਰੀ ਸਕੂਲਾਂ ਦੀ ਹਾਲਤ ਜਾਦੂਈ ਢੰਗ ਨਾਲ ਸੁਧਰ ਜਾਵੇਗੀ। ਉਨ੍ਹਾ ਕਿਹਾ ਹੈ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰਨ ਵਾਲੇ ਸਾਰੇ ਲੋਕਾਂ, ਮੰਤਰੀਆਂ, ਅਧਿਕਾਰੀਆਂ, ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣਾ ਚਾਹੀਦਾ ਹੈ। ਇੱਕ ਟਵੀਟ ਵਿੱਚ ਭਾਰਤ ਦੇ ਸਰਕਾਰੀ ਸਕੂਲਾਂ ਵਿੱਚ ਸੁਧਾਰ ਲਿਆਉਣ ਦੀ ਕੋਸ਼ਿਸ਼ ਕਰਨ ਵਾਲੀ ਇੱਕ ਮੁਹਿੰਮ 'ਤੇ ਆਪਣੀ ਪਹੁੰਚ ਦਾ ਵਿਸਤਾਰ ਕਰਦੇ ਹੋਏ ਸਰਕਾਰੀ ਅਧਿਕਾਰੀਆਂ 'ਤੇ ਨਿਸ਼ਾਨਾ ਸਾਧਦੇ ਹੋਏ, ਦੀਪਕੇ ਨੇ ਅੱਗੇ ਕਿਹਾ: "ਉਹ ਸਾਰੇ ਆਪਣੇ ਬੱਚਿਆਂ ਨੂੰ ਨਿੱਜੀ ਸਕੂਲਾਂ ਵਿੱਚ ਕਿਉਂ ਦਾਖਲ ਕਰਵਾਉਂਦੇ ਹਨ? ਕੀ ਉਨ੍ਹਾਂ ਨੂੰ ਆਪਣੇ ਕੰਮ 'ਤੇ ਭਰੋਸਾ ਨਹੀਂ ਹੈ?" ਪਿਛਲੇ ਮਹੀਨੇ ਨੀਟ ਪੇਪਰ ਲੀਕ ਦੇ ਖਿਲਾਫ ਦਿੱਲੀ ਵਿੱਚ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਨੂੰ ਖਤਮ ਕਰਨ ਤੋਂ ਬਾਅਦ ਦੀਪਕੇ ਨੇ ਕਿਹਾ ਕਿ ਸੀ ਜੇ ਪੀ ਇੱਕ ਦਬਾਅ ਸਮੂਹ ਵਜੋਂ ਕੰਮ ਕਰਨਾ ਜਾਰੀ ਰੱਖੇਗਾ। ਇਸ ਦੇ ਹਿੱਸੇ ਵਜੋਂ, ਅਭਿਜੀਤ ਦੀਪਕੇ ਇਸ ਸਮੇਂ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਮੌਜੂਦ ਮੁੱਦਿਆਂ ਨੂੰ ਉਜਾਗਰ ਕਰਨ ਲਈ 'ਸਕੂਲ ਠੀਕ ਕਰੋ' ਮੁਹਿੰਮ ਚਲਾ ਰਹੇ ਹਨ। ਆਜ਼ਾਦੀ ਦਿਵਸ 15 ਅਗਸਤ ਨੂੰ ਦੀਪਕੇ ਨੇ ਮਹਾਰਾਸ਼ਟਰ ਦੇ ਹਿੰਗੋਲੀ ਜ਼ਿਲ੍ਹੇ ਦੇ ਆਪਣੇ ਜੱਦੀ ਪਿੰਡ ਸੰਤੁਕ ਪਿੰਪਰੀ ਦੇ ਇੱਕ ਸਰਕਾਰੀ ਸਕੂਲ ਵਿੱਚ ਆਪਣਾ ਪਹਿਲਾ ਸਕੂਲ ਆਡਿਟ ਕੀਤਾ। ਉਸ ਨੇ ਮਾੜੀ ਪਾਣੀ ਦੀ ਸਪਲਾਈ, ਪੀਣ ਵਾਲੇ ਪਾਣੀ ਦੀ ਘਾਟ, ਬੈਂਚਾਂ, ਗੰਦੇ ਵਾਸ਼ਰੂਮਾਂ ਅਤੇ ਟੁੱਟੀਆਂ ਖਿੜਕੀਆਂ ਨੂੰ ਵਿਦਿਆਰਥੀਆਂ ਨੂੰ ਪਰੇਸ਼ਾਨ ਕਰਨ ਵਾਲੇ ਕੁਝ ਮੁੱਦਿਆਂ ਵਜੋਂ ਸੂਚੀਬੱਧ ਕੀਤਾ।

ਇੱਕ ਹੋਰ ਪੋਸਟ ਵਿੱਚ ਉਸ ਨੇ ਟੁੱਟੀਆਂ ਖਿੜਕੀਆਂ ਦਾ ਇੱਕ ਵੀਡੀਓ ਸਾਂਝਾ ਕੀਤਾ ਅਤੇ ਦੋਸ਼ ਲਗਾਇਆ, 'ਸਰਕਾਰੀ ਸਕੂਲ ਵਿੱਚ ਟੁੱਟੀਆਂ ਖਿੜਕੀਆਂ ਮਹਾਰਾਸ਼ਟਰ ਦੇ ਡਿਪਟੀ ਸੀ ਐੱਮ ਦੇ ਬੈਨਰਾਂ ਨਾਲ ਢਕੀਆਂ ਹੋਈਆਂ ਹਨ।' ਦੀਪਕੇ ਨੇ ਸਕੂਲ ਵਿੱਚ ਬੰਦ ਟਾਇਲਟ ਦਿਖਾਉਂਦੇ ਹੋਏ ਇੱਕ ਵੀਡੀਓ ਵੀ ਸਾਂਝਾ ਕੀਤਾ। ਦੀਪਕੇ ਨੇ ਇਹ ਵੀ ਕਿਹਾ ਕਿ ਇੱਕ ਚੈੱਕਲਿਸਟ-ਅਧਾਰਤ ਫਾਰਮ ਦੀ ਵਰਤੋਂ ਇਹ ਰਿਕਾਰਡ ਕਰਨ ਲਈ ਕੀਤੀ ਜਾਵੇਗੀ ਕਿ ਕੀ ਸਕੂਲਾਂ ਨੂੰ ਬੁਨਿਆਦੀ ਸਹੂਲਤਾਂ ਤੱਕ ਪਹੁੰਚ ਹੈ? ਉਨ੍ਹਾਂ ਕਿਹਾ ਕਿ ਇਹ ਡੇਟਾ ਮਹਾਰਾਸ਼ਟਰ ਦੇ ਸਕੂਲਾਂ ਦੇ ਨਾਲ-ਨਾਲ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਇਕੱਠਾ ਕੀਤਾ ਜਾਵੇਗਾ, ਜਿਸ ਤੋਂ ਬਾਅਦ ਇਸ ਨੂੰ ਵਿਸ਼ਲੇਸ਼ਣ ਲਈ ਤਿਆਰ ਕੀਤਾ ਜਾਵੇਗਾ।

### ਓ ਬੀ ਸੀ ਨੂੰ ਲਾਂਭੇ ਕਰਨ ਪਿੱਛੇ ਡੂੰਘੀ ਸਾਜ਼ਿਸ਼ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਪਾਰਟੀ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਜਾਤੀ ਮਰਦਮਸ਼ੁਮਾਰੀ ਵਿੱਚੋਂ ਪੱਛੜੀਆਂ ਸ਼੍ਰੇਣੀਆਂ (ਓ ਬੀ ਸੀ) ਨੂੰ ਲਾਂਭੇ ਕਰਨ ਦਾ ਗੰਭੀਰ ਦੋਸ਼ ਲਾਉਂਦਿਆਂ ਇਸ ਨੂੰ ਇੱਕ 'ਡੂੰਘੀ ਸਾਜ਼ਿਸ਼' ਕਰਾਰ ਦਿੱਤਾ ਹੈ। ਕਾਂਗਰਸ ਦੇ ਓ ਬੀ ਸੀ ਵਿਭਾਗ ਦੇ ਮੁਖੀ ਅਨਿਲ ਜੈਹਿੰਦ ਨੇ ਦੋਸ਼ ਲਾਇਆ ਕਿ ਮਰਦਮਸ਼ੁਮਾਰੀ ਫਾਰਮ ਵਿੱਚ ਓ ਬੀ ਸੀ ਭਾਈਚਾਰੇ ਲਈ ਵੱਖਰਾ ਕਾਲਮ ਨਾ ਰੱਖਣਾ ਸਮਾਜਿਕ ਨਿਆਂ ਦੇ ਸਿਧਾਂਤਾਂ ਦੇ ਖ਼ਿਲਾਫ਼ ਹੈ ਅਤੇ ਇਸ ਨਾਲ ਪੱਛੜੀਆਂ ਸ਼੍ਰੇਣੀਆਂ ਦੀ ਸਹੀ ਆਬਾਦੀ ਦਾ ਅੰਕੜਾ ਸਾਹਮਣੇ ਨਹੀਂ ਆ ਸਕੇਗਾ। ਅਨਿਲ ਜੈਹਿੰਦ ਨੇ ਕਿਹਾ ਕਿ ਸਰਕਾਰ ਜਾਤੀ ਮਰਦਮਸ਼ੁਮਾਰੀ ਨੂੰ ਵਿਗਿਆਨਕ ਅਤੇ ਪਾਰਦਰਸ਼ੀ ਤਰੀਕੇ ਨਾਲ ਕਰਵਾਉਣ ਦੀ ਬਜਾਏ ਅਜਿਹੀ ਪ੍ਰਕਿਰਿਆ ਅਪਣਾ ਰਹੀ ਹੈ, ਜਿਸ ਨਾਲ ਓ ਬੀ ਸੀ ਭਾਈਚਾਰੇ ਨੂੰ ਸਰਕਾਰੀ ਅੰਕੜਿਆਂ ਤੋਂ ਬਾਹਰ ਰੱਖਣ ਦਾ ਰਾਹ ਪੱਧਰਾ ਹੁੰਦਾ ਹੈ।

ਉਨ੍ਹਾਂ 14 ਅਗਸਤ ਨੂੰ ਜਾਰੀ ਨੋਟੀਫਿਕੇਸ਼ਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਪ੍ਰਸ਼ਨ ਪੱਤਰ ਦੇ 10ਵੇਂ ਸਵਾਲ ਵਿੱਚ ਓ ਬੀ ਸੀ ਸ਼੍ਰੇਣੀ ਦਰਜ ਕਰਨ ਲਈ ਕੋਈ ਖਾਨਾ (ਕਾਲਮ) ਹੀ ਨਹੀਂ ਰੱਖਿਆ ਗਿਆ, ਜੋ ਦੇਸ਼ 'ਚ ਚੱਲ ਰਹੀ 'ਮਨੂੰਵਾਦੀ' ਸੋਚ ਦਾ ਪ੍ਰਗਟਾਵਾ ਹੈ। ਇਸ ਦੌਰਾਨ ਕਾਂਗਰਸੀ ਆਗੂ ਸੁਭਾਸ਼ਿਨੀ ਸ਼ਰਦ ਯਾਦਵ ਨੇ ਵੀ ਮੁੱਦਾ ਚੁੱਕਦਿਆਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਜਾਤਾਂ ਦੀ ਸਥਿਤੀ ਅਤੇ ਬਣਤਰ ਵੱਖ-ਵੱਖ ਹੈ, ਇਸ ਲਈ ਮਰਦਮਸ਼ੁਮਾਰੀ ਦੌਰਾਨ ਜਾਤਾਂ ਦੀ ਸਹੀ ਪਛਾਣ ਹੋਣਾ ਬਹੁਤ ਜ਼ਰੂਰੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਉਸ ਦਾ ਹੱਕ ਮਿਲ ਸਕੇ।

### ਨਹੀਂ ਰੀਸਾਂ ਦਾਦੇ-ਪੋਤੇ ਦੀਆਂ

**ਨਵੀਂ ਦਿੱਲੀ** : ਆਂਧਰਾ ਦੇ ਵਿਜੇਵਾੜਾ ਦੇ ਲਿੰਗਮ ਰਵਿੰਦਰ ਰਾਓ ਲਈ ਯੂਰਪ ਦੀ ਮਾਊਂਟ ਐਲਬਰਸ ਦੀ ਚੋਟੀ 'ਤੇ ਪਹੁੰਚਣਾ ਸਿਰਫ ਇੱਕ ਹੋਰ ਪਰਬਤਾਰੋਹੀ ਪ੍ਰਾਪਤੀ ਨਹੀਂ ਸੀ। ਇਹ ਹੌਸਲੇ ਦੀ ਇੱਕ ਸ਼ਾਨਦਾਰ ਯਾਤਰਾ ਸੀ, ਜੋ ਉਸ ਨੇ ਆਪਣੇ 17 ਸਾਲ ਦੇ ਪੋਤੇ ਅਨੁਰਾਗ ਪੋਕੂਰੀ ਦੇ ਨਾਲ ਕੀਤੀ। ਰਾਓ 14 ਅਗਸਤ ਨੂੰ 72 ਸਾਲ, ਇੱਕ ਮਹੀਨਾ ਅਤੇ 13 ਦਿਨਾਂ ਦੀ ਉਮਰ ਵਿੱਚ ਮਾਊਂਟ ਐਲਬਰਸ ਦੀ 5,642 ਮੀਟਰ ਉੱਚੀ ਪੱਛਮੀ ਚੋਟੀ ਨੂੰ ਸਰ ਕਰਨ ਵਾਲਾ ਸਭ ਤੋਂ ਬਜ਼ੁਰਗ ਭਾਰਤੀ ਬਣਿਆ। ਅਨੁਰਾਗ ਨੇ 3 ਘੰਟੇ 44 ਮਿੰਟਾਂ ਵਿੱਚ ਲਗਾਤਾਰ ਪੱਛਮੀ ਅਤੇ ਪੂਰਬੀ ਦੋਵੇਂ ਚੋਟੀਆਂ 'ਤੇ ਚੜ੍ਹਾਈ ਕੀਤੀ। ਉਹ ਹੁਣ ਭਾਰਤੀ ਮੂਲ ਦਾ ਸਭ ਤੋਂ ਘੱਟ



ਉਮਰ ਦਾ ਨਾਗਰਿਕ ਹੈ, ਜਿਸ ਨੇ ਲਗਾਤਾਰ ਦੋਵੇਂ ਚੋਟੀਆਂ 'ਤੇ ਚੜ੍ਹਾਈ ਕੀਤੀ ਹੈ। ਰਾਓ ਨੇ 1972 ਵਿੱਚ 18 ਸਾਲ ਦੀ ਉਮਰ ਵਿੱਚ ਆਈ ਆਈ ਟੀ ਖੜਗਪੁਰ ਵਿੱਚ ਪੜ੍ਹਦੇ ਸਮੇਂ ਦੋਸਤਾਂ ਨਾਲ ਖੜਗਪੁਰ ਤੋਂ ਦਾਰਜੀਲਿੰਗ ਤੱਕ ਸਾਈਕਲ ਚਲਾ ਕੇ 10 ਦਿਨਾਂ ਵਿੱਚ ਲਗਭਗ 1,700 ਕਿਲੋਮੀਟਰ ਦਾ ਸਫਰ ਤੈਅ ਕੀਤਾ ਸੀ। ਬਾਅਦ ਵਿੱਚ ਉਸ ਨੇ ਪੇਸ਼ੇਵਰ ਅਤੇ ਕਾਰੋਬਾਰੀ

• ਬਾਕੀ ਸਫਾ 2 'ਤੇ

## ਆਪਣਾ ਬਿੱਲ ਪਾਸ ਕਰਾਉਣ ਲਈ ਟਰੰਪ ਵੱਲੋਂ ਭਾਰਤੀ ਚੋਣ ਪ੍ਰਣਾਲੀ ਦਾ ਹਵਾਲਾ

**ਵਾਸ਼ਿੰਗਟਨ (ਨ ਜ਼ ਸ)**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਭਾਰਤ ਦੀ ਚੋਣ ਪ੍ਰਣਾਲੀ ਦਾ ਹਵਾਲਾ ਦਿੰਦੇ ਹੋਏ 'ਸੇਵ ਅਮਰੀਕਾ ਐਕਟ' ਨੂੰ ਪਾਸ ਕਰਨ ਦੀ ਅਪੀਲ ਕੀਤੀ।

ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਲਿਖਿਆ, 'ਇਸ ਮਹੀਨੇ ਦੇ ਸ਼ੁਰੂ ਵਿੱਚ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਸਾਡੇ ਪ੍ਰਸ਼ਾਸਨ ਨੂੰ ਪੁੱਛਿਆ ਸੀ ਕਿ ਅਮਰੀਕਾ ਵਿੱਚ ਵੈਧ ਫੋਟੋ ਆਈ ਡੀ ਤੋਂ ਬਿਨਾਂ ਚੋਣਾਂ ਕਿਵੇਂ ਹੋ ਸਕਦੀਆਂ ਹਨ।' ਭਾਰਤ ਦੀਆਂ ਪਿਛਲੀਆਂ ਆਮ ਚੋਣਾਂ ਦਾ ਹਵਾਲਾ ਦਿੰਦਿਆਂ ਟਰੰਪ ਨੇ ਕਿਹਾ ਕਿ ਉੱਥੇ 64.6 ਕਰੋੜ ਵੋਟਰਾਂ ਨੇ ਵੋਟ ਪਾਈ, ਜਿਨ੍ਹਾਂ ਵਿੱਚੋਂ 1 ਫੀਸਦੀ ਤੋਂ ਵੀ ਘੱਟ ਲੋਕਾਂ ਨੇ ਡਾਕ (ਮੇਲ-ਇਨ) ਰਾਹੀਂ ਵੋਟਿੰਗ ਕੀਤੀ ਅਤੇ ਹਰ ਇੱਕ ਵੋਟਰ ਕੋਲ ਵੈਧ ਫੋਟੋ ਆਈ ਡੀ ਕਾਰਡ ਸੀ। ਉਨ੍ਹਾ ਅਮਰੀਕੀ ਸੰਸਦ (ਕਾਂਗਰਸ) ਨੂੰ ਅਪੀਲ ਕੀਤੀ ਕਿ 'ਸੇਵ ਅਮਰੀਕਾ ਐਕਟ' ਨੂੰ ਤੁਰੰਤ ਪਾਸ ਕੀਤਾ ਜਾਵੇ। ਉਨ੍ਹਾ ਅਮਰੀਕੀ ਚੋਣ ਪ੍ਰਕਿਰਿਆ ਨੂੰ ਹੋਰ ਸਖਤ ਕਰਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਸ ਨਾਲ ਅਮਰੀਕੀ ਚੋਣਾਂ ਦੀ ਸੁਰੱਖਿਆ ਅਤੇ ਭਰੋਸੇਯੋਗਤਾ ਵਧੇਗੀ।

ਸੇਵ ਅਮਰੀਕਾ ਐਕਟ ਅਮਰੀਕਾ ਵਿੱਚ ਵੋਟਰ ਰਜਿਸਟ੍ਰੇਸ਼ਨ ਅਤੇ ਵੋਟਿੰਗ ਨਿਯਮਾਂ ਨੂੰ ਸਖਤ ਕਰਨ ਲਈ ਪ੍ਰਸਤਾਵਤ ਹੈ। ਇਸ ਵਿੱਚ ਵੋਟਰ ਰਜਿਸਟ੍ਰੇਸ਼ਨ ਸਮੇਂ ਨਾਗਰਿਕਤਾ ਦਾ ਦਸਤਾਵੇਜ਼ੀ ਸਬੂਤ ਅਤੇ ਵੋਟਿੰਗ ਸਮੇਂ ਫੋਟੋ ਆਈ ਡੀ ਦੀ ਲੋੜ ਹੋਵੇਗੀ।

ਇਸ ਬਿੱਲ ਵਿੱਚ ਡਾਕ ਰਾਹੀਂ ਵੋਟ ਪਾਉਣ ਦੀ ਪ੍ਰਕਿਰਿਆ ਨੂੰ ਕਾਫੀ ਹੱਦ ਤੱਕ ਸੀਮਤ ਕਰਨ ਦੀ ਵੀ ਮੰਗ ਕੀਤੀ ਗਈ ਹੈ। ਇਹ ਬਿੱਲ ਅਮਰੀਕੀ ਪ੍ਰਤੀਨਿਧੀ ਸਭਾ ਤੋਂ ਪਾਸ ਹੋ ਗਿਆ ਹੈ, ਪਰ ਅਜੇ ਤੱਕ ਸੈਨੇਟ ਵੱਲੋਂ ਮਨਜ਼ੂਰੀ ਨਹੀਂ ਮਿਲੀ। ਇਸ ਮੁੱਦੇ 'ਤੇ ਡੈਮੋਕ੍ਰੇਟਿਕ ਅਤੇ ਰਿਪਬਲਿਕਨ ਦੋਵਾਂ ਪਾਰਟੀਆਂ ਦੇ ਅੰਦਰ ਮਤਭੇਦ ਹਨ। ਟਰੰਪ ਨੇ ਲਗਾਤਾਰ ਸੇਵ ਅਮਰੀਕਾ ਐਕਟ ਨੂੰ ਪਾਸ ਕਰਨ ਲਈ ਜ਼ੋਰ ਦਿੱਤਾ ਹੈ। ਉਨ੍ਹਾ ਦਾ ਦਾਅਵਾ ਹੈ ਕਿ ਇਹ ਚੋਣ ਧੋਖਾਧੜੀ ਨੂੰ ਰੋਕੇਗਾ। ਵੋਟਰ ਆਈ ਡੀ ਅਮਰੀਕਾ ਵਿੱਚ ਲੰਮੇ ਸਮੇਂ ਤੋਂ ਇੱਕ ਸਿਆਸੀ ਬਹਿਸ ਰਹੀ ਹੈ। ਸਮਰਥਕਾਂ ਦਾ ਤਰਕ ਹੈ ਕਿ ਫੋਟੋ ਆਈ ਡੀ ਅਤੇ ਨਾਗਰਿਕਤਾ ਦਸਤਾਵੇਜ਼ ਚੋਣ ਭਰੋਸੇਯੋਗਤਾ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਨਗੇ। ਵਿਰੋਧੀਆਂ ਦਾ ਤਰਕ ਹੈ ਕਿ ਅਮਰੀਕਾ ਵਿੱਚ ਗੈਰ-ਨਾਗਰਿਕਾਂ ਵੱਲੋਂ ਵੋਟ ਪਾਉਣ 'ਤੇ ਪਹਿਲਾਂ ਹੀ ਪਾਬੰਦੀ ਹੈ ਅਤੇ ਸਖਤ ਦਸਤਾਵੇਜ਼ੀ ਨਿਯਮ ਉਨ੍ਹਾਂ ਵੋਟਰਾਂ ਨੂੰ ਵੀ ਪ੍ਰਭਾਵਤ ਕਰ ਸਕਦੇ ਹਨ, ਜਿਨ੍ਹਾਂ ਕੋਲ ਜਨਮ ਸਰਟੀਫਿਕੇਟ ਜਾਂ ਵੈਧ ਪਾਸਪੋਰਟ ਵਰਗੇ ਦਸਤਾਵੇਜ਼ ਨਹੀਂ ਹਨ। ਅਮਰੀਕਾ ਵਿੱਚ ਲਗਭਗ 12 ਫੀਸਦੀ ਰਜਿਸਟਰਡ ਵੋਟਰਾਂ ਕੋਲ ਆਮ ਤੌਰ 'ਤੇ ਸਵੀਕਾਰ ਕੀਤੇ ਗਏ ਦਸਤਾਵੇਜ਼ੀ ਸਬੂਤ ਦੀ ਘਾਟ ਹੈ।

### ਟਰੰਪ ਜੀ, ਗੁਪਤਾ ਜੀ ਨੂੰ ਲੈ ਜਾਓ : ਖੇੜਾ

**ਨਵੀਂ ਦਿੱਲੀ** : ਕਾਂਗਰਸ ਨੇਤਾ ਪਵਨ ਖੇੜਾ ਨੇ 'ਐੱਕਸ' 'ਤੇ ਪਾਈ ਪੋਸਟ ਲਿਖਿਆ ਹੈ, 'ਪਿਆਰੇ ਟਰੰਪ ਜੀ, ਕਿਰਪਾ ਕਰਕੇ ਗਿਆਨੇਸ਼ ਕੁਮਾਰ ਗੁਪਤਾ ਨੂੰ ਅਮਰੀਕਾ ਲੈ ਜਾਓ ਅਤੇ ਉਸ ਨੂੰ ਉੱਥੇ ਰੱਖੋ। ਅਸੀਂ ਅਗਲੀ ਉਪਲੱਬਧ ਉਡਾਣ ਰਾਹੀਂ ਆਪਣੀਆਂ ਈ ਵੀ ਐੱਮ ਵੀ ਭੇਜ ਦੇਵਾਂਗੇ। ਤੁਹਾਡੇ ਵੱਲੋਂ ਸਾਡੇ ਕੀਤੇ ਗਏ ਸਾਰੇ ਅਪਮਾਨ ਅਤੇ ਧੱਕੇਸ਼ਾਹੀ ਲਈ ਇਹ ਸਭ ਕੁਝ ਹੈ, ਜੋ ਅਸੀਂ ਤੁਹਾਡੇ ਲਈ ਕਰ ਸਕਦੇ ਹਾਂ। ਸ੍ਰੀਮਾਨ ਜੀ, ਪਿਆਰ ਨਾਲ, ਭਾਰਤ ਵੱਲੋਂ।'

## ਅੱਜ-ਨਾਮਾ

ਉੱਠਿਆ ਫੇਰ ਮਸਲਾ ਪੇਪਰ ਲੀਕ ਵਾਲਾ,
ਚਰਚਾ ਕਰਦੀ ਹੈ ਕੋਰਟ ਸੁਪਰੀਮ ਬੇਲੀ।
ਇੱਕ-ਦੋ ਰਾਜਾਂ ਦੇ ਤੱਕ ਨਾ ਬਾਤ ਸੀਮਤ,
ਬਿਮਾਰੀ ਗੰਭੀਰ ਤਾਂ ਘੇਰਾ ਅਸੀਮ ਬੇਲੀ।
ਚਿਰਾਂ ਕਈਆਂ ਤੋਂ ਲੱਗਿਆ ਰੋਗ ਜਿਹੜਾ,
ਲੱਭਦਾ ਇਹਦਾ ਨਹੀਂ ਅਜੇ ਹਕੀਮ ਬੇਲੀ।
ਦਾਅਵੇ ਕੇਂਦਰ ਜਾਂ ਰਾਜ ਹਨ ਲੱਖ ਕਰਦੇ,
ਆਈ ਤੇ ਰਾਸ ਨਹੀਂ ਕੋਈ ਸਕੀਮ ਬੇਲੀ।
ਅਦਾਲਤਾਂ ਵਿੱਚ ਵੀ ਗਿਆ ਤਾਂ ਹੋਵਣਾ ਕੀ,
ਸਿਸਟਮ ਉੱਤੇ ਆ ਚੋਰਾਂ ਦੀ ਜਕੜ ਬੇਲੀ।
ਮੁਜਰਮ ਨਿੱਕਾ ਜੇ ਫੜਨ ਤਾਂ ਜੇਲ੍ਹ ਘੱਲਣ,
ਗੁਰੂ-ਘੰਟਾਲ ਨਹੀਂ ਰਹੇ ਈ ਪਕੜ ਬੇਲੀ।

-ਤੀਸ ਮਾਰ ਖਾਂ

## ਖੇਲ ਰਤਨ ਕਿਸੇ ਨੂੰ ਨਹੀਂ, ਹਾਰਦਿਕ ਨੂੰ ਮਿਲਣ ਦੀ ਆਸ ਸੀ

**ਨਵੀਂ ਦਿੱਲੀ (ਨ ਜ਼ ਸ)**

ਖੇਡ ਮੰਤਰਾਲੇ ਨੇ ਮੰਗਲਵਾਰ 2025 ਲਈ ਕਿਸੇ ਵੀ ਐਥਲੀਟ ਨੂੰ ਧਿਆਨ ਚੰਦ ਖੇਲ ਰਤਨ ਦੇਣ ਦਾ ਫੈਸਲਾ ਨਹੀਂ ਕੀਤਾ ਅਤੇ ਚੋਣ ਪੈਨਲ ਦੀਆਂ ਸਿਫਾਰਸ਼ਾਂ ਦਾ ਮੁੜ ਮੁਲੰਕਣ ਕਰਨ ਤੋਂ ਬਾਅਦ ਵਿਸ਼ਵ ਕੱਪ ਜੇਤੂ ਸ਼ਤਰੰਜ ਖਿਡਾਰਨ ਦਿਵਿਆ ਦੇਸ਼ਮੁਖ, ਡਿਕੈਥਲੀਟ ਤੇਜਸਵਿਨ ਸ਼ੰਕਰ ਅਤੇ ਬੈਡਮਿੰਟਨ ਖਿਡਾਰਨ ਗਾਇਤਰੀ ਗੋਪੀਚੰਦ ਸਮੇਤ 17 ਨੂੰ ਅਰਜੁਨ ਪੁਰਸਕਾਰ ਦੇਣ ਦੀ ਮਨਜ਼ੂਰੀ ਦੇ ਦਿੱਤੀ। ਸੁਪਰੀਮ ਕੋਰਟ ਦੇ ਸਾਬਕਾ ਜੱਜ ਅਰੁਣ ਕੁਮਾਰ ਮਿਸ਼ਰਾ ਦੀ ਅਗਵਾਈ ਵਾਲੇ ਚੋਣ ਪੈਨਲ ਨੇ ਹਾਕੀ ਸਟਾਰ ਹਾਰਦਿਕ ਸਿੰਘ ਨੂੰ ਦੇਸ਼ ਦੇ ਸਭ ਤੋਂ ਵੱਡੇ ਖੇਡ ਸਨਮਾਨ ਲਈ ਵਿਚਾਰਿਆ ਸੀ, ਪਰ ਅੰਤ ਵਿੱਚ ਉਹ ਬਾਹਰ ਹੋ ਗਿਆ। ਆਖਰੀ ਵਾਰ 2014 ਵਿੱਚ ਖੇਲ ਰਤਨ ਨਹੀਂ ਦਿੱਤਾ ਗਿਆ ਸੀ। ਅਰਜੁਨ ਪੁਰਸਕਾਰ ਵਾਲਿਆਂ ਦੀ ਸੂਚੀ ਵਿੱਚ ਗ੍ਰੈਂਡਮਾਸਟਰ ਵਿਦਿਤ ਗੁਜਰਾਤੀ, ਗਾਇਤਰੀ ਗੋਪੀਚੰਦ ਦੀ ਮਹਿਲਾ ਡਬਲਜ਼ ਸਾਥੀ ਟਰੀਸਾ ਜੌਲੀ, ਗਲਾਸਗੋ ਰਾਸ਼ਟਰਮੰਡਲ ਖੇਡਾਂ ਦੇ ਚਾਂਦੀ ਦਾ ਤਮਗਾ ਜੇਤੂ ਮੁੱਕੇਬਾਜ਼ ਨਰਿੰਦਰ ਬੇਰਵਾਲ (+92 ਕਿਲੋਗ੍ਰਾਮ) ਅਤੇ ਨੌਜਵਾਨ ਡੈਫ ਰਾਈਫਲ ਨਿਸ਼ਾਨੇਬਾਜ਼ ਧਨੁਸ਼ ਸ਼੍ਰੀਕਾਂਤ ਵੀ ਸ਼ਾਮਲ ਸਨ। ਚੋਣ ਕਮੇਟੀ ਨੇ ਇਸ ਸਾਲ ਅਰਜੁਨ ਪੁਰਸਕਾਰ ਲਈ 24 ਨਾਵਾਂ ਦੀ ਸਿਫਾਰਸ਼ ਕੀਤੀ ਸੀ, ਪਰ ਮੰਤਰਾਲੇ ਨੇ ਸਿਰਫ 17 ਨੂੰ ਹੀ ਮਨਜ਼ੂਰੀ ਦਿੱਤੀ।

19 ਸਾਲਾ ਦੇਸ਼ਮੁਖ ਵਿਸ਼ਵ ਕੱਪ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਹੈ। ਵਿਦਿਤ ਗੁਜਰਾਤੀ 2024 ਸ਼ਤਰੰਜ ਓਲੰਪੀਆਡ ਵਿੱਚ ਸੋਨ ਤਮਗਾ ਜਿੱਤਣ ਵਾਲੀ ਭਾਰਤੀ ਟੀਮ ਦਾ ਹਿੱਸਾ ਸੀ। ਤੇਜਸਵਿਨ ਸ਼ੰਕਰ, ਜਿਸ ਨੇ 2023 ਵਿੱਚ ਏਸ਼ੀਅਨ ਖੇਡਾਂ ਵਿੱਚ ਇਤਿਹਾਸਕ ਡਿਕੈਥਲੋਨ ਚਾਂਦੀ ਦਾ ਤਮਗਾ ਜਿੱਤਿਆ ਸੀ ਅਤੇ ਪਿਛਲੇ ਸਾਲ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਦੂਜੇ ਸਥਾਨ 'ਤੇ ਰਿਹਾ ਸੀ, ਨੇ ਹਾਲ ਹੀ ਵਿੱਚ ਗੋਡੇ ਦੀ ਸਮੱਸਿਆ ਨਾਲ ਜੂਝਣ ਦੇ ਬਾਵਜੂਦ ਰਾਸ਼ਟਰਮੰਡਲ ਖੇਡਾਂ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਉਹ ਉਨ੍ਹਾਂ ਐਥਲੀਟਾਂ ਵਿੱਚੋਂ ਇੱਕ ਸੀ, ਜਿਨ੍ਹਾਂ ਪੁਰਸਕਾਰਾਂ ਦੇ ਐਲਾਨ ਵਿੱਚ ਦੇਰੀ ਦੀ ਆਲੋਚਨਾ ਕੀਤੀ ਅਤੇ ਇਸ ਨੂੰ ਐਥਲੀਟਾਂ ਪ੍ਰਤੀ ਅਪਮਾਨਜਨਕ ਦੱਸਿਆ। 2024 ਵਿੱਚ ਰਿਕਾਰਡ 32 ਐਥਲੀਟਾਂ ਨੂੰ ਅਰਜਨ ਪੁਰਸਕਾਰ ਦਿੱਤਾ



ਗਿਆ, ਜਿਸ ਵਿੱਚ 17 ਪੈਰਾ-ਸਪੋਰਟਸ ਦੇ ਸ਼ਾਮਲ ਸਨ। ਇਸ ਵਾਰ ਪੈਰਾ-ਸਪੋਰਟਸ ਵਿੱਚੋਂ ਸਿਰਫ ਦੋ ਹੀ ਚੁਣੇ ਗਏ—ਪੈਰਾ ਕਲੱਬ ਥਰੋਅਰ ਏਕਤਾ ਭਯਾਨ, ਜਿਸ ਨੇ 2024 ਪੈਰਾ ਵਿਸ਼ਵ ਚੈਂਪੀਅਨਸ਼ਿਪ ਵਿੱਚ ਸੋਨ ਤਮਗਾ ਜਿੱਤਿਆ ਸੀ ਅਤੇ ਨਿਸ਼ਾਨੇਬਾਜ਼ ਰੁਦਰਾਂਸ਼ ਖੰਡੇਲਵਾਲ, ਜੋ 2024 ਪੈਰਾ ਵਿਸ਼ਵ ਕੱਪ ਦਾ ਸੋਨ ਤਮਗਾ ਜੇਤੂ ਹੈ। ਏਕਤਾ ਨੇ ਪਿਛਲੇ ਸਾਲ ਦਿੱਲੀ ਵਿੱਚ ਹੋਈ ਵਿਸ਼ਵ ਚੈਂਪੀਅਨਸ਼ਿਪ ਵਿੱਚ ਵੀ ਚਾਂਦੀ ਦਾ ਤਮਗਾ ਜਿੱਤਿਆ ਸੀ। ਇਸ ਵਾਰ ਸੂਚੀ ਵਿੱਚ ਕੋਈ ਵੀ ਕ੍ਰਿਕਟਰ ਸ਼ਾਮਲ ਨਹੀਂ। ਤੇਜ਼ ਗੇਂਦਬਾਜ਼ ਮੁਹੰਮਦ ਸ਼ਮੀ ਨੂੰ 2023 ਵਿੱਚ ਇਹ ਸਨਮਾਨ ਮਿਲਿਆ ਸੀ। ਆਈ ਅਰੁਮਨਯਗਮ, ਜੋ 1962 ਦੀਆਂ ਏਸ਼ੀਅਨ ਖੇਡਾਂ ਦੀ ਸੋਨ ਤਮਗਾ ਜੇਤੂ ਫੁੱਟਬਾਲ ਟੀਮ ਦਾ ਮੈਂਬਰ ਸੀ, 'ਲਾਈਫ ਟਾਈਮ ਅਚੀਵਮੈਂਟ' ਲਈ ਅਰਜੁਨ ਪੁਰਸਕਾਰ ਦਾ ਇਕਲੌਤਾ ਜੇਤੂ ਬਣਿਆ।ਮੰਤਰਾਲੇ ਨੇ ਤਿੰਨ ਦਰੋਣਾਚਾਰੀਆ ਪੁਰਸਕਾਰ ਜੇਤੂਆਂ ਦੇ ਨਾਂਅ ਵੀ ਐਲਾਨੇ ਹਨ। ਮੁੱਕੇਬਾਜ਼ੀ ਕੋਚ ਛੋਟੇ ਲਾਲ ਯਾਦਵ, ਜੋ ਕਿ ਮਹਿਲਾ ਰਾਸ਼ਟਰੀ ਕੈਂਪ ਦਾ ਹਿੱਸਾ ਸੀ ਅਤੇ ਨਾਲ ਹੀ ਮਹਾਨ ਐੱਮ ਸੀ ਮੈਰੀਕਾਮ ਦੇ ਸਹਾਇਕ ਸਟਾਫ ਦਾ ਵੀ ਹਿੱਸਾ ਸੀ, ਸਭ ਤੋਂ ਪ੍ਰਮੁੱਖ ਨਾਂਅ ਹੈ। ਉਸ ਤੋਂ ਇਲਾਵਾ ਪਰਵੀਰ ਸਿੰਘ ਤੇ ਨੇਹਾ ਚਵਾਨ ਨੂੰ ਮਿਲੇਗਾ। ਖੇਲ ਰਤਨ, ਜੋ ਕਿ ਦੇਸ਼ ਦਾ ਸਭ ਤੋਂ ਵੱਡਾ ਖੇਡ ਸਨਮਾਨ ਹੈ, ਵਿੱਚ ਇੱਕ ਤਮਗਾ, ਇੱਕ ਪ੍ਰਸ਼ੰਸਾ ਪੱਤਰ ਅਤੇ 25 ਲੱਖ ਰੁਪਏ ਦਾ ਨਕਦ ਇਨਾਮ ਦਿੱਤਾ ਜਾਂਦਾ ਹੈ, ਜਦੋਂ ਕਿ ਅਰਜੁਨ ਪੁਰਸਕਾਰ ਜੇਤੂ ਨੂੰ 15 ਲੱਖ ਰੁਪਏ ਦਿੱਤੇ ਜਾਂਦੇ ਹਨ। ਪਿਛਲੇ ਸਾਲ ਖੇਲ ਰਤਨ ਚਾਰ ਐਥਲੀਟਾਂ ਨੂੰ ਦਿੱਤਾ ਗਿਆ ਸੀ—ਵਿਸ਼ਵ ਚੈਂਪੀਅਨ ਸ਼ਤਰੰਜ ਖਿਡਾਰੀ ਡੀ ਗੁਕੇਸ਼, ਪੁਰਸ਼ ਹਾਕੀ ਕਪਤਾਨ ਹਰਮਨਪ੍ਰੀਤ ਸਿੰਘ, ਪੈਰਾ-ਐਥਲੀਟ ਪ੍ਰਵੀਨ ਕੁਮਾਰ ਅਤੇ ਨਿਸ਼ਾਨੇਬਾਜ਼ ਮਨੂ ਭਾਕਰ। ਇਹ ਪੁਰਸਕਾਰ ਰਵਾਇਤੀ ਤੌਰ 'ਤੇ ਹਰ ਸਾਲ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਦੀ ਯਾਦ ਵਿੱਚ ਪੇਸ਼ ਕੀਤੇ ਜਾਂਦੇ ਸਨ, ਜੋ ਕਿ ਭਾਰਤ ਦੇ ਮਹਾਨ ਖਿਡਾਰੀਆਂ ਵਿੱਚੋਂ ਇੱਕ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦਾ ਜਨਮ ਦਿਨ ਵੀ ਹੈ, ਪਰ 2026 ਦੇ ਅੱਧੇ ਤੋਂ ਵੱਧ ਸਮੇਂ ਬਾਅਦ 2025 ਦੇ ਪੁਰਸਕਾਰ ਜੇਤੂਆਂ ਦਾ ਐਲਾਨ 1991 ਵਿੱਚ ਪੁਰਸਕਾਰਾਂ ਦੀ ਸ਼ੁਰੂਆਤ ਤੋਂ ਬਾਅਦ ਸਭ ਤੋਂ ਵੱਡੀ ਦੇਰੀ ਹੈ। ਇਸ ਸਾਲ ਪੁਰਸਕਾਰ ਚੋਣ ਵਿੱਚ ਹੋਰਨਾਂ ਦੇ ਨਾਲ ਭਾਰਤੀ ਉਲੰਪਿਕ ਐਸੋਸੀਏਸ਼ਨ ਦੇ ਉਪ ਪ੍ਰਧਾਨ ਗਗਨ ਨਾਰੰਗ, ਸਾਬਕਾ ਬੈਡਮਿੰਟਨ ਖਿਡਾਰੀ ਅਪਰਨਾ ਪੋਪਟ ਅਤੇ ਸਾਬਕਾ ਹਾਕੀ ਖਿਡਾਰੀ ਐੱਮ ਐੱਮ ਸੋਮਾਇਆ ਸ਼ਾਮਲ ਸਨ।

**ਅਰਜੁਨ ਪੁਰਸਕਾਰ** : ਤੇਜਸਵਿਨ ਸ਼ੰਕਰ (ਐਥਲੈਟਿਕਸ), ਪ੍ਰਿਯੰਕਾ ਗੋਸਵਾਮੀ (ਐਥਲੈਟਿਕਸ), ਨਰਿੰਦਰ (ਬਾਕਸਿੰਗ), ਵਿਦਿਤ ਗੁਜਰਾਤੀ (ਸ਼ਤਰੰਜ), ਦਿਵਿਆ ਦੇਸ਼ਮੁਖ (ਸ਼ਤਰੰਜ), ਧਨੁਸ਼ ਸ਼੍ਰੀਕਾਂਤ (ਡੈੱਫ ਸ਼ੂਟਿੰਗ), ਰਾਜਕੁਮਾਰ ਪਾਲ (ਹਾਕੀ), ਸੁਰਜੀਤ (ਕਬੱਡੀ), ਅਰਵਿੰਦ ਸਿੰਘ (ਰੋਇੰਗ), ਅਖਿਲ ਸ਼ਿਓਰਾਨ (ਸ਼ੂਟਿੰਗ), ਟਰੀਸਾ ਜੌਲੀ (ਬੈਡਮਿੰਟਨ), ਗਾਇਤਰੀ ਗੋਪੀਚੰਦ (ਬੈਡਮਿੰਟਨ), ਲਾਲਰੇਮਸਿਆਮੀ (ਹਾਕੀ), ਮੁਹੰਮਦ ਅਜਮਲ (ਐਥਲੈਟਿਕਸ) ਤੇ ਪੂਜਾ (ਕਬੱਡੀ)।

## ਡਾ. ਤੇਜਿੰਦਰਪਾਲ ਸਿੰਘ ਰੇਖੀ ਨੂੰ ਕੀਤਾ ਸਨਮਾਨਤ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਵਿਖੇ ਕਰਾਏ ਗਏ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜੇ ਦੇ ਸਮਾਗਮ ਦੌਰਾਨ ਪੰਜਾਬ ਦੇ ਪ੍ਰਸਿੱਧ ਸਰਜਨ ਡਾ. ਤੇਜਿੰਦਰਪਾਲ ਸਿੰਘ ਰੇਖੀ ਨੂੰ ਸਿਹਤ ਸੇਵਾਵਾਂ ਦੇ ਖੇਤਰ 'ਚ ਸ਼ਾਨਦਾਰ ਤੇ ਸਮਰਪਤ ਸੇਵਾਵਾਂ ਨਿਭਾਉਣ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਸਮਾਗਮ ਦੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਮਤੀ ਨਵਜੋਤ ਕੌਰ ਆਈ ਏ ਐਸ ਵੱਲੋਂ ਪ੍ਰਦਾਨ ਕੀਤਾ ਗਿਆ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਖੇਤਰਾਂ 'ਚ ਸ਼ਲਾਘਾਯੋਗ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਡਾ. ਤੇਜਿੰਦਰਪਾਲ ਸਿੰਘ ਰੇਖੀ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਡਾਕਟਰੀ ਕਿੱਤਾ ਸਿੱਧੇ ਤੌਰ 'ਤੇ ਮਨੁੱਖਤਾ ਦੀ ਸੇਵਾ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਜਿਹੜੇ ਡਾਕਟਰ ਆਪਣੀ ਡਿਊਟੀ ਨੂੰ ਸਿਰਫ਼ ਕਿੱਤਾ ਨਹੀਂ, ਸਗੋਂ ਲੋਕ ਸੇਵਾ ਵਜੋਂ ਨਿਭਾਉਂਦੇ ਹਨ, ਉਹ ਸਮਾਜ ਲਈ ਬਹੁਤ ਹੀ ਮੱਦਦਗਾਰ ਸਾਬਤ ਹੁੰਦੇ ਹਨ।ਅਜਿਹੇ ਡਾਕਟਰ ਮਰੀਜ਼ਾਂ ਨੂੰ ਇਲਾਜ ਦੇ ਨਾਲ-ਨਾਲ ਹੌਸਲਾ ਤੇ ਉਮੀਦ ਵੀ ਦਿੰਦੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਡਾਕਟਰ ਸਮਾਜ ਲਈ ਰੱਬ ਦੇ ਰੂਪ ਦੇ ਸਮਾਨ ਹੁੰਦੇ ਹਨ।ਡਾ. ਰੇਖੀ ਨੇ ਸਨਮਾਨ ਮਿਲਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਡਿਪਟੀ ਕਮਿਸ਼ਨਰ ਮਾਨਸਾ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਕਿਸੇ ਵੀ ਡਾਕਟਰ ਲਈ ਸਭ ਤੋਂ ਵੱਡਾ ਸਨਮਾਨ ਉਸ ਸਮੇਂ ਹੁੰਦਾ ਹੈ, ਜਦੋਂ ਉਹ ਆਪਣੇ ਮਰੀਜ਼ ਨੂੰ ਸਿਹਤਯਾਬ ਹੁੰਦਾ ਦੇਖਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਾਉਣਾ ਉਨ੍ਹਾਂ ਦਾ ਮੁੱਖ ਉਦੇਸ਼ ਹੈ ਤੇ ਉਹ ਭਵਿੱਖ ਵਿੱਚ ਵੀ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।

## ਨਜਾਇਜ਼ ਸ਼ਰਾਬ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਘੁਬਾਇਆ ਵਿਖੇ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਵੰਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੱਸ ਅੱਡਾ ਘੁਬਾਇਆ ਕੋਲ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਕੁਲਵੰਤ ਸਿੰਘ ਪੁੱਤਰ ਬੱਗੂ ਸਿੰਘ ਵਾਸੀ ਪਿੰਡ ਘੁਬਾਇਆ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਕੁਲਵੰਤ ਸਿੰਘ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਗ੍ਰਿਫਤਾਰ ਕੀਤਾ ਹੈ। ਪੁਲਸ ਨੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ।

## ਸਾਹਿਤ ਸਭਾ ਵੱਲੋਂ ਪ੍ਰੋ. ਬਾਈ ਭੋਲਾ ਯਮਲਾ ਨਾਲ ਰੂਬਰੂ ਤੇ ਸਨਮਾਨ ਸਮਾਗਮ



**ਜਲਾਲਾਬਾਦ (ਜੀਤ ਕੁਮਾਰ, ਜਗੀਰ ਕੰਬੋ)**-ਸਾਹਿਤ ਸਭਾ ਜਲਾਲਾਬਾਦ ਵੱਲੋਂ ਸ਼ਿਵਾਲਿਕ ਸੀਨੀਅਰ ਸੈਕੰਡਰੀ ਸਕੂਲ ਜਲਾਲਾਬਾਦ ਵਿਖੇ ਪ੍ਰੋਫੈਸਰ ਬਾਈ ਭੋਲਾ ਯਮਲਾ ਨਾਲ ਰੂਬਰੂ ਤੇ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਗੁਰਜੋਤ ਸਿੰਘ ਸੰਧੂ, ਸਹਿਜਪਾਲ ਬਰਾੜ ਤੇ ਭੋਲਾ ਲਾਇਲਪੁਰੀਆ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸਾਹਿਤ ਸਭਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਝਾਂਬ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਸਾਹਿਤ ਸਭਾ ਦੀ ਸਕੱਤਰ ਹਰਸ਼ਪ੍ਰੀਤ ਕੌਰ ਬੋਪਾਰਾਏ ਨੇ ਸਟੇਜ ਦੀ ਭੂਮਿਕਾ ਬਾਖੂਬੀ ਨਿਭਾਉਂਦਿਆਂ ਸ਼ਾਇਰੋ-ਸ਼ਾਇਰੀ ਨਾਲ ਖੂਬ ਰੰਗ ਬੰਨ੍ਹਿਆ। ਲਾਲ ਚੰਦ ਯਮਲਾ ਜੱਟ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਤਰਜ਼ 'ਤੇ ਵੱਖ-ਵੱਖ ਤਰ੍ਹਾਂ ਦੇ ਗੀਤਾਂ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਪ੍ਰੋਫੈਸਰ ਬਾਈ ਭੋਲਾ ਯਮਲਾ ਦੇ ਬੇਟੇ ਰਿਦਮ ਨੇ ਵੀ ਗੀਤਾਂ ਰਾਹੀਂ ਆਪਣੀ ਹਾਜ਼ਰੀ ਭਰਦੇ ਹੋਏ ਸਰੋਤਿਆਂ ਦੀ ਵਾਹ-ਵਾਹ ਖੱਟੀ। ਸਾਹਿਤ ਸਭਾ ਦੇ ਇਸ ਰੂਬਰੂ ਤੇ ਸਨਮਾਨ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚੇ ਗੁਰਜੋਤ ਸਿੰਘ ਸੰਧੂ ਤੇ ਭੋਲਾ ਲਾਇਲਪੁਰੀਆ ਨੇ ਆਪੋ ਆਪਣੇ ਭਾਸ਼ਣ 'ਚ ਆਖਿਆ ਕਿ ਸਾਹਿਤ ਸਭਾ ਜਲਾਲਾਬਾਦ ਵੱਲੋਂ ਭੋਲਾ ਯਮਲਾ ਨੂੰ ਬੁਲਾ ਕੇ ਉਨ੍ਹਾਂ ਦੀ ਪੇਸ਼ਕਾਰੀ ਕਰਾਉਣ ਦਾ ਮਤਲਬ ਹੈ ਸਾਹਿਤ ਸਭਾ ਪੁਰਾਣੇ ਵਿਰਸੇ ਨੂੰ ਸੰਭਾਲ ਕੇ ਰੱਖਦੀ ਹੈ ਤੇ ਅਜਿਹੇ ਕਲਾਕਾਰ ਲੱਭਣੇ [illegible], ਜਿਸ ਨਾਲ ਸਾਡੀ ਨੌਜਵਾਨ ਪੀੜ੍ਹੀ ਵੀ ਗੀਤਾਂ ਦੇ ਬੁਰੇ ਪ੍ਰਭਾਵਾਂ ਤੋਂ ਬਚਦੀ ਹੈ। ਸਮਾਗਮ ਦੇ ਅੰਤ ਵਿੱਚ ਸਾਹਿਤ ਸਭਾ ਦੇ ਸਰਪ੍ਰਸਤ ਸੰਤੋਖ ਸਿੰਘ ਬਰਾੜ ਤੇ ਕੈਸ਼ੀਅਰ ਦੀਪਕ ਨਾਰੰਗ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਸਾਹਿਤਕਾਰ ਤਿਲਕ ਰਾਜ ਕਾਹਲ, ਬਲਬੀਰ ਸਿੰਘ ਰਹੇਜਾ, ਪ੍ਰਵੇਸ਼ ਖੰਨਾ, ਗੋਪਾਲ ਬਜਾਜ, ਪ੍ਰੀਤੀ ਬਬੂਟਾ, ਊਸ਼ਾ ਝਾਂਬ, ਪਰਮ ਝਾਂਬ, ਕੁਲਦੀਪ ਬਰਾੜ, ਜਸਕਰਨਜੀਤ ਸਿੰਘ, ਨੀਰਜ ਛਾਬੜਾ, ਪਰਮਜੀਤ ਧਮੀਜਾ, ਕੰਵਰ ਜਤਿੰਦਰ ਸਿੰਘ ਬੇਦੀ, ਅਮਰੀਕ ਸਿੰਘ ਬੋਪਾਰਾਏ, ਅਸ਼ੋਕ ਮੈਣੀ, ਮਦਨ ਲਾਲ ਦੂਮੜਾ, ਰੋਸ਼ਨ ਲਾਲ ਅਸੀਜਾ, ਰਜਿੰਦਰ ਸਿੰਘ ਸਿੱਧੂ, ਪ੍ਰਕਾਸ਼ ਦੋਸ਼ੀ, ਵਿਪਨ ਕੰਬੋਜ, ਗੁਰਪ੍ਰੀਤ ਸਿੰਘ ਪਰੂਥੀ, ਸਰਲੀਨਦੀਪ ਕੌਰ, ਕੁਲਵੰਤ ਸਰੋਤਾ, ਅਵਿਨਾਸ਼, ਜਸਵੀਰ ਸ਼ਰਮਾ ਦੱਦਾਹੂਰੀਆ, ਸੋਨੀ ਬਾਬਾ ਆਦਿ ਹਾਜ਼ਰ ਸਨ।

## ਬਰੈਂਡਵੇਅ ਪਬਲਿਕ ਸਕੂਲ ਮਨਾਲ 'ਚ ਆਜ਼ਾਦੀ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੈਂਡਵੇਅ ਪਬਲਿਕ ਸਕੂਲ ਮਨਾਲ ਵਿਖੇ ਆਜ਼ਾਦੀ ਦਿਵਸ ਦੇ ਮੌਕੇ ਪੰਜਾਬੀ ਸੱਭਿਆਚਾਰ ਦੀਆਂ ਰੰਗੀਨ ਪ੍ਰੰਪਰਾਵਾਂ ਨੂੰ ਦਰਸਾਉਂਦੇ ਹੋਏ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਤੇ ਚਾਵਾਂ ਨਾਲ ਮਨਾਇਆ ਗਿਆ।ਸਮਾਗਮ ਦਾ ਆਯੋਜਨ ਸਕੂਲ ਦੇ ਪੰਜਾਬੀ ਵਿਭਾਗ ਵੱਲੋਂ ਕੀਤਾ ਗਿਆ।ਸਕੂਲ ਕੈਂਪਸ 'ਚ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕਰਦੀ ਤੀਆਂ ਦੀ ਰੌਣਕ ਨੇ ਸਮਾਗਮ ਨੂੰ ਹੋਰ ਵੀ ਖ਼ਾਸ ਬਣਾ ਦਿੱਤਾ।ਸਮਾਗਮ ਵਿੱਚ ਸਕੂਲ ਚੇਅਰਮੈਨ ਰਣਜੀਤ ਸਿੰਘ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਅਤੇ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲਿਆ।ਮੁੱਖ ਮਹਿਮਾਨ ਡਾਕਟਰ ਪ੍ਰਿਯੰਕਾ ਸ਼ਰਮਾ ਨੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ।ਤੀਆਂ ਦੇ ਤਿਉਹਾਰ ਦੌਰਾਨ ਪੰਜਾਬੀ ਲੋਕ-ਗੀਤਾਂ, ਗਿੱਧੇ ਤੇ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਵੱਖ-ਵੱਖ ਗਤੀਵਿਧੀਆਂ ਨੇ ਸਭ ਦਾ ਮਨ ਮੋਹ ਲਿਆ।ਰੰਗ-ਬਿਰੰਗੇ ਪੰਜਾਬੀ ਪਹਿਰਾਵਿਆਂ ਤੇ ਰਵਾਇਤੀ ਸਜਾਵਟ ਨੇ ਸਮਾਗਮ ਨੂੰ ਖੂਬਸੂਰਤ ਰੂਪ ਦਿੱਤਾ।ਵਿਦਿਆਰਥੀਆਂ ਨੇ ਪੰਜਾਬੀ ਵਿਰਸੇ ਤੇ ਸੱਭਿਆਚਾਰ ਨੂੰ ਉਤਸ਼ਾਹ ਨਾਲ ਪੇਸ਼ ਕਰਦਿਆਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਮੁੱਖ ਮਹਿਮਾਨ ਡਾ. ਪ੍ਰਿਯੰਕਾ ਸ਼ਰਮਾ ਨੇ ਤੀਆਂ ਦੇ ਤਿਉਹਾਰ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਪੰਜਾਬੀ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਪੰਜਾਬੀ ਵਿਭਾਗ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ।

## ਦੀਵਾਨ ਟੋਡਰ ਮੱਲ ਪਬਲਿਕ ਸਕੂਲ 'ਚ ਆਜ਼ਾਦੀ ਦਿਵਸ ਮਨਾਇਆ



**ਭਵਾਨੀਗੜ੍ਹ (ਰਾਜ ਖੁਰਮੀ)**-ਪਿੰਡ ਕਾਕੜਾ ਸਥਿਤ ਦੀਵਾਨ ਟੋਡਰ ਮੱਲ ਪਬਲਿਕ ਸਕੂਲ ਵਿਖੇ 80ਵਾਂ ਆਜ਼ਾਦੀ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਦੀ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਕਰਾਈ ਗਈ ਵਿਸ਼ੇਸ਼ ਅਸੈਂਬਲੀ ਨਾਲ ਹੋਈ।ਸਕੂਲ ਦੇ ਪ੍ਰਾਇਮਰੀ ਤੇ ਸੈਕੰਡਰੀ ਵਿੰਗ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ, ਕੋਰੀਓਗ੍ਰਾਫੀ, ਨਾਟਕ, ਨੁੱਕੜ ਨਾਟਕ ਤੇ ਧਾਰਮਿਕ ਗੀਤ ਪੇਸ਼ ਕਰਕੇ ਆਜ਼ਾਦੀ ਦਿਹਾੜੇ ਨੂੰ ਯਾਦਗਾਰ ਬਣਾਇਆ।ਵਿਦਿਆਰਥੀਆਂ ਵੱਲੋਂ ਵੱਖ-ਵੱਖ ਭਾਸ਼ਾਵਾਂ ਵਿੱਚ ਲੇਖ ਰਚਨਾਵਾਂ ਰਾਹੀਂ ਆਜ਼ਾਦੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ ਗਈ।ਸਕੂਲ ਦੇ ਪੰਜਾਬੀ ਅਧਿਆਪਕ ਸੰਦੀਪ ਸਿੰਘ ਵੱਲੋਂ ਦੇਸ਼ ਵੰਡ ਨਾਲ ਸਬੰਧਤ ਕਵਿਤਾ 'ਕੈਸੀ ਆਜ਼ਾਦੀ' ਪੇਸ਼ ਕੀਤੀ ਗਈ।ਪ੍ਰਿੰਸੀਪਲ ਮਨਜੀਤ ਕੌਰ ਨੇ ਸ਼ਹੀਦਾਂ ਦੀਆਂ ਕੁਰਬਾਨੀਆਂ ਦੇ ਅਰਥ ਸਮਝਾਉਂਦਿਆਂ ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਪਿਆਰ ਅਤੇ ਸਤਿਕਾਰ ਦੀ ਭਾਵਨਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਪ੍ਰਾਇਮਰੀ ਪੱਧਰ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਹੱਥਾਂ ਵਿੱਚ ਤਿਰੰਗੇ ਝੰਡੇ ਫੜ ਕੇ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ ਅਤੇ ਵੱਖ-ਵੱਖ ਐਕਟ ਪੇਸ਼ ਕੀਤੇ। ਉਨ੍ਹਾਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਵਿਸ਼ੇਸ਼ ਖਿੱਚ ਪੈਦਾ ਕੀਤੀ।ਅੰਤ ਵਿੱਚ ਰਾਸ਼ਟਰੀ ਗਾਇਨ ਨਾਲ ਸਮਾਗਮ ਦੀ ਸਮਾਪਤੀ ਹੋਈ।ਸਕੂਲ ਦੇ ਚੇਅਰਮੈਨ ਬਾਬਾ ਕਿਰਪਾਲ ਸਿੰਘ, ਮੈਨੇਜਰ ਸਰਬਜੀਤ ਸਿੰਘ, ਪ੍ਰਬੰਧਕ ਡਾਇਰੈਕਟਰ ਡਾ. ਗੁਰਮੀਤ ਸਿੰਘ ਤੇ ਮੈਨੇਜਮੈਂਟ ਮੈਂਬਰ ਦਵਿੰਦਰ ਸਿੰਘ ਨੇ ਸਮਾਗਮ ਦੀ ਸ਼ਲਾਘਾ ਕਰਦਿਆਂ ਪੇਸ਼ਕਾਰੀਆਂ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰ ਕਰਨ ਵਾਲੇ ਅਧਿਆਪਕਾਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਭਵਿੱਖ ਵਿੱਚ ਵੀ ਅਜਿਹੇ ਦੇਸ਼ ਭਗਤੀ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਾਉਂਦੇ ਰਹਿਣ ਲਈ ਸਾਰਿਆਂ ਨੂੰ ਉਤਸ਼ਾਹਿਤ ਕੀਤਾ।

## ਸੁਪਰੀਮ ਸਕੂਲ ਬਿਲਾਸਪੁਰ ਦਾ ਤੀਜ ਤਿਉਹਾਰ ਯਾਦਗਾਰੀ ਹੋ ਨਿੱਬੜਿਆ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਪੰਜਾਬੀ ਸੱਭਿਆਚਾਰ ਦੇ ਪ੍ਰਤੀਕ ਤੀਆਂ ਦੇ ਤਿਉਹਾਰ ਨੂੰ ਬੜੇ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਹ ਸਮਾਗਮ ਵਿੱਚ ਮਨਜੀਤ ਕੌਰ ਸਹਿਣਾ, ਜੋ ਕਿ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ, ਨੂੰ ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਜੀ ਆਇਆਂ ਕਿਹਾ।ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰ ਪੇਸ਼ਕਾਰੀਆਂ ਗਿੱਧੇ, ਭੰਗੜੇ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਤੀਆਂ ਦੇ ਤਿਉਹਾਰ ਦੌਰਾਨ ਪੰਜਾਬੀ ਪਹਿਰਾਵੇ ਵਿੱਚ ਸਜੀਆਂ ਵਿਦਿਆਰਥਣਾਂ ਨੇ ਗਿੱਧੇ ਤੇ ਲੋਕ ਨਾਚਾਂ ਰਾਹੀਂ ਪੰਜਾਬੀ ਸੱਭਿਆਚਾਰ ਦੀ ਖੂਬਸੂਰਤ ਝਲਕ ਪੇਸ਼ ਕੀਤੀ।ਪੰਜਾਬੀ ਲੋਕ ਗੀਤ, ਬੋਲੀਆਂ ਮਹਿੰਦੀ ਤੇ ਰਵਾਇਤੀ ਖੇਡਾਂ ਸਮਾਗਮ ਦਾ ਵਿਸ਼ੇਸ਼ ਆਕਰਸ਼ਣ ਰਹੇ।ਇਸ ਖਾਸ ਮੌਕੇ 'ਤੇ ਸਕੂਲ ਅਧਿਆਪਕਾਂ ਵੱਲੋਂ ਲਗਾਇਆ ਗਿਆ ਪੰਜਾਬੀ ਢਾਬਾ ਵਿਸ਼ੇਸ਼ ਖਿੱਚ ਦਾ ਕੇਂਦਰ ਰਿਹਾ, ਜਿਸ ਵਿੱਚ ਪੰਜਾਬੀ ਰਵਾਇਤੀ ਖਾਣੇ ਜਿਵੇਂ ਕਿ ਖੀਰ, ਗੁਲਗੁਲੇ, ਪੂੜੇ ਲੱਸੀ, ਮਿੱਸੀ ਰੋਟੀ ਦਾ ਸਭ ਨੇ ਆਨੰਦ ਮਾਣਿਆ।ਇਸ ਖਾਸ ਮੌਕੇ ਪੰਜਾਬੀ ਸਾਹਿਤ ਵਿੱਚ ਆਪਣਾ ਵੱਖਰਾ ਨਾਮ ਰੱਖਣ ਵਾਲੇ ਮੈਡਮ ਮਨਦੀਪ ਕੌਰ ਭਦੌੜ ਤੇ ਉਨ੍ਹਾਂ ਦੇ ਨਾਲ ਮੈਡਮ ਜਸਪ੍ਰੀਤ ਕੌਰ ਵੀ ਸ਼ਾਮਲ ਹੋਏ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਅਮੀਰ ਪੰਜਾਬੀ ਵਿਰਾਸਤ ਤੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਵੀ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਸਮੂਹ ਸਕੂਲ ਪ੍ਰਬੰਧਕੀ ਕਮੇਟੀ ਤੇ ਸਟਾਫ ਦੁਆਰਾ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ ਗਈ।ਇਹ ਸਮਾਗਮ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਚੇਤਨਾ ਤੇ ਆਪਣੀ ਵਿਰਾਸਤ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਵਿੱਚ ਸਫਲ ਰਿਹਾ।ਪ੍ਰੋਗਰਾਮ ਦੇ ਅੰਤ 'ਚ ਵੱਖ-ਵੱਖ ਗਤੀਵਿਧੀਆਂ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## 'ਆਜ਼ਾਦੀ ਦੀ ਲਹਿਰ 'ਚ ਸਿੱਖਾਂ ਦੇ ਯੋਗਦਾਨ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਾਇਆ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਇਤਿਹਾਸ ਵਿਭਾਗ ਤੇ ਫਾਈਨ ਆਰਟਸ ਵਿਭਾਗ ਵੱਲੋਂ ਆਜ਼ਾਦੀ ਦਿਵਸ ਮੌਕੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ ਜਿਸ ਵਿੱਚ ਇਤਿਹਾਸ ਵਿਭਾਗ ਦੇ ਮੁਖੀ ਪ੍ਰੋ. ਹਰਬਿੰਦਰ ਸਿੰਘ ਨੇ 'ਆਜ਼ਾਦੀ ਦੀ ਲਹਿਰ ਵਿੱਚ ਸਿੱਖਾਂ ਦਾ ਯੋਗਦਾਨ' ਵਿਸ਼ੇ 'ਤੇ ਆਪਣੇ ਵਡਮੁੱਲੇ ਵਿਚਾਰ ਪੇਸ਼ ਕੀਤੇ।ਇਹ ਸਮਾਗਮ ਕਾਲਜ ਦੇ ਪ੍ਰਿੰਸੀਪਲ ਡਾ.



ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਲੈਕਚਰ ਵਿੱਚ ਲਗਭਗ 90 ਵਿਦਿਆਰਥੀਆਂ ਨੇ ਭਾਗ ਲਿਆ ਤੇ ਭਾਰਤ ਦੀ ਆਜ਼ਾਦੀ ਦੀ ਲਹਿਰ ਵਿੱਚ ਸਿੱਖਾਂ ਦੇ ਮਹੱਤਵਪੂਰਨ ਯੋਗਦਾਨ ਬਾਰੇ ਇਤਿਹਾਸਕ ਜਾਣਕਾਰੀ ਪ੍ਰਾਪਤ ਕੀਤੀ। ਲੈਕਚਰ ਦੌਰਾਨ ਡਾ. ਹਰਬਿੰਦਰ ਸਿੰਘ ਨੇ ਭਾਰਤ ਦੇ ਆਜ਼ਾਦੀ ਸੰਘਰਸ਼ ਵਿੱਚ ਸਿੱਖ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ, ਦਲੇਰੀ ਤੇ ਕੁਰਬਾਨੀਆਂ 'ਤੇ ਚਾਨਣਾ ਪਾਇਆ।ਉਨ੍ਹਾਂ ਸਿੱਖ ਆਜ਼ਾਦੀ ਘੁਲਾਟੀਆਂ ਦੀ ਪ੍ਰੇਰਨਾਦਾਇਕ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਦੇਸ਼ ਭਗਤੀ ਤੇ ਕੌਮ ਪ੍ਰਤੀ ਸਮਰਪਣ ਦੀਆਂ ਕਦਰਾਂ-ਕੀਮਤਾਂ 'ਤੇ ਜ਼ੋਰ ਦਿੱਤਾ।ਇਸ ਮੌਕੇ ਫਾਈਨ ਆਰਟਸ ਵਿਭਾਗ ਦੇ ਮੁਖੀ ਡਾ. ਅਵਨੀਤ ਕੌਰ, ਇਤਿਹਾਸ ਵਿਭਾਗ ਤੋਂ ਡਾ. ਰਮਨਦੀਪ ਕੌਰ ਤੇ ਫਾਈਨ ਆਰਟਸ ਵਿਭਾਗ ਤੋਂ ਪ੍ਰੋ. ਬਨਿੰਦਰ ਕੌਰ ਨੇ ਸਮਾਗਮ ਦੇ ਸਫ਼ਲ ਆਯੋਜਨ ਵਿੱਚ ਅਹਿਮ ਯੋਗਦਾਨ ਪਾਇਆ।

## ਮਿਮਿਟ ਮਲੋਟ ਵਿਖੇ ਆਜ਼ਾਦੀ ਦਿਵਸ ਮਨਾਇਆ



**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਿਤ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਵਿਖੇ ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਕੁਮਾਰ ਬਾਂਸਲ ਦੀ ਰਹਿਨੁਮਾਈ ਹੇਠ 6 ਪੰਜਾਬ ਬਟਾਲੀਅਨ ਐੱਨ.ਸੀ.ਸੀ. ਯੂਨਿਟ ਮਲੋਟ ਦੇ ਕਮਾਂਡਿੰਗ ਅਫ਼ਸਰ ਕਰਨਲ ਭੁਪਿੰਦਰ ਸਿੰਘ ਤੇ 3 ਪੰਜਾਬ ਨੇਵਲ ਐੱਨਸੀਸੀ ਯੂਨਿਟ ਬਠਿੰਡਾ ਦੇ ਕਮਾਂਡਿੰਗ ਅਫ਼ਸਰ ਕੈਪਟਨ ਇਸ਼ਰਾਜ ਸਿੰਘ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ 80ਵਾਂ ਅਜ਼ਾਦੀ ਦਿਵਸ ਮਨਾਇਆ ਗਿਆ।ਡਾ. ਅਸ਼ਵਨੀ ਕੁਮਾਰ ਬਾਂਸਲ ਡਾਇਰੈਕਟਰ ਮਿਮਿਟ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਹੋਏ ਦੇਸ਼ ਭਗਤਾਂ ਨੂੰ ਸ਼ਰਧਾਂਜਲੀ ਦਿੱਤੀ।ਇਸ ਮੌਕੇ ਐੱਨ.ਸੀ.ਸੀ. ਨੇਵਲ ਵਿੰਗ, ਐੱਨ.ਸੀ.ਸੀ. ਆਰਮੀ ਵਿੰਗ ਦੇ ਕੈਡਿਟਾਂ ਤੇ ਸੰਸਥਾ ਦੇ ਸਕਿਉਰਿਟੀ ਗਾਰਡਾਂ ਨੇ ਪਰੇਡ ਵਿੱਚ ਭਾਗ ਲਿਆ।ਇਸ ਮੌਕੇ ਡਾ. ਰਾਜੇਸ਼ ਚੌਧਰੀ ਕੋਆਰਡੀਨੇਟਰ ਮਕੈਨੀਕਲ ਵਿਭਾਗ, ਇੰਜ. ਸੁਰਿੰਦਰ ਕੁਮਾਰ ਐਸੋਸੀਏਟ ਐੱਨ.ਸੀ.ਸੀ. ਅਫ਼ਸਰ (ਨੇਵਲ ਵਿੰਗ), ਸ੍ਰੀ ਰਾਜ ਕੁਮਾਰ ਲਾਡਵਾਲ ਸੀਟੀਓ ਐੱਨ.ਸੀ.ਸੀ.(ਆਰਮੀ ਵਿੰਗ), ਇੰਜ. ਅਵਤਾਰ ਸਿੰਘ ਰੈਜ਼ੀਡੈਂਟ ਇੰਜੀਨੀਅਰ-ਕਮ-ਅਸਟੇਟ ਅਫਸਰ, ਸ੍ਰੀ ਪ੍ਰੇਮ ਸਿੰਘ ਸਹਾਇਕ ਰਜਿਸਟਰਾਰ, ਰਾਕੇਸ਼ ਮੰਗਲਾ ਸੀਨੀਅਰ ਸਹਾਇਕ, ਸ੍ਰੀ ਰਵਿੰਦਰ ਸਿੰਘ ਸਕਿਉਰਟੀ ਸੁਪਰਵਾਈਜ਼ਰ, ਐੱਨ.ਸੀ.ਸੀ. ਵਿੰਗ ਦੇ ਕਲਰਕ ਮੈਡਮ ਪ੍ਰੇਮ ਲਤਾ, ਸਮੂਹ ਸਟਾਫ਼, ਵਿਦਿਆਰਥੀ ਤੇ ਐੱਨ.ਸੀ.ਸੀ. ਨੇਵਲ ਤੇ ਆਰਮੀ ਵਿੰਗ ਦੇ ਕੈਡੇਟਸ ਹਾਜ਼ਰ ਸਨ।

## ਗਾਰਡਨ ਵੈਲੀ ਸਕੂਲ 'ਚ ਸੁਤੰਤਰਤਾ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਾਰਡਨ ਵੈਲੀ ਸਕੂਲ ਵਿਖੇ ਸੁਤੰਤਰਤਾ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ ਨਾਲ ਕੀਤੀ ਗਈ। ਇਸ ਮੌਕੇ ਸਕੂਲ ਦੇ ਚੇਅਰਪਰਸਨ ਗੁਰਭਗਤ ਸਿੰਘ ਨਾਮਧਾਰੀ ਤੇ ਡਾ. ਹਰਪ੍ਰੀਤ ਕੌਰ ਤਨੇਜਾ ਵੱਲੋਂ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਮਹੱਤਵ, ਦੇਸ਼ ਪ੍ਰਤੀ ਆਪਣੇ ਫਰਜ਼ਾਂ ਤੇ ਮਹਾਨ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਤ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਭਰਪੂਰ ਭਾਸ਼ਣ, ਕਵਿਤਾਵਾਂ ਤੇ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।

## 400 ਬਜ਼ੁਰਗਾਂ ਲਈ 45 ਲੱਖ ਦੇ ਕਰੀਬ ਦੇ ਮੁਫ਼ਤ ਸਹਾਇਕ ਉਪਕਰਨ ਵੰਡੇ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਬੁਢਲਾਡ ਵੱਲੋਂ ਕੇਂਦਰ ਸਰਕਾਰ ਦੀ ਰਾਸ਼ਟਰੀ ਵਯੋਸ਼੍ਰੀ ਯੋਜਨਾ ਅਧੀਨ ਬਜ਼ੁਰਗਾਂ ਦੀ ਸਹਾਇਤਾ ਲਈ ਇੱਕ ਵਿਸ਼ੇਸ਼ ਸਹਾਇਕ ਉਪਕਰਨ ਵੰਡ ਕੈਂਪ ਸ਼੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ (ਸਾਈਟ) ਸਾਹਮਣੇ ਰੇਲਵੇ ਸਟੇਸ਼ਨ ਨੇੜੇ ਐਫਸੀਆਈ ਪੱਲੇਦਾਰ ਯੂਨੀਅਨ, ਬੁਢਲਾਡ ਵਿਖੇ ਲਾਇਆ ਗਿਆ।ਕੈਂਪ ਦੌਰਾਨ ਲਗਭਗ 400 ਬਜ਼ੁਰਗਾਂ ਅਤੇ ਲੋੜਵੰਦ ਲਾਭਪਾਤਰੀਆਂ ਨੂੰ ਤਕਰੀਬਨ 45 ਲੱਖ ਰੁਪਏ ਦੀ ਕੀਮਤ ਦੇ ਸਹਾਇਕ ਉਪਕਰਨ ਬਿਲਕੁਲ ਮੁਫ਼ਤ ਮੁਹੱਈਆ ਕਰਵਾਏ ਗਏ।ਇਨ੍ਹਾਂ ਵਿੱਚ ਵ੍ਹੀਲਚੇਅਰ, ਕਮੋਡ ਵਾਲੀ ਕੁਰਸੀ, ਕੰਨਾਂ ਦੀ ਮਸ਼ੀਨ, ਵਾਕਰ, ਛੜੀ, ਬੈਲਟ, ਸਰਵਾਈਕਲ ਕਾਲਰ, ਗੋਡਿਆਂ ਦੇ ਸਹਾਇਕ ਉਪਕਰਨ ਆਦਿ ਸ਼ਾਮਲ ਸਨ।ਇਸ ਮੌਕੇ ਨਗਰ ਕੌਂਸਲ ਬੁਢਲਾਡਾ ਦੇ ਪ੍ਰਧਾਨ ਸਤਨਾਮ ਸਿੰਘ ਖਨਾਲੀਆ, ਸੀਨੀਅਰ ਮੀਤ ਪ੍ਰਧਾਨ ਟਿੰਕੂ ਪੰਜਾਬ, ਕੌਂਸਲਰ ਕਰਮਜੀਤ ਮਾਘੀ, ਗੁਰਪ੍ਰੀਤ ਵਿਰਕ, ਰਾਜੂ ਘੰਡ, ਸਤਨਾਮ ਦੁੱਗਲ, ਬਲਵਿੰਦਰ ਸਿੰਘ, ਜਗਸੀਰ ਸਿੰਘ, ਨੱਥਾ ਸਿੰਘ, ਗੁਰਚੰਦ ਸਿੰਘ, ਸੋਨੂੰ, ਜੱਸੀ ਸੈਣੀ ਤੋਂ ਇਲਾਵਾ ਗਿੰਨੀ ਅਨੇਜਾ, ਕੁਲਦੀਪ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਕੈਂਪ ਵਿੱਚ ਪਹੁੰਚੇ ਲਾਭਪਾਤਰੀਆਂ ਨੇ ਨੇਕੀ ਫਾਊਂਡੇਸ਼ਨ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਬਜ਼ੁਰਗਾਂ ਤੇ ਦਿਵਿਆਂਗ ਵਿਅਕਤੀਆਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਵਿੱਚ ਬੇਹੱਦ ਸਹਾਇਕ ਸਾਬਿਤ ਹੁੰਦੇ ਹਨ।ਉਨ੍ਹਾਂ ਦੱਸਿਆ ਕਿ ਸੰਸਥਾ ਹੁਣ ਤੱਕ ਲੱਗਭੱਗ 5 ਕਰੋੜ ਰੁਪਏ ਦਾ ਸਾਮਾਨ ਪਿਛਲੇ 4 ਸਾਲਾਂ ਦੌਰਾਨ ਵੰਡ ਚੁੱਕੀ ਹੈ।ਕੈਂਪ ਦੌਰਾਨ ਲਾਭਪਾਤਰੀਆਂ ਦੀ ਸਹੂਲਤ ਲਈ ਫਾਊਂਡੇਸ਼ਨ ਦੇ ਵਲੰਟੀਅਰਾਂ ਤੇ ਸਹਿਯੋਗੀਆਂ ਵੱਲੋਂ ਵੀ ਵਿਸ਼ੇਸ਼ ਸੇਵਾਵਾਂ ਨਿਭਾਈਆਂ ਗਈਆਂ।

## ਸੁਖਬੀਰ ਸਿੰਘ ਬਾਦਲ ਨਾ ਡਰਨਗੇ, ਨਾ ਝੁਕਣਗੇ : ਮਾਹਲਾ, ਭੁੱਲਰ, ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਨੀ ਟਾਵਰ ਮੋਗਾ ਦੇ ਵਿਖੇ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦੀ ਇੱਕ ਅਹਿਮ ਮੀਟਿੰਗ ਪਾਰਟੀ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਨੂੰ ਲੈ ਕੇ ਹੋਈ, ਜਿਸ ਦੌਰਾਨ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਕੌਮੀ ਮੀਤ ਪ੍ਰਧਾਨ ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਕੌਮੀ ਮੀਤ ਪ੍ਰਧਾਨ ਰਾਜਵੰਤ ਸਿੰਘ ਮਾਹਲਾ, ਕੌਮੀ ਮੀਤ ਪ੍ਰਧਾਨ ਐਡਵੋਕੇਟ ਵਿਜੇ ਧੀਰ, ਕੌਮੀ ਮੀਤ ਪ੍ਰਧਾਨ ਰਣਜੀਤ ਸਿੰਘ ਭਾਊ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਪ੍ਰੈੱਸ ਕਾਨਫਰੰਸ ਦੌਰਾਨ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ, ਜੋ ਹਮਲਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਕੀਤਾ ਗਿਆ ਹੈ, ਉਹ ਕਾਇਰਤਾ ਭਰਿਆ ਕਾਰਨਾਮਾ ਹੈ ਤੇ ਇਸ ਘਿਨਾਉਣੀ ਹਰਕਤ ਦੀ ਜ਼ਿਲ੍ਹਾ ਸ਼੍ਰੋਮਣੀ ਅਕਾਲੀ ਦਲ ਜੰਮ ਕੇ ਨਿੰਦਾ ਕਰਦਾ ਹੈ ਅਤੇ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਸੁਖਬੀਰ ਸਿੰਘ ਬਾਦਲ ਨਾਲ ਚਟਾਨ ਵਾਂਗ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਜਿਵੇਂ ਪੰਜਾਬ ਦੇ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਵਿੱਚ ਅਮਨ ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਕਦੇ ਵੀ ਟੁੱਟਣ ਨਹੀਂ ਸੀ ਦਿੱਤਾ ਉਸੇ ਤਰ੍ਹਾਂ ਸੁਖਬੀਰ ਸਿੰਘ ਬਾਦਲ ਨੇ ਵੀ ਕਦਰਾਂ ਕੀਮਤਾਂ ਤੇ ਭਾਈਚਾਰਕ ਸਾਂਝ ਨੂੰ ਪਹਿਲ ਦਿੱਤੀ ਹੈ ਅਤੇ ਸੁਖਬੀਰ ਸਿੰਘ ਬਾਦਲ ਤੇ ਉਸ ਸਮੇਂ ਹਮਲਾ ਕੀਤਾ ਗਿਆ, ਜਦੋਂ ਉਹ ਆਪਣੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਨਤਮਸਤਕ ਹੋਣ ਗਏ ਸਨ ਤੇ ਜਦ ਉਹ ਮਾਤਾ ਸਾਹਿਬ ਦੇਵਾਂ ਦੇ ਸਥਾਨ 'ਤੇ ਸਨ ਤਾਂ ਇੱਕ ਵਿਅਕਤੀ ਜੋ ਨਹਿੰਗ ਸਿੰਘ ਬਾਣੇ ਵਿੱਚ ਸੀ ਨੇ ਹਮਲਾ ਬੋਲ ਦਿੱਤਾ, ਪਰ ਹਮਲਾ ਕਰਨ ਵਾਲਾ ਗੁਰੂ ਦੋਖੀ ਹੈ ਤੇ ਉਹ ਸਿੱਖ ਨਹੀਂ ਹੋ ਸਕਦਾ ਕਿਉਂਕਿ ਇਸ ਨਾਲ ਸਿੱਖਾਂ ਦੀ ਆਸਥਾ ਦੇ ਵੱਡੇ ਗੁਰੂ ਘਰ ਦੀ ਸਰਬਉਚਤਾ ਨੂੰ ਢਾਹ ਲੱਗੀ ਹੈ।ਮਾਹਲਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਸੁਖਬੀਰ ਸਿੰਘ ਬਾਦਲ ਤੇ ਅਮ੍ਰਿਤਸਰ ਵਿਖੇ ਵੀ ਨਰੈਣ ਸਿੰਘ ਚੌੜਾ ਵੱਲੋਂ ਗੋਲੀ ਚਲਾਈ ਗਈ ਸੀ।ਜਥੇਦਾਰ ਮਾਹਲਾ ਨੇ ਕਿਹਾ ਕਿ ਵਿਰੋਧੀ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀਆਂ ਜਿੰਨੀਆਂ ਵੀ ਚਾਲਾਂ ਚੱਲ ਲੈਣ, ਪਰ ਉਹ ਸਫਲ ਨਹੀਂ ਹੋਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਤੇ ਸੁਖਬੀਰ ਸਿੰਘ ਬਾਦਲ ਪਹਿਲਾਂ ਵੀ ਚੜ੍ਹਦੀ ਕਲਾ ਵਿੱਚ ਸੀ ਤੇ ਹੁਣ ਵੀ ਚੜ੍ਹਦੀ ਕਲਾ ਵਿੱਚ ਹੈ ਅਤੇ ਇਹ ਵੀ ਤਹਿ ਹੈ ਕਿ ਸਾਲ 2027 ਦੀਆਂ ਚੋਣਾਂ ਸ਼੍ਰੋਮਣੀ ਅਕਾਲੀ ਦਲ ਸਰਕਾਰ ਬਣਾਏਗਾ ਅਤੇ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਮੁੱਖ ਮੰਤਰੀ ਹੋਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਆਗੂ ਗੁਰਵੀਰ ਸਿੰਘ ਲਵਲੀ ਦੁੱਨੇਕੇ, ਸੁੱਖ ਗਿੱਲ, ਸਰਬਜੀਤ ਸਿੰਘ ਬਘੇਲਾ, ਦਵਿੰਦਰ ਸ਼ਰਮਾ ਤੇ ਪ੍ਰਵੀਨ ਕੁਮਾਰ ਸ਼ਰਮਾ ਹਾਜ਼ਰ ਸਨ।

## ਸਟੀਫਨ ਇੰਟਰਨੈਸ਼ਨਲ ਸਕੂਲ ਨੇ ਕੁਰਾਸ਼ ਖੇਡਾਂ 'ਚ ਮਾਰੀਆਂ ਮੱਲਾਂ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਕੁਰਾਸ਼ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 11 ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਖਿਡਾਰੀਆਂ ਨੇ ਆਪਣੀ ਮਿਹਨਤ, ਅਨੁਸ਼ਾਸਨ, ਸਮਰਪਣ ਤੇ ਖੇਡ ਭਾਵਨਾ ਦਾ ਬੇਮਿਸਾਲ ਪ੍ਰਦਰਸ਼ਨ ਕਰਦਿਆਂ ਅੰਡਰ-14 ਵਰਗ 'ਚ 2 ਸੋਨ ਤਮਗੇ, 1 ਚਾਂਦੀ ਤਮਗਾ, 1 ਕਾਂਸੀ ਦਾ ਤਮਗਾ ਜਿੱਤਿਆ। ਅੰਡਰ-17 ਵਰਗ 'ਚ 1 ਸੋਨ ਤਮਗਾ, 1 ਚਾਂਦੀ ਤਮਗਾ 2 ਕਾਂਸੀ ਤਮਗੇ ਜਿੱਤੇ। ਅੰਡਰ-19 ਵਰਗ 'ਚ 2 ਸੋਨ ਤਮਗੇ, 1 ਕਾਂਸੀ ਤਮਗਾ ਜਿੱਤਿਆ। ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਮਿਸ ਮੋਨਿਕਾ ਸ਼ਰਮਾ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ ਤੇ ਲਗਨ ਹੀ ਉਨ੍ਹਾਂ ਦੀ ਸਫਲਤਾ ਦੀ ਅਸਲ ਪਹਿਚਾਣ ਹੈ।ਉਨ੍ਹਾਂ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਇਸੇ ਜੋਸ਼ ਤੇ ਜਜ਼ਬੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਸ਼ਾਨਦਾਰ ਪ੍ਰਦਰਸ਼ਨ ਵਿੱਚ ਕੋਚ ਸ੍ਰੀ ਮਨਪ੍ਰੀਤ ਸਿੰਘ ਦੇ ਮਾਰਗਦਰਸ਼ਨ, ਸਿਖਲਾਈ ਤੇ ਮਿਹਨਤ ਦਾ ਵੀ ਅਹਿਮ ਯੋਗਦਾਨ ਰਿਹਾ।ਸਟੀਫਨ ਇੰਟਰਨੈਸ਼ਨਲ ਸਕੂਲ ਪਰਵਾਰ ਵੱਲੋਂ ਸਾਰੇ ਜੇਤੂ ਖਿਡਾਰੀਆਂ ਤੇ ਕੋਚ ਨੂੰ ਹਾਰਦਿਕ ਵਧਾਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## ਡਾ. ਪ੍ਰਦੀਪ ਗਰਗ 'ਜੀਵਨ ਬਚਾਉਣ ਵਾਲਾ' ਖਿਤਾਬ ਨਾਲ ਸਨਮਾਨਤ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਐਂਟੀ-ਕ੍ਰਾਈਮ ਐਂਟੀ-ਡਰੱਗ ਐਸੋਸੀਏਸ਼ਨ ਇੰਡੀਆ (ਰਜਿਸਟਰਡ) ਨੇ ਫ਼ਿਰੋਜ਼ਪੁਰ ਦੇ ਸ਼ੀਤਲਾ ਮਾਤਾ ਮੰਦਰ ਵਿਖੇ ਇੱਕ ਵਿਸ਼ਾਲ ਤੇ ਵਿਆਪਕ ਸਿਹਤ ਜਾਗਰੂਕਤਾ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ।ਕੈਂਪ ਦਾ ਮੁੱਖ ਉਦੇਸ਼ ਸਿਹਤ, ਨਸ਼ਿਆਂ ਦੀ ਦੁਰਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਨਤਕ ਜਾਗਰੂਕਤਾ ਵਧਾਉਣਾ ਤੇ ਗੰਭੀਰ ਤੇ ਜਾਨਲੇਵਾ ਬਿਮਾਰੀਆਂ ਦਾ ਜਲਦੀ ਪਤਾ ਲਾਉਣ ਅਤੇ ਰੋਕਥਾਮ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀਆਂ, ਨੌਜਵਾਨਾਂ ਤੇ ਬਜ਼ੁਰਗ ਨਾਗਰਿਕਾਂ ਨੇ ਹਿੱਸਾ ਲਿਆ।ਸ਼ਹਿਰ ਦੇ ਉੱਘੇ ਡਾਕਟਰਾਂ ਨੇ ਕੈਂਪ ਵਿੱਚ ਸੇਵਾਵਾਂ ਪ੍ਰਦਾਨ ਕੀਤੀਆਂ। ਸਿਹਤ ਜਾਂਚ ਕੀਤੀ ਤੇ ਮੁਫ਼ਤ ਸਲਾਹ-ਮਸ਼ਵਰਾ ਪ੍ਰਦਾਨ ਕੀਤਾ। ਡਾ. ਸ਼ੀਲ ਸੇਠੀ, ਡਾ. ਨਵੀਨ ਸੇਠੀ, ਡਾ. ਗੁਰਮੇਜ ਸਿੰਘ ਤੇ ਕੈਂਸਰ ਮਾਹਿਰ ਡਾ. ਪ੍ਰਦੀਪ ਗਰਗ ਨੇ ਕਈ ਹੋਰ ਮਾਹਿਰਾਂ ਦੇ ਨਾਲ-ਨਾਲ ਦਰਸ਼ਕਾਂ ਨੂੰ ਕੈਂਸਰ, ਦਿਲ ਦੀ ਬਿਮਾਰੀ, ਸ਼ੂਗਰ ਤੇ ਹਾਈ ਬਲੱਡ ਪ੍ਰੈਸ਼ਰ ਵਰਗੀਆਂ ਬਿਮਾਰੀਆਂ ਦੇ ਸ਼ੁਰੂਆਤੀ ਲੱਛਣਾਂ ਤੇ ਰੋਕਥਾਮ ਉਪਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ।ਨੌਜਵਾਨਾਂ ਨੂੰ ਨਸ਼ਿਆਂ ਦੀ ਆਦਤ ਦੀ ਜ਼ਰੂਰਤ ਬਾਰੇ ਵੀ ਵਿਸ਼ੇਸ਼ ਤੌਰ 'ਤੇ ਜਾਗਰੂਕ ਕੀਤਾ ਗਿਆ।ਸਮਾਗਮ ਦੌਰਾਨ ਬ੍ਰਾਹਮਣ ਸਭਾ ਫਿਰੋਜ਼ਪੁਰ ਦੇ ਅਧਿਕਾਰੀਆਂ ਡਾ. ਉਮੇਸ਼ ਸ਼ਰਮਾ, ਸ਼੍ਰੀ ਵੇਦ ਪ੍ਰਕਾਸ਼ ਸ਼ੁਕਲਾ ਤੇ ਹੋਰ ਮੈਂਬਰਾਂ ਨੇ ਕੈਂਸਰ ਮਾਹਿਰ ਡਾ. ਪ੍ਰਦੀਪ ਗਰਗ ਨੂੰ ਦਵਾਈ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ 'ਜੀਵਨ ਬਚਾਉਣ ਵਾਲਾ' ਦੇ ਖਿਤਾਬ ਨਾਲ ਸਨਮਾਨਤ ਕੀਤਾ।

## ਸਿੱਖਿਆ ਦੇ ਖੇਤਰ 'ਚ ਪੰਜਾਬ ਬਣਿਆ ਦੇਸ਼ ਦਾ ਮੋਹਰੀ ਸੂਬਾ : ਸੁਖਜਿੰਦਰ ਕਾਉਣੀ

### ਸੁਖਣਾ ਅਬਲੂ ਦੇ ਸਰਕਾਰੀ ਪ੍ਰਾਇਮਰੀ ਸਕੂਲ ਲਈ 5.50 ਲੱਖ ਰੁਪਏ ਦੀ ਗ੍ਰਾਂਟ ਜਾਰੀ



**ਗਿੱਦੜਬਾਹਾ/ਸ੍ਰੀ ਮੁਕਤਸਰ ਸਾਹਿਬ (ਜਸਵੰਤ ਗਿੱਲ/ਸ਼ਮਿੰਦਰਪਾਲ/ਪੂਜਾ)**-ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਨੇ ਪਿੰਡ ਸੁਖਣਾ ਅਬਲੂ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ (ਸੰਧੂ ਪੱਤੀ) ਵਿੱਚ ਕੀਤਾ। ਸ. ਕਾਉਣੀ ਨੇ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਦੇ ਦੁਪਹਿਰ ਦੇ ਖਾਣੇ ਦੀ ਸੁਚੱਜੀ ਵਿਵਸਥਾ ਲਈ ਰਸੋਈ, ਸ਼ੈੱਡ ਤੇ ਸਟੋਰ ਬਣਾਉਣ ਵਾਸਤੇ ਉਨ੍ਹਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ 5.50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਵਿਦਿਆਰਥੀਆਂ ਨੂੰ ਮਿਆਰੀ ਅਤੇ ਸੁਵਿਧਾਜਨਕ ਵਿੱਦਿਅਕ ਮਾਹੌਲ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਿੱਖਿਆ ਪੱਖੀ ਨੀਤੀਆਂ ਸਦਕਾ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਮੁੱਖ ਅਧਿਆਪਕ ਜਸਵਿੰਦਰ ਕੌਰ, ਪਰਮਿੰਦਰਜੀਤ ਸਿੰਘ ਲਵਲੀ ਸਰਪੰਚ, ਇੰਦਰਜੀਤ ਸਿੰਘ ਮੈਂਬਰ, ਕਾਲਾ ਅੰਤਰਰਾਸ਼ਟਰੀ ਕਬੱਡੀ ਖਿਡਾਰੀ, ਨਿੰਦਰ ਬਰਾੜ, ਗੁਰਪਿਆਰ ਫੌਜੀ, ਪ੍ਰਿਤਪਾਲ ਸਿੰਘ, ਰੇਸ਼ਮ ਬਰਾੜ, ਜਗਨ ਨਾਥ, ਬਲਦੇਵ ਸਿੰਘ, ਜਗਸੀਰ ਨੰਬਰਦਾਰ, ਗੁਰਜੰਟ ਸਿੰਘ, ਡਾ. ਗਗਨ, ਜਸਪ੍ਰੀਤ ਕੌਰ, ਮਾਸਟਰ ਮਨਦੀਪ ਸਿੰਘ ਤੋਂ ਇਲਾਵਾ ਸਮੂਹ ਸਟਾਫ ਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ ।

## ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਸਾਵਣ ਕਵੀ ਦਰਬਾਰ ਕਰਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਇਕਾਈ ਬਰਨਾਲਾ ਵੱਲੋਂ ਪਿੰਡੋ ਪਿੰਡੀਂ ਸਾਹਿਤ ਲੜੀ ਤਹਿਤ ਪਿੰਡ ਭੱਦਲਵੱਢ ਦੀ ਸੋਭਾ ਸਿੰਘ ਚਿੱਤਰਕਾਰ ਤੇ ਸੋਹਣ ਸਿੰਘ ਸਰਪੰਚ ਯਾਦਗਾਰੀ ਲਾਇਬ੍ਰੇਰੀ ਵਿਖੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪਰਮਜੀਤ ਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਦੀ ਪੀੜ੍ਹੀ ਸਾਹਿਤ ਤੋਂ ਦੂਰ ਹੁੰਦੀ ਜਾ ਰਹੀ ਹੈ ਤੇ ਪ੍ਰਗਤੀਸ਼ੀਲ ਸੰਘ ਦੁਆਰਾ ਪਿੰਡ ਵਿੱਚ ਅਜਿਹੇ ਸਾਹਿਤਕ ਸਮਾਗਮਾਂ ਦੀ ਲੜੀ ਆਰੰਭ ਕਰਕੇ ਨਰੋਈ ਪਰਤ ਪਾਈ ਹੈ।ਸਮਾਗਮ ਦੇ ਪ੍ਰਬੰਧਕ ਤੇ ਸਾਬਕਾ ਸਰਪੰਚ ਰਾਜਵੰਤ ਸਿੰਘ ਨੇ ਪਿੰਡ ਵਿੱਚ ਕਰਾਏ ਗਏ ਪਿਛਲੇ ਸਾਹਿਤਕ ਸਮਾਗਮਾਂ ਬਾਰੇ ਵਿਸਤਾਰ ਵਿੱਚ ਚਾਨਣਾ ਪਾਇਆ।ਗਲਪਕਾਰ ਦਰਸ਼ਨ ਸਿੰਘ ਗੁਰੂ ਨੇ ਜਿੱਥੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ, ਉੱਥੇ ਡਾ. ਹਰਿਭਗਵਾਨ ਤੇ ਭੋਲਾ ਸਿੰਘ ਸੰਘੇੜਾ ਨੇ ਪ੍ਰਗਤੀਸ਼ੀਲ ਲੇਖਕ ਸੰਘ ਦੀ ਬਰਨਾਲਾ ਇਕਾਈ ਵੱਲੋਂ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਵਿੱਚ ਕਰਵਾਏ ਜਾਣ ਵਾਲੇ ਵੱਖ-ਵੱਖ ਸਾਹਿਤਕ ਸਮਾਗਮਾਂ ਬਾਰੇ ਜਾਣਕਾਰੀ ਦਿੱਤੀ।ਕਵੀ ਦਰਬਾਰ ਦਾ ਆਰੰਭ ਡਾ. ਸੰਪੂਰਨ ਸਿੰਘ ਟੱਲੇਵਾਲੀਆ ਦੇ ਕਵੀਸ਼ਰੀ ਜਥੇ ਨੇ ਕੀਤਾ। ਰਾਮ ਸਰੂਪ ਸ਼ਰਮਾ ਨੇ ਆਪਣੀ ਮਧੁਰ ਆਵਾਜ਼ ਵਿੱਚ 'ਜ਼ਿੰਦਗੀ ਦੀ ਫੁਲਕਾਰੀ ਵਿੱਚ ਚਾਵਾਂ ਦੇ ਫੁੱਲ ਕੱਢਣੇ' .ਗਾ ਕੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ।ਜਗਜੀਤ ਗੁਰਮ ਨੇ ਆਪਣੀ ਗ਼ਜ਼ਲ 'ਉਹ ਏਨੇ ਰੰਗ ਬਦਲੇ ਅੱਜ ਕੱਲ੍ਹ, ਉਸ ਦਾ ਚਿਹਰਾ ਪੜ੍ਹ ਨਹੀਂ ਹੁੰਦਾ' ਨਾਲ ਖ਼ੂਬ ਦਾਦ ਖੱਟੀ।

## ਪਾਥਵੇਜ਼ ਗਲੋਬਲ ਸਕੂਲ ਨੇ ਜ਼ੋਨ ਖੇਡਾਂ 'ਚ ਜਿੱਤਿਆ ਗੋਲਡ ਮੈਡਲ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਰ ਆਈ ਸੀ ਐੱਸ ਈ ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆਂ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ, ਵਿਖੇ ਪਾਥਵੇਜ਼ ਦੇ ਬਹੁਤ ਹੀ ਹੋਣਹਾਰ ਮੁੰਡਿਆਂ ਦੀ ਬੈਡਮਿੰਟਨ ਟੀਮ ਨੇ ਜ਼ੋਨ ਖੇਡਾਂ 2026 ਵਿੱਚ ਸ਼ਾਨਦਾਰ ਮੱਲਾਂ ਮਾਰੀਆਂ ਤੇ ਗੋਲਡ ਮੈਡਲ ਜਿੱਤ ਕੇ ਇਲਾਕੇ ਵਿੱਚ ਪਾਥਵੇਜ਼ ਦਾ ਨਾਮ ਰੋਸ਼ਨ ਕੀਤਾ।ਇਹ ਖੇਡਾਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ ਕਰਵਾਈਆਂ।ਇਨ੍ਹਾਂ ਖੇਡਾਂ ਵਿੱਚ ਕੈਂਬ੍ਰਿਜ ਕਾਨਵੈਂਟ ਸਕੂਲ, ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ, ਆਰ.ਕੇ.ਐੱਸ. ਇੰਟਰਨੈਸ਼ਨਲ ਪਬਲਿਕ ਸਕੂਲ, ਆਦਰਸ਼ ਸਕੂਲ ਮਨਾਵਾਂ ਤੇ ਦਿੱਲੀ ਕਾਨਵੈਂਟ ਸਕੂਲ ਆਦਿ ਟੀਮਾਂ ਨੇ ਭਾਗ ਲਿਆ।ਪਾਥਵੇਜ਼ ਨੇ ਜ਼ੋਨ ਖੇਡਾਂ ਵਿੱਚ ਗੋਲਡ ਮੈਡਲ ਜਿੱਤ ਕੇ ਜ਼ਿਲ੍ਹਾ ਲੈਵਲ ਖੇਡਾਂ ਲਈ ਆਪਣੀ ਜਗ੍ਹਾ ਪੱਕੀ ਕਰ ਲਈ ਹੈ।ਪ੍ਰਿੰਸੀਪਲ ਸ਼੍ਰੀ ਆਸ਼ੀਸ਼ ਡੇਗਵੇਕਰ ਤੇ ਵਾਇਸ ਪ੍ਰਿੰਸੀਪਲ ਮੈਡਮ ਮਾਲਵਿਕਾ ਡੇਗਵੇਕਰ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਜਿੱਤ ਪ੍ਰਾਪਤ ਕਰਨ 'ਤੇ ਵਧਾਈਆਂ ਦਿੱਤੀਆਂ ਅਤੇ ਇਸ ਜਿੱਤ ਦਾ ਸਿਹਰਾ ਕੋਚ ਰਾਜਵੀਰ ਸਿੰਘ ਐੱਚ. ਓ. ਡੀ. ਫਿਜ਼ੀਕਲ ਐਜੂਕੇਸ਼ਨ ਡਿਪਾਰਟਮੈਂਟ ਤੇ ਬੱਚਿਆਂ ਦੀ ਸਖਤ ਮਿਹਨਤ ਦੇ ਸਿਰ ਕੀਤਾ।ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਣਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰੈਜ਼ੀਡੈਂਟ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਡਾਕਟਰ ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ।

## ਹਰਗੋਬਿੰਦ ਪਬਲਿਕ ਸਕੂਲ 'ਚ ਆਜ਼ਾਦੀ ਦਿਹਾੜਾ ਮਨਾਇਆ



**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿੱਚ ਆਜ਼ਾਦੀ ਦਿਵਸ ਮਨਾਇਆ ਗਿਆ। ਬੱਚਿਆਂ ਵੱਲੋਂ ਆਜ਼ਾਦੀ ਦਿਵਸ ਨਾਲ ਸੰਬੰਧਿਤ ਗੀਤ, ਕਵਿਤਾ ਤੇ ਨਾਟਕ ਪੇਸ਼ ਕੀਤੇ ਗਏ। ਪ੍ਰਿੰਸੀਪਲ ਸੋਨੂੰ ਕੁਮਾਰ ਨੇ ਬੱਚਿਆਂ ਨੂੰ ਆਜ਼ਾਦੀ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਕੁਰਬਾਨੀ ਦੇਣ ਵਾਲੇ ਮਹਾਨ ਯੋਧਿਆਂ ਬਾਰੇ ਬੱਚਿਆਂ ਨੂੰ ਵਿਸਥਾਰ ਨਾਲ ਦੱਸਿਆ ਤੇ ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਣ ਦੀ ਪ੍ਰੇਰਣਾ ਦਿੱਤੀ। ਤਿਰੰਗਾ ਲਹਿਰਾਇਆ ਗਿਆ ਤੇ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਇਨਾਮ ਦਿੱਤੇ ਗਏ। ਉਨ੍ਹਾਂ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਜਲਾਲ, ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਤਰਨਵੀਰ ਕੌਰ, ਪਵਨਪ੍ਰੀਤ ਕੌਰ, ਰਣਦੀਪ ਕੌਰ, ਜਸਵੀਰ ਕੌਰ, ਸਵਰਨਜੀਤ ਕੌਰ, ਗਗਨਦੀਪ ਕੌਰ, ਅਮਨਦੀਪ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ ਤੇ ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਗੁਰਮੀਤ ਸਿੰਘ ਬੁੱਕਣਵਾਲਾ ਦੇ ਹੱਕ 'ਚ ਸਮਰਥਨ ਦਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰਮੀਤ ਸਿੰਘ ਬੁੱਕਣ ਵਾਲਾ ਦੇ ਹੱਕ ਵਿੱਚ ਪਿੰਡ ਬੁੱਕਣ ਵਾਲਾ ਦੀ ਸਾਰੇ ਨਗਰ ਵੱਲੋਂ ਭਰਵਾਂ ਇਕੱਠ ਕਰਕੇ ਮਾਤਾ ਸਵਰਨਜੀਤ ਕੌਰ ਨੂੰ ਸਿਰਪਾਓ ਦੇ ਕੇ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਅਤੇ ਟਿਕਟ ਮਿਲਣ ਦੀ ਖੁਸ਼ੀ ਵਿੱਚ ਪਿੰਡ ਵੱਲੋਂ ਲੱਡੂ ਵੰਡੇ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ, ਯੂਥ ਪ੍ਰਧਾਨ ਸਤਨਾਮ ਸਿੰਘ ਲੋਪੋਂ, ਦਵਿੰਦਰ ਸਿੰਘ ਰਣੀਆਂ, ਅਮਰਜੀਤ ਸਿੰਘ ਲੰਢੇਕੇ, ਬਸੰਤ ਸਿੰਘ ਦੌਲਤਪੁਰਾ ਦੇ ਪਿਤਾ ਸੁਰਜੀਤ ਸਿੰਘ, ਭਾਈ ਗੁਰਮੀਤ ਸਿੰਘ ਬੁੱਕਣ ਵਾਲਾ ਦਾ ਜੀਜਾ ਤਰਨਦੀਪ ਸਿੰਘ ਅਤੇ ਭਰਾ ਜਗਜਿੰਦਰ ਸਿੰਘ ਵੱਲੋਂ ਨਗਰ ਦੇ ਸਮਰਥਨ ਦੇਣ ਤੇ ਧੰਨਵਾਦ ਕੀਤਾ ਗਿਆ।

## ਸਫਾ 1 ਦੇ ਬਾਕੀ...

### ਅੱਛੇ ਨਹੀਂ, ਮਾੜੇ ...

ਸਰਕਾਰ ਇਸ ਵੱਡੇ ਫਰਕ ਦੀ ਪੂਰੀ ਕੀਮਤ ਸਹਿਣ ਕਰਦੀ ਹੈ, ਜਿਸ ਨੂੰ 'ਖਾਦ ਸਬਸਿਡੀ' ਕਿਹਾ ਜਾਂਦਾ ਹੈ। ਅਧਿਕਾਰੀਆਂ ਮੁਤਾਬਕ ਇਹ ਸਬਸਿਡੀ ਖਰਚ ਇਸ ਸਾਲ 3 ਲੱਖ ਕਰੋੜ ਰੁਪਏ ਤੋਂ ਵੱਧ ਹੋ ਸਕਦਾ ਹੈ। ਜੇ ਮੱਧ ਪੂਰਬ ਸੰਕਟ ਜਾਰੀ ਰਹਿੰਦਾ ਹੈ, ਤਾਂ ਇਹ ਲਾਗਤਾਂ ਸਿਰਫ ਵਧਦੀਆਂ ਰਹਿਣਗੀਆਂ। ਇਸ ਨਾਲ ਸਰਕਾਰ ਨੂੰ ਇੱਕ ਵੱਡੀ ਦੁਬਿਧਾ ਦਾ ਸਾਹਮਣਾ ਕਰਨਾ ਪਵੇਗਾ ਜਾਂ ਤਾਂ ਖਾਦਾਂ ਨੂੰ ਵੱਧ ਸਬਸਿਡੀ ਦੇ ਕੇ ਕਿਫਾਇਤੀ ਰੱਖਣਾ ਪਏਗਾ ਜਾਂ ਕਿਸਾਨਾਂ ਨੂੰ ਖਾਦ ਦੀ ਵਰਤੋਂ ਘਟਾਉਣ ਲਈ ਉਤਸ਼ਾਹਤ ਕਰਨਾ ਪਏਗਾ, ਜਿਸ ਨਾਲ ਫਸਲਾਂ ਦੀ ਪੈਦਾਵਾਰ 'ਤੇ ਅਸਰ ਪੈ ਸਕਦਾ ਹੈ।

ਮੌਸਮ ਵੀ ਇੱਕ ਵੱਡੀ ਸਮੱਸਿਆ ਬਣਨ ਲਈ ਤਿਆਰ ਹੈ। 2026 ਦੇ ਅੰਤ ਤੱਕ ਇੱਕ ਬਹੁਤ ਹੀ ਖਤਰਨਾਕ ਜਾਂ ਸੁਪਰ ਐਲ ਨੀਨੋ, ਘਟਨਾ ਦੀ 81 ਫੀਸਦੀ ਸੰਭਾਵਨਾ ਹੈ, ਜੋ ਕਿ 2027 ਤੱਕ ਰਹਿ ਸਕਦੀ ਹੈ। ਇਤਿਹਾਸ ਦਰਸਾਉਂਦਾ ਹੈ ਕਿ ਜਦੋਂ ਵੀ ਐਲ ਨੀਨੋ ਹੁੰਦਾ ਹੈ, ਤਾਂ ਗਰਮ ਅਤੇ ਮਾੜੇ ਮੌਸਮ ਕਾਰਨ ਖੇਤੀਬਾੜੀ ਨੂੰ ਨੁਕਸਾਨ ਹੁੰਦਾ ਹੈ ਅਤੇ ਫਸਲਾਂ ਦੀ ਪੈਦਾਵਾਰ ਔਸਤਨ 3.5 ਫੀਸਦੀ ਘਟ ਜਾਂਦੀ ਹੈ। ਇਸ ਖਰਾਬ ਮੌਸਮ ਕਾਰਨ ਦੁਨੀਆ ਭਰ ਵਿੱਚ ਖਾਣ-ਪੀਣ ਦੀਆਂ ਚੀਜ਼ਾਂ ਦੀ ਮਹਿੰਗਾਈ ਲਗਭਗ 1.5 ਫੀਸਦੀ ਵਧ ਸਕਦੀ ਹੈ, ਜਿਸ ਦਾ ਸਿੱਧਾ ਅਸਰ ਆਮ ਆਦਮੀ ਦੀ ਜੇਬ 'ਤੇ ਪਵੇਗਾ। ਭਾਰਤੀ ਖੇਤੀਬਾੜੀ ਦੱਖਣ-ਪੱਛਮੀ ਮਾਨਸੂਨ 'ਤੇ ਬਹੁਤ ਜ਼ਿਆਦਾ ਨਿਰਭਰ ਹੈ। ਐਲ ਨੀਨੋ ਨੂੰ ਅਕਸਰ ਕਮਜ਼ੋਰ ਮਾਨਸੂਨ ਨਾਲ ਜੋੜਿਆ ਜਾਂਦਾ ਹੈ, ਹਾਲਾਂਕਿ ਇਹ ਹਮੇਸ਼ਾ ਅਜਿਹਾ ਨਹੀਂ ਹੁੰਦਾ। ਉਦਾਹਰਨ ਲਈ 1997 ਵਿੱਚ ਇੱਕ ਮਜ਼ਬੂਤ ਐਲ ਨੀਨੋ ਦੇ ਬਾਵਜੂਦ ਹਿੰਦ ਮਹਾਂਸਾਗਰ ਡਾਇਪੋਲ ਵਰਗੇ ਹੋਰ ਕਾਰਕਾਂ ਦੇ ਕਾਰਨ ਭਾਰਤ ਵਿੱਚ ਆਮ ਨਾਲੋਂ 2 ਫੀਸਦੀ ਵੱਧ ਬਾਰਿਸ਼ ਹੋਈ।

### ਪੈਦਲ ਯਾਤਰਾਵਾਂ ਨੂੰ ਭਰਵਾਂ...

ਸਰਕਾਰ ਨੂੰ ਚਲਦਾ ਕਰੋ, ਮਨਰੇਗਾ ਕਾਨੂੰਨ ਬਹਾਲ ਕਰੋ, ਧਾਰਮਿਕ ਘੱਟ-ਗਿਣਤੀਆਂ ਦੀ ਸੁਰੱਖਿਆ ਯਕੀਨੀ ਬਣਾਓ, ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦਿਓ, ਮਹਿੰਗਾਈ ਨੂੰ ਨੱਥ ਪਾਓ, ਸਿਹਤ ਅਤੇ ਸਿੱਖਿਆ ਮਿਆਰੀ ਅਤੇ ਮੁਫਤ ਮੁਹੱਈਆਂ ਕਰਵਾਓ, ਚਾਰੇ, ਲੇਬਰ ਕੋਡ ਰੱਦ ਕਰੋ ਆਦਿ ਮੁੱਦਿਆਂ ਨੂੰ ਆਮ ਲੋਕਾਂ ਵਿਚ ਵੱਡੇ ਪੱਧਰ 'ਤੇ ਪ੍ਰਚਾਰਿਆ ਗਿਆ।

ਪੰਜਾਬ ਸੀ ਪੀ ਆਈ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਜਿਥੇ ਸਾਰੇ ਜ਼ਿਲ੍ਹਾ ਸਕੱਤਰਾਂ ਨੂੰ ਰੈਲੀ ਦੀ ਕਾਮਯਾਬੀ ਲਈ ਮੁਹਿੰਮ ਜਾਰੀ ਰੱਖਣ ਲਈ ਕਿਹਾ ਗਿਆ ਹੈ, ਉਥੇ ਪੰਜਾਬ ਦੀ ਪੀੜਤ ਜਨਤਾ ਨੂੰ ਵੀ ਦਿੱਲੀ ਰੈਲੀ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

### ਨਹੀਂ ਰੀਸਾਂ...

ਜ਼ਿੰਮੇਵਾਰੀਆਂ 'ਚ ਜ਼ਿਆਦਾਤਰ ਸਮਾਂ ਬਿਤਾਇਆ, ਪਰ ਤੰਦਰੁਸਤੀ ਉਸ ਦੀ ਜ਼ਿੰਦਗੀ ਦਾ ਇੱਕ ਨਿਰੰਤਰ ਹਿੱਸਾ ਰਹੀ। ਉਸ ਨੇ ਖੇਡਾਂ ਖੇਡਣੀਆਂ ਅਤੇ ਇੱਕ ਸਰਗਰਮ ਜੀਵਨ ਸ਼ੈਲੀ ਬਣਾਈ ਰੱਖੀ। ਨਵੀਂ ਦਿਲਚਸਪੀ ਉਸ ਨੂੰ 2024 ਵਿੱਚ ਮਾਊਂਟ ਕਿਲੀਮੰਜਾਰੋ, ਮਾਊਂਟ ਲਾਬੋਚੇ ਤੇ ਹੁਣ ਮਾਊਂਟ ਐਲਬਰਸ ਲੈ ਗਈ। ਰਾਓ ਅਤੇ ਅਨੁਰਾਗ ਦੋਵੇਂ ਹੀ ਸੱਤ ਚੋਟੀਆਂ ਨੂੰ ਸਰ ਕਰਨੀਆਂ ਚਾਹੁੰਦੇ ਹਨ, ਜੋ ਕਿ ਦੁਨੀਆ ਦੇ ਸੱਤ ਮਹਾਂਦੀਪਾਂ ਵਿੱਚੋਂ ਹਰੇਕ ਦੀਆਂ ਸਭ ਤੋਂ ਉੱਚੀਆਂ ਚੋਟੀਆਂ ਹਨ। ਇੰਟਰਨੈਸ਼ਨਲ ਸਕੂਲ ਹੈਦਰਾਬਾਦ ਵਿੱਚ 12ਵੀਂ ਜਮਾਤ ਦਾ ਵਿਦਿਆਰਥੀ ਅਨੁਰਾਗ ਪਹਿਲਾਂ ਹੀ ਕਿਲੀਮੰਜਾਰੋ ਪਹਾੜ 'ਤੇ ਚੜ੍ਹ ਚੁੱਕਾ ਹੈ। ਰਾਓ ਲਈ ਇਸ ਮੁਹਿੰਮ 'ਤੇ ਅਨੁਰਾਗ ਦਾ ਉਸ ਦੇ ਨਾਲ ਹੋਣਾ ਉਸ ਦੀ ਆਪਣੀ ਪਰਬਤਾਰੋਹੀ ਯਾਤਰਾ ਵਿੱਚ ਇੱਕ ਹੋਰ ਪਹਿਲੂ ਜੋੜਦਾ ਹੈ। ਇੱਕ ਨਿੱਜੀ ਪ੍ਰਾਪਤੀ ਵਜੋਂ ਸ਼ੁਰੂ ਹੋਈ ਮੁਹਿੰਮ, ਹੁਣ ਇੱਕ ਸਾਂਝਾ ਪਰਵਾਰਕ ਟੀਚਾ ਬਣ ਗਈ ਹੈ।

## ਰੋਟਰੀ ਕਲੱਬ ਸਿਟੀ ਨੇ ਵਿੱਦਿਆਪੀਠ ਵਿਖੇ ਆਜ਼ਾਦੀ ਦਿਵਸ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਰੋਟਰੀ ਕਲੱਬ ਸਮਾਣਾ ਸਿਟੀ ਵੱਲੋਂ ਐੱਸ.ਆਰ.ਐੱਸ. ਵਿੱਦਿਆਪੀਠ ਸਮਾਣਾ ਵਿਖੇ ਭਾਰਤ ਦਾ 80ਵਾਂ ਆਜ਼ਾਦੀ ਦਿਵਸ ਗੌਰਵਮਈ ਝੰਡਾ ਲਹਿਰਾਉਣ ਸਮਾਰੋਹ ਨਾਲ ਦੇਸ਼ਭਗਤੀ ਤੇ ਰਾਸ਼ਟਰ ਮਾਣ ਦੀ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦੀ ਅਗਵਾਈ ਪ੍ਰੋਜੈਕਟ ਚੇਅਰ ਤੇ ਡਿਸਟ੍ਰਿਕਟ 3090 ਦੀ ਫਰਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ ਵੱਲੋਂ ਕੀਤੀ ਗਈ। ਉਨ੍ਹਾਂ ਦੀ ਪਹਿਲਕਦਮੀ ਤੇ ਅਗਵਾਈ ਨੇ ਸਮਾਗਮ ਨੂੰ ਵਿਸ਼ੇਸ਼ ਮਹੱਤਵ ਪ੍ਰਦਾਨ ਕੀਤਾ।ਰਾਸ਼ਟਰੀ ਝੰਡਾ ਪੂਰੇ ਸਨਮਾਨ ਨਾਲ ਲਹਿਰਾਇਆ ਗਿਆ, ਜਿਸ ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ।ਸਮਾਗਮ ਰਾਹੀਂ ਆਜ਼ਾਦੀ, ਏਕਤਾ, ਜ਼ਿੰਮੇਵਾਰੀ ਤੇ ਇੱਕ ਮਜ਼ਬੂਤ, ਤਰੱਕੀਸ਼ੀਲ ਤੇ ਸਸ਼ਕਤ ਭਾਰਤ ਦੇ ਨਿਰਮਾਣ ਦੇ ਮੁੱਲਾਂ ਨੂੰ ਉਜਾਗਰ ਕੀਤਾ ਗਿਆ।ਇਸ ਸਮਾਗਮ ਨੂੰ ਰੋਟਰੀ ਕਲੱਬ ਸਮਾਣਾ ਸਿਟੀ ਦੀ ਪ੍ਰਧਾਨ ਰੋਟੇਰੀਅਨ ਵਾਨਿਕਾ ਗੋਇਲ, ਸਕੱਤਰ ਰੋਟੇਰੀਅਨ ਸ਼ਾਲੂ ਗਰਗ ਤੇ ਵਿੱਤ ਸਕੱਤਰ ਰੋਟੇਰੀਅਨ ਸੀਮਾ ਗਰਗ ਸਮੇਤ ਸਮੂਹ ਰੋਟਰੀ ਮੈਂਬਰਾਂ ਦਾ ਸਹਿਯੋਗ ਪ੍ਰਾਪਤ ਹੋਇਆ।ਐੱਸ.ਆਰ.ਐੱਸ. ਵਿੱਦਿਆਪੀਠ ਮੈਨੇਜਮੈਂਟ ਤੇ ਵਾਈਸ ਚੇਅਰਪਰਸਨ ਰੋਟੇਰੀਅਨ ਸਮਿਧਾ ਸਿੰਗਲਾ ਵੱਲੋਂ ਰੋਟੇਰੀਅਨ ਸਾਚੀ ਸਿੰਗਲਾ ਤੇ ਰੋਟਰੀ ਕਲੱਬ ਸਮਾਣਾ ਸਿਟੀ ਦਾ ਦਿਲੋਂ ਧੰਨਵਾਦ ਕੀਤਾ ਗਿਆ ਕਿ ਉਨ੍ਹਾਂ ਨੇ ਐੱਸ.ਆਰ.ਐੱਸ. ਵਿੱਦਿਆਪੀਠ ਵਿਖੇ ਆਜ਼ਾਦੀ ਦਿਵਸ ਸਮਾਗਮ ਕਰਵਾ ਕੇ ਇਸ ਮੌਕੇ ਨੂੰ ਵਿਸ਼ੇਸ਼ ਤੇ ਯਾਦਗਾਰ ਬਣਾਇਆ।ਸਮਾਗਮ ਦਾ ਸਮਾਪਨ ਰਾਸ਼ਟਰ ਦੇ ਮੁੱਲਾਂ ਨੂੰ ਸਦਾ ਸਨਮਾਨ ਦੇਣ ਤੇ ਇੱਕ ਮਜ਼ਬੂਤ, ਇਕਜੁੱਟ ਤੇ ਤਰੱਕੀਸ਼ੀਲ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦੇ ਸੰਕਲਪ ਨਾਲ ਹੋਇਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਰਾਵੀ ਦਰਿਆ ਮੁੜ ਲਾਉਣ ਲੱਗਾ ਕਿਸਾਨਾਂ ਦੀ ਉਪਜਾਊ ਜ਼ਮੀਨ ਨੂੰ ਢਾਅ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)- ਸਰਹੱਦੀ ਇਲਾਕੇ ਦੇ ਕਿਸਾਨਾਂ ਨੂੰ ਹੜ੍ਹ ਦਾ ਡਰ ਫਿਰ ਤੋਂ ਸਤਾਉਣ ਲੱਗਾ ਹੈ। ਪਿੰਡ ਗੁਰਚੱਕ ਰਾਵੀ ਦਰਿਆ ਤੇ ਕਿਸਾਨ ਮਜ਼ਦੂਰ ਯੂਨੀਅਨ



ਪੰਜਾਬ ਦੀ ਅਗਵਾਈ 'ਚ ਵੱਡੇ ਪੱਧਰ 'ਤੇ ਇਕੱਤਰ ਹੋਏ ਕਿਸਾਨਾਂ ਵੱਲੋਂ ਫਿਰ ਤੋਂ ਡੇਰਾ ਬਾਬਾ ਨਾਨਕ ਨਾਲ ਲੱਗਦੇ ਪਿੰਡਾਂ 'ਚ ਰਾਵੀ ਦਰਿਆ ਦੇ ਪਾਣੀ ਨਾਲ ਹੜ੍ਹ ਆਉਣ ਦੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਬਲਬੀਰ ਸਿੰਘ ਰੰਧਾਵਾ, ਸਤਬੀਰ ਸਿੰਘ ਖੋਦੇਬੇਟ, ਗੁਰਮੁਖ ਸਿੰਘ ਸਾਬਕਾ ਸਰਪੰਚ ਗੁਰਚੱਕ ਅਤੇ ਹੋਰ ਕਿਸਾਨ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਰਾਵੀ ਦਰਿਆ ਦੀ ਸਾਫ ਸਫਾਈ ਦੇ ਨਾਂਅ ਤੇ ਵੱਡੇ ਪੱਧਰ 'ਤੇ ਕੀਤੀ ਗਈ ਰੇਤ ਦੀ ਨਜਾਇਜ਼ ਮਾਈਨਿੰਗ ਦੇ ਕਾਰਨ ਪਾਣੀ ਦਾ ਵਹਾਅ ਨਜ਼ਦੀਕ ਪਿੰਡ ਗੁਰਚੱਕ ਦੇ ਕਿਸਾਨਾਂ ਦੀਆਂ ਉਪਜਾਊ ਜ਼ਮੀਨਾਂ ਨੂੰ ਢਾਅ ਲਾ ਰਿਹਾ ਹੈ ਅਤੇ ਹੁਣ ਤੱਕ 50 ਏਕੜ ਦੇ ਕਰੀਬ ਜ਼ਮੀਨ ਰਾਵੀ ਦਰਿਆ ਦੀ ਲਪੇਟ ਵਿੱਚ ਆ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਇਸਦਾ ਸਿੱਧਾ ਕਾਰਨ ਇਹ ਹੈ ਕਿ ਪਿਛਲੇ ਦਿਨੀਂ ਰਾਵੀ ਦਰਿਆ ਦੀ ਸਾਫ ਸਫਾਈ ਨੂੰ ਲੈ ਕੇ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਆਏ ਫੰਡਾਂ ਦੀ ਦੁਰਵਰਤੋਂ ਕੀਤੀ ਗਈ ਹੈ ਤੇ ਨਾਲ ਦੀ ਨਾਲ ਦਰਿਆ ਦੀ ਸਾਫ ਸਫਾਈ ਦੇ ਨਾਂਅ ਤੇ ਰਾਵੀ ਦਰਿਆ 'ਚੋਂ ਵੱਡੇ ਪੱਧਰ ਤੇ ਰੇਤ ਦੀ ਨਜਾਇਜ਼ ਮਾਈਨਿੰਗ ਕਰਕੇ ਇਲਾਕੇ ਦੇ ਕਿਸਾਨਾਂ ਨਾਲ ਵੱਡਾ ਧੋਖਾ ਕੀਤਾ ਗਿਆ ਸੀ।ਉਨ੍ਹਾਂ ਕਿਹਾ ਕਿ ਇਸ ਬਾਬਤ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਜਾਣਕਾਰੀ ਹੋਣ ਦੇ ਬਾਵਜੂਦ ਵੀ ਸਰਹੱਦੀ ਇਲਾਕੇ ਦੇ ਲੋਕਾਂ ਦੇ ਜੀਵਨ ਦੀ ਕੋਈ ਪ੍ਰਵਾਹ ਨਹੀਂ ਹੈ।ਬਾਕੀ ਜੇਕਰ ਸਰਕਾਰ ਵੱਲੋਂ ਰਾਵੀ ਦਰਿਆ ਦੇ ਬੰਨ੍ਹ ਦਾ ਕੋਈ ਬੰਦੋਬਸਤ ਨਹੀਂ ਕੀਤਾ ਜਾਂਦਾ ਤਾਂ ਆਉਣ ਵਾਲੇ ਦਿਨਾਂ 'ਚ ਰਾਵੀ ਦਰਿਆ ਸਹਹਦੀ ਇਲਾਕੇ ਦੇ ਪਿੰਡਾਂ 'ਚ ਵੱਡਾ ਕਹਿਰ ਮਚਾ ਸਕਦਾ ਹੈ । ਇਸ ਦੇ ਨਾਲ ਹੀ ਕਿਸਾਨ ਮਜ਼ਦੂਰ ਪੰਜਾਬ ਦੇ ਆਗੂਆਂ ਤੇ ਹੋਰ ਕਿਸਾਨਾ ਵੱਲੋਂ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੌਕੇ ਜੋਗਿੰਦਰ ਸਿੰਘ ਖੰਨਾ, ਚਮਾਰਾ ਸਿੰਘ, ਅਵਤਾਰ ਸਿੰਘ ਰੰਧਾਵਾ, ਨਰਿੰਦਰ ਸਿੰਘ ਸਾਬਕਾ ਸਰਪੰਚ ਤਲਵੰਡੀ ਹਿੰਦੂਆਂ, ਮਾਸਟਰ ਸੁੱਚਾ ਸਿੰਘ ਰਾਮਦਵਾਲੀ, ਮਾਸਟਰ ਤਰਸੇਮ ਸਿੰਘ ਧਰਮਕੋਟ ਪੱਤਣ, ਬਲਰਾਜ ਸਿੰਘ, ਬਲਜੀਤ ਸਿੰਘ ਗੁਰਚੱਕ, ਬਿਕਰਮਜੀਤ ਸਿੰਘ ਸ਼ਹਿਜ਼ਾਦਾ, ਓਪੀ ਸਿੰਘ, ਪਰਸ਼ੋਤਮ ਸਿੰਘ ਡਾਲਾ, ਸ਼ਮਸ਼ੇਰ ਸਿੰਘ ਖਾਸਾ ਵਾਲੀ, ਸੁਖਵੰਤ ਸਿੰਘ ਨੰਬਰਦਾਰ, ਹਰਪਾਲ ਸਿੰਘ ਗੁਰਚੱਕ, ਮਿਹਰ ਸਿੰਘ ਮਨਸੂਰ ਕਲਾਂ ਅਤੇ ਹੋਰ ਇਲਾਕੇ ਦੇ ਕਿਸਾਨ ਆਗੂ ਹਾਜ਼ਰ ਸਨ।

# ਹਿੰਦੂ ਕੰਨਿਆ ਮਹਾਂਵਿਦਿਆਲਾ 'ਚ 1947 ਦੀ ਵੰਡ ਦੇ ਦੁਖਾਂਤ ਨੂੰ ਕੀਤਾ ਯਾਦ




ਧਾਰੀਵਾਲ, (ਮਨਦੀਪ ਵਿੱਕੀ)- ਸਥਾਨਕ ਹਿੰਦੂ ਕੰਨਿਆ ਮਹਾਂਵਿਦਿਆਲਾ ਧਾਰੀਵਾਲ ਵਿਖੇ ਵੰਡ ਦੇ ਦੁਖਾਂਤ ਨੂੰ ਯਾਦ ਕਰਦਿਆਂ ਸਮਾਗਮ ਦਾ ਆਯੋਜਨ ਕੀਤਾ ਗਿਆ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐੱਨ. ਐੱਸ. ਐੱਸ. ਅਤੇ ਰੈੱਡ ਰਿਬਨ ਵਿਭਾਗ ਦੇ ਸਹਿਯੋਗ ਨਾਲ ਉਚੇਰੀ ਸਿੱਖਿਆ ਵਿਭਾਗ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਤੇ ਭਾਰਤ ਸਰਕਾਰ ਦੇ ਸੱਭਿਆਚਾਰਕ ਵਿਭਾਗ ਦੇ ਸੰਕਲਪ ਦੇ ਅਨੁਸਾਰ ਕਾਲਜ ਵਿਖੇ ਵੰਡ ਦੀ ਭਿਆਨਕਤਾ ਯਾਦਗਾਰੀ ਦਿਵਸ ਮਨਾਇਆ ਗਿਆ।ਇਸ ਦੌਰਾਨ ਵਿਦਿਆਰਥਣਾਂ ਵੱਲੋਂ ਇਸ ਦਿਵਸ ਨਾਲ ਸੰਬੰਧਿਤ ਪੋਸਟਰ ਮੇਕਿੰਗ, ਲੈਕਚਰ ਅਤੇ ਭਾਸ਼ਣ ਮੁਕਾਬਲੇ ਆਦਿ ਕਰਵਾਏ ਗਏ।ਇਸ ਮੌਕੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਵੱਲੋਂ ਇਸ ਦਿਨ ਦੀ ਮਹੱਤਤਾ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ ਗਏ।ਉਨ੍ਹਾਂ ਦੱਸਿਆ ਕਿ ਇਹ ਦਿਵਸ ਮਨਾਉਣ ਦਾ ਉਦੇਸ਼ ਸਾਲ 1947 ਦੀ ਵੰਡ ਦੌਰਾਨ ਲੋਕਾਂ ਵੱਲੋਂ ਸਹੇ ਗਏ ਦੁੱਖਾਂ, ਮਾਨਸਿਕ ਸਦਮਿਆਂ ਆਦਿ ਨੂੰ ਯਾਦ ਕਰਨਾ ਹੈ ਅਤੇ ਨਾਲ ਹੀ ਨੌਜਵਾਨ ਪੀੜ੍ਹੀ ਵਿੱਚ ਸ਼ਾਂਤੀ, ਏਕਤਾ ਅਤੇ ਸਮਾਜਿਕ ਸਦਭਾਵਨਾ ਜਿਹੀਆਂ ਕੀਮਤਾਂ ਨੂੰ ਪ੍ਰਫੁੱਲਿਤ ਕਰਨਾ ਅਤੇ ਉਨ੍ਹਾਂ ਵਿੱਚ ਦੇਸ਼ ਭਗਤੀ ਦੇ ਜਜ਼ਬੇ ਨੂੰ ਉਭਾਰਨਾ ਹੈ।ਇਸ ਦੌਰਾਨ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

# ਏ. ਐੱਸ. ਆਈ. ਅਮਨਦੀਪ ਸਿੰਘ ਦਾ ਆਜ਼ਾਦੀ ਦਿਹਾੜੇ ਮੌਕੇ ਸਨਮਾਨ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਆਜ਼ਾਦੀ ਦਿਹਾੜੇ ਮੌਕੇ ਬਟਾਲਾ ਵਿਖੇ ਕਰਵਾਏ ਗਏ ਸਮਾਗਮ ਮੌਕੇ ਪੰਜਾਬ ਪੁਲਸ ਦੇ ਸੀ. ਆਈ. ਡੀ. ਵਿਭਾਗ ਵਿੱਚ ਫਤਿਹਗੜ੍ਹ ਚੂੜੀਆਂ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਏ. ਐੱਸ. ਆਈ. ਅਮਨਦੀਪ ਸਿੰਘ ਨੂੰ ਐੱਸ. ਡੀ. ਐੱਮ. ਬਟਾਲਾ ਸਾਰੰਗਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਅਮਨਦੀਪ ਸਿੰਘ ਨੂੰ ਵਿਭਾਗ ਵਿੱਚ ਚੰਗੀ



ਕਾਰਗੁਜ਼ਾਰੀ ਨਿਭਾਉਣ ਬਦਲੇ ਇਹ ਸਨਮਾਨ ਦਿੱਤਾ ਗਿਆ ਹੈ। ਇਸ ਮੌਕੇ ਏ. ਐੱਸ. ਆਈ. ਅਮਨਦੀਪ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਬਹੁਤ ਖੁਸ਼ੀ ਮਹਿਸੂਸ ਹੋਈ ਹੈ ਕਿ ਉਨ੍ਹਾਂ ਨੂੰ ਵਿਭਾਗ ਵੱਲੋਂ ਸਨਮਾਨਿਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਉਹ ਆਪਣੀਆਂ ਸੇਵਾਵਾਂ ਨੂੰ ਇਸੇ ਤਰ੍ਹਾਂ ਵਿਭਾਗ ਵਿੱਚ ਨਿਭਾਉਂਦੇ ਰਹਿਣਗੇ।ਉਨ੍ਹਾਂ ਆਪਣੇ ਵਿਭਾਗ ਦੇ ਡੀ. ਐੱਸ. ਪੀ. ਵਰਿੰਦਰ ਕੁਮਾਰ ਅਤੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ।

# ਕਾਨਫਰੰਸ ਸੰਬੰਧੀ ਭਲਾਈਪੁਰ ਡੋਗਰਾਂ ਵਿਖੇ ਮੀਟਿੰਗ



ਬਿਆਸ (ਪਰਮਜੀਤ ਸਿੰਘ ਰੱਖੜਾ) ਭਾਜਪਾ ਵੱਲੋਂ ਸਾਚਾ ਗੁਰ ਲਾਧੋ ਰੇ ਦਿਵਸ ਮੌਕੇ ਕਰਵਾਈ ਜਾ ਰਹੀ ਕਾਨਫਰੰਸ ਦੀਆਂ ਤਿਆਰੀਆਂ ਸੰਬੰਧੀ ਪਿੰਡ ਭਲਾਈਪੁਰ ਡੋਗਰਾਂ ਵਿਖੇ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਭਾਜਪਾ ਦੇ ਸੂਬਾ ਸਕੱਤਰ ਮਨਜੀਤ ਸਿੰਘ ਮੰਨਾ ਜਿਨ੍ਹਾਂ ਦੀ ਅਗਵਾਈ ਹੇਠ ਭਾਜਪਾ ਪਲੇਠੀ ਕਾਨਫਰੰਸ ਕਰਵਾਉਣ ਜਾ ਰਹੀ ਹੈ, ਉਚੇਚੇ ਤੌਰ 'ਤੇ ਸ਼ਾਮਲ ਹੋਏ। ਮਨਜੀਤ ਸਿੰਘ ਮੰਨਾ ਵੱਲੋਂ ਇਤਿਹਾਸਕ ਨਗਰੀ ਬਾਬਾ ਬਕਾਲਾ ਸਾਹਿਬ ਵਿਖੇ ਮਨਾਏ ਜਾ ਰਹੇ ਪਵਿੱਤਰ ਦਿਹਾੜੇ ਮੌਕੇ ਭਾਰਤੀ ਜਨਤਾ ਪਾਰਟੀ ਵੱਲੋਂ ਕਰਵਾਈ ਜਾ ਰਹੀ ਵਿਸ਼ਾਲ ਕਾਨਫਰੰਸ ਦੀਆਂ ਤਿਆਰੀਆਂ ਨੂੰ ਲੈ ਕੇ ਹਲਕੇ ਅੰਦਰ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਸਰਕਲ ਜਲਾਲਾਬਾਦ ਦੇ ਪਿੰਡ ਭਲਾਈਪੁਰ ਡੋਗਰਾਂ ਵਿਖੇ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਉਹ ਧੰਨਵਾਦੀ ਹਨ ਕਿ ਜੋ ਆਪਣੇ ਆਪ ਹਲਕੇ ਦੀ ਸੰਗਤ ਨੂੰ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਬੇਨਤੀ ਕਰ ਰਹੇ ਹਨ। ਉਨ੍ਹਾ ਕਿਹਾ ਕਿ ਭਾਜਪਾ ਦੀ ਕਾਨਫਰੰਸ ਦੀ ਕਾਮਯਾਬੀ ਵਿੱਚ ਮੇਰੇ ਸਾਥੀਆਂ ਦਾ ਅਹਿਮ ਰੋਲ ਹੋਵੇਗਾ।

ਇਸ ਮੌਕੇ ਸਰਕਲ ਪ੍ਰਧਾਨ ਸਰਬਿੰਦਰ ਸਿੰਘ ਬੌਬੀ, ਜਨਰਲ ਸੈਕਟਰੀ ਰਾਕੇਸ਼ ਟਾਂਗਰੀ, ਪਿੰਦਰ ਸਿੰਘ ਦੋਲੋ ਨੰਗਲ, ਲਾਟ ਬਿਆਸ, ਕਸ਼ਮੀਰ ਸਿੰਘ, ਪਾਲ ਸਿੰਘ, ਹਰਭੇਜ ਸਿੰਘ, ਰਾਜੂ ਟੇਲਰ, ਬਲਵਿੰਦਰ ਸਿੰਘ, ਹਨੀ ਸਿੰਘ, ਹਰਸ਼ਤਬੀਰ ਸਿੰਘ, ਅਕਾਸ਼ਦੀਪ ਸਿੰਘ, ਜੁਗਰਾਜ ਸਿੰਘ ਅਤੇ ਹੋਰ ਭਾਜਪਾ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

# ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵਿਖੇ ਕਿਸਾਨ ਮੇਲਾ 9 ਸਤੰਬਰ ਨੂੰ

ਮਜੀਠਾ (ਸੋਇਮ ਆਨੰਦ)- ਪੰਜਾਬ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਨਾਗ ਕਲਾਂ ਅੰਮ੍ਰਿਤਸਰ ਵਿਖੇ ਮਿਤੀ 09 ਸਤੰਬਰ ਦਿਨ ਬੁੱਧਵਾਰ ਨੂੰ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ ਜਿਸ ਦਾ ਉਦੇਸ਼ ਵਿਗਿਆਨਕ ਢੰਗ ਅਪਣਾਓ ਖੇਤੀ ਆਮਦਨ



ਵਧਾਓ ਹੈ।ਇਸ ਦੀ ਜਾਣਕਾਰੀ ਦਿੰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ, ਨਾਗ ਕਲਾਂ ਅੰਮ੍ਰਿਤਸਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਮਾਨਯੋਗ ਉਪ-ਕੁਲਪਤੀ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਇਸ ਮੇਲੇ ਦੀ ਪ੍ਰਧਾਨਗੀ ਕਰਨਗੇ।ਉਨ੍ਹਾਂ ਕਿਹਾ ਕਿ ਸਾਰੇ ਕਿਸਾਨ ਵੀਰ ਇਸ ਮੇਲੇ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ।ਮੇਲੇ ਵਿੱਚ ਵੱਖ-ਵੱਖ ਵਿਭਾਗ ਜਿਵੇਂ ਕਿ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ, ਬਾਗਬਾਨੀ ਅਤੇ ਖੇਤੀ ਮਸ਼ੀਨਰੀ ਆਦਿ ਪ੍ਰਦਰਸ਼ਨੀਆਂ ਲਗਾਉਣਗੇ ਅਤੇ ਆਪਣੀਆਂ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦੇਣਗੇ।ਇਸ ਮੌਕੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਵੱਖ-ਵੱਖ ਵਿਭਾਗ ਵੀ ਆਪਣੀਆਂ ਪ੍ਰਦਰਸ਼ਨੀਆਂ ਲਗਾਉਣਗੇ ਅਤੇ ਕਿਸਾਨਾਂ ਦੀਆਂ ਫਸਲਾਂ ਨਾਲ ਸੰਬੰਧਤ ਮੁਸ਼ਕਿਲਾਂ ਤੇ ਵਿਚਾਰ ਵਟਾਂਦਰਾ ਕਰਨਗੇ।ਆਉਣ ਵਾਲੀਆਂ ਹਾੜੀ ਦੀਆਂ ਫਸਲਾਂ ਦੇ ਸੁਧਰੇ ਬੀਜ ਵੀ ਕਿਸਾਨਾਂ ਲਈ ਉਪਲਬਧ ਹੋਣਗੇ।ਉਨ੍ਹਾਂ ਨੇ ਕਿਸਾਨ ਵੀਰਾਂ ਨੂੰ ਇਸ ਮੇਲੇ ਵਿਚ ਸ਼ਾਮਿਲ ਹੋ ਕੇ ਵੱਧ ਤੋਂ ਵੱਧ ਲਾਭ ਉਠਾਉਣ ਲਈ ਕਿਹਾ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ 6.50 ਲੱਖ ਬੂਟੇ ਲਗਾਉਣ ਦੀ ਮੁਹਿੰਮ ਜਾਰੀ

ਅੰਮ੍ਰਿਤਸਰ, (ਜਗਦੀਸ਼ ਕਮਲੇਸ਼)- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਜ਼ਿਲ੍ਹੇ ਭਰ ਵਿੱਚ 6.50 ਲੱਖ ਬੂਟੇ ਲਗਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤੇਜ਼ੀ



ਨਾਲ ਜਾਰੀ ਹੈ।ਵੱਖ-ਵੱਖ ਵਿਭਾਗਾਂ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਜ਼ਿਲ੍ਹੇ ਦੀਆਂ ਜਨਤਕ ਥਾਵਾਂ ਉਪਰ ਬੂਟੇ ਲਗਾਏ ਜਾ ਰਹੇ ਹਨ।ਪੌਦੇ ਲਗਾਉਣ ਦੀ ਇਸ ਮੁਹਿੰਮ ਵਿੱਚ ਬੱਚੇ ਅਤੇ ਬਜ਼ੁਰਗ ਵੀ ਵਿਸ਼ੇਸ਼ ਯੋਗਦਾਨ ਪਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਨੁੱਖਤਾ ਨੂੰ ਸਮਾਨਤਾ, ਨਿਰਸਵਾਰਥ ਸੇਵਾ ਅਤੇ ਕੁਦਰਤ ਨਾਲ ਪਿਆਰ ਕਰਨ ਦਾ ਸੰਦੇਸ਼ ਦਿੱਤਾ ਹੈ।ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਉਤਸਵ ਨੂੰ ਵਾਤਾਵਰਣ ਸੰਭਾਲ ਨਾਲ ਜੋੜਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਭਰ ਵਿੱਚ 6.50 ਲੱਖ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਨੂੰ ਸਮੇਂ ਸਿਰ ਪੂਰਾ ਕਰਨ ਲਈ ਸਾਰੇ ਵਿਭਾਗ ਅਤੇ ਸਮਾਜ ਸੇਵੀ ਸੰਸਥਾਵਾਂ ਮਿਲ ਕੇ ਕੰਮ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇਹ ਪੌਦੇ ਪਿੰਡਾਂ ਦੀਆਂ ਸਾਂਝੀਆਂ ਥਾਵਾਂ, ਸ਼ਮਸ਼ਾਨ ਘਾਟਾਂ, ਸ਼ਹਿਰੀ ਪਾਰਕਾਂ, ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ-ਕਾਲਜਾਂ, ਸਰਕਾਰੀ ਦਫ਼ਤਰਾਂ, ਹਸਪਤਾਲਾਂ, ਸੜਕਾਂ ਦੇ ਕਿਨਾਰਿਆਂ, ਨਹਿਰਾਂ ਅਤੇ ਹੋਰ ਜਨਤਕ ਥਾਵਾਂ ਉੱਤੇ ਲਗਾਏ ਜਾ ਰਹੇ ਹਨ।ਉਨ੍ਹਾਂ ਇਸ ਗੱਲ ਤੇ ਤਸੱਲੀ ਜ਼ਾਹਰ ਕੀਤੀ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿੰਮ ਵਿੱਚ ਬੱਚੇ ਅਤੇ ਬਜ਼ੁਰਗ ਵੀ ਆਪਣਾ ਅਹਿਮ ਯੋਗਦਾਨ ਪਾ ਰਹੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਸਿਰਫ਼ ਪੌਦੇ ਲਗਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਸੁਰੱਖਿਅਤ ਰੱਖਣਾ ਅਤੇ ਵੱਡੇ ਰੁੱਖਾਂ ਵਜੋਂ ਵਿਕਸਤ ਕਰਨਾ ਵੀ ਹੈ।ਉਨ੍ਹਾਂ ਕਿਹਾ ਕਿ ਜਿਸ ਵਿਭਾਗ ਜਾਂ ਸੰਸਥਾ ਨੂੰ ਪੌਦੇ ਦਿੱਤੇ ਜਾਣਗੇ, ਉਨ੍ਹਾਂ ਦੀ ਸੰਭਾਲ ਅਤੇ ਸੁਰੱਖਿਆ ਦੀ ਜ਼ਿੰਮੇਵਾਰੀ ਵੀ ਉਸੇ ਵਿਭਾਗ ਜਾਂ ਸੰਸਥਾ ਦੀ ਹੋਵੇਗੀ।ਉਨ੍ਹਾਂ ਸਕੂਲੀ ਵਿਦਿਆਰਥੀਆਂ, ਗ੍ਰਾਮ ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ, ਕਲੱਬਾਂ ਅਤੇ ਆਮ ਲੋਕਾਂ ਨੂੰ ਇਸ ਵਾਤਾਵਰਣ ਪੱਖੀ ਮੁਹਿੰਮ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।

# ਆਰ. ਡੀ. ਖੋਸਲਾ ਸਕੂਲ ਵਿਖੇ ਆਜ਼ਾਦੀ ਦਿਵਸ ਬੜੀ ਧੂਮਧਾਮ ਨਾਲ ਮਨਾਇਆ




ਬਟਾਲਾ (ਡਾ. ਮਲਵਿੰਦਰ ਸਿੰਘ)- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਸਕੂਲ ਕੈਂਪਸ ਵਿੱਚ ਆਜ਼ਾਦੀ ਦਿਵਸ ਬਹੁਤ ਹੀ ਉਤਸ਼ਾਹ, ਜੋਸ਼ ਅਤੇ ਦੇਸ਼ ਭਗਤੀ ਨਾਲ ਮਨਾਇਆ ਗਿਆ। ਵਿਦਿਆਰਥੀਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਾਰਿਆਂ ਨੂੰ ਪ੍ਰਭਾਵਿਤ ਕੀਤਾ ਅਤੇ ਉਨ੍ਹਾਂ ਦੀ ਦੇਸ਼ ਭਗਤੀ ਨੂੰ ਹੋਰ ਮਜ਼ਬੂਤ ਕੀਤਾ।ਆਜ਼ਾਦੀ ਦਿਵਸ ਦੇ ਸ਼ੁਭ ਮੌਕੇ ਸਕੂਲ ਨੇ ਕਵਿਤਾ ਅਤੇ ਭਾਸ਼ਣ ਮੁਕਾਬਲੇ ਅਤੇ ਵਿਦਿਆਰਥੀਆਂ ਲਈ ਵਿੱਚ ਪ੍ਰਦਰਸ਼ਨੀ ਦਾ ਆਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਪ੍ਰਿੰਸੀਪਲ ਡਾ. ਬਿੰਦੂ ਭਸੀਨ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਦੇਸ਼ ਦੀ ਆਜ਼ਾਦੀ ਸਾਡੇ ਮਹਾਨ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ, ਸੰਘਰਸ਼ ਅਤੇ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਆਪਣੇ ਜੀਵਨ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੀ ਏਕਤਾ, ਅਖੰਡਤਾ ਅਤੇ ਮਾਣ ਨੂੰ ਬਣਾਈ ਰੱਖਣ ਅਤੇ ਹਰ ਘਰ ਵਿੱਚ ਤਿਰੰਗਾ ਮੁਹਿੰਮ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੇ ਖੋਸਲਾ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਆਜ਼ਾਦੀ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।

# ਪੰਧੇਰ ਕਲਾਂ ਦੇ ਨੌਜਵਾਨ ਦੀ ਕੁਵੈਤ 'ਚ ਮੌਤ

ਮਜੀਠਾ (ਸੋਇਮ ਆਨੰਦ)- ਕੁਵੈਤ ਵਿੱਚ ਆਪਣੇ ਸੁਨਹਿਰੀ ਭਵਿੱਖ ਦੀ ਭਾਲ ਵਿਚ ਗਏ ਹਲਕਾ ਮਜੀਠਾ ਦੇ ਪਿੰਡ ਪੰਧੇਰ ਕਲਾਂ ਦੇ ਨੌਜਵਾਨ ਦੀ ਭੇਦਭਰੀ ਹਾਲਤ ਵਿਚ ਮੌਤ ਹੋਣ ਦਾ



ਸਮਾਚਾਰ ਹੈ।ਅਮਰੀਕ ਸਿੰਘ ਵਾਸੀ ਪਿੰਡ ਪੰਧੇਰ ਕਲਾਂ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਉਸ ਦਾ ਪੁੱਤਰ ਜਗਤਾਰ ਸਿੰਘ ਜਿਹੜਾ ਕਿ ਕੁਝ ਸਮਾਂ [illegible] ਪਹਿਲਾਂ ਕੁਵੈਤ ਵਿਖੇ ਗਿਆ ਸੀ, [illegible] ਦਿਨ ਪਹਿਲਾਂ ਹੀ ਉਸ ਨੂੰ ਵਿਦੇਸ਼ ਤੋਂ ਫੋਨ ਆਇਆ [illegible] ਪੁੱਤਰ ਜਗਤਾਰ ਸਿੰਘ [illegible] ਆਪਣੇ ਸਾਥੀਆਂ ਨਾਲ ਰਹਿੰਦਾ ਸੀ, [illegible] ਪੁੱਤਰ ਦੀ ਲਾਸ਼ [illegible] ਪਿਤਾ ਅਮਰੀਕ ਸਿੰਘ ਨੇ [illegible] ਸਰਕਾਰ ਤੋਂ ਮੰਗ ਕੀਤੀ [illegible]

# ਸਤਕੋਹਾ ਦੇ ਰਵਾਇਤੀ ਪਾਰਟੀਆਂ ਨਾਲ ਜੁੜੇ ਕਈ ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਿਲ

ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਸਤਕੋਹਾ ਦੇ ਰਵਾਇਤੀ



ਪਾਰਟੀਆਂ ਦੇ ਵੱਖ ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਗਿੱਲ, ਪ੍ਰਧਾਨ ਵੀਨੂੰ ਕਾਹਲੋਂ ਸਮੇਤ ਪਿੰਡ ਵੀਸੀ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਾਂ ਦਾ ਵਧਦਾ ਵਿਸ਼ਵਾਸ, ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਲੋਕਪੱਖੀ ਕਾਰਜਾਂ ਦੀ ਗਵਾਹੀਆਂ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋ ਦਿਨ ਵੱਧ ਰਿਹਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ।ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਲਕੇ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ ਅਤੇ ਕਈ ਵਿਕਾਸ ਕੰਮ ਪ੍ਰਗਤੀ ਅਧੀਨ ਹਨ। ਉਨ੍ਹਾਂ ਦੁਹਰਾਇਆ ਕਿ ਹਲਕੇ ਦਾ ਚਹੁੰਪੱਖੀ ਵਿਕਾਸ ਕੰਮ ਕਰਵਾਉਣ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

# ਪੰਜਾਬ ਰੋਡਵੇਜ਼ ਕਰਮਚਾਰੀ ਦਲ ਨੇ ਤਰਨਤਾਰਨ ਡਿੱਪੂ ਦੇ ਮੇਨ ਗੇਟ 'ਤੇ ਝੰਡਾ ਲਹਿਰਾਇਆ

ਤਰਨਤਾਰਨ (ਪ੍ਰਿਤਪਾਲ ਸਿੰਘ)- ਪੰਜਾਬ ਰੋਡਵੇਜ਼ ਕਰਮਚਾਰੀ ਦਲ ਵੱਲੋਂ ਪੰਜਾਬ ਰੋਡਵੇਜ਼ ਤਰਨਤਾਰਨ ਡਿਪੂ ਦੇ ਮੇਨ ਗੇਟ ਵਿਖੇ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਸ਼ਾਨੋ-ਸ਼ੌਕਤ ਨਾਲ ਅਦਾ ਕੀਤੀ ਗਈ।ਇਸ ਮੌਕੇ ਪਾਰਟੀ ਦੇ ਪ੍ਰਧਾਨ ਸ. ਬਲਜੀਤ ਸਿੰਘ ਸਰਾਂ ਅਤੇ



ਜਨਰਲ ਸਕੱਤਰ ਸ. ਗੁਰਭੇਜ ਸਿੰਘ ਇੰਸਪੈਕਟਰ ਦੀ ਅਗਵਾਈ ਹੇਠ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੇ ਝੰਡਾ ਲਹਿਰਾਉਣ ਦੀ ਰਸਮ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਰੋਡਵੇਜ਼ ਦੇ ਕਰਮਚਾਰੀਆਂ ਦੇ ਹੱਕਾਂ ਅਤੇ ਹਿੱਤਾਂ ਦੀ ਰਾਖੀ ਲਈ ਜਥੇਬੰਦੀ ਹਮੇਸ਼ਾ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ, ਸੇਵਾ-ਸਹੂਲਤਾਂ ਅਤੇ ਕੰਮਕਾਜ ਨਾਲ ਸਬੰਧਤ ਮਸਲਿਆਂ ਨੂੰ ਹੱਲ ਕਰਵਾਉਣ ਲਈ ਜਥੇਬੰਦੀ ਵੱਲੋਂ ਭਵਿੱਖ ਵਿੱਚ ਵੀ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ, ਹਰਦਿਆਲ ਸਿੰਘ ਨਾਜ਼ਰ, ਮੀਤ ਪ੍ਰਧਾਨ ਜਸਵਿੰਦਰ ਸਿੰਘ ਤੋਂ ਇਲਾਵਾ ਸਟਾਲਨਜੀਤ ਸਿੰਘ, ਨਵਜੋਤ ਸਿੰਘ, ਸਰਬਜੀਤ ਸਿੰਘ, ਕੁਲਬੀਰ ਸਿੰਘ, ਸੁਰਜੀਤ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ, ਜਤਿੰਦਰ ਸਿੰਘ, ਅਮਰਜੀਤ ਸਿੰਘ, ਸੁਖਵੰਤ ਸਿੰਘ, ਅਰਜਨ ਸਿੰਘ, ਪਰਮਜੀਤ ਸਿੰਘ, ਵਜੀਰ ਸਿੰਘ, ਗੁਰਲਾਲ ਸਿੰਘ, ਸਿਮਰਨਜੀਤ ਸਿੰਘ, ਗੁਰਜੰਟ ਸਿੰਘ, ਗੁਰਕਵਲਪ੍ਰੀਤ ਸਿੰਘ, ਸ. ਮਨਜੀਤ ਸਿੰਘ, ਸ. ਜਗਜੀਤ ਸਿੰਘ, ਸ੍ਰੀ ਅਮੀਤ ਸ਼ਰਮਾ, ਸ. ਜਸਦੀਪ ਸਿੰਘ, ਸ. ਹਰਮਨ ਸਿੰਘ, ਅਸ਼ਵਨੀ ਕੁਮਾਰ, ਪਰਮਜੀਤ ਸਿੰਘ ਪੈਂਟਰ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।ਇਸ ਦੌਰਾਨ ਸਮੂਹ ਹਾਜ਼ਰੀਨ ਵੱਲੋਂ ਜਥੇਬੰਦੀ ਦੀ ਏਕਤਾ ਅਤੇ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਵੀ ਲਿਆ ਗਿਆ।

# ਵਿਨੋਦ ਕੁਮਾਰ ਸਟੇਟ ਐਵਾਰਡ ਨਾਲ ਸਨਮਾਨਿਤ

ਬਿਆਸ (ਪਰਮਜੀਤ ਸਿੰਘ ਰੱਖੜਾ) ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸਾਹਿਬ ਵੱਲੋਂ ਆਜ਼ਾਦੀ ਦਿਵਸ ਦੇ ਮੌਕੇ 'ਤੇ ਫਿਰੋਜ਼ਪੁਰ ਵਿਖੇ ਆਯੋਜਿਤ ਰਾਜ ਪੱਧਰੀ ਸਮਾਗਮ ਦੌਰਾਨ ਵਿਨੋਦ ਕੁਮਾਰ, ਮੋਟੀਵੇਸ਼ਨਲ ਸਪੀਕਰ ਅਤੇ ਨਾਇਗੋਰ



ਇੰਸਟੀਚਿਊਟ ਦੇ ਐੱਮ.ਡੀ. ਨੂੰ ਉਨ੍ਹਾਂ ਦੀਆਂ ਵਿਸ਼ੇਸ਼ ਸਮਾਜਿਕ ਅਤੇ ਪ੍ਰੇਰਨਾਦਾਇਕ ਸੇਵਾਵਾਂ ਲਈ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਵਿਨੋਦ ਕੁਮਾਰ ਪਿਛਲੇ ਲੱਗਭੱਗ 12 ਸਾਲਾਂ ਤੋਂ ਨੌਜਵਾਨਾਂ, ਵਿਦਿਆਰਥੀਆਂ, ਅਧਿਆਪਕਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਮੁਫ਼ਤ ਮੋਟੀਵੇਸ਼ਨਲ ਸੈਮੀਨਾਰਾਂ ਅਤੇ ਪ੍ਰੇਰਨਾਦਾਇਕ ਸੇਵਾਵਾਂ ਰਾਹੀਂ ਜਾਗਰੂਕ ਅਤੇ ਉਤਸ਼ਾਹਿਤ ਕਰ ਰਹੇ ਹਨ। ਉਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ, ਨਿਰਾਸ਼ਾ, ਤਣਾਅ ਅਤੇ ਨਕਾਰਾਤਮਕ ਸੋਚ ਤੋਂ ਦੂਰ ਕਰਕੇ ਸਿੱਖਿਆ, ਆਤਮ-ਵਿਸ਼ਵਾਸ, ਮਿਹਨਤ ਅਤੇ ਸਕਾਰਾਤਮਕ ਸੋਚ ਵੱਲ ਪ੍ਰੇਰਿਤ ਕਰਨਾ ਹੈ।

ਵਿਨੋਦ ਕੁਮਾਰ ਨੇ ਸਿੱਖਿਆ ਅਤੇ ਸਮਾਜਿਕ ਸੇਵਾ ਦੇ ਖੇਤਰ ਵਿੱਚ ਆਪਣੀਆਂ ਲੰਬੇ ਸਮੇਂ ਦੀਆਂ ਸੇਵਾਵਾਂ ਰਾਹੀਂ ਕਈ ਸਕੂਲਾਂ, ਕਾਲਜਾਂ ਅਤੇ ਹੋਰ ਸੰਸਥਾਵਾਂ ਵਿੱਚ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਹੈ।

ਉਨ੍ਹਾਂ ਦੀਆਂ ਇਨ੍ਹਾਂ ਨਿਰੰਤਰ ਸੇਵਾਵਾਂ ਅਤੇ ਸਮਾਜ ਪ੍ਰਤੀ ਯੋਗਦਾਨ ਨੂੰ ਮੱਦੇਨਜ਼ਰ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਇਹ ਮਾਣ-ਸਨਮਾਨ ਪ੍ਰਦਾਨ ਕੀਤਾ ਗਿਆ। ਇਸ ਮੌਕੇ ਵਿਨੋਦ ਕੁਮਾਰ ਨੇ ਪੰਜਾਬ ਸਰਕਾਰ ਅਤੇ ਮਾਣਯੋਗ ਮੁੱਖ ਮੰਤਰੀ ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਸਮਾਜ ਅਤੇ ਨੌਜਵਾਨਾਂ ਲਈ ਹੋਰ ਵੱਧ ਸਮਰਪਣ ਨਾਲ ਕੰਮ ਕਰਨ ਦੀ ਪ੍ਰੇਰਣਾ ਹੈ। ਉਨ੍ਹਾ ਕਿਹਾ ਕਿ ਉਹ ਭਵਿੱਖ ਵਿੱਚ ਵੀ ਨੌਜਵਾਨਾਂ ਨੂੰ ਸਿੱਖਿਆ, ਹੁਨਰ, ਸਕਾਰਾਤਮਕ ਸੋਚ ਅਤੇ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕਰਨ ਲਈ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।

# ਸ਼੍ਰੀ ਰਾਮ ਮੰਦਰ ਚਾਵਾ ਵਿਖੇ ਮੂਰਤੀ ਸਥਾਪਨਾ ਦਿਵਸ ਭਲਕੇ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਪਿੰਡ ਚਾਵਾ ਨਵਾਂ ਨੁਸ਼ਹਿਰਾ ਦੇ ਸ਼੍ਰੀ ਰਾਮ ਮੰਦਿਰ ਵਿਖੇ ਮੂਰਤੀ ਸਥਾਪਨਾ ਦਿਵਸ 20 ਅਗਸਤ ਨੂੰ ਮੰਦਰ ਕਮੇਟੀ ਪਿੰਡ ਵਾਸੀਆਂ ਤੇ ਖਾਸ ਕਰਕੇ ਗੋਲਡਨ ਗਰੁੱਪ ਗੁਰਦਾਸਪੁਰ ਦੇ ਸੰਚਾਲਨ ਮੋਹਿਤ ਮਹਾਜਨ ਦੇ ਯਤਨਾਂ ਸਦਕਾ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਮੰਤਰ ਕਮੇਟੀ ਦੇ ਪ੍ਰਧਾਨ ਸੂਬੇਦਾਰ ਬਲਵਿੰਦਰ ਸਿੰਘ ਪਠਾਨੀਆ, ਰਾਜੇਸ਼ ਮਿਨਹਾਸ, ਪੁਸ਼ਪਿੰਦਰ ਸਿੰਘ ਕਾਟਲ, ਬਿੱਟੂ ਪਠਾਨੀਆ, ਰਜੇਸ਼ ਮਿਨਹਾਸ ਉਰਫ ਮੰਗਾ, ਨਰੇਸ਼ ਕੁਮਾਰ, ਸੁਖਦੇਵ ਕੁਮਾਰ, ਕਮਲੇਸ਼ ਕੁਮਾਰੀ, ਦੇਵੀ, ਵੀਨਾ ਕੁਮਾਰੀ, ਕੁਸ਼ਲਤਾ, ਸੋਨੀਆ ਸ਼ਰਮਾ ਤੇ ਹੋਰ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ 19 ਅਗਸਤ ਨੂੰ ਰਮਾਇਣ ਦੇ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 20 ਅਗਸਤ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਮੰਦਰ ਦੇ ਪੁਜਾਰੀ ਸੰਦੇਸ਼ ਕੁਮਾਰ ਸ਼ਰਮਾ ਪੂਜਾ ਅਰਚਨਾ ਕਰਵਾਉਣ ਤੋਂ ਬਾਅਦ 2 ਘੰਟੇ ਪ੍ਰਭੂ ਦਾ ਸਿਮਰਨ ਸੰਗਤਾਂ ਨੂੰ ਕਰਵਾਉਣਗੇ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਆਈਸੀਆਈਸੀਆਈ ਪਰੂ ਵੱਲੋਂ 'ਆਈਪ੍ਰੋਟੈਕਟ ਸਮਾਰਟ ਹਰ' ਪਲਾਨ ਲਾਂਚ

ਅੰਮ੍ਰਿਤਸਰ: ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਔਰਤਾਂ ਦੀਆਂ ਵਿੱਤੀ ਅਤੇ ਸਿਹਤ ਸੰਬੰਧੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ 'ਆਈਸੀਆਈਸੀਆਈ ਪਰੂ ਆਈਪ੍ਰੋਟੈਕਟ ਸਮਾਰਟ ਹਰ' ਟਰਮ ਇੰਸ਼ੋਰੈਂਸ ਪਲਾਨ ਲਾਂਚ ਕੀਤਾ ਹੈ। ਇਸ ਵਿੱਚ ਲਾਈਫ ਇੰਸ਼ੋਰੈਂਸ ਦੇ ਨਾਲ ਹੈਲਥ ਅਤੇ ਵੈਲਨੇਸ ਲਾਭ ਵੀ ਸ਼ਾਮਲ ਹਨ।ਪਲਾਨ ਤਹਿਤ ਔਰਤਾਂ ਨੂੰ ਪ੍ਰੀਮੀਅਮ 'ਤੇ 15 ਫੀਸਦੀ ਲਾਈਫਟਾਈਮ ਛੋਟ, ਵਿੱਤੀ ਲਚੀਲੇਪਨ ਲਈ ਪ੍ਰੈਗਨੈਂਸੀ ਬ੍ਰੇਕ ਅਤੇ ਔਰਤਾਂ ਲਈ ਵਿਸ਼ੇਸ਼ ਸਿਹਤ ਪ੍ਰਬੰਧਨ ਤੇ ਵੈਲਨੇਸ ਲਾਭ ਮਿਲਣਗੇ।ਇਸ ਤੋਂ ਇਲਾਵਾ ਬੱਚਿਆਂ ਦੀ ਸਿੱਖਿਆ ਲਈ ਆਮਦਨ ਵਿੱਚ ਹਰ ਸਾਲ ਵਾਧੇ ਦੀ ਸਹੂਲਤ ਵੀ ਦਿੱਤੀ ਗਈ ਹੈ।ਕੰਪਨੀ ਦੇ ਚੀਫ ਪ੍ਰੋਡਕਟ ਅਫਸਰ ਵਿਕਾਸ ਗੁਪਤਾ ਨੇ ਕਿਹਾ ਕਿ ਇਹ ਪਲਾਨ ਔਰਤਾਂ ਨੂੰ ਉਨ੍ਹਾਂ ਦੇ ਵਿੱਤੀ ਭਵਿੱਖ ਅਤੇ ਸਿਹਤ ਦੀ ਸੁਰੱਖਿਆ ਲਈ ਵਿਆਪਕ ਹੱਲ ਪ੍ਰਦਾਨ ਕਰਦਾ ਹੈ।

# ਆਵਾਰਾ ਕੁੱਤਿਆਂ ਕਾਰਨ ਲੋਕਾਂ 'ਚ ਦਹਿਸ਼ਤ ਦਾ ਮਾਹੌਲ; ਜ਼ਿਲ੍ਹਾ ਪ੍ਰਸ਼ਾਸਨ ਧਿਆਨ ਦੇਵੇ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅਤੇ ਹਰੇਕ ਪਿੰਡ ਵਿੱਚ ਆਵਾਰਾ ਕੁੱਤਿਆਂ ਦੀ ਇੰਨੀ ਜ਼ਿਆਦਾ ਭਰਮਾਰ ਹੋ ਚੁੱਕੀ ਹੈ ਕਿ ਲੋਕ ਦੇਰ ਰਾਤ, ਦੁਪਹਿਰ ਅਤੇ ਸ਼ਾਮ ਵੇਲੇ



ਘਰੋਂ ਬਾਹਰ ਨਹੀਂ ਨਿਕਲ ਸਕਦੇ ਅਤੇ ਇਹ ਆਵਾਰਾ ਕੁੱਤਿਆਂ ਦੇ ਝੁੰਡ ਏਨੇ ਖਤਰਨਾਕ ਹਨ ਕਿ ਇਕੱਲੇ ਵਿਅਕਤੀ ਨੂੰ ਵੇਖ ਕੇ ਉਸ ਉੱਤੇ ਹਮਲਾ ਕਰ ਦਿੰਦੇ ਹਨ ਅਤੇ ਇਹੋ ਜਿਹੀਆਂ ਘਟਨਾਵਾਂ ਇਲਾਕੇ ਅੰਦਰ ਕਾਫੀ ਵਾਪਰ ਰਹੀਆਂ ਹਨ। ਇਸ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਗੰਭੀਰ ਨਾ ਹੋਣ ਕਰਕੇ ਲੋਕ ਕਾਫੀ ਚਿੰਤਤ ਪਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਠਾਕੁਰ ਪ੍ਰੀਤਮ ਸਿੰਘ, ਸੋਮਰਾਜ, ਪੁਸ਼ਪਿੰਦਰ ਸਿੰਘ, ਬਲਵੀਰ ਸਿੰਘ ਨੇ ਦੱਸਿਆ ਕਿ ਤਿੱਬੜੀ ਛਾਉਣੀ ਦੇ ਆਲੇ ਦੁਆਲੇ ਪਿੰਡਾਂ ਅੰਦਰ ਆਵਾਰਾ ਕੁੱਤਿਆਂ ਦੀ ਗਿਣਤੀ ਸੈਂਕੜਿਆਂ ਵਿੱਚ ਦੱਸੀ ਜਾ ਰਹੀ ਹੈ ਅਤੇ ਇਹ ਆਵਾਰਾ ਕੁੱਤੇ ਲੋਕਾਂ ਲਈ ਘਾਤਕ ਸਿੱਧ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਆਵਾਰਾ ਕੁੱਤੇ ਛੋਟੇ ਬੱਚਿਆਂ ਅਤੇ ਛੋਟੇ ਜਾਨਵਰਾਂ ਦੇ ਬਹੁਤ ਜਲਦੀ ਹਮਲਾ ਕਰਦੇ ਹਨ ਜਿਸ ਕਰਕੇ ਪਿੰਡਾਂ ਅੰਦਰ ਕਾਫੀ ਜਾਨੀ ਮਾਲੀ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡਾਂ ਅੰਦਰ ਕੁੱਤਿਆਂ ਦੀ ਵਧਦੀ ਜਾ ਰਹੀ ਗਿਣਤੀ ਨੂੰ ਰੋਕਣ ਵਾਸਤੇ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਾਲ ਨਾਲ ਸੰਬੰਧਿਤ ਵਿਭਾਗ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ ਤਾਂ ਜੋ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਸਕੇ।

# ਡਾ. ਪਰਮਿੰਦਰ ਸਿੰਘ ਦਾ ਆਜ਼ਾਦੀ ਦਿਹਾੜੇ ਮੌਕੇ ਮੁੱਖ ਮੰਤਰੀ ਮਾਨ ਵੱਲੋਂ ਸਨਮਾਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)— ਆਜ਼ਾਦੀ ਦੇ 80ਵੇਂ ਦਿਹਾੜੇ ਨੂੰ ਸਮਰਪਿਤ ਫਿਰੋਜ਼ਪੁਰ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਿਥੇ ਵੱਖ-ਵੱਖ ਖੇਤਰਾਂ ਵਿੱਚ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਗਿਆ, ਉਥੇ ਸਰਹੱਦੀ ਤਹਿਸੀਲ ਲੋਪੋਕੇ ਦੇ ਸਰਕਾਰੀ ਹਸਪਤਾਲ ਵਿਖੇ ਬਤੌਰ ਮੈਡੀਕਲ ਅਫਸਰ ਤੇ ਦੰਦਾਂ ਦੇ ਮਾਹਰ ਡਾ. ਪਰਮਿੰਦਰ ਸਿੰਘ ਨੂੰ ਵਿਸ਼ੇਸ਼ ਤੌਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੰਗੀਆਂ ਸੇਵਾਵਾਂ ਨਿਭਾਉਣ 'ਤੇ ਗੋਲਡ ਮੈਡਲ ਅਤੇ ਵਿਸ਼ੇਸ਼ ਪ੍ਰਨਾਮ ਪੱਤਰ ਦੇ ਸਨਮਾਨਿਤ ਕੀਤਾ ਗਿਆ, ਜੋ ਕਿ ਸਰਹੱਦੀ ਖੇਤਰ ਲਈ ਇੱਕ ਬਹੁਤ ਵੱਡੀ ਮਿਸਾਲ ਹੈ! ਇਸ ਮੌਕੇ ਡਾ. ਪਰਮਿੰਦਰ ਸਿੰਘ ਵੱਲੋਂ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਉਨ੍ਹਾਂ ਭਰੋਸਾ ਦਿੱਤਾ ਕਿ ਆਪਣੇ ਰਹਿੰਦੇ ਕਾਰਜਕਾਲ ਦੌਰਾਨ ਵੀ ਉਹ ਇਸੇ ਤਰ੍ਹਾਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਦੇ ਰਹਿਣਗੇ!

# ਹਰਪ੍ਰੀਤ ਸਿੰਘ ਗੋਲਡੀ ਤਰਨਤਾਰਨ ਤੋਂ ਪਰਜਾਪਤ ਵੈੱਲਫੇਅਰ ਬੋਰਡ ਦੇ ਚੇਅਰਮੈਨ ਬਣੇ

ਤਰਨਤਾਰਨ (ਪ੍ਰਿਤਪਾਲ ਸਿੰਘ)- ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਠੇਕੇਦਾਰ ਹਰਪ੍ਰੀਤ ਸਿੰਘ ਗੋਲਡੀ ਨੂੰ ਪਰਜਾਪਤ ਵੈੱਲਫੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਹਰਪ੍ਰੀਤ ਸਿੰਘ ਗੋਲਡੀ ਦੇ ਚੇਅਰਮੈਨ ਨਿਯੁਕਤ ਹੋਣ ਤੋਂ ਬਾਅਦ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ



ਮਿਲਿਆ। ਹਰਪ੍ਰੀਤ ਸਿੰਘ ਗੋਲਡੀ ਦੇ ਚੇਅਰਮੈਨ ਬਣਨ ਦੀਆਂ ਖ਼ਬਰਾਂ ਸੁਣਦਿਆਂ ਹੀ ਵੱਡੀ ਗਿਣਤੀ ਵਿੱਚ ਉਨ੍ਹਾਂ ਨੂੰ ਵਧਾਈਆਂ ਦੇਣ ਵਾਲੇ ਦੀਆਂ ਤਾਂਤਾ ਉਨ੍ਹਾਂ ਦੇ ਘਰ ਦੇ ਬਾਹਰ ਵੀ ਲੱਗਾ ਹੋਇਆ ਸੀ। ਨਵ ਨਿਯੁਕਤ ਚੇਅਰਮੈਨ ਹਰਪ੍ਰੀਤ ਸਿੰਘ ਗੋਲਡੀ ਨੇ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ, ਕੌਂਸਲਰ ਸਰਬਜੀਤ ਸਿੰਘ ਲਾਲੀ ਕੌਂਸਲਰ ਗੁਰਪ੍ਰੀਤ ਸਿੰਘ ਗੋਲਡੀ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਦੀ ਇਤਿਹਾਸਿਕ ਜਿੱਤ ਹੋਵੇਗੀ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵੇਲੇ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸੀ ਉਨ੍ਹਾਂ ਨੂੰ ਪੰਜਾਂ ਸਾਲਾਂ ਵਿੱਚ ਇੰਨ-ਬਿੰਨ ਪੂਰਾ ਕੀਤਾ ਜਿਸ ਕਾਰਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਹਰਮਨ ਪਿਆਰੇ ਨੇਤਾ ਬਣ ਚੁੱਕੇ ਹਨ।ਇਸ ਮੌਕੇ ਸਤਨਾਮ ਸਿੰਘ, ਸੁਚਬੀਰ ਸਿੰਘ, ਲਖਵਿੰਦਰ ਸਿੰਘ, ਬਿਕਰਮਜੀਤ ਸਿੰਘ, ਕੁਲਵਿੰਦਰ ਸਿੰਘ, ਅਮਨਦੀਪ ਸਿੰਘ, ਕੁਲਦੀਪ ਸਿੰਘ ਸੌਰਵ ਨੇ ਹਰਪ੍ਰੀਤ ਸਿੰਘ ਗੋਲਡੀ ਨੂੰ ਉਚੇਚੇ ਤੌਰ ਤੇ ਵਧਾਈ ਦਿੱਤੀ ।

# ਸਾਲਾਨਾ ਜੋੜ ਮੇਲੇ ਮੌਕੇ ਜਥੇ: ਕੁਲਦੀਪ ਸਿੰਘ ਗੜਗੱਜ ਨੇ ਭਰੀ ਹਾਜ਼ਰੀ



ਝਬਾਲ, (ਹਰਜਿੰਦਰ ਸਿੰਘ ਸੋਨੀ)- ਜਥੇਦਾਰ ਹਰੀ ਸਿੰਘ ਭੰਗੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਪਿੰਡ ਪੰਜਵੜ ਵਿਖੇ ਗੁਰਦੁਆਰਾ ਬਾਬਾ ਹਰੀ ਸਿੰਘ ਭੰਗੀ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਦੀਵਾਨ ਹਾਲ ਵਿੱਚ ਅਯੋਜਿਤ ਸਮਾਗਮ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸੁੰਦਰ ਦੀਵਾਨ ਸਜਾਏ ਗੁਰੂ ਕੇ ਪਿਆਰੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਅਤੇ ਬੜੇ ਹੀ ਸ਼ਰਧਾ ਭਾਵ ਨਾਲ ਇਸ ਮੌਕੇ ਹਾਜ਼ਰ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਹਜ਼ੂਰੀ ਵਿੱਚ ਬੈਠੀਆਂ ਸੰਗਤਾਂ ਨਾਲ ਗੁਰਮਤਿ ਅਤੇ ਇਤਿਹਾਸਿਕ ਵਿਚਾਰਾਂ ਦੀ ਸਾਂਝ ਪਾਈ।

ਵਿਚਾਰਾਂ ਦੀ ਸਾਂਝ ਕਰਦਿਆਂ ਸੰਗਤ ਨੂੰ ਗੁਰਬਾਣੀ ਅਤੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਬੱਚਿਆਂ ਲਈ ਦਸਤਾਰ ਕੈਂਪ ਵੀ ਲਗਾਇਆ ਗਿਆ।ਜਥੇਦਾਰ ਨੇ ਕਿਹਾ ਕਿ ਅਜਿਹੇ ਸਮਾਗਮ ਜਿੱਥੇ ਸਾਨੂੰ ਆਪਣੀ ਪਿਛੋਕੜ ਅਤੇ ਸ਼ਹੀਦ ਸਿੰਘਾਂ ਨੂੰ ਯਾਦ ਕਰਨ ਵਿੱਚ ਸਹਾਈ ਹੁੰਦੇ ਹਨ ਉਥੇ ਹੀ ਸਾਡੇ ਬੱਚਿਆਂ ਨੂੰ ਆਪਣੇ ਵਿਰਸੇ ਤੇ ਵਿਰਾਸਤ ਨਾਲ ਜੋੜ ਲਈ ਵੀ ਚੰਗੇ ਉਪਰਾਲੇ ਹਨ।

ਇਸ ਦੇ ਨਾਲ ਹੀ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੇਵਾਦਾਰ ਵੀ ਵਡਿਆਈ ਦੇ ਪਾਤਰ ਹਨ। ਸਮਾਗਮ ਉਪਰੰਤ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਹੈੱਡ ਗ੍ਰੰਥੀ ਬਾਬਾ ਬੁੱਢਾ ਜੀ ਬੀੜ ਸਾਹਿਬ, ਬਾਬਾ ਨਿਰੰਜਣ ਸਿੰਘ ਪੰਜਵੜ, ਬਾਬਾ ਬਾਜ ਸਿੰਘ ਗੱਗੋਬੂਹਾ, ਸਰਪੰਚ ਮਨਜੀਤ ਸਿੰਘ ਮੰਨਾ, ਭਾਈ ਸ਼ਮਸ਼ੇਰ ਸਿੰਘ ਭੋਜੀਆ, ਸਾਬਕਾ ਰਿਸੀਵਰ ਕਰਮਜੀਤ ਸਿੰਘ ਢਿੱਲੋਂ ਅਤੇ ਗੁਰਦੁਆਰਾ ਕਮੇਟੀ ਪ੍ਰਬੰਧਕਾਂ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।

# ਗੁ: ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ

ਝਬਾਲ, (ਹਰਜਿੰਦਰ ਸਿੰਘ ਸੋਨੀ)- ਮਾਝੇ ਦੇ ਪ੍ਰਸਿੱਧ ਇਤਿਹਾਸਕ ਅਸਥਾਨ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਭਾਦਰੋਂ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ।ਇਸ ਮੌਕੇ ਸ੍ਰੀ



ਅਖੰਡ ਪਾਠ ਸਾਹਿਬ ਜੀ ਦੇ ਪਾਏ ਗਏ ਭੋਗ ਅਤੇ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਹੈੱਡ ਗ੍ਰੰਥੀ ਵੱਲੋਂ ਕਥਾ ਵਿਚਾਰਾਂ ਕੀਤੀਆਂ ਗਈਆਂ ਉਪਰੰਤ ਮੀਰੀ ਪੀਰੀ ਹਾਲ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ ਪੰਜ ਪਿਆਰਿਆਂ ਸਹਿਬਾਨ ਪਾਸੋਂ 18 ਪ੍ਰਾਣੀ ਖੰਡੇ ਬਾਟੇ ਦਾ ਪਾਹੁਲ ਛਕ ਕੇ ਬਾਣੀ ਬਾਣੇ ਦੇ ਧਾਰਨੀ ਬਣੇ ਜਿਨ੍ਹਾਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ।ਮੈਨੇਜਰ ਧਰਵਿੰਦਰ ਸਿੰਘ ਮਾਣੋਚਾਹਲ ਅਤੇ ਹੈੱਡ ਗ੍ਰੰਥੀ ਸਹਿਬਾਨ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਗਰਾਂਦ ਦੇ ਪਵਿੱਤਰ ਦਿਹਾੜੇ 'ਤੇ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਹੈ।

# ਮਾਨ ਸਰਕਾਰ ਨੇ ਲੋਕਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਮਾਰਨ ਤੋਂ ਬਚਾਇਆ : ਅਮਰਬੀਰ ਸਿੰਘ

ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ



ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਉਪਰਾਲੇ ਲਾਹੇਵੰਦ ਸਾਬਤ ਹੋ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਅਧੀਨ ਪੈਂਦੇ ਪਿੰਡ ਡਾਰੀਕੇ ਦੇ ਬਲਾਕ ਪ੍ਰਧਾਨ ਸਰਦਾਰ ਅਮਰਬੀਰ ਸਿੰਘ ਨੇ ਕੀਤਾ। ਅਮਰਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਪ੍ਰਸ਼ਾਸਨਿਕ ਪੱਧਰ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਬਲਾਕ ਪ੍ਰਧਾਨ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰਾਂ ਤੋਂ ਰਾਹਤ ਦਿਵਾ ਕੇ ਉਨ੍ਹਾਂ ਨੂੰ ਵੱਧ ਤੋਂ ਵੱਧ ਸਰਕਾਰੀ ਸੇਵਾਵਾਂ ਅਤੇ ਸਹੂਲਤਾਂ ਉਨ੍ਹਾਂ ਦੇ ਨੇੜੇ ਜਾਂ ਘਰ-ਘਰ ਤੱਕ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।

# ਹਲਕਾ ਭੋਆ 'ਚ ਕਰੀਬ 425 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਕਾਰਜ ਜਾਰੀ : ਕਟਾਰੂਚੱਕ

ਪਠਾਨਕੋਟ, (ਦਵਿੰਦਰ ਸਿੰਘ)- ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫ਼ਤਰ, ਸਰਨਾ ਵਿਖੇ ਇੱਕ ਮਹੱਤਵਪੂਰਨ



ਸਮੀਖਿਆ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਵਿਧਾਨ ਸਭਾ ਹਲਕਾ ਭੋਆ ਸਮੇਤ ਜ਼ਿਲ੍ਹਾ ਪਠਾਨਕੋਟ ਵਿੱਚ ਚੱਲ ਰਹੇ ਸੜਕਾਂ ਦੇ ਨਿਰਮਾਣ, ਸੜਕਾਂ ਦੀ ਕਨੈਕਟੀਵਿਟੀ ਵਿੱਚ ਸੁਧਾਰ, ਬਿਜਲੀ ਸਪਲਾਈ ਨੂੰ ਹੋਰ ਮਜ਼ਬੂਤ ਕਰਨ, ਨਵੇਂ ਬਿਜਲੀ ਫੀਡਰ ਸਥਾਪਤ ਕਰਨ, ਟ੍ਰਾਂਸਫਾਰਮਰਾਂ ਦੀਆਂ ਲੋੜਾਂ ਪੂਰੀਆਂ ਕਰਨ ਅਤੇ ਮੰਡੀ ਬੋਰਡ ਵੱਲੋਂ ਕਰਵਾਏ ਜਾ ਰਹੇ ਸੜਕਾਂ ਦੇ ਕੰਮਾਂ ਸਬੰਧੀ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਹਦਾਇਤ ਕੀਤੀ ਕਿ ਲੋਕ ਹਿੱਤ ਨਾਲ ਸਬੰਧਤ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਪੂਰੇ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸੜਕਾਂ ਅਤੇ ਬਿਜਲੀ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਸਿੱਧਾ ਸਬੰਧ ਆਮ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਹੈ, ਇਸ ਲਈ ਇਨ੍ਹਾਂ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਬੇਲੋੜੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਵਿੱਚ ਹਲਕਾ ਭੋਆ ਅਤੇ ਪੂਰੇ ਪਠਾਨਕੋਟ ਜ਼ਿਲ੍ਹੇ ਨਾਲ ਸਬੰਧਤ ਸੜਕਾਂ ਅਤੇ ਬਿਜਲੀ ਦੇ ਕੰਮਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹਲਕੇ ਦੇ ਵੱਖ-ਵੱਖ ਇਲਾਕਿਆਂ ਵਿੱਚ ਲਗਭਗ 11 ਤੋਂ 12 ਨਵੇਂ ਬਿਜਲੀ ਫੀਡਰ ਸਥਾਪਤ ਕੀਤੇ ਜਾਣੇ ਹਨ ਅਤੇ ਕਈ ਥਾਵਾਂ 'ਤੇ ਇਨ੍ਹਾਂ ਦਾ ਕੰਮ ਪਹਿਲਾਂ ਹੀ ਚੱਲ ਰਿਹਾ ਹੈ। ਭੜੋਲੀ, ਰਛਪਾਲਮਾ ਅਤੇ ਹੋਰ ਇਲਾਕਿਆਂ ਵਿੱਚ ਨਵੇਂ ਫੀਡਰਾਂ ਦੀ ਸਥਾਪਨਾ ਸਬੰਧੀ ਵੀ ਅਧਿਕਾਰੀਆਂ ਤੋਂ ਪ੍ਰਗਤੀ ਰਿਪੋਰਟ ਲਈ ਗਈ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਠਾਨਕੋਟ ਜ਼ਿਲ੍ਹੇ ਲਈ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਾਸਤੇ ਮੁਹੱਈਆ ਕਰਵਾਏ ਗਏ ਕਰੀਬ 100 ਕਰੋੜ ਰੁਪਏ ਦੇ ਫੰਡਾਂ ਸਬੰਧੀ ਵੀ ਮੀਟਿੰਗ ਵਿੱਚ ਸਮੀਖਿਆ ਕੀਤੀ ਗਈ।ਉਨ੍ਹਾਂ ਕਿਹਾ ਕਿ ਹਲਕਾ ਭੋਆ ਵਿੱਚ ਵੱਡੇ ਪੱਧਰ 'ਤੇ ਸੜਕਾਂ ਦੇ ਨਿਰਮਾਣ ਅਤੇ ਸੁਧਾਰ ਦੇ ਕੰਮ ਚੱਲ ਰਹੇ ਹਨ।

ਉਨ੍ਹਾਂ ਅਨੁਸਾਰ ਹਲਕੇ ਵਿੱਚ ਕਰੀਬ 425 ਕਰੋੜ ਰੁਪਏ ਦੀ ਲਾਗਤ ਵਾਲੇ ਸੜਕ ਵਿਕਾਸ ਕਾਰਜ ਚੱਲ ਰਹੇ ਹਨ। ਬਰਸਾਤ ਉਨ੍ਹਾਂ ਕਿਹਾ ਕਿ ਮੰਡੀ ਬੋਰਡ ਵੱਲੋਂ ਬਣਾਈਆਂ ਜਾ ਰਹੀਆਂ ਸੜਕਾਂ ਦੀ ਗੁਣਵੱਤਾ ਅਤੇ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ ਹੈ।

# ਐਡਵੋਕੇਟ ਧਾਮੀ ਵੱਲੋਂ 21 ਦੇ ਪੰਜਾਬ ਬੰਦ ਦੇ ਸਮਰਥਨ ਦਾ ਐਲਾਨ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੌਮੀ ਇਨਸਾਫ਼ ਮੋਰਚੇ ਵੱਲੋਂ 21 ਅਗਸਤ ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਪਹਿਲਾਂ ਤੋਂ



ਨਿਰਧਾਰਤ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 21 ਅਗਸਤ ਦੀ ਥਾਂ 22 ਅਗਸਤ ਨੂੰ ਕਰਨ ਦਾ ਫੈਸਲਾ ਕੀਤਾ ਹੈ।ਇਸ ਸਬੰਧੀ ਜਾਰੀ ਪ੍ਰੈੱਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 21 ਅਗਸਤ ਨੂੰ ਰੱਖੀ ਗਈ ਸੀ, ਜੋ ਹੁਣ 22 ਅਗਸਤ ਨੂੰ ਸਵੇਰੇ 11:00 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬੰਦੀ ਸਿੰਘਾਂ ਦੀ ਰਿਹਾਈ ਲਈ ਜਿਥੇ ਆਪ ਹਮੇਸ਼ਾ ਯਤਨਸ਼ੀਲ ਰਹੀ ਹੈ, ਉਥੇ ਹੀ ਇਸ ਕਾਰਜ ਲਈ ਹਰ ਸੰਘਰਸ਼ ਦਾ ਪੂਰਨ ਰੂਪ ਵਿਚ ਸਮਰਥਨ ਵੀ ਕਰਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਥਾਂ ਇਸ ਸਬੰਧੀ ਸੰਘਰਸ਼ ਕਰਨ ਵਾਲਿਆਂ ਦੀ ਆਵਾਜ਼ ਨੂੰ ਹੀ ਦਬਾਉਣਾ ਚਾਹੁੰਦੀ ਹੈ, ਜਿਸ ਦਾ ਇਨਸਾਫ਼ ਪਸੰਦ ਹਰ ਵਿਅਕਤੀ ਨੂੰ ਵਿਰੋਧ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਬੰਦ ਦੇ ਸਮਰਥਨ ਵਿਚ 21 ਅਗਸਤ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੇ ਸਮੂਹ ਅਦਾਰੇ ਵੀ ਬੰਦ ਰੱਖੇ ਜਾਣਗੇ।



ਸ਼੍ਰੀ ਸ਼ਿਆਮ ਪ੍ਰਭੂ ਜੀ ਖਾਟੂ ਵਾਲੇ ਦੇ ਸਾਵਨ ਝੂਲਾ ਮਹਾਉਤਸਵ ਮੌਕੇ ਵੱਡਾ ਮੰਦਰ ਸ਼੍ਰੀ ਰਘੁਨਾਥ ਵਿਖੇ ਆਸ਼ੀਰਵਾਦ ਲੈਂਦੇ ਹੋਏ ਭਾਰਤੀ ਵਪਾਰ ਮੰਡਲ ਦੇ ਪੰਜਾਬ ਪ੍ਰਧਾਨ ਰਾਜੀਵ ਅਨੇਜਾ, ਨਾਲ ਹਨ ਸਮਾਜ ਸੇਵਕ ਵਿਜੇ ਸਿੰਘਾਨੀਆ ਅਤੇ ਹੋਰ।
(ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)



ਛੇਹਰਟਾ-ਹਰਿਆਲੀ ਤੀਜ ਮਨਾਉਣ ਮੌਕੇ ਕੌਸ਼ੱਲਿਆ ਦੇਵੀ, ਕਿਰਨ ਕੁਮਾਰੀ, ਆਸ਼ਾ, ਸੁਨੀਤਾ, ਸੋਨੀਆ, ਜੋਤੀ, ਨਿਰਮਲਾ ਤੇ ਹੋਰ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

ਨਵਾਂ ਜ਼ਮਾਨਾ

ਬੁੱਧਵਾਰ, 19 ਅਗਸਤ 2026

# ਸਹਿਮੀ ਸਰਕਾਰ

*ਇਸ ਸਾਲ ਮਾਰਚ ਅਤੇ ਜੁਲਾਈ ਦੇ ਵਿਚਕਾਰ ਸਰਕਾਰ ਅਤੇ ਇਸ ਦੀਆਂ ਏਜੰਸੀਆਂ ਵੱਲੋਂ ਇੰਸਟਾਗ੍ਰਾਮ, ਫੇਸਬੁੱਕ ਅਤੇ ਯੂਟਿਊਬ ਨੂੰ ਆਨਲਾਈਨ ਸਮੱਗਰੀ ਨੂੰ ਸੀਮਤ ਕਰਨ ਲਈ ਜਾਰੀ ਕੀਤੇ ਗਏ ਆਦੇਸ਼ਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਇਨ੍ਹਾਂ ਆਦੇਸ਼ਾਂ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਪੋਸਟਾਂ, ਵੀਡੀਓ ਅਤੇ ਖਾਤਿਆਂ ਨੂੰ ਬਲਾਕ ਕਰਨ ਲਈ ਕਿਹਾ ਗਿਆ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਇੰਡੀਅਨ ਐਕਸਪ੍ਰੈਸ' ਵੱਲੋਂ ਕੀਤੀ ਗਈ ਖੋਜ ਮੁਤਾਬਕ ਔਸਤਨ ਹਰ 68 ਸਕਿੰਟਾਂ ਵਿੱਚ ਇੱਕ ਬਲਾਕਿੰਗ ਆਰਡਰ ਜਾਰੀ ਕੀਤਾ ਗਿਆ। ਰੋਜ਼ਾਨਾ ਲੱਗਭੱਗ 1,275 ਅਤੇ ਸਿਰਫ ਪੰਜ ਮਹੀਨਿਆਂ ਵਿੱਚ ਲੱਗਭੱਗ 1.95 ਲੱਖ ਆਰਡਰ। ਇਹ ਉਹ ਸਮਾਂ ਸੀ ਜਦੋਂ ਪੇਪਰ ਲੀਕ ਅਤੇ ਪ੍ਰੀਖਿਆ ਵਿੱਚ ਬੇਨੇਮੀਆਂ ਵਿਰੁੱਧ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਹੋਏ। ਇਹ ਪ੍ਰਦਰਸ਼ਨ ਜੂਨ ਦੇ ਸ਼ੁਰੂ ਵਿੱਚ ਸ਼ੁਰੂ ਹੋਏ ਸਨ ਅਤੇ 25 ਜੁਲਾਈ ਨੂੰ ਤੱਤਕਾਲੀ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨਾਲ ਖਤਮ ਹੋਏ।*

*ਪਿਛਲੇ ਸਾਲ ਪ੍ਰਾਪਤ ਕੀਤੇ ਗਏ ਆਰ ਟੀ ਆਈ ਰਿਕਾਰਡਾਂ ਮੁਤਾਬਕ ਅਕਤੂਬਰ 2024 ਅਤੇ ਅਕਤੂਬਰ 2025 ਦੇ ਵਿਚਕਾਰ, 'ਸਹਿਯੋਗ' ਪੋਰਟਲ ਰਾਹੀਂ 19 ਆਨਲਾਈਨ ਪਲੇਟਫਾਰਮਾਂ 'ਤੇ ਕੁੱਲ 2,312 ਬਲਾਕਿੰਗ ਆਰਡਰ ਭੇਜੇ ਗਏ ਸਨ। ਇਸ ਦਾ ਅਰਥ ਹੈ ਪ੍ਰਤੀ ਦਿਨ ਔਸਤਨ ਛੇ ਆਰਡਰ। ਇੱਕ ਸੀਨੀਅਰ ਸਰਕਾਰੀ ਅਧਿਕਾਰੀ ਨੇ ਦੱਸਿਆ ਕਿ ਇਸ ਸਾਲ ਬਲਾਕਿੰਗ ਆਦੇਸ਼ਾਂ ਦਾ ਇੱਕ ਮਹੱਤਵਪੂਰਨ ਹਿੱਸਾ ਵਿਰੋਧ ਪ੍ਰਦਰਸ਼ਨਾਂ ਦੌਰਾਨ ਜਾਰੀ ਕੀਤਾ ਗਿਆ ਸੀ, ਖਾਸ ਕਰਕੇ ਜਦੋਂ ਇੰਸਟਾਗ੍ਰਾਮ 'ਤੇ ਵਿਦਿਆਰਥੀ ਅੰਦੋਲਨ ਨੇ ਰਫਤਾਰ ਫੜੀ। ਤਿੰਨ ਪਲੇਟਫਾਰਮਾਂ ਵਿੱਚੋਂ ਇੰਸਟਾਗ੍ਰਾਮ ਨੂੰ ਸਭ ਤੋਂ ਵੱਧ ਲੱਗਭੱਗ 100,000 ਬਲਾਕਿੰਗ ਆਰਡਰ ਭੇਜੇ ਗਏ, ਜੋ ਕੁੱਲ ਦਾ ਅੱਧੇ ਤੋਂ ਵੱਧ ਹਨ। ਫੇਸਬੁੱਕ ਨੂੰ ਲੱਗਭੱਗ 80,000 ਅਤੇ ਯੂਟਿਊਬ ਨੂੰ ਲੱਗਭੱਗ 15,000 ਆਰਡਰ ਕੱਢੇ ਗਏ। ਮੈਟਾ ਦੀ ਮਲਕੀਅਤ ਵਾਲੇ ਫੇਸਬੁੱਕ ਅਤੇ ਇੰਸਟਾਗ੍ਰਾਮ ਨੇ ਮਿਲ ਕੇ ਤਿੰਨਾਂ ਪਲੇਟਫਾਰਮਾਂ ਨੂੰ ਭੇਜੇ ਗਏ ਕੁੱਲ ਆਰਡਰਾਂ ਦਾ ਲੱਗਭੱਗ 90 ਫੀਸਦੀ ਹਿੱਸਾ ਪਾਇਆ।*

*ਇਹ ਸਮਝਣਾ ਮਹੱਤਵਪੂਰਨ ਹੈ ਕਿ ਇਹ ਅੰਕੜੇ ਬਲਾਕਿੰਗ ਆਰਡਰਾਂ ਦੀ ਗਿਣਤੀ ਨੂੰ ਦਰਸਾਉਂਦੇ ਹਨ, ਨਾ ਕਿ ਬਲਾਕ ਕੀਤੀਆਂ ਪੋਸਟਾਂ ਜਾਂ ਖਾਤਿਆਂ ਦੀ ਗਿਣਤੀ। ਇੱਕ ਸਿੰਗਲ ਆਰਡਰ ਵਿੱਚ ਸੈਂਕੜੇ ਵਿਅਕਤੀਗਤ ਪੋਸਟਾਂ ਜਾਂ ਖਾਤਿਆਂ ਨੂੰ ਹਟਾਉਣਾ ਸ਼ਾਮਲ ਹੋ ਸਕਦਾ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਹੁਕਮ ਗ੍ਰਹਿ ਮੰਤਰਾਲੇ ਦੇ 'ਸਹਿਯੋਗ' ਪੋਰਟਲ ਰਾਹੀਂ ਜਾਰੀ ਕੀਤੇ ਗਏ, ਜੋ ਸਰਕਾਰ ਅਤੇ ਰਾਜ ਏਜੰਸੀਆਂ ਨੂੰ ਸੋਸ਼ਲ ਮੀਡੀਆ ਕੰਪਨੀਆਂ ਨੂੰ ਸਮੱਗਰੀ ਹਟਾਉਣ ਲਈ ਨਿਰਦੇਸ਼ ਭੇਜਣ ਦੀ ਆਗਿਆ ਦਿੰਦਾ ਹੈ।*

*ਗ੍ਰਹਿ ਮੰਤਰਾਲੇ ਦੀ 2024-25 ਦੀ ਸਾਲਾਨਾ ਰਿਪੋਰਟ ਮੁਤਾਬਕ ਮਾਰਚ 2025 ਨੂੰ ਖਤਮ ਹੋਏ ਸਾਲ ਵਿੱਚ ਸੂਚਨਾ ਤਕਨਾਲੋਜੀ (ਆਈ ਟੀ) ਐਕਟ ਦੀ ਧਾਰਾ 79 (3) (ਬੀ) ਦੇ ਤਹਿਤ 111,000 ਤੋਂ ਵੱਧ 'ਸ਼ੱਕੀ ਔਨਲਾਈਨ ਸਮੱਗਰੀ' ਨੂੰ ਬਲਾਕ ਕੀਤਾ ਗਿਆ ਸੀ। ਇਸ ਵਿੱਚ ਸਹਿਯੋਗ ਪੋਰਟਲ ਰਾਹੀਂ ਕੀਤੀਆਂ ਗਈਆਂ ਕਾਰਵਾਈਆਂ ਸ਼ਾਮਲ ਸਨ।*

*ਬਲਾਕਿੰਗ ਆਰਡਰਾਂ ਦੀ ਗਿਣਤੀ ਕਹਾਣੀ ਦਾ ਸਿਰਫ ਇੱਕ ਪਹਿਲੂ ਹੈ। ਦੂਜਾ ਮਹੱਤਵਪੂਰਨ ਪਹਿਲੂ ਇਹ ਹੈ ਕਿ ਮੈਟਾ ਇਨ੍ਹਾਂ ਆਰਡਰਾਂ ਨੂੰ ਕਿਵੇਂ ਸੰਭਾਲ ਰਿਹਾ ਹੈ। ਦਰਅਸਲ, ਮੈਟਾ ਨੇ ਆਪਣੇ ਏ ਪੀ ਆਈ (ਐਪਲੀਕੇਸ਼ਨ ਪ੍ਰੋਗਰਾਮਿੰਗ ਇੰਟਰਫੇਸ) ਨੂੰ ਸਹਿਯੋਗ ਪੋਰਟਲ ਨਾਲ ਜੋੜਿਆ ਹੈ, ਤਾਂ ਜੋ ਸਰਕਾਰ ਵੱਲੋਂ ਨਿਰਧਾਰਤ ਤਿੰਨ ਘੰਟਿਆਂ ਦੀ ਸਮਾਂ ਸੀਮਾ ਦੇ ਅੰਦਰ ਸਮੱਗਰੀ ਨੂੰ ਹਟਾਉਣਾ ਯਕੀਨੀ ਬਣਾਇਆ ਜਾ ਸਕੇ। ਇਹ ਸਮੱਗਰੀ ਸਰਕਾਰੀ ਆਦੇਸ਼ਾਂ ਦੁਆਰਾ ਸਹਿਯੋਗ ਪੋਰਟਲ 'ਤੇ ਪਛਾਣੀ ਗਈ ਸਮੱਗਰੀ ਨੂੰ ਕੰਪਨੀ ਦੁਆਰਾ ਵੱਖਰੀ ਮਨੁੱਖੀ ਸਮੀਖਿਆ ਦੀ ਲੋੜ ਤੋਂ ਬਿਨਾਂ ਮੈਟਾ ਦੇ ਪਲੇਟਫਾਰਮਾਂ ਤੋਂ ਆਪਣੇ-ਆਪ ਹਟ ਜਾਂਦੀ ਹੈ। ਇਸ ਸਿਸਟਮ ਵਿੱਚ ਮੈਟਾ ਕੋਲ ਕਿਸੇ ਵੀ ਸਮੱਗਰੀ ਨੂੰ ਹਟਾਉਣ ਤੋਂ ਪਹਿਲਾਂ ਸਰਕਾਰੀ ਆਦੇਸ਼ ਦੀ ਸਮੀਖਿਆ ਕਰਨ ਜਾਂ ਇਤਰਾਜ਼ ਕਰਨ ਦਾ ਮੌਕਾ ਨਹੀਂ ਹੈ।*

*ਸੋਸ਼ਲ ਮੀਡੀਆ 'ਤੇ ਉਪਭੋਗਤਾਵਾਂ ਦੁਆਰਾ ਸਾਂਝੀ ਕੀਤੀ ਗਈ ਜਾਣਕਾਰੀ ਮੁਤਾਬਕ ਇੰਸਟਾਗ੍ਰਾਮ ਕਾਰਵਾਈ ਨੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦਾ ਸਮਰਥਨ ਕਰਨ ਵਾਲੀਆਂ ਕਈ ਪੋਸਟਾਂ, ਸਰਕਾਰ ਦੀ ਈਥਾਨੌਲ-ਫਿਊਲ ਮਿਸ਼ਰਣ ਨੀਤੀ ਦੀ ਆਲੋਚਨਾ ਕਰਨ ਵਾਲੀ ਸਮੱਗਰੀ ਅਤੇ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਨਾਲ ਸੰਬੰਧਤ ਸਮੱਗਰੀ ਨੂੰ ਨਿਸ਼ਾਨਾ ਬਣਾਇਆ। ਇਸ ਵਿੱਚ ਡੀਪਫੇਕ ਸਮੱਗਰੀ ਸ਼ਾਮਲ ਸੀ। ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਵੀ ਕਿਹਾ ਸੀ ਕਿ ਉਨ੍ਹਾਂ ਦੀਆਂ ਕੁਝ ਇੰਸਟਾਗ੍ਰਾਮ ਪੋਸਟਾਂ ਭਾਰਤ ਵਿੱਚ ਬਲਾਕ ਕਰ ਦਿੱਤੀਆਂ ਗਈਆਂ ਸਨ।*

*ਮੈਟਾ ਦਾ ਏ ਪੀ ਆਈ ਆਟੋਮੈਟਿਕ ਸਿਸਟਮ ਚਿੰਤਾ ਪੈਦਾ ਕਰਦਾ ਹੈ, ਕਿਉਂਕਿ ਉਸ ਨੂੰ ਜਿਹੜੀ ਸਮੱਗਰੀ ਬਲਾਕ ਕਰਨ ਦਾ ਆਰਡਰ ਮਿਲਦਾ ਹੈ, ਉਹ ਉਸ ਦੀ ਸਮੀਖਿਆ ਕੀਤੇ ਬਿਨਾਂ ਹੀ ਹਟਾ ਦਿੰਦਾ ਹੈ। ਇਸ ਦਾ ਸਰਕਾਰ ਨੂੰ ਇਹ ਲਾਭ ਮਿਲਦਾ ਹੈ ਕਿ ਉਹ ਜਿਹੜੀ ਸਮੱਗਰੀ ਚਾਹੇ, ਤੁਰੰਤ ਹਟਵਾ ਲੈਂਦੀ ਹੈ। ਮੈਟਾ ਵੱਲੋਂ ਇਹ ਵੀ ਨਹੀਂ ਦੇਖਿਆ ਜਾਂਦਾ ਕਿ ਕੀ ਆਦੇਸ਼ ਨਿਰਧਾਰਤ ਅਹੁਦੇ ਦੇ ਅਧਿਕਾਰੀ ਤੋਂ ਆਇਆ ਹੈ ਜਾਂ ਕੀ ਇਹ ਸੋਧੇ ਹੋਏ ਨਿਯਮਾਂ ਦੇ ਤਹਿਤ ਲੋੜੀਂਦੇ ਕਾਰਨ ਪ੍ਰਦਾਨ ਕਰਦਾ ਹੈ। ਖੈਰ, ਸਰਕਾਰ ਵੱਲੋਂ ਧੜਾਧੜ ਜਾਰੀ ਆਰਡਰ ਦਰਸਾਉਂਦੇ ਹਨ ਕਿ ਉਹ ਆਪਣੇ ਵਿਰੁੱਧ ਹੁੰਦੀ ਪ੍ਰਤੀਕਿਰਿਆ ਤੋਂ ਕਿੰਨੀ ਸਹਿਮੀ ਹੋਈ ਹੈ।*

# ਪੰਜਾਬ : ਦੁਖਾਂਤ, ਮਾਣ ਅਤੇ ਸੰਘਰਸ਼



ਗੁਰਮੀਤ ਸਿੰਘ ਪਲਾਹੀ

ਇਹ ਉਹੀ ਪੰਜਾਬ ਹੈ, ਜਿਸ ਨੇ ਲਾਸ਼ਾਂ ਵੇਖੀਆਂ ਹਨ। ਲਾਸ਼ਾਂ ਜਿਹੇ ਲੋਕ ਵੇਖੇ ਹਨ। ਇਹ ਉਹੀ ਪੰਜਾਬ ਹੈ, ਜੋ ਆਪਣੇ ਦੁੱਖਾਂ ਦੀਆਂ ਕਹਾਣੀਆਂ ਕਹਿੰਦੇ-ਕਹਿੰਦੇ ਥੱਕ ਚੁੱਕਾ ਹੈ। ਇਹ ਉਹੀ ਪੰਜਾਬ ਹੈ, ਜਿਸ ਨੇ ਦੇਸ਼ ਦੀ ਵੰਡ ਵੇਲੇ ਵੱਡਾ ਦੁੱਖ ਆਪਣੇ ਪਿੰਡੇ 'ਤੇ ਝੱਲਿਆ ਅਤੇ ਇਹ ਉਹੀ ਪੰਜਾਬ ਹੈ, ਜਿਹੜਾ ਉਨ੍ਹਾਂ ਦਿਨਾਂ ਨੂੰ ਜਦੋਂ ਯਾਦ ਕਰਦਾ ਹੈ, ਕੰਬ ਉੱਠਦਾ ਹੈ, ਜਦੋਂ '47 ਵਾਪਰਿਆ, ਜਦੋਂ '84 ਵਾਪਰਿਆ।

ਉਸ ਸਮੇਂ ਝੜਪਾਂ, ਝਗੜਿਆਂ, ਗੋਲੀਆਂ ਦੇ ਵਿਚਕਾਰ ਫੈਲਿਆ ਘੋਰ ਹਨੇਰਾ ਸਮੇਂ ਦੇ ਇਤਿਹਾਸ ਬਰਾਬਰ ਸੀ। ਦਿਨ ਹੋਏ ਜਾਂ ਰਾਤ, ਹਵਾ ਇਸ ਤਰ੍ਹਾਂ ਸਾਂ-ਸਾਂ ਕਰਦੀ ਸੀ, ਜਿਵੇਂ ਇਤਿਹਾਸ ਦੇ ਪੱਲੂ ਵਿੱਚ ਬੈਠ ਕੇ ਰੋ ਰਹੀ ਹੋਵੇ । ਇਹ ਪੰਜਾਬ ਉਹੀ ਹੈ, ਜਿੱਥੇ ਦੁੱਖਾਂ ਦੇ ਦਰੱਖਤ ਉਸ ਦੇ ਸੀਨੇ 'ਚ ਉੱਗੇ ਸਨ । ਇਹ ਦਰੱਖਤ ਹਾਲੇ ਤੱਕ ਢਹੇ ਨਹੀਂ, ਡਿੱਗੇ ਵੀ ਨਹੀਂ। ਕਿਧਰੇ ਨਾ ਕਿਧਰੇ ਜਿਉਂਦੇ ਹਨ ਪੰਜਾਬ ਦੇ ਮਨ ਦੇ ਕਿਸੇ ਨਾ ਕਿਸੇ ਕੋਨੇ 'ਚ, ਪਰ ਕੀ ਕਦੇ ਕਿਸੇ ਇਸ ਦਰਦਾਂ ਭਰੇ, ਭਾਵਨਾ ਭਰਪੂਰ ਪੰਜਾਬ ਨੂੰ ਸਮਝਦਾਰੀ ਤੇ ਗੰਭੀਰਤਾ ਨਾਲ ਦੇਖਿਆ ?

ਦੇਸ਼ ਦੀ ਹਰ ਵੱਡੀ-ਛੋਟੀ ਸਿਆਸੀ ਧਿਰ ਨੇ ਵੋਟਾਂ ਦੀ ਖਾਤਰ ਇਸ ਦਾ ਮੁੱਲ ਲਾਇਆ। ਕਿਸੇ ਨੇ ਨਾ ਇਸ ਦੀ ਬਾਤ ਪੁੱਛੀ ਨਾ ਇਸ ਨੂੰ ਪੁਚਕਾਰਿਆ। ਜਦੋਂ ਕਦੇ ਇਸ ਆਪਣੇ ਦੁੱਖ ਉਜਾਗਰ ਕਰਨੇ ਚਾਹੇ, ਸੱਤਾ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਕਿ ਉਹ ਨੂੰ ਪੀੜਿਆ ਜਾ ਰਿਹਾ ਹੈ, ਉਹ ਦੇਸ਼ ਧ੍ਰੋਹੀ ਅਖਵਾਇਆ।

ਪੰਜਾਬ ਦੇ ਪਿੰਡੇ 'ਚੋਂ ਉੱਠਿਆ ਕਿਸਾਨ ਅੰਦੋਲਨ ਪੰਜਾਬ ਦੇ ਲੋਕਾਂ ਦੀ ਸਹਿਮਤੀ ਦਾ ਅੰਦੋਲਨ ਸੀ। ਪੰਜਾਬ ਨੇ ਸਮਝਾਉਣ ਦੀ ਕੋਸ਼ਿਸ਼ ਕੀਤੀ ਕਿ ਉਸ ਦਾ ਪਿੰਡਾ ਚੀਰਿਆ ਜਾ ਰਿਹਾ । ਉਸ ਨੇ ਇਹ ਸਮਝਾਉਣ ਦਾ ਯਤਨ ਵੀ ਕੀਤਾ ਕਿ ਸੱਤਾ 'ਚ ਅਸਹਿਮਤੀ ਦੇਸ਼ ਧ੍ਰੋਹੀ ਨਹੀਂ ਹੁੰਦਾ ਤੇ ਸੱਤਾ ਵਿੱਚ ਸਹਿਮਤੀ ਦੇਸ਼ ਭਗਤੀ ਵੀ ਨਹੀਂ ਹੁੰਦੀ, ਪਰ ਉਨ੍ਹਾਂ ਦੀ ਗੱਲ ਕਿਸ ਨੇ ਸੁਣੀ ?

ਉਹ ਖਾਲਿਸਤਾਨੀ ਤੇ ਅੰਦੋਲਨ ਜੀਵੀ ਅਖਵਾਏ। ਇਹ ਵਿਖਾ ਕੇ ਉਹ ਘਰਾਂ ਨੂੰ ਪਰਤ ਆਏ ਕਿ ਪੰਜਾਬ ਕਦੇ ਹਾਰਦਾ ਨਹੀਂ, ਝੁਕਦਾ ਨਹੀਂ ਅਤੇ ਆਪਣੇ ਹੱਕਾਂ ਖਾਤਰ ਮਰਨ ਦਾ ਹੌਸਲਾ ਰੱਖਦਾ ਹੈ ਅਤੇ ਅਸੰਭਵ ਨੂੰ ਸੰਭਵ ਕਰਨ ਦੀ ਤਾਕਤ ਉਸ ਦੀ ਮਿੱਟੀ 'ਚ ਹਾਲੇ ਵੀ ਹੈ, ਜਿਹੜੀ ਸਦੀਆਂ ਤੋਂ ਉਸਨੂੰ ਅਨੋਖੀ ਤਾਕਤ ਬਖਸ਼ਦੀ ਰਹੀ ਹੈ। ਸੇਵਾ, ਸਮਰਪਣ, ਕੁਰਬਾਨੀ ਦੀ ਤਾਕਤ ।

1947 ਵਿੱਚ ਵਾਪਰੇ ਬਟਵਾਰੇ ਦਾ ਖ਼ੂਨੀ ਦੁਖਾਂਤ ਭਾਰਤੀ ਇਤਿਹਾਸ ਦਾ ਸਭ ਤੋਂ ਕਾਲਾ ਪੰਨਾ ਹੈ। ਇਸ ਵੰਡ ਦੀ ਸਭ ਤੋਂ ਭਾਰੀ ਕੀਮਤ ਪੰਜਾਬ ਅਤੇ ਪੰਜਾਬੀਆਂ ਨੂੰ ਆਪਣੀਆਂ ਜਾਨਾਂ, ਮਕਾਨ ਅਤੇ ਜ਼ਮੀਨਾਂ ਗੁਆ ਕੇ ਚੁਕਾਉਣੀ ਪਈ।

ਪੰਜਾਬ ਬਟਵਾਰੇ ਵੇਲੇ ਉਹਨਾਂ ਸਿਆਸਤਦਾਨਾਂ ਦੀਆਂ ਸ਼ੈਤਾਨੀਆਂ ਦਾ ਸ਼ਿਕਾਰ ਹੋਇਆ, ਜਿਹੜੇ ਲੋਕਾਂ 'ਤੇ ਹਕੂਮਤ ਕਰਨੀ ਚਾਹੁੰਦੇ ਸਨ। ਇਹਨਾਂ ਸਿਆਸਤਦਾਨਾਂ ਨੇ ਅੰਗਰੇਜ਼ਾਂ ਨਾਲ ਮਿਲੀਭੁਗਤ ਕਰਕੇ ਲੋਕਾਂ 'ਤੇ ਬਟਵਾਰਾ ਠੋਸਿਆ ਸੀ । ਇਸ ਦੀ ਕੀਮਤ ਉਹਨਾਂ ਲੋਕਾਂ ਨੂੰ ਭੁਗਤਣੀ ਪਈ, ਜਿਹਨਾਂ ਆਮ ਲੋਕਾਂ ਦੀ ਮੰਗ ਬਟਵਾਰਾ ਕਦੇ ਵੀ ਨਹੀਂ ਸੀ।

ਇਸ ਹੌਲਨਾਕ ਵਰਤਾਰੇ ਵਿੱਚ ਲੱਖਾਂ ਪੰਜਾਬੀ ਬੇਰਹਿਮੀ ਨਾਲ ਮਾਰੇ ਗਏ, ਅਣਗਿਣਤ ਜ਼ਖ਼ਮੀ ਹੋਏ ਅਤੇ ਲਗਭਗ 8 ਲੱਖ ਤੋਂ ਵੱਧ ਲੋਕ ਰਾਤੋ-ਰਾਤ ਆਪਣੇ ਘਰ-ਬਾਰ, ਜੱਦੀ-ਪੁਸ਼ਤੀ ਜ਼ਮੀਨਾਂ ਤੇ ਪੂੰਜੀ ਗੁਆ ਕੇ ਉਜੜਨ ਲਈ ਮਜਬੂਰੀ ਵੱਸ ਨਿਕਲ ਪਏ। ਇਸ ਵੱਡੇ ਉਜਾੜੇ ਅਤੇ ਜਾਨੀ-ਮਾਲੀ ਨੁਕਸਾਨ ਦੇ ਬਾਵਜੂਦ ਪੰਜਾਬੀਆਂ ਨੇ ਹਿੰਮਤ ਨਹੀਂ ਹਾਰੀ। ਪਾਕਿਸਤਾਨ ਤੋਂ ਉਜੜ ਕੇ ਆਏ ਇਹ ਮਿਹਨਤੀ ਪੰਜਾਬੀ ਦਿੱਲੀ, ਉੱਤਰ ਪ੍ਰਦੇਸ਼ ਦੇ 'ਤਰਾਈ' ਖੇਤਰ (ਜਿਵੇਂ ਪੀਲੀਭੀਤ, ਲਖੀਮਪੁਰ ਖੀਰੀ), ਹਰਿਆਣਾ, ਰਾਜਸਥਾਨ ਅਤੇ ਦੇਸ਼ ਦੇ ਹੋਰਾਂ ਸੂਬਿਆਂ ਵਿੱਚ ਜਾ ਕੇ ਵਸੇ । ਜਿੱਥੇ ਵੀ ਉਹ ਗਏ, ਉਥੇ ਬੰਜਰ ਜ਼ਮੀਨਾਂ ਨੂੰ ਵੀ ਆਪਣੀ ਅਣਥੱਕ ਮਿਹਨਤ ਨਾਲ ਜਰਖੇਜ਼ ਬਣਾ ਕੇ ਮੁੜ ਪੈਰਾਂ 'ਤੇ ਖੜ੍ਹੇ ਹੋਏ ਅਤੇ ਦੇਸ਼-ਵਿਦੇਸ਼ ਵਿੱਚ ਆਪਣੀ ਵੱਖਰੀ ਪਛਾਣ ਬਣਾਈ ।

ਪੰਜਾਬ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਰਹੀ ਹੈ ਕਿ ਇਹ ਹਮੇਸ਼ਾ ਖ਼ੁਦਗਰਜ਼ ਸਿਆਸਤਦਾਨਾਂ ਦੀਆਂ ਚਾਲਾਂ ਦਾ ਸ਼ਿਕਾਰ ਹੁੰਦਾ ਰਿਹਾ, ਜੋ ਕੇਵਲ ਸੱਤਾ ਦੀ ਕੁਰਸੀ ਹਾਸਲ ਕਰਨਾ ਚਾਹੁੰਦੇ ਸਨ। ਦੇਸ਼ ਦੀ ਆਜ਼ਾਦੀ ਵੇਲੇ ਸਿਆਸਤਦਾਨਾਂ ਨੇ ਅੰਗਰੇਜ਼ਾਂ ਨਾਲ ਮਿਲੀਭੁਗਤ ਕਰਕੇ ਆਮ ਲੋਕਾਂ 'ਤੇ ਵੰਡ ਦਾ ਕੁਹਾੜਾ ਚਲਾਇਆ । ਇਸ ਤੋਂ ਬਾਅਦ 1984 ਦਾ ਕਾਲਾ ਦੌਰ, ਸੰਤਾਪ ਅਤੇ ਅੱਤਵਾਦ ਦਾ ਭਿਆਨਕ ਦੌਰ ਵੀ ਪੰਜਾਬੀਆਂ ਦੇ ਹਿੱਸੇ ਹੀ ਆਇਆ ।

ਪੰਜਾਬ ਦੀ ਮੌਜੂਦਾ ਆਰਥਿਕਤਾ ਦੇ ਹਾਲਾਤ ਬੇਹੱਦ ਚਿੰਤਾਜਨਕ ਹਨ। ਦੇਸ਼ ਦਾ ਪੇਟ ਭਰਨ ਵਾਲਾ ਪੰਜਾਬ ਦਾ ਕਿਸਾਨ ਅੱਜ ਖ਼ੁਦ ਕਰਜ਼ੇ ਦੇ ਬੋਝ ਹੇਠ ਦੱਬਿਆ ਹੋਇਆ ਹੈ । ਇੱਕ ਅਨੁਮਾਨ ਮੁਤਾਬਕ ਪੰਜਾਬ ਦੇ 80 ਫੀਸਦੀ ਤੋਂ ਵੱਧ ਕਿਸਾਨੀ ਪਰਵਾਰ ਕਰਜ਼ਾਈ ਹਨ, ਜਿਨ੍ਹਾਂ ਵਿੱਚੋਂ ਬਹੁਤਾਤ ਛੋਟੇ ਅਤੇ ਸੀਮਾਂਤ ਕਿਸਾਨਾਂ ਦੀ ਹੈ, ਜਿਨ੍ਹਾਂ ਕੋਲ ਜ਼ਮੀਨਾਂ ਦੇ ਨਾਂਅ 'ਤੇ ਮਹਿਜ਼ ਢਾਈ ਤੋਂ ਪੰਜ ਏਕੜ ਹੀ ਬਚੇ ਹਨ। ਦੂਜੇ ਪਾਸੇ, ਸੂਬੇ ਸਿਰ ਕੁੱਲ ਕਰਜ਼ਾ 3.5 ਲੱਖ ਕਰੋੜ ਰੁਪਏ ਤੋਂ ਵੀ ਪਾਰ ਲੰਘ ਚੁੱਕਾ ਹੈ ।

ਪੰਜਾਬ ਵਿੱਚ ਖੇਤੀ 'ਤੇ ਅਧਾਰਤ ਉਦਯੋਗਾਂ ਅਤੇ ਕਾਰਖਾਨਿਆਂ ਦੀ ਪਹਿਲਾਂ ਹੀ ਭਾਰੀ ਘਾਟ ਸੀ, ਪਰ ਦੁੱਖ ਦੀ ਗੱਲ ਇਹ ਹੈ ਕਿ ਸਿਆਸਤਦਾਨਾਂ ਦੀਆਂ ਨਿਕੰਮੀਆਂ ਨੀਤੀਆਂ ਅਤੇ ਅਣਗਹਿਲੀ ਕਾਰਨ ਪੰਜਾਬ ਵਿੱਚ ਪਹਿਲਾਂ ਤੋਂ ਚੱਲ ਰਹੇ ਸਥਾਪਤ ਉਦਯੋਗ ਵੀ ਦਮ ਤੋੜ ਗਏ । ਜਲੰਧਰ ਦਾ ਵਿਸ਼ਵ ਪ੍ਰਸਿੱਧ ਖੇਡਾਂ ਦਾ ਉਦਯੋਗ (ਸਪੋਰਟਸ ਗੁੱਡਜ਼), ਲੁਧਿਆਣੇ ਤੇ ਅੰਮ੍ਰਿਤਸਰ ਦੇ ਕਢਾਈ ਤੇ ਟੈਕਸਟਾਈਲ ਦੇ ਕਾਰਖਾਨੇ ਅਤੇ ਮਾਲਵੇ ਦੀਆਂ ਕਾਟਨ ਮਿੱਲਾਂ ਸਿਆਸੀ ਅਣਦੇਖੀ ਕਾਰਨ ਹੌਲੀ-ਹੌਲੀ ਪੰਜਾਬ ਵਿੱਚੋਂ ਬਾਹਰ ਦੂਜੇ ਸੂਬਿਆਂ ਵੱਲ ਪਲਾਇਨ ਕਰ ਗਈਆਂ ।

ਸਮੇਂ-ਸਮੇਂ 'ਤੇ ਕਾਂਗਰਸ, ਅਕਾਲੀ-ਭਾਜਪਾ ਨੇ ਸੱਤਾ ਦੇ ਸੁਖ ਭੋਗੇ, ਪਰ ਈਰਖਾ, ਦਵੈਤ ਅਤੇ ਵੋਟ-ਬੈਂਕ ਦੀ ਨੀਤੀ ਨੇ ਪੰਜਾਬ ਦੇ ਸਮਾਜਿਕ ਅਤੇ ਆਰਥਿਕ ਤਾਣੇ-ਬਾਣੇ ਨੂੰ ਛੱਲਣੀ ਕਰ ਦਿੱਤਾ। ਸ਼ੁਰੂਆਤੀ ਦੌਰ ਵਿੱਚ ਖੇਤਰੀ ਪਾਰਟੀਆਂ ਨੇ ਸੂਬਾਈ ਸਵੈ-ਮੁਖਤਿਆਰੀ ਅਤੇ ਫੈਡਰਲ ਢਾਂਚੇ ਦੀ ਮਜ਼ਬੂਤੀ ਲਈ ਵੱਡੀ ਭੂਮਿਕਾ ਨਿਭਾਈ ਸੀ, ਪਰ ਸਮੇਂ ਦੇ ਨਾਲ-ਨਾਲ ਸੱਤਾ ਦੀ ਭੁੱਖ ਨੇ ਇਹਨਾਂ ਖੇਤਰੀ ਤਾਕਤਾਂ ਨੂੰ ਵੀ ਕਮਜ਼ੋਰ ਕਰ ਦਿੱਤਾ। ਸ਼੍ਰੋਮਣੀ ਅਕਾਲੀ ਦਲ, ਜੋ ਕਦੇ ਪੰਜਾਬ ਦੀਆਂ ਹੱਕੀ ਮੰਗਾਂ ਅਤੇ ਪੰਥਕ ਸੋਚ ਦਾ ਪ੍ਰਤੀਕ ਮੰਨਿਆ ਜਾਂਦਾ ਸੀ, ਅੱਜ ਕਈ ਧੜਿਆਂ ਵਿੱਚ ਵੰਡਿਆ ਜਾ ਚੁੱਕਾ ਹੈ। ਇੱਕ ਪਾਸੇ ਬਾਦਲ ਪਰਵਾਰ ਦੇ ਕਬਜ਼ੇ ਵਾਲਾ ਅਕਾਲੀ ਦਲ ਹੈ, ਜੋ ਪਰਿਵਾਰਵਾਦ ਅਤੇ ਮੌਕਾਪ੍ਰਸਤੀ ਦੀ ਰਾਜਨੀਤੀ ਕਾਰਨ ਆਮ ਪੰਜਾਬੀਆਂ ਦੇ ਵਿਸ਼ਵਾਸ ਤੋਂ ਦੂਰ ਹੋ ਚੁੱਕਾ ਹੈ, ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ/ਮਾਨ) ਅਤੇ ਹੋਰ ਅਕਾਲੀ ਧੜੇ ਹਨ, ਜੋ ਆਪਣੀਆਂ ਵੱਖੋ-ਵੱਖਰੀਆਂ ਸਰਗਰਮੀਆਂ ਨਾਲ ਪੰਜਾਬ ਦੀ ਰਾਜਨੀਤੀ ਵਿੱਚ ਹਲਚਲ ਤਾਂ ਪੈਦਾ ਕਰਦੇ ਹਨ, ਪਰ ਇੱਕਮੁੱਠ ਆਗੂਪੁਣੇ ਦੀ ਘਾਟ ਕਾਰਨ ਲੋਕਾਂ ਨੂੰ ਕੋਈ ਠੋਸ ਵਿਕਲਪ ਨਹੀਂ ਦੇ ਪਾ ਰਹੇ। ਇਹ ਸਾਰੇ ਧੜੇ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਦੀਆਂ ਵੱਖ-ਵੱਖ ਮਿਸਲਾਂ ਦੇ ਆਪਸੀ ਨਿਘਾਰ ਦੀ ਯਾਦ ਦਿਵਾਉਂਦੇ ਹਨ, ਜਿਨ੍ਹਾਂ ਦੀ ਫੁੱਟ ਦਾ ਫ਼ਾਇਦਾ ਅੰਗਰੇਜ਼ਾਂ ਨੇ ਉਠਾਇਆ ਸੀ।

ਅੱਜ ਵੀ ਉਹੀ ਇਤਿਹਾਸ ਦੁਹਰਾਇਆ ਜਾ ਰਿਹਾ ਹੈ। ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਵਿੱਚ ਆਪਣੀ ਜ਼ਮੀਨ ਤਲਾਸ਼ਣ ਲਈ ਹੋਰਨਾਂ ਪਾਰਟੀਆਂ ਦੇ ਨੇਤਾਵਾਂ ਨੂੰ ਆਪਣੇ ਨਾਲ ਮਿਲਾ ਕੇ ਖੇਤਰੀ ਤਾਕਤਾਂ ਨੂੰ ਖ਼ਤਮ ਕਰਨ ਦੇ ਯਤਨਾਂ ਵਿੱਚ ਹੈ। ਉਹ ਪੰਜਾਬ ਦੇ ਲਹਿਣੇਦਾਰਾਂ, ਢੁੱਠਾਂ ਵਾਲੇ ਨੇਤਾਵਾਂ 'ਚੋਂ ਗੱਦਾਰ ਲੱਭ ਰਹੀ ਹੈ, ਤਾਂ ਕਿ ਪੰਜਾਬ ਨੂੰ ਹਰ ਹੀਲੇ ਕਾਬੂ ਕੀਤਾ ਜਾਏ। ਦੂਜੇ ਪਾਸੇ, ਆਪਣੇ ਹੱਕਾਂ ਲਈ ਲੜਨ ਵਾਲੇ ਕਿਸਾਨਾਂ ਨੂੰ ਭਾਜਪਾ ਨੇਤਾਵਾਂ ਵੱਲੋਂ 'ਅੰਦੋਲਨਜੀਵੀ' ਆਖਣਾ, ਜਾਗਰੂਕ ਵਿਦਿਆਰਥੀਆਂ ਤੇ ਬੁੱਧੀਜੀਵੀਆਂ ਨੂੰ 'ਦਿਮਾਗੀ ਨਕਸਲੀ' ਜਾਂ 'ਸ਼ਹਿਰੀ ਨਕਸਲ' ਵਰਗੇ ਖ਼ਿਤਾਬ ਦੇਣਾ ਅਸਲ ਵਿੱਚ ਉਨ੍ਹਾਂ ਨੇਤਾਵਾਂ ਦੀ ਸੰਕੁਚਿਤ ਅਤੇ ਗੋਹਾ-ਦਿਮਾਗ ਮਾਨਸਿਕਤਾ ਦੀ ਹੀ ਉਪਜ ਹੈ । ਆਪਣੇ ਹੀ ਦੇਸ਼ ਦੇ ਮਿਹਨਤੀ ਅੰਨਦਾਤੇ ਅਤੇ ਸੂਝਵਾਨ ਲੋਕਾਂ ਅਤੇ ਬੁੱਧੀਜੀਵੀਆਂ ਦਾ ਅਪਮਾਨ ਕਰਕੇ ਸੱਤਾਧਾਰੀ ਆਗੂ ਆਪਣੀ ਬੌਧਿਕ ਕੰਗਾਲੀ ਦਾ ਪ੍ਰਗਟਾਵਾ ਕਰਦੇ ਹਨ।

ਇਸ ਤ੍ਰਾਸਦੀ ਅਤੇ ਸੰਕਟ ਦੇ ਵਿਚਕਾਰ ਪੰਜਾਬੀਆਂ ਲਈ ਇੱਕ ਬਹੁਤ ਵੱਡਾ ਮਾਣ ਵਾਲਾ ਪੱਖ ਵੀ ਹੈ। ਪੰਜਾਬ ਦੇ ਕਿਸਾਨਾਂ ਨੇ ਹਰੀ ਕ੍ਰਾਂਤੀ ਦੇ ਦੌਰ ਵਿੱਚ ਆਪਣੀ ਅਣਥੱਕ ਮਿਹਨਤ ਨਾਲ ਅਜਿਹੇ ਦਿਸਹੱਦੇ ਸਿਰਜੇ ਕਿ ਭੁੱਖਮਰੀ ਦੇ ਦੌਰ ਵਿੱਚੋਂ ਗੁਜ਼ਰ ਰਹੇ ਪੂਰੇ ਭਾਰਤ ਦਾ ਪੇਟ ਭਰ ਕੇ 'ਦੇਸ਼ ਦੇ ਅੰਨਦਾਤੇ' ਦਾ ਖ਼ਿਤਾਬ ਹਾਸਲ ਕੀਤਾ। ਪੰਜਾਬ ਨੇ ਆਪਣੇ ਜਲ ਅਤੇ ਜ਼ਮੀਨ ਦੇ ਸਰੋਤਾਂ ਦਾ ਲੇਖਾ ਲਾ ਕੇ ਵੀ ਪੂਰੇ ਦੇਸ਼ ਨੂੰ ਅਨਾਜ ਵਿੱਚ ਆਤਮ-ਨਿਰਭਰ ਬਣਾਇਆ, ਜੋ ਹਰ ਪੰਜਾਬੀ ਲਈ ਇੱਕ ਬੇਮਿਸਾਲ ਗੌਰਵ ਦੀ ਗੱਲ ਹੈ। ਇਸ ਤੋਂ ਇਲਾਵਾ, ਭਾਵੇਂ ਪੰਜਾਬ ਦੇ ਲੋਕਾਂ ਨੂੰ ਮਜਬੂਰੀਵੱਸ ਪ੍ਰਵਾਸ ਦਾ ਦਰਦ ਹੰਢਾਉਣਾ ਪਿਆ, ਪਰ ਅਮਰੀਕਾ, ਕੈਨੇਡਾ, ਇੰਗਲੈਂਡ, ਆਸਟ੍ਰੇਲੀਆ ਅਤੇ ਯੂਰਪ ਸਮੇਤ ਦੁਨੀਆ ਭਰ ਵਿੱਚ ਜਾ ਕੇ ਪੰਜਾਬੀਆਂ ਨੇ ਆਪਣੀ ਮਿਹਨਤ ਦੇ ਝੰਡੇ ਗੱਡੇ ਹਨ। ਕੈਨੇਡਾ ਤੇ ਅਮਰੀਕਾ ਵਿੱਚ ਪੰਜਾਬੀ ਅੱਜ ਖੇਤੀਬਾੜੀ ਦੇ ਬਾਦਸ਼ਾਹ ਮੰਨੇ ਜਾਂਦੇ ਹਨ, ਜਿੱਥੇ ਉਨ੍ਹਾਂ ਹਜ਼ਾਰਾਂ ਏਕੜ ਜ਼ਮੀਨਾਂ ਵਿੱਚ ਬੇਮਿਸਾਲ ਮੱਲਾਂ ਮਾਰੀਆਂ ਹਨ। ਇੰਗਲੈਂਡ ਅਤੇ ਹੋਰ ਮੁਲਕਾਂ ਵਿੱਚ ਪੰਜਾਬੀਆਂ ਨੇ ਵੱਡੇ-ਵੱਡੇ ਉਦਯੋਗ ਅਤੇ ਵਪਾਰ ਸਥਾਪਤ ਕੀਤੇ ਹਨ। ਅਗਲੀ ਪੀੜ੍ਹੀ ਦੇ ਪੰਜਾਬੀ ਨੌਜਵਾਨ ਸਿਆਸਤ, ਪ੍ਰਸ਼ਾਸਨ, ਵਿਗਿਆਨ, ਵਪਾਰ ਅਤੇ ਤਕਨਾਲੋਜੀ ਦੇ ਹਰ ਖੇਤਰ ਵਿੱਚ ਉੱਚੇ ਅਹੁਦਿਆਂ 'ਤੇ ਪਹੁੰਚ ਕੇ ਦੇਸ਼ ਦਾ ਨਾਂਅ ਰੋਸ਼ਨ ਕਰ ਰਹੇ ਹਨ। ਇਨ੍ਹਾਂ ਵੱਡੀਆਂ ਆਰਥਿਕ ਤੇ ਰਾਜਨੀਤਕ ਪ੍ਰਾਪਤੀਆਂ ਤੋਂ ਵੀ ਵੱਡੀ ਮਾਣ ਵਾਲੀ ਗੱਲ ਇਹ ਹੈ ਕਿ ਇਨ੍ਹਾਂ ਪ੍ਰਵਾਸੀ ਪੰਜਾਬੀਆਂ ਨੇ ਸੱਤ ਸਮੁੰਦਰੋਂ ਪਾਰ ਬੈਠ ਕੇ ਵੀ ਆਪਣੀ ਮਾਂ-ਬੋਲੀ ਪੰਜਾਬੀ, ਵਿਰਸੇ, ਪਹਿਰਾਵੇ ਅਤੇ ਸੱਭਿਆਚਾਰ ਨੂੰ ਪੂਰੀ ਸ਼ਾਨ ਨਾਲ ਜਿਉਂਦਾ ਰੱਖਿਆ ਹੋਇਆ ਹੈ। ਉਹ ਦੁਨੀਆ ਦੇ ਬਹੁ-ਸੱਭਿਆਚਾਰਕ ਸਮਾਜ ਵਿੱਚ ਪੰਜਾਬੀ ਸੋਚ, ਦਿੱਖ ਅਤੇ ਪਛਾਣ ਦਾ ਲੋਹਾ ਮਨਵਾ ਰਹੇ ਹਨ, ਜਿਸ 'ਤੇ ਹਰ ਪੰਜਾਬੀ ਮਾਣ ਕਰਦਾ ਹੈ।

ਅੱਜ ਵੀ ਪੰਜਾਬ ਦੇ ਆਮ ਲੋਕ ਢਿੱਡ ਨੂੰ ਝੁਲਕਾ ਦੇਣ ਲਈ ਦਿਨ-ਰਾਤ ਹੱਡ-ਭੰਨਵੀਂ ਮਿਹਨਤ ਕਰਦੇ ਹਨ, ਉਹ ਬੇਰੋਜ਼ਗਾਰੀ ਅਤੇ ਮਹਿੰਗਾਈ ਦੀ ਚੱਕੀ ਵਿੱਚ ਪਿਸ ਰਹੇ ਹਨ । ਸਿੱਖਿਆ, ਸਿਹਤ ਸਹੂਲਤਾਂ ਤੋਂ ਵਿਰਵੇ ਹਨ । ਉਹ ਕਿਸੇ ਅਜਿਹੀ ਉਮੀਦ ਦੀ ਕਿਰਨ ਦੀ ਤਲਾਸ਼ ਵਿੱਚ ਹਨ, ਜੋ ਉਨ੍ਹਾਂ ਦੇ ਜੀਵਨ ਵਿੱਚ ਸੁਧਾਰ ਲਿਆ ਸਕੇ, ਪਰ ਸਰਕਾਰਾਂ ਕੋਲ ਕੋਈ ਠੋਸ ਨੀਤੀ ਜਾਂ ਵਿਜ਼ਨ ਨਹੀਂ, ਬੱਸ ਮੁਫ਼ਤ ਦੀਆਂ ਰੇਵੜੀਆਂ ਅਤੇ ਇੱਕ-ਦੂਜੇ 'ਤੇ ਦੂਸ਼ਣਬਾਜ਼ੀ ਕਰਨ ਦੀ ਰਣਨੀਤੀ ਹੀ ਚੱਲ ਰਹੀ ਹੈ।

ਇਨ੍ਹਾਂ ਤਮਾਮ ਚੁਣੌਤੀਆਂ ਅਤੇ ਦੁਖਾਂਤਾਂ ਦੇ ਬਾਵਜੂਦ ਪੰਜਾਬ ਦੀ ਧਰਤੀ ਅੱਜ ਵੀ ਜਰਖੇਜ਼ ਹੈ ਅਤੇ ਇਸ ਦਾ ਇਤਿਹਾਸ ਤੇ ਸੱਭਿਆਚਾਰ ਮਾਣਮੱਤਾ ਹੈ । ਪੰਜਾਬੀਆਂ ਨੂੰ ਆਪਣੇ ਸੰਘਰਸ਼ੀ ਇਤਿਹਾਸ 'ਤੇ ਗੌਰਵ ਹੈ ।

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਅੱਜ ਪੰਜਾਬ ਭਾਰੀ ਕਰਜ਼ੇ, ਨਸ਼ਿਆਂ ਦੀ ਮਾਰ, ਜਵਾਨੀ ਦੇ ਪ੍ਰਵਾਸ ਅਤੇ ਰਾਜਨੀਤਕ ਭ੍ਰਿਸ਼ਟਾਚਾਰ ਵਰਗੇ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਹੈ, ਪਰ ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਇਸ ਧਰਤੀ ਨੇ ਹਮੇਸ਼ਾ ਮੁਸੀਬਤਾਂ ਦਾ ਡਟ ਕੇ ਮੁਕਾਬਲਾ ਕੀਤਾ ਹੈ ਅਤੇ ਗੱਦਾਰਾਂ ਨੂੰ ਸਦਾ ਫਿਟਕਾਰਿਆ ਹੈ। ਅੱਜ ਵੀ ਪੰਜਾਬ ਦੇ ਦਰਦ ਨੂੰ ਸਮਝਣ ਵਾਲੇ ਸੂਝਵਾਨ, ਸੰਜੀਦਾ ਅਤੇ ਰੋਸ਼ਨ ਖ਼ਿਆਲ ਲੋਕ ਇੱਕ ਨਵੀਂ ਸਵੇਰ ਦੀ ਤਲਾਸ਼ ਵਿੱਚ ਸੰਘਰਸ਼ ਦੇ ਰਾਹ 'ਤੇ ਅੱਗੇ ਵਧ ਰਹੇ ਹਨ।

***# ਸੰਪਰਕ : 98158-02070***

# ਹੁਨਰ ਮੰਜ਼ਲ ਤੱਕ ਪਹੁੰਚਾਉਂਦਾ ਹੈ

ਨਵਦੀਪ ਸਿੰਘ ਝੁਨੀਰ

ਕੰਧਾਂ ਉੱਤੇ ਟੰਗੀਆਂ ਡਿਗਰੀਆਂ ਕਿਸੇ ਵਿਅਕਤੀ ਦੀ ਪੜ੍ਹਾਈ ਦਾ ਪ੍ਰਮਾਣ ਤਾਂ ਹੋ ਸਕਦੀਆਂ ਹਨ, ਪਰ ਜ਼ਿੰਦਗੀ ਦੀਆਂ ਅਸਲ ਪ੍ਰੀਖਿਆਵਾਂ ਵਿੱਚ ਕਾਮਯਾਬੀ ਦਾ ਪ੍ਰਮਾਣ ਉਸ ਦਾ ਹੁਨਰ ਦਿੰਦਾ ਹੈ। ਉਹ ਦੌਰ ਹੁਣ ਇਤਿਹਾਸ ਬਣ ਚੁੱਕਾ ਹੈ, ਜਦੋਂ ਇੱਕ ਕਾਗਜ਼ੀ ਡਿਗਰੀ ਪੂਰੀ ਉਮਰ ਦੀ ਨੌਕਰੀ ਦੀ ਗਾਰੰਟੀ ਮੰਨੀ ਜਾਂਦੀ ਸੀ। ਇੱਕੀਵੀਂ ਸਦੀ ਦੀ ਅਰਥ ਵਿਵਸਥਾ ਵਿੱਚ ਡਿਗਰੀ ਮੰਜ਼ਲ ਵੱਲ ਜਾਣ ਵਾਲਾ ਪਹਿਲਾ ਕਦਮ ਹੈ, ਪਰ ਮੰਜ਼ਲ ਤੱਕ ਪਹੁੰਚਾਉਣ ਦਾ ਅਸਲ ਕੰਮ ਹੁਨਰ ਹੀ ਕਰਦਾ ਹੈ । ਅੱਜ ਦਾ ਰੁਜ਼ਗਾਰ ਬਾਜ਼ਾਰ ਅਜਿਹੇ ਵਿਅਕਤੀਆਂ ਦੀ ਭਾਲ ਕਰਦਾ ਹੈ, ਜੋ ਗਿਆਨ ਨੂੰ ਅਮਲ ਵਿੱਚ ਬਦਲ ਸਕਣ, ਸਮੱਸਿਆਵਾਂ ਦਾ ਹੱਲ ਲੱਭ ਸਕਣ ਅਤੇ ਬਦਲਦੇ ਸਮੇਂ ਦੇ ਨਾਲ ਆਪਣੇ ਆਪ ਨੂੰ ਢਾਲ ਸਕਣ।

**ਜਨਸੰਖਿਆਈ ਲਾਭ ਬਨਾਮ ਬੇਰੁਜ਼ਗਾਰੀ ਦੀ ਚੁਣੌਤੀ :** ਭਾਰਤ ਅੱਜ ਦੁਨੀਆ ਦੇ ਸਭ ਤੋਂ ਨੌਜਵਾਨ ਦੇਸ਼ਾਂ ਵਿੱਚੋਂ ਇੱਕ ਹੈ। ਇਹ ਵੱਡੀ ਕੰਮਕਾਜੀ ਆਬਾਦੀ ਸਾਡੇ ਲਈ ਇੱਕ ਵੱਡਾ ਮੌਕਾ ਵੀ ਹੈ ਅਤੇ ਇੱਕ ਵੱਡੀ ਜ਼ਿੰਮੇਵਾਰੀ ਵੀ। ਜੇਕਰ ਇਸ ਨੌਜਵਾਨ ਸ਼ਕਤੀ ਨੂੰ ਸਮੇਂ ਦੀਆਂ ਲੋੜਾਂ ਅਨੁਸਾਰ ਹੁਨਰ ਮਿਲੇ, ਤਾਂ ਇਹ ਦੇਸ਼ ਨੂੰ ਵਿਸ਼ਵ ਆਰਥਿਕਤਾ ਦੀ ਅਗਲੀ ਕਤਾਰ ਵਿੱਚ ਲੈ ਜਾ ਸਕਦੀ ਹੈ, ਪਰ ਜੇਕਰ ਨੌਜਵਾਨ ਡਿਗਰੀਆਂ ਲੈ ਕੇ ਵੀ ਬੇਰੁਜ਼ਗਾਰ ਰਹਿ ਜਾਣ, ਤਾਂ ਇਹ ਜਨਸੰਖਿਆਈ ਲਾਭ ਸਮਾਜਿਕ ਅਤੇ ਆਰਥਿਕ ਚੁਣੌਤੀ ਵਿੱਚ ਬਦਲ ਸਕਦਾ ਹੈ। ਸਾਡੀ ਸਿੱਖਿਆ ਪ੍ਰਣਾਲੀ ਵਿੱਚ ਲੰਬੇ ਸਮੇਂ ਤੋਂ ਅੰਕਾਂ, ਸਰਟੀਫਿਕੇਟਾਂ ਅਤੇ ਡਿਗਰੀਆਂ ਨੂੰ ਹੀ ਸਫ਼ਲਤਾ ਦਾ ਮਾਪਦੰਡ ਮੰਨਿਆ ਜਾਂਦਾ ਰਿਹਾ, ਜਿਸ ਕਾਰਨ ਸਿੱਖਿਆ ਅਤੇ ਰੁਜ਼ਗਾਰ ਵਿਚਕਾਰ ਇੱਕ ਵੱਡਾ ਹੁਨਰ ਦਾ ਪਾੜਾ (Skill Gap) ਪੈਦਾ ਹੋ ਗਿਆ।

**ਰੁਜ਼ਗਾਰ-ਯੋਗਤਾ ਦੇ ਅੰਕੜੇ ਅਤੇ ਜ਼ਮੀਨੀ ਹਕੀਕਤ :** ਪੀਰੀਓਡਿਕ ਲੇਬਰ ਫੋਰਸ ਸਰਵੇ ਦੇ ਅੰਕੜੇ ਦਰਸਾਉਂਦੇ ਹਨ ਕਿ ਉੱਚ-ਸਿੱਖਿਆ ਪ੍ਰਾਪਤ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਦੀ ਦਰ ਅਜੇ ਵੀ ਚਿੰਤਾ ਦਾ ਵਿਸ਼ਾ ਹੈ। ਕਈ ਰਾਸ਼ਟਰੀ ਰੁਜ਼ਗਾਰ-ਯੋਗਤਾ ਅਧਿਐਨਾਂ ਨੇ ਵੀ ਇਹ ਗੱਲ ਸਾਹਮਣੇ ਰੱਖੀ ਹੈ ਕਿ ਇੰਜੀਨੀਅਰਿੰਗ ਅਤੇ ਹੋਰ ਪੇਸ਼ੇਵਰ ਡਿਗਰੀਆਂ ਪ੍ਰਾਪਤ ਕਰਨ ਵਾਲੇ ਬਹੁਤ ਸਾਰੇ ਨੌਜਵਾਨ ਅਮਲੀ ਹੁਨਰਾਂ ਦੀ ਘਾਟ ਕਾਰਨ ਉਦਯੋਗਾਂ ਦੀਆਂ ਲੋੜਾਂ 'ਤੇ ਪੂਰੇ ਨਹੀਂ ਉਤਰਦੇ

ਫਿਰ ਵੀ, ਇੰਡੀਆ ਸਕਿੱਲਜ਼ ਰਿਪੋਰਟ 2026 ਅਨੁਸਾਰ ਭਾਰਤ ਦੀ ਰੁਜ਼ਗਾਰ-ਯੋਗਤਾ 54.81 ਫ਼ੀਸਦੀ ਤੋਂ ਵਧ ਕੇ 56.35 ਫ਼ੀਸਦੀ ਹੋ ਗਈ ਹੈ, ਜੋ ਹੁਨਰ-ਪਹਿਲਾਂ ਵਾਲੀ ਸੋਚ ਵੱਲ ਵਧਣ ਦਾ ਸੰਕੇਤ ਹੈ। ਇਸ ਰਿਪੋਰਟ ਵਿੱਚ ਰੇਖਾਂਕਿਤ ਕੀਤਾ ਗਿਆ ਹੈ ਕਿ ਆਰਟੀਫ਼ੀਸ਼ੀਅਲ ਇੰਟੈਲੀਜੈਂਸ, ਡਿਜੀਟਲ ਸਾਖਰਤਾ ਅਤੇ ਵਿਸ਼ਵ ਪੱਧਰੀ ਰੁਜ਼ਗਾਰ ਦੀਆਂ ਲੋੜਾਂ ਕਾਰਨ ਹੁਣ ਹੁਨਰਾਂ ਦੀ ਮਹੱਤਤਾ ਪਹਿਲਾਂ ਨਾਲੋਂ ਕਿਤੇ ਵੱਧ ਗਈ ਹੈ।

**ਸਿੱਖਿਆ ਨੀਤੀ ਵਿੱਚ ਬਦਲਾਅ ਅਤੇ ਏ ਆਈ ਦਾ ਯੁੱਗ :** ਇਸੇ ਹਕੀਕਤ ਨੂੰ ਸਮਝਦਿਆਂ ਰਾਸ਼ਟਰੀ ਸਿੱਖਿਆ ਨੀਤੀ-2020 ਦਾ ਜ਼ੋਰ ਕੇਵਲ ਪ੍ਰੀਖਿਆਵਾਂ ਪਾਸ ਕਰਨ ਤੇ ਨਹੀਂ, ਸਗੋਂ ਸਕੂਲੀ ਪੱਧਰ ਤੋਂ ਹੀ ਕਿੱਤਾਮੁਖੀ ਸਿੱਖਿਆ, ਇੰਟਰਨਸ਼ਿਪ, ਅਨੁਭਵ-ਆਧਾਰਤ ਸਿੱਖਣ, ਆਲੋਚਨਾਤਮਕ ਸੋਚ ਅਤੇ ਸਮੱਸਿਆ-ਹੱਲ ਕਰਨ ਦੀ ਯੋਗਤਾ ਵਿਕਸਿਤ ਕਰਨ ਉੱਤੇ ਹੈ।

ਦੂਜੇ ਪਾਸੇ, ਵਿਸ਼ਵ ਆਰਥਿਕ ਮੰਚ ਦੀ Future of Jobs Report ਅਨੁਸਾਰ 2030 ਤੱਕ ਮੌਜੂਦਾ ਨੌਕਰੀਆਂ ਲਈ ਲੋੜੀਂਦੇ ਲਗਭਗ 39 ਫ਼ੀਸਦੀ ਹੁਨਰਾਂ ਵਿੱਚ ਮਹੱਤਵਪੂਰਨ ਬਦਲਾਅ ਆਵੇਗਾ। ਨੈਸ਼ਨਲ ਐਸੋਸੀਏਸ਼ਨ ਆਫ਼ ਸਾਫ਼ਟਵੇਅਰ ਐਂਡ ਸਰਵਿਸ ਕੰਪਨੀਜ਼ ਵੀ ਲਗਾਤਾਰ ਇਸ ਗੱਲ 'ਤੇ ਜ਼ੋਰ ਦੇ ਰਹੀ ਹੈ ਕਿ ਏ.ਆਈ. ਅਤੇ ਡਿਜੀਟਲ ਅਰਥ ਵਿਵਸਥਾ ਦੇ ਯੁੱਗ ਵਿੱਚ ਆਈ.ਟੀ. ਪੇਸ਼ੇਵਰਾਂ ਲਈ Reskilling ਅਤੇ Upskilling ਲਾਜ਼ਮੀ ਬਣਦੇ ਜਾ ਰਹੇ ਹਨ। ਇਸ ਲਈ ਡਿਗਰੀ ਇੱਕ ਵਾਰ ਮਿਲ ਜਾਂਦੀ ਹੈ, ਪਰ ਹੁਨਰ ਨੂੰ ਪੂਰੀ ਜ਼ਿੰਦਗੀ ਨਿਖਾਰਨਾ ਪੈਂਦਾ ਹੈ।

**ਹੁਨਰ ਦੀ ਵਿਆਪਕਤਾ ਅਤੇ ਡਿਜੀਟਲ ਕ੍ਰਾਂਤੀ:**

ਹੁਨਰ ਦਾ ਅਰਥ ਕੇਵਲ ਕੰਪਿਊਟਰ ਜਾਂ ਏ ਆਈ ਤੱਕ ਸੀਮਿਤ ਨਹੀਂ ਹੈ। ਖੇਤੀਬਾੜੀ, ਬਾਗਬਾਨੀ, ਡੇਅਰੀ ਫਾਰਮਿੰਗ, ਮਧੂ-ਮੱਖੀ ਪਾਲਣ, ਵੈਲਡਿੰਗ, ਤਰਖਾਣਾ, ਪਲੰਬਿੰਗ, ਬਿਜਲੀ ਮਿਸਤਰੀ, ਮਸ਼ੀਨ ਮੁਰੰਮਤ, ਸਿਲਾਈ-ਕਢਾਈ, ਫੂਡ ਪ੍ਰੋਸੈਸਿੰਗ, ਗ੍ਰਾਫਿਕ ਡਿਜ਼ਾਈਨਿੰਗ ਅਤੇ ਡਿਜੀਟਲ ਮਾਰਕੀਟਿੰਗ ਵਰਗੇ ਸੈਂਕੜੇ ਕਿੱਤਿਆਂ ਦੀ ਮੰਗ ਦੇਸ਼-ਵਿਦੇਸ਼ ਵਿੱਚ ਲਗਾਤਾਰ ਵਧ ਰਹੀ ਹੈ। ਕੋਈ ਵੀ ਹੁਨਰ ਛੋਟਾ ਜਾਂ ਵੱਡਾ ਨਹੀਂ ਹੁੰਦਾ ਅਤੇ ਹੁਨਰਮੰਦ ਹੱਥ ਕਦੇ ਖਾਲੀ ਨਹੀਂ ਰਹਿੰਦੇ।

ਡਿਜੀਟਲ ਤਕਨਾਲੋਜੀ ਨੇ ਮੌਕਿਆਂ ਦੀਆਂ ਸਰਹੱਦਾਂ ਲਗਭਗ ਖ਼ਤਮ ਕਰ ਦਿੱਤੀਆਂ ਹਨ। ਅੱਜ ਦਾ ਨੌਜਵਾਨ ਸਿਰਫ਼ ਨੌਕਰੀ ਲੱਭਣ ਵਾਲਾ ਨਹੀਂ, ਸਗੋਂ ਉਦਯੋਗਪਤੀ (Entrepreneur), ਨਵੀਨਤਾਕਾਰ (Innovator), ਫ੍ਰੀਲਾਂਸਰ ਅਤੇ ਸਟਾਰਟਅੱਪ ਸਿਰਜਣਹਾਰ ਵੀ ਬਣ ਰਿਹਾ ਹੈ। ਹੁਣ ਇੱਕ ਨੌਜਵਾਨ ਆਪਣੇ ਪਿੰਡ ਤੋਂ ਹੀ ਫ੍ਰੀਲਾਂਸਿੰਗ, ਕੰਟੈਂਟ ਕ੍ਰੀਏਸ਼ਨ, ਗ੍ਰਾਫਿਕ ਡਿਜ਼ਾਈਨਿੰਗ, ਸਾਫਟਵੇਅਰ ਡਿਵੈੱਲਪਮੈਂਟ ਜਾਂ ਡਿਜੀਟਲ ਸੇਵਾਵਾਂ ਰਾਹੀਂ ਵਿਸ਼ਵ ਪੱਧਰ 'ਤੇ ਕੰਮ ਕਰ ਸਕਦਾ ਹੈ।

**ਪੰਜਾਬ ਦਾ ਸੰਦਰਭ ਅਤੇ ਸਰਕਾਰੀ ਉਪਰਾਲੇ:**

ਪੰਜਾਬ ਵਿੱਚ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਲਈ ਵੀ ਇਹ ਸੱਚਾਈ ਮਹੱਤਵਪੂਰਨ ਹੈ ਕਿ ਉੱਥੇ ਪਲੰਬਿੰਗ, ਕਾਰਪੈਂਟਰੀ, ਨਰਸਿੰਗ, ਕੁਕਿੰਗ, ਹੈਵੀ ਵਹੀਕਲ ਡਰਾਈਵਿੰਗ, ਸੀ ਐੱਨ ਸੀ ਮਸ਼ੀਨ ਅਪਰੇਸ਼ਨ, ਇਲੈਕਟ੍ਰੀਸ਼ਨ, ਵੈਲਡਿੰਗ ਅਤੇ ਆਈ ਟੀ ਵਰਗੇ ਵਿਹਾਰਕ ਹੁਨਰ ਵਾਲੇ ਨੌਜਵਾਨ ਨਾ ਸਿਰਫ਼ ਜਲਦੀ ਰੁਜ਼ਗਾਰ ਪ੍ਰਾਪਤ ਕਰਦੇ ਹਨ, ਸਗੋਂ ਉੱਚ ਆਮਦਨ ਅਤੇ ਪੇਸ਼ੇਵਰ ਸਨਮਾਨ ਵੀ ਹਾਸਲ ਕਰਦੇ ਹਨ।

ਇਸੇ ਲੋੜ ਨੂੰ ਦੇਖਦਿਆਂ ਪੰਜਾਬ ਸਰਕਾਰ ਨੇ ਸਾਲ 2025 ਵਿੱਚ ਆਈ ਟੀ ਆਈਜ਼ ਦੀ ਦਾਖ਼ਲਾ ਸਮਰੱਥਾ 35 ਹਜ਼ਾਰ ਤੋਂ ਵਧਾ ਕੇ 52 ਹਜ਼ਾਰ ਕੀਤੀ ਅਤੇ 814 ਨਵੇਂ ਟਰੇਡ ਤੇ ਕੋਰਸ ਸ਼ੁਰੂ ਕੀਤੇ। ਰਾਸ਼ਟਰੀ ਪੱਧਰ 'ਤੇ ਸਕਿੱਲ ਇੰਡੀਆ ਮਿਸ਼ਨ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਸਕਿੱਲ ਹੱਬ ਅਤੇ ਨੈਸ਼ਨਲ ਅਪਰੈਂਟਿਸਸ਼ਿਪ ਪ੍ਰੋਗਰਾਮ ਵੀ ਨੌਜਵਾਨਾਂ ਨੂੰ ਉਦਯੋਗਾਂ ਦੀਆਂ ਲੋੜਾਂ ਅਨੁਸਾਰ ਤਿਆਰ ਕਰ ਰਹੇ ਹਨ।

**ਸਮਾਜਿਕ ਸੋਚ ਵਿੱਚ ਬਦਲਾਅ ਦੀ ਲੋੜ :**

ਸਿਰਫ਼ ਸਰਕਾਰੀ ਯੋਜਨਾਵਾਂ ਨਾਲ ਬਦਲਾਅ ਨਹੀਂ ਆ ਸਕਦਾ। ਜਦੋਂ ਤੱਕ ਸਾਡਾ ਸਮਾਜ, ਮਾਪੇ ਅਤੇ ਸਿੱਖਿਆ ਸੰਸਥਾਵਾਂ ਆਪਣੀ ਸੋਚ ਨਹੀਂ ਬਦਲਦੇ, ਹੁਨਰ ਵਿਕਾਸ ਦਾ ਟੀਚਾ ਅਧੂਰਾ ਰਹੇਗਾ। ਡਿਗਰੀ ਨੂੰ ਹੀ ਸਫ਼ਲਤਾ ਦਾ ਅੰਤਮ ਮਾਪਦੰਡ ਮੰਨਣ ਦੀ ਥਾਂ ਬੱਚਿਆਂ ਦੀ ਵਿਹਾਰਕ ਯੋਗਤਾ, ਰਚਨਾਤਮਕਤਾ ਅਤੇ ਰੁਚੀ ਨੂੰ ਵੀ ਮਹੱਤਵ ਦੇਣਾ ਹੋਵੇਗਾ। ਸਕੂਲਾਂ ਅਤੇ ਕਾਲਜਾਂ ਨੂੰ ਸਿਰਫ਼ ਨੌਕਰੀ ਮੰਗਣ ਵਾਲੇ ਨਹੀਂ, ਸਗੋਂ ਰੁਜ਼ਗਾਰ ਪੈਦਾ ਕਰਨ ਵਾਲੇ (Job Creators) ਨੌਜਵਾਨ ਤਿਆਰ ਕਰਨੇ ਪੈਣਗੇ।

**ਸਿੱਖਿਆ ਦਾ ਅਸਲ ਮਨੋਰਥ**

ਅੱਜ ਦੇ ਯੁੱਗ ਵਿੱਚ ਇੱਕ ਵਾਰ ਸਿੱਖੋ ਅਤੇ ਸਾਰੀ ਉਮਰ ਕੰਮ ਕਰੋ ਵਾਲੀ ਸੋਚ ਦੀ ਥਾਂ ਸਾਰੀ ਉਮਰ ਸਿੱਖਦੇ ਰਹੋ ਅਤੇ ਆਪਣੇ ਹੁਨਰਾਂ ਨੂੰ ਨਿਖਾਰਦੇ ਰਹੋ ਵਾਲੀ ਸੋਚ ਅਪਣਾਉਣੀ ਪਵੇਗੀ। ਇਹੀ ਨਿਰੰਤਰ ਸਿੱਖਣ ਦੀ ਸੰਸਕ੍ਰਿਤੀ ਭਵਿੱਖ ਦੀ ਸਭ ਤੋਂ ਵੱਡੀ ਲੋੜ ਹੈ।

ਡਿਗਰੀ ਅਤੇ ਹੁਨਰ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ। ਡਿਗਰੀ ਗਿਆਨ ਦਿੰਦੀ ਹੈ, ਜਦਕਿ ਹੁਨਰ ਉਸ ਗਿਆਨ ਨੂੰ ਸਮਾਜ ਦੀ ਤਰੱਕੀ ਵਿੱਚ ਬਦਲਣ ਦੀ ਤਾਕਤ ਦਿੰਦਾ ਹੈ। ਡਿਗਰੀ ਮੌਕੇ ਦਾ ਦਰਵਾਜ਼ਾ ਦਿਖਾਉਂਦੀ ਹੈ, ਪਰ ਉਸ ਦਰਵਾਜ਼ੇ ਰਾਹੀਂ ਆਤਮ-ਵਿਸ਼ਵਾਸ ਨਾਲ ਅੰਦਰ ਦਾਖ਼ਲ ਹੋਣ ਦੀ ਸਮਰੱਥਾ ਹੁਨਰ ਹੀ ਦਿੰਦਾ ਹੈ। ਵਿਕਸਤ ਅਤੇ ਆਤਮ-ਨਿਰਭਰ ਭਾਰਤ ਦੇ ਨਿਰਮਾਣ ਲਈ ਸਾਨੂੰ ਅਜਿਹੀ ਪੀੜ੍ਹੀ ਤਿਆਰ ਕਰਨੀ ਪਵੇਗੀ, ਜੋ ਸਿਰਫ਼ ਡਿਗਰੀਆਂ ਦੀ ਮਾਲਕ ਨਾ ਹੋਵੇ, ਸਗੋਂ ਕਾਬਲੀਅਤ, ਸਿਰਜਣਾਤਮਕਤਾ ਅਤੇ ਹੁਨਰ ਦੀ ਵੀ ਮਾਲਕ ਹੋਵੇ। ਸੱਚ ਤਾਂ ਇਹ ਹੈ ਕਿ ਡਿਗਰੀ ਰਾਹ ਦਿਖਾ ਸਕਦੀ ਹੈ, ਪਰ ਮੰਜ਼ਲ ਤੱਕ ਪਹੁੰਚਾਉਣ ਦਾ ਅਸਲ ਕੰਮ ਹੁਨਰ ਹੀ ਕਰਦਾ ਹੈ।

**# ਸੰਪਰਕ : 98769-68193**

# ਸੁਲਤਾਨਪੁਰ ਲੋਧੀ ਦੀ ਸਿਆਸਤ : ਅਕਾਲੀ ਗੜ੍ਹ ਦੀ ਵਾਪਸੀ ਦਾ ਇਮਤਿਹਾਨ

ਸੁਲਤਾਨਪੁਰ ਲੋਧੀ ਸਿਆਸਤ ਵਿੱਚ ਪੰਜ ਸਾਲ ਦਾ ਸਮਾਂ ਬਹੁਤ ਲੰਮਾ ਹੁੰਦਾ ਹੈ। ਜਿਹੜਾ ਚਿਹਰਾ ਅੱਜ ਮਜ਼ਬੂਤ ਦਿਖਾਈ ਦਿੰਦਾ ਹੈ, ਹੋ ਸਕਦਾ ਹੈ ਕੱਲ੍ਹ ਉਸ ਦੀ ਸਿਆਸੀ ਜ਼ਮੀਨ ਖਿਸਕ ਜਾਵੇ ਅਤੇ ਜਿਹੜਾ ਨਾਂਅ ਅੱਜ ਹਾਸ਼ੀਏ 'ਤੇ ਦਿਖਾਈ ਦੇ ਰਿਹਾ ਹੈ, ਉਹੀ ਚੋਣਾਂ ਦੇ ਦਿਨ ਸਭ ਤੋਂ ਵੱਡੀ ਤਾਕਤ ਬਣ ਜਾਵੇ। ਸੁਲਤਾਨਪੁਰ ਲੋਧੀ ਦੀ ਸਿਆਸਤ ਇਸ ਗੱਲ ਦੀ ਜਿਉਂਦੀ-ਜਾਗਦੀ ਮਿਸਾਲ ਹੈ।

ਕਦੇ ਸ਼੍ਰੋਮਣੀ ਅਕਾਲੀ ਦਲ ਦਾ ਮਜ਼ਬੂਤ ਗੜ੍ਹ ਮੰਨਿਆ ਜਾਣ ਵਾਲਾ ਇਹ ਹਲਕਾ ਪਿਛਲੇ ਕਈ ਦਹਾਕਿਆਂ ਦੌਰਾਨ ਕਈ ਸਿਆਸੀ ਉਤਾਰ-ਚੜ੍ਹਾਅ ਦੇਖ ਚੁੱਕਾ ਹੈ । ਇੱਥੇ ਵੋਟਰ ਨੇ ਕਦੇ ਪਾਰਟੀ ਨੂੰ ਤਰਜੀਹ ਦਿੱਤੀ, ਕਦੇ ਚਿਹਰੇ ਨੂੰ ਅਤੇ ਕਈ ਵਾਰ ਸਿਆਸੀ ਹਵਾ ਦੇ ਉਲਟ ਆਪਣਾ ਵੱਖਰਾ ਫੈਸਲਾ ਸੁਣਾਇਆ। ਇਸ ਲਈ 2027 ਦੀ ਵਿਧਾਨ ਸਭਾ ਚੋਣ ਤੋਂ ਪਹਿਲਾਂ ਸੁਲਤਾਨਪੁਰ ਲੋਧੀ ਦੀ ਸਿਆਸਤ ਨੂੰ ਸਿਰਫ਼ ਪਾਰਟੀ ਦੇ ਚੋਣ ਨਿਸ਼ਾਨ ਨਾਲ ਸਮਝਣਾ ਸ਼ਾਇਦ ਸਭ ਤੋਂ ਵੱਡੀ ਸਿਆਸੀ ਭੁੱਲ ਹੋਵੇਗੀ।

**ਅਕਾਲੀ ਗੜ੍ਹ ਦੀ ਕਹਾਣੀ ਸਿਰਫ਼ ਇੱਕ ਪੀੜ੍ਹੀ ਦੀ ਨਹੀਂ**

ਸੁਲਤਾਨਪੁਰ ਲੋਧੀ ਵਿੱਚ ਅਕਾਲੀ ਦਲ ਦਾ ਪ੍ਰਭਾਵ ਕੋਈ ਅਚਾਨਕ ਬਣੀ ਹੋਈ ਸਿਆਸੀ ਤਸਵੀਰ ਨਹੀਂ ਸੀ। ਇਸ ਦੇ ਪਿੱਛੇ ਦਹਾਕਿਆਂ ਦੀ ਸਿਆਸੀ ਮਿਹਨਤ, ਲੋਕਾਂ ਨਾਲ ਜੁੜਾਅ ਅਤੇ ਇੱਕ ਮਜ਼ਬੂਤ ਜਥੇਬੰਦਕ ਢਾਂਚਾ ਰਿਹਾ ਹੈ।

ਇਸ ਇਤਿਹਾਸ ਦੀ ਗੱਲ ਹੋਵੇ ਤਾਂ ਬਾਊ ਆਤਮਾ ਸਿੰਘ ਦਾ ਨਾਂਅ ਸਭ ਤੋਂ ਪਹਿਲੀਆਂ ਕਤਾਰਾਂ ਵਿੱਚ ਆਉਂਦਾ ਹੈ। ਆਤਮਾ ਸਿੰਘ ਲੰਮੇ ਸਮੇਂ ਤੱਕ ਅਕਾਲੀ ਸਿਆਸਤ ਨਾਲ ਜੁੜੇ ਰਹੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਮੁੱਖ ਆਗੂਆਂ ਵਿੱਚ ਗਿਣੇ ਜਾਂਦੇ ਸਨ। ਉਨ੍ਹਾ ਦਾ ਸੁਲਤਾਨਪੁਰ ਲੋਧੀ ਨਾਲ ਡੂੰਘਾ ਸਿਆਸੀ ਨਾਤਾ ਰਿਹਾ। ਉਨ੍ਹਾ ਤੋਂ ਬਾਅਦ ਪਰਵਾਰ ਵੱਲੋਂ ਵੀ ਇਸ ਹਲਕੇ ਦੀ ਸਿਆਸਤ ਵਿੱਚ ਭੂਮਿਕਾ ਨਿਭਾਈ ਗਈ ਅਤੇ ਡਾ. ਉਪਿੰਦਰਜੀਤ ਕੌਰ ਨੇ ਅਕਾਲੀ ਦਲ ਦੇ ਚਿਹਰੇ ਵਜੋਂ ਲੰਮਾ ਸਮਾਂ ਹਲਕੇ ਦੀ ਨੁਮਾਇੰਦਗੀ ਕੀਤੀ।



ਬਲਵਿੰਦਰ ਸਿੰਘ ਧਾਲੀਵਾਲ

ਸੁਲਤਾਨਪੁਰ ਲੋਧੀ ਦੀ ਅਕਾਲੀ ਸਿਆਸਤ ਸਿਰਫ਼ ਇੱਕ ਪਰਵਾਰ ਦੀ ਕਹਾਣੀ ਨਹੀਂ ਰਹੀ। ਸਮੇਂ-ਸਮੇਂ 'ਤੇ ਸਾਧੂ ਸਿੰਘ ਕਾਂਗਰਸ ਪਾਰਟੀ ਵੱਲੋਂ ਅਤੇ ਫਿਰ ਬਲਵੰਤ ਸਿੰਘ ਅਤੇ ਹੋਰ ਕਈ ਅਕਾਲੀ ਚਿਹਰਿਆਂ ਨੇ ਵੀ ਇਸ ਹਲਕੇ ਤੋਂ ਆਪਣੀ ਸਿਆਸੀ ਕਿਸਮਤ ਅਜ਼ਮਾਈ। ਕਈ ਜਿੱਤੇ, ਕਈ ਹਾਰੇ, ਪਰ ਹਰ ਚੋਣ ਨੇ ਅਕਾਲੀ ਦਲ ਦੀ ਜਥੇਬੰਦਕ ਮੌਜੂਦਗੀ ਨੂੰ ਕਿਸੇ ਨਾ ਕਿਸੇ ਰੂਪ ਵਿੱਚ ਅੱਗੇ ਵਧਾਇਆ।

ਸੁਲਤਾਨਪੁਰ ਲੋਧੀ ਵਿੱਚ ਲੰਮੇ ਸਮੇਂ ਤੱਕ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤ ਪਕੜ ਰਹੀ। ਅਕਾਲੀ ਦਲ ਦੇ ਵਰਕਰ ਪਿੰਡ-ਪਿੰਡ, ਬੂਥ-ਬੂਥ ਅਤੇ ਪਰਿਵਾਰ-ਪਰਿਵਾਰ ਤੱਕ ਆਪਣਾ ਸਿਆਸੀ ਨੈੱਟਵਰਕ ਬਣਾਈ ਬੈਠੇ ਸਨ, ਪਰ ਸਮੇਂ ਦੇ ਨਾਲ ਸਿਆਸੀ ਹਾਲਾਤ ਬਦਲੇ।

1992 ਵਿੱਚ ਕਾਂਗਰਸ ਪਾਰਟੀ ਨੇ ਇਥੋਂ ਜਿੱਤ ਦਰਜ ਕੀਤੀ ਗੁਰਮੇਲ ਸਿੰਘ ਚੀਮਾ ਜਿੱਤ ਕੇ ਮੰਤਰੀ ਬਣੇ।

2012 ਵਿੱਚ ਨਵਤੇਜ ਸਿੰਘ ਚੀਮਾ ਸਪੁੱਤਰ ਗੁਰਮੇਲ ਸਿੰਘ ਚੀਮਾ ਸਾਬਕਾ ਮੰਤਰੀ ਨੇ ਕਾਂਗਰਸ ਦੇ ਨੌਜਵਾਨ ਚਿਹਰੇ ਵਜੋਂ ਉਭਰਦਿਆਂ ਅਕਾਲੀ ਦਲ ਦੇ ਕਿਲ੍ਹੇ ਨੂੰ ਵੱਡੀ ਚੁਣੌਤੀ ਦਿੱਤੀ ਅਤੇ ਚੋਣ ਜਿੱਤ ਕੇ ਹਲਕੇ ਦੀ ਸਿਆਸਤ ਦਾ ਰੁਖ ਬਦਲ ਦਿੱਤਾ। 2012 ਦੇ ਅੰਕੜਿਆਂ ਮੁਤਾਬਕ ਚੀਮਾ ਨੇ 47,933 ਵੋਟਾਂ ਲੈ ਕੇ ਡਾ. ਉਪਿੰਦਰਜੀਤ ਕੌਰ ਨੂੰ 4,298 ਵੋਟਾਂ ਦੇ ਫਰਕ ਨਾਲ ਹਰਾਇਆ।

ਇਹ ਸਿਰਫ਼ ਇੱਕ ਚੋਣਾਵੀ ਜਿੱਤ ਨਹੀਂ ਸੀ, ਸਗੋਂ ਇਸ ਗੱਲ ਦਾ ਸੰਕੇਤ ਵੀ ਸੀ ਕਿ ਜੇ ਨਵਾਂ ਚਿਹਰਾ, ਮਜ਼ਬੂਤ ਸੰਗਠਨ ਅਤੇ ਸਥਾਨਕ ਪੱਧਰ 'ਤੇ ਸਿਆਸੀ ਮੋਬਿਲਾਈਜ਼ੇਸ਼ਨ ਇਕੱਠੇ ਹੋ ਜਾਣ ਤਾਂ ਪੁਰਾਣੇ ਗੜ੍ਹ ਵੀ ਹਿੱਲ ਸਕਦੇ ਹਨ।2017 ਵਿੱਚ ਵੀ ਕਾਂਗਰਸ ਨੇ ਆਪਣੀ ਪਕੜ ਕਾਇਮ ਰੱਖੀ। ਨਵਤੇਜ ਸਿੰਘ ਚੀਮਾ ਨੇ ਮੁੜ ਜਿੱਤ ਦਰਜ ਕੀਤੀ, ਜਦਕਿ ਡਾ. ਉਪਿੰਦਰਜੀਤ ਕੌਰ ਅਕਾਲੀ ਦਲ ਵੱਲੋਂ ਦੂਜੇ ਸਥਾਨ 'ਤੇ ਰਹੇ । 2022 ਵਿੱਚ ਸੁਲਤਾਨਪੁਰ ਲੋਧੀ ਨੇ ਫਿਰ ਸਿਆਸੀ ਹੈਰਾਨੀ ਪੈਦਾ ਕਰ ਦਿੱਤੀ।

2022 ਵਿੱਚ ਆਜ਼ਾਦ ਉਮੀਦਵਾਰ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਾਂਗਰਸ ਦੇ ਉਮੀਦਵਾਰ ਨਵਤੇਜ ਸਿੰਘ ਚੀਮਾ ਨੂੰ ਹਰਾ ਕੇ ਇਹ ਸਾਬਤ ਕਰ ਦਿੱਤਾ ਕਿ ਸੁਲਤਾਨਪੁਰ ਲੋਧੀ ਦਾ ਵੋਟਰ ਕਿਸੇ ਇੱਕ ਪਾਰਟੀ ਦਾ ਸਥਾਈ ਵੋਟਰ ਨਹੀਂ ।ਇਸ ਚੋਣ ਨੇ ਇਹ ਵੀ ਦਿਖਾਇਆ ਕਿ ਸਥਾਨਕ ਸਿਆਸੀ ਹਾਲਾਤ, ਧੜੇਬੰਦੀ, ਉਮੀਦਵਾਰ ਦੀ ਆਪਣੀ ਪਕੜ ਅਤੇ ਵੋਟਰਾਂ ਦੀ ਨਾਰਾਜ਼ਗੀ ਮਿਲ ਕੇ ਚੋਣਾਵੀ ਨਤੀਜੇ ਨੂੰ ਪੂਰੀ ਤਰ੍ਹਾਂ ਬਦਲ ਸਕਦੇ ਹਨ।

ਇਸੇ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਵੀ ਇੱਕ ਅਜਿਹੀ ਰਣਨੀਤੀ ਅਪਣਾਈ ਗਈ, ਜਿਸ ਨੇ ਪਾਰਟੀ ਦੇ ਆਪਣੇ ਵਰਕਰਾਂ ਵਿੱਚ ਨਾਰਾਜ਼ਗੀ ਦੀ ਚਰਚਾ ਨੂੰ ਜਨਮ ਦਿੱਤਾ। ਕਾਂਗਰਸ ਨਾਲ ਜੁੜੇ ਇੱਕ ਚਰਚਿਤ ਚਿਹਰੇ ਕੈਪਟਨ ਹਰਮਿੰਦਰ ਸਿੰਘ ਚੇਅਰਮੈਨ ਨੂੰ ਅਕਾਲੀ ਦਲ ਵਿੱਚ ਸ਼ਾਮਿਲ ਕਰਕੇ ਟਿਕਟ ਦਿੱਤੀ ਗਈ। ਪਾਰਟੀ ਦੀ ਰਣਨੀਤੀ ਸ਼ਾਇਦ ਇਹ ਰਹੀ ਹੋਵੇ ਕਿ ਨਵਾਂ ਚਿਹਰਾ ਅਤੇ ਨਵਾਂ ਸਿਆਸੀ ਸਮੀਕਰਨ ਚੋਣ ਵਿੱਚ ਫਾਇਦਾ ਦੇਵੇਗਾ।ਪਰ ਚੋਣ ਨਤੀਜੇ ਨੇ ਇਸ ਰਣਨੀਤੀ ਨੂੰ ਸਫਲ ਸਾਬਤ ਨਹੀਂ ਕੀਤਾ।

ਅਕਾਲੀ ਦਲ ਨੂੰ ਮੂੰਹ ਦੀ ਖਾਣੀ ਪਈ ਅਤੇ ਇਸ ਫੈਸਲੇ ਤੋਂ ਬਾਅਦ ਸਭ ਤੋਂ ਵੱਡਾ ਸਵਾਲ ਇਹ ਉੱਠਿਆ ਕਿ ਕੀ ਬਾਹਰੋਂ ਲਿਆਂਦੇ ਚਿਹਰੇ ਦੇ ਸਹਾਰੇ ਸਾਲਾਂ ਤੋਂ ਪਾਰਟੀ ਲਈ ਕੰਮ ਕਰ ਰਹੇ ਵਰਕਰਾਂ ਦੀ ਸਿਆਸੀ ਜਗ੍ਹਾ ਨੂੰ ਨਜ਼ਰਅੰਦਾਜ਼ ਕਰਕੇ ਚੋਣ ਜਿੱਤੀ ਜਾ ਸਕਦੀ ਹੈ ?

ਇਹ ਸਵਾਲ ਸਿਰਫ਼ 2022 ਤੱਕ ਸੀਮਿਤ ਨਹੀਂ। 2027 ਵਿੱਚ ਅਕਾਲੀ ਦਲ ਲਈ ਇਹੀ ਸਵਾਲ ਸਭ ਤੋਂ ਵੱਡੀ ਚੁਣੌਤੀ ਬਣ ਸਕਦਾ ਹੈ।

**ਇਸ ਵਾਰ ਅਕਾਲੀ ਦਲ ਵਿੱਚ ਚਿਹਰਿਆਂ ਦੀ ਕਮੀ ਨਹੀਂ**

2027 ਤੋਂ ਪਹਿਲਾਂ ਇੱਕ ਗੱਲ ਸਪੱਸ਼ਟ ਦਿਖਾਈ ਦੇ ਰਹੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਸੁਲਤਾਨਪੁਰ ਲੋਧੀ ਤੋਂ ਚੋਣ ਲੜਨ ਦੀ ਇੱਛਾ ਰੱਖਣ ਵਾਲੇ ਚਿਹਰਿਆਂ ਦੀ ਗਿਣਤੀ ਵਧ ਰਹੀ ਹੈ।

ਇਨ੍ਹਾਂ ਵਿੱਚ ਸਵਰਨ ਸਿੰਘ, ਜੋ ਡਾ. ਉਪਿੰਦਰਜੀਤ ਕੌਰ ਦੇ ਪਰਵਾਰ ਨਾਲ ਸੰਬੰਧਤ ਅਤੇ ਟਕਸਾਲੀ ਅਕਾਲੀ ਪਰਵਾਰ ਨਾਲ ਜੁੜੇ ਚਿਹਰੇ ਵਜੋਂ ਚਰਚਾ ਵਿੱਚ ਹਨ, ਤੋਂ ਇਲਾਵਾ ਸੁਖਦੇਵ ਸਿੰਘ ਨਾਨਕਪੁਰ, ਇੰਦਰਜੀਤ ਸਿੰਘ ਜੋਸਨ, ਜਰਨੈਲ ਸਿੰਘ ਡੋਗਰਾਂਵਾਲ, ਦਿਲਬਾਗ ਸਿੰਘ ਗਿੱਲ ਅਤੇ ਸੁਰਜੀਤ ਸਿੰਘ ਢਿੱਲੋਂ ਸਮੇਤ ਕਈ ਹੋਰ ਨਾਂਅ ਸਿਆਸੀ ਚਰਚਾ ਵਿੱਚ ਹਨ।ਇਹ ਤਸਵੀਰ ਅਕਾਲੀ ਦਲ ਲਈ ਇੱਕ ਪਾਸੇ ਚੰਗੀ ਖ਼ਬਰ ਹੈ, ਕਿਉਂਕਿ ਇਸ ਦਾ ਮਤਲਬ ਹੈ ਕਿ ਪਾਰਟੀ ਵਿੱਚ ਹਾਲੇ ਵੀ ਅਜਿਹੇ ਲੋਕ ਹਨ, ਜੋ ਸੁਲਤਾਨਪੁਰ ਲੋਧੀ ਤੋਂ ਆਪਣਾ ਸਿਆਸੀ ਭਵਿੱਖ ਦੇਖ ਰਹੇ ਹਨ।ਪਰ ਦੂਜੇ ਪਾਸੇ ਇਹੀ ਤਸਵੀਰ ਪਾਰਟੀ ਲਈ ਵੱਡੀ ਚੁਣੌਤੀ ਵੀ ਹੈ।

ਏਨੇ ਸਾਰੇ ਦਾਅਵੇਦਾਰਾਂ ਵਿੱਚੋਂ ਇੱਕ ਨੂੰ ਟਿਕਟ ਮਿਲੇਗੀ, ਪਰ ਬਾਕੀਆਂ ਨੂੰ ਨਾਲ ਲੈ ਕੇ ਚੱਲਣਾ ਕੌਣ ਯਕੀਨੀ ਬਣਾਏਗਾ ?

**ਇਹ ਸਵਾਲ ਟਿਕਟ ਨਾਲੋਂ ਵੀ ਵੱਡਾ ਹੈ। ਪੁਰਾਣੇ ਵਰਕਰ ਬਨਾਮ ਨਵੇਂ ਚਿਹਰੇ—ਅਸਲ ਕਸੌਟੀ ਇੱਥੇ ਹੈ।**

ਅਕਾਲੀ ਦਲ ਦੀ ਸਭ ਤੋਂ ਵੱਡੀ ਤਾਕਤ ਹਮੇਸ਼ਾ ਇਸ ਦਾ ਵਰਕਰ ਰਿਹਾ ਹੈ। ਉਹ ਵਰਕਰ ਜੋ ਪਾਰਟੀ ਦੇ ਚੰਗੇ-ਮਾੜੇ ਸਮੇਂ ਵਿੱਚ ਝੰਡਾ ਚੁੱਕ ਕੇ ਖੜ੍ਹਾ ਰਿਹਾ, ਜਿਸ ਨੇ ਚੋਣਾਂ ਵਿੱਚ ਘਰ-ਘਰ ਜਾ ਕੇ ਵੋਟ ਮੰਗੀ ਅਤੇ ਜਿਸ ਨੇ ਕਈ ਵਾਰ ਬਿਨਾਂ ਕਿਸੇ ਅਹੁਦੇ ਜਾਂ ਅਹੁਦੇ ਦੀ ਉਮੀਦ ਤੋਂ ਪਾਰਟੀ ਲਈ ਕੰਮ ਕੀਤਾ।

ਇਸ ਲਈ 2027 ਵਿੱਚ ਜੇਕਰ ਪਾਰਟੀ ਕਿਸੇ ਨਵੇਂ ਜਾਂ ਬਾਹਰੋਂ ਆਏ ਚਿਹਰੇ ਨੂੰ ਤਰਜੀਹ ਦਿੰਦੀ ਹੈ ਤਾਂ ਸਭ ਤੋਂ ਪਹਿਲਾਂ ਉਸ ਨੂੰ ਇਹ ਦੇਖਣਾ ਪਵੇਗਾ ਕਿ ਪਾਰਟੀ ਦਾ ਪੁਰਾਣਾ ਵਰਕਰ ਉਸ ਫੈਸਲੇ ਨੂੰ ਕਿਵੇਂ ਲੈਂਦਾ ਹੈ।

ਸਿਆਸੀ ਪਾਰਟੀਆਂ ਅਕਸਰ ਚੋਣ ਤੋਂ ਪਹਿਲਾਂ ਇਹ ਗਿਣਤੀ ਕਰਦੀਆਂ ਹਨ ਕਿ ਕਿਸ ਚਿਹਰੇ ਦੀ ਆਪਣੀ ਵੋਟ ਕਿੰਨੀ ਹੈ।

**(● ਬਾਕੀ ਸਫ਼ਾ 9 'ਤੇ)**

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਧਰਨਾ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ) ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਸਥਾਨਕ ਮਿਨੀ ਸਕੱਤਰੇਤ ਵਿਖੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਭਾਰੀ ਰੋਸ ਧਰਨਾ ਦਿੱਤਾ।ਇਸ ਦੌਰਾਨ ਪੰਜਾਬ ਸਰਕਾਰ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾਈ ਤੇ ਜ਼ਿਲ੍ਹਾ ਆਗੂਆਂ ਨੇ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਚੁੱਕੇ।ਉਨ੍ਹਾਂ ਅਫ਼ਸੋਸ ਪ੍ਰਗਟਾਇਆ ਕਿ ਮਾਨ ਸਰਕਾਰ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਫੈਸਲੇ ਲਾਗੂ ਕਰਕੇ ਪਿਛਲੀਆਂ ਹੁਕਮਰਾਨ ਸਰਕਾਰਾਂ ਨਾਲੋਂ ਵੀ ਚਾਰ ਕਦਮ ਅੱਗੇ ਲੰਘ ਗਈ ਹੈ।ਸਰਕਾਰ ਮਾਨਯੋਗ ਅਦਾਲਤ ਵੱਲੋਂ ਮਹਿੰਗਾਈ ਭੱਤੇ (ਡੀ.ਏ.) ਦੇ ਸਬੰਧ ਵਿੱਚ ਕੀਤੇ ਗਏ ਇਤਿਹਾਸਕ ਫੈਸਲਿਆਂ ਨੂੰ ਲਾਗੂ ਕਰਨ ਤੋਂ ਵੀ ਭੱਜ ਰਹੀ ਹੈ।

ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, 2.59 ਦਾ ਗੁਣਾਕ ਲਾਗੂ ਕਰਨ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਤੇ ਸਕੀਮ ਵਰਕਰਾਂ ਦੀਆਂ ਵਾਜਬ ਮੰਗਾਂ ਮੰਨਣ ਤੋਂ ਲਗਭਗ ਮੁਨਕਰ ਹੋ ਚੁੱਕੀ ਹੈ।ਵੱਖ-ਵੱਖ ਵਿਭਾਗਾਂ ਵਿੱਚ ਮੁਲਾਜ਼ਮ ਵਿਰੋਧੀ ਨਿਯਮ ਬਣਾ ਕੇ ਧੱਕੇ ਨਾਲ ਲਾਗੂ ਕੀਤੇ ਜਾ ਰਹੇ ਹਨ, ਜਿਸ ਨਾਲ ਕਰਮਚਾਰੀਆਂ ਵਿੱਚ ਭਾਰੀ ਰੋਸ ਹੈ।ਉਨ੍ਹਾ ਕਿਹਾ ਕਿ 23 ਅਗਸਤ ਨੂੰ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁੱਖ ਮੰਤਰੀ ਦੇ ਪਿੰਡ ਸਤੋਜ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਤੇ 27 ਅਗਸਤ ਨੂੰ ਪੰਜਾਬ ਦੇ ਸਮੂਹ ਮੁਲਾਜ਼ਮ ਸਮੂਹਕ ਛੁੱਟੀ ਲੈ ਕੇ ਸਰਕਾਰੀ ਕੰਮਕਾਜ ਮੁਕੰਮਲ ਤੌਰ 'ਤੇ ਠੱਪ ਕਰਨ 'ਤੇ 'ਪੰਜਾਬ ਬੰਦ' ਦੇ ਐਕਸ਼ਨ ਪ੍ਰੋਗਰਾਮ ਨੂੰ ਸਫ਼ਲ ਬਣਾਉਣਗੇ।ਇਸ ਰੋਸ ਪ੍ਰਦਰਸ਼ਨ ਵਿੱਚ ਸੂਬਾਈ ਆਗੂ ਪ੍ਰੇਮ ਚਾਵਲਾ, ਜਤਿੰਦਰ ਕੁਮਾਰ, ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਸੁੱਖੀ, ਅਮਰੀਕ ਸਿੰਘ ਸੰਧੂ, ਰਵਿੰਦਰ ਪਾਲ ਸਿੰਘ ਘਾਲੀ, ਬਖਸ਼ੀਸ਼ ਸਿੰਘ, ਕੰਵਲਜੀਤ ਕੌਰ, ਇੰਦਰਜੀਤ ਸਿੰਘ ਖੀਵਾ, ਕੁਲਵੰਤ ਸਿੰਘ ਚਾਨੀ, ਬਲਵੀਰ ਸਿੰਘ ਸਿਬੀਆਂ, ਬਲਕਾਰ ਸਿੰਘ ਸਹੋਤਾ, ਕਿਰਨ ਪ੍ਰਕਾਸ਼ ਮਹਿਤਾ, ਗਗਨ ਪਾਹਵਾ, ਧਰਮਿੰਦਰ ਸਿੰਘ, ਨਰਿੰਦਰ ਕੁਮਾਰ, ਹਰਪ੍ਰੀਤ ਸਿੰਘ ਸਰਾਂ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਇੰਦਰਜੀਤ ਸਿੰਘ ਗਿੱਲ, ਕੁਲਵਿੰਦਰ ਸਿੰਘ ਮੌੜ, ਗੁਰਚਰਨ ਸਿੰਘ, ਮਨਦੀਪ ਸਿੰਘ ਤੇ ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਹਾਜ਼ਰ ਸਨ।

## ਨੌਜਵਾਨ ਦੀ ਸ਼ੱਕੀ ਹਾਲਤਾਂ 'ਚ ਮੌਤ

ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਖੰਨਾ ਦੇ ਗੁਰੂ ਨਾਨਕ ਨਗਰ, ਕਬਜ਼ਾ ਫੈਕਟਰੀ ਰੋਡ ਇਲਾਕੇ ਵਿੱਚ ਸੋਮਵਾਰ ਸ਼ਾਮ ਕਰੀਬ 22 ਸਾਲਾ ਨੌਜਵਾਨ ਚੰਦਨ ਸਿੰਘ ਉਰਫ਼ ਚਾਂਦ ਦੀ ਸ਼ੱਕੀ ਹਾਲਤਾਂ ਵਿੱਚ ਮੌਤ ਹੋ ਗਈ।ਮੌਤ ਤੋਂ ਬਾਅਦ ਇਲਾਕੇ ਵਿੱਚ ਨਸ਼ਿਆਂ ਦੀ ਕਥਿਤ ਵਿਕਰੀ ਨੂੰ ਲੈ ਕੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਮੁਹੱਲਾ ਵਾਸੀਆਂ ਨੇ ਦੋਸ਼ ਲਗਾਇਆ ਕਿ ਇਲਾਕੇ ਵਿੱਚ ਕਥਿਤ ਤੌਰ 'ਤੇ ਨਸ਼ੀਲੇ ਟੀਕੇ ਤੇ ਗੋਲੀਆਂ ਦੀ ਵਿੱਕਰੀ ਹੋ ਰਹੀ ਹੈ ਤੇ ਇਸ ਸਬੰਧੀ ਪ੍ਰਸ਼ਾਸਨ ਨੂੰ ਪਹਿਲਾਂ ਵੀ ਸ਼ਿਕਾਇਤਾਂ ਦਿੱਤੀਆਂ ਗਈਆਂ ਹਨ।ਲੋਕਾਂ ਨੇ ਨਸ਼ੇ ਦੇ ਕਾਰੋਬਾਰ 'ਤੇ ਸਖ਼ਤੀ ਨਾਲ ਰੋਕ ਲਗਾਉਣ ਦੀ ਮੰਗ ਕੀਤੀ।ਸ਼ਿਵ ਸੈਨਾ ਆਗੂ ਅਵਤਾਰ ਮੌਰਿਆ ਨੇ ਵੀ ਸੋਸ਼ਲ ਮੀਡੀਆ 'ਤੇ ਵੀਡੀਓ ਜਾਰੀ ਕਰਕੇ ਇਲਾਕੇ ਵਿੱਚ ਨਸ਼ਾ ਵਿਕਣ ਦੇ ਦੋਸ਼ ਲਗਾਏ ਤੇ ਪੁਲਸ ਪ੍ਰਸ਼ਾਸਨ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ। ਥਾਣਾ ਸਿਟੀ-2 ਦੇ ਐੱਸ.ਐੱਚ.ਓ. ਤਲਵਿੰਦਰ ਕੁਮਾਰ ਬੇਦੀ ਨੇ ਦੱਸਿਆ ਕਿ ਸੂਚਨਾ ਮਿਲਣ 'ਤੇ ਪੁਲਸ ਨੇ ਮੌਕੇ ਦਾ ਜਾਇਜ਼ਾ ਲਿਆ।ਉਨ੍ਹਾਂ ਕਿਹਾ ਕਿ ਮ੍ਰਿਤਕ ਇੱਕ ਅਜਿਹੀ ਗੋਲੀ ਦਾ ਸੇਵਨ ਕਰਦਾ ਸੀ, ਜੋ ਜੀਭ ਦੇ ਹੇਠਾਂ ਰੱਖੀ ਜਾਂਦੀ ਹੈ।ਐੱਸ.ਐੱਚ.ਓ. ਮੁਤਾਬਕ ਪਰਵਾਰ ਨੇ ਪੁਲਸ ਕਾਰਵਾਈ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ।

## ਸੜਕ ਹਾਦਸੇ 'ਚ ਵਿਅਕਤੀ ਦੀ ਮੌਤ, ਮਾਮਲਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਜਾਣ 'ਤੇ ਅਣਪਛਾਤੇ ਵਕੀਹਲ ਚਾਲਕ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਸਬੀਰ ਸਿੰਘ ਪੁੱਤਰ ਰਾਮਪਾਲ ਵਾਸੀ ਰਾਏਸੰਨ ਨਹਿਰੂ ਕਨਾਲ ਹਰਿਆਣਾ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਬੀਤੇ ਦਿਨ 16 ਅਗਸਤ 2026 ਨੂੰ ਦੁਪਹਿਰੇ ਕਰੀਬ 1 ਵਜੇ ਮੇਨ ਸੜਕ ਜਲਾਲਾਬਾਦ ਤੇ ਉਸ ਦੇ ਲੜਕੇ ਅਭਿਸ਼ੇਕ ਉਰਫ ਸੁਸ਼ਾਂਤ ਓਰਮ ਨੂੰ ਅਣਪਛਾਤੇ ਵਹੀਕਲ ਡਰਾਇਵਰ ਨੇ ਫੇਟ ਮਾਰ ਕੇ ਭੱਜ ਗਿਆ। ਇਸ ਹਾਦਸੇ ਵਿੱਚ ਉਸ ਦੇ ਲੜਕੇ ਅਭੀਸ਼ੇਕ ਉਰਫ ਓਰਮ ਦੀ ਮੌਤ ਹੋ ਗਈ। ਪੁਲਸ ਨੇ ਮੁਦੱਈ ਜਸਬੀਰ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਹਕੀਲ ਡਰਾਇਵਰ ਵਿਰੁੱਧ ਕੇਸ ਦਰਜ ਕਰ ਲਿਆ ਹੈ।

# ਸ਼ਹਿਰ 'ਚ ਗੁੰਡਾਗਰਦੀ ਖਿਲਾਫ਼ ਰੋਸ ਮਾਰਚ, ਥਾਣੇ ਅੱਗੇ ਦਿੱਤਾ ਧਰਨਾ



ਬਰੇਟਾ (ਰੀਤਵਾਲ)

ਸ਼ਹਿਰ ਵਿੱਚ ਲਗਾਤਾਰ ਵਧ ਰਹੀਆਂ ਗੁੰਡਾਗਰਦੀ ਦੀਆਂ ਘਟਨਾਵਾਂ ਨੂੰ ਲੈ ਕੇ ਵੱਖ-ਵੱਖ ਸਮਾਜਿਕ ਜਥੇਬੰਦੀਆਂ ਤੇ ਸ਼ਹਿਰ ਵਾਸੀਆਂ ਨੇ ਸਾਂਝੇ ਤੌਰ 'ਤੇ ਰੋਸ ਮਾਰਚ ਕੱਢਿਆ।ਇਹ ਮਾਰਚ ਸ਼ਹਿਰ ਦੇ ਮੁੱਖ ਬਾਜ਼ਾਰ ਤੋਂ ਸ਼ੁਰੂ ਹੋ ਕੇ ਸਥਾਨਕ ਪੁਲਸ ਥਾਣੇ ਅੱਗੇ ਪਹੁੰਚਿਆ, ਜਿੱਥੇ ਪ੍ਰਦਰਸ਼ਨਕਾਰੀਆਂ ਨੇ ਧਰਨਾ ਦੇ ਕੇ ਆਪਣਾ ਰੋਸ ਪ੍ਰਗਟ ਕੀਤਾ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਪਿਛਲੇ ਕੁਝ ਸਮੇਂ ਤੋਂ ਸ਼ਹਿਰ ਵਿੱਚ ਗੁੰਡਾਗਰਦੀ ਦੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ, ਜਿਸ ਕਾਰਨ ਆਮ ਲੋਕਾਂ ਖਾਸ ਕਰਕੇ ਔਰਤਾਂ ਤੇ ਵਪਾਰੀ ਵਰਗ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਧਰਨੇ ਦੌਰਾਨ ਬੁਲਾਰਿਆਂ ਨਿੱਕਾ ਸਿੰਘ ਬਹਾਦਰਪੁਰ ਤੇ ਜਤਿੰਦਰ ਮੋਹਨ ਗਰਗ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਵਾਈ ਕਾਰਨ ਅਸਮਾਜਿਕ ਅਨਸਰਾਂ ਦੇ ਹੌਸਲੇ ਬੁਲੰਦ ਹੋਏ ਹਨ।ਉਨ੍ਹਾਂ ਕਿਹਾ ਕਿ ਡਾਕਟਰ ਕਮਲ ਦੇ ਹੋਏ ਕਤਲ 'ਚ ਦੋਸ਼ੀ ਨੂੰ ਸਜ਼ਾ ਦੇ ਕੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ।ਇਸ ਤਰ੍ਹਾਂ ਅਕਾਲੀ ਦਲ ਦੇ ਆਗੂ ਦਲਵੀਰ ਸਿੰਘ ਉਰਫ਼ ਕਾਲਾ ਜਵੰਦਾ 'ਤੇ ਫਾਇਰਿੰਗ ਕਰਨ ਵਾਲੇ ਸਾਰੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇ ਅਤੇ ਸ਼ਹਿਰ 'ਚ ਵਾਪਰ ਰਹੀਆਂ ਲੁੱਟ-ਖੋਹ ਤੇ ਗੁੰਡਾਗਰਦੀ ਦੀਆਂ ਘਟਨਾਵਾਂ 'ਤੇ ਨਕੇਲ ਕੱਸੀ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਪੁਲਸ ਨੇ ਹੁਣ ਵੀ ਜਲਦ ਠੋਸ ਕਦਮ ਨਾ ਚੁੱਕੇ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਪ੍ਰਦਰਸ਼ਨਕਾਰੀਆਂ ਨੇ ਪੁਲਸ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸ਼ਹਿਰ ਵਿੱਚ ਗਸ਼ਤ ਵਧਾਈ ਜਾਵੇ, ਦੋਸ਼ੀਆਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਸ਼ਹਿਰ ਦੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾਣ।ਧਰਨੇ ਵਿੱਚ ਸ਼ਾਮਲ ਹੋਏ ਲੋਕਾਂ ਨੇ ਨਾਅਰੇਬਾਜ਼ੀ ਕੀਤੀ।ਥਾਣਾ ਮੁਖੀ ਗਨੇਸ਼ਵਰ ਕੁਮਾਰ ਨੇ ਧਰਨਾਕਾਰੀਆਂ ਨਾਲ ਗੱਲਬਾਤ ਕਰਦਿਆਂ ਭਰੋਸਾ ਦਿੱਤਾ ਕਿ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ ਤੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਭਰੋਸੇ ਤੋਂ ਬਾਅਦ ਧਰਨਾ ਸਮਾਪਤ ਹੋਇਆ।ਇਸ ਮੌਕੇ ਵੱਡੀ ਗਿਣਤੀ ਵਿੱਚ ਔਰਤਾਂ ਵੀ ਹਾਜ਼ਰ ਸਨ।

## ਮਾਲਵਾ ਕਾਲਜ 'ਚ ਤੀਆਂ ਦਾ ਤਿਉਹਾਰ ਮਨਾਇਆ



ਸਰਦੂਲਗੜ੍ਹ (ਅਵਤਾਰ ਜਟਾਣਾ)-ਸਾਨੂੰ ਆਪਣੀ ਵਿਰਾਸਤ ਨੂੰ ਸੰਭਾਲਣ ਲਈ ਆਪਣੇ ਵਿਰਾਸਤੀ ਤਿਉਹਾਰ ਮਨਾਉਣੇ ਚਾਹੀਦੇ ਹਨ।ਸਾਡੇ ਦੇਸ਼ ਦਾ ਸੱਭਿਆਚਾਰ ਬਹੁਤ ਅਮੀਰ ਹੈ, ਜੋ ਸਾਨੂੰ ਸਾਡੇ ਸੰਸਕਾਰਾਂ ਨਾਲ ਜੋੜਦਾ ਹੈ।ਪ੍ਰੰਤੂ ਪਿਛਲੇ ਦੋ-ਤਿੰਨ ਦਹਾਕਿਆਂ ਦੌਰਾਨ ਪੱਛਮੀ ਸੱਭਿਆਚਾਰ ਦੀ ਘੁਸਪੈਠ ਸਾਡੇ ਸੱਭਿਆਚਾਰ ਵਿੱਚ ਹੋਣ ਨਾਲ ਸਾਡੇ ਸੱਭਿਆਚਾਰ ਵਿਚ ਨਾ-ਪੱਖੀ ਰੁਝਾਨ ਪੈਦਾ ਹੁੰਦੇ ਜਾ ਰਹੇ ਹਨ, ਜਿਸ ਦਾ ਪ੍ਰਭਾਵ ਅੱਜਕੱਲ੍ਹ ਸਾਡੀ ਨੌਜਵਾਨ ਪੀੜ੍ਹੀ 'ਤੇ ਵੇਖਣ ਨੂੰ ਮਿਲ ਰਿਹਾ ਹੈ, ਜੋ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਡੇ ਵਿਰਾਸਤ ਨਾਲ ਜੁੜੇ ਸਮਾਗਮ ਕਰਾਉਂਦੇ ਰਹੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਵਿਰਸੇ ਨਾਲ ਜੁੜੀ ਰਹੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸੰਸਥਾ ਦੀ ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਦੇ ਰੰਗਾਰੰਗ ਪ੍ਰੋਗਰਾਮ ਕਰਵਾਏ ਗਏ, ਜਿਸ ਵਿੱਚ ਗੀਤ ਸੰਗੀਤ, ਗਿੱਧੇ ਤੇ ਹੋਰ ਗਤੀਵਿਧੀਆਂ ਵਿੱਚ ਭਾਗ ਲਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਕੌਰ, ਰਕਸ਼ਾ ਰਾਣੀ, ਰੇਖਾ ਰਾਣੀ, ਅਮਨਦੀਪ ਕੌਰ, ਸਿੰਬਲ ਪਾਲ, ਹਰਪ੍ਰੀਤ ਕੌਰ, ਅਮਨਦੀਪ ਕੌਰ ਆਦਿ ਹਾਜ਼ਰ ਸਨ।

## ਡੀ ਏ ਵੀ ਸਕੂਲ ਵਿਖੇ ਤੀਜ ਤੇ ਆਜ਼ਾਦੀ ਦਿਵਸ ਮਨਾਇਆ



ਰਾਜਪੁਰਾ (ਰਮੇਸ਼ ਕਟਾਰੀਆ)-ਡੀ ਏ ਵੀ ਪਬਲਿਕ ਸਕੂਲ ਰਾਜਪੁਰਾ ਨੇ ਤੀਜ ਤੇ ਆਜ਼ਾਦੀ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ।ਸਕੂਲ ਕੈਂਪਸ ਰੰਗ-ਬਿਰੰਗੀਆਂ ਸਜਾਵਟਾਂ ਤੇ ਦੇਸ਼ ਭਗਤੀ ਦੀਆਂ ਭਾਵਨਾਵਾਂ ਨਾਲ ਭਰਿਆ ਹੋਇਆ ਸੀ।ਆਜ਼ਾਦੀ ਦਿਵਸ ਸਮਾਰੋਹ ਦੇਸ਼ ਭਗਤੀ ਦੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ ਗਾਇਨ ਨਾਲ ਹੋਈ।ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ, ਸੱਭਿਆਚਾਰਕ ਪ੍ਰਦਰਸ਼ਨਾਂ ਤੇ ਪ੍ਰੇਰਨਾਦਾਇਕ ਪ੍ਰੋਗਰਾਮਾਂ ਰਾਹੀਂ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਤੇ ਸਮਰਪਣ ਨੂੰ ਸ਼ਰਧਾਂਜਲੀ ਭੇਟ ਕੀਤੀ।ਵਿਦਿਆਰਥੀਆਂ ਤੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਅਲਪਨਾ ਪਾਠਕ ਨੇ ਕਿਹਾ ਕਿ ਅਜਿਹੇ ਸਮਾਗਮ ਸਾਡੀ ਸੱਭਿਆਚਾਰਕ ਵਿਰਾਸਤ ਤੇ ਰਾਸ਼ਟਰੀ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ।ਜਸ਼ਨ ਦੇਸ਼ ਭਗਤੀ ਤੇ ਸੱਭਿਆਚਾਰਕ ਏਕਤਾ ਦੇ ਸੰਦੇਸ਼ ਨਾਲ ਸਮਾਪਤ ਹੋਇਆ।

## ਕਾਤਰਾਂ

### ਹੈਰੋਇਨ ਸਮੇਤ ਕਾਬੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੁਲਸ ਵੱਲੋਂ 22 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨਵਜੋਤ ਸਿੰਘ ਉਰਫ਼ ਨਵ ਵਾਸੀ ਤੱਖਰਾਂ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਪਰਗਟ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਗਸ਼ਤ ਕੀਤੀ ਜਾ ਰਹੀ, ਜੋ ਕਿ ਗੁਰਦੁਆਰਾ ਕਿਰਪਾਨ ਸਾਹਿਬ ਰੋਡ 'ਤੇ ਜਾ ਰਹੇ ਸਨ। ਉਨ੍ਹਾਂ ਨੇ ਚੈਕਿੰਗ ਦੌਰਾਨ ਨਵਜੋਤ ਸਿੰਘ ਉਰਫ਼ ਨਵ ਨੂੰ ਕਾਬੂ ਕੀਤਾ, ਜਿਸ ਕੋਲੋਂ ਤਲਾਸ਼ੀ ਦੌਰਾਨ 22 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਵੱਲੋਂ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਉਕਤ ਕਥਿਤ ਦੋਸ਼ੀ ਖਿਲਾਫ਼ ਪਹਿਲਾਂ ਵੀ ਮਾਮਲੇ ਦਰਜ ਹਨ।

### ਅਕਾਲੀ ਆਗੂ ਰਾਕੇਸ਼ ਕੁਮਾਰ ਗੋਇਲ ਨੂੰ ਸਦਮਾ, ਪਿਤਾ ਦਾ ਦੇਹਾਂਤ



ਬਠਿੰਡਾ (ਰਾਜੀਵ ਗੋਇਲ) ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਤੇ ਅਕਾਲੀ ਆਗੂ ਰਾਕੇਸ਼ ਕੁਮਾਰ ਗੋਇਲ ਅਤੇ ਮਾਸਟਰ ਅਨਿਲ ਕੁਮਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਵੇਦ ਪ੍ਰਕਾਸ਼ ਸੰਖੇਪ ਬਿਮਾਰੀ ਦੇ ਚੱਲਦਿਆਂ ਪਿਛਲੇ ਕਾਫੀ ਲੰਮੇ ਸਮੇਂ ਤੋਂ ਇਲਾਜ ਅਧੀਨ ਚੱਲਦਿਆਂ ਦੀ ਅਚਾਨਕ ਮੌਤ ਹੋ ਗਈ। ਇਸ ਦੁੱਖ ਦੀ ਘੜੀ 'ਚ ਸਮੂਹ ਗੋਇਲ ਪਰਿਵਾਰ ਨਾਲ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਵਿਧਾਇਕ ਬਲਕਾਰ ਸਿੱਧੂ, ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ, ਜ਼ਿਲ੍ਹਾ ਇੰਪਰੂਵਮੈਂਟ ਟਰੱਸਟ ਬਠਿੰਡਾ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਨਗਰ ਪੰਚਾਇਤ ਦੇ ਪ੍ਰਧਾਨ ਜਗਸੀਰ ਸਿੰਘ ਪੰਨੂ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਗਗਨਦੀਪ ਗਰੇਵਾਲ, ਸੁਖਜਿੰਦਰ ਸਿੰਘ ਖਾਨਦਾਨ, ਬਵਲੇਸ਼ ਕੁਮਾਰ ਸਿੰਗਲਾ ਸਰਕਲ ਪ੍ਰਧਾਨ ਭਾਜਪਾ, ਰਵੀ ਵਰਮਾ, ਦਵਿੰਦਰ ਪੁਰੀ, ਸੁਨੀਲ ਕੁਮਾਰ ਭਦੌੜੀਆ, ਸਿਕੰਦਰ ਸਿੰਘ ਬਰਾੜ, ਹਰਦੇਵ ਸਿੰਘ ਸਾ. ਚੇਅਰਮੈਨ, ਡਾ. ਬਲਜੀਤ ਸਿੰਘ ਦਿਉਲ, ਡਾ. ਪ੍ਰਨੀਤ ਕੌਰ ਦਿਉਲ,ਮਨਜੀਤ ਸਿੰਘ ਧੁੰਨਾ, ਜਗਮੋਹਨ ਲਾਲ, ਪਰਮਜੀਤ ਬਿਦਰ, ਲਖਵੀਰ ਸਿੰਘ ਸੀਨੀਅਰ ਵਾਇਸ ਪ੍ਰਧਾਨ ਨਗਰ ਪੰਚਾਇਤ ਭਗਤਾ, ਸ਼ੰਮਾ ਸਿੱਧੂ ਕੈਨੇਡਾ, ਰਣਧੀਰ ਸਿੰਘ ਧੀਰਾ ਆਪ ਆਗੂ, ਰਾਜਵਿੰਦਰ ਸਿੰਘ ਭਗਤਾ ਆਪ ਆਗੂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

### ਹੈਰੋਇਨ ਸਮੇਤ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਹੈਰੋਇਨ ਸਮੇਤ ਕਾਬੂ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਗੋਬਿੰਦਗੜ੍ਹ ਦੀ ਦਾਣਾ ਮੰਡੀ ਨਜ਼ਦੀਕ ਗਸ਼ਤ ਕਰ ਰਹੀ ਇੱਕ ਪੁਲਸ ਪਾਰਟੀ ਵੱਲੋਂ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਜਸਪ੍ਰੀਤ ਸਿੰਘ ਉਰਫ ਜੱਸਾ ਦੀ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ ਵਿੱਚੋਂ ਛੇ ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕੀਤੇ ਗਏ ਮੁਕੱਦਮੇ ਵਿੱਚ ਜਸਪ੍ਰੀਤ ਸਿੰਘ ਉਰਫ ਜੱਸਾ ਵਾਸੀ ਪਿੰਡ ਕੋਟਲਾ ਡਡਹੇੜੀ ਨੂੰ ਗ੍ਰਿਫ਼ਤਾਰ ਕਰਕੇ ਸਹਾਇਕ ਥਾਣੇਦਾਰ ਸੰਜੀਵ ਕੁਮਾਰ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਡੀ ਸੀ ਦਫਤਰ ਅੱਗੇ ਰੈਲੀ

## ਮੁਲਾਜ਼ਮਾਂ-ਪੈਨਸ਼ਨਰਾਂ ਨੇ ਕੀਤੀ ਵੱਡੀ ਗਿਣਤੀ 'ਚ ਸ਼ਮੂਲੀਅਤ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਦਿੱਤੇ ਗਏ ਸੱਦੇ 'ਤੇ ਡੀ.ਸੀ. ਕੰਪਲੈਕਸ ਮੋਗਾ ਦੇ ਸਹਮਣੇ ਸਾਂਝਾ ਮੁਲਾਜ਼ਮ ਮੰਚ/ਮੁਲਾਜ਼ਮ/ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਦਫਤਰੀ ਕਾਮਿਆਂ ਦੇ ਨਾਲ ਰਲ ਕੇ ਦਫਤਰਾਂ ਦਾ ਕੰਮ ਬੰਦ ਕਰਕੇ ਕੀਤੀ ਗਈ ਰੋਸ ਰੈਲੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਦਲਬੀਰ ਸਿੰਘ ਜ਼ਿਲ੍ਹਾ ਪ੍ਰਧਾਨ ਡੀ.ਸੀ. ਦਫਤਰ ਯੂਨੀਅਨ, ਗੁਰਜੀਤ ਸਿੰਘ ਅੌਲਖ ਜਨਰਲ ਸੰਕਤਰ, ਗੁਰਜੀਤ ਸਿੰਘ ਧਾਲੀਵਾਲ, ਭਜਨ ਸਿੰਘ ਗਿੱਲ, ਜਗਦੀਸ ਸਿੰਘ ਚਾਹਲ, ਵਿੰਗਵਿਜੇ ਪਾਲ ਸ਼ਰਮਾ, ਆਗੂਆਂ ਨੇ ਦੱਸਿਆ ਕਿ ਇਹ ਸਰਕਾਰ ਵੀ ਦੂਜੀਆਂ ਸਰਕਾਰਾਂ ਦੀ ਤਰ੍ਹਾਂ ਲੋਕ ਪੱਖੀ ਫੈਸਲੇ ਲੈਣ ਦੀ ਬਜਾਏ ਕਾਰਪੋਰੇਟ ਘਰਾਣਿਆਂ ਨਾਲ ਮਿਲ ਕੇ ਮੁਲਾਜ਼ਮ/ਲੋਕ ਮਾਰੂ ਫੈਸਲੇ ਲਾਗੂ ਕਰਨ 'ਤੇ ਲੱਗੀ ਹੋਈ ਹੈ, ਜਿਸ ਕਰਕੇ ਇਸ ਸਰਕਾਰ ਦੇ ਵਿਰੁੱਧ ਆਮ ਲੋਕਾਂ, ਕਿਸਾਨਾਂ ਤੇ ਮੁਲਾਜ਼ਮਾਂ/ਪੈਨਸ਼ਨਰਾਂ ਵਿੱਚ ਗੁੱਸੇ ਦੀ ਲਹਿਰ ਹੈ।ਆਗੂਆਂ ਨੇ ਦੱਸਿਆ ਕਿ ਸਾਂਝਾ ਮੁਲਾਜ਼ਮ ਮੰਚ/ਮੁਲਾਜ਼ਮ/ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸਰਕਾਰ ਦੇ ਇਸ ਅੜੀਅਲ ਰਵੱਈਏ ਨੂੰ ਦੇਖਦੇ ਹੋਏ ਇਸ ਸਾਂਝੇ ਫੋਰਟ ਵੱਲੋਂ 27 ਅਗਸਤ 2026 ਨੂੰ ਸਾਰੇ ਪੰਜਾਬ ਦੇ ਦਫਤਰਾਂ ਤੇ ਪੰਜਾਬ ਸਾਰੇ ਸਿਸਟਮ ਦਾ ਮਹਾਂਬੰਦ ਕਰਕੇ ਸਾਰਾ ਕੰਮ ਬੰਦ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਰੋਸ ਰੈਲੀ 'ਚ ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ ਜੀਰਾ ਸੀਨੀਅਰ ਮੀਤ ਪ੍ਰਧਾਨ, ਬਲੌਰ ਸਿੰਘ ਘੱਲ ਕਲਾਂ, ਕੁਲਬੀਰ ਸਿੰਘ ਢਿੱਲੋਂ, ਸੁਰਿੰਦਰ ਰਾਮ ਕੁੱਸਾ, ਸੁਰਜੀਤ ਸਿੰਘ ਗਗੜਾ, ਗੁਰਜੰਟ ਸਿੰਘ ਕੋਕਰੀ, ਰਾਜਿੰਦਰ ਸਿੰਘ ਰਿਆੜ, ਭੁਪਿੰਦਰ ਸਿੰਘ ਸੇਖੋਂ, ਕਮਲਦੀਪ ਸਿੰਘ, ਗੁਰਮੀਤ ਰਖਰਾ, ਵਿਸ਼ਾਲ ਸਰਮਾਂ, ਗੁਰਮੇਲ ਸਿੰਘ ਨਾਹਰ, ਗੁਰਜੀਤ ਸਿੰਘ ਮੱਲੀ, ਸਤਨਾਮ ਸਿੰਘ, ਹਰਦੀਪ ਸਿੰਘ ਮੱਕੜ, ਕਰਨਬੀਰ ਸਿੰਘ ਸੁਪਰਡੰਟ, ਅਮਨਪ੍ਰੀਤ ਕੌਰ, ਅੱਕੀ ਕੌਰ, ਰਸਪਾਲ ਸਿੰਘ, ਅਨਮੋਲ ਸਿੰਘ, ਗੁਰਮੇਲ ਸਿੰਘ ਸੁਪਰਡੰਟ, ਕੁਲਦੀਪ ਸਿੰਘ ਘਾਲੀ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਰਾਹੁਲ ਖੇੜਾ, ਸਰਨਜੀਤ ਸਿੰਘ, ਸੁਖਰਾਜ ਕੌਰ, ਵੀਰਪਾਲ ਕੌਰ, ਇੰਦਰਜੀਤ ਕੌਰ, ਸੰਦੀਪ ਕੌਰ ਡੀ. ਸੀ. ਦਫਤਰ, ਗੁਨਵੀਰ ਸਿੰਘ, ਹਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਵੀ ਮੁਲਾਜ਼ਮ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਦੂਜੇ ਦਿਨ ਵੀ ਕਲਮਛੋੜ ਹੜਤਾਲ ਦਾ ਵਿਆਪਕ ਅਸਰ, ਦਫ਼ਤਰਾਂ 'ਚ ਪਸਰਿਆ ਸੰਨਾਟਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਵੱਖ-ਵੱਖ ਸਰਕਾਰੀ ਦਫ਼ਤਰਾਂ ਵਿੱਚ ਕੰਮ ਕਰਦੇ ਮਨਿਸਟਰੀਅਲ ਕਾਮਿਆਂ ਵੱਲੋਂ ਕਲਮਛੋੜ/ ਕੰਪਿਊਟਰ ਬੰਦ ਹੜਤਾਲ ਦੇ ਚਲਦਿਆਂ ਦੂਸਰੇ ਦਿਨ ਵੀ ਸਰਕਾਰੀ ਦਫ਼ਤਰਾਂ ਦੇ ਵਿਹੜੇ ਚਹਿਲ ਪਹਿਲ ਤੋਂ ਸੱਖਣੇ ਰਹੇ।ਪੰਜਾਬ ਰਾਜ ਮਨਿਸਟਰੀਅਲ ਸਰਵਿਸਜ਼ ਯੂਨੀਅਨ ਵੱਲੋਂ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਰਵੱਈਏ ਦੇ ਰੋਸ ਵਜੋਂ ਇਹ ਕਲਮਛੋੜ ਹੜਤਾਲ ਕੀਤੀ ਜਾ ਰਹੀ ਹੈ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ, ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਤੇ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਸਰਕਾਰ ਨੂੰ 15 ਅਗਸਤ ਤੱਕ ਮਨਿਸਟਰੀਅਲ ਕਾਮਿਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਅਲਟੀਮੇਟਮ ਦਿੱਤਾ ਗਿਆ ਸੀ, ਇਸ ਤੋਂ ਇਲਾਵਾ ਪਿਛਲੇ ਹਫ਼ਤੇ ਦੌਰਾਨ ਜਿੱਥੇ ਸਰਕਾਰ ਦੇ ਵਿੱਤ ਮੰਤਰੀ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ ਸੀ, ਉੱਥੇ ਹੱਥਾਂ ਵਿੱਚ ਤਿਰੰਗੇ ਝੰਡੇ ਫੜ ਕੇ ਭਾਰਤ ਮਾਤਾ ਦੀ ਜੈ ਅਤੇ ਵੰਦੇ ਮਾਤਰਮ ਦੇ ਨਾਅਰਿਆਂ ਨਾਲ ਆਪਣਾ ਰੋਸ ਦਰਜ ਕਰਕੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਦਾ ਯਤਨ ਕੀਤਾ ਗਿਆ ਸੀ।ਆਗੂਆਂ ਨੇ ਕਿਹਾ ਕਿ ਸਰਕਾਰ ਨੇ ਮੁਲਾਜ਼ਮ ਮੰਗਾਂ ਪ੍ਰਤੀ ਆਪਣੀਆਂ ਅੱਖਾਂ ਬਿਲਕੁਲ ਹੀ ਮੀਟ ਲਈਆਂ ਹਨ, ਜਿਸ ਦੇ ਚਲਦਿਆਂ ਨਾ ਤਾਂ ਸਰਕਾਰ ਜਥੇਬੰਦੀਆਂ ਦੀ ਗੱਲ ਸੁਣਨ ਨੂੰ ਤਿਆਰ ਹੈ ਤੇ ਨਾ ਹੀ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਮਹਿੰਗਾਈ ਭੱਤੇ ਦੇ ਫੈਸਲੇ ਨੂੰ ਲਾਗੂ ਕਰਨ ਲਈ ਸੰਜੀਦਾ ਹੈ।ਉਨ੍ਹਾਂ ਦੱਸਿਆ ਕਿ ਮੁਲਾਜ਼ਮਾਂ ਨੇ ਸਰਕਾਰ ਨਾਲ ਟੱਕਰ ਲੈਣ ਦਾ ਪੂਰਾ ਮਨ ਬਣਾ ਲਿਆ ਹੈ ਤੇ 27 ਅਗਸਤ ਨੂੰ ਹੋਣ ਵਾਲਾ ਮਹਾਂਬੰਦ ਇਤਿਹਾਸ ਦੇ ਪੰਨਿਆਂ 'ਤੇ ਦਰਜ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਜੀਤ ਸਿੰਘ ਸੁਪਰਡੈਂਟ, ਗੁਰਮੀਤ ਪਾਲ ਰੀਡਰ, ਸਤੀਸ਼ ਕੁਮਾਰ, ਜਗਪ੍ਰੀਤ ਸਿੰਘ, ਹਰੀਸ਼ ਕੁਮਾਰ, ਲਵਪ੍ਰੀਤ ਸਿੰਘ, ਜਸਵੀਰ ਕੌਰ, ਰੁਪਾਲੀ, ਸੁਖਪਾਲ ਕੌਰ, ਨਵਨੀਤ ਬਾਲਾ, ਅਮੀਸ਼ਾ ਆਦਿ ਵੱਡੀ ਗਿਣਤੀ ਵਿੱਚ ਕਰਮਚਾਰੀ ਮੌਜੂਦ ਸਨ।

## ਹਠੂਰ 'ਚ ਏਅਰਟੈੱਲ ਪ੍ਰੀਪੇਡ ਸਟੋਰ ਖੁੱਲ੍ਹਿਆ



ਹਠੂਰ (ਨਛੱਤਰ ਸੰਧੂ)-ਇਥੇ ਪਹਿਲਾ ਏਅਰਟੈੱਲ ਪ੍ਰੀਪੇਡ ਸਟੋਰ ਖੋਲ੍ਹਿਆ ਗਿਆ, ਜਿਸ ਦਾ ਉਦਘਾਟਨ ਨਵੀਨ ਵਧਵਾ (ਜ਼ੋਨਲ ਮੈਨੇਜਰ), ਅਰਪਨ ਭਾਟੀਆ (ਸੀਨੀਅਰ ਮੈਨੇਜਰ), ਪ੍ਰੀਤਪਾਲ ਸਿੰਘ (ਸੀਨੀਅਰ ਮੈਨੇਜਰ), ਤਰੁਣ ਕਰੀਰ (ਏਰੀਆ ਮੈਨੇਜਰ), ਰਾਜਵੰਤ ਸਿੰਘ ਧਾਲੀਵਾਲ, ਸੁਖਵੰਤ ਸਿੰਘ ਧਾਲੀਵਾਲ ਆਦਿ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਇਸ ਮੌਕੇ ਦੱਸਿਆ ਹਲਕੇ ਵਿੱਚ ਏਅਰਟੈੱਲ ਪ੍ਰੀਪੇਡ ਸਟੋਰ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਲੋਕਾਂ ਦੀ ਵਿਸ਼ੇਸ਼ ਸਹੂਲਤ ਲਈ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਤਾਹਨੂੰ ਵੱਡੇ ਸ਼ਹਿਰਾਂ ਵਿੱਚ ਮਿਲਦੀਆਂ ਸਹੂਲਤਾਂ ਇਸ ਹਠੂਰ ਵਿੱਚ ਹੀ ਮਿਲਣਗੀਆਂ। ਇਸ ਮੌਕੇ ਸਾਬਕਾ ਸਰਪੰਚ ਜਸਵੀਰ ਸਿੰਘ ਲੱਖਾ, ਸ਼ਿਗਾਰਾ ਸਿੰਘ ਹਠੂਰ ਸਮੇਤ ਹੋਰ ਸਮਾਜਸੇਵੀ ਆਗੂ ਹਾਜ਼ਰ ਸਨ।

## ਅਧਿਆਪਕਾ ਕਿਰਨਪਾਲ ਕੌਰ ਅਜ਼ਾਦੀ ਦਿਵਸ ਮੌਕੇ ਸਨਮਾਨਤ



ਮਾਨਸਾ (ਆਤਮਾ ਸਿੰਘ ਪਮਾਰ)-ਸਰਕਾਰੀ ਹਾਈ ਸਕੂਲ ਦੀ ਅੰਗਰੇਜ਼ੀ ਮਿਸਟ੍ਰੈੱਸ ਕਿਰਨਪਾਲ ਕੌਰ ਨੂੰ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ 'ਚ ਪਾਏ ਗਏ ਜ਼ਿਕਰਯੋਗ ਯੋਗਦਾਨ ਸਦਕਾ ਸਰਕਾਰੀ ਨਹਿਰੂ ਮੈਮੋਰੀਅਲ ਕਾਲਜ ਮਾਨਸਾ ਵਿਖੇ ਅਜ਼ਾਦੀ ਦਿਵਸ ਸਮਾਗਮ ਦੌਰਾਨ 15 ਅਗਸਤ ਨੂੰ ਮਾਨਯੋਗ ਡਿਪਟੀ ਕਮਿਸ਼ਨਰ ਨਵਜੋਤ ਕੌਰ ਆਈ ਏ ਐੱਸ, ਸਥਾਨਕ ਵਿਧਾਇਕ ਡਾ. ਵਿਜੇ ਸਿੰਗਲਾ, ਸ੍ਰੀ ਭਾਗੀਰਥ ਮੀਨਾ ਆਈ ਪੀ ਐੱਸ ਜ਼ਿਲ੍ਹਾ ਪੁਲਸ ਮੁਖੀ ਮਨਸਾ ਤੇ ਵਧੀਕ ਡਿਪਟੀ ਕਮਿਸ਼ਨਰ ਮੈਡਮ ਪੂਨਮ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਹ ਉਹ ਅਧਿਆਪਕਾ ਹੈ, ਜਿਨ੍ਹਾਂ ਨੇ ਸਰਕਾਰੀ ਸਕੂਲ 'ਚ ਸਭ ਤੋਂ ਪਹਿਲਾਂ ਆਪਣੇ ਬੱਚਿਆਂ ਨੂੰ ਦਾਖਲ ਕਰਵਾਇਆ ਤੇ ਇੱਕ ਨਿਵੇਕਲੀ ਪਹਿਲਕਦਮੀ ਕੀਤੀ।ਅੱਜ ਵੀ ਇਨ੍ਹਾਂ ਦਾ ਬੇਟਾ ਫਤਿਹਵੀਰ ਸਿੰਘ ਸਰਕਾਰੀ ਸੈਕੰਡਰੀ ਸਕੂਲ ਮੂਸਾ ਵਿਖੇ ਪੜ੍ਹ ਰਿਹਾ ਹੈ।

## ਸਾਹਿਤ ਦੀ ਕਿਸੇ ਵੀ ਵੰਨਗੀ ਦਾ ਵਿਸ਼ਲੇਸ਼ਣ ਤੱਥਾਂ 'ਤੇ ਆਧਾਰਤ ਹੋਣਾ ਚਾਹੀਦਾ : ਡਾ. ਤੇਜਵੰਤ ਮਾਨ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਇੱਕ ਵਿਸ਼ੇਸ਼ ਇੱਕਤਰਤਾ ਡਾ. ਤੇਜਵੰਤ ਮਾਨ ਸਾਹਿਤ ਰਤਨ ਦੀ ਪ੍ਰਧਾਨਗੀ ਹੇਠ ਮਾਨ ਹਾਊਸ ਸੰਗਰੂਰ ਵਿਖੇ ਹੋਈ। ਮੀਟਿੰਗ ਵਿੱਚ ਸਾਹਿਤਕ ਸੰਦਰਭਾਂ ਦੀ ਗੰਭੀਰ ਚਰਚਾ ਹੋਈ।ਪੰਜਾਬੀ ਦੀਆਂ ਉਤਕ੍ਰਿਸ਼ਟ ਰਚਨਾਵਾਂ ਬਾਰੇ ਗੰਭੀਰ ਮੰਥਨ ਹੋਇਆ।ਪ੍ਰਿੰ. ਪ੍ਰੇਮ ਲਤਾ ਗਰਗ ਨੂੰ ਸਾਹਿਤ ਦੇ ਖੇਤਰ ਵਿੱਚ ਸਟੇਟ ਐਵਾਰਡ ਮਿਲਣ 'ਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਪ੍ਰਸਿੱਧ ਗੀਤਕਾਰ ਮੀਤ ਸਕਰੌਦੀ ਦੇ ਗੀਤ ਨਾਲ ਆਰੰਭ ਹੋਏ ਸਮਾਗਮ ਵਿੱਚ ਬਲਜਿੰਦਰ ਈਲਵਾਲ, ਡਾ. ਰਾਕੇਸ਼ ਸ਼ਰਮਾ, ਏ. ਪੀ. ਸਿੰਘ, ਗੁਰਨਾਮ ਸਿੰਘ, ਡਾ. ਰਾਜੀਵ ਪੁਰੀ, ਅਮਰ ਗਰਗ ਕਲਮਦਾਨ, ਜਗਦੀਪ ਸਿੰਘ ਗੰਧਾਰਾ ਨੇ ਆਪਣੀਆਂ ਰਚਨਾਵਾਂ ਸੁਣਾਈਆਂ।ਡਾ. ਭਗਵੰਤ ਸਿੰਘ ਨੇ ਸਮਾਗਮ ਦੇ ਪ੍ਰਯੋਜਨ ਤੇ ਸਾਹਿਤਕ ਸੰਦਰਭਾਂ ਸਬੰਧੀ ਅਜੋਕੀਆਂ ਹਾਲਤਾਂ ਵਿੱਚ ਸਾਹਿਤਕਾਰਾਂ ਦੀ ਭੂਮਿਕਾ ਬਾਰੇ ਗੰਭੀਰ ਸੁਆਲ ਉਠਾਏ।ਡਾ. ਤੇਜਵੰਤ ਮਾਨ ਨੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਭਗਵੰਤ ਸਿੰਘ ਤੇ ਸੰਦੀਪ ਸਿੰਘ ਦੀ ਨਵੀਂ ਪੁਸਤਕ 'ਸਾਚੀ ਸਾਖੀ ਦਾ ਅਸਲੀ ਸੱਚ' ਦੇ ਸੰਦਰਭ ਵਿੱਚ ਕਿਹਾ ਕਿ ਸਾਹਿਤ ਦੀ ਕਿਸੇ ਵੀ ਵੰਨਗੀ ਦਾ ਵਿਸ਼ਲੇਸ਼ਣ ਤੱਥਾਂ 'ਤੇ ਆਧਾਰਤ ਹੋਣਾ ਚਾਹੀਦਾ ਹੈ ਨਾ ਕਿ ਕਿਤਾਬੀ ਪਰਿਭਾਸ਼ਾਵਾਂ 'ਤੇ ਆਧਾਰਤ।ਇਹ ਤੱਥ ਬਿਲਕੁਲ ਸੱਚ ਹੈ ਕਿ ਸਰਮਾਏਦਾਰ ਸ਼੍ਰੇਣੀ ਨੇ ਸੱਭਿਆਚਾਰਕ ਉਸਾਰੀ ਨੂੰ ਕਦੀ ਵੀ ਸਮੁੱਚੀ ਮਨੁੱਖਤਾ ਦੀ ਉਨੱਤੀ ਲਈ ਲੋੜੀਂਦਾ ਨਹੀਂ ਸਮਝਿਆ, ਸਗੋਂ ਹਮੇਸ਼ਾ ਖਪਤ-ਪ੍ਰਸਤੀ ਦੇ ਸੌੜੇ ਘੇਰੇ ਵਿੱਚ ਆਪਣੇ ਹਿੱਤਾਂ ਨੂੰ ਸੀਮਤ ਰੱਖਿਆ ਹੈ।ਗੁਰਨਾਮ ਸਿੰਘ ਨੇ ਆਪਣੀ ਨਵੀਂ ਰਚਨਾ 'ਝੱਲਦਾ ਸੀ ਮੈਨੂੰ ਪੱਖੀਆਂ' ਸੁਣਾਉਣ ਦੇ ਨਾਲ ਨਾਲ ਮੰਚ ਸੰਚਾਲਨ ਕੀਤਾ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਫੂਕੀ ਸਰਕਾਰ ਦੀ ਅਰਥੀ



ਭਵਾਨੀਗੜ੍ਹ (ਰਾਜ ਖੁਰਮੀ) ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਪੰਜਾਬ ਮੁਲਾਜ਼ਮ ਮੰਚ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੂਬਾ ਪੱਧਰੀ ਸੱਦੇ ਤਹਿਤ ਭਵਾਨੀਗੜ੍ਹ ਵਿਖੇ ਸੈਂਕੜੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਰੈਲੀ ਕਰਨ ਉਪਰੰਤ ਸ਼ਹਿਰ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਰੋਸ ਮਾਰਚ ਕੀਤਾ ਗਿਆ ਤੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਦੇ ਨਾਲ ਹੀ ਮਨਿਸਟੀਰੀਅਲ ਕਾਮਿਆਂ ਵੱਲੋਂ ਦੂਜੇ ਦਿਨ ਵੀ ਕਲਮ ਛੋੜ ਤੇ ਕੰਪਿਊਟਰ ਬੰਦ ਹੜਤਾਲ ਜਾਰੀ ਰੱਖੀ ਗਈ।

ਰੋਸ ਪ੍ਰਦਰਸ਼ਨ ਦੀ ਅਗਵਾਈ ਡੀਟੀਐੱਫ ਦੇ ਸੂਬਾ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ, ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਸਿੱਧੂ, ਜਨਰਲ ਸਕੱਤਰ ਕੇਵਲ ਸਿੰਘ ਸਿੱਧੂ, ਪੁਲਿਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ, ਸਿਹਤ ਵਿਭਾਗ ਦੇ ਬਲਦੇਵ ਸਿੰਘ, ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਹਰਿੰਦਰ ਪਾਲ, ਸਫ਼ਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਜਗਮੇਲ ਸਿੰਘ, ਰਾਮ ਸਰੂਪ, ਬਾਬਾ ਜੀਵਨ ਸਿੰਘ ਕਮੇਟੀ ਦੇ ਪ੍ਰਧਾਨ ਗੁਰਨਾਮ ਸਿੰਘ, ਹਰੀ ਸਿੰਘ, ਡਾ. ਬੀ.ਆਰ. ਅੰਬੇਡਕਰ ਚੇਤਨਾ ਮੰਚ ਦੇ ਪ੍ਰਧਾਨ ਬਲਕਾਰ ਸਿੰਘ, ਸੀਨੀਅਰ ਸਿਟੀਜ਼ਨ ਦੇ ਪ੍ਰਧਾਨ ਚਰਨ ਸਿੰਘ ਚੋਪੜਾ, ਐੱਸਸੀਬੀਸੀ ਅਧਿਆਪਕ ਯੂਨੀਅਨ ਦੇ ਆਗੂ ਕੰਵਲਜੀਤ ਸਿੰਘ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਗੁਰਲਾਭ ਸਿੰਘ ਸਮੇਤ ਹੋਰ ਆਗੂਆਂ ਨੇ ਕੀਤੀ।ਇਸ ਦੌਰਾਨ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਮਹਿੰਗਾਈ ਭੱਤੇ ਸਬੰਧੀ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਦੇ ਬਾਵਜੂਦ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ ਏ ਤੇ ਇਸ ਦੇ ਪਿਛਲੇ ਬਕਾਏ ਜਾਰੀ ਨਹੀਂ ਕੀਤੇ ਜਾ ਰਹੇ।ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਬਕਾਇਆ ਅਦਾਇਗੀ ਸਬੰਧੀ ਦਿੱਤੇ ਹੁਕਮਾਂ ਨੂੰ ਲਾਗੂ ਨਾ ਕਰਨਾ ਮੁਲਾਜ਼ਮਾਂ ਨਾਲ ਬੇਇਨਸਾਫ਼ੀ ਹੈ।ਆਗੂਆਂ ਨੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਪੰਜਾਬ ਸਰਕਾਰ ਦਾ ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਨ, ਪ੍ਰੋਬੇਸ਼ਨ ਸਮਾਂ ਘਟਾ ਕੇ ਇੱਕ ਸਾਲ ਕਰਨ ਤੇ ਇਸ ਦੌਰਾਨ ਪੂਰੀ ਤਨਖਾਹ ਤੇ ਭੱਤੇ ਦੇਣ, ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਭੱਤੇ ਲਾਗੂ ਕਰਨ, ਏਸੀਪੀ ਸਕੀਮ ਤਹਿਤ 4, 9 ਤੇ 14 ਸਾਲ ਦੀ ਸੇਵਾ ਪੂਰੀ ਹੋਣ 'ਤੇ ਉੱਚ ਤਨਖਾਹ ਸਕੇਲ ਦੇਣ, ਜਜੀਆ ਟੈਕਸ ਵਾਪਸ ਲੈਣ ਤੇ ਆਊਟਸੋਰਸ ਤੇ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਕੀਤੀ।

## ਮਾਡਰਨ ਕਾਲਜ ਵਿਖੇ ਮਹਿੰਦੀ ਮੁਕਾਬਲੇ ਕਰਵਾਏ



ਚੀਮਾ ਮੰਡੀ (ਰਵਿੰਦਰ ਚੀਮਾ)-ਮਾਡਰਨ ਗਰੁੱਪ ਆਫ ਕਾਲਜ ਬੀਰ ਕਲਾਂ ਵਿਖੇ ਸਾਵਣ ਦੇ ਮਹੀਨੇ ਤੇ ਤੀਆਂ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਮਹਿੰਦੀ ਮੁਕਾਬਲੇ ਕਰਵਾਏ ਗਏ।ਇਸ ਮੌਕੇ ਬੋਲਦਿਆਂ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਸਾਡਾ ਪੰਜਾਬੀ ਸੱਭਿਆਚਾਰ ਇੱਕ ਬਹੁਤ ਹੀ ਅਮੀਰ ਤੇ ਵਿਲੱਖਣ ਵਿਰਾਸਤ ਦਾ ਮਾਲਕ ਹੈ, ਪੰਜਾਬੀ ਸੱਭਿਆਚਾਰ ਵਿੱਚ ਹਰ ਮਹੀਨੇ ਤੇ ਹਰ ਰੁੱਤ ਦੀ ਆਪਣੀ ਅਹਿਮੀਅਤ ਹੁੰਦੀ ਹੈ।ਇਸ ਲਈ ਸਾਵਣ ਮਹੀਨੇ ਲਈ ਪੰਜਾਬ ਦੀਆਂ ਧੀਆਂ ਦੀ ਇੱਕ ਖਾਸ ਆਕਰਸ਼ਕ ਖਿੱਚ ਹੁੰਦੀ ਹੈ।ਇਸ ਮੌਕੇ ਪੰਜਾਬਣ ਮੁਟਿਆਰਾਂ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ ਅਤੇ ਚੂੜੀਆਂ ਤੇ ਮਹਿੰਦੀ ਅਤੇ ਹੋਰ ਹਾਰ ਸ਼ਿੰਗਾਰ ਦੀਆਂ ਚੀਜ਼ਾਂ ਖਰੀਦ ਦੀਆਂ ਹਨ।ਇਸੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਮਾਡਰਨ ਗਰੁੱਪ ਗਰੁੱਪ ਆਫ ਕਾਲਜ ਬੀਰ ਕਲਾਂ ਵਿਖੇ ਮਹਿੰਦੀ ਕੰਪੀਟੀਸ਼ਨ ਕਰਵਾਇਆ ਗਿਆ, ਜਿਸ ਵਿੱਚ ਕਾਲਜ ਦੀਆਂ ਵੱਖ ਵੱਖ ਕਲਾਸਾਂ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ।ਇਸ ਮੁਕਾਬਲੇ ਵਿੱਚੋਂ ਬੀ.ਸੀ.ਏ. ਦੀ ਵਿਦਿਆਰਥਣ ਹਰਮਨਦੀਪ ਕੌਰ ਨੇ ਪਹਿਲਾ, ਬੀ ਕਾਮ ਦੀ ਵਿਦਿਆਰਥਣ ਕਰਮਜੀਤ ਕੌਰ ਨੇ ਦੂਜਾ ਤੇ ਬੀ.ਸੀ.ਏ. ਫਾਈਨਲ ਈਅਰ ਦੀ ਵਿਦਿਆਰਥਣ ਬਨੀਤਾ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਮਹਿੰਦੀ ਕੰਪੀਟੀਸ਼ਨ ਵਿੱਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਕਾਲਜ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਵੱਲੋਂ ਇਨਾਮ ਤੇ ਸਰਟੀਫਿਕੇਟ ਤਕਸੀਮ ਕੀਤੇ ਗਏ। ਇਸ ਮੌਕੇ ਕਾਲਜ ਦੇ ਪ੍ਰੋਫੈਸਰ ਰਜਿੰਦਰ ਕੌਰ, ਅਮਨਜੀਤ ਸਿੰਘ, ਜਗਤਾਰ ਸਿੰਘ, ਗੁਰਸੇਵਕ ਸਿੰਘ, ਕਿਰਨਜੀਤ ਕੌਰ, ਕੋਮਲ ਰਾਣੀ, ਗੁਰਵਿੰਦਰ ਕੌਰ, ਪ੍ਰੀਤ ਪਾਲ ਕੌਰ, ਮਨਪ੍ਰੀਤ ਕੌਰ ਤੇ ਵੀਰਪਾਲ ਕੌਰ ਹਾਜ਼ਰ ਸਨ।

## 11 ਲੋੜਵੰਦ ਲੜਕੀਆਂ ਦੇ ਵਿਆਹ ਕਰਾਏ



ਜ਼ੀਰਾ (ਨਰਿੰਦਰ ਅਨੇਜਾ)-ਜਿੱਥੇ ਇੱਕ ਪਾਸੇ ਦਾਜ ਦੇ ਕੋਹੜ ਨੇ ਸਮਾਜ ਨੂੰ ਬਦਨਾਮ ਕੀਤਾ ਹੋਇਆ ਹੈ ਤੇ ਰੋਜ਼ਾਨਾ ਕੋਈ ਨਾ ਕੋਈ ਲੜਕੀ ਦਾਜ ਦੀ ਭੇਟ ਚੜ੍ਹਦੀ ਸੁਣੀ ਜਾਂਦੀ ਹੈ, ਉੱਥੇ ਸਮਾਜ ਵਿੱਚ ਬਾਬਾ ਮੋਜਦੀਨ ਲੰਗਰ ਸੁਸਾਇਟੀ ਤੇ ਵੈਲਫੇਅਰ ਵਰਗੀਆਂ ਸੰਸਥਾਵਾਂ ਵੀ ਮੌਜੂਦ ਹਨ, ਜਿਨ੍ਹਾਂ ਦੁਆਰਾ ਐਤਵਾਰ ਨੂੰ 11 ਲੋੜਵੰਦ ਗ਼ਰੀਬ ਲੜਕੀਆਂ ਦੇ ਸਾਵਨ ਮਲ ਭਵਨ ਵਿਖੇ ਵਿਆਹ ਕਰਾਏ ਗਏ। ਇੱਥੇ ਵੱਖ-ਵੱਖ ਪਾਰਟੀ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ ਤੇ ਜੋੜੀਆਂ ਨੂੰ ਅਸ਼ੀਰਵਾਦ ਦਿੱਤਾ।ਸੁਸਾਇਟੀ ਦੇ ਮੈਂਬਰਾਂ ਵੱਲੋਂ ਲੜਕੀਆਂ ਨੂੰ ਲੋੜੀਂਦਾ ਘਰੇਲੂ ਵਰਤੋਂ ਵਾਲਾ ਸਮਾਨ ਵੀ ਦਿੱਤਾ ਗਿਆ।ਵੱਖ-ਵੱਖ ਪਾਰਟੀਆਂ ਦੇ ਅਹੁਦੇਦਾਰਾਂ ਤੇ ਸਮਾਜ ਸੇਵੀਆਂ ਵੱਲੋਂ ਬਾਬਾ ਮੌਜਦੀਨ ਲੰਗਰ ਵੈਲਫੇਅਰ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰਮਾਤਮਾ ਦੇ ਨਾਂਅ ਨਾਲ ਜੋੜਣ ਲਈ ਵੱਖ-ਵੱਖ ਸੁਸਾਇਟੀਆਂ ਵੱਲੋਂ ਧਾਰਮਿਕ ਪ੍ਰੋਗਰਾਮ ਕਰਵਾਏ ਜਾਂਦੇ ਹਨ, ਜੋ ਜ਼ਰੂਰੀ ਵੀ ਹਨ, ਪਰ ਇਸ ਦੇ ਨਾਲ ਹੀ ਗ਼ਰੀਬ ਲੜਕੀਆਂ ਦੇ ਵਿਆਹ ਕਰਾਉਣ ਦੀ ਸੇਵਾ ਵੀ ਹਰ ਸੁਸਾਇਟੀ ਨੂੰ ਅਪਣਾਉਣੀ ਚਾਹੀਦੀ ਹੈ, ਕਿਉਂਕਿ ਅਜੋਕੇ ਮਹਿੰਗਾਈ ਦੇ ਦੌਰ ਵਿੱਚ ਇਹ ਸੇਵਾ ਸਭ ਤੋਂ ਉੱਤਮ ਹੈ।ਆਮ ਆਦਮੀ ਪਾਰਟੀ ਤੋਂ ਸ਼ੰਕਰ ਕਟਾਰੀਆ ਮੈਂਬਰ ਜ਼ਿਲ੍ਹਾ ਪ੍ਰਸ਼ਿਤ, ਉੱਘੇ ਸਮਾਜ ਸੇਵੀ ਗੁਰਪ੍ਰੀਤ ਸਿੰਘ ਸੇਖੋਂ, ਭਾਰਤੀ ਜਨਤਾ ਪਾਰਟੀ ਤੋਂ ਅਵਤਾਰ ਸਿੰਘ ਜੀਰਾ, ਕਾਂਗਰਸ ਪਾਰਟੀ ਤੋਂ ਕੁਲਬੀਰ ਸਿੰਘ ਜੀਰਾ, ਨਗਰ ਕੌਂਸਲ ਪ੍ਰਧਾਨ ਧਰਮਪਾਲ ਚੁੱਘ, ਵਿਜੇ ਕੁਮਾਰ ਕਾਲੜਾ ਤੇ ਵੱਖ-ਵੱਖ ਪਾਰਟੀਆਂ ਦੇ ਆਗੂ ਸਨ।

## ਸੁਖੀਜਾ ਨੇ ਮਿਸ ਤੀਜ ਤੇ ਅਲਕਾ ਨੇ ਮਿਸਿਜ਼ ਤੀਜ ਦਾ ਖਿਤਾਬ ਜਿੱਤਿਆ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਹਨੀ ਕਲਾਸਿਕ ਵਿਖੇ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸਮਰਪਤ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਆਯੋਜਨ ਗੀਤੂ ਸੁਖੀਜਾ, ਸਵੀਟੀ ਧਵਨ, ਰਿੰਕੂ ਅਰੋੜਾ, ਗੀਤੂ ਅਰੋੜਾ ਤੇ ਰੇਨੂੰ ਸੱਚਦੇਵਾ ਦੀ ਅਗਵਾਈ ਹੇਠ ਕੀਤਾ ਗਿਆ।ਇਸ ਮੌਕੇ ਜੱਜਾਂ ਦੇ ਪੈਨਲ ਵੱਲੋਂ ਕਰਵਾਏ ਗਏ ਮੁਕਾਬਲੇ ਵਿੱਚ ਸ਼ਰੇਆ ਸੁਖੀਜਾ ਨੂੰ ਮਿਸ ਤੀਜ-2026 ਤੇ ਅਲਕਾ ਸ਼ਰਮਾ ਨੂੰ ਮਿਸਿਜ਼ ਤੀਜ-2026 ਚੁਣਿਆ ਗਿਆ।ਜੇਤੂਆਂ ਨੂੰ ਸਨਮਾਨਤ ਕਰਦਿਆਂ ਪ੍ਰਬੰਧਕਾਂ ਵੱਲੋਂ ਵਧਾਈ ਦਿੱਤੀ ਗਈ।ਤੀਆਂ ਦੇ ਇਸ ਸਮਾਗਮ ਵਿੱਚ ਕਰੀਬ 60 ਔਰਤਾਂ ਤੇ ਕੁੜੀਆਂ ਨੇ ਸ਼ਮੂਲੀਅਤ ਕੀਤੀ।ਇਸ ਦੌਰਾਨ ਵੱਖ-ਵੱਖ ਪੰਜਾਬੀ ਬੋਲੀਆਂ, ਗਿੱਧਾ ਤੇ ਹੋਰ ਰੰਗਾਰੰਗ ਪੇਸ਼ਕਾਰੀਆਂ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਐਂਕਰ ਆਫਰੀਨ ਖ਼ਾਨ ਨੇ ਆਪਣੀ ਖੂਬਸੂਰਤ ਅੰਦਾਜ਼-ਏ-ਪੇਸ਼ਕਾਰੀ ਨਾਲ ਪ੍ਰੋਗਰਾਮ ਨੂੰ ਹੋਰ ਵੀ ਦਿਲਚਸਪ ਬਣਾਇਆ।ਇਸ ਮੌਕੇ ਆਯੋਜਕ ਗੀਤੂ ਸੁਖੀਜਾ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਮੋਬਾਇਲ ਤੇ ਸੋਸ਼ਲ ਮੀਡੀਆ ਨਾਲ ਜ਼ਿਆਦਾ ਜੁੜੀ ਹੋਈ ਹੈ ਅਤੇ ਆਪਣੇ ਅਮੀਰ ਪੰਜਾਬੀ ਸੱਭਿਆਚਾਰ ਤੇ ਵਿਰਸੇ ਤੋਂ ਦੂਰ ਹੁੰਦੀ ਜਾ ਰਹੀ ਹੈ।ਇਸ ਲਈ ਅਜਿਹੇ ਸੱਭਿਆਚਾਰਕ ਸਮਾਗਮ ਕਰਵਾਉਣੇ ਸਮੇਂ ਦੀ ਲੋੜ ਹਨ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਿਆ ਜਾ ਸਕੇ।ਇਸ ਮੌਕੇ ਨਿਸ਼ਠਾ ਸੁਖੀਜਾ, ਭਾਵਨਾ ਸ਼ਰਮਾ, ਨੀਰੂ ਤੁਲਾਨੀ, ਸਲੋਨੀ ਮੜਕਣ, ਮਾਨਵੀ ਪੋਪਲੀ, ਚੰਚਲ ਪੋਪਲੀ, ਗੀਤਾ ਵਰਮਾ, ਅਲਕਾ ਆਹੂਜਾ, ਨਮਰਤਾ ਮਿੱਤਲ, ਹਿਨਾ ਸ਼ਰਮਾ, ਰਿਹਾਨਾ ਮਲਿਕ, ਡਿੰਪਲ ਸੁਖੀਜਾ, ਕਿਰਨ ਪਾਹਵਾ, ਪ੍ਰਿਆ ਧਵਨ, ਮੋਨਾ ਕਾਂਸਲ, ਸ਼ੈਲੀ ਖੀਪਲ, ਸੋਨੀਆ ਸ਼ਰਮਾ, ਪੁਨੀਤਾ ਧਵਨ, ਛਾਇਆ ਧਵਨ, ਤਨੀਸ਼ਾ ਵਰਮਾ, ਜਯੋਤੀ ਵਰਮਾ, ਗੀਤੂ ਵਰਮਾ, ਪੂਨਮ, ਹਿਮਾਨੀ ਸੇਠੀਆ, ਮਮਤਾ ਛਾਬੜਾ, ਇੰਦੂ ਚਾਵਲਾ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਮੌਜੂਦ ਸਨ।

# ਸੁਤੰਤਰਤਾ ਦਿਵਸ ਸਮਾਗਮ 'ਚ ਦੇਸ਼ ਭਗਤ ਗਲੋਬਲ ਸਕੂਲ ਦੀ ਸ਼ਾਨਦਾਰ ਪੇਸ਼ਕਾਰੀ

## ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਕਲਾ ਤੇ ਹੁਨਰ ਲਈ ਉਤਸ਼ਾਹਤ ਕਰਦੈ : ਪ੍ਰਿੰ. ਜਿੰਦਲ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ 80ਵੇਂ ਸੁਤੰਤਰਤਾ ਦਿਵਸ ਮੌਕੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਦੇਸ਼ ਭਗਤ ਗਲੋਬਲ ਸਕੂਲ ਦੀਆਂ ਤਿੰਨ ਟੀਮਾਂ ਦੇ ਵਿਦਿਆਰਥੀਆਂ ਨੇ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ, ਦੇਸ਼-ਪ੍ਰੇਮ ਤੇ ਜੋਸ਼ ਨੂੰ ਆਪਣੀ ਪੇਸ਼ਕਾਰੀ ਰਾਹੀਂ ਬਾਖੂਬੀ ਪ੍ਰਗਟ ਕੀਤਾ।ਬੱਚਿਆਂ ਦੀ ਇਸ ਸ਼ਾਨਦਾਰ ਪੇਸ਼ਕਾਰੀ ਤੋਂ ਪ੍ਰਭਾਵਿਤ ਹੋ ਕੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਨਮਾਨ ਬੱਚਿਆਂ ਦੀ ਮਿਹਨਤ, ਅਨੁਸ਼ਾਸਨ ਤੇ ਪ੍ਰਤਿਭਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਆਪਣੀ ਕਲਾ ਤੇ ਹੁਨਰ ਨੂੰ ਵੱਡੇ ਮੰਚਾਂ 'ਤੇ ਪੇਸ਼ ਕਰਨ ਲਈ ਉਤਸ਼ਾਹਤ ਕਰਦਾ ਹੈ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਉਪਲਬਧੀ ਪੂਰੇ ਸਕੂਲ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਦੇਸ਼-ਪ੍ਰੇਮ ਦੇ ਨਾਲ-ਨਾਲ ਆਪਣੀ ਅਮੀਰ ਪੰਜਾਬੀ ਵਿਰਾਸਤ ਪ੍ਰਤੀ ਪਿਆਰ ਪੈਦਾ ਕਰਦੇ ਹਨ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਅਜਿਹੀਆਂ ਪ੍ਰਾਪਤੀਆਂ ਸਕੂਲ ਦੀ ਗੁਣਵੱਤਾ ਭਰਪੂਰ ਸਿੱਖਿਆ ਤੇ ਅਧਿਆਪਕਾਂ ਦੀ ਮਿਹਨਤ ਦਾ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਦੇ ਜਸ਼ਨ ਵਿੱਚ ਬੱਚਿਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀ ਕਰਨਾ ਉਨ੍ਹਾਂ ਵਿੱਚ ਰਾਸ਼ਟਰੀ ਏਕਤਾ ਤੇ ਦੇਸ਼-ਪ੍ਰੇਮ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦਾ ਹੈ।ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਸ਼ਾਨਦਾਰ ਪੇਸ਼ਕਾਰੀ ਨੇ ਸਕੂਲ ਦਾ ਨਾਮ ਜ਼ਿਲ੍ਹਾ ਪੱਧਰ 'ਤੇ ਰੌਸ਼ਨ ਕੀਤਾ ਹੈ।ਸਕੂਲ ਪ੍ਰਬੰਧਕਾਂ ਨੇ ਇਸ ਮੌਕੇ ਭੰਗੜੇ ਦੀ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ ਤੇ ਸਾਰੇ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਹਰਮਨਪ੍ਰੀਤ ਬਰਾੜ ਨੂੰ ਸਮਰਪਤ ਪਹਿਲਾ ਖ਼ੂਨਦਾਨ ਕੈਂਪ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜ਼ਾ)-ਸ੍. ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈੱਲਫੇਅਰ ਸੁਸਾਇਟੀ ਪੰਜਾਬ ਤੇ ਯੂਥ ਕਲੱਬ ਫਿੱਡੇ ਵੱਲੋਂ ਸਵ. ਹਰਮਨ ਪ੍ਰੀਤ ਸਿੰਘ ਬਰਾੜ ਨੂੰ ਸਮਰਪਤ ਪ੍ਰਾਇਮਰੀ ਸਕੂਲ ਪਿੰਡ ਦੇ ਵਿਖੇ ਖ਼ੂਨ ਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਨੌਜਵਾਨਾਂ ਪਰਿਵਾਰਕ ਮੈਂਬਰ, ਰਿਸ਼ਤੇਦਾਰ ਤੇ ਪਿੰਡ ਦੇ ਲੋਕਾਂ ਨੇ ਬਹੁਤ ਚੜ ਕੇ ਹਿੱਸਾ ਲਿਆ ਇਸ ਕੈਂਪ ਵਿੱਚ 70 ਯੂਨਿਟ ਇਕੱਤਰ ਹੋਈਆਂ ਹਸਪਤਾਲਾਂ ਦੇ ਵਿੱਚ ਮਰੀਜ਼ਾਂ ਨੂੰ ਖ਼ੂਨ ਦੀ ਕਮੀ ਨਾ ਆਉਣ ਦੇਣ ਲਈ ਅਜਿਹੇ ਕੈਂਪ ਲਗਾਏ ਜਾਣੇ ਚਾਹੀਦੇ ਹਨ। ਯੂਥ ਕਲੱਬ ਦੇ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੇ ਭਰਾ ਹਰਮਨ ਪ੍ਰੀਤ ਸਿੰਘ ਬਰਾੜ, ਜੋ ਕਿ ਪਿਛਲੇ ਦਿਨੀਂ ਸਵਰਗ ਸੁਧਾਰ ਗਏ ਸਨ, ਉਹ ਹਮੇਸ਼ਾ ਉਨ੍ਹਾਂ ਦੀ ਯਾਦ ਵਿੱਚ ਹਰ ਸਾਲ ਕੈਂਪ ਲਗਾਇਆ ਕਰਨਗੇ ਤੇ ਹੋਰ ਸਮਾਜ ਭਲਾਈ ਦੇ ਕੰਮ ਕਰਿਆ ਕਰਨਗੇ ਤਾਂ ਜੋ ਉਨ੍ਹਾਂ ਨੂੰ ਯਾਦ ਕਰਦੇ ਚੰਗੀਆਂ ਸੇਵਾਵਾਂ ਕਲੱਬ ਹਮੇਸ਼ਾ ਕਰਦਾ ਰਹੇ। ਉਨ੍ਹਾਂ ਦੇ ਮਾਤਾ-ਪਿਤਾ ਨੂੰ ਵੀ ਭਰੋਸਾ ਦਿੱਤਾ ਕਿ ਸਾਰਾ ਪਿੰਡ ਉਨ੍ਹਾਂ ਦੇ ਨਾਲ ਹੈ। ਗੁਰਜੀਤ ਸਿੰਘ ਢਿੱਲੋਂ ਤੇ ਉਨ੍ਹਾਂ ਦੀ ਸਾਰੀ ਟੀਮ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਨਾਲ ਹੀ ਉਨ੍ਹਾਂ ਸਾਰੇ ਡੋਨਰਾਂ ਦਾ ਧੰਨਵਾਦ ਕੀਤਾ।ਇਸ ਕੈਂਪ ਵਿੱਚ ਸਾਰੇ ਪਿੰਡ ਵਾਸੀ, ਪ੍ਰਧਾਨ ਸਵਰਨ ਸਿੰਘ ਕੋਟਕਰੋੜ, ਯੂਥ ਕਲੱਬ ਫਿੱਡੇ ਦੇ ਪ੍ਰਧਾਨ ਅੰਗਰੇਜ਼ ਸਿੰਘ, ਵਾਈਸ ਪ੍ਰਧਾਨ ਮਨਜੀਤ ਸਿੰਘ, ਸਲਾਹਕਾਰ ਰਵਿੰਦਰ ਸਿੰਘ, ਮੈਂਬਰ ਜਸਮੀਤ ਸਿੰਘ, ਰੁਪਿੰਦਰ ਸਿੰਘ, ਗਗਨਦੀਪ ਸਿੰਘ, ਗੁਰਪਿੰਦਰ ਸਿੰਘ, ਰਾਜਦੀਪ ਸਿੰਘ, ਕ੍ਰਿਸ਼ਨ ਸਿੰਘ, ਸਰਪੰਚ ਪ੍ਰਦੀਪ ਸਿੰਘ, ਹਰਮਨ, ਸਤਿੰਦਰ ਸਿੰਘ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਹੋਏ।

## ਦਿਵਿਆਂਗ ਏਕਤਾ ਮੋਰਚਾ ਨੇ ਸ਼ਹਿਰ 'ਚ ਕੀਤਾ ਰੋਸ ਮਾਰਚ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਦਿਵਿਆਂਗ ਏਕਤਾ ਮੋਰਚਾ ਪੰਜਾਬ ਵੱਲੋਂ ਲੰਮੀ 6 ਅਗਸਤ ਤੋਂ ਆਪਣੀਆਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਲੈ ਕੇ ਲਾਏ ਗਏ ਪੱਕੇ ਮੋਰਚੇ ਤਹਿਤ ਵੱਡੀ ਗਿਣਤੀ 'ਚ ਦਿਵਿਆਂਗ ਔਰਤਾਂ ਤੇ ਵਿਅਕਤੀਆਂ ਨੇ ਸ਼ਹਿਰ 'ਚ ਰੋਸ ਮਾਰਚ ਕਰਦਿਆਂ ਸ਼ਹਿਰ ਦੇ ਕੱਕੜਵਾਲ ਚੌਕ 'ਚ ਆਵਾਜਾਈ ਠੱਪ ਕਰਦਿਆਂ ਜੰਮ ਕੇ ਨਾਅਰੇਬਾਜ਼ੀ ਕੀਤੀ।ਟ੍ਰੈਫ਼ਿਕ ਠੱਪ ਹੋਣ ਕਾਰਨ ਮੁੱਖ ਮਾਰਗ 'ਤੇ ਆਵਾਜਾਈ ਬੁਰੀ ਤਰਾਂ ਪ੍ਰਭਾਵਤ ਹੋਈ ਅਤੇ ਲੋਕਾਂ ਨੂੰ ਗਰਮੀ 'ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਪ੍ਰਧਾਨ ਲਾਭ ਸਿੰਘ ਹੀਰਾ ਨੇ ਸਰਕਾਰ ਪਾਸੋਂ ਮੰਗ ਕੀਤੀ ਕਿ ਹਰੇਕ ਅੰਗਹੀਣ ਨੂੰ 5,000 ਰੁਪਏ ਮਹੀਨਾਵਾਰ ਗੁਜ਼ਾਰਾ ਭੱਤਾ ਦਿੱਤਾ ਜਾਵੇ, ਸਰਕਾਰੀ ਨੌਕਰੀਆਂ ਵਿੱਚ ਪਹਿਲ ਦੇਣ ਦੇ ਨਾਲ-ਨਾਲ ਪ੍ਰਾਈਵੇਟ ਕੰਪਨੀਆਂ ਤੇ ਫੈਕਟਰੀਆਂ ਵਿੱਚ 5 ਫੀਸਦੀ ਕੋਟਾ ਰਾਖਵਾਂ ਕੀਤਾ ਜਾਵੇ।ਉਨ੍ਹਾਂ ਅੰਗਹੀਣ ਭਲਾਈ ਐਕਟ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ, ਪ੍ਰਾਈਵੇਟ ਸਕੂਲਾਂ ਵਿੱਚ ਬੱਚਿਆਂ ਲਈ ਮੁਫ਼ਤ ਸਿੱਖਿਆ, ਬਿਨਾਂ ਗਾਰੰਟੀ/ਸ਼ਰਤ ਬੈਂਕ ਲੋਨ, ਈ-ਰਿਕਸ਼ਾ ਦੀ ਸੁਵਿਧਾ, ਸਰਕਾਰੀ ਨੌਕਰੀਆਂ ਲਈ ਫ਼ੀਸ ਮੁਆਫ਼ੀ ਤੇ ਰੋਜ਼ਗਾਰ ਸ਼ੁਰੂ ਕਰਨ ਲਈ ਵਿਸ਼ੇਸ਼ ਰੋਜ਼ਗਾਰ ਰਾਸ਼ੀ ਸਕੀਮ ਚਲਾਉਣ ਦੀ ਮੰਗ ਰੱਖੀ।

## ਮੋਹਿਤ ਮੋਹਿੰਦਰਾ ਵੱਲੋਂ ਬੂਥ ਮੀਟਿੰਗਾਂ ਜ਼ੋਰਾਂ 'ਤੇ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਹਲਕਾ ਪਟਿਆਲਾ ਦਿਹਾਤੀ ਵਿੱਚ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਪਾਰਟੀ ਵੱਲੋਂ ਸ਼ੁਰੂ ਕੀਤੀ ਮੁਹਿੰਮ 'ਹਰ ਬੂਥ ਕਾਂਗਰਸ ਮਜ਼ਬੂਤ' ਤਹਿਤ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਵਿੱਢੀ ਗਈ ਮੁਹਿੰਮ ਪੂਰੇ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹੈ।ਇਸੇ ਲੜੀ ਤਹਿਤ ਸ਼ਹਿਰ ਦੇ ਪ੍ਰਮੁੱਖ ਖੇਤਰ ਤ੍ਰਿਪੜੀ ਦੇ ਵੱਖ-ਵੱਖ ਮੰਡਲਾਂ ਤੇ ਵਾਰਡਾਂ ਵਿੱਚ ਲੜੀਵਾਰ ਬੂਥ ਮੀਟਿੰਗਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਆਗੂਆਂ, ਸਰਗਰਮ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਮੋਹਿਤ ਮੋਹਿੰਦਰਾ ਨੇ ਦਾਅਵਾ ਕੀਤਾ ਕਿ ਸੂਬੇ ਦੇ ਲੋਕ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਤੇ ਝੂਠੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕੇ ਹਨ।ਮੋਹਿਤ ਮੋਹਿੰਦਰਾ ਨੇ ਵਰਕਰਾਂ ਨੂੰ ਪਾਰਟੀ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਕਿਹਾ ਕਿ ਕਿਸੇ ਵੀ ਚੋਣ ਜਾਂ ਲਹਿਰ ਵਿੱਚ ਬੂਥ ਪੱਧਰ ਦੇ ਵਰਕਰ ਦੀ ਭੂਮਿਕਾ ਸਭ ਤੋਂ ਅਹਿਮ ਹੁੰਦੀ ਹੈ।ਉਨ੍ਹਾਂ ਸਮੂਹ ਮੰਡਲ ਤੇ ਬੂਥ ਇੰਚਾਰਜਾਂ ਨੂੰ ਹਦਾਇਤ ਕੀਤੀ ਕਿ ਉਹ ਆਪੋ-ਆਪਣੇ ਇਲਾਕਿਆਂ ਵਿੱਚ ਘਰ-ਘਰ ਜਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਤੇ ਪਾਰਟੀ ਦੀ ਵਿਚਾਰਧਾਰਾ ਨੂੰ ਹਰ ਵੋਟਰ ਤੱਕ ਪਹੁੰਚਾਉਣ।ਉਨ੍ਹਾਂ ਕਿਹਾ ਕਿ ਬੂਥ ਪੱਧਰ 'ਤੇ ਮਜ਼ਬੂਤੀ ਨਾਲ ਹੀ ਕਿਸੇ ਵੀ ਤਾਨਾਸ਼ਾਹੀ ਨੀਤੀ ਦਾ ਮੂੰਹ-ਤੋੜ ਜਵਾਬ ਦਿੱਤਾ ਜਾ ਸਕਦਾ ਹੈ।

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਉਤਸ਼ਾਹਤ ਕੀਤਾ ਜਾਵੇਗਾ : ਰਾਕੇਸ਼ ਬੱਗਾ

■ ਪ੍ਰਬੰਧਕ ਕਮੇਟੀ ਵੱਲੋਂ ਰਾਕੇਸ਼ ਬੱਗਾ ਦਾ ਸਨਮਾਨ



**ਸਨੌਰ (ਰਜਿੰਦਰ ਸਿੰਘ ਥਿੰਦ)** ਸਨੌਰ ਵਿਖੇ ਕਰਵਾਏ ਗਏ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਦੌਰਾਨ ਸਮਾਜਿਕ, ਖੇਡ ਤੇ ਲੋਕ-ਭਲਾਈ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਪ੍ਰਸਿੱਧ ਸਮਾਜ ਸੇਵੀ ਰਾਕੇਸ਼ ਬੱਗਾ ਨੇ ਕਿਹਾ ਕਿ ਅੱਜ ਦਾ ਨੌਜਵਾਨ ਮਾਰੂ ਨਸ਼ਿਆਂ ਦੀ ਦਲਦਲ ਵਿੱਚ ਬੁਰੀ ਤਰ੍ਹਾਂ ਫਸਿਆ ਹੋਇਆ ਹੈ, ਇਸ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਉਤਸ਼ਾਹਤ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਨੇ ਲੋਕਾਂ ਨਾਲ ਵਾਅਦੇ ਤਾਂ ਬਹੁਤ ਵੱਡੇ ਵੱਡੇ ਕੀਤੇ, ਪਰ ਅਫਸੋਸ ਪੰਜਾਬ ਵਿੱਚ ਨਸ਼ਿਆਂ ਨੂੰ ਨੱਥ ਨਾ ਸਕੀਆਂ। ਟੂਰਨਾਮੈਂਟ ਦੇ ਆਯੋਜਕਾਂ ਤੇ ਖੇਡ ਪ੍ਰੇਮੀਆਂ ਵੱਲੋਂ ਰਾਕੇਸ਼ ਬੱਗਾ ਤੇ ਉਨ੍ਹਾਂ ਨਾਲ ਸਤਪਾਲ ਸਿੰਘ, ਸਵਰਨ ਸਿੰਘ, ਅਮਨਦੀਪ ਸਿੰਘ, ਜਗਜੀਤ ਸਿੰਘ ਜੱਗੀ ਰਿਕੀ ਨੂੰ ਸਨਮਾਨ ਚਿੰਨ੍ਹ ਤੇ ਸਿਰੋਪਾਉ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਾਕੇਸ਼ ਬੱਗਾ ਨੇ ਸਨਮਾਨ ਲਈ ਟੂਰਨਾਮੈਂਟ ਕਮੇਟੀ ਤੇ ਸਮੂਹ ਖੇਡ ਪ੍ਰੇਮੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਦਾ ਸਭ ਤੋਂ ਵਧੀਆ ਸਾਧਨ ਹਨ।ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਅੱਗੇ ਵਧਣ ਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਟੂਰਨਾਮੈਂਟ ਦੌਰਾਨ ਰੋਮਾਂਚਕ ਮੁਕਾਬਲੇ ਵੇਖਣ ਨੂੰ ਮਿਲੇ ਤੇ ਵੱਡੀ ਗਿਣਤੀ ਵਿੱਚ ਦਰਸ਼ਕਾਂ ਨੇ ਹਾਜ਼ਰੀ ਲਗਾ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ ਤੇ ਜੇਤੂ ਟੀਮਾਂ ਨੂੰ ਇਨਾਮ ਵੀ ਵੰਡੇ। ਸਮਾਗਮ ਦੇ ਅੰਤ ਵਿੱਚ ਸੁਰਿੰਦਰ ਸਿੰਘ, ਪ੍ਰਭਜੋਤ ਸਿੰਘ, ਸਿਮਰਨ, ਵੀਰਜੋਤ ਆਦਿ ਨੇ ਰਾਕੇਸ਼ ਬੱਗਾ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕਰਦਿਆ ਕਿਹਾ ਕਿ ਉਨ੍ਹਾਂ ਵਰਗੀਆਂ ਸ਼ਖ਼ਸੀਅਤਾਂ ਸਮਾਜ ਲਈ ਪ੍ਰੇਰਨਾ ਸਰੋਤ ਹਨ।

## ਪਟੇਲ ਕਾਲਜ ਦੇ ਐੱਨ ਸੀ ਸੀ ਵਿੰਗ ਨੇ ਆਜ਼ਾਦੀ ਦਿਵਸ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਤੇ 5 ਪੰਜਾਬ ਬਟਾਲੀਅਨ ਪਟਿਆਲਾ ਤੋਂ ਲੈਫਟੀਨੈਂਟ ਡਾ. ਜੈਦੀਪ ਸਿੰਘ ਦੀ ਅਗਵਾਈ ਵਿੱਚ ਕਾਲਜ ਦੇ ਐੱਨ.ਸੀ.ਸੀ. ਕੈਡਿਟਸ ਨੇ ਝੰਡਾ ਗਰਾਊਂਡ ਰਾਜਪੁਰਾ ਵਿਖੇ ਤਹਿਸੀਲ ਪੱਧਰ 'ਤੇ ਮਨਾਏ ਗਏ 80ਵੇਂ ਆਜ਼ਾਦੀ ਦਿਵਸ ਦੇ ਪ੍ਰੋਗਰਾਮ ਵਿੱਚ ਪਰੇਡ ਕੀਤੀ। ਪ੍ਰੋਗਰਾਮ ਦੇ ਮੁੱਖ ਮਹਿਮਾਨ ਮਾਣਯੋਗ ਐੱਸ.ਡੀ.ਐੱਮ. ਰਾਜਪੁਰਾ ਵੱਲੋਂ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ ਗਿਆ। ਉਸ ਤੋਂ ਬਾਅਦ ਪ੍ਰਿੰਸੀਪਲ, ਲੈਫਟੀਨੈਂਟ ਡਾ. ਜੈਦੀਪ ਤੇ ਇਨ੍ਹਾਂ ਐੱਨ.ਸੀ.ਸੀ. ਕੈਡਿਟਸ ਨੇ ਕਾਲਜ ਵਿੱਚ ਵੀ ਤਿਰੰਗਾ ਝੰਡਾ ਲਹਿਰਾ ਕੇ ਉਸ ਨੂੰ ਸਲਾਮੀ ਦਿੱਤੀ ਅਤੇ ਰਾਸ਼ਟਰੀ ਗੀਤ ਗਾਇਆ। ਉਪਰੰਤ ਕਾਲਜ ਦੇ ਐੱਨ.ਸੀ.ਸੀ. ਵਿੰਗ ਵੱਲੋਂ ਆਜ਼ਾਦੀ ਦਿਵਸ ਮੌਕੇ ਕੋ-ਆਰਡੀਨੇਟਰ ਡਾ. ਜੈਦੀਪ ਦੀ ਅਗਵਾਈ ਵਿੱਚ ਤੇ ਉੱਨਤ ਭਾਰਤ ਅਭਿਆਨ ਸਕੀਮ ਤਹਿਤ ਸ਼ਹਿਰ ਦੀਆਂ ਵੱਖ ਵੱਖ ਥਾਵਾਂ 'ਤੇ ਬੂਟੇ ਲਗਾਏ ਗਏ। ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸਾਡੇ ਸ਼ਹੀਦਾਂ ਦੇ ਦੱਸੇ ਰਸਤਿਆਂ 'ਤੇ ਚੱਲ ਕੇ ਭਾਰਤ ਦੀ ਖ਼ੁਸ਼ਹਾਲੀ ਤੇ ਤਰੱਕੀ ਲਈ ਕੰਮ ਕਰਨੇ ਚਾਹੀਦੇ ਹਨ। ਇਸ ਮੌਕੇ ਮਨਦੀਪ ਸਿੱਧੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

## ਬਾਬਾ ਫਰੀਦ ਸਕੂਲ ਦੇ ਵਿਦਿਆਰਥੀਆਂ ਨੇ ਐਡਵੈਂਚਰ ਸਪੋਰਟਸ ਕੈਂਪ 'ਚ ਲਿਆ ਭਾਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੇ ਵਿਦਿਆਰਥੀਆਂ ਨੇ ਭਾਰਤ ਸਕਾਊਟਸ ਐਂਡ ਗਾਈਡਜ਼ ਪੰਜਾਬ ਵੱਲੋਂ ਤਾਰਾ ਦੇਵੀ, ਸ਼ਿਮਲਾ ਵਿਖੇ ਲਗਾਏ ਗਏ ਹੋਇਕਿੰਗ, ਟਰੇਕਿੰਗ ਤੇ ਐਡਵੈਂਚਰ ਸਪੋਰਟਸ ਕੈਂਪ ਵਿੱਚ ਉਤਸ਼ਾਹ ਨਾਲ ਭਾਗ ਲਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਤੇ ਪ੍ਰਿੰਸੀਪਲ ਪਰਮਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੇ ਕੁੱਲ 130 ਵਿਦਿਆਰਥੀ ਲੜਕੀਆਂ ਤੇ ਲੜਕਿਆਂ ਅਤੇ ਸਟਾਫ ਮੈਂਬਰਾਂ ਨੇ ਇਸ ਕੈਂਪ ਵਿੱਚ ਸ਼ਮੂਲੀਅਤ ਕੀਤੀ।ਉਨ੍ਹਾਂ ਦੱਸਿਆ ਕਿ ਕੈਂਪ ਦੀ ਅਗਵਾਈ ਜਤਿੰਦਰ ਕੁਮਾਰ ਤੇ ਦਿਪਾਸ਼ੂ ਨੇ ਕੀਤੀ, ਜਦਕਿ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਓਂਕਾਰ ਸਿੰਘ ਦੀ ਦੇਖ-ਰੇਖ ਹੇਠ ਕੈਂਪ ਸਫਲਤਾਪੂਰਵਕ ਕਰਵਾਇਆ ਗਿਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਹੋਇਕਿੰਗ, ਟਰੇਕਿੰਗ ਤੇ ਵੱਖ-ਵੱਖ ਐਡਵੈਂਚਰ ਗਤੀਵਿਧੀਆਂ 'ਚ ਭਾਗ ਲੈਣ ਦਾ ਮੌਕਾ ਮਿਲਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸ਼ਿਮਲਾ ਤੇ ਡੱਡਸ਼ੋਵ ਚਿੜੀਆਘਰ ਦਾ ਵੀ ਦੌਰਾ ਕੀਤਾ ਤੇ ਕੁਦਰਤੀ ਵਾਤਾਵਰਨ ਨੂੰ ਨੇੜਿਓਂ ਦੇਖਿਆ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ।ਇਨ੍ਹਾਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਵਰਕ, ਬੌਧਿਕ ਸਮਰੱਥਾ ਤੇ ਮਾਨਸਿਕ ਵਿਕਾਸ ਨੂੰ ਉਤਸ਼ਾਹ ਮਿਲਦਾ ਹੈ।ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੀਆਂ ਵਿੱਦਿਅਕ ਤੇ ਸਾਹਸੀ ਗਤੀਵਿਧੀਆਂ ਨਾਲ ਜੋੜਿਆ ਜਾਵੇਗਾ।ਇਸ ਮੌਕੇ ਸਕਾਊਟ ਮਾਸਟਰ ਗੁਰਜੋਤ ਸਿੰਘ, ਹਰਮਨ ਸਿੰਘ, ਕਬ ਮਾਸਟਰ ਜਤਨ ਕੁਮਾਰ, ਐੱਚ.ਓ.ਡੀ. ਬਲਕਰਨ ਸਿੰਘ, ਸੁਖਦੀਪ ਸਿੰਘ, ਨਵਨੀਤ ਕੌਰ, ਭਾਵਿਕਾ ਤੇ ਰਜਿੰਦਰ ਪਾਲ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ਕਿਸਾਨ ਸੰਘਰਸ਼ ਦੇ ਸ਼ਹੀਦ ਸੁਰਜੀਤ ਸਿੰਘ ਹਮੀਦੀ ਦੀ ਬਰਸੀ ਜੋਸ਼ੋ-ਖਰੋਸ਼ ਨਾਲ ਮਨਾਈ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਕਮੇਟੀ ਮਹਿਲ ਕਲਾਂ ਦੀ ਅਗਵਾਈ ਹੇਠ ਜ਼ਮੀਨਾਂ ਬਚਾਓ ਘੋਲ ਦੇ ਸ਼ਹੀਦ ਸੁਰਜੀਤ ਸਿੰਘ ਹਮੀਦੀ ਦੀ 15ਵੀਂ ਬਰਸੀ ਸਮਾਗਮ ਉਨ੍ਹਾਂ ਦੇ ਜੱਦੀ ਪਿੰਡ ਹਮੀਦੀ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਬੀਬੀ ਗਦਰੀ ਗੁਲਾਬ ਕੌਰ ਦੀਆਂ ਵਾਰਸਾਂ ਸੈਂਕੜੇ ਸਾਥੀਆਂ ਮਾਵਾਂ, ਭੈਣਾਂ, ਕਿਸਾਨ, ਮਜ਼ਦੂਰ ਤੇ ਨੌਜਵਾਨਾਂ ਨੇ ਭਰਵੀਂ ਸ਼ਮੂਲੀਅਤ ਕੀਤੀ।ਜਥੇਬੰਦੀ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸੰਨ 2011 ਵਿੱਚ ਅਕਾਲੀ ਦਲ ਦੀ ਸਰਕਾਰ ਵੱਲੋਂ ਪਿੰਡ ਗੋਬਿੰਦਪੁਰਾ ਮਾਨਸਾ ਦੇ ਕਿਸਾਨਾਂ ਦੀ 820 ਏਕੜ ਜ਼ਮੀਨ ਪਿਓਨਾ ਕੰਪਨੀ ਨੂੰ ਅਕਵਾਇਰ ਕਰਕੇ ਦੇਣ ਲਈ ਪਿੰਡ ਵਾਸੀ ਕਿਸਾਨ ਮਜ਼ਦੂਰ ਤੇ ਔਰਤਾਂ ਦੇ ਅੰਨ੍ਹੇਵਾਹ ਜਬਰ ਕੀਤਾ ਗਿਆ ਸੀ, ਜਿਨ੍ਹਾਂ ਕਿਸਾਨਾਂ ਨੇ ਸਬੰਧੀ 'ਤੇ ਟੇਕ ਰੱਖ ਕੇ ਅਕਾਲੀ ਸਰਕਾਰ ਦੇ ਜਬਰ ਦਾ ਜਵਾਬ ਸਬਰ ਨਾਲ 166 ਏਕੜ ਕਿਸਾਨਾਂ ਦੀ ਜ਼ਮੀਨ ਦੇ ਪਿਓਨਾ ਕੰਪਨੀ ਤੋਂ ਵਾਪਸ ਕਰਾਉਣ ਲਈ ਸੁਰਜੀਤ ਸਿੰਘ ਹਮੀਦੀ ਦੀ ਸ਼ਹਾਦਤ ਦੇ ਕੇ ਇਤਿਹਾਸਕਾਰ ਜਿੱਤ ਹਾਸਲ ਕੀਤੀ ਗਈ ਸੀ, ਪਰ ਅੱਜ ਵੀ ਰਹਿੰਦੀ ਉਸ ਜ਼ਮੀਨ ਉੱਪਰ ਪਿਓਨਾ ਕੰਪਨੀ ਦੇ ਪ੍ਰਾਜੈਕਟ ਨਹੀਂ ਲਾਇਆ ਗਿਆ।ਬਾਬਾ ਬਲਵੀਰ ਸਿੰਘ ਬਹਾਦਰ ਨੇ ਕਿਵੇਂ ਵੱਡੇ-ਵੱਡੇ ਜਗੀਰਦਾਰ ਰਜਵਾੜਿਆਂ ਤੋਂ ਜ਼ਮੀਨਾਂ ਖੋਹ ਕੇ ਕਿਰਤੀਆਂ 'ਚ ਵੰਡੀਆਂ ਸਨ।ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਵੀ ਵੋਟ ਪਾਰਟੀਆਂ ਦੀ ਸਰਕਾਰਾਂ ਸਮੇਤ ਜਥੇਬੰਦੀ ਦੇ ਜ਼ੋਰ ਨਾਲ ਹੀ ਜ਼ਮੀਨਾਂ ਬਚਾਈਆਂ ਜਾ ਸਕਦੀਆਂ ਹਨ।ਸਮਾਗਮ 'ਚ ਸੁਰਜੀਤ ਸਿੰਘ ਹਮੀਦੀ ਦੇ ਭਰਾ ਮਾਸਟਰ ਹਰਨੇਕ ਸਿੰਘ ਤੇ ਸਾਰਾ ਧਾਲੀਵਾਲ ਪਰਿਵਾਰ ਤੇ ਰਿਸ਼ਤੇਦਾਰਾਂ ਤੇ ਪਿੰਡ ਇਕਾਈ ਪਿੰਡ ਵਾਸੀਆਂ ਨੇ ਵੀ ਸ਼ਾਮਲ ਹੋਏ।ਇਹ ਵੀ ਪ੍ਰਣ ਕੀਤਾ ਗਿਆ ਕਿ ਕਿਸੇ ਵੀ ਕਿਸਾਨ ਦੀ ਬਗੈਰ ਕਿਸਾਨਾਂ ਦੀ ਇਜਾਜ਼ਤ ਤੋਂ ਬਿਨਾਂ ਜ਼ਮੀਨ ਅਕੁਆਇਰ ਨਹੀਂ ਕਰਨ ਦਿੱਤੀ ਜਾਵੇਗੀ, ਭਾਵੇਂ ਕਿੱਡੀ ਵੱਡੀ ਕੁਰਬਾਨੀ ਕਿਉਂ ਨਾ ਦੇਣੀ ਪੈ ਜਾਵੇ।

## ਪੀ ਐੱਨ ਬੀ ਦੇ ਡਿਪਟੀ ਮੈਨੇਜਰ ਸ਼ਾਮ ਸੁੰਦਰ ਜ਼ਿਲ੍ਹਾ ਪੱਧਰੀ ਐਵਾਰਡ ਨਾਲ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਨੈਸ਼ਨਲ ਬੈਂਕ ਵਿੱਚ ਬਤੌਰ ਡਿਪਟੀ ਮੈਨੇਜਰ ਸੇਵਾਵਾਂ ਨਿਭਾਅ ਰਹੇ ਉੱਘੇ ਸਮਾਜ ਸੇਵੀ ਸ਼ਾਮ ਸੁੰਦਰ ਕਪੂਰ, ਜਿਨ੍ਹਾਂ ਨੂੰ ਸ਼ੰਮੀ ਕਪੂਰ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ, ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਉਹ ਆਪਣੀਆਂ ਬੈਂਕਿੰਗ ਸੇਵਾਵਾਂ ਦੇ ਨਾਲ-ਨਾਲ ਲੰਮੇ ਸਮੇਂ ਤੋਂ ਸਮਾਜ ਦੇ ਲੋੜਵੰਦ ਤੇ ਪੱਛੜੇ ਵਰਗਾਂ ਦੀ ਭਲਾਈ ਲਈ ਨਿਰੰਤਰ ਕਾਰਜਸ਼ੀਲ ਹਨ।ਸ਼ਾਮ ਸੁੰਦਰ ਕਪੂਰ ਵੱਲੋਂ ਵਾਤਾਵਰਨ ਦੀ ਸੰਭਾਲ ਲਈ ਰੁੱਖ ਲਗਾਉਣ, ਸਰਦੀਆਂ ਦੇ ਮੌਸਮ ਵਿੱਚ ਲੋੜਵੰਦਾਂ ਨੂੰ ਗਰਮ ਕੱਪੜੇ ਵੰਡਣ ਤੇ ਦਿਵਿਆਂਗ ਵਿਅਕਤੀਆਂ ਨੂੰ ਟਰਾਈਸਾਈਕਲ ਮੁਹੱਈਆ ਕਰਵਾਉਣ ਵਰਗੇ ਕਈ ਸ਼ਲਾਘਾਯੋਗ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ।ਇਸ ਤੋਂ ਇਲਾਵਾ ਬੌਧਿਕ ਤੇ ਵਿਕਾਸਾਤਮਕ ਅਸਮਰੱਥਤਾਵਾਂ ਵਾਲੇ ਵਿਸ਼ੇਸ਼ ਬੱਚਿਆਂ ਲਈ ਨਕਲੀ ਅੰਗ, ਜ਼ਰੂਰੀ ਉਪਕਰਨ ਤੇ ਮੁਫ਼ਤ ਦਵਾਈਆਂ ਉਪਲਬਧ ਕਰਵਾਉਣ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਮੋਹਰੀ ਰਿਹਾ ਹੈ।ਉਨ੍ਹਾਂ ਨੂੰ ਇਹ ਸਨਮਾਨ ਮਿਲਣ 'ਤੇ ਵੱਖ-ਵੱਖ ਸਮਾਜਿਕ, ਧਾਰਮਿਕ ਜਥੇਬੰਦੀਆਂ ਤੇ ਸ਼ਹਿਰ ਵਾਸੀਆਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਜਿਹੀਆਂ ਸ਼ਖ਼ਸੀਅਤਾਂ ਸਮਾਜ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹਿਣਗੀਆਂ।

## ਸ਼ਾਰਟ ਸਰਕਟ ਕਾਰਨ ਗੋਦਾਮ ਨੂੰ ਲੱਗੀ ਅੱਗ, ਲੱਖਾਂ ਦਾ ਨੁਕਸਾਨ



**ਬਰੇਟਾ (ਗੀਤਵਾਲ)**-ਸ਼ਹਿਰ ਦੇ ਡਾਕਖਾਨੇ ਨੇੜੇ ਸਥਿਤ ਇੱਕ ਗੋਇਲ ਨਾਮ ਦੇ ਇਲੈਕਟ੍ਰਾਨਿਕ ਸਾਮਾਨ ਦੇ ਗੋਦਾਮ ਨੂੰ ਬੀਤੀ ਸੋਮਵਾਰ ਦੀ ਦੁਪਹਿਰ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਭਿਆਨਕ ਅੱਗ ਲੱਗ ਗਈ, ਜਿਸ ਨਾਲ ਲੱਖਾਂ ਰੁਪਏ ਦੇ ਸਾਮਾਨ ਦਾ ਨੁਕਸਾਨ ਹੋਣ ਦੀ ਖ਼ਬਰ ਹੈ।ਗੋਦਾਮ ਵਿੱਚ ਟੀਵੀ, ਫਰਿੱਜ, ਏਸੀ ਤੇ ਹੋਰ ਇਲੈਕਟ੍ਰਾਨਿਕ ਉਪਕਰਨ ਵੱਡੀ ਗਿਣਤੀ ਵਿੱਚ ਰੱਖੇ ਹੋਏ ਸਨ, ਜੋ ਅੱਗ ਦੀ ਲਪੇਟ ਵਿੱਚ ਆ ਕੇ ਸੜ ਕੇ ਸੁਆਹ ਹੋ ਗਏ।ਸਥਾਨਕ ਲੋਕਾਂ ਮੁਤਾਬਕ ਦੁਪਹਿਰ ਗੋਦਾਮ ਦੇ ਅੰਦਰੋਂ ਧੂੰਆਂ ਉੱਠਦਾ ਦੇਖ ਕੇ ਸ਼ੋਰ ਮਚਾਇਆ ਗਿਆ, ਜਿਸ ਤੋਂ ਬਾਅਦ ਲਾਗੇ ਦੇ ਦੁਕਾਨਦਾਰਾਂ ਤੇ ਲੋਕਾਂ ਨੇ ਗੋਦਾਮ ਦੇ ਮਾਲਕ ਵਰਿੰਦਰ ਕੁਮਾਰ ਉਰਫ ਭੋਲੂ ਨੂੰ ਇਤਲਾਹ ਦਿੱਤੀ ਅਤੇ ਨਾਲ ਦੇ ਘਰਾਂ ਵਿੱਚੋਂ ਪਾਣੀ ਦਾ ਪ੍ਰਬੰਧ ਕੀਤਾ ਤੇ ਕਈ ਘੰਟਿਆਂ ਦੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਜਾ ਸਕਿਆ।ਗਨੀਮਤ ਇਹ ਰਹੀ ਕਿ ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਕਿਉਂਕਿ ਘਟਨਾ ਦੇ ਸਮੇਂ ਗੋਦਾਮ ਵਿੱਚ ਕੋਈ ਵੀ ਕਰਮਚਾਰੀ ਮੌਜੂਦ ਨਹੀਂ ਸੀ।ਗੋਦਾਮ ਦੇ ਮਾਲਕ ਵਰਿੰਦਰ ਕੁਮਾਰ ਉਰਫ ਭੋਲੂ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਵਿੱਚ ਇਹ ਸਾਹਮਣੇ ਆਇਆ ਹੈ ਕਿ ਅੱਗ ਬਿਜਲੀ ਦੀਆਂ ਤਾਰਾਂ ਵਿੱਚ ਸ਼ਾਰਟ ਸਰਕਟ ਹੋਣ ਕਾਰਨ ਲੱਗੀ।ਉਨ੍ਹਾਂ ਦੱਸਿਆ ਕਿ ਗੋਦਾਮ ਵਿੱਚ ਰੱਖੇ ਲੱਖਾਂ ਰੁਪਏ ਦੇ ਇਲੈਕਟ੍ਰਾਨਿਕ ਸਾਮਾਨ 'ਚ ਢਾਈ ਲੱਖ ਰੁਪਏ ਦੇ ਕਰੀਬ ਨੁਕਸਾਨ ਹੋਇਆ ਹੈ।

## ਅਮਨ ਅਰੋੜਾ ਨੇ ਗਗਨ ਨਾਲ ਕੀਤਾ ਦੁੱਖ ਸਾਂਝਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਪੀ ਏ ਗਗਨ ਦੇ ਮਾਤਾ ਜੀ ਸ਼੍ਰੀਮਤੀ ਗੁਰਜੀਤ ਕੌਰ ਪਤਨੀ ਸ੍ਰੀ ਕੁਲਵੰਤ ਸਿੰਘ ਵਾਸੀ ਸੁਨਾਮ ਅਕਾਲ ਚਲਾਣਾ ਕਰ ਗਏ।ਉਨ੍ਹਾਂ ਦਾ ਅੰਤਿਮ ਸੰਸਕਾਰ ਨੇੜੇ ਬੱਸ ਸਟੈਂਡ ਸੁਨਾਮ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਸ੍ਰੀ ਅਮਨ ਅਰੋੜਾ ਨੇ ਗਗਨ ਤੇ ਸਮੁੱਚੇ ਪਰਿਵਾਰ ਨੂੰ ਆਪਣੀ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨੂੰ ਹੌਸਲਾ ਦਿੱਤਾ।ਉਨ੍ਹਾਂ ਨੇ ਮਾਤਾ ਜੀ ਦੀ ਮ੍ਰਿਤਕ ਦੇਹ 'ਤੇ ਲੋਈ ਅਰਪਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ ਤੇ ਪਰਵਾਰ ਪ੍ਰਤੀ ਆਪਣੀਆਂ ਸੰਵੇਦਨਾਵਾਂ ਦਾ ਪ੍ਰਗਟਾਵਾ ਕੀਤਾ।ਅੰਤਿਮ ਯਾਤਰਾ ਦੌਰਾਨ ਵੀ ਸ੍ਰੀ ਅਮਨ ਅਰੋੜਾ ਪਰਵਾਰ ਦੇ ਨਾਲ ਮੌਜੂਦ ਰਹੇ ਅਤੇ ਅੱਗੇ ਲੱਗ ਕੇ ਪਰਵਾਰ ਦਾ ਦੁੱਖ ਵੰਡਾਇਆ।ਇਸ ਮੌਕੇ ਵੱਡੀ ਗਿਣਤੀ ਵਿੱਚ ਰਾਜਨੀਤਕ, ਸਮਾਜਿਕ ਤੇ ਧਾਰਮਿਕ ਆਗੂਆਂ ਤੋਂ ਇਲਾਵਾ ਗਗਨ ਦੇ ਰਿਸ਼ਤੇਦਾਰ, ਮਿੱਤਰ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਲੋਕ ਸੇਵਾ ਸੁਸਾਇਟੀ ਨੇ ਸਿੱਧਵਾਂ ਬੇਟ ਵਿਖੇ ਫਰੀ ਮੈਡੀਕਲ ਚੈੱਕਅੱਪ ਕੈਂਪ ਲਾਇਆ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਸੁਰਿੰਦਰ ਕੁਮਾਰ ਢੰਡ ਰਿਟਾਇਰਡ ਅਧਿਆਪਕ ਦੀ ਯਾਦ ਵਿੱਚ ਸ੍ਰੀ ਦੁਰਗਾ ਮਾਤਾ ਮੰਦਿਰ ਸਿੱਧਵਾਂ ਬੇਟ ਵਿਖੇ ਸਮੂਹ ਢੰਡ ਪਰਵਾਰ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਫ਼ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲਗਾਏ ਇਸ ਕੈਂਪ ਵਿੱਚ ਹੱਡੀਆਂ ਤੇ ਜੋੜਾਂ ਨੱਕ, ਕੰਨ, ਗਲਾ, ਚਮੜੀ ਤੇ ਜਨਰਲ ਰੋਗਾਂ ਦੇ 252 ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਵਿੱਚ ਹੱਡੀਆਂ ਤੇ ਜੋੜਾਂ ਦੇ ਮਾਹਿਰ ਡਾਕਟਰ ਚਿਰਾਗ਼ ਸਿੰਗਲਾ ਈਐਨਟੀ ਦੇ ਡਾਕਟਰ ਸਰੀਆ, ਜਨਰਲ ਰੋਗਾਂ ਦੇ ਮਾਹਿਰ ਡਾਕਟਰ ਸ਼ਾਈਨਾ ਤੇ ਚਮੜੀ ਰੋਗਾਂ ਦੇ ਮਾਹਿਰ ਡਾਕਟਰ ਬੈਨਜੀਅਮ ਨੇ 252 ਮਰੀਜ਼ਾਂ ਦੀ ਜਾਂਚ ਕਰਦਿਆਂ ਉਨ੍ਹਾਂ ਨੂੰ ਬਿਮਾਰੀਆਂ ਤੋਂ ਬਚਣ ਦੇ ਨੁਕਤੇ ਸਾਂਝੇ ਕੀਤੇ। ਕੈਂਪ ਵਿੱਚ 50 ਮਰੀਜ਼ਾਂ ਦਾ ਸ਼ੂਗਰ ਟੈਸਟ ਮੁਫ਼ਤ ਕੀਤਾ ਗਿਆ। ਕੈਂਪ ਵਿੱਚ ਦਾ ਉਦਘਾਟਨ ਵਿਕਰਮਜੀਤ ਢੰਡ ਰਿਟਾਇਰਡ ਕੰਨਗੋ ਤੇ ਸੰਜੀਵ ਕੁਮਾਰ ਢੰਡ ਵੱਲੋਂ ਕੀਤਾ ਗਿਆ। ਇਸ ਮੌਕੇ ਘਣ ਸ਼ਾਮ, ਅਸ਼ੋਕ ਕੁਮਾਰ ਢੰਡ, ਸੰਜੀਵ ਕੁਮਾਰ ਢੰਡ, ਸੁਖਜੀਤ ਸਿੰਘ ਕੁਮਾਰ ਢੰਡ, ਨੋਨੀ, ਅਜੇ ਢੰਡ, ਜਸਵੀਰ ਸਿੰਘ ਕੰਨਗੋ, ਪਰਮਜੀਤ ਸਿੰਘ ਖੋਸਾ ਸਰਪੰਚ, ਦਲਵੀਰ ਸਿੰਘ, ਸੱਜਣ ਕੁਮਾਰ, ਗੈਰੀ ਰਮੇਸ਼ ਕੁਮਾਰ ਸਮੇਤ ਲੋਕ ਸੇਵਾ ਸੁਸਾਇਟੀ ਦੇ ਵਾਈਸ ਚੇਅਰਮੈਨ ਕੰਵਲ ਕੱਕੜ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਕਪਿਲ ਸ਼ਰਮਾ ਤੇ ਆਰ. ਕੇ. ਗੋਇਲ ਆਦਿ ਹਾਜ਼ਰ ਸਨ।

## ਜ਼ੋਨ ਪੱਧਰੀ ਕ੍ਰਿਕਟ ਮੁਕਾਬਲਿਆਂ 'ਚ ਪੰਜਾਬ ਕੋ-ਐਜੂਕੇਸ਼ਨ ਸਕੂਲ ਦੀ ਝੰਡੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ ਦੇ ਸ਼ਹਿਰ ਬਾਘਾ ਪੁਰਾਣਾ ਦੀ ਹਰ ਖੇਤਰ ਵਿੱਚ ਮੋਹਰੀ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਸਵਰਗੀ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ ਦੇ ਆਸ਼ੀਰਵਾਦ ਤੇ ਪ੍ਰਿੰਸੀਪਲ ਸ਼੍ਰੀ ਸੰਦੀਪ ਮਹਿਤਾ ਦੇ ਅਣਥੱਕ ਯਤਨਾਂ ਸਦਕਾ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਉੱਚੀਆਂ ਪ੍ਰਾਪਤੀਆਂ ਹਾਸਲ ਕਰ ਰਹੀ ਹੈ।ਇਨ੍ਹਾਂ ਪ੍ਰਾਪਤੀਆਂ ਵਿੱਚ ਵਾਧਾ ਕਰਦਿਆਂ ਇਸ ਸੰਸਥਾ ਦੀਆਂ ਕ੍ਰਿਕਟ ਇੱਕ ਹੋਰ ਮੁਕਾਮ ਹਾਸਲ ਕਰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਸ੍ਰ. ਗੁਰਦਿਆਲ ਸਿੰਘ, ਸੀਨੀਅਰ ਮੀਤ ਪ੍ਰਧਾਨ ਰਿਸ਼ੀ ਮਨਚੰਦਾ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ੍ਰ. ਬਲਵਿੰਦਰ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਹੋਣ ਵਾਲੀਆਂ ਜ਼ੋਨ ਪੱਧਰੀ ਖੇਡਾਂ ਵਿੱਚ ਕ੍ਰਿਕਟ ਮੁਕਾਬਲੇ ਵਿੱਚ ਭਾਗ ਲਿਆ, ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17 ਤੇ ਅੰਡਰ-19 ਵਰਗ ਦੀਆਂ ਟੀਮਾਂ (ਲੜਕੀਆਂ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਪਰਿੰਗ ਫੀਲਡ ਸਕੂਲ ਬਾਘਾ ਪੁਰਾਣਾ ਵਿਖੇ ਹੋਏ ਜ਼ੋਨ ਪੱਧਰੀ ਮੁਕਾਬਲਿਆਂ ਵਿੱਚ ਪੰਜਾਬ ਕਾਨਵੈਂਟ ਸਕੂਲ, ਬਾਘਾ ਪੁਰਾਣਾ ਨੂੰ ਸਾਰੇ ਹੀ ਇਕਤਰਫਾ ਮੈਚਾਂ ਵਿੱਚ ਹਰਾ ਕੇ ਜਿੱਤ ਦੇ ਝੰਡੇ ਗੱਡੇ।ਇਸ ਖ਼ੁਸ਼ੀ ਭਰੇ ਮੌਕੇ 'ਤੇ ਪ੍ਰਿੰਸੀਪਲ ਸ੍ਰੀ ਸੰਦੀਪ ਮਹਿਤਾ ਨੇ ਕਿਹਾ ਸਾਡੇ ਸਕੂਲ ਲਈ ਬਹੁਤ ਹੀ ਮਾਣ ਵਾਲੀ ਪ੍ਰਾਪਤੀ ਹੈ ਤੇ ਉਨ੍ਹਾਂ ਸਾਰੀਆਂ ਹੀ ਖਿਡਾਰਨਾਂ ਨੂੰ ਮੈਡਲ ਨਾਲ ਸਨਮਾਨਤ ਕੀਤਾ ਅਤੇ ਵਧਾਈ ਦਿੰਦਿਆਂ ਕਿਹਾ ਕਿ ਲੜਕੀਆਂ ਨੇ ਬਹੁਤ ਹੀ ਮਿਹਨਤ ਤੇ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਜਿੱਤ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਲੜਕੀਆਂ ਹਰ ਖੇਤਰ ਵਿੱਚ ਲੜਕਿਆਂ ਦੇ ਬਰਾਬਰ ਹਨ।ਇਸ ਲਈ ਇਨ੍ਹਾਂ ਨੂੰ ਅੱਗੇ ਵਧਣ ਦੇ ਮੌਕੇ ਮਿਲਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ 'ਚ ਤੰਦਰੁਸਤੀ, ਅਨੁਸ਼ਾਸਨ, ਮਿਲਵਰਤਨ ਤੇ ਸਹਿਯੋਗ ਵਰਗੀਆਂ ਭਾਵਨਾਵਾਂ ਪ੍ਰਦਾਨ ਕਰਦੀਆਂ ਹਨ।ਇਸ ਲਈ ਹਰ ਵਿਦਿਆਰਥੀ ਨੂੰ ਵੱਧ ਚੜ੍ਹ ਕੇ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ।ਇਸ ਖ਼ੁਸ਼ੀ ਦੇ ਮੌਕੇ 'ਤੇ ਉਨ੍ਹਾਂ ਡੀ.ਪੀ.ਈ. ਬਲਰਾਜ ਸਿੰਘ, ਕੋਚ ਨਵਨੀਤ ਸਿੰਘ, ਕੋਚ ਲਵਪ੍ਰੀਤ ਸਿੰਘ (ਵਿੱਕੀ), ਕੋਚ ਮਨਜੀਤ ਸਿੰਘ ਤੇ ਕੋਚ ਕਪਿਲ ਦੇਵ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ।ਇਸ ਖ਼ੁਸ਼ੀ ਦੇ ਮੌਕੇ 'ਤੇ ਕੋਆਰਡੀਨੇਟਰ ਸ਼੍ਰੀ ਮੁਕੇਸ਼ ਅਰੋੜਾ, ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਡਾਇਰੈਕਟਰ ਕਿਡਜ਼ੀ ਮੈਡਮ ਸੁਧਾ ਮਹਿਤਾ, ਮੈਡਮ ਖੁਸ਼ਪ੍ਰੀਤ ਕੌਰ, ਜ਼ੋਨ ਕਮੇਟੀ ਪ੍ਰਧਾਨ ਸੁਖਚੈਨ ਸਿੰਘ, ਡੀ.ਪੀ.ਈ. ਜਗਬੀਰ ਸਿੰਘ, ਕੁਲਜੀਤ ਸਿੰਘ, ਹਰਜਿੰਦਰ ਸਿੰਘ ਤੇ ਜਸਵਿੰਦਰ ਸਿੰਘ ਤੋਂ ਇਲਾਵਾ ਸਕੂਲ ਦਾ ਸਟਾਫ ਹਾਜ਼ਰ ਸੀ।

## ਗਗਨਦੀਪ ਗਰੇਵਾਲ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਸੀ. ਵਾਈਸ ਪ੍ਰਧਾਨ ਥਾਪੇ



**ਬਠਿੰਡਾ (ਰਾਜੀਵ ਗੋਇਲ)**-ਮਾਰਕੀਟ ਕਮੇਟੀ ਭਗਤਾ ਦੇ ਸਾਬਕਾ ਚੇਅਰਮੈਨ ਗਗਨਦੀਪ ਸਿੰਘ ਗਰੇਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਤੀ ਉਨ੍ਹਾਂ ਦੀ ਮਿਹਨਤ ਤੇ ਵਫਾਦਾਰੀ ਨੂੰ ਦੇਖਦਿਆਂ ਹੋਇਆਂ ਪਾਰਟੀ ਦਾ ਕੌਮੀ ਪੱਧਰ ਦਾ ਅਹੁਦਾ ਨਿਵਾਜ਼ ਕੇ ਮਾਨ ਬਖਸ਼ਿਆ ਗਿਆ ਹੈ। ਹਾਈਕਮਾਨ ਵੱਲੋਂ 'ਗਰੇਵਾਲ' ਨੂੰ ਪਾਰਟੀ ਦਾ ਕੌਮੀ ਸੀਨੀਅਰ ਵਾਈਸ ਪ੍ਰਧਾਨ ਥਾਪਿਆ ਗਿਆ ਹੈ। ਦੱਸਣਾ ਬਣਦਾ ਹੈ ਕਿ ਸਾਬਕਾ ਮੰਥਰੀ ਸਿਕੰਦਰ ਸਿੰਘ ਮਲੂਕਾ ਦੇ ਕਰੀਬੀ ਵਜੋਂ ਜਾਣੇ ਜਾਂਦੇ ਗਰੇਵਾਲ ਪਿਛਲੇ ਕਾਫੀ ਲੰਮੇ ਸਮੇਂ ਤੋਂ ਪਾਰਟੀ ਲਈ ਮਿਹਨਤ ਕਰਦੇ ਆ ਰਹੇ ਹਨ,ਜਿਸ ਕਾਰਨ ਹੀ ਉਨ੍ਹਾਂ ਨੂੰ ਪਿਛਲੇ ਸਮੇਂ ਮਾਰਕੀਟ ਕਮੇਟੀ ਭਗਤਾ ਦਾ ਚੇਅਰਮੈਨ ਵੀ ਲਾਇਆ ਗਿਆ ਸੀ। ਉਧਰ ਦੂਜੇ ਪਾਸੇ ਨਵ-ਨਿਯੁਕਤ ਪ੍ਰਧਾਨ ਗਰੇਵਾਲ ਵੱਲੋਂ ਅਹੁਦਾ ਨਿਵਾਜ਼ੇ ਜਾਣ 'ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਿਕੰਦਰ ਸਿੰਘ ਮਲੂਕਾ ਦਾ ਧੰਨਵਾਦ ਕਰਦੇ ਹੋਏ ਦਿੱਤੀ ਗਈ ਜ਼ੁੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਏ ਜਾਣ ਦਾ ਵਚਨ ਦਿੱਤਾ ਗਿਆ ਹੈ।

## ਸ੍ਰੀ ਰਾਮ ਕਾਲਜ ਡੱਲਾ ਵਿਖੇ ਮਨਾਈਆਂ 'ਤੀਆਂ ਤੀਜ ਦੀਆਂ'



**ਹਠੂਰ (ਨਛੱਤਰ ਸੰਧੂ)**-ਸ਼੍ਰੀ ਰਾਮ ਕਾਲਜ ਡੱਲਾ ਵਿਖੇ 'ਤੀਆਂ ਤੀਜ ਦੀਆਂ' ਦਾ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥਣਾਂ ਨੇ ਰੰਗਾਰੰਗ ਵਿਰਾਸਤੀ ਪ੍ਰੋਗਰਾਮ ਪੇਸ਼ ਕੀਤਾ।ਸਭ ਤੋਂ ਪਹਿਲਾਂ ਬੀ. ਕਾਮ ਭਾਗ ਪਹਿਲਾ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਤੀਆਂ ਦੇ ਇਤਿਹਾਸ ਤੇ ਇਸ ਨੂੰ ਮਨਾਉਣ ਪਿੱਛੇ ਜੁੜੀਆਂ ਗੀਤਾਂ 'ਤੇ ਚਾਨਣਾ ਪਾਇਆ।ਇਸ ਦੇ ਨਾਲ ਹੀ ਕਾਲਜ ਦੀਆਂ ਵੱਖ ਵੱਖ ਵਿਦਿਆਰਥਣਾਂ ਨੇ ਗਿੱਧਾ, ਵਿਰਾਸਤੀ ਗੀਤ, ਬੋਲੀਆਂ, ਟੱਪੇ ਆਦਿ ਦੀ ਪੇਸ਼ਕਾਰੀ ਕੀਤੀ।ਇਸ ਪ੍ਰੋਗਰਾਮ ਵਿੱਚ ਵੱਖ ਵੱਖ ਮੁਕਾਬਲੇ ਵੀ ਕਰਵਾਏ ਗਏ, ਜਿਸ ਦੇ ਅਧਾਰ 'ਤੇ ਮਿਸ ਤੀਜ, ਵਿਰਾਸਤੀ ਪਰਾਂਦਾ, ਸ਼ਾਨਦਾਰ ਜੁੱਤੀ, ਗਿੱਧਿਆਂ ਦੀ ਰਾਣੀ ਦੀ ਚੋਣ ਕੀਤੀ ਗਈ।ਇਨ੍ਹਾਂ ਮੁਕਾਬਲਿਆਂ ਵਿੱਚ 'ਮਿਸ ਤੀਜ' ਦਾ ਖਿਤਾਬ ਬੀ. ਕਾਮ ਭਾਗ ਪਹਿਲਾ ਦੀ ਵਿਦਿਆਰਥਣ ਸਿਮਰਦੀਪ ਕੌਰ ਦੇ ਸਿਰ ਸੱਜਿਆ।ਬੀ. ਕਾਮ ਭਾਗ ਪਹਿਲਾ ਦੀ ਵਿਦਿਆਰਥਣ ਸਹਿਜਪ੍ਰੀਤ ਕੌਰ ਨੇ ਗਿੱਧਿਆਂ ਦੀ ਰਾਣੀ ਤੇ ਬੀ ਏ ਭਾਗ ਦੂਜਾ ਦੀ ਵਿਦਿਆਰਥਣ ਰਾਜਵਿੰਦਰ ਕੌਰ ਨੇ ਸ਼ਾਨਦਾਰ ਜੁੱਤੀ, ਪੀ.ਜੀ.ਡੀ.ਸੀ.ਏ. ਦੀ ਵਿਦਿਆਰਥਣ ਕਿਰਨਜੀਤ ਕੌਰ ਨੇ ਸ਼ਾਨਦਾਰ ਪਰਾਂਦੇ ਵਿੱਚ ਇਨਾਮ ਪ੍ਰਾਪਤ ਕੀਤੇ।ਇਨ੍ਹਾਂ ਪ੍ਰਤੀਭਾਗੀਆਂ ਦੀ ਚੋਣ ਸੰਬੰਧੀ ਜੱਜ ਪ੍ਰੋਫੈਸਰ ਸਤਵਿੰਦਰ ਕੌਰ, ਪ੍ਰੋਫੈਸਰ ਹਰਪ੍ਰੀਤ ਕੌਰ ਤੇ ਪ੍ਰੋਫੈਸਰ ਮਨਪ੍ਰੀਤ ਚਾਵਲਾ ਨੇ ਜੱਜਮੈਂਟ ਦੀ ਭੂਮਿਕਾ ਨਿਭਾਈ।ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵੱਧ ਚੜ੍ਹ ਕੇ ਹੋਣੇ ਚਾਹੀਦੇ ਹਨ ਤਾਂ ਜੋ ਵਿਦਿਆਰਥੀ ਆਪਣੇ ਸੱਭਿਆਚਾਰ ਤੇ ਵਿਰਸੇ ਨਾਲ ਜੁੜ ਸਕਣ।ਵਿਰਾਸਤ ਨਾਲ ਜੁੜ ਕੇ ਹੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਹੀ ਦਿਸ਼ਾ ਦੇ ਸਕਦੇ ਹਾਂ।ਇਸ ਪ੍ਰੋਗਰਾਮ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਡਾਕਟਰ ਪਰਮਿੰਦਰ ਕੌਰ ਨੇ ਬਾਖ਼ੂਬੀ ਨਿਭਾਈ।ਇਸ ਪ੍ਰੋਗਰਾਮ ਵਿੱਚ ਕੋਆਰਡੀਨੇਟਰ ਦੀ ਡਿਊਟੀ ਪ੍ਰੋਫੈਸਰ ਰਮਨਜੀਤ ਕੌਰ ਤੇ ਪ੍ਰੋਫ਼ੈਸਰ ਚੰਦਰਜੋਤ ਸ਼ਰਮਾ ਨੇ ਨਿਭਾਈ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਦੇਵੀ ਚੰਦ ਸ਼ਰਮਾ, ਸੈਕਟਰੀ ਕਿਰਨਜੀਤ ਸਿੰਘ, ਮੈਂਬਰ ਮਾਸਟਰ ਭਗਵੰਤ ਸਿੰਘ, ਹੈੱਡ ਮਾਸਟਰ ਅਵਤਾਰ ਸਿੰਘ, ਮੁਖ਼ਤਿਆਰ ਸਿੰਘ ਤੇ ਸਮੂਹ ਸਟਾਫ ਹਾਜ਼ਰ ਸੀ।

## ਪਿੰਡੀ 'ਚ ਚੋਰੀ, 50 ਹਜ਼ਾਰ ਨਕਦ, ਐੱਲ ਈ ਡੀ ਤੇ ਗੈਸ ਸਿਲੰਡਰ ਚੋਰੀ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**
ਪਿੰਡ ਪਿੰਡੀ ਵਿਖੇ ਇੱਕ ਘਰ ਵਿੱਚ ਚੋਰੀ ਦੀ ਵਾਰਦਾਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਨੇਕ ਚੰਦ ਪੁੱਤਰ ਵਸਾਵਾ ਰਾਮ ਦੇ ਘਰ ਰਾਤ ਕਰੀਬ 2 ਵਜੇ ਅਣਪਛਾਤੇ ਚੋਰ ਦਾਖ਼ਲ ਹੋਏ ਤੇ ਘਰ ਵਿੱਚੋਂ ਕੀਮਤੀ ਸਮਾਨ ਅਤੇ ਨਕਦੀ ਚੋਰੀ ਕਰਕੇ ਫਰਾਰ ਹੋ ਗਏ।ਪਰਵਾਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਚੋਰ ਘਰ ਵਿੱਚੋਂ ਇੱਕ ਐੱਲਈਡੀ, ਕਰੀਬ 50 ਹਜ਼ਾਰ ਰੁਪਏ ਦੀ ਨਕਦੀ ਤੇ ਇੱਕ ਗੈਸ ਸਿਲੰਡਰ ਚੋਰੀ ਕਰਕੇ ਲੈ ਗਏ।ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਵਾਰਦਾਤ ਸਮੇਂ ਘਰ ਦੇ ਸਾਰੇ ਮੈਂਬਰ ਸੁੱਤੇ ਹੋਏ ਸਨ, ਪਰ ਉਨ੍ਹਾਂ ਨੂੰ ਚੋਰੀ ਦੀ ਵਾਰਦਾਤ ਦਾ ਪਤਾ ਸਵੇਰੇ ਲੱਗਾ, ਜਦੋਂ ਸਮਾਨ ਖਿੱਲਰਿਆ ਤੇ ਘਰ ਵਿੱਚੋਂ ਨਕਦੀ ਤੇ ਹੋਰ ਸਾਮਾਨ ਗਾਇਬ ਪਾਇਆ ਗਿਆ।

ਪਰਵਾਰ ਨੇ ਪੁਲਸ ਪ੍ਰਸ਼ਾਸਨ ਨੂੰ ਦਰਖਾਸਤ ਦੇ ਦਿੱਤੀ ਗਈ ਤੇ ਮੰਗ ਕੀਤੀ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ ਅਤੇ ਚੋਰਾਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਤੇ ਚੋਰੀ ਹੋਇਆ ਸਾਮਾਨ ਬਰਾਮਦ ਕਰਾਇਆ ਜਾਵੇ।

## ਰਾਕੇਸ਼ ਮੈਣੀ ਨਗਰ ਪੰਚਾਇਤ ਦੇ ਪ੍ਰਧਾਨ ਤੇ ਦਲਜੀਤ ਸਿੰਘ ਉਪ ਪ੍ਰਧਾਨ ਬਣੇ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਅਧੀਨ ਆਉਂਦੀ ਨਗਰ ਪੰਚਾਇਤ ਮਮਦੋਟ ਵਿਖੇ ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਤੇ ਉੱਪ ਪ੍ਰਧਾਨ ਦੀ ਚੋਣ ਦੌਰਾਨ ਰਾਕੇਸ਼ ਕੁਮਾਰ (ਵਿੱਕੀ) ਮੈਣੀ ਨੂੰ ਪ੍ਰਧਾਨ ਤੇ ਦਲਜੀਤ ਸਿੰਘ ਸਪੁੱਤਰ ਅੰਗਰੇਜ ਸਿੰਘ ਨੂੰ ਉੱਪ ਪ੍ਰਧਾਨ ਚੁਣ ਲਿਆ।ਐੱਸ ਡੀ ਐੱਮ ਅਭਿਸ਼ੇਕ ਸ਼ਰਮਾ ਦੀ ਹਾਜ਼ਰੀ ਵਿੱਚ ਨਗਰ ਪੰਚਾਇਤ ਦੇ ਪ੍ਰਧਾਨ ਦੇ ਅਹੁਦੇ ਲਈ ਹੋਈ ਚੋਣ ਵਿੱਚ ਹਾਜ਼ਰ ਐੱਮ ਸੀਜ਼ ਰਾਕੇਸ਼ ਕੁਮਾਰ (ਵਿੱਕੀ) ਮੈਣੀ, ਦਲਜੀਤ ਸਿੰਘ, ਸ੍ਰੀਮਤੀ ਬੇਅੰਤ ਕੌਰ, ਕਮਲਜੀਤ ਕੌਰ, ਕਿੱਕਰ ਸਿੰਘ, ਸ੍ਰੀਮਤੀ ਜਗੀਰ ਕੌਰ ਉਰਫ ਮਨਜੀਤ ਕੌਰ, ਉਪਿੰਦਰ ਸਿੰਘ ਸਿੰਧੀ, ਸ੍ਰੀਮਤੀ ਪਰਮਜੀਤ ਕੋਰ, ਹੁਸ਼ਿਆਰ ਸਿੰਘ ਗੋਪੀ ਸਾਹਨ ਕੇ, ਅਕਾਸ਼ਦੀਪ ਕੋਰ, ਪ੍ਰਦੀਪ ਸਿੰਘ ਪੱਪੂ, ਗੁਰਮੀਤ ਸਿੰਘ ਹੀਰਾ ਸੇਠਾਂ ਵਾਲਾ ਸਮੇਤ 12 ਐੱਮ ਸੀਜ਼ ਵਿੱਚੋਂ ਸਰਬਸੰਮਤੀ ਨਾਲ ਰਾਕੇਸ਼ ਕੁਮਾਰ (ਵਿੱਕੀ) ਮੈਣੀ ਨੂੰ ਪ੍ਰਧਾਨ ਤੇ ਦਲਜੀਤ ਸਿੰਘ ਨੂੰ ਉੱਪ-ਪ੍ਰਧਾਨ ਚੁਣ ਲਿਆ ਗਿਆ।ਪ੍ਰਧਾਨ ਤੇ ਉੱਪ-ਪ੍ਰਧਾਨ ਦੀ ਚੋਣ ਮੌਕੇ ਪ੍ਰਸ਼ਾਸਨ ਵੱਲੋਂ ਥਾਣਾ ਮੁਖੀ ਮਮਦੋਟ ਹਰਕੀਰਤ ਸਿੰਘ ਦੀ ਨਿਗਰਾਨੀ ਹੇਠ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ, ਪ੍ਰਧਾਨ ਤੇ ਉੱਪ-ਪ੍ਰਧਾਨ ਚੁਣੇ ਜਾਣ 'ਤੇ ਪ੍ਰਧਾਨ (ਵਿਕੀ) ਮੈਣੀ ਤੇ ਉੱਪ-ਪ੍ਰਧਾਨ ਦਲਜੀਤ ਸਿੰਘ ਦੇ ਵੱਡੀ ਗਿਣਤੀ ਵਿੱਚ ਹਾਜ਼ਰ ਸਮਰਥਕਾਂ ਵੱਲੋਂ ਗਲ ਵਿਚ ਹਾਰ ਪਾ ਕੇ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਤੇ ਉੱਪ-ਪ੍ਰਧਾਨ ਦੀ ਤਾਜਪੋਸ਼ੀ ਕਰਨ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਉੱਘੇ ਸਮਾਜ ਸੇਵਕ ਗੁਰਪ੍ਰੀਤ ਸਿੰਘ ਸੇਖੋਂ (ਮੁੱਦਕੀ) ਵੱਲੋਂ ਹਾਜ਼ਰ ਐੱਮ ਸੀਜ਼ ਦਾ ਧੰਨਵਾਦ ਕਰਦਿਆਂ ਇਸ ਪਵਿੱਤਰ ਕਾਰਜ ਨੂੰ ਸਰਬਸੰਮਤੀ ਨਾਲ ਨੇਪਰੇ ਚਾੜ੍ਹਨ 'ਤੇ ਧੰਨਵਾਦ ਕਰਦਿਆਂ ਮੁਬਾਰਕਾਂ ਦਿੱਤੀਆਂ। ਇਸ ਮੌਕੇ ਪ੍ਰਧਾਨ ਰਾਕੇਸ਼ ਕੁਮਾਰ (ਵਿੱਕੀ) ਮੈਣੀ, ਉੱਪ-ਪ੍ਰਧਾਨ ਦਲਜੀਤ ਸਿੰਘ ਤੇ ਸਮਾਜ ਸੇਵੀ ਗੁਰਪ੍ਰੀਤ ਸਿੰਘ ਸੇਖੋਂ ਨੇ ਨਵੇਂ ਚੁਣੇ ਗਏ ਮੈਂਬਰਾਂ ਤੇ ਹਾਜ਼ਰ ਮਮਦੋਟ ਨਿਵਾਸੀਆਂ ਨੂੰ ਵਿਸ਼ਵਾਸ ਦੁਆਇਆ ਕਿ ਨਗਰ ਨਿਵਾਸੀਆਂ ਵੱਲੋਂ ਦਿੱਤੀ ਇਸ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਬਿਨਾਂ ਕਿਸੇ ਭੇਦ-ਭਾਵ ਦੇ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਮਮਦੋਟ ਦੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਉੱਘੇ ਟਰਾਂਸਪੋਰਟਰ ਅੰਗਰੇਜ਼ ਸਿੰਘ ਸਿੱਧੂ, ਉੱਘੇ ਉਦਯੋਗਪਤੀ ਜਗਦੀਸ਼ ਕੁਮਾਰ (ਰਾਜੂ) ਚਾਵਲਾ, ਸੀਨੀਅਰ ਆਪ ਆਗੂ ਹਲਕਾ ਫਿਰੋਜ਼ਪੁਰ ਦਿਹਾਤੀ ਮੋੜਾ ਸਿੰਘ ਅਣਜਾਣ, ਗੁਰਪ੍ਰੀਤ ਸਿੰਘ ਹਸਨੇ ਵਾਲਾ, ਸਾਬ ਸਿੰਘ ਭੁੱਲੂ ਵਾਲਾ, ਲਖਵਿੰਦਰ ਸਿੰਘ ਹਸਨੇਵਾਲਾ, ਵਿਨੇ ਚਾਵਲਾ, ਸੰਜੀਵ ਧਵਨ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਬਲਜੀਤ ਸਿੰਘ ਹਸਨੇਵਾਲਾ, ਹਰਪ੍ਰੀਤ ਸਿੰਘ (ਮਿੱਠੂ) ਭੁੱਲਰ ਸੱਦਰ ਕੇ, ਸੁੱਚਾ ਸਿੰਘ ਜੇ ਏ ਨਗਰ ਪੰਚਾਇਤ ਮਮਦੋਟ, ਬਲਵਿੰਦਰ ਸਿੰਘ ਰਾਓ ਕੇ, ਦਵਿੰਦਰ ਸਿੰਘ ਭੁੱਲਰ ਮਿਰਜੇ ਕੇ, ਬਲਵਿੰਦਰ ਸਿੰਘ ਲੱਡੂ, ਬਲਵਿੰਦਰ ਸਿੰਘ ਸੰਧੂ ਮਮਦੋਟ ਬੀ ਕੇ ਯੂ (ਕਾਦੀਆਂ), ਕਿਸਾਨ ਆਗੂ ਮਹਿੰਦਰ ਸਿੰਘ ਵਧੌਣ, ਸਰਪੰਚ ਕੁਲਦੀਪ ਸਿੰਘ ਜਤਾਲਾ, ਦਲਵਿੰਦਰ ਸਿੰਘ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਕਸਬਾ ਮਮਦੋਟ ਤੇ ਇਲਾਕੇ ਦੇ ਮੋਹਤਬਰ ਹਾਜ਼ਰ ਸਨ।

## ਸਿੱਖ ਸੰਗਠਨਾਂ ਵੱਲੋਂ 25 ਨੂੰ ਅੰਬਾਲਾ 'ਚ ਵਿਸ਼ਾਲ ਇਕੱਠ ਦੀ ਚਿਤਾਵਨੀ

**ਸਿਰਸਾ (ਸੁਰਿੰਦਰ ਪਾਲ ਸਿੰਘ)**
ਭਾਰਤੀ ਕਿਸਾਨ ਏਕਤਾ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਔਲਖ ਤੇ ਗੁਰਮੇਜ ਸਿੰਘ ਵੱਲੋਂ ਸਿੱਖ ਨੌਜਵਾਨਾਂ 'ਤੇ ਦਰਜ ਮਾਮਲਿਆਂ ਦਾ ਜ਼ੋਰਦਾਰ ਵਿਰੋਧ ਕੀਤਾ ਜਾ ਰਿਹਾ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਪੁਲਸ ਨੇ ਮੁੱਖ ਦੋਸ਼ੀਆਂ 'ਤੇ ਕਾਰਵਾਈ ਕਰਨ ਦੀ ਥਾਂ ਸਿੱਖ ਨੌਜਵਾਨਾਂ 'ਤੇ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਲਖਵਿੰਦਰ ਸਿੰਘ ਔਲਖ ਤੇ ਗੁਰਮੇਜ ਸਿੰਘ ਨੇ ਹਰਸਿਮਰਨ ਮੰਡ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕਰਦੇ ਹੋਏ 13 ਅਗਸਤ ਨੂੰ ਸਿੱਖ ਨੌਜਵਾਨਾਂ 'ਤੇ ਦਰਜ ਮਾਮਲਿਆਂ ਨੂੰ ਵਾਪਸ ਲੈਣ ਸਮੇਤ ਗ੍ਰਿਫ਼ਤਾਰ ਨੌਜਵਾਨਾਂ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ ਕੀਤੀ ਹੈ। ਇਨ੍ਹਾਂ ਸੰਗਠਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ 25 ਅਗਸਤ ਨੂੰ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਵਿਖੇ ਵਿਸ਼ਾਲ ਇਕੱਠ ਕੀਤਾ ਜਾਵੇਗਾ। ਇਸ ਇਕਤਰਤਾ ਵਿੱਚ ਭਵਿੱਖ ਦੇ ਸੰਘਰਸ਼ ਦੀ ਰਣਨੀਤੀ ਤੈਅ ਕੀਤੀ ਜਾਵੇਗੀ। ਉਨ੍ਹਾਂ ਨਿਹੰਗ ਸਿੰਘ ਜਥੇਬੰਦੀਆ ਤੇ ਕਿਸਾਨ ਯੂਨੀਅਨਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਵਿਖੇ 25 ਅਗਸਤ ਨੂੰ ਪੁੱਜਣ।


**YES BANK**
Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in, Email: comminications@yesbank.in, CIN: L65190MH2003PLC143249

### ਰੂਲ-8 (1) ਕਬਜ਼ਾ ਨੋਟਿਸ

ਕਰਜ਼ਾ ਖਾਤਾ #AFH002301688394.

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) 1. ਕਲੀਦੀਨ ਮਾਰਫਤ ਗਯਾਦੀਨ ਪਤਾ : ਮਕਾਨ ਨੰ. 54531, 08, ਸਟਾਰ ਰੋਡ, ਲੋਹਾਰਾ, ਲੁਧਿਆਣਾ-141016 ("ਕਰਜ਼ਦਾਰ") 2. ਸੁਜੀਤ ਕੁਮਾਰ ਮਾਰਫਤ ਕਲੀਦੀਨ ਪਤਾ : ਮਕਾਨ ਨੰ. 54531, 08, ਸਟਾਰ ਰੋਡ, ਢਿੱਲੋਂ ਨਗਰ, ਲੋਹਾਰਾ, ਲੁਧਿਆਣਾ-141016. 3. ਦਰੋਪਤੀ ਦੇਵੀ ਮਾਰਫਤ ਕਲੀਦੀਨ ਪਤਾ : ਮਕਾਨ ਨੰ. 54531, 08, ਸਟਾਰ ਰੋਡ, ਢਿੱਲੋਂ ਨਗਰ, ਲੋਹਾਰਾ, ਲੁਧਿਆਣਾ-141016 ਨੂੰ 18/05/2026 ਨੂੰ ਰੁਪਏ 10,06,697.66/- (ਦਸ ਲੱਖ ਛੇ ਹਜ਼ਾਰ ਛੇ ਸੌ ਸਤਾਨਵੇਂ ਰੁਪਏ ਅਤੇ ਛਿਆਹਠ ਪੈਸੇ ਕੇਵਲ) ਸਮੇਤ 17 ਅਗਸਤ 2026 ਤੋਂ ਇਸ 'ਤੇ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ ਮਿਤੀ 18 ਮਈ 2026 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 17 ਅਗਸਤ 2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ ਬਕਾਇਆ ਰਾਸ਼ੀ ਰੁਪਏ 10,06,697.66 (ਦਸ ਲੱਖ ਛੇ ਹਜ਼ਾਰ ਛੇ ਸੌ ਸਤਾਨਵੇਂ ਰੁਪਏ ਅਤੇ ਛਿਆਹਠ ਪੈਸੇ ਕੇਵਲ) ਅਤੇ ਇਸ 'ਤੇ ਵਿਆਜ ਅਤੇ ਲਾਗਤਾਂ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

#### ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ

| ਲੜੀ ਨੰ. | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|---|
| 1. | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 68-1/2 ਵਰਗ ਗਜ਼, ਖਸਰਾ ਨੰ. 163-164, ਖੱਤਾ ਨੰ. 668/772-669/777, ਸਫਾ ਨੰ. 1512-1528, ਜਮ੍ਹਾਂਬੰਦੀ ਸਾਲ 2009-10, ਪਿੰਡ ਲੋਹਾਰਾ, ਹੱਦਬਸਤ ਨੰ. 260, ਢਿੱਲੋਂ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁੱਝ। | ਪੂਰਬ : ਗੁਆਂਢ ਬਾਹੀ 13', ਪੱਛਮ : ਗਲੀ 18' ਚੌੜੀ ਬਾਹੀ 13', ਉੱਤਰ : ਗੁਆਂਢ ਬਾਹੀ 47'6", ਦੱਖਣ : ਗੁਆਂਢ ਬਾਹੀ 47'6" | ਦਰੋਪਤੀ ਦੇਵੀ ਮਾਰਫਤ ਕਲੀ ਦੀਨ |

ਮਿਤੀ : 19 ਅਗਸਤ 2026
ਸਥਾਨ : ਲੁਧਿਆਣਾ
ਵਾਸਤੇ ਯੈੱਸ ਬੈਂਕ ਲਿਮਟਿਡ (ਅਧਿਕਾਰਤ ਅਫ਼ਸਰ)



**AXIS BANK LTD.**
ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਦਾ ਨਾਂਅ ਅਤੇ ਪਤਾ | 1. ਡਿਮਾਂਡ ਨੋਟਿਸ ਦੀ ਮਿਤੀ 2. ਐੱਨ ਪੀ ਏ ਮਿਤੀ 3. ਕਬਜ਼ੇ ਦੀ ਮਿਤੀ 4. ਬਕਾਇਆ ਰਕਮ |
|---|---|---|
| 1. | 1. ਸ੍ਰੀਮਤੀ ਸੋਨੀਆ ਪਤਨੀ ਸ੍ਰੀ ਕੁਲਵੰਤ ਸਿੰਘ (ਕਰਜ਼ਦਾਰ/ ਰਹਿਣਕਾਰ) ਅਤੇ 2. ਸ੍ਰੀ ਅਮਨਦੀਪ ਸਿੰਘ ਪੁੱਤਰ ਕੁਲਵੰਤ ਸਿੰਘ (ਸਹਿ-ਕਰਜ਼ਦਾਰ) | 1. 27 ਮਾਰਚ 2025 2. 10 ਮਾਰਚ 2025, 3. 13 ਅਗਸਤ 2026 4. ਰੁਪਏ 26,65,761.87/- (ਛੱਬੀ ਲੱਖ ਪੈਂਹਠ ਹਜ਼ਾਰ ਸੱਤ ਸੌ ਇਕਾਹਠ ਰੁਪਏ ਅਤੇ ਸਤਾਸੀ ਪੈਸੇ ਕੇਵਲ) |

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਮਕਾਨ ਪਲਾਟ ਪ੍ਰਾਈਵੇਟ ਨੰ. 233 ਲੰਬਾਈ 55 ਫੁੱਟ, ਚੌੜਾਈ 26 ਫੁੱਟ, ਕੁੱਲ ਰਕਬਾ 155.88 ਵਰਗ ਗਜ਼, ਰਜਿਸਟਰਡ ਡੀਡ ਖਸਰਾ ਨੰ. 40//25, 41//21, 42//4, 7/1, 40//24/1, 24/3, 42//5, 7/2, 26, 40//17/2, 24/2 ਮਿੰਨ ਅਤੇ ਫਰਦ ਜਮ੍ਹਾਂਬੰਦੀ ਖਸਰਾ ਨੰ. 40//25, 41//21, 42//4, 7/1 ਮਿੰਨ, ਖੇਵਟ ਨੰ. 168, ਖਤੌਨੀ ਨੰ. 272, ਜਮ੍ਹਾਂਬੰਦੀ ਸਾਲ 2018-2019 ਮਾਲੀਆ ਅਸਟੇਟ ਹਮੀਦਪੁਰਾ ਵਿਖੇ ਸਥਿਤ, ਅਬਾਦੀ ਨਿਊ ਰਣਜੀਤਪੁਰਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ, ਜੋ ਕਿ ਸ੍ਰੀਮਤੀ ਸੋਨੀਆ ਦੇ ਨਾਂਅ 'ਤੇ ਰਜਿਸਟਰਡ ਸੇਲ ਡੀਡ ਨੰ. 2022-23/197/1/3334 ਮਿਤੀ 30.12.2022 ਅਨੁਸਾਰ। ਹੱਦਾਂ (ਡੀਡ ਅਨੁਸਾਰ) ਪੂਰਬ : ਪਲਾਟ ਨੰ. 234, ਪੱਛਮ : ਪਲਾਟ ਨੰ. 232, ਉੱਤਰ : ਪਲਾਟ ਨੰ. 228, ਦੱਖਣ : ਗਲੀ 20 ਫੁੱਟ ਚੌੜੀ।

ਮਿਤੀ : 19.08.2026
ਸਥਾਨ : ਲੁਧਿਆਣਾ
ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**TATA CAPITAL LIMITED**
Branch Office: Office 902 – 906, Quantum Tower, Chinchaoli, Govindji Shroff Marg, Malad West, Mumbai – 400064

### ਡਿਮਾਂਡ ਨੋਟਿਸ

ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ('ਰੂਲਜ਼') ਦੇ ਰੂਲ 3 ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ('ਐਕਟ'), ਦੇ ਸੈਕਸ਼ਨ 13 (2) ਤਹਿਤ
ਸੇਵਾ ਵਿਖੇ
1. ਆਰ ਪੀ ਨਿਟਵੇਅਰ
15, ਨਿਊ ਸ਼ਕਤੀ ਨਗਰ, ਲੁਧਿਆਣਾ-141007 (ਕਰਜ਼ਦਾਰ)
2. ਰਵਿੰਦਰ ਵਰਮਾ ਪੁੱਤਰ ਗੁਰੂ ਮੋਹਨ ਵਰਮਾ, 919, ਗਊਸ਼ਾਲਾ ਰੋਡ, ਹਰਬੰਸਪੁਰਾ, ਲੁਧਿਆਣਾ-141008 (ਸਹਿ-ਕਰਜ਼ਦਾਰ-1)
3. ਸਿੰਦਰ ਕੌਰ
919, ਗਊਸ਼ਾਲਾ ਰੋਡ, ਹਰਬੰਸਪੁਰਾ, ਲੁਧਿਆਣਾ-141008 (ਕਰਜ਼ਦਾਰ-2)
ਸਰ/ਮੈਡਮ
ਕਰਜ਼ਾ ਖਾਤਾ ਨੰ. ਟੀ ਸੀ ਐੱਫ ਐੱਲ ਏ 0363000013788514 ਮਿਤੀ 27.05.2025 ਅਨੁਸਾਰ ਟਾਟਾ ਕੈਪੀਟਲ ਲਿਮਟਿਡ (ਇਸ ਤੋਂ ਬਾਅਦ "ਟੀ ਸੀ ਐੱਲ" ਵਜੋਂ ਹਵਾਲਾ) ਦੀ 12.06.2026 ਨੂੰ ਰੁਪਏ 55,29,816/- (ਪਚਵੰਜਾ ਲੱਖ ਉਣੱਤੀ ਹਜ਼ਾਰ ਅੱਠ ਸੌ ਸੋਲਾਂ ਰੁਪਏ ਕੇਵਲ) ਸਮੇਤ ਹੋਮਇਕੁਇਟੀ (ਐੱਲ ਏ ਪੀ) ਤਹਿਤ ਤੁਹਾਡੇ ਵੱਲ ਟੀ ਸੀ ਐੱਲ ਵੱਲੋਂ ਜਾਰੀ ਕਰਜ਼ਾ ਰਾਸ਼ੀ ਸਮੇਤ ਵਿਆਜ ਬਕਾਇਆ ਹਨ। ਵਾਰ-ਵਾਰ ਬੇਨਤੀਆਂ ਕੀਤੇ ਜਾਣ ਦੇ ਬਾਵਜੂਦ ਤੁਹਾਡੇ ਖਾਤੇ 'ਚ ਬਕਾਇਆ ਰਕਮ 'ਚੋਂ ਤੁਸੀਂ ਕੋਈ ਵੀ ਰਾਸ਼ੀ ਅਦਾ ਨਹੀਂ ਕੀਤੀ ਜੋ ਕਿ ਆਰ ਬੀ ਆਈ ਦੀਆਂ ਗਾਈਡਲਾਈਨਜ਼ ਦੀ ਪਾਲਣਾ ਤਹਿਤ ਟੀ ਸੀ ਐੱਲ ਦੇ ਬਕਾਇਆ ਅਦਾ ਕਰਨ 'ਚ ਅਸਫਲ ਰਹਿਣ 'ਤੇ ਤੁਹਾਡੇ ਐੱਨ ਪੀ ਏ ਖਾਤੇ 03.06.2026 ਨੂੰ ਕਲਾਸੀਫਾਈਡ ਕਰ ਦਿੱਤੇ ਗਏ ਹਨ। ਮੈਂ, ਟਾਟਾ ਕੈਪੀਟਲ ਲਿਮਟਿਡ ਅਧਿਕਾਰਤ ਅਫ਼ਸਰ ਵਜੋਂ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਕਿਉਰਟੀਜੇਸ਼ਨ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੀਆਂ ਵਿਵਸਥਾਵਾਂ ਦੀ ਪਾਲਣਾ ਹਿਤ ਉਕਤ ਐਕਟ ਦੇ ਸੈਕਸ਼ਨ 13(2) ਤਹਿਤ ਮਿਤੀ 12.06.2026 ਨੂੰ ਕਰਜ਼ੇ ਦੀ ਰਕਮ ਰੁਪਏ 55,29,816/- ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਦੇ ਨੋਟਿਸ ਦੇ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਿਆਂ ਡਿਮਾਂਡ ਨੋਟਿਸ ਜਾਰੀ ਕੀਤਾ ਸੀ । ਅਸਫਲ ਰਹਿਣ 'ਤੇ ਟੀ ਸੀ ਐੱਲ ਐਕਟ ਦੇ ਸੈਕਸ਼ਨ 13(4) ਦੇ ਸਾਰੇ ਜਾਂ ਕਿਸੇ ਇਕ ਅਧਿਕਾਰ ਦੀ ਵਰਤੋਂ ਕਰੇਗਾ ਜਿਸ 'ਚ ਤੁਹਾਡੇ ਵੱਲੋਂ ਟੀ ਸੀ ਐੱਲ ਦੇ ਪੱਖ 'ਚ ਹੇਠਾਂ ਦਰਸਾਈ ਜਾਇਦਾਦ 'ਤੇ ਸਕਿਉਰਟੀ ਹਿੱਤ ਲਾਗੂ ਹੈ।

#### ਸਾਰਣੀ-ਏ

ਜਾਇਦਾਦ ਰਕਬਾ 432 ਵਰਗ ਗਜ਼, ਖਸਰਾ ਨੰ. 488, 489, 472, 460, 459, ਖੱਤਾ ਨੰ. 611/624, 612/625, 812/834, 595/608, 621/634, ਜਮ੍ਹਾਂਬੰਦੀ ਸਾਲ 2000-01 (ਖੱਤਾ ਨੰ. 609/622-626/639-621/640-636/649, ਜਮ੍ਹਾਂਬੰਦੀ ਸਾਲ 2010-11) ਪਿੰਡ ਤਰਫ ਜੋਧੇਵਾਲ, ਹੱਦਬਸਤ ਨੰ. 77, ਅਬਾਦੀ ਸ਼ਕਤੀ ਨਗਰ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141007, ਪੰਜਾਬ (ਰਵਿੰਦਰ ਵਰਮਾ ਪੁੱਤਰ ਗੁਰੂ ਮੋਹਨ ਵਰਮਾ ਦੇ ਪੱਖ 'ਚ) ਹੱਦਾਂ : ਪੂਰਬ : ਸੁਸ਼ੀਲ ਦਾ ਮਕਾਨ 51 ਫੁੱਟ 04 ਇੰਚ, ਪੱਛਮ : ਗੁਰਵੰਸ਼ ਕਰਿਆਨਾ ਸਟੋਰ 56 ਫੁੱਟ 06 ਇੰਚ, ਉੱਤਰ : ਸੜਕ 72 ਫੁੱਟ, ਦੱਖਣ : ਹੋਰ 72 ਫੁੱਟ।

ਜਦੋਂ ਕਿ 08.06.2026 ਨੂੰ ਤੁਹਾਡੇ ਪਤੇ 'ਤੇ, ਜਿੱਥੇ ਤੁਸੀਂ ਆਪਣੇ ਲਾਭ ਲਈ ਬਿਜ਼ਨਸ/ਨਿੱਜੀ ਕੰਮ ਚਲਾ ਰਹੇ ਹੋ, 'ਤੇ ਨੋਟਿਸ ਭੇਜਿਆ ਗਿਆ ਸੀ, ਜਿਸ ਨੂੰ ਤੁਸੀਂ ਤਾਮੀਲ ਨਹੀਂ ਕੀਤਾ। ਇਸ ਲਈ ਅਸੀਂ ਇਸ ਨੋਟਿਸ ਨੂੰ ਪ੍ਰਕਾਸ਼ਤ ਕਰਵਾਉਣ ਲਈ ਮਜਬੂਰ ਹੋਏ ਹਾਂ। ਉਕਤ ਐਕਟ ਦੇ ਸੈਕਸ਼ਨ 13(2) ਅਧੀਨ ਤੁਹਾਨੂੰ ਉਪਰੋਕਤ ਦਰਸਾਈਆਂ ਦੇਣਦਾਰੀਆਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ ਕਿਹਾ ਜਾਂਦਾ ਹੈ, ਅਸਫਲ ਰਹਿਣ 'ਤੇ ਟੀ ਸੀ ਐੱਫ ਐੱਸ ਐੱਲ ਉਕਤ ਐਕਟ ਦੇ ਸੈਕਸ਼ਨ 13(4) ਅਧੀਨ ਸਾਰੇ ਜਾਂ ਕਿਸੇ ਅਧਿਕਾਰ ਦੀ ਵਰਤੋਂ ਕਰੇਗਾ। ਤੁਹਾਡੇ ਧਿਆਨ 'ਚ ਇਹ ਵੀ ਲਿਆਂਦਾ ਜਾਂਦਾ ਹੈ ਕਿ ਉਕਤ ਐਕਟ ਦੇ ਸੈਕਸ਼ਨ 13(13) ਦੀਆਂ ਸ਼ਰਤਾਂ ਤਹਿਤ ਤੁਸੀਂ ਉਪਰੋਕਤ ਸਕਿਉਰਡ ਐੱਸਟਸ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।

ਸਥਾਨ : ਲੁਧਿਆਣਾ
ਮਿਤੀ : 18.08.2026
ਸਹੀ/- ਟਾਟਾ ਕੈਪੀਟਲ ਲਿਮਟਿਡ



**FEDBANK FINANCIAL SERVICES LTD.**
Registered Office: Unit No. 1101, 11th Floor, Cignus, Plot No. 71 A, Powai, Paspoli, Mumbai – 400087

### ਅਚੱਲ ਜਾਇਦਾਦਾਂ ਦੀ ਵਿਕਰੀ-ਕਮ-ਨਿਲਾਮੀ ਲਈ ਜਨਤਕ ਸੂਚਨਾ

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(6) ਅਤੇ 9 (1) ਨਾਲ ਪੜ੍ਹੇ ਜਾਂਦੇ ਸਕਿਉਰਟੀਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ-ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ 2002 ਤਹਿਤ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ (ਸਕਿਉਰਡ ਕ੍ਰੈਡਿਟਰ) ਵੱਲੋਂ ਅਚੱਲ ਸਕਿਉਰਡ ਐੱਸਟਸ ਦੀ ਵਿਕਰੀ ਲਈ 15 ਦਿਨਾਂ ਦਾ ਨੋਟਿਸ। ਨਿਮਨ ਹਸਤਾਖਰੀ ਨੇ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ 2002 ਤਹਿਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਲਿਆ ਹੈ।

ਇਸ ਦੁਆਰਾ ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਕੋਲ ਰਹਿਣ/ਚਾਰਜਿਡ ਹੈ, ਜਿਸ ਦਾ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਨੇ ਕਬਜ਼ਾ ਪ੍ਰਾਪਤ ਕਰ ਲਿਆ ਹੈ ਤੇ ਫੈਡਬੈਂਕ ਫਾਇਨਾਂਸ਼ੀਅਲ ਸਰਵਿਸਿਜ਼ ਲਿਮਟਿਡ ਸਕਿਉਰਡ ਕ੍ਰੈਡਿਟਰ ਵੱਲੋਂ ਮੈਸਰਜ਼ ਸੁਲਤਾਨੀ ਆਇਲ ਮਿਲ (ਕਰਜ਼ਦਾਰ) ਸ੍ਰੀ ਗਣੇਸ਼ ਮੁੰਜਾਲ (ਸਹਿ-ਕਰਜ਼ਦਾਰ), ਸ੍ਰੀਮਤੀ ਸੁਮਨ ਮੁੰਜਾਲ (ਸਹਿ-ਕਰਜ਼ਦਾਰ) ਤੋਂ 12.03.2025 ਨੂੰ ਸਮੇਤ ਵਿਆਜ ਅਤੇ ਇਸ 'ਤੇ 13.03.2025 ਤੋਂ ਹੋਰ ਖਰਚੇ ਬਕਾਇਆ ਰੁਪਏ 1,44,12,391.68/- (ਇੱਕ ਕਰੋੜ ਚੁਤਾਲੀ ਲੱਖ ਬਾਰਾਂ ਹਜ਼ਾਰ ਤਿੰਨ ਸੌ ਇਕਾਨਵੇਂ ਰੁਪਏ ਅਤੇ ਅਠਾਹਠ ਪੈਸੇ) ਜੋ ਕਿ ਐੱਫ ਈ ਡੀ ਸੀ ਐੱਚ ਐੱਲ ਜੀ ਐੱਲ ਏ ਪੀ 0531157 'ਚ ਰੁਪਏ 1,27,02,867.73/- (ਇੱਕ ਕਰੋੜ ਸਤਾਈ ਲੱਖ ਦੋ ਹਜ਼ਾਰ ਅੱਠ ਸੌ ਸਤਾਹਠ ਰੁਪਏ ਅਤੇ ਤਿਹੱਤਰ ਪੈਸੇ ਕੇਵਲ) ਅਤੇ ਐੱਫ ਈ ਡੀ ਸੀ ਐੱਚ ਜੀ 0 ਬੀ ਐੱਲ 0546753 'ਚ ਰੁਪਏ 17,09,523.95/- (ਸਤਾਰਾਂ ਲੱਖ ਨੌਂ ਹਜ਼ਾਰ ਪੰਜ ਸੌ ਤੇਈ ਰੁਪਏ ਅਤੇ ਪਚਾਨਵੇਂ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 08/09/2026 ਨੂੰ ਸਮਾਂ ਸਵੇਰੇ 10.00 ਵਜੇ ਤੋਂ 10.30 ਵਜੇ ਦਰਮਿਆਨ 'ਜਿਵੇਂ ਹੈ ਜਿੱਥੇ ਹੈ', 'ਜੋ ਹੈ ਜਿਵੇਂ ਹੈ' ਅਤੇ 'ਉਥੇ ਜੋ ਵੀ ਹੈ' ਦੇ ਆਧਾਰ 'ਤੇ ਵਿਕਰੀ ਕੀਤੀ ਜਾਵੇਗੀ।

#### ਅਚੱਲ ਜਾਇਦਾਦ ਦਾ ਵੇਰਵਾ

THIS IS A PUBLIC ANNOUNCEMENT FOR INFORMATION PURPOSES ONLY AND IS NOT A PROSPECTUS ANNOUNCEMENT. THIS DOES NOT CONSTITUTE AN INVITATION OR OFFER TO ACQUIRE, PURCHASE OR SUBSCRIBE TO SECURITIES. THIS PUBLIC ANNOUNCEMENT IS NOT INTENDED FOR PUBLICATION OR DISTRIBUTION, DIRECTLY OR INDIRECTLY OUTSIDE INDIA.

INITIAL PUBLIC OFFER OF EQUITY SHARES ON SME PLATFORM OF NSE ("NSE") IN COMPLIANCE WITH CHAPTER IX OF THE SECURITIES AND EXCHANGE BOARD OF INDIA (ISSUE OF CAPITAL AND DISCLOSURE REQUIREMENTS) REGULATIONS, 2018

## MADHUR KNIT CRAFTS LIMITED

**Corporate Identity Number: U17301PB1997PLC020381**

*Our Company was originally incorporated as a private limited company under the Companies Act, 1956 in the name and style of "Madhur Knit Crafts Private Limited" bearing Corporate Identification Number U17301PB1997PTC020381 dated August 21, 1997, issued by the Registrar of Companies, Punjab, H.P & Chandigarh. Subsequently, the name of our Company was changed to "Madhur Knit Crafts Limited" and a fresh Certificate of Incorporation dated January 30, 2025, was issued by the Registrar of Companies, Chandigarh. As on date of this Red Herring Prospectus, the Corporate Identification Number of our Company is U17301PB1997PLC020381. For further details, please refer to "Our History and Certain Other Corporate Matters" beginning on page 155 of the Red Herring Prospectus.*

**Registered Office:** Village - Seera, Sattowal Road, Rahon Road, Eros Bajra Road, Ludhiana, Punjab, India, 141007
**Tel No:** +91 9878009690 **Email:** ipo@mkcpl.in; **Website:** www.mkcpl.in
**Contact Person:** Ms Nikita Tayal, Company Secretary & Compliance Officer;

**PROMOTERS OF OUR COMPANY: (I) ARUN GUPTA (II) PIYUSH GUPTA AND (III) CHIRAG GUPTA**

**INITIAL PUBLIC OFFER OF UP TO 53,26,800* EQUITY SHARES OF FACE VALUE ₹ 10 EACH (THE "EQUITY SHARES") OF MADHUR KNIT CRAFTS LIMITED ("OUR COMPANY" OR THE "ISSUER") FOR CASH AT AN ISSUE PRICE OF ₹ [•] PER EQUITY SHARE (INCLUDING SECURITIES PREMIUM OF ₹ [•] PER EQUITY SHARE) ("ISSUE PRICE"), AGGREGATING UP TO ₹ [•] LAKHS (THE "ISSUE") OF WHICH 2,66,400 EQUITY SHARES AGGREGATING TO ₹ [•] LAKHS WILL BE RESERVED FOR SUBSCRIPTION BY MARKET MAKER ("MARKET MAKER RESERVATION PORTION"). THE ISSUE LESS THE MARKET MAKER RESERVATION PORTION I.E. ISSUE OF 50,60,400 EQUITY SHARES OF FACE VALUE OF ₹10 EACH AT AN ISSUE PRICE OF ₹ [•] PER EQUITY SHARE AGGREGATING UP TO ₹ [•] LAKHS IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE [•] % AND [•] % RESPECTIVELY OF THE POST-ISSUE PAID-UP EQUITY SHARE CAPITAL OF OUR COMPANY.**

*Subject to finalization of basis of allotment.

**CORRIGENDUM: NOTICE TO INVESTORS**

This Corrigendum should be read with the Price band advertisement cum corrigendum dated August 18, 2026.

1. **Details of the Initial Public Offer should be read as:**
   **In the price band advertisement cum corrigendum dated August 18, 2026, the details of the Initial Public Offer were inadvertently mentioned as "INITIAL PUBLIC OFFER OF UP TO 27,00,000 EQUITY SHARES OF FACE VALUE ₹10 EACH (THE "EQUITY SHARES") OF SHREE BALAJI (MALA) TEXTILES LIMITED ("OUR COMPANY" OR THE "ISSUER") FOR CASH AT AN ISSUE PRICE OF ₹[•] PER EQUITY SHARE (INCLUDING SECURITIES PREMIUM OF ₹[•] PER EQUITY SHARE) ("ISSUE PRICE"), AGGREGATING UP TO ₹[•] LAKHS (THE "ISSUE") OF WHICH 1,36,000 EQUITY SHARES OF FACE VALUE OF ₹10 EACH AGGREGATING TO ₹[•] LAKHS WILL BE RESERVED FOR SUBSCRIPTION BY MARKET MAKER ("MARKET MAKER RESERVATION PORTION"). THE ISSUE LESS THE MARKET MAKER RESERVATION PORTION I.E. ISSUE OF 25,64,000 EQUITY SHARES OF FACE VALUE OF ₹10 EACH AT AN ISSUE PRICE OF ₹ [•] PER EQUITY SHARE AGGREGATING UPTO ₹[•] LAKHS IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE 27.26% AND 25.89% RESPECTIVELY OF THE POST-ISSUE PAID-UP EQUITY SHARE CAPITAL OF OUR COMPANY.",**
   Wherein the name of the Issuer and the number of Equity Shares comprising the Issue, the Market Maker Reservation Portion and the Net Issue, and the percentages of the post-Issue paid-up equity share capital, were erroneously stated, and the same shall be read as
   **"INITIAL PUBLIC OFFER OF UP TO 53,26,800* EQUITY SHARES OF FACE VALUE ₹10 EACH (THE "EQUITY SHARES") OF MADHUR KNIT CRAFTS LIMITED ("OUR COMPANY" OR THE "ISSUER") FOR CASH AT AN ISSUE PRICE OF ₹[•] PER EQUITY SHARE (INCLUDING SECURITIES PREMIUM OF ₹[•] PER EQUITY SHARE) ("ISSUE PRICE"), AGGREGATING UP TO ₹[•] LAKHS (THE "ISSUE") OF WHICH 2,66,400 EQUITY SHARES OF FACE VALUE OF ₹10 EACH AGGREGATING TO ₹[•] LAKHS WILL BE RESERVED FOR SUBSCRIPTION BY MARKET MAKER ("MARKET MAKER RESERVATION PORTION"). THE ISSUE LESS THE MARKET MAKER RESERVATION PORTION I.E. ISSUE OF 50,60,400 EQUITY SHARES OF FACE VALUE OF ₹10 EACH AT AN ISSUE PRICE OF ₹[•] PER EQUITY SHARE AGGREGATING UP TO ₹[•] LAKHS IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE [•] % AND [•] % RESPECTIVELY OF THE POST-ISSUE PAID-UP EQUITY SHARE CAPITAL OF OUR COMPANY.",**
   *subject to finalization of basis of allotment.

| BOOK RUNNING LEAD MANAGER TO THE ISSUE | REGISTRAR TO THE ISSUE | COMPANY SECRETARY AND COMPLIANCE OFFICER |
|---|---|---|
| **SKI CAPITAL SERVICES LIMITED**<br>**SEBI Registration No.:** INM000012768<br>**Address:** 718, Dr Joshi Road, Karol Bagh, New Delhi- 110005<br>**Telephone No:** +91-011-41189899<br>**Website:** www.skicapital.net<br>**Email ID:** mkcl@skicapital.net<br>**Contact Person:** Mr. Ghanisht Nagpal/ Mr. Manick Wadhwa | **SKYLINE FINANCIAL SERVICES PRIVATE LIMITED**<br>**SEBI Registration No.:** INR000003241<br>**Address:** D-153A, First Floor, Okhla Industrial Area, Phase-I New Delhi - 110020<br>**Telephone No:** 011-40450193-97<br>**Email:** ipo@skylinerta.com<br>**Website:** www.skylinerta.com<br>**Contact Person:** Mr. Anuj Rana | **MADHUR KNIT CRAFTS LIMITED**<br>**Name:** Nikita Tayal<br>**Address:** Village - Seera, Sattowal Road, Rahon Road, Eros Bajra Road, Ludhiana, Punjab, India, 141007<br>**Telephone No.:** +91 9878009690<br>**Email:** cs@mkcpl.in<br>Investors can contact the Company Secretary and Compliance Officer or the BRLM or the Registrar to the Issue in case of any pre-issue or post-issue related problems, such as non-receipt of letters of Allotment, non-credit of Allotted Equity Shares in the respective beneficiary account and refund orders, etc. |

**All capitalized terms used herein and not specifically defined shall have the same meaning as ascribed to them in the Red Herring Prospectus.**

**For Madhur Knit Crafts Limited**
**On Behalf of the Board of Directors**
**Sd/-**
**Ms. Nikita Tayal**
**Company Secretary & Compliance Officer**

**Place: Ludhiana**
**Date: August 18, 2026**



## CFM ASSET RECONSTRUCTION PRIVATE LIMITED

thoughtful regeneration

CIN: U67100GJ2015PTC083994

Address: 1st Floor, Wakefield House, Sprott Road, Ballard Estate, Mumbai 400038

**ਕਬਜ਼ਾ ਨੋਟਿਸ [ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(1) ਤਹਿਤ ]**

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਉਕਤ ਕਰਜ਼ਾ ਖਾਤੇ 'ਚ ਆਪ ਦੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ, ਸਮੁੱਚੀ ਬਕਾਇਆ ਕਰਜ਼ ਰਕਮ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਜਾਇਦਾਦ ਦਾ ਉਕਤ ਦਰਸਾਏ ਰੂਲਜ਼ ਦੇ ਰੂਲ 8 (1) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13(4) ਅਧੀਨ ਉਪਰੋਕਤ ਦਰਸਾਈ ਜਾਇਦਾਦ ਦਾ "ਕਬਜ਼ੇ ਦੀ ਮਿਤੀ ਕਾਲਮ" ਤਹਿਤ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਕਰਜ਼ਦਾਰ/ਡਾਇਰੈਕਟਰ/ਰਹਿਣਕਾਰ/ਗਰੰਟਰ ਦਾ ਨਾਂਅ ਅਤੇ ਪਤਾ/ਕਰਜ਼ਾ ਖਾਤਾ ਨੰ. | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਮੁਤਾਬਕ ਬਕਾਇਆ ਰਕਮ | ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦਾ ਵੇਰਵਾ |
|---|---|---|---|
| ਮਿਹਰਬਾਨ ਸਿੰਘ (ਕਰਜ਼ਦਾਰ) ਐੱਲ ਏ ਪੀ-ਜੇ ਡੀ ਐੱਚ-1091<br>1. ਹਰਜਿੰਦਰ ਕੌਰ 2. ਸ਼ੇਰ ਸਿੰਘ<br>3. ਅਮਨਦੀਪ ਕੌਰ (ਸਹਿ-ਕਰਜ਼ਦਾਰ)<br>ਹਰਜੀਤ ਸਿੰਘ (ਗਰੰਟਰ) | 18 ਫਰਵਰੀ 2026<br>14 ਅਗਸਤ 2026 | 31.12.2025 ਨੂੰ ਰੁਪਏ 3,74,504/- (ਤਿੰਨ ਲੱਖ ਚੌਹੱਤਰ ਹਜ਼ਾਰ ਪੰਜ ਸੌ ਚਾਰ ਰੁਪਏ ਕੇਵਲ) | ਖੱਤਾ ਨੰ. 267/279, ਖਸਰਾ ਨੰ. 13/18/1(7-11), ਜਮ੍ਹਾਂਬੰਦੀ ਸਾਲ 2005-2006, ਵਾਕਿਆ ਤੁੱਗਲ, ਤਹਿਸੀਲ ਰਾਏਕੋਟ ਨੇੜੇ ਗੁਰਦੁਆਰਾ ਸਾਹਿਬ, ਫਿਰਨੀ ਰੋਡ, ਪਿੰਡ ਤੁੱਗਲ, ਜ਼ਿਲ੍ਹਾ ਲੁਧਿਆਣਾ-142023 ਨਾਲ ਸੰਬੰਧਤ ਸਭ ਕੁੱਝ। ਹੱਦਾਂ ਹੇਠ ਅਨੁਸਾਰ :- ਉੱਤਰ : ਗਲੀ 42', ਦੱਖਣ : ਖੇਤੀਬਾੜੀ ਵਾਲੀ ਜ਼ਮੀਨ 42', ਪੂਰਬ : ਗਲੀ 11' ਚੌੜੀ, 36'-6", ਪੱਛਮ : ਪਲਾਟ 36'-6" |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਇਕਰਾਰਨਾਮਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 19 ਅਗਸਤ 2026
ਸਥਾਨ : ਪੰਜਾਬ

ਅਧਿਕਾਰਤ ਅਫਸਰ
ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
[ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ]



ANIL BAGHI HOSPITAL
ESTABLISHED 1985 | NABH ACCREDITED SUPER-SPECIALITY

(This is a public announcement for information purposes only and is not a Prospectus announcement) (This does not constitute an invitation or offer to acquire, purchase or subscribe for securities. Not for publication or distribution, directly or indirectly outside India.)

## ABH HEALTHCARE LIMITED

(Please scan this QR code to view Red Herring Prospectus and Abridged Prospectus)

Our Company was originally incorporated as a private limited company in the name and style of "ABH Healthcare Private Limited" under the Companies Act, 2013 vide certificate of incorporation dated March 2, 2021 issued by Registrar of Companies, Central Registration Centre. Further, in accordance with the main objects, our Company acquired the sole proprietorship concern of Dr. Kamal Baghi, our Promoter in the name "Anil Baghi Hospital" pursuant to a Business Transfer Agreement dated March 16, 2022. Subsequently, our Company was converted from a private limited company to a public limited company, pursuant to a resolution passed in the Extraordinary general meeting of our members held on October 7, 2024 and consequently, the name of our Company was changed to "ABH Healthcare Limited", and a fresh certificate of incorporation consequent upon conversion dated November 15, 2024 was issued by the Registrar of Companies, Chandigarh. For details of changes in name and the registered office of the Company, see ***"History and Certain Corporate Matters – Changes in the Registered Office"*** on page **153** of the red herring prospectus ("RHP" or "Red Herring Prospectus").

**Registered Office:** Anil Baghi Road, Ferozepur, Punjab - 152002, India.
**Contact Person:** Mr. Rahul Sharma, Company Secretary & Compliance Officer Mob No: +91 7888690116; Email: investor@anilbaghihospital.com ; Website: www.abhhealthcare.org
**Corporate Identity Number:** U85300PB2021PLC052886

**THE PROMOTERS OF OUR COMPANY ARE: DR. KAMAL BAGHI, DR. SAURABH BAGHI AND DR. VAISHALI SAINI**

INITIAL PUBLIC ISSUE* OF UPTO 34,29,600 EQUITY SHARES OF FACE VALUE OF ₹10/- EACH ("EQUITY SHARES") OF ABH HEALTHCARE LIMITED , ("ABH" OR THE "OUR COMPANY" OR THE "ISSUER") FOR CASH AT A PRICE OF ₹[•]/- PER EQUITY SHARE (INCLUDING A SECURITIES PREMIUM) OF ₹[•]/- PER EQUITY SHARE (THE "ISSUE PRICE") AGGREGATING TO ₹[•] LAKHS (THE "ISSUE"), OF WHICH 1,72,800* EQUITY SHARES OF FACE VALUE OF ₹10/- EACH FOR CASH AT A PRICE OF ₹[•]/- PER EQUITY SHARE INCLUDING A SECURITIES PREMIUM OF ₹ [•]/- PER EQUITY SHARE AGGREGATING TO ₹ [•] LAKHS WILL BE RESERVED FOR SUBSCRIPTION BY MARKET MAKER TO THE ISSUE (THE "MARKET MAKER RESERVATION PORTION"). THE ISSUE LESS THE MARKET MAKER RESERVATION PORTION I.E. NET ISSUE OF 32,56,800 EQUITY SHARES OF FACE VALUE OF ₹10/- EACH AT A PRICE OF ₹ [•]/- PER EQUITY SHARE INCLUDING A SECURITIES PREMIUM OF ₹ [•]/- PER EQUITY SHARE AGGREGATING TO ₹ [•] LAKHS IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE 30.01 % AND 28.49 %, RESPECTIVELY, OF THE POST-ISSUE PAID UP EQUITY SHARE CAPITAL OF OUR COMPANY.

*Subject to finalization of basis of allotment

**NOTICE TO INVESTORS**
**CORRIGENDUM TO THE RED HERRING PROSPECTUS DATED AUGUST 13, 2026 AND PRE-ISSUE AND PRICE BAND ADVERTISEMENT PUBLISHED ON AUGUST 17, 2026 ("THE CORRIGENDUM")**

In reference to the Red Herring Prospectus dated August 13, 2026 ("RHP") filed by ABH Healthcare Limited with the Registrar of Companies, Chandigarh, National Stock Exchange of India Limited ('NSE EMERGE') and Securities and Exchange Board of India ("SEBI") and Pre-Issue and Price Band Advertisement dated August 14, 2026 published on August 17, 2026 in relation to the Issue, Investors should note that there is a holiday for the commercial banks of Mumbai on Wednesday, August 26, 2026 and therefore, the date of "Issue closes on" mentioned in the Red Herring Prospectus and Pre-Issue and Price Band Advertisement is hereby updated from Wednesday, August 26, 2026 to Thursday, August 27, 2026 and the Bid/Issue Programme will also be updated accordingly. Further the newspaper edition details of the Bid /Issue Opening Date, Bid/Issue Closing Date and Price Band are also updated thereof. In this regard, Investors should note the following:

| BID/ISSUE PROGRAMME | |
|---|---|
| BID/ISSUE OPENS ON: Monday, August 24, 2026 | |
| **BID/ISSUE CLOSES ON: Thursday, August 27, 2026** | |

The following changes or updation have been made in the Cover Page and the Chapters titled ***"Definitions and Abbreviations"***, ***"General Information"*** and ***"Terms of the Issue"*** on page 2, 65 and 259 of the Red Herring Prospectus.

1. Pursuant to the said updation, the date of Issue Closes on is updated as Thursday August 27, 2026, in the "Cover Pages".

**ISSUE PROGRAMME***

| Issue Opens on: Monday August 24, 2026 | Issue Closes on[(1)(2)]: Thursday August 27, 2026 |
|---|---|

**Our Company in consultation with the BRLM has decided that no participation by anchor investors will be considered in the IPO.*
*1) Our Company may in consultation with the BRLM, consider closing the Bid/Issue Period for QIBs one Working Day prior to the Bid/Issue Closing Date in accordance with the SEBI ICDR Regulations*
*(2) The UPI mandate end time and date shall be at 5:00 p.m. on the Bid/Issue Closing Day.*

2. Pursuant to the said updation, the Definition of the "Bid / Issue Opening Date" and "Bid / Issue Closing Date" are updated accordingly on page no. 6 of the Red Herring Prospectus.

| | |
|---|---|
| **"Bid / Issue Opening Date"** | The date on which the Designated Intermediaries shall start accepting Bids, being Monday, August 24, 2026, which shall be published in all editions of Financial Express (a widely circulated English national daily newspaper), all editions of Jansatta (a widely circulated Hindi national daily newspaper), and editions of Nawan Zamana (a widely circulated Punjabi regional language daily newspaper) (Punjabi being the regional language of Punjab, where our Registered Office is located). |
| **"Bid / Issue Closing Date"** | The date after which the Designated Intermediaries will not accept any Bids, being Thursday August 27, 2026, which shall be published in all editions of Financial Express (a widely circulated English national daily newspaper), all editions of Jansatta (a widely circulated Hindi national daily newspaper), editions of Nawan Zamana (a widely circulated Punjabi regional language daily newspaper) (Punjabi being the regional language of Punjab, where our Registered Office is located). |

3. Pursuant to the updation of the Bid / Issue Closing Date, Bid/Issue Programme as stated in the chapter titled ***"General Information"*** and ***"Terms of Issue"*** on page 71 and 262 respectively of the Red Herring Prospectus has been modified accordingly.

**Bid/Issue Programme**

| Events | Indicative Dates |
|---|---|
| Bid/ Issue Opening Date | Monday, August 24, 2026 |
| Bid/ Issue Closing Date[1,2] | Thursday, August 27, 2026 |
| Finalization of Basis of Allotment with the Stock Exchange (T+1) | On or about Friday, August 28, 2026 |
| Initiation of Allotment/ Refunds/ Unblocking of Funds from ASBA Account or UPI Id Linked Bank Account* (T+2) | On or about Monday, August 31, 2026 |
| Credit of Equity Shares to Demat Accounts of Allottees (T+2) | On or about Monday, August 31, 2026 |
| Commencement of Trading of the Equity Shares on the Stock Exchange (T+3) | On or about Tuesday, September 1, 2026 |

*1Our Company, in consultation with the Book Running Lead Manager, may consider closing the Bid/ Issue Period for QIBs one Working Day prior to the Bid/ Issue Closing Date in accordance with the SEBI (ICDR) Regulations.*
*2The UPI mandate end time and date shall be at 5:00 p.m. on Bid/ Issue Closing Day.*

4. Pursuant to the updation of the newspaper edition details of the Bid /Issue Opening Date, Bid/Issue Closing Date and Price Band, as stated in the chapter titled ***"General Information- Book Building Process"*** and ***"Terms of Issue- Face Value and Issue Price"*** on page 69 and 259 of the Red herring Prospectus respectively has been modified accordingly.
The Price Band shall be determined by our Company, in consultation with the Book Running Lead Manager in accordance with the Book Building Process and advertised in all editions of the English national newspaper Financial Express, all editions of Hindi national newspaper Jansatta and Nawan Zamana, Punjabi editions of the regional daily newspaper of Punjab, where the registered office of the company is situated at least two Working Days prior to the Bid / Issue Opening date.
5. Further under the head ***"Comparison of Accounting Ratios with Listed Industry Peers"*** in the chapter titled ***"Basis for Issue Price"*** on page 100 of the Red Herring Prospectus and in the Pre-Issue and Price Band Advertisement, the RONW shall stand modified as 39.07% in the table below.

**Set forth below are the details of comparison of key performance of indicators with our listed industry peers:**

| Name of the company | Consolidated/ Standalone | Current Market Price (CMP) | Revenue from Operations (₹ in Lakhs) | EPS (in Rs.) | |
|---|---|---|---|---|---|
| | | | | Basic | Diluted |
| ABH Healthcare Limited | Consolidated | [•] | 5,250.69 | 7.05 | 7.05 |

| P/E Ratio | PAT margin (%) | RONW (%) | NAV (Per Share) | Face Value (in ₹) | Market cap to Revenue from operation |
|---|---|---|---|---|---|
| [•] | 10.74 | ***39.07*** | 21.58 | 10.00 | [•] |

6. In the Chapter titled ***"Issue Structure"***, under the head ***"Number of Equity Shares available for allocation"*** and ***"Percentage of Issue Size available for allocation"*** on page 269 of the Red Herring Prospectus, relevant details under respective heads shall stand modified as follows:

| Particulars | Market Maker Reservation Portion | QIBs | Non-Institutional Bidders | Individual Investors |
|---|---|---|---|---|
| **Number of Equity Shares available for allocation[(1)]** | Upto 1,72,800 Equity Shares of face value of ₹10/- each | Not more than 1,99,200 Equity Shares of face value of ₹10 each | Not less than 15,28,800 Equity Shares of face value of ₹ 10 each available for allocation or Issue less allocation to QIB Bidders and IIs | Not less than 15,28,800 Equity Shares of face value of ₹ 10 each available for allocation or Issue less allocation to QIB Bidders and Non-Institutional Bidders |
| **Percentage of Issue Size available for allocation** | 5.04% of the Issue size | Not more than 50% of the Net Issue being available for allocation to QIB Bidders. However, 5% of the Net QIB Portion shall be available for allocation proportionately to Mutual Funds only. Mutual Funds participating in the Mutual Fund Portion will also be eligible for allocation in the remaining QIB Portion. The unsubscribed portion in the Mutual Fund Portion will be added to the Net QIB Portion | Not less than 15% of the Net Issue subject to the following :- a) One- third of the portion available to non-Institutional Investors shall be reserved for Bidders with application size of more than two lots and up to such lots equivalent to not more than ₹ 10.00 lakhs; b) two-third of the portion available to non- Institutional Investors shall be reserved for Bidders with application size of more than ₹ 10.00 lakhs; | Not less than 35% of the Net Issue. |
| **Basis of Allotment/ Allocation if respective category is oversubscribed** | Firm Allotment | Proportionate as follows: a) 10,800 Equity Shares of face value of ₹ 10 each shall be available for allocation on a proportionate basis to Mutual Funds only; and b) 1,88,400 Equity Shares of face value of ₹ 10 each shall be available for allocation on a proportionate basis to all QIBs, including Mutual Funds receiving allocation as per (a) above. | Subject to the availability of shares in non-institutional investors' category, the allotment of equity shares to each non institutional category shall not be less than the minimum application size in non-institutional investor category, and the remaining shares, if any, shall be allotted on a proportionate basis. | Allotment to each Individual Investors shall not be less than the minimum Bid Lot, subject to availability of Equity Shares in the Individual Investors portion and the remaining available Equity Shares if any, shall be allotted on a proportionate basis. For details see, "Issue Procedure" on page 272 of this Red Herring Prospectus. |

The above changes stands modified in the cover pages, in the chapter titled ***"The Issue -footnote no. 3 to the table", "General Information – Book building process", "Issue Procedure – Book building procedure"*** on page 60, 69, 275 respectively of the Red Herring Prospectus.

**PRE-ISSUE AND PRICE BAND ADVERTISEMENT**

Under the head ***"Details of Allocation"***, the following change stands modified and updated
- **QIB CATEGORY: NOT MORE THAN 50% OF THE NET ISSUE**
- **INDIVIDUAL INVESTOR CATEGORY : NOT LESS THAN 35% OF THE NET ISSUE**
- **NON INSTITUTIONAL INVESTOR CATEGORY: NOT LESS THAN 15% OF THE NET ISSUE**

Further under the head ***"Details of Allocation"*** in Pre-Issue and Price Band Advertisement w.r.t. the resolution date being August 14, 2026 instead of August 13, 2026, the same shall be modified accordingly.

**INDICATIVE TIMELINE FOR THE ISSUE**

Our Company in consultation with the BRLM has decided that no participation by Anchor Investors will be considered in the IPO.

| Sequence of Activities | Listing within T+3 days (T is issue closing date i.e Thursday August 27, 2026) |
|---|---|
| Application Submission by Investors | Electronic Applications (Online ASBA through 3-in-1 accounts) - **Upto 5 pm on Thursday August 27, 2026.** Electronic Applications (Bank ASBA through Online channels like Internet Banking, Mobile Banking and Syndicate UPI ASBA etc.) - **Upto 4 pm on Thursday August 27, 2026.** Electronic Applications (Syndicate Non-Individual Investors, Non-Individual Applications of QIBs and NIIs) - **Upto 3 pm on Thursday August 27, 2026.** |
| | Physical Applications (Bank ASBA) - **Upto 1 pm on Thursday August 27, 2026.** Physical Applications (Syndicate Non-Individual Investors, Non-Individual Applications of QIBs and NIIs) - **Upto 12 pm on Thursday August 27, 2026** and Syndicate members shall transfer such applications to banks **before 1 pm on Thursday August 27, 2026.** |
| Bid Modification | From Issue opening date up to **4 pm on Thursday August 27, 2026.** |
| Validation of bid details with depositories | From Issue opening date up to **5 pm on Thursday August 27, 2026.** |
| Reconciliation of UPI mandate transactions (Based on the guidelines issued by NPCI from time to time): Among Stock Exchanges -Sponsor Banks - NPCI and NPCI - PSPs/ TPAPs** - Issuer Banks; Reporting formats of bid information, UPI analysis report and compliance timelines. | On daily basis Merchant Bankers to submit to SEBI, sought as and when. |
| UPI Mandate acceptance time | **Thursday August 27, 2026-5 pm** |
| Issue Closure T day | **Thursday August 27, 2026 - 4 pm** for QIB and NII categories **Thursday August 27, 2026 - 5 pm** for Individual Investors and other reserved categories |
| Third party check on UPI applications | On daily basis and to be completed **before 9:30 AM on Thursday August 27, 2026** |
| Third party check on Non- UPI applications | On daily basis and to be completed **before 1 pm on Thursday August 27, 2026** |
| Submission of final certificates: -For UPI from Sponsor Bank -For Bank ASBA, from all SCSBs -For syndicate ASBA ASBA | UPI ASBA - **Before 09:30 pm on Friday August 28, 2026** All SCSBs for Direct ASBA- **Before 07:30 pm on Friday August 28, 2026** Syndicate ASBA - **Before 07:30 pm on Friday August 28, 2026** |
| Finalization of rejections and completion of basis | Before **6 pm on Friday August 28, 2026 .** |
| Approval of basis by Stock Exchange | Before **9 pm on Friday August 28, 2026** |
| Issuance of fund transfer instructions in separate files for debit and unblock. For Bank ASBA and Online ASBA- To all SCSBs For UPI ASBA - To Sponsor Bank | Intimation not later than **9:30 am on Monday August 31, 2026.** Completion before **2 pm on Monday August 31, 2026 for fund transfer;** Completion before **4 pm on Monday August 31, 2026 for unlocking** |
| Corporate action execution for credit of shares | Initiation before **2 pm on Monday August 31, 2026** Completion before **6 pm on Monday August 31, 2026** |
| Filing of listing application with Stock Exchange and issuance of trading notice | Before **7:30 pm on Monday August 31, 2026** |
| Publish allotment advertisement | On the website of Company, Merchant Banker and RTI - before **9 pm on Monday August 31, 2026** In Newspapers-**on Tuesday September 1, 2026** |
| Trading starts T +3 day | **Tuesday September 1, 2026** |

Above shall be read in conjunction with the RHP dated August 13, 2026, filed with Registrar of Companies, National Stock Exchange of India Limited ('NSE EMERGE') and the Securities and Exchange Board of India ("SEBI") and accordingly their reference to the Abridged Prospectus and further, all material communication including application cum bid forms and advertisements including Pre-Issue and Price Band Advertisement dated August 14, 2026 published in Financial Express, Jansatta and Nawan Zamana on August 17, 2026, issued by or on behalf of the Company in relation to the Issue and shall stand amended and modified to above effect, to the extent-applicable and as above pursuant to this Corrigendum. Accordingly, any material communication and advertisement issued by or on behalf of the Company in relation to the Issue shall stand amended to the extent and should be read with the above. All capitalized terms used in this Corrigendum shall, unless the context otherwise requires, have the meaning ascribed to them in the Red Herring Prospectus.

**For ABH Healthcare Limited**
**On behalf of the Board of Directors**
**Sd/-**
**Dr. Saurabh Baghi**
**Managing Director**

**Place: Ferozepur, Punjab**
**Date: August 18, 2026**

Disclaimer- ABH Healthcare Limited is proposing, subject to applicable statutory and regulatory requirements, receipt of requisite approvals, market conditions and other considerations, to make an initial public offer of its Equity Shares and the RHP dated August 13, 2026 has been filed with the Registrar of Companies, Chandigarh and thereafter with SEBI and the Stock Exchange. The RHP is available on the website of the SEBI at www.sebi.gov.in, website of NSE at www.nseindia.com and is available on the website of the BRLM at www.fedsec.in. Any potential investors should note that investment in equity shares involves a high degree of risk and for details relating to the same, please refer to the RHP including the section titled **"Risk Factors"** beginning on page 29 of the RHP.
The Equity Shares have not been and will not be registered under the U.S. Securities Act of 1933, as amended (the **"Securities Act"**) or any state securities laws in the United States, and unless so registered, and may not be issued or sold within the United States, except pursuant to an exemption from, or in a transaction not subject to, the registration requirements of the Securities Act and in accordance with any applicable U.S. State Securities laws. The Equity Shares are being issued and sold outside the United States in 'offshore transactions' in reliance on Regulation "S" under the Securities Act and the applicable laws of each jurisdiction where such issues and sales are made. There will be no public offering in the United States.

# ਡੇਰਾਬੱਸੀ ਨਗਰ ਕੌਂਸਲ ਦੀ ਪਹਿਲੀ ਮੀਟਿੰਗ 'ਚ 23 'ਚੋਂ 20 ਏਜੰਡੇ ਪਾਸ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਨਗਰ ਕੌਂਸਲ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਤੋਂ ਬਾਅਦ ਨਵ-ਨਿਯੁਕਤ ਪ੍ਰਧਾਨ ਆਸ਼ੂ ਉਪਨੇਜਾ ਦੀ ਪ੍ਰਧਾਨਗੀ ਹੇਠ ਨਵ-ਚੁਣੇ ਕੌਂਸਲਰਾਂ ਦੀ ਪਹਿਲੀ ਮੀਟਿੰਗ ਮੰਗਲਵਾਰ ਨੂੰ ਨਗਰ ਕੌਂਸਲ ਦਫ਼ਤਰ ਵਿਖੇ ਹੋਈ।ਮੀਟਿੰਗ ਵਿੱਚ ਕੁੱਲ 23 ਏਜੰਡੇ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚੋਂ 20 ਏਜੰਡਿਆਂ ਨੂੰ ਪ੍ਰਵਾਨਗੀ ਦੇ ਦਿੱਤੀ ਗਈ, ਜਦਕਿ ਤਿੰਨ ਏਜੰਡਿਆਂ 'ਤੇ ਸਹਿਮਤੀ ਨਹੀਂ ਬਣ ਸਕੀ। ਮੀਟਿੰਗ ਦੀ ਸ਼ੁਰੂਆਤ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਨਵ-ਚੁਣੇ ਕੌਂਸਲਰਾਂ ਦਾ ਸਵਾਗਤ ਕਰਦਿਆਂ ਕੀਤੀ ਗਈ। ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਚੋਣ ਲੜਨਾ ਵੱਖਰੀ ਗੱਲ ਹੈ, ਪਰ ਚੋਣ ਜਿੱਤਣ ਤੋਂ ਬਾਅਦ ਨਗਰ ਕੌਂਸਲ ਸਾਰੇ ਕੌਂਸਲਰਾਂ ਦਾ ਸਾਂਝਾ ਘਰ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀ ਮੀਟਿੰਗ ਕਿਸੇ ਸਿਆਸੀ ਪਾਰਟੀ ਦੀ ਮੀਟਿੰਗ ਨਹੀਂ ਹੁੰਦੀ, ਸਗੋਂ ਸਾਰੇ ਕੌਂਸਲਰ ਪਰਵਾਰਕ ਮੈਂਬਰਾਂ ਵਾਂਗ ਮਿਲ ਕੇ ਸ਼ਹਿਰ ਦੇ ਵਿਕਾਸ ਲਈ ਕੰਮ ਕਰਨ। ਵਿਧਾਇਕ ਨੇ ਕਿਹਾ ਕਿ ਨਗਰ ਕੌਂਸਲ ਦਾ ਮੁੱਖ ਮਕਸਦ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਨਾ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣਾ ਹੋਣਾ ਚਾਹੀਦਾ ਹੈ। ਉਨ੍ਹਾਂ ਕੌਂਸਲਰਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸ਼ਹਿਰ ਦੇ ਹਿੱਤ ਵਿੱਚ ਮਿਲਜੁਲ ਕੇ ਕੰਮ ਕਰਨ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਸਫ਼ਾਈ ਸੇਵਕਾਂ ਅਤੇ ਸੀਵਰੇਜ



ਕਰਮਚਾਰੀਆਂ ਨਾਲ ਸਬੰਧਤ ਮੁੱਦਿਆਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ। ਮੁੱਖ ਮੰਤਰੀ ਪੰਜਾਬ ਵੱਲੋਂ ਸਫ਼ਾਈ ਸੇਵਕਾਂ ਅਤੇ ਸੀਵਰੇਜ ਕਰਮਚਾਰੀਆਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਦੀ ਤਨਖ਼ਾਹ ਦੁੱਗਣੀ ਕਰਨ ਸਬੰਧੀ ਕੀਤੇ ਐਲਾਨ ਨੂੰ ਵੀ ਮੀਟਿੰਗ ਵਿੱਚ ਪ੍ਰਵਾਨਗੀ ਦਿੱਤੀ ਗਈ। ਨਗਰ ਕੌਂਸਲ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਅਤੇ ਸਫ਼ਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਤਹਿਸੀਲ ਰੋਡ 'ਤੇ ਪਾਰਕਿੰਗ ਨੇੜੇ ਰਾਮ ਤਲਾਈ ਦੇ ਵਿਕਾਸ ਦੌਰਾਨ ਹਟਾਏ ਗਏ ਕਰੀਬ 10 ਖੋਖਾ ਮਾਲਕਾਂ ਨੂੰ ਘੱਟ ਕਿਰਾਏ 'ਤੇ ਜਗ੍ਹਾ ਉਪਲਬਧ ਕਰਵਾਉਣ ਦਾ ਫ਼ੈਸਲਾ ਲਿਆ ਗਿਆ। ਇਸ ਤੋਂ ਇਲਾਵਾ ਕੁਝ ਸਾਲ ਪਹਿਲਾਂ ਆਵਾਰਾ ਪਸ਼ੂਆਂ ਦੇ ਹਮਲੇ ਕਾਰਨ ਹੋਈ ਇੱਕ ਵਿਅਕਤੀ ਦੀ ਮੌਤ ਦੇ ਮਾਮਲੇ ਵਿੱਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਸ ਦੇ ਪਰਵਾਰ ਨੂੰ 5 ਲੱਖ ਰੁਪਏ ਮੁਆਵਜ਼ਾ ਦੇਣ ਸਬੰਧੀ ਪ੍ਰਸਤਾਵ ਵੀ ਪਾਸ ਕੀਤਾ ਗਿਆ। ਡੇਰਾਬੱਸੀ ਨੂੰ ਗਾਰਬੇਜ ਫ੍ਰੀ ਸਿਟੀ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਵੱਲੋਂ ਸਵੱਛ ਸਰਵੇਖਣ-2026 ਵਿੱਚ ਹਿੱਸਾ ਲੈਣ ਸਬੰਧੀ ਰਿਪੋਰਟ ਵੀ ਸਦਨ ਵਿੱਚ ਪੇਸ਼ ਕੀਤੀ ਗਈ। ਇਸ ਦੇ ਨਾਲ ਹੀ ਤਹਿਸੀਲ ਰੋਡ ਨੂੰ ਹੈਰੀਟੇਜ ਸਟ੍ਰੀਟ ਵਜੋਂ ਵਿਕਸਤ ਕਰਨ ਦਾ ਪ੍ਰਸਤਾਵ ਵੀ ਵਿਚਾਰਿਆ ਗਿਆ। ਮੀਟਿੰਗ ਵਿੱਚ ਸ਼ਹਿਰ ਦੇ ਵਿਕਾਸ, ਸਫ਼ਾਈ ਵਿਵਸਥਾ, ਪਾਰਕਿੰਗ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਹੋਰ ਨਾਗਰਿਕ ਸਹੂਲਤਾਂ ਨਾਲ ਸਬੰਧਤ ਕਈ ਮੁੱਦਿਆਂ 'ਤੇ ਕੌਂਸਲਰਾਂ ਵੱਲੋਂ ਵਿਚਾਰ-ਵਟਾਂਦਰਾ ਕੀਤਾ ਗਿਆ। ਨਵ-ਚੁਣੇ ਕੌਂਸਲਰਾਂ ਨੇ ਡੇਰਾਬੱਸੀ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਮਿਲਜੁਲ ਕੇ ਕੰਮ ਕਰਨ 'ਤੇ ਜ਼ੋਰ ਦਿੱਤਾ।

# ਆਜ਼ਾਦੀ ਦਿਵਸ ਮੌਕੇ ਕਰਵਾਇਆ ਯੋਗ ਮੁਕਾਬਲਾ

**ਫਗਵਾੜਾ (ਜਸਵਿੰਦਰ ਢੱਡਾ)**- ਆਜ਼ਾਦੀ ਦਿਵਸ ਦੇ ਪਵਿੱਤਰ ਮੌਕੇ 'ਤੇ ਭਾਰਤ ਸਵਾਭਿਮਾਨ ਟਰੱਸਟ, ਪਤੰਜਲੀ ਯੋਗਪੀਠ ਅਤੇ ਮਹਿਲਾ ਪਤੰਜਲੀ ਯੋਗ ਸਮਿਤੀ ਵੱਲੋਂ ਸਿਟੀ ਕਲੱਬ ਫਗਵਾੜਾ ਦੇ ਵਿਸ਼ੇਸ਼ ਸਹਿਯੋਗ ਨਾਲ ਵਿਸ਼ਾਲ ਯੋਗ ਪ੍ਰਦਰਸ਼ਨ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਯੋਗ ਪ੍ਰੇਮੀਆਂ ਅਤੇ ਪ੍ਰਤੀਭਾਗੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਯੋਗ ਦੇ ਵੱਖ-ਵੱਖ ਆਸਨਾਂ ਅਤੇ ਕਲਾਵਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੇ ਮੁੱਖ ਮਹਿਮਾਨ ਫਗਵਾੜਾ ਦੇ ਡਿਪਟੀ ਮੇਅਰ ਵਿੱਕੀ ਸੂਦ ਸਨ। ਸੰਸਥਾ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਸ਼ੁਰੂ 'ਚ ਸਿਟੀ ਕਲੱਬ ਫਗਵਾੜਾ ਦੇ ਉਪ ਪ੍ਰਧਾਨ ਪਰਮਜੀਤ ਖੁਰਾਣਾ, ਸਕੱਤਰ ਧਰਮਿੰਦਰ (ਟੋਨੀ), ਕੈਸ਼ੀਅਰ ਰਾਕੇਸ਼ ਬਾਂਗਾ ਸਮੇਤ ਕਲੱਬ ਦੇ ਮੈਂਬਰਾਂ ਨੇ ਕੌਮੀ ਝੰਡਾ ਲਹਿਰਾਇਆ ਅਤੇ ਰਾਸ਼ਟਰੀ ਗਾਨ ਵਿੱਚ ਸਮੂਹ ਹਾਜ਼ਰੀਨ ਵਲੋਂ ਸ਼ਮੂਲੀਅਤ ਕੀਤੀ ਗਈ। ਸਮਾਗਮ ਦੌਰਾਨ ਜਲੰਧਰ ਤੋਂ ਯੋਗਪੈਥੀ ਯੋਗਾ ਅਤੇ ਥੈਰੇਪੀ ਸਟੂਡੀਓ ਤੋਂ ਪਹੁੰਚੇ ਯੋਗ ਗੁਰੂ ਅਤੇ ਵੈਦ ਰਾਮ ਕ੍ਰਿਸ਼ਨ ਨੇ ਯੋਗ ਦੇ ਵੱਖ-ਵੱਖ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਨਿਯਮਿਤ ਯੋਗ ਅਭਿਆਸ ਸਰੀਰ ਨੂੰ ਤੰਦਰੁਸਤ ਰੱਖਣ ਅਤੇ ਕਈ ਸਿਹਤ ਸਮੱਸਿਆਵਾਂ ਤੋਂ ਬਚਾਅ ਵਿੱਚ ਸਹਾਇਕ ਹੋ ਸਕਦਾ ਹੈ। ਉਨ੍ਹਾਂ ਨੇ ਯੋਗ ਨੂੰ ਆਪਣੀ ਰੋਜ਼ਾਨਾ ਜੀਵਨਸ਼ੈਲੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਯੋਗ ਮਾਹਿਰ ਡਾ. ਯੋਗਿਨੀ ਅਨੁਪ੍ਰਿਆ ਨੇ ਵੱਖ-ਵੱਖ ਯੋਗ ਆਸਨਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਸਹੀ ਢੰਗ ਨਾਲ ਅਭਿਆਸ ਕਰਨ ਸਬੰਧੀ ਮਹੱਤਵਪੂਰਨ ਸੁਝਾਅ ਦਿੱਤੇ। ਇਸ ਮੌਕੇ ਅਸ਼ੋਕ ਸ਼ਰਮਾ, ਨੰਦ ਸੈਣੀ, ਰਾਧਾ, ਸਲੋਨੀ ਜੈਨ, ਕੀਰਤੀ ਭੱਟਰ, ਸੁਨੀਲ ਚਮ, ਸਾਬਕਾ ਸੰਵਾਦ ਰਾਜ ਪ੍ਰਭਾਰੀ ਪਰਵੀਨ ਚੌਕਰੀਆ, ਸੰਜੀਵ ਤਿਆਗੀ, ਬ੍ਰਹਮਪਾਲ, ਮਧੂ, ਭੁਪਿੰਦਰ, ਜੀਤ ਰਾਮ, ਬ੍ਰਹਮਕੁਮਾਰੀ, ਰਮਨ ਨੇਹਰਾ, ਅਗਮ ਪਰਾਸ਼ਰ ਅਤੇ ਬੋਨੀ ਸ਼ਰਮਾ ਸਮੇਤ ਬ੍ਰਹਮ ਕੁਮਾਰੀ ਆਸ਼ਰਮ ਤੋਂ ਸੁਮਨ ਦੀਦੀ, ਰਾਧਾ ਸਰੀਨ ਅਤੇ ਹੋਰ ਪਤਵੰਤੇ ਹਾਜ਼ਰ ਸਨ।



# ਅਲਟਰਾਸਾਊਂਡ ਸਕੈਨ ਸੈਂਟਰਾਂ ਦੀ ਅਚਨਚੇਤ ਚੈਕਿੰਗ

**ਨਵਾਂਸ਼ਹਿਰ (ਮਨੋਜ ਲਾਡੀ)**- ਨਵਾਂਸ਼ਹਿਰ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਹਰੀਸ਼ ਕਿਰਪਾਲ ਵੱਲੋਂ ਨਵਾਂਸ਼ਹਿਰ ਵਿਚ 6 ਨਿੱਜੀ ਅਲਟਰਾਸਾਊਂਡ ਸਕੈਨ ਸੈਂਟਰਾਂ ਦੀ ਅਚਨਚੇਤ ਚੈਕਿੰਗ ਕੀਤੀ। ਜਿਸ ਦੌਰਾਨ ਉਨ੍ਹਾਂ ਇਨ੍ਹਾਂ ਸੈਂਟਰਾਂ ਦੇ ਰਿਕਾਰਡ ਦੀ ਬਰੀਕੀ ਨਾਲ ਜਾਂਚ ਕੀਤੀ।ਇਸ ਸਮੇਂ ਕਾਰਜਕਾਰੀ ਪੀ ਐਨ ਡੀ ਟੀ - ਕੋਆਰਡੀਨੇਟਰ ਹਰਨੇਕ ਸਿੰਘ ਵੀ ਮੌਜੂਦ ਸਨ। ਡਾ. ਹਰੀਸ਼ ਕਿਰਪਾਲ ਨੇ ਕਿਹਾ ਕਿ ਪੀ ਸੀ ਪੀ ਐਨ ਡੀ ਟੀ ਐਕਟ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਗਰਭ ਅਵਸਥਾ ਦੌਰਾਨ ਲਿੰਗ ਜਾਂਚ ਕਰਨਾ ਜਾਂ ਕਰਵਾਉਣਾ ਗੰਭੀਰ ਅਪਰਾਧ ਹੈ ਅਤੇ ਦੋਸ਼ੀ ਸਾਬਤ ਹੋਣ 'ਤੇ ਘੱਟੋ-ਘੱਟ ਤਿੰਨ ਸਾਲ ਦੀ ਕੈਦ ਦੀ ਸਜ਼ਾ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਐਕਟ ਦਾ ਮੁੱਖ ਉਦੇਸ਼ ਕੰਨਿਆ ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ 'ਤੇ ਰੋਕ ਲਗਾਉਣਾ ਅਤੇ ਮੈਡੀਕਲ ਤਕਨੀਕਾਂ ਦੀ ਗਲਤ ਵਰਤੋਂ ਨੂੰ ਰੋਕਣਾ ਹੈ। ਉਨ੍ਹਾਂ ਸੈਂਟਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਪੀ ਸੀ ਪੀ ਐਨ ਡੀ ਟੀ ਐਕਟ ਦੀਆਂ ਧਾਰਾਵਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ, ਨਹੀਂ ਤਾਂ ਸਖ਼ਤ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਲਿੰਗ ਜਾਂਚ 'ਤੇ ਸਖ਼ਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਲੰਘਣਾ ਕਰਨ ਵਾਲੇ ਨੂੰ ਜੇਲ੍ਹ ਜਾਣਾ ਪਵੇਗਾ। ਉਨ੍ਹਾਂ ਕਿਹਾ ਕਿ ਕੰਨਿਆ ਭਰੂਣ ਹੱਤਿਆ ਮਨੁੱਖਤਾ 'ਤੇ ਕਾਲਾ ਦਾਗ ਹੈ ਅਤੇ ਇਸ ਨੂੰ ਖ਼ਤਮ ਕਰਨ ਲਈ ਸਿਰਫ਼ ਕਾਨੂੰਨੀ ਕਾਰਵਾਈ ਹੀ ਨਹੀਂ, ਸਗੋਂ ਸਮਾਜ ਦੀ ਸੋਚ ਵਿਚ ਵੀ ਵੱਡੇ ਬਦਲਾਅ ਦੀ ਲੋੜ ਹੈ।

# ਪੱਤਰਕਾਰ ਤਲਵਿੰਦਰ ਸਿੰਘ ਬੁੱਟਰ ਦੇ ਪਿਤਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਸਿੰਘ ਢੇਰ)**- ਉੱਘੇ ਪੱਤਰਕਾਰ ਤਲਵਿੰਦਰ ਸਿੰਘ ਬੁੱਟਰ ਦੇ ਪਿਤਾ ਪਰਮਜੀਤ ਸਿੰਘ ਬੁੱਟਰ 74 ਸਾਬਕਾ ਪੰਚਾਇਤ ਅਫ਼ਸਰ ਦੀ ਹੋਈ ਬੇਵਕਤ ਮੌਤ ਤੇ ਵੱਖ ਵੱਖ ਪੱਤਰਕਾਰਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਤੇ ਪ੍ਰੈਸ ਕਲੱਬ ਦੇ ਪ੍ਰਧਾਨ ਰਕੇਸ਼ ਸੈਣੀ, ਪ੍ਰਧਾਨ ਗੁਰਭਾਗ ਸਿੰਘ ਮਜਾਰੀ, ਗੁਰਪ੍ਰੀਤ ਗਰੇਵਾਲ, ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ, ਸੁਭਾਸ਼ ਸ਼ਰਮਾ, ਰਣਵੀਰ ਸਿੰਘ ਸੈਣੀ, ਪ੍ਰੀਤਮ ਸਿੰਘ ਬਰਾਰੀ, ਕੁਲਵਿੰਦਰਜੀਤ ਸਿੰਘ ਭਾਟੀਆ, ਅਸ਼ੋਕ ਚੋਪੜਾ, ਰਕੇਸ਼ ਰਾਣਾ, ਅਵੀ ਰਾਣਾ ਜੁਝਾਰ ਸਿੰਘ ਭੱਲੜੀ, ਹਰਭਜਨ ਸਿੰਘ ਢਿੱਲੋਂ, ਧਰਮਪਾਲ ਸੈਣੀ, ਰਜੇਸ਼ ਪਡਿਆਲ, ਸੁਪਿੰਦਰ ਸਿੰਘ, ਸ਼ਿਵ ਕੁਮਾਰ ਕਾਲੀਆ ਨੇ ਬੁੱਟਰ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਪਰਮਜੀਤ ਸਿੰਘ ਨੇ ਇਮਾਨਦਾਰੀ ਨਾਲ ਨੌਕਰੀ ਕੀਤੀ। ਉਹ ਕੁਝ ਦਿਨ ਪਹਿਲਾਂ ਬਿਜਲੀ ਦਾ ਕਰੰਟ ਲੱਗਣ ਕਾਰਨ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ। ਉਹਨਾਂ ਦੀ ਮੌਤ ਨਾਲ ਪਰਵਾਰ ਨੂੰ ਹੀ ਘਾਟਾ ਨਹੀਂ ਪਿਆ ਸਗੋਂ ਇਲਾਕੇ ਨੂੰ ਵੀ ਭਾਰੀ ਘਾਟਾ ਪਿਆ।



# ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਮੀਟਿੰਗ 'ਚ ਪਹਿਲੀ ਸਤੰਬਰ ਨੂੰ ਦਿੱਲੀ ਰੈਲੀ 'ਚ ਸ਼ਾਮਲ ਹੋਣ ਦਾ ਐਲਾਨ

**ਬੰਗਾ (ਅਵਤਾਰ ਕਲੇਰ)**- ਕੁੱਲ ਹਿੰਦ ਕਿਸਾਨ ਸਭਾ-1936 ਦੀ ਸੂਬਾ ਕੌਂਸਲ ਮੀਟਿੰਗ ਦੇ ਨਾਲ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ (ਸੰਗਰੂਰ) ਦੀ ਪ੍ਰਧਾਨਗੀ ਹੇਠ ਹੋਈ। ਪ੍ਰਧਾਨ ਨਿਹਾਲਗੜ੍ਹ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਿਛਲੇ ਸਮੇਂ ਵਿੱਚ ਹੋਏ ਸੰਘਰਸ਼ ਬਾਰੇ ਕੰਮਾਂ ਦਾ ਲੇਖਾ ਜੋਖਾ ਪੇਸ਼ ਕਰਦੇ ਹੋਏ ਕਿਹਾ ਕਿ ਅਗਲੇ ਮਹੀਨੇ ਵਿੱਚ ਇਕ ਸਤੰਬਰ ਨੂੰ ਦਿੱਲੀ ਵਿੱਚ ਆਲ ਇੰਡੀਆ ਪੱਧਰ ਦੀ ਇੱਕ ਰੈਲੀ ਕੀਤੀ ਜਾ ਰਹੀ ਹੈ। ਜਿਸ ਵਿੱਚ ਸਾਡੀ ਆਲ ਇੰਡੀਆ ਕਿਸਾਨ ਸਭਾ ਕੁੱਲ ਹਿੰਦ ਕਿਸਾਨ ਸਭਾ ਸਾਰੇ ਪੰਜਾਬ ਵਿੱਚੋਂ ਸ਼ਮੂਲੀਅਤ ਕਰੇਗੀ। ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ 1 ਸਤੰਬਰ ਤੋਂ 7 ਸਤੰਬਰ ਤੱਕ ਇੱਕ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਪੰਜਾਬ ਦੀਆਂ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਹਿੱਸਾ ਲੈ ਰਹੀਆਂ ਹਨ। ਇਸ ਧਰਨੇ ਵਿੱਚ ਮੁੱਖ ਤੌਰ 'ਤੇ ਭਾਰਤ ਸਰਕਾਰ ਦੁਆਰਾ ਮੁਕਤ ਵਪਾਰ ਸਮਝੌਤੇ ਨੂੰ ਲਾਗੂ ਨਾ ਹੋਣ ਦੇਣ ਦਾ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਦੁਆਰਾ ਦਿੱਲੀ ਤੋਂ ਧਰਨਾ ਉਠਾਏ ਜਾਣ ਸਮੇਂ ਮੰਨੇ ਗਏ ਮੁੱਖ ਤੌਰ 'ਤੇ ਅਮਰੀਕਾ ਅਤੇ ਹੋਰ ਮੁਲਕਾਂ ਨਾਲ ਕੀਤੇ ਮੁਕਤ ਪਾਸ ਸਮਝੌਤੇ ਦਾ ਵਿਰੋਧ ਕਰਨਾ, ਕੇਂਦਰ ਸਰਕਾਰ ਦੁਆਰਾ ਕਿਸਾਨ ਅੰਦੋਲਨ ਵੱਲੋਂ ਮੰਗਾਂ ਨੂੰ ਲਿਖਤੀ ਤੌਰ 'ਤੇ ਮੰਨੀਆਂ ਮੰਗਾਂ ਦੇ ਲਿਖਤੀ ਭਰੋਸੇ ਨੂੰ ਅਮਲ ਵਿੱਚ ਲਿਆਉਣਾ,



ਦਰਿਆਈ ਪਾਣੀਆਂ ਦਾ ਨਿਪਟਾਰਾ ਰਿਪੇਰੀਅਨ ਸਿਧਾਂਤ ਰਾਹੀਂ ਕਰਨਾ, ਬਿਜਲੀ ਅਤੇ ਬੀਜ ਬਿੱਲ ਰੱਦ ਕਰਨਾ ਇਸ ਦੇ ਨਾਲ ਨਾਲ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ਿਆਂ 'ਤੇ ਲੀਕ ਫੇਰਨ, ਲੇਬਰ ਕੋਡ ਰੱਦ ਕਰਵਾਉਣ, ਮਨਰੇਗਾ ਕਾਨੂੰਨ ਬਹਾਲ ਕਰਾਉਣ, ਪੰਜਾਬ ਦੇ ਪਾਣੀਆਂ ਦੀ ਰੱਖਿਆ ਆਦਿ ਸਮੇਤ ਹੋਰ ਮੁੱਦੇ ਹੋਣਗੇ। ਇਸ ਸਮੇਂ ਕੁਲਵੰਤ ਸਿੰਘ ਮੌਲੀਵਾਲ (ਪਟਿਆਲਾ), ਜਸਵੀਰ ਝੱਜ ਤੇ ਚਮਕੌਰ ਸਿੰਘ ਬਰ੍ਹਮੀ (ਲੁਧਿਆਣਾ), ਜਸਵੀਰ ਸਿੰਘ ਅਕਲੀਆ (ਬਠਿੰਡਾ), ਬਲਵਿੰਦਰ ਸਿੰਘ ਤੇ ਸੁਰਿੰਦਰ ਸਿੰਘ (ਮੋਹਾਲੀ), ਗੁਰਨਾਮ ਸਿੰਘ ਅਲੱਖ (ਰੋਪੜ), ਨਿਰਮਲ ਸਿੰਘ (ਸੰਗਰੂਰ), ਤਰਲੋਕ ਸਿੰਘ ਭਧਿਆਣਾ (ਕਪੂਰਥਲਾ), ਗੁਰਦਿੱਤ ਸਿੰਘ ਸਿੱਧੂ (ਫਿਰੋਜ਼ਪੁਰ), ਜਸਵਿੰਦਰ ਸਿੰਘ ਢੰਗਲ (ਨਵਾਂ ਸ਼ਹਿਰ), ਗੁਰਪ੍ਰੀਤ ਸਿੰਘ ਗੰਡੀਵਿੰਡ (ਤਰਨ ਤਾਰਨ), ਇੰਦਰਜੀਤ ਸਿੰਘ ਗਿੱਲ ਫਰੀਦਕੋਟ ਜੁਝਾਰ ਸਿੰਘ ਕੁੱਕੜ ਮਾਜਰਾ (ਨਵਾਂਸ਼ਹਿਰ) ਅਤੇ ਜੋਗਿੰਦਰ ਸਿੰਘ (ਅੰਮ੍ਰਿਤਸਰ) ਆਦਿ ਨੇ ਆਪੋ ਆਪਣੇ ਜ਼ਿਲ੍ਹਿਆਂ ਦੀ ਤਿਆਰੀ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਵੱਡੀ ਪੱਧਰ 'ਤੇ ਇੱਕ ਤਰੀਕ ਦਿੱਲੀ ਰੈਲੀ ਅਤੇ ਇੱਕ ਸਤੰਬਰ ਤੋਂ ਸੱਤ ਸਤੰਬਰ ਤੱਕ ਲਗਾਏ ਜਾ ਰਹੇ ਚੰਡੀਗੜ੍ਹ ਦੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵਿੱਤ ਮੰਤਰੀ ਦੀ ਅਰਥੀ ਫੂਕੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵਲੋਂ ਐਲਾਨੇ ਗਏ ਸੰਘਰਸ਼ ਦੇ ਤਹਿਤ ਸਾਂਝੀ ਤਾਲਮੇਲ ਕਮੇਟੀ ਤਹਿਸੀਲ ਹੁਸ਼ਿਆਰਪੁਰ ਵਲੋਂ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਅੱਗੇ ਵਿੱਤ ਮੰਤਰੀ ਪੰਜਾਬ ਦੀ ਅਰਥੀ ਫੂਕੀ ਗਈ ਜਿਸ ਵਿੱਚ ਮਨਿਸਟੀਰੀਅਲ ਕਾਮੇ ਹੜਤਾਲ ਕਰਕੇ ਸ਼ਾਮਲ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਸੂਬਾ ਕਨਵੀਨਰ ਸਾਥੀ ਸਤੀਸ਼ ਰਾਣਾ ਨੇ ਕਿਹਾ ਕਿ 7 ਅਗਸਤ ਦੀ ਚੰਡੀਗੜ੍ਹ ਰੈਲੀ ਵਿੱਚ ਐਲਾਨੇ ਗਏ ਸੰਘਰਸ਼ ਦੇ ਤਹਿਤ 27 ਅਗਸਤ ਨੂੰ ਪੰਜਾਬ ਭਰ ਦੇ ਸਾਰੇ ਹੀ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਸਮੂਹਿਕ ਛੁੱਟੀ ਲੈ ਕੇ ਕੰਮ ਬੰਦ ਕਰਨ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਤੇ ਪੰਜਾਬ ਦੇ ਵਿੱਤ ਮੰਤਰੀ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਸੰਘਰਸ਼ੀਆਂ ਨੂੰ ਐਂਟੀ ਸਟੇਟ ਕਹਿਣ ਤੇ ਪੰਜਾਬ ਭਰ ਵਿੱਚ ਵਿੱਤ ਮੰਤਰੀ ਦੇ ਪੁਤਲੇ ਫੂਕੇ ਗਏ ਹਨ ਅਤੇ 27 ਅਗਸਤ ਦੇ ਸੰਘਰਸ਼ ਦੀ ਤਿਆਂਰੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜੇਕਰ 27 ਅਗਸਤ ਨੂੰ ਮੁੱਖ ਮੰਤਰੀ ਵਲੋਂ ਮੀਟਿੰਗ ਨੂੰ ਰੱਦ ਕੀਤਾ ਗਿਆ ਜਾਂ ਮੀਟਿੰਗ ਵਿੱਚ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਜੱਥੇਬੰਦੀਆਂ ਦੇ ਆਗੂਆਂ ਇੰਦਰਜੀਤ ਵਿਰਦੀ, ਬਹਾਦਰ ਸਿੰਘ, ਅਨਿਰੁਧ ਮੋਦਗਿਲ, ਕੁਲਵੰਤ ਸਿੰਘ ਸੈਣੀ, ਅਸ਼ੋਕ ਕੁਮਾਰ ਮਨਜੀਤ ਸੈਣੀ,



ਬਲਵਿੰਦਰ ਸਿੰਘ ਬਸਰਾ, ਜਸਵੀਰ ਸਿੰਘ ਭਾਮ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਭੁੱਲਾ ਕੇ ਮੁਲਾਜ਼ਮ-ਪੈਨਸ਼ਨਰ ਵਿਰੋਧੀ ਨੀਤੀਆਂ ਪਹਿਲੀਆਂ ਸਰਕਾਰਾਂ ਨਾਲੋ ਵੀ ਤੇਜ਼ੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਸਰਕਾਰ ਵਲੋਂ ਕਰਜ਼ਾ ਚੁੱਕ ਕੇ ਰੋਜ਼ਗਾਰ ਦੇਣ ਦੀ ਥਾਂ ਸਿਰਫ ਸੱਤਾ ਹਾਂਸਲ ਕਰਨ ਲਈ ਪੰਜਾਬ ਦੇ ਲੋਕਾਂ ਨੂੰ ਮੁਫਤਖੋਰੇ ਬਣਾਇਆ ਜਾ ਰਿਹਾ ਹੈ। ਉੱਚ ਅਦਾਲਤ ਵਲੋਂ ਜਾਰੀ ਕੀਤੇ ਮਹਿੰਗਾਈ ਭੱਤੇ ਸੰਬੰਧੀ ਹੁਕਮਾਂ ਨੂੰ ਵੀ ਟਿੱਚ ਸਮਝਿਆ ਜਾ ਰਿਹਾ ਹੈ। ਆਗੂਆਂ ਵਲੋਂ ਮੀਟਿੰਗ ਕਰਕੇ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਕਰਨ ਸਬੰਧੀ ਵੀ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਰਕੇਸ਼ ਕੁਮਾਰ ਮਹਿਲਾਂਵਾਲੀ, ਓਂਕਾਰ ਸਿੰਘ, ਬਲਵੀਰ ਸਿੰਘ, ਮਦਨ ਲਾਲ ਸੈਣੀ, ਸੰਦੀਪ ਸੈਣੀ, ਬਿਕਰਮਜੀਤ ਸਿੰਘ, ਦੀਪਕ ਤ੍ਰੇਹਨ, ਅਮਰਜੀਤ ਸਿੰਘ ਗਰੇਵਰ, ਭੁਪਿੰਦਰ ਸਿੰਘ, ਮੰਗਲ ਸਿੰਘ, ਗੁਰਚਰਨ ਸਿੰਘ, ਜਸਵਿੰਦਰ ਸਿੰਘ, ਗੁਰਬਚਨ ਸਿੰਘ, ਸੁਰਿੰਦਰ ਸਿੰਘ, ਓਮ ਸਿੰਘ ਸਠਿਆਣਾ, ਮੰਗ, ਹਰਕਮਲ ਸਿੰਘ, ਤਜਿੰਦਰ ਕੌਰ, ਪਰਦੁਮਣ ਸਿੰਘ ਖਰਾਲ ਆਦਿ ਆਗੂ ਵੀ ਹਾਜ਼ਰ ਸਨ।

# ਮਾਤਾ ਸੁਖਜਿੰਦਰ ਕੌਰ ਦੀ ਯਾਦ 'ਚ ਖੂਨਦਾਨ ਕੈਂਪ

**ਆਦਮਪੁਰ (ਪਰਮਜੀਤ ਸਿੰਘ)**- ਬੀਤੇ ਦਿਨੀਂ ਪਸਰੀਚਾ ਬਲੱਡ ਬੈਂਕ ਦੇ ਸਰਪ੍ਰਸਤ ਮੋਹਿਤ ਕਪੂਰ ਵੱਲੋਂ ਆਪਣੇ ਸਵਰਗਵਾਸੀ ਜੀ ਨੂੰ ਸ਼ਰਧਾ ਅਤੇ ਸਤਿਕਾਰ ਦੇ ਫੁੱਲ ਭੇਟ ਕਰਦਿਆਂ ਅੱਠਵਾਂ ਸਵੈ ਇੱਛਕ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ ਜਿਸ ਵਿੱਚ ਨੌਜਵਾਨ ਵੀਰਾਂ ਭੈਣਾਂ ਵੱਲੋਂ ਭਾਰੀ ਉਤਸ਼ਾਹ ਦਿਖਾਉਂਦਿਆਂ 125 ਪ੍ਰਾਣੀਆਂ ਨੇ ਖੂਨਦਾਨ ਕੀਤਾ। ਇਸ ਮੌਕੇ ਉਚੇਚੇ ਤੌਰ 'ਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ. ਪੰਜਾਬ ਦੇ ਸੈਕਟਰੀ ਮਨਪ੍ਰੀਤ ਸਿੰਘ ਅਤੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਨੇ 32ਵੀਂ ਵਾਰ ਸਵੈ ਇੱਛਕ ਖੂਨਦਾਨ ਕੀਤਾ। ਇਸ ਬਲੱਡ ਕੈਂਪ ਵਿੱਚ ਸਾਰੇ ਹੀ ਬਲੱਡ ਦਾਨੀ ਵੀਰਾਂ ਅਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਅੰਤ ਵਿੱਚ ਪਸਰੀਚਾ ਬਲੱਡ ਬੈਂਕ ਦੇ ਸਰਪ੍ਰਸਤ ਮੋਹਿਤ ਕਪੂਰ ਨੇ ਸਭ ਦਾ ਧੰਨਵਾਦ ਵੀ ਕੀਤਾ।



# ਵੱਖ-ਵੱਖ ਪਾਰਟੀਆਂ ਨਾਲ ਸੰਬੰਧਤ ਕਈ ਪਰਵਾਰ 'ਆਪ' 'ਚ ਸ਼ਾਮਲ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਹਲਕਾ ਸੁਲਤਾਨਪੁਰ ਲੋਧੀ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਬਲ ਮਿਲਿਆ ਜਦੋਂ ਪਿੰਡ ਨਾਨਕਪੁਰ ਵਿਖੇ ਵੱਖ-ਵੱਖ ਪਾਰਟੀਆਂ ਨਾਲ ਸਬੰਧਤ ਕਈ ਪਰਵਾਰਾਂ ਨੇ ਆਪਣੀਆਂ ਪੁਰਾਣੀਆਂ ਸਿਆਸੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ



ਚੇਅਰਮੈਨ ਸੱਜਣ ਸਿੰਘ ਚੀਮਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਹਰ ਵਰਗ ਦੇ ਲੋਕਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਵਿਅਕਤੀ ਨੂੰ ਪਾਰਟੀ ਅੰਦਰ ਪੂਰੀ ਥਾਂ ਅਤੇ ਜ਼ਿੰਮੇਵਾਰੀ ਮਿਲੇਗੀ।

ਸੱਜਣ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਅਤੇ ਵਿਕਾਸ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਤੋਂ ਲੋਕ ਪ੍ਰਭਾਵਿਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਹੋਰ ਵੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ।

ਪਾਰਟੀ ਆਗੂਆਂ ਵੱਲੋਂ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ ਗਿਆ।

# ਬੱਗੂਵਾਲ ਦੀ ਲੋਕ ਮਿਲਣੀ 'ਚ ਸਤਨਾਮ ਜਲਾਲਪੁਰ ਨੇ ਸੁਣੀਆਂ ਮੁਸ਼ਕਲਾਂ

**ਬਲਾਚੌਰ (ਜਸਵਿੰਦਰ ਬੈਂਸ)**- ਪਿੰਡ ਬੱਗੂਵਾਲ ਵਿਖੇ ਕਰਵਾਈ ਗਈ ਲੋਕ ਮਿਲਣੀ 'ਚ ਪਿੰਡ ਵਾਸੀਆਂ ਤੋਂ ਇਲਾਵਾ ਪੰਚ-ਸਰਪੰਚਾਂ, ਸਮਾਜਿਕ ਸ਼ਖ਼ਸੀਅਤਾਂ ਅਤੇ ਇਲਾਕੇ ਦੇ ਪ੍ਰਮੁੱਖ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪਣੇ ਵਿਚਾਰ ਅਤੇ ਸਮੱਸਿਆਵਾਂ ਸਾਂਝੀਆਂ ਕੀਤੀਆਂ। ਲੋਕ ਮਿਲਣੀ ਦੀ ਅਗਵਾਈ ਸਾਬਕਾ ਚੇਅਰਮੈਨ ਸਤਨਾਮ ਜਲਾਲਪੁਰ ਨੇ ਕੀਤੀ।ਇਸ ਮੌਕੇ ਸਤਨਾਮ ਜਲਾਲਪੁਰ ਨੇ ਕਿਹਾ ਕਿ ਲੋਕਾਂ ਦੀ ਗੱਲ ਸੁਣਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਵਾਉਣਾ ਹੀ ਉਨ੍ਹਾਂ ਦੀ ਸਿਆਸੀ ਅਤੇ ਸਮਾਜਿਕ ਸਰਗਰਮੀ ਦਾ ਮੁੱਖ ਮਕਸਦ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਸਰਬਪੱਖੀ ਵਿਕਾਸ ਕਿਸੇ ਇੱਕ ਵਿਅਕਤੀ ਜਾਂ ਵਰਗ ਨਾਲ ਨਹੀਂ, ਸਗੋਂ ਸਮੁੱਚੇ ਲੋਕਾਂ ਦੀ ਸਾਂਝੀ ਭਾਗੀਦਾਰੀ ਨਾਲ ਹੀ ਸੰਭਵ ਹੈ। ਸਤਨਾਮ ਜਲਾਲਪੁਰ ਨੇ ਭਗਵੰਤ ਮਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਨੂੰ ਰਾਹਤ ਦੇਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ 300 ਯੂਨਿਟ ਮੁਫ਼ਤ ਬਿਜਲੀ, ਗਰੀਬ ਪਰਵਾਰਾਂ ਲਈ ਮੁਫ਼ਤ ਰਾਸ਼ਨ ਅਤੇ ਬਜ਼ੁਰਗਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚਲਾਈ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਸਮੇਤ ਵੱਖ-ਵੱਖ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ।ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਜਿਹੜੀਆਂ ਵੀ ਸਮੱਸਿਆਵਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ, ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲੇ ਰੱਖੇ।ਵੱਖ-ਵੱਖ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਲੋਕ ਹਿੱਤ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਬਲਦੇਵ ਰਾਜ ਰਿਟਾ. ਇੰਸਪੈਕਟਰ, ਦਿਵਾਨ ਚੰਦ, ਅਸ਼ਵਨੀ ਕੁਮਾਰ ਚੇਚੀ ਸਾਬਕਾ ਬਲਾਕ ਸੰਮਤੀ ਮੈਂਬਰ, ਅਕਸ਼ੈ ਕੁਮਾਰ ਸਰਪੰਚ, ਰਾਕੇਸ਼ ਕੁਮਾਰ ਪੰਚ, ਮਹਿੰਦਰ ਕੁਮਾਰ ਪੰਚ, ਦੇਵਰਾਜ ਪੰਚ, ਕੁਲਵਿੰਦਰ ਸਿੰਦੀ ਮੌਜੂਦਾ ਸਰਪੰਚ, ਤਰਸੇਮ ਲਾਲ ਬਜਾੜ, ਬਲਦੇਵ ਰਾਜ ਠਾਣੇਦਾਰ, ਸੱਤਪਾਲ ਬਜਾੜ, ਮੋਹਨ ਲਾਲ ਚੇਚੀ, ਬਨਾਰਸੀ ਦਾਸ ਚੇਚੀ, ਮੋਹਨ ਲਾਲ ਬਜਾੜ, ਬਲਵੀਰ ਚੰਦ ਚੇਚੀ ਅਤੇ ਜੀਤ ਰਾਮ ਠੇਕੇਦਾਰ ਸਮੇਤ ਇਲਾਕੇ ਦੇ ਹੋਰ ਪੰਚ-ਸਰਪੰਚ, ਪਤਵੰਤੇ ਅਤੇ ਬੁੱਧੀਜੀਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਫਿਲੌਰ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ

**ਨੂਰਮਹਿਲ-ਫਿਲੌਰ (ਬਾਲ ਕ੍ਰਿਸ਼ਨ ਬਾਲੀ-ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਕਾਲਜ ਕੈਂਪਸ ਵਿੱਚ ਨਵੇਂ ਵਿੱਦਿਅਕ ਸੈਸ਼ਨ 2026-27 ਦੀ ਸ਼ੁਰੂਆਤ ਅਤੇ ਇੱਕ ਦਹਾਕਾ ਪੂਰਾ ਕਰ ਚੁੱਕੀ ਇਸ ਨਿਵੇਕਲੀ ਸੰਸਥਾ ਦੀ ਚੜ੍ਹਦੀ ਕਲਾ ਲਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਹ ਪਾਠ ਕਾਲਜ ਦੇ ਓ.ਐੱਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਦੀ ਯੋਗ ਅਗਵਾਈ ਅਧੀਨ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪਾਠ ਦੇ ਭੋਗ ਉਪਰੰਤ ਕਾਲਜ ਦੇ ਵਿਦਿਆਰਥੀਆਂ ਗੁਰਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਸਿਮਰਨਪ੍ਰੀਤ ਕੌਰ, ਪਰਮਿੰਦਰ ਕੌਰ, ਗੁਰਸਿਮਰਨ ਕੌਰ, ਹਰਵਿੰਦਰ ਕੌਰ, ਮੁਸਕਾਨ, ਕਾਜਲ, ਅਮਨਦੀਪ ਕੌਰ, ਮਨਜੋਤ ਕੌਰ, ਦਿਲਜੋਤ ਕੌਰ, ਗੁਰਲੀਨ ਕੌਰ, ਪਰਮਪ੍ਰੀਤ ਸਿੰਘ ਦਿਓਲ ਵੱਲੋਂ ਮਧੁਰ ਗੁਰਬਾਣੀ ਕੀਰਤਨ ਕੀਤਾ ਗਿਆ। ਸਰਬੱਤ ਦੇ ਭਲੇ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ।

ਇਸ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਚਾਹ ਦਾ ਲੰਗਰ ਵਰਤਾਇਆ ਗਿਆ। ਇਸ ਸਮਾਗਮ ਵਿੱਚ ਪਿੰਡ ਤੇਹਿੰਗ ਦੇ ਸਰਪੰਚ ਨਿਰਮਲ ਸਿੰਘ ,ਪੰਚਾਇਤ ਮੈਂਬਰ ਜਤਿੰਦਰ ਸਿੰਘ, ਬਲਵੀਰ ਰਾਮ, ਸੁਖਦੇਵ ਸਿੰਘ,ਡ ਸ਼ਰਨਜੀਤ ਸਿੰਘ, ਮੰਗਲ ਸਿੰਘ ਦੇ ਨਾਲ ਉਚੇਚੇ ਤੌਰ 'ਤੇ ਤੀਰਥ ਸਿੰਘ ਜੌਹਲ ਨੇ ਸ਼ਿਰਕਤ ਕੀਤੀ। ਇਸ ਮੌਕੇ ਓ.ਐੱਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਨੇ ਆਈਆਂ ਹੋਈਆਂ ਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਤੀਰਥ ਸਿੰਘ ਜੌਹਲ ਨੇ ਕਾਲਜ ਨੂੰ ਪੰਜ ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਡਾ. ਪਰਮਜੀਤ ਕੌਰ ਨੇ ਨਿਭਾਈ।



# ਫੈਸਿਲਿਟੇਸ਼ਨ ਸੈਂਟਰ ਦਾ ਉਦਘਾਟਨ

**ਨਵਾਂਸ਼ਹਿਰ (ਮਨੋਜ ਲਾਡੀ)**- ਐੱਮ ਐੱਸ ਐੱਮ ਈ ਤੇ ਸਰਕਾਰੀ ਈ-ਮਾਰਕੀਟ ਪਲੇਸ ਪਲੇਟਫਾਰਮ ਦੀ ਪ੍ਰਭਾਵਸ਼ਾਲੀ ਵਰਤੋਂ ਲਈ ਸਰਕਾਰੀ ਖਰੀਦਦਾਰਾਂ, ਸਥਾਨਕ ਕਾਰੋਬਾਰੀਆਂ, ਉੱਦਮੀਆਂ ਅਤੇ ਵਿਕਰੇਤਾਵਾਂ ਨੂੰ ਸਥਾਨਕ ਪੱਧਰ 'ਤੇ ਸਹਾਇਤਾ ਅਤੇ ਮਾਰਗ ਦਰਸ਼ਨ ਪ੍ਰਦਾਨ ਕਰਨ ਦੇ ਮੰਤਵ ਨਾਲ ਜ਼ਿਲ੍ਹਾ ਉਦਯੋਗ ਕੇਂਦਰ ਐੱਸ ਬੀ ਐੱਸ ਨਗਰ ਵਿਖੇ ਜੀ ਈ ਐੱਮ ਫੈਸਿਲਿਟੇਸ਼ਨ ਸੈਂਟਰ ਦਾ ਉਦਘਾਟਨ ਸੰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ(ਜ), ਐੱਸ ਬੀ ਐੱਸ ਨਗਰ ਵੱਲੋਂ ਕੀਤਾ ਗਿਆ।

ਨਵਾਂ ਸਥਾਪਿਤ ਫੈਸਿਲਿਟੇਸ਼ਨ ਸੈਂਟਰ ਵਿੱਚ ਜੀ ਈ ਐੱਮ. ਪੋਰਟਲ 'ਤੇ ਰਜਿਸਟ੍ਰੇਸ਼ਨ, ਟ੍ਰੇਨਿੰਗ ਅਤੇ ਵਿਕਰੇਤਾਵਾਂ ਅਤੇ ਖਰੀਦਦਾਰਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਸਮਰਪਿਤ ਸਥਾਨਕ ਸਹਾਇਤਾ ਕੇਂਦਰ ਵਜੋਂ ਕੰਮ ਕਰੇਗਾ ।

ਇਹ ਸਥਾਨਕ ਉੱਦਮੀਆਂ ਅਤੇ ਕਾਰੋਬਾਰੀਆਂ ਨੂੰ ਜੀ.ਈ.ਐਮ. ਦੇ ਪੂਰੇ ਸਿਸਟਮ ਨੂੰ ਸਮਝਣ ਅਤੇ ਸਰਕਾਰੀ ਖਰੀਦ ਪ੍ਰਕਿਰਿਆ ਵਿੱਚ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਹਿੱਸਾ ਲੈਣ ਵਿੱਚ ਮਦਦ ਕਰੇਗਾ।

ਫੈਸਿਲਿਟੇਸ਼ਨ ਸੈਂਟਰ ਵੱਲੋਂ ਪ੍ਰੋਫਾਈਲ ਬਣਾਉਣ, ਵਿਕਰੇਤਾ ਰਜਿਸਟ੍ਰੇਸ਼ਨ, ਬ੍ਰਾਂਡ ਮਨਜ਼ੂਰੀ ਅਤੇ ਵਿਕਰੇਤਾ ਮੁਲਾਂਕਣ ਸਬੰਧੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਦੇ ਨਾਲ ਹੀ ਵਿਕਰੇਤਾਵਾਂ ਨੂੰ ਕੈਟਾਲਾਗ ਪ੍ਰਬੰਧਨ, ਉਤਪਾਦਾਂ ਅਤੇ ਸੇਵਾਵਾਂ ਨੂੰ ਅਪਲੋਡ ਕਰਨ ਅਤੇ ਪ੍ਰਕਾਸ਼ਿਤ ਕਰਨ ਸਬੰਧੀ ਵੀ ਮਾਰਗਦਰਸ਼ਨ ਦਿੱਤਾ ਜਾਵੇਗਾ, ਜਿਸ ਨਾਲ ਉਨ੍ਹਾਂ ਨੂੰ ਸਰਕਾਰੀ ਬਾਜ਼ਾਰ ਤੱਕ ਵਧੇਰੇ ਪਹੁੰਚ ਮਿਲੇਗੀ।

ਇਸ ਮੌਕੇ ਮਨਬੀਰ ਸਿੰਘ, ਫੰਕਸ਼ਨਲ ਮੈਨੇਜਰ, ਅਤੇ ਜ਼ਿਲ੍ਹਾ ਉਦਯੋਗ ਕੇਂਦਰ, ਐੱਸ ਬੀ ਐੱਸ ਨਗਰ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ।ਪ੍ਰਮੁੱਖ ਉਦਮੀ ਰੋਹਿਤ ਮਿੱਡਾ, ਪੰਕਜ ਨੰਦਾ, ਮਨੀਸ਼ ਪੁਰੀ, ਚੰਦਨ, ਜਗਵਿੰਦਰ ਸਹਿਦੇਵ, ਵਿਕਾਸ ਅਰੋੜਾ ਅਤੇ ਹੋਰ ਉਦਯੋਗਪਤੀ ਵੀ ਸ਼ਾਮਲ ਸਨ।

# ਨੋਰਵੁੱਡ ਸਕੂਲ ਦੇ ਪ੍ਰਕਾਸ਼ ਦੀ ਸਟੇਟ ਕ੍ਰਿਕਟ ਟੀਮ ਲਈ ਚੋਣ

**ਬਲਾਚੌਰ (ਜਸਵਿੰਦਰ ਬੈਂਸ)** ਦ ਨੋਰਵੁੱਡ ਸਕੂਲ, ਚਾਹਲ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਵਿਦਿਆਰਥੀ ਪ੍ਰਕਾਸ਼ ਦੀ ਸੀ ਬੀ ਐੱਸ ਈ ਨੋਰਥ ਜ਼ੋਨ-2 ਦੇ ਚੱਲ ਰਹੇ ਕ੍ਰਿਕਟ ਟਰਾਇਲਾਂ ਦੌਰਾਨ ਸਟੇਟ ਕ੍ਰਿਕਟ ਟੀਮ ਲਈ ਚੋਣ ਹੋਈ ਹੈ।ਚੰਡੀਗੜ੍ਹ ਦੇ ਡੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਏ ਇਨ੍ਹਾਂ ਟਰਾਇਲਾਂ ਵਿੱਚ ਲਗਭਗ 2,000 ਖਿਡਾਰੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਸਿਰਫ਼ 72 ਖਿਡਾਰੀਆਂ ਦੀ ਚੋਣ ਕੀਤੀ ਜਾਣੀ ਸੀ। ਇਨ੍ਹਾਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪ੍ਰਕਾਸ਼ ਨੇ ਸਟੇਟ ਕ੍ਰਿਕਟ ਟੀਮ ਵਿੱਚ ਆਪਣੀ ਜਗ੍ਹਾ ਬਣਾਈ।ਸਕੂਲ ਮੈਨੇਜਮੈਂਟ ਨੇ ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀ ਦੀ ਖੇਡ ਪ੍ਰਤੀ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਜਨੂੰਨ ਦਾ ਨਤੀਜਾ ਹੈ। ਇਸ ਦੇ ਨਾਲ ਹੀ ਪ੍ਰਕਾਸ਼ ਦੇ ਕੋਚਾਂ ਵੱਲੋਂ ਕਰਵਾਈ ਗਈ ਮਿਹਨਤ ਅਤੇ ਦਿੱਤੀ ਗਈ ਸਹੀ ਰਹਿਨੁਮਾਈ ਦਾ ਵੀ ਇਸ ਉਪਲਬਧੀ ਵਿੱਚ ਅਹਿਮ ਯੋਗਦਾਨ ਹੈ।



# ਟੋਰੋਵਾਲ ਦੀ ਸੜਕ ਦਾ ਬੁਰਾ ਹਾਲ, ਥਾਂ-ਥਾਂ ਪਏ ਟੋਏ

**ਪੋਜੇਵਾਲ (ਰਾਮ ਲਾਲ)**- ਪਿੰਡ ਟੋਰੋਵਾਲ ਦੀ ਸੜਕ ਦੀ ਖਸਤਾ ਹਾਲਤ ਕਾਰਨ ਪਿੰਡ ਵਾਸੀਆਂ ਅਤੇ ਰਾਹਗੀਰਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ 'ਤੇ ਥਾਂ-ਥਾਂ ਵੱਡੇ-ਵੱਡੇ ਟੋਏ ਪਏ ਹੋਏ ਹਨ ਅਤੇ ਬਰਸਾਤ ਤੋਂ ਬਾਅਦ ਸੜਕ 'ਤੇ ਚਿੱਕੜ ਅਤੇ ਪਾਣੀ ਖੜ੍ਹਾ ਹੋਣ ਕਾਰਨ ਆਵਾਜਾਈ ਹੋਰ ਵੀ ਮੁਸ਼ਕਲ ਬਣ ਗਈ ਹੈ। ਸੜਕ ਦੀ ਮਾੜੀ ਹਾਲਤ ਕਾਰਨ ਦੋਪਹੀਆ ਵਾਹਨ ਚਾਲਕਾਂ ਨੂੰ ਖਾਸ ਤੌਰ 'ਤੇ ਦਿੱਕਤ ਆ ਰਹੀ ਹੈ। ਕਈ ਥਾਵਾਂ 'ਤੇ ਸੜਕ ਇੰਨੀ ਖਰਾਬ ਹੋ ਚੁੱਕੀ ਹੈ ਕਿ ਵਾਹਨ ਚਾਲਕਾਂ ਨੂੰ ਹਾਦਸੇ ਦਾ ਡਰ ਬਣਿਆ ਰਹਿੰਦਾ ਹੈ। ਰਾਹਗੀਰਾਂ ਦਾ ਕਹਿਣਾ ਹੈ ਕਿ ਲੰਬੇ ਸਮੇਂ ਤੋਂ ਸੜਕ ਦੀ ਮੁਰੰਮਤ ਵੱਲ ਕੋਈ ਢੁੱਕਵਾਂ ਧਿਆਨ ਨਹੀਂ ਦਿੱਤਾ ਗਿਆ। ਪਿੰਡ ਵਾਸੀਆਂ ਨੇ ਸੰਬੰਧਤ ਵਿਭਾਗ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੜਕ ਦੀ ਮੌਜੂਦਾ ਹਾਲਤ ਦਾ ਤੁਰੰਤ ਜਾਇਜ਼ਾ ਲੈ ਕੇ ਟੋਇਆਂ ਦੀ ਮੁਰੰਮਤ ਕਰਵਾਈ ਜਾਵੇ ਅਤੇ ਸੜਕ ਨੂੰ ਪੱਕੇ ਤੌਰ 'ਤੇ ਦਰੁਸਤ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਆਵਾਜਾਈ ਦੀ ਸਮੱਸਿਆ ਤੋਂ ਰਾਹਤ ਮਿਲ ਸਕੇ ਅਤੇ ਕਿਸੇ ਵੱਡੇ ਹਾਦਸੇ ਤੋਂ ਬਚਾਅ ਹੋ ਸਕੇ।



# ਭਾਜਪਾ ਵਲੋਂ 'ਵਿਸ਼ਾਲ ਤਿਰੰਗਾ ਯਾਤਰਾ'

**ਬੰਗਾ (ਅਵਤਾਰ ਕਲੇਰ)**- ਭਾਰਤੀ ਜਨਤਾ ਪਾਰਟੀ ਵਲੋਂ ਬੰਗਾ ਵਿਖੇ ਵਿਸ਼ਾਲ ਤਿਰੰਗਾ ਯਾਤਰਾ ਦੀ ਕੱਢੀ ਗਈ। ਇਹ ਯਾਤਰਾ ਬੰਗਾ ਬੱਸ ਅੱਡੇ ਤੋਂ ਸ਼ੁਰੂ ਕੀਤੀ ਗਈ। ਵਿਸ਼ਾਲ ਤਿਰੰਗਾ ਯਾਤਰਾ ਰੈਲੀ ਡਾ. ਧਰਮ ਪਾਲ ਉਪ ਪ੍ਰਧਾਨ ਐਸ. ਸੀ. ਮੋਰਚਾ ਅਤੇ ਡਾ. ਨਰੇਸ਼ ਰਾਵਲ ਮੰਡਲ ਪ੍ਰਧਾਨ ਬੰਗਾ ਦੀ ਮੋਟਰਸਾਈਕਲ, ਕਾਰਾਂ ਅਤੇ ਗੱਡੀਆਂ ਰਾਹੀਂ ਹੱਥਾਂ ਵਿਚ ਤਿਰੰਗੇ ਫੜੇ ਹੋਏ ਸ਼ਹੀਦ ਭਗਤ ਸਿੰਘ ਦੇ ਆਦਮ ਕੱਦ ਬੁੱਤ ਵਿਖੇ ਪਹੁੰਚ ਕੇ ਸਮਾਪਤ ਹੋਈ। ਇਸ ਤਿਰੰਗਾ ਯਾਤਰਾ ਰੈਲੀ ਵਿੱਚ ਭਾਰਤੀ ਜਨਤਾ ਪਾਰਟੀ ਦੇ ਯੂਥ ਵਰਕਰਾਂ ਦਾ ਭਾਰੀ ਉਤਸ਼ਾਹ ਸੀ। ਇਹ ਯਾਤਰਾ ਬੱਸ ਅੱਡਾ ਬੰਗਾ ਤੋਂ ਸ਼ੁਰੂ ਹੋ ਕੇ ਮੇਨ ਰੋਡ, ਹੱਪੋਵਾਲ ਰੋਡ, ਅਨਮੋਲ ਪੈਲੇਸ, ਗੁਰੂ ਤੇਗ ਬਹਾਦਰ ਗੇਟ, ਰੇਲਵੇ ਰੋਡ, ਪੁਰਾਣੀ ਦਾਣਾ ਮੰਡੀ, ਜੀਂਦੋਵਾਲ ਰੋਡ, ਮੇਨ ਰੋਡ ਤੋਂ ਹੁੰਦੀ ਹੋਈ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਪਹੁੰਚੀ। ਇਸ ਮੌਕੇ ਡਾ. ਧਰਮ ਪਾਲ, ਪ੍ਰਿਤਪਾਲ ਬਜਾਜ, ਹਿੰਮਤ ਤੇਜਪਾਲ, ਹਰਭਜਨ ਸਿੰਘ ਕਰਨਾਨਾ ਤੇ ਡਾ. ਨਰੇਸ਼ ਰਾਵਲ ਨੇ ਕਿਹਾ ਕਿ ਇਸ ਤਿਰੰਗਾ ਯਾਤਰਾ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਵਿੱਚ ਦੇਸ਼ ਭਗਤੀ ਦੇ ਜਜ਼ਬੇ ਨੂੰ ਮਨਾਂ ਵਿਚ ਵਸਾਉਣਾ ਹੈ। ਇਸ ਮੌਕੇ ਕੁਲਦੀਪ ਸਿੰਘ ਜੱਸੋਮਜਾਰਾ, ਵਿੱਕੀ ਖੋਸਲਾ, ਰਾਮਾ ਨੰਦ ਭਨੋਟ, ਸੰਜੀਵ ਰਾਣਾ, ਦੀਪਕ ਸੂਦਨ, ਕੌਂਸਲਰ ਜਸਵਿੰਦਰ ਸਿੰਘ ਮਾਨ, ਜਤਿੰਦਰ ਸਿੰਘ ਮਾਨ, ਸਾਬਕਾ ਕੌਂਸਲਰ ਜੀਤ ਸਿੰਘ ਭਾਟੀਆ, ਅਸ਼ਵਨੀ ਭਾਰਦਵਾਜ, ਆਰ. ਕੇ ਅਗਰਵਾਲ, ਰਾਮ ਕ੍ਰਿਸ਼ਨ ਜਾਖੂ, ਪ੍ਰਭਾਤ ਕਲਮੀ, ਸਪਰਸ਼ ਸੱਦੀ, ਸੰਜੀਵ ਮੋਹਨ, ਗੁਲਸ਼ਨ ਵਡਿਆਲ, ਨਰੇਸ਼ ਸ਼ਰਮਾ, ਪਵਨ ਗੌਤਮ, ਜਨਕ ਰਾਜ, ਜਿੰਮੀਦਾਰ, ਕ੍ਰਿਸ਼ਨਾ ਗੁਪਤਾ, ਡਾ. ਰਾਜਨ ਸ਼ਰਮਾ, ਕਾਰਤਿਕ ਚੁੱਘ, ਹਰਬਲਾਸ ਖਮਾਚੇਂ ਆਦਿ ਹਾਜ਼ਰ ਸਨ।



# ਸਾਵਣ ਕਵੀ ਦਰਬਾਰ ਕਰਵਾਇਆ



**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਵੱਲੋਂ ਭਾਸ਼ਾ ਵਿਭਾਗ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਦੇ ਸਹਿਯੋਗ ਨਾਲ਼ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਧੀਮਾਨ ਨੇ ਕੀਤੀ। ਆਏ ਹੋਏ ਸ਼ਾਇਰਾਂ ਅਤੇ ਵਿਦਵਾਨਾਂ ਲਈ ਜੀ ਆਇਆਂ ਸ਼ਬਦ ਆਖਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਨੇ ਕਿਹਾ ਕਿ ਇਹੋ ਜਿਹੇ ਸਮਾਗਮ ਸਿਰਫ਼ ਨਜ਼ਮਾਂ ਸੁਣਨ ਸੁਣਾਉਣ ਤੱਕ ਹੀ ਸੀਮਤ ਨਹੀਂ ਹੁੰਦੇ ਸਗੋਂ ਇਨ੍ਹਾਂ ਵਿੱਚ ਭਾਸ਼ਾਈ, ਸਭਿਆਚਾਰਕ ਤੇ ਸਮਾਜਿਕ ਮੁੱਦਿਆਂ ਪ੍ਰਤੀ ਚਿੰਤਾ, ਚੇਤਨਾ ਤੇ ਚਿੰਤਨ ਕਰਨ ਦਾ ਵੀ ਸੁਭਾਗ ਪ੍ਰਾਪਤ ਹੁੰਦਾ ਹੈ ਤੇ ਇਹ ਸਮਾਗਮ ਹੁੰਦੇ ਰਹਿਣੇ ਚਾਹੀਦੇ ਹਨ। ਪ੍ਰਸਿੱਧ ਕਵੀ ਮਦਨ ਵੀਰਾ ਨੇ ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਦੀ ਲਗਾਤਾਰ ਸਕਿਰਿਆ ਰਹਿਣ ਕਰਕੇ ਸਰਾਹਨਾ ਕੀਤੀ ਤੇ ਨਾਲ ਹੀ ਕਿਹਾ ਕਿ ਕਿਸੇ ਚੌਖਟੇ ਵਿੱਚ ਬੰਨ੍ਹੇ ਬਿਨਾਂ ਕਰਵਾਏ ਸਾਹਿਤਕ ਸਮਾਗਮ ਜ਼ਿਆਦਾ ਵਧੀਆ ਪ੍ਰਭਾਵ ਕਬੂਲਦੇ ਹਨ। ਉਪਰੰਤ ਕਰਵਾਏ ਕਵੀ ਦਰਬਾਰ ਦੀ ਸ਼ੁਰੂਆਤ ਸੁਰਿੰਦਰ ਕੰਗਵੀ ਨੇ ਗੁਰਬਾਣੀ ਵਿੱਚੋਂ ਸਾਵਣ ਮਹੀਨੇ ਨਾਲ ਸੰਬੰਧਤ ਸ਼ਬਦ ਰਾਗ ਮਲਹਾਰ ਵਿੱਚ ਤੇ ਆਪਣੇ ਮੌਲਿਕ ਗੀਤ ਦੀ ਪੇਸ਼ਕਾਰੀ ਕਰਕੇ ਸੰਗੀਤਕ ਰੰਗ ਬਿਖੇਰਿਆ। ਏਦੂੰ ਬਾਅਦ ਹਰਦਿਆਲ ਹੁਸ਼ਿਆਰਪੁਰੀ, ਰਾਜ ਕੁਮਾਰ ਘਾਸੀਪੁਰੀਆ ਤੇ ਮੈਡਮ ਮੀਨਾਕਸ਼ੀ ਮੈਨਨ ਨੇ ਇਸੇ ਰੰਗ ਨੂੰ ਤਰੰਨੁਮ 'ਚ ਪੇਸ਼ ਕਰਕੇ ਹੋਰ ਗੂਹੜਾ ਕਰ ਦਿੱਤਾ।

ਡਾ. ਸ਼ਮਸ਼ੇਰ ਮੋਹੀ ਨੇ ਆਪਣੀਆਂ ਗ਼ਜ਼ਲਾਂ ਦੇ ਸ਼ੇਅਰਾਂ ਨੂੰ ਵਿਲੱਖਣ ਅੰਦਾਜ਼ ਵਿੱਚ ਪੇਸ਼ ਕਰਕੇ ਇਸ ਮਹਿਫਿਲ ਨੂੰ ਚਰਮ ਸੀਮਾ 'ਤੇ ਪਹੁੰਚਾ ਦਿੱਤਾ।

ਇਸ ਤੋਂ ਇਲਾਵਾ ਇਸ ਮੁਸ਼ਾਇਰੇ ਵਿੱਚ ਜਸਬੀਰ ਸਿੰਘ ਧੀਮਾਨ, ਡਾ. ਦਰਸ਼ਨ ਸਿੰਘ ਦਰਸ਼ਨ, ਲੈਕ. ਲਖਵਿੰਦਰ ਲੱਖੀ, ਡਾ. ਕੁਲਦੀਪ ਸਿੰਘ, ਜਸਵੰਤ ਸਿੰਘ, ਮੈਡਮ ਮਨਜੀਤ ਕੌਰ, ਪ੍ਰਭਜੀਤ ਕੌਰ, ਸੁਖਜੀਤ ਕੌਰ, ਹਰਪ੍ਰੀਤ ਕੌਰ ਤੇ ਪ੍ਰਿੰਕਲ ਨੇ ਵੀ ਹਾਜ਼ਰੀ ਲੁਆਈ। ਸਾਰੇ ਸਮਾਗਮ ਨੂੰ ਸਭਾ ਦੇ ਮੈਂਬਰ ਜਸਵੰਤ ਸਿੰਘ ਨੇ ਆਪਣੇ ਕੈਮਰੇ 'ਚ ਕੈਦ ਕੀਤਾ। ਪ੍ਰਧਾਨਗੀ ਸ਼ਬਦ ਜਸਬੀਰ ਸਿੰਘ ਧੀਮਾਨ ਨੇ ਪੇਸ਼ ਨਜ਼ਮਾਂ ਤੇ ਆਪਣੀਆਂ ਟਿੱਪਣੀਆਂ ਸਾਂਝੀਆਂ ਕਰਦਿਆਂ ਆਖੇ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ।

# ਸੁਲਤਾਨਪੁਰ ਲੋਧੀ ਦੀ ਸਿਆਸਤ... (ਸਫ਼ਾ 4 ਦੀ ਬਾਕੀ)

ਪਰ ਸੁਲਤਾਨਪੁਰ ਲੋਧੀ ਵਰਗੇ ਹਲਕੇ ਵਿੱਚ ਸਿਰਫ਼ ਚਿਹਰੇ ਦੀ ਵੋਟ ਨਾਲ ਚੋਣ ਨਹੀਂ ਜਿੱਤੀ ਜਾ ਸਕਦੀ।

ਚੋਣ ਜਿੱਤਣ ਲਈ ਚਿਹਰੇ ਦੇ ਨਾਲ ਪਾਰਟੀ ਦਾ ਜਥੇਬੰਦਕ ਢਾਂਚਾ, ਬੂਥ ਪੱਧਰ ਦਾ ਵਰਕਰ, ਪਿੰਡ ਪੱਧਰ ਦੀ ਟੀਮ ਅਤੇ ਸਭ ਤੋਂ ਵੱਧ ਵਰਕਰ ਦਾ ਭਰੋਸਾ ਜ਼ਰੂਰੀ ਹੈ।

ਇਸ ਲਈ 2027 ਵਿੱਚ ਅਕਾਲੀ ਦਲ ਲਈ ਸਭ ਤੋਂ ਵੱਡਾ ਇਮਤਿਹਾਨ ਸਿਰਫ਼ ਉਮੀਦਵਾਰ ਚੁਣਨਾ ਨਹੀਂ ਹੋਵੇਗਾ। ਅਸਲ ਇਮਤਿਹਾਨ ਹੋਵੇਗਾ ਉਮੀਦਵਾਰ ਚੁਣਨ ਤੋਂ ਬਾਅਦ ਪਾਰਟੀ ਦੇ ਬਾਕੀ ਸਾਰੇ ਦਾਅਵੇਦਾਰਾਂ ਅਤੇ ਵਰਕਰਾਂ ਨੂੰ ਇੱਕ ਮੰਚ 'ਤੇ ਕਿਵੇਂ ਲਿਆਂਦਾ ਜਾਂਦਾ ਹੈ।

ਅਕਾਲੀ ਦਲ ਕੋਲ ਇੱਥੇ ਆਪਣਾ ਇਤਿਹਾਸ ਹੈ, ਪੁਰਾਣਾ ਸੰਗਠਨ ਹੈ, ਪੁਰਾਣੇ ਵਰਕਰ ਹਨ ਅਤੇ ਇੱਕ ਵੱਡਾ ਸਿਆਸੀ ਵਿਰਸਾ ਹੈ। ਬਾਊ ਆਤਮਾ ਸਿੰਘ ਵਰਗੇ ਪੁਰਾਣੇ ਆਗੂਆਂ ਤੋਂ ਲੈ ਕੇ ਡਾ. ਉਪਿੰਦਰਜੀਤ ਕੌਰ ਤੱਕ ਅਕਾਲੀ ਸਿਆਸਤ ਨੇ ਇਸ ਹਲਕੇ ਵਿੱਚ ਲੰਮਾ ਸਫ਼ਰ ਤੈਅ ਕੀਤਾ ਹੈ।

ਦੂਜੇ ਪਾਸੇ ਪਿਛਲੇ ਸਾਲਾਂ ਵਿੱਚ ਸਿਆਸੀ ਤਸਵੀਰ ਬਹੁਤ ਬਦਲ ਚੁੱਕੀ ਹੈ। ਰਾਣਾ ਇੰਦਰ ਪ੍ਰਤਾਪ ਸਿੰਘ ਨੇ ਆਜ਼ਾਦ ਉਮੀਦਵਾਰ ਵਜੋਂ 2022 ਵਿੱਚ ਜਿੱਤ ਹਾਸਲ ਕਰਕੇ ਇਹ ਦੱਸ ਦਿੱਤਾ ਕਿ ਵੋਟਰ ਕਿਸੇ ਪਾਰਟੀ ਦੀ ਪੁਰਾਣੀ ਪਹਿਚਾਣ ਤੋਂ ਉੱਪਰ ਉੱਠ ਕੇ ਵੀ ਫੈਸਲਾ ਕਰ ਸਕਦਾ ਹੈ।

ਕਾਂਗਰਸ ਨੇ ਆਪਣਾ ਪੁਰਾਣਾ ਪ੍ਰਭਾਵ ਗੁਆਇਆ ਹੈ ਅਤੇ ਆਮ ਆਦਮੀ ਪਾਰਟੀ ਵੀ ਹਲਕੇ ਵਿੱਚ ਆਪਣੀ ਜਗ੍ਹਾ ਬਣਾਉਣ ਲਈ ਸਰਗਰਮ ਹੈ। 2026 ਦੀਆਂ ਨਗਰ ਕੌਂਸਲ ਚੋਣਾਂ ਵਿੱਚ ਵੀ ਸੁਲਤਾਨਪੁਰ ਲੋਧੀ ਦੇ 13 ਵਾਰਡਾਂ ਵਿੱਚ ਵੱਖ-ਵੱਖ ਪਾਰਟੀਆਂ ਅਤੇ ਆਜ਼ਾਦ ਉਮੀਦਵਾਰਾਂ ਦੀ ਮੌਜੂਦਗੀ ਨੇ ਹਲਕੇ ਦੀ ਬਹੁ-ਧਰੁਵੀ ਸਿਆਸਤ ਨੂੰ ਦਰਸਾਇਆ।ਆਮ ਆਦਮੀ ਪਾਰਟੀ ਚੰਗਾ ਪ੍ਰਦਰਸ਼ਨ ਕਰ ਰਹੀ ਹੈ।

ਇਸ ਵਾਰ ਵੇਖਣਾ ਇਹ ਵੀ ਹੋਵੇਗਾ ਕਿ ਵਾਰਸ ਪੰਜਾਬ ਦੇ ਪਾਰਟੀ ਕਿਸ ਉਮੀਦਵਾਰ ਨੂੰ ਚੋਣ ਲੜਾਉਂਦੀ ਹੈ, ਪਰ ਜਿਸ ਨੂੰ ਵੀ ਲੜਾਵੇਗੀ ਚੰਗੇ ਵੋਟ ਲੈ ਕੇ ਜਾਵੇਗੀ। ਇਸ ਲਈ 2027 ਵਿੱਚ ਮੁਕਾਬਲਾ ਤਿਕੋਣਾ, ਚੌਕੋਣਾ ਜਾਂ ਇਸ ਤੋਂ ਵੀ ਵੱਧ ਕੋਣਾਂ ਵਾਲਾ ਹੋ ਸਕਦਾ ਹੈ।

ਅਕਾਲੀ ਦਲ ਦੇ ਸਾਹਮਣੇ ਦੋ ਰਸਤੇ

ਅਕਾਲੀ ਦਲ ਦੇ ਸਾਹਮਣੇ ਹੁਣ ਮੂਲ ਰੂਪ ਵਿੱਚ ਦੋ ਰਸਤੇ ਹਨ।

ਪਹਿਲਾ ਰਸਤਾ—ਕਿਸੇ ਅਜਿਹੇ ਚਿਹਰੇ ਨੂੰ ਮੈਦਾਨ ਵਿੱਚ ਉਤਾਰਨਾ ਜਿਸ ਦੀ ਆਪਣੀ ਮਜ਼ਬੂਤ ਪਕੜ ਹੋਵੇ ਅਤੇ ਜੋ ਪਾਰਟੀ ਦੇ ਵਰਕਰਾਂ ਨੂੰ ਵੀ ਨਾਲ ਲੈ ਕੇ ਚੱਲ ਸਕੇ।

ਦੂਜਾ ਰਸਤਾ—ਅਜਿਹੇ ਚਿਹਰੇ ਦੀ ਚੋਣ ਕਰਨਾ ਜੋ ਸਿਰਫ਼ ਚੋਣ ਦੇ ਸਮੇਂ ਸਰਗਰਮ ਹੋਵੇ ਅਤੇ ਪਾਰਟੀ ਦੇ ਪੁਰਾਣੇ ਢਾਂਚੇ ਨਾਲ ਉਸ ਦਾ ਡੂੰਘਾ ਰਿਸ਼ਤਾ ਨਾ ਹੋਵੇ।

2022 ਦਾ ਤਜਰਬਾ ਦੱਸਦਾ ਹੈ ਕਿ ਦੂਜਾ ਰਸਤਾ ਖਤਰੇ ਤੋਂ ਖਾਲੀ ਨਹੀਂ।

ਇਸ ਵਾਰ ਜੇ ਅਕਾਲੀ ਦਲ ਸੱਚਮੁੱਚ ਸੁਲਤਾਨਪੁਰ ਲੋਧੀ ਨੂੰ ਮੁੜ ਆਪਣਾ ਗੜ੍ਹ ਬਣਾਉਣਾ ਚਾਹੁੰਦਾ ਹੈ ਤਾਂ ਉਸ ਨੂੰ ਸਿਰਫ਼ ਇੱਕ ਚਿਹਰਾ ਨਹੀਂ, ਇੱਕ ਪੂਰੀ ਟੀਮ ਤਿਆਰ ਕਰਨੀ ਪਵੇਗੀ।ਸਿਆਸਤ ਹੁਣ ਸਿਰਫ਼ ਪਾਰਟੀ ਦੀ ਨਹੀਂ, ਸਥਾਨਕ ਭਰੋਸੇ ਦੀ ਹੈ।

ਅੱਜ ਦਾ ਵੋਟਰ ਪਹਿਲਾਂ ਨਾਲੋਂ ਕਿਤੇ ਵੱਧ ਸਿਆਸੀ ਤੌਰ 'ਤੇ ਜਾਗਰੂਕ ਹੈ। ਉਹ ਇਹ ਵੀ ਦੇਖਦਾ ਹੈ ਕਿ ਚੋਣ ਤੋਂ ਪਹਿਲਾਂ ਕੌਣ ਆ ਰਿਹਾ ਹੈ ਅਤੇ ਚੋਣ ਤੋਂ ਬਾਅਦ ਕੌਣ ਖੜ੍ਹਾ ਰਹਿੰਦਾ ਹੈ।

ਉਹ ਇਹ ਵੀ ਦੇਖਦਾ ਹੈ ਕਿ ਕੌਣ ਸਿਰਫ਼ ਟਿਕਟ ਲੈਣ ਲਈ ਪਾਰਟੀ ਬਦਲਦਾ ਹੈ ਅਤੇ ਕੌਣ ਸਾਲਾਂ ਤੋਂ ਲੋਕਾਂ ਵਿੱਚ ਖੜ੍ਹਾ ਹੈ।

ਅੰਤ ਵਿੱਚ ਸਵਾਲ ਇੱਕ ਹੀ...

ਕੀ 2027 ਵਿੱਚ ਅਕਾਲੀ ਦਲ ਸੁਲਤਾਨਪੁਰ ਲੋਧੀ ਦਾ ਆਪਣਾ ਪੁਰਾਣਾ ਕਿਲ੍ਹਾ ਮੁੜ ਜਿੱਤੇਗਾ ਜਾਂ ਫਿਰ ਚਿਹਰਿਆਂ ਦੀ ਭੀੜ, ਅੰਦਰੂਨੀ ਖਿੱਚੋਤਾਣ ਅਤੇ ਵਰਕਰਾਂ ਦੀ ਨਾਰਾਜ਼ਗੀ ਇਸ ਸੁਪਨੇ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਬਣੇਗੀ?

ਅਜੇ ਚੋਣ ਦੂਰ ਹੈ, ਪਰ ਸੁਲਤਾਨਪੁਰ ਲੋਧੀ ਵਿੱਚ ਸਿਆਸੀ ਬਿਸਾਤ ਵਿਛ ਚੁੱਕੀ ਹੈ। ਦਾਅਵੇਦਾਰ ਮੈਦਾਨ ਵਿੱਚ ਹਨ, ਪਾਰਟੀਆਂ ਆਪਣੇ ਸਮੀਕਰਨ ਬਣਾ ਰਹੀਆਂ ਹਨ ਅਤੇ ਵੋਟਰ ਸਭ ਕੁਝ ਚੁੱਪਚਾਪ ਦੇਖ ਰਿਹਾ ਹੈ।

ਅੰਤਿਮ ਫੈਸਲਾ ਟਿਕਟ ਦੇਣ ਵਾਲੇ ਨਹੀਂ, ਟਿਕਟ ਮਿਲਣ ਤੋਂ ਬਾਅਦ ਮੈਦਾਨ ਵਿੱਚ ਉਤਰਣ ਵਾਲੇ ਵਰਕਰ ਅਤੇ ਚੋਣ ਵਾਲੇ ਦਿਨ ਵੋਟ ਪਾਉਣ ਵਾਲਾ ਵੋਟਰ ਕਰੇਗਾ।

ਸੁਲਤਾਨਪੁਰ ਲੋਧੀ ਦੀ ਸਿਆਸਤ ਵਿੱਚ ਇਤਿਹਾਸ ਵੀ ਹੈ, ਵਿਰਸਾ ਵੀ ਹੈ, ਨਵੇਂ ਚਿਹਰੇ ਵੀ ਹਨ ਅਤੇ ਪੁਰਾਣੇ ਵਰਕਰਾਂ ਦੀ ਆਪਣੀ ਤਾਕਤ ਵੀ। ਹੁਣ 2027 ਵਿੱਚ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਇਨ੍ਹਾਂ ਸਭ ਵਿੱਚੋਂ ਕਿਸ ਦੀ ਸਿਆਸੀ ਗਿਣਤੀ ਭਾਰੀ ਪੈਂਦੀ ਹੈ।

2027 ਦੀ ਕਹਾਣੀ ਦਾ ਪਹਿਲਾ ਅਧਿਆਇ ਲਿਖਿਆ ਜਾ ਚੁੱਕਾ ਹੈ। ਹੁਣ ਦੇਖਣਾ ਇਹ ਹੈ ਕਿ ਇਸ ਕਹਾਣੀ ਦਾ ਅੰਤ ਅਕਾਲੀ ਗੜ੍ਹ ਦੀ ਵਾਪਸੀ ਨਾਲ ਹੁੰਦਾ ਹੈ ਜਾਂ ਸੁਲਤਾਨਪੁਰ ਲੋਧੀ ਇੱਕ ਵਾਰ ਫਿਰ ਪੰਜਾਬ ਦੀ ਸਭ ਤੋਂ ਦਿਲਚਸਪ ਸਿਆਸੀ ਜੰਗ ਦਾ ਕੇਂਦਰ ਬਣਦਾ ਹੈ।

**ਪੱਤਰਕਾਰ, ਸੁਲਤਾਨਪੁਰ ਲੋਧੀ**
**9914188618, 8699608000**

# ਸਾਲਾਨਾ ਸੂਫੀਆਨਾ ਮੇਲਾ ਕਰਵਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਤਾਜਦਾਰਾਂ ਦੇ ਨਾਂਅ ਅਮੀਰਾਂ ਦੇ, ਦੀਵੇ ਜਗਦੇ ਸਦਾ ਫਕੀਰਾਂ ਦੇ ਅਖਾਣ ਮੁਤਾਬਿਕ 'ਜਾਗਦੇ ਰਹੋ ਸਭਿਆਚਾਰਕ ਮੰਚ ਰਜਿ. ਹੁਸ਼ਿਆਰਪੁਰ' ਤੇ ਬੱਧਣ ਪਰਿਵਾਰ ਵੱਲੋਂ 'ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ.ਪੰਜਾਬ, ਇੰਡੀਆ' ਦੇ ਸਹਿਯੋਗ ਨਾਲ ਮੇਲਾ ਕੰਟਰੋਲਰ ਚੇਅਰਮੈਨ ਤਰਸੇਮ ਦੀਵਾਨਾ, ਵਿਨੋਦ ਕੌਸ਼ਲ ਤੇ ਪ੍ਰਿੰ ਬਲਵੀਰ ਸਿੰਘ ਸੈਣੀ ਦੀ ਦੇਖ-ਰੇਖ ਹੇਠ ਚੌਧਰੀ ਸਵਰਨ ਚੰਦ ਬੱਧਣ ਤੇ ਮਾਤਾ ਰਾਮ ਪਿਆਰੀ ਦੀ ਨਿੱਘੀ ਮਿੱਠੀ ਯਾਦ ਨੂੰ ਸਮਰਪਿਤ 'ਸਾਲਾਨਾ ਸੂਫੀਆਨਾ ਮੇਲਾ' ਦਰਬਾਰ ਹਜ਼ਰਤ ਪੀਰ ਗੌਸ ਪਾਕ ਗਿਆਰਵੀਂ ਵਾਲੀ ਸਰਕਾਰ 'ਤੇ ਬਾਬਾ ਬਾਲਕ ਨਾਥ ਜੀ ਦਾ ਸਲਾਨਾ ਸੂਫ਼ੀਆਨਾ ਮੇਲਾ ਸਥਾਨਕ ਮੁਹੱਲਾ ਭਗਤ ਨਗਰ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸਲਾਨਾ ਸੂਫੀਆਨਾ ਮੇਲੇ ਦੀ ਅਰੰਭਤਾ ਸਾਈਂ ਗੀਤਾ ਸ਼ਾਹ ਕਾਦਰੀ ਗੱਦੀ ਨਸ਼ੀਨ ਦਰਬਾਰ ਹਜ਼ਰਤ ਪੀਰ ਗੌਸ ਪਾਕ ਗਿਆਰਵੀ ਵਾਲੀ ਸਰਕਾਰ ਦੀ ਹਾਜ਼ਰੀ ਵਿੱਚ ਚਿਰਾਗ ਰੌਸ਼ਨ ਕਰਨ ਨਾਲ ਹੋਈ ਜਦਕਿ ਮੇਲੇ ਦਾ ਉਦਘਾਟਨ ਡਾ ਆਸ਼ੀਸ਼ ਸਰੀਨ ਐੱਮ ਡੀ ਹਿਜ਼ ਐਕਸੀਲੇਂਟ ਇੰਸਟੀਚਿਊਟ ਅਤੇ ਸਾਈਂ ਮਿੰਦੀ ਸ਼ਾਹ, ਸਾਈਂ ਸੋਢੀ ਸ਼ਾਹ, ਸਾਈਂ ਤਰਸੇਮ ਸ਼ਾਹ ਵੱਲੋਂ ਸਾਂਝੇ ਰੂਪ ਵਿੱਚ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਮਕਬੂਲ ਸੂਫੀ ਗਾਇਕਾਂ ਨੂੰ ਸੁਣਨ ਲਈ ਵੱਡੀ ਗਿਣਤੀ ਵਿੱਚ ਸੰਗੀਤ ਪ੍ਰੇਮੀਆਂ ਅਤੇ ਮਾਂ ਬੋਲੀ ਦੇ ਕਦਰਦਾਨਾਂ ਨੇ ਸ਼ਿਰਕਤ ਕੀਤੀ। ਸੂਫੀ ਗਾਇਕ ਤਰਸੇਮ ਦੀਵਾਨਾ ਨੇ 'ਅੱਲ੍ਹਾ ਮੰਨੀਏ ਫੱਕਰ ਮੰਨੀਏ ਮੰਨੀਏ ਕਿਤਾਬਾਂ ਚਾਰ' ਨਾਲ ਸਰੋਤਿਆਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਮਾਸਟਰ ਅਜਮੇਰ ਦੀਵਾਨਾ ਨੇ 'ਫੁੱਲਾਂ ਦੀ ਵਰਖਾ ਹੋ ਰਹੀ ਪੌਣਾਹਾਰੀ ਦੇ ਦਰਬਾਰ ਤੇ' 'ਤੇਰੀ ਵੰਝਲੀ ਤੇ ਲੱਗੀ ਹੋਈ ਹੀਰ ਰਾਂਝਣਾ ਆਪਣੀ ਪੁਖਤਾ ਗਾਇਕੀ ਨਾਲ ਸਰੋਤਿਆਂ ਨੂੰ ਮੋਹ ਲਿਆ। ਇਸ ਮੌਕੇ ਸੂਫੀ ਫਕੀਰ ਲੋਕਾਂ ਵਿੱਚ ਸਰਵ ਸਾਈਂ ਸੋਢੀ ਸ਼ਾਹ ਅਟੱਲਗੜ੍ਹ, ਸਾਂਈਂ ਬਗੀਚੇ ਸ਼ਾਹ ਭੁਲੱਥ, ਸਾਈਂ ਮਿੰਦੀ ਸ਼ਾਹ, ਸਾਈਂ ਸੋਢੀ ਸ਼ਾਹ, ਸਾਈਂ ਤਾਰੀ ਸ਼ਾਹ ਗੱਦੀ ਨਸ਼ੀਨ ਅਮਰੂਦਾਂ ਵਾਲੀ ਸਰਕਾਰ, ਮਹੰਤ ਵਿੱਕੀ ਦੇਵਾ, ਬਾਬਾ ਦਿਨੇਸ਼ ਗਿਰ, ਸਾਈਂ ਤਰਸੇਮ ਸ਼ਾਹ, ਵਿਨੋਦ ਕੌਸ਼ਲ, ਦੇਵ ਰਾਜ ਭਗਤ ਨਗਰ, ਕਰਮਵੀਰ ਹਰੀ ਪਿੰਡ ਆਦਿ ਨੇ ਹਾਜ਼ਰੀਆਂ ਭਰੀਆਂ।

# ਡੀ ਏ ਨਾ ਦੇ ਕੇ ਸਰਕਾਰ ਨੇ ਮੁਲਾਜ਼ਮਾਂ ਨਾਲ ਕੀਤਾ ਧੋਖਾ : ਗਿਲਜੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਸਰਕਾਰ ਵੱਲੋਂ ਡੀ ਏ. ਦੀ ਅਦਾਇਗੀ ਨਾ ਕਰਕੇ ਸੂਬੇ ਦੇ ਲਗਭਗ 7 ਲੱਖ ਮੁਲਾਜ਼ਮਾਂ ਅਤੇ ਲੱਖਾਂ ਪੈਨਸ਼ਨਰਾਂ ਨਾਲ ਧੋਖਾ ਕੀਤਾ ਗਿਆ ਹੈ। ਉਹ ਪਿੰਡ ਬੁੱਢੀਪਿੰਡ ਵਿਖੇ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਹੋਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਮੁਲਾਜ਼ਮ ਅਤੇ ਪੈਨਸ਼ਨਰ ਲੰਮੇ ਸਮੇਂ ਤੋਂ ਆਪਣੇ ਹੱਕਾਂ ਦੀ ਮੰਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮਹਿੰਗਾਈ ਲਗਾਤਾਰ ਵਧ ਰਹੀ ਹੈ ਅਤੇ ਆਮ ਪਰਵਾਰਾਂ ਦੇ ਘਰੇਲੂ ਬਜਟ 'ਤੇ ਇਸ ਦਾ ਸਿੱਧਾ ਅਸਰ ਪੈ ਰਿਹਾ ਹੈ। ਅਜਿਹੇ ਹਾਲਾਤ ਵਿਚ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਮਿਲਣ ਵਾਲਾ ਮਹਿੰਗਾਈ ਭੱਤਾ ਰੋਕਣਾ ਉਨ੍ਹਾਂ ਨਾਲ ਬੇਇਨਸਾਫ਼ੀ ਹੈ।



ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਰਵੱਈਏ ਕਾਰਨ ਮੁਲਾਜ਼ਮ ਵਰਗ ਵਿਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਸਰਕਾਰੀ ਸੇਵਾ ਵਿਚ ਬਿਤਾਇਆ ਹੈ ਅਤੇ ਹੁਣ ਉਨ੍ਹਾਂ ਨੂੰ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਇਸੋ ਮੌਕੇ ਸੀਨੀਅਰ ਕਾਂਗਰਸ ਆਗੂ ਦਵਿੰਦਰਜੀਤ ਸਿੰਘ ਬੁੱਢੀਪਿੰਡ, ਨੰਬਰਦਾਰ ਤਜਿੰਦਰ ਸਿੰਘ, ਸੁਖਦੇਵ ਸਿੰਘ ਬੋਬੀ, ਪਰਮਿੰਦਰ ਸ਼ਰਮਾ, ਰਵਿੰਦਰ ਪਾਲ ਸਿੰਘ ਗੋਰਾ, ਜਤਿੰਦਰਪਾਲ ਸਿੰਘ ਝਾਵਰ, ਹਰਮੇਸ਼ ਬਸੀ, ਦਲਜੀਤ ਸਿੰਘ, ਮਹਾਵੀਰ ਸਿੰਘ, ਸਰਬਜੀਤ ਸਿੰਘ ਵਿੱਕੀ, ਜੋਗਿੰਦਰ ਸਿੰਘ, ਰੰਗਾ, ਸਾਬਕਾ ਸਰਪੰਚ ਯੋਗਰਾਜ, ਓਂਕਾਰ ਸਿੰਘ, ਪਰਮਜੀਤ ਸਿੰਘ, ਜਸਕਰਨ ਸਿੰਘ, ਲਖਵੀਰ ਸਿੰਘ, ਅਮਰਜੀਤ ਸਿੰਘ, ਗੁਰਿੰਦਰ ਸਿੰਘ, ਅਵਤਾਰ ਸਿੰਘ, ਲਖਵਿੰਦਰ ਸਿੰਘ, ਦਰਸ਼ਨ ਸਿੰਘ, ਗੁਰਨਾਮ ਸਿੰਘ, ਪੰਮਾ, ਜਸਵਿੰਦਰ ਸਿੰਘ, ਜਸਵੀਰ ਸਿੰਘ, ਹੈਪੀ ਗੁੱਜਰ, ਜਾਹੂਰੀ, ਪ੍ਰਦੀਪ, ਰੇਸ਼ਮ ਸਿੰਘ ਅਤੇ ਅਨਿਲ ਪਿੰਕਾ ਆਦਿ ਮੌਜੂਦ ਸਨ।

## 'ਖੇਡਾਂ ਵਤਨ ਪੰਜਾਬ ਦੀਆਂ' ਦੀ ਮਸ਼ਾਲ ਦਾ ਡਾ. ਬਲਬੀਰ ਸਿੰਘ ਵੱਲੋਂ ਸਵਾਗਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਪਟਿਆਲਾ ਵਿਖੇ ਪਹੁੰਚੀ ਮਸ਼ਾਲ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ 5 ਸਤੰਬਰ ਤੋਂ ਬਠਿੰਡਾ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸ਼ੁਰੂਆਤ ਕਰਾਈ ਜਾਵੇਗੀ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਤਹਿਤ ਬਲਾਕ ਪੱਧਰ 'ਤੇ 7, ਜ਼ਿਲ੍ਹਾ ਪੱਧਰ 'ਤੇ 28 ਅਤੇ ਸੂਬਾ ਪੱਧਰ 'ਤੇ 38 ਖੇਡਾਂ ਕਰਾਈਆਂ ਜਾਣਗੀਆਂ।ਇਨ੍ਹਾਂ ਖੇਡਾਂ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੂੰ ਭਾਗ ਲੈਣ ਦਾ ਮੌਕਾ ਮਿਲੇਗਾ।ਬੇਟੇ-ਬੇਟੀਆਂ ਤੋਂ ਲੈ ਕੇ ਦਾਦਾ-ਦਾਦੀ ਅਤੇ ਪੋਤਾ-ਪੋਤੀ ਤੱਕ ਹਰ ਕੋਈ ਇਨ੍ਹਾਂ ਖੇਡਾਂ ਦਾ ਹਿੱਸਾ ਬਣ ਸਕੇਗਾ।ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁੰਮ-ਹੁਮਾ ਕੇ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਨੂੰ ਸਫ਼ਲ ਬਣਾਉਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ 'ਰੰਗਲਾ ਪੰਜਾਬ' ਬਣਾਉਣ ਦਾ ਜੋ ਸੁਪਨਾ ਦੇਖਿਆ ਗਿਆ ਹੈ, ਉਸ ਨੂੰ ਸਾਕਾਰ ਕਰਨ ਲਈ ਖੇਡਾਂ ਨਾਲ ਜੁੜਨਾ ਸਮੇਂ ਦੀ ਲੋੜ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨੌਜਵਾਨ ਆਪਣੀ ਊਰਜਾ ਖੇਡਾਂ ਵਿੱਚ ਲਾਉਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ।

## ਇੰਗਲੈਂਡ ਤੋਂ ਪਰਤੇ ਜੋੜੇ ਦੀ ਕਾਰ ਨਹਿਰ ਕੋਲ ਹਾਦਸਾਗ੍ਰਸਤ, ਮਹਿਲਾ ਦੀ ਮੌਤ; ਕਤਲ ਦਾ ਦੋਸ਼

**ਮਲੋਟ/ਕੋਟਭਾਈ (ਸ਼ਮਿੰਦਰਪਾਲ/ਪੂਜਾ)**-ਪਿੰਡ ਮਹਾਂਬੱਧਰ ਵਾਸੀ ਸੁਖਦੀਪ ਸਿੰਘ ਨੇ ਆਪਣੀ ਭੈਣ ਮਨਪ੍ਰੀਤ ਕੌਰ ਦੀ ਮੌਤ ਨੂੰ ਹਾਦਸਾ ਨਹੀਂ, ਸਗੋਂ ਕਤਲ ਦੱਸਦਿਆਂ ਉਸ ਦੇ ਪਤੀ ਗੁਰਪ੍ਰੀਤ ਸਿੰਘ ਤੇ ਜਗਮੀਤ ਸਿੰਘ ਖ਼ਿਲਾਫ਼ ਪੁਲਸ ਨੂੰ ਸ਼ਿਕਾਇਤ ਦਿੱਤੀ ਹੈ।ਪੁਲਸ ਨੇ ਬਿਆਨ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਸ਼ਿਕਾਇਤ ਅਨੁਸਾਰ ਮਨਪ੍ਰੀਤ ਕੌਰ ਤੇ ਉਸ ਦਾ ਪਤੀ ਗੁਰਪ੍ਰੀਤ ਸਿੰਘ ਕਰੀਬ 7 ਸਾਲਾਂ ਤੋਂ ਇੰਗਲੈਂਡ ਰਹਿ ਰਹੇ ਸਨ ਤੇ ਕੁਝ ਦਿਨ ਪਹਿਲਾਂ ਹੀ ਭਾਰਤ ਪਰਤੇ ਸਨ।15 ਅਗਸਤ ਦੀ ਰਾਤ ਦੋਵੇਂ ਕਾਰ ਰਾਹੀਂ ਪਿੰਡ ਦੋਦਾ ਵਿਖੇ ਜਗਮੀਤ ਸਿੰਘ ਦੇ ਘਰ ਗਏ ਸਨ।ਰਾਤ ਕਰੀਬ 9 ਵਜੇ ਮਨਪ੍ਰੀਤ ਕੌਰ ਨੇ ਪਰਵਾਰ ਨੂੰ ਫੋਨ ਕਰਕੇ ਦੱਸਿਆ ਕਿ ਉਹ ਰੋਟੀ ਖਾ ਕੇ ਰਵਾਨਾ ਹੋ ਰਹੇ ਹਨ।ਦੇਰ ਰਾਤ ਤੱਕ ਘਰ ਨਾ ਪਹੁੰਚਣ 'ਤੇ ਪਰਵਾਰ ਵੱਲੋਂ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ। ਬਾਅਦ ਵਿੱਚ ਪਰਵਾਰ ਨੂੰ ਜਾਣਕਾਰੀ ਮਿਲੀ ਕਿ ਉਨ੍ਹਾਂ ਦੀ ਕਾਰ ਕੋਠੇ ਸੁਰਗਾਪੁਰੀ ਨੇੜੇ ਨਹਿਰ 'ਤੇ ਕੱਸੀ ਦੀ ਪੁਲੀ ਦੀ ਪੱਕੀ ਬੁਰਜੀ ਨਾਲ ਟਕਰਾ ਗਈ ਹੈ।ਮਨਪ੍ਰੀਤ ਕੌਰ ਨੂੰ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਸੁਖਦੀਪ ਸਿੰਘ ਨੇ ਦੋਸ਼ ਲਗਾਇਆ ਕਿ ਉਸ ਦੀ ਭੈਣ ਨੂੰ ਪਹਿਲਾਂ ਵੀ ਜਗਮੀਤ ਸਿੰਘ ਵੱਲੋਂ ਕਥਿਤ ਤੌਰ 'ਤੇ ਤੰਗ-ਪ੍ਰੇਸ਼ਾਨ ਕੀਤਾ ਜਾਂਦਾ ਸੀ ਤੇ ਉਸ ਨੇ ਆਪਣੇ ਪਤੀ ਨਾਲ ਇਸ ਸਬੰਧੀ ਗੱਲ ਕੀਤੀ ਸੀ।ਉਸ ਨੇ ਸ਼ੱਕ ਜ਼ਾਹਰ ਕੀਤਾ ਕਿ ਗੁਰਪ੍ਰੀਤ ਸਿੰਘ ਤੇ ਜਗਮੀਤ ਸਿੰਘ ਨੇ ਮਿਲ ਕੇ ਮਨਪ੍ਰੀਤ ਕੌਰ ਦਾ ਕਤਲ ਕਰਕੇ ਮਾਮਲੇ ਨੂੰ ਹਾਦਸੇ ਦਾ ਰੂਪ ਦਿੱਤਾ।ਪੁਲਸ ਨੇ ਬਿਆਨ ਦੇ ਆਧਾਰ 'ਤੇ ਗੁਰਪ੍ਰੀਤ ਸਿੰਘ ਤੇ ਜਗਮੀਤ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਪਰਵਾਰ ਵੱਲੋਂ ਮਨਪ੍ਰੀਤ ਕੌਰ ਦਾ ਪੋਸਟਮਾਰਟਮ ਡਾਕਟਰਾਂ ਦੇ ਬੋਰਡ ਰਾਹੀਂ ਕਰਵਾਉਣ ਦੀ ਮੰਗ ਕੀਤੀ ਗਈ ਹੈ।

## ਸੈਨੇਟ ਚੋਣ ਲਈ ਡਾ. ਸਿਰਸਾ ਦੀ ਹਮਾਇਤ 'ਚ ਭਰਵੀਂ ਮੀਟਿੰਗ

### ਪੰਜਾਬ ਯੂਨੀਵਰਸਿਟੀ ਦੀ ਹੋਂਦ ਤੇ ਹਸਤੀ ਲਈ ਸੁਚੇਤ ਹੋਣ ਦੀ ਜ਼ਰੂਰਤ : ਡਾ. ਸਿਰਸਾ



**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਚੋਣ ਵਿੱਚ ਗਰੈਜੂਏਟ ਚੋਣ ਹਲਕੇ ਤੋਂ ਚੋਣ ਲੜ ਰਹੇ ਉਮੀਦਵਾਰ ਡਾ: ਸੁਖਦੇਵ ਸਿੰਘ ਸਿਰਸਾ ਨੇ ਸਥਾਨਕ ਟੀਚਰਜ਼ ਹੋਮ ਵਿਖੇ ਇੱਕ ਭਰਵੀਂ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਮੀਟਿੰਗ ਵਿੱਚ ਸਾਹਿਤਕਾਰਾਂ, ਸਾਹਿਤ ਪ੍ਰੇਮੀਆਂ, ਟਰੇਡ ਯੂਨੀਅਨ ਆਗੂਆਂ, ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਜ਼ਿਲ੍ਹੇ ਦੀਆਂ ਵੱਖ ਵੱਖ ਜਥੇਬੰਦੀਆਂ ਵੱਲੋਂ ਸਰਗਰਮੀ ਨਾਲ ਡਾ: ਸਿਰਸਾ ਦੀ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ: ਸਿਰਸਾ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਹੋਂਦ ਤੇ ਹਸਤੀ ਕਾਇਮ ਰੱਖਣ ਲਈ ਸੁਚੇਤ ਹੋਣ ਦੀ ਜ਼ਰੂਰਤ ਹੈ। ਕੇਂਦਰ ਸਰਕਾਰ ਤੇ ਆਰ ਐੱਸ ਐੱਸ ਲਾਬੀ ਵੱਲੋਂ ਯੂਨੀਵਰਸਿਟੀ ਉੱਤੇ ਕਬਜ਼ਾ ਕਰਨ ਲਈ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕ ਪ੍ਰਤੀਨਿਧੀਆਂ ਦੀ ਸ਼ਮੂਲੀਅਤ ਵਾਲੀ ਇਸ ਇੱਕੋ ਇੱਕ ਯੂਨੀਵਰਸਿਟੀ ਉੱਤੇ ਕਾਬਜ਼ ਹੋਣ ਲਈ ਫਿਰਕੂ ਤਾਕਤਾਂ ਤਰਲੋਮੱਛੀ ਹਨ। ਜੰਤਰ ਮੰਤਰ ਉੱਪਰ ਲੜੇ ਗਏ ਜੈਨ ਜੀ ਦੇ ਸੰਘਰਸ਼ ਨੇ ਲੋਕਤੰਤਰ ਦੀ ਹੋਂਦ ਬਰਕਰਾਰ ਰੱਖੀ ਹੈ। ਡਾ: ਸਿਰਸਾ ਨੇ ਕਿਹਾ ਕਿ ਯੂਨੀਵਰਸਿਟੀ ਦੀ ਹਸਤੀ ਕਾਇਮ ਰੱਖਣ ਲਈ ਖੱਬਾ ਪੱਖ ਹੀ ਸੰਘਰਸ਼ ਕਰ ਸਕਦਾ ਹੈ। ਇਸ ਲਈ ਗਰੈਜੂਏਟ ਹਲਕੇ ਤੋਂ ਚੋਣ ਲੜ ਰਹੇ ਖੱਬੇ ਪੱਖ ਦੇ ਸਾਰੇ ਉਮੀਦਵਾਰਾਂ ਨੂੰ ਪਹਿਲੀ ਦੂਜੀ ਤਰਜੀਹ ਦੀਆਂ ਵੋਟਾਂ ਪਾਈਆਂ ਜਾਣ। ਉਨ੍ਹਾਂ ਨੇ 20 ਸਤੰਬਰ ਨੂੰ ਹੋ ਰਹੀ ਇਸ ਚੋਣ ਦੀ ਵੋਟ ਪ੍ਰਣਾਲੀ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਇਸ ਮੀਟਿੰਗ ਨੂੰ ਨਾਵਲਕਾਰ ਜਸਪਾਲ ਮਾਨਖੇੜਾ, ਲਛਮਣ ਮਲੂਕਾ, ਸੁਰਿੰਦਰਪ੍ਰੀਤ ਘਣੀਆ, ਕੰਵਲਜੀਤ ਸਿੰਘ ਕੁਟੀ ਐਡਵੋਕੇਟ, ਗੁਰਦੇਵ ਖੋਖਰ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਰਾਜਪਾਲ ਸਿੰਘ, ਕੀਰਤੀ ਕਿਰਪਾਲ, ਅਮਰਜੀਤ ਜੀਤ, ਬਲਵਿੰਦਰ ਭੁੱਲਰ, ਰਣਬੀਰ ਰਾਣਾ, ਰਣਜੀਤ ਗੌਰਵ, ਦਮਜੀਤ ਦਰਸ਼ਨ, ਪਿੰ: ਜਸਬੀਰ ਸਿੰਘ ਢਿੱਲੋਂ, ਭੋਲਾ ਸਿੰਘ ਸਮੀਰੀਆ, ਸੁਖਦਰਸ਼ਨ ਗਰਗ, ਜਗਮੇਲ ਜਠੌਲ ਸਮੇਤ ਟਰੇਡ ਯੂਨੀਅਨ ਆਗੂ ਭੋਲਾ ਸਿੰਘ ਢਿੱਲੋਂ, ਰਣਜੀਤ ਸਿੰਘ, ਸੁਰਜਨ ਰਾਮ ਤੇ ਰਵਿੰਦਰ ਸਿੰਘ ਚੀਮਾ ਆਦਿ ਕਰੀਬ ਤਿੰਨ ਦਰਜਨ ਸ਼ਖ਼ਸੀਅਤਾਂ ਹਾਜ਼ਰ ਸਨ।

## ਦਰਖ਼ਤ ਲਾਉਣ ਦੀ ਮੁਹਿੰਮ ਦੌਰਾਨ ਪਾਰਕ 'ਚ ਲਾਏ ਤਿੰਨ ਸੌ ਬੂਟੇ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ ਦੇ ਸਭ ਤੋਂ ਵੱਡੇ ਪਾਰਕ ਜੋ ਸੈਂਟਰਲ ਪਾਰਕ ਵਜੋਂ ਜਾਣਿਆ ਜਾਂਦਾ ਹੈ ਤੇ ਵਾਟਰ ਵਰਕਸ ਰੋਡ 'ਤੇ ਸਥਿਤ ਹੈ, ਵਿਖੇ ਪਾਰਕ ਕਮੇਟੀ ਦੇ ਸਹਿਯੋਗ ਨਾਲ ਸਟੇਟ ਬੈਂਕ ਆਫ ਪਟਿਆਲਾ ਦੀ ਬ੍ਰਾਂਚ ਵੱਲੋਂ ਵੱਖ-ਵੱਖ ਕਿਸਮਾਂ ਦੇ ਕਰੀਬ 300 ਬੂਟੇ ਲਾਏ ਗਏ।ਪਟਿਆਲਾ ਜ਼ੋਨ ਦੇ ਰੀਜਨਲ ਮੈਨੇਜਰ ਸ੍ਰੀ ਆਨੰਦ ਕੁਮਾਰ ਗੁਪਤਾ ਤੇ ਬ੍ਰਾਂਚ ਮੈਨੇਜਰ ਸ੍ਰੀ ਮਨੀਸ਼ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜੋਕੇ ਦੌਰ 'ਚ ਸਾਡੇ ਵਾਤਾਵਰਣ ਨੂੰ ਸ਼ੁੱਧਤਾ ਲਈ ਗੰਭੀਰ ਖ਼ਤਰਾ ਹੈ।ਪ੍ਰਦੂਸ਼ਣ ਬਹੁਤ ਵਧ ਚੁੱਕਾ ਹੈ ਤੇ ਬਾਰਸ਼ਾਂ ਵੀ ਬਹੁਤ ਘੱਟ ਰਹਿ ਗਈਆਂ ਹਨ।ਇਸ ਲਈ ਵਾਤਾਵਰਣ ਨੂੰ ਬਚਾਉਣ ਲਈ ਵੱਧ ਤੋਂ ਵੱਧ ਪੌਦੇ ਤੇ ਰੁੱਖ ਲਾਉਣਾ ਸਮੇਂ ਦੀ ਮੁੱਖ ਲੋੜ ਹੈ।ਸ੍ਰੀ ਦਲੀਪ ਕੁਮਾਰ ਮੈਨੇਜਰ, ਮੇਜਰ ਸਿੰਘ ਸਰਪੰਚ ਪ੍ਰਧਾਨ ਪਾਰਕ ਸੈਂਟਰਲ ਪਾਰਕ ਕਮੇਟੀ ਤੇ ਸ੍ਰੀ ਨਿਤਿਨ ਗਰਗ ਨੇ ਕਿਹਾ ਕਿ ਬੂਟੇ ਲਾਉਣਾ ਬਹੁਤ ਵਧੀਆ ਗੱਲ ਹੈ, ਪ੍ਰੰਤੂ ਉਨ੍ਹਾਂ ਦੀ ਸਹੀ ਤਰੀਕੇ ਨਾਲ ਦੇਖਭਾਲ ਕਰਨਾ ਉਸ ਤੋਂ ਵੀ ਜ਼ਰੂਰੀ ਹੈ।

## ਮਾਤਾ ਗੁਜਰੀ ਕਾਲਜ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਵਿਸ਼ੇਸ਼ ਲੈਕਚਰ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਅੰਤਰ ਰਾਸ਼ਟਰੀ ਯੂਥ ਦਿਵਸ ਮੌਕੇ ਵਿਸ਼ੇਸ਼ ਲੈਕਚਰ ਕਰਾਇਆ ਗਿਆ, ਜਿਸ ਵਿੱਚ ਕਾਲਜ ਦੇ ਮਨੋਵਿਗਿਆਨ ਵਿਭਾਗ ਦੇ ਮੁਖੀ ਡਾ. ਹਰਦੀਪ ਕੌਰ ਨੇ 'ਨੌਜਵਾਨਾਂ ਵਿੱਚ ਨਸ਼ਿਆਂ ਤੋਂ ਬਚਾਅ ਦੇ ਉਪਾਅ' ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਹਰਦੀਪ ਕੌਰ ਨੇ ਨੌਜਵਾਨਾਂ ਵਿੱਚ ਨਸ਼ਿਆਂ ਦੀ ਵੱਧ ਰਹੀ ਪ੍ਰਵਿਰਤੀ ਦੇ ਕਾਰਨਾਂ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਵੱਖ-ਵੱਖ ਵਿਹਾਰਕ ਹੁਨਰਾਂ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਆਪਣੀ ਸੰਗਤ ਦੀ ਚੋਣ ਸੁਚੇਤ ਹੋ ਕੇ ਕਰਨ, ਸਕਾਰਾਤਮਕ ਸੋਚ ਵਿਕਸਿਤ ਕਰਨ, ਪੜ੍ਹਾਈ ਪ੍ਰਤੀ ਲਗਨ ਰੱਖਣ ਤੇ ਨਸ਼ਿਆਂ ਤੋਂ ਬਚਾਅ ਲਈ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ 'ਤੇ ਜ਼ੋਰ ਦਿੱਤਾ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਜਿੱਥੇ ਨੌਜਵਾਨਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਤੇ ਸਕਾਰਾਤਮਕ ਸੋਚ ਵਿਕਸਿਤ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ, ਉਥੇ ਨਾਲ ਹੀ ਵਿਦਿਆਰਥੀਆਂ ਨੂੰ ਨਸ਼ਿਆਂ ਅਤੇ ਮਾੜੀਆਂ ਅਲਾਮਤਾਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰਦੇ ਹਨ।ਕਾਲਜ ਦੇ ਐਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਪ੍ਰੋ. ਬਰਿੰਦਰ ਸਿੰਘ ਸਰਾਓ ਨੇ ਕਿਹਾ ਕਿ ਐਨ.ਐੱਸ.ਐੱਸ. ਨੌਜਵਾਨਾਂ ਵਿੱਚ ਸੇਵਾ ਭਾਵਨਾ, ਸਮਾਜਿਕ ਜ਼ਿੰਮੇਵਾਰੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਹੈ। ਸਮਾਗਮ ਦੇ ਅਖੀਰ ਵਿੱਚ ਪ੍ਰੋ. ਹਰਬਿੰਦਰ ਸਿੰਘ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

## ਭਾਗੀਕੇ ਦੀ ਬਾਹਰਲੀ ਬਸਤੀ ਵਿਖੇ ਮਨਾਇਆ ਤੀਆਂ ਦਾ ਤਿਉਹਾਰ





**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਭਾਗੀਕੇ ਦੀ ਬਾਹਰਲੀ ਬਸਤੀ ਵਿਖੇ ਮਾਵਾਂ, ਧੀਆਂ ਅਤੇ ਭੈਣਾਂ ਵੱਲੋਂ ਤੀਆਂ ਦਾ ਤਿਉਹਾਰ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਪਿੰਡ ਦੀਆਂ ਮਹਿਲਾਵਾਂ ਨੇ ਰਵਾਇਤੀ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।ਤੀਆਂ ਦੇ ਇਸ ਸਮਾਗਮ ਦੌਰਾਨ ਮਾਵਾਂ, ਧੀਆਂ ਅਤੇ ਭੈਣਾਂ ਵੱਲੋਂ ਪਿੰਡ ਦੇ ਸਰਪੰਚ ਸੁਖਦੀਪ ਸਿੰਘ ਸਾਧ ਨੂੰ ਪਹਿਲੀ ਵਾਰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਰਪੰਚ ਸੁਖਦੀਪ ਸਿੰਘ ਸਾਧ ਵੱਲੋਂ ਵੀ ਤੀਆਂ ਦੇ ਸਮਾਗਮ ਵਿੱਚ ਸ਼ਾਮਲ ਮਾਵਾਂ, ਧੀਆਂ ਅਤੇ ਭੈਣਾਂ ਨੂੰ ਸਨਮਾਨਿਤ ਕੀਤਾ ਗਿਆ।ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਦੀਆਂ ਪੁਰਾਤਨ ਰਵਾਇਤਾਂ ਨੂੰ ਯਾਦ ਕਰਦਿਆਂ ਖੁਸ਼ੀ ਦਾ ਮਾਹੌਲ ਬਣਿਆ ਰਿਹਾ।ਇਸ ਮੌਕੇ ਸਰਪੰਚ ਸੁਖਦੀਪ ਸਿੰਘ ਸਾਧ ਨੇ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਵਿਰਸੇ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

## ਸੇਵਾ ਭਾਵਨਾ ਵੈੱਲਫੇਅਰ ਸੁਸਾਇਟੀ ਨੇ ਪਹਿਲਾ ਕੁਸ਼ਤੀ ਦੰਗਲ ਕੱਪ ਕਰਵਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਸੇਵਾ ਭਾਵਨਾ ਵੈੱਲਫੇਅਰ ਸੁਸਾਇਟੀ ਮੱਖੂ ਵੱਲੋਂ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ ਦੇ ਅਸ਼ੀਰਵਾਦ ਸਦਕਾ ਗੁਰਦੁਆਰਾ ਬਾਬਾ ਬਿੱਧੀ ਚੰਦ ਜੀ ਮੱਖੂ ਵਿਖੇ ਕਰਵਾਇਆ ਪਹਿਲਾ ਕੁਸ਼ਤੀ ਦੰਗਲ ਕੱਪ ਤੇ ਕੁਸ਼ਤੀ ਕੱਪ ਲੋਕਾਂ ਦੇ ਦਿਲਾਂ ਵਿੱਚ ਅਮਿੱਟ ਯਾਦਾਂ ਛੱਡ ਗਿਆ।ਇਸ ਖੇਡ ਮੇਲੇ ਵਿੱਚ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਤੋਂ ਉੱਚ ਕੋਟੀ ਦੇ ਪਹਿਲਵਾਨਾਂ ਨੇ ਹਿੱਸਾ ਲਿਆ।ਇਹ ਕੁਸ਼ਤੀ ਦੰਗਲ ਤੇ ਕਬੱਡੀ ਕੱਪ ਕਰਵਾਉਣ ਵਿੱਚ ਡਾ. ਰਾਜੀਵ ਆਹੂਜਾ, ਜਸਵੀਰ ਸਿੰਘ ਢਿੱਲੋਂ, ਅਨਮੋਲ ਚੋਪੜਾ ਤੇ ਸੰਦੀਪ ਆਹੂਜਾ ਦਾ ਵਿਸ਼ੇਸ਼ ਸਹਿਯੋਗ ਰਿਹਾ।ਕੁਸ਼ਤੀ ਮੁਕਾਬਲੇ ਵਿੱਚ ਬਾਜ਼ ਥੇਹੀ ਨੇ ਅਮਿਤ ਬਡੇਵਾਲ ਨੂੰ ਹਰਾ ਕੇ ਇੱਕ ਲੱਖ ਰੁਪਏ ਦਾ ਪਹਿਲਾ ਇਨਾਮ ਹਾਸਲ ਕੀਤਾ, ਦੂਜੇ ਮੁਕਾਬਲੇ ਵਿੱਚ ਤਾਜ ਰੋਨੀ ਤੇ ਗੁਰਜੀਤ ਮਕਰੌੜ ਦਾ ਮੁਕਾਬਲਾ ਬਰਾਬਰ ਰਿਹਾ ਅਤੇ ਤੀਜੇ ਮੁਕਾਬਲੇ ਲਈ ਦੋ ਕੁਸ਼ਤੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਕੈਲਸ਼ਅਮ ਫਿਰੋਜ਼ਪੁਰ ਨੇ ਗੁਰਸੇਵ ਮੰਡ ਨੂੰ ਹਰਾਇਆ, ਸੰਨੀ ਸਿਰਸਾ ਨੇ ਰਾਜੂ ਕਾਂਗੜਾ ਨੂੰ ਹਰਾਇਆ।ਇਸ ਤਰ੍ਹਾਂ ਹੀ ਲੜਕੀਆਂ ਦੇ ਕਰਵਾਏ ਗਏ ਕਬੱਡੀ ਮੈਚ ਵਿੱਚ ਪਹਿਲੇ ਨੰਬਰ 'ਤੇ ਬਾਬਾ ਦਲ ਸਿੰਘ ਕਬੱਡੀ ਕਲੱਬ ਰਹੇ ਦੀ ਟੀਮ ਤੇ ਦੂਜੇ ਨੰਬਰ 'ਤੇ ਬਾਬਾ ਦੀਪ ਸਿੰਘ ਕੱਬਡੀ ਕਲੱਬ ਮਾੜਾ ਰਹੀ।ਕੁਸ਼ਤੀ ਦੰਗਲ ਵਿੱਚ ਪਹਿਲੇ ਨੰਬਰ 'ਤੇ ਆਉਣ ਵਾਲੇ ਪਹਿਲਵਾਨ ਨੂੰ ਇਕ ਲੱਖ ਰੁਪਏ, ਦੂਜੇ ਨੰਬਰ ਵਾਲੇ ਨੂੰ 71 ਹਜ਼ਾਰ ਰੁਪਏ, ਤੀਜੇ ਨੰਬਰ ਵਾਲੇ ਨੂੰ 51-51 ਹਜ਼ਾਰ ਰੁਪਏ ਤੇ ਲੜਕੀਆਂ ਦੀ ਕਬੱਡੀ ਟੀਮ ਨੂੰ 21 ਹਜ਼ਾਰ ਰੁਪਏ ਤੇ ਸ਼ੀਲਡ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜੋਤ ਹਸਪਤਾਲ ਜ਼ੀਰਾ ਤੇ ਰਾਜੀਵ ਹੈਲਥ ਕੇਅਰ ਮੱਖੂ ਵੱਲੋਂ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿਚ ਲੋੜਵੰਦ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਮਨਜੀਤ ਸਿੰਘ ਰਾਏ ਮੀਤ ਪ੍ਰਧਾਨ ਭਾਜਪਾ ਪੰਜਾਬ, ਹਰਪ੍ਰੀਤ ਸਿੰਘ ਹੀਰੋ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਸਮਿੰਦਰ ਸਿੰਘ ਖਿੰਡਾ ਚੇਅਰਮੈਨ ਪੰਜਾਬ ਮੰਡੀ ਬੋਰਡ, ਗੁਰਪ੍ਰੀਤ ਸਿੰਘ ਸੇਖੋਂ ਹਲਕਾ ਇੰਚਾਰਜ ਜ਼ੀਰਾ, ਸਮਾਜ ਸੇਵੀ ਚੰਦਨ ਚੰਦ ਫਿਰੋਜ਼ਪੁਰ, ਮਹਿਕਦੀਪ ਸਿੰਘ ਜ਼ੀਰਾ ਯੂਥ ਕਾਂਗਰਸੀ ਆਗੂ, ਗੁਰਚਰਨ ਸਿੰਘ ਭਾਮਕੇ, ਤੀਰਥ ਸਿੰਘ ਸਰਪੰਚ, ਬਲਵੀਰ ਨਹਿਰਾ ਪ੍ਰਧਾਨ ਪ੍ਰੈੱਸ ਐਸੋਸੀਏਸ਼ਨ ਮੱਖੂ, ਨਿਖਿਲ ਚੋਪੜਾ, ਹਰਸ਼ਿਤ ਆਹੂਜਾ, ਬਾਬਲ ਭਾਮਕੇ, ਬੂਟਾ ਸਿੰਘ ਮੁੱਖ ਮੁਨਸ਼ੀ, ਅਮਿਤ ਖੱਤਰੀ, ਵਰਿੰਦਰ ਮਹਿਤਾ, ਸ਼ਰਨਦੀਪ ਸਰਪੰਚ, ਅਨਮੋਲ ਸੰਧੂ, ਲਾਡਾ ਵਰਮਾ, ਪਰਮਜੀਤ ਸਿੰਘ ਹੀਰ ਆਦਿ ਹਾਜ਼ਰ ਸਨ।

## ਪੁਲ਼ ਦੇ ਨਾਲ ਰੇਲਿੰਗ ਨਾ ਲੱਗਣ ਕਾਰਨ ਰੋਜ਼ਾਨਾ ਹੋ ਰਹੇ ਹਾਦਸੇ



**ਜਗਰਾਉਂ (ਅਮਿਤ ਖੰਨਾ)**-ਝਾਂਸੀ ਰਾਣੀ ਚੌਕ ਦੇ ਨੇੜੇ ਰੇਲਵੇ ਪੁਲ ਦੇ ਨਾਲ ਲੱਗੀ ਹੋਈ ਰੇਲਿੰਗ ਨੂੰ ਸੜਕ ਬਣਨ ਸਮੇਂ ਪੁੱਟ ਲਿਆ ਗਿਆ ਸੀ।ਸੜਕ ਬਣੀ ਨੂੰ ਲਗਭਗ 4 ਮਹੀਨੇ ਬੀਤ ਗਏ ਹਨ, ਪਰ ਰੇਲਿੰਗ ਦਾ ਕੋਈ ਵੀ ਅਤਾ-ਪਤਾ ਨਹੀਂ। ਰੋਜ਼ਾਨਾ ਹਾਦਸੇ ਹੋ ਰਹੇ ਹਨ। ਇਸ ਬਾਰੇ ਪੀ ਡਬਲਿਊ ਡੀ ਦੇ ਐਕਸੀਅਨ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਇਹ ਕੰਮ ਮੇਰੇ ਧਿਆਨ ਵਿੱਚ ਹੈ, ਜਲਦੀ ਹੀ 1, 2 ਦਿਨ ਵਿੱਚ ਲਵਾ ਦਿੱਤੀ ਜਾਵੇਗੀ, ਪਰ 15 ਦਿਨ ਬੀਤ ਜਾਣ ਤੋਂ ਬਾਅਦ ਫੋਨ 'ਤੇ ਸੰਪਰਕ ਕੀਤਾ ਤਾਂ ਉਨ੍ਹਾਂ ਜੇਈ ਕਰਮਜੀਤ ਸਿੰਘ ਦੀ ਡਿਊਟੀ ਲਗਾ ਦਿੱਤੀ। ਜਦ ਇਸ ਸਬੰਧੀ ਜੇਈ ਨਾਲ ਸੰਪਰਕ ਕੀਤਾ ਤਾਂ 1, 2 ਦਿਨ ਕਹਿ ਕੇ ਟਾਲ-ਮਟੋਲ ਕਰਨ ਲੱਗਾ ਕਿ ਪ੍ਰਸ਼ਾਸਨ ਕਿਸੇ ਹਾਦਸੇ ਦੀ ਉਡੀਕ ਕਰ ਰਿਹਾ ਹੈ।

## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਲਹਿਰਾਇਆ ਰਾਸ਼ਟਰੀ ਝੰਡਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਦੇਸ਼ ਦੇ 80ਵੇਂ ਆਜ਼ਾਦੀ ਦਿਹਾੜੇ ਮੌਕੇ ਸੇਂਟ ਥਰੇਸਾ ਕਾਨਵੈਂਟ ਸਕੂਲ ਵਿਖੇ ਆਜ਼ਾਦੀ ਦਿਵਸ ਬੜੇ ਉਤਸ਼ਾਹ, ਧੂਮ-ਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਇਸ ਉਪਰੰਤ ਰਾਸ਼ਟਰੀ ਗਾਨ ਗਾਇਆ ਗਿਆ।ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਦੀ ਭਾਵਨਾ ਨਾਲ ਭਰਪੂਰ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੇ ਕੋਰੀਓਗ੍ਰਾਫੀਆਂ, ਦੇਸ਼ਭਗਤੀ ਦੇ ਗੀਤਾਂ ਤੇ ਪੀ.ਟੀ. ਪਰੇਡ ਰਾਹੀਂ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਤੇ ਦੇਸ਼ਭਗਤੀ ਦੀ ਭਾਵਨਾ ਨੂੰ ਬਾਖੂਬੀ ਪੇਸ਼ ਕੀਤਾ।ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਮੌਜੂਦ ਦਰਸ਼ਕਾਂ ਦਾ ਮਨ ਮੋਹ ਲਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਹਰਚੰਦ ਸਿੰਘ ਬਰਸਟ ਨੇ ਸਮੂਹ ਸਕੂਲ ਸਟਾਫ, ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਨਮਨ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ।ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਅਨੇਕਾਂ ਮਹਾਨ ਯੋਧਿਆਂ ਤੇ ਆਜ਼ਾਦੀ ਸੰਗਰਾਮੀਆਂ ਦੀਆਂ ਕੁਰਬਾਨੀਆਂ ਸਦਕਾ ਪ੍ਰਾਪਤ ਹੋਈ ਹੈ। ਬਰਸਟ ਨੇ ਨੌਜਵਾਨ ਪੀੜ੍ਹੀ ਤੇ ਵਿਦਿਆਰਥੀਆਂ ਨੂੰ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

## ਧੂਮਧਾਮ ਨਾਲ ਮਨਾਇਆ ਤੀਜ ਉਤਸਵ, ਡੀ ਜੇ ਦੀ ਥਾਪ 'ਤੇ ਗੂੰਜੀਆਂ ਪੰਜਾਬੀ ਬੋਲੀਆਂ



**ਸਮਾਣਾ (ਵਿਕਰਮ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਟੇਟ ਬੈਂਕ ਸਟਰੀਟ ਵਿੱਚ ਮੁਹੱਲੇ ਦੀਆਂ ਮਹਿਲਾਵਾਂ ਵੱਲੋਂ ਤੀਜ ਉਤਸਵ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਔਰਤਾਂ ਵੱਲੋਂ ਧਾਰਮਿਕ ਗੀਤਾਂ ਨਾਲ ਕੀਤੀ ਗਈ।ਇਸ ਤੋਂ ਬਾਅਦ ਡੀਜੇ ਦੀ ਥਾਪ 'ਤੇ ਔਰਤਾਂ ਨੇ ਪੰਜਾਬੀ ਪਰਵਾਰਕ ਬੋਲੀਆਂ ਪਾ ਕੇ ਤੀਜ ਉਤਸਵ ਦਾ ਖੂਬ ਆਨੰਦ ਮਾਣਿਆ ਤੇ ਜੰਮ ਕੇ ਭੰਗੜੇ ਪਾਏ।ਤੀਜ ਉਤਸਵ ਦੌਰਾਨ ਮੁਹੱਲੇ ਦੀਆਂ ਔਰਤਾਂ ਨੇ ਰਵਾਇਤੀ ਪੰਜਾਬੀ ਸੱਭਿਆਚਾਰ ਅਤੇ ਤੀਜ-ਤਿਉਹਾਰਾਂ ਦੀ ਖੂਬਸੂਰਤ ਝਲਕ ਪੇਸ਼ ਕੀਤੀ।ਔਰਤਾਂ ਨੇ ਇੱਕ-ਦੂਜੇ ਨਾਲ ਮਿਲ ਕੇ ਤੀਜ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਤੇ ਪੰਜਾਬੀ ਲੋਕ ਗੀਤਾਂ ਤੇ ਬੋਲੀਆਂ ਰਾਹੀਂ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਜੀਵੰਤ ਕੀਤਾ। ਸਮਾਗਮ ਦੌਰਾਨ ਮਹਿਲਾਵਾਂ ਦਾ ਉਤਸ਼ਾਹ ਦੇਖਣ ਵਾਲਾ ਸੀ।'ਤੀਜ ਕੁਈਨ' ਦੀ ਚੋਣ ਵੀ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ।ਤੀਜ ਕੁਈਨ ਦੀ ਚੋਣ ਦੌਰਾਨ ਮਹਿਲਾਵਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।ਧਾਰਮਿਕ ਗੀਤਾਂ ਤੋਂ ਲੈ ਕੇ ਪੰਜਾਬੀ ਪਰਿਵਾਰਕ ਬੋਲੀਆਂ ਅਤੇ ਭੰਗੜੇ ਤੱਕ ਦਾ ਅਜਿਹਾ ਰੰਗ ਦੇਖਣ ਨੂੰ ਮਿਲਿਆ ਕਿ ਪੂਰਾ ਮੁਹੱਲਾ ਤੀਜ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਸਮਾਗਮ ਦੇ ਅੰਤ ਵਿੱਚ ਔਰਤਾਂ ਨੇ ਇੱਕ-ਦੂਜੇ ਨੂੰ ਤੀਜ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

## ਮੁੱਖ ਮੰਤਰੀ ਵੱਲੋਂ ਐੱਸ ਪੀ ਦਾ ਮੈਡਲ ਨਾਲ ਸਨਮਾਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਪੀ. (ਡੀ) ਪਵਨਜੀਤ ਨੂੰ ਸੁਤੰਤਰਤਾ ਦਿਵਸ ਮੌਕੇ ਕਰਵਾਏ ਰਾਜ ਪੱਧਰੀ ਸਮਾਰੋਹ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੈਡਲ ਨਾਲ ਸਨਮਾਨਤ ਕੀਤਾ ਗਿਆ। ਐੱਸ ਪੀ ਪਵਨਜੀਤ ਨੂੰ ਸ਼ਾਨਦਾਰ ਪੁਲਸ ਸੇਵਾਵਾਂ, ਡਿਊਟੀ ਪ੍ਰਤੀ ਸਮਰਪਣ ਤੇ ਬਿਹਤਰੀਨ ਕਾਰਗੁਜ਼ਾਰੀ ਲਈ ਇਹ ਮਾਣਮੱਤਾ ਸਨਮਾਨ ਮਿਲਿਆ।

ਪੁਲਸ ਜ਼ਿਲਾ ਖੰਨਾ ਦੇ ਉੱਚ ਅਧਿਕਾਰੀ ਨੂੰ ਇਹ ਸਨਮਾਨ ਮਿਲਣ ਨਾਲ ਐੱਸ ਐੱਸ ਪੀ ਡਾ. ਦਰਪਣ ਆਹੂਲਵਾਲੀਆ ਨੇ ਐੱਸ.ਪੀ. ਪਵਨਜੀਤ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

## ਬੀ ਐੱਲ ਓ ਵਿਰੁੱਧ ਵਰਤੀ ਗਈ ਇਤਰਾਜ਼ਯੋਗ ਸ਼ਬਦਾਵਲੀ ਤੇ ਧਮਕੀਆਂ ਦੀ ਸਖ਼ਤ ਨਿੰਦਾ

### ਜਥੇਬੰਦੀ ਦੇ ਵਫਦ ਵੱਲੋਂ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਸਬ-ਡਵੀਜ਼ਨ ਸਰਦੂਲਗੜ੍ਹ ਦੇ ਬੀ ਐੱਲ ਓਜ਼ ਦੀ ਇੱਕ ਅਹਿਮ ਮੀਟਿੰਗ ਮੇਲਾ ਸਿੰਘ ਆਲੀਕੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਬੂਥ ਲੈਵਲ ਅਫ਼ਸਰਾਂ ਨੂੰ ਦਰਪੇਸ਼ ਵੱਖ-ਵੱਖ ਮੁਸ਼ਕਲਾਂ, ਸੁਰੱਖਿਆ ਸਬੰਧੀ ਚਿੰਤਾਵਾਂ ਤੇ ਚੋਣ ਕਮਿਸ਼ਨ ਵੱਲੋਂ ਸੌਂਪੇ ਜਾ ਰਹੇ ਕੰਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਉਪਰੰਤ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀ ਐੱਲ ਓ ਚੋਣ ਪ੍ਰਕਿਰਿਆ ਦੀ ਬੁਨਿਆਦ ਹਨ, ਜੋ ਆਪਣੀਆਂ ਨਿੱਜੀ ਮੁਸ਼ਕਲਾਂ ਤੇ ਜ਼ਮੀਨੀ ਚੁਣੌਤੀਆਂ ਦੇ ਬਾਵਜੂਦ ਲੋਕਤੰਤਰਿਕ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਤਨਦੇਹੀ ਨਾਲ ਡਿਊਟੀ ਨਿਭਾਅ ਰਹੇ ਹਨ।ਅਜਿਹੇ ਕਰਮਚਾਰੀਆਂ ਨੂੰ ਧਮਕੀਆਂ ਦੇਣਾ, ਗਾਲੀ-ਗਲੋਚ ਕਰਨਾ ਜਾਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਸ਼ਬਦਾਵਲੀ ਵਰਤਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਅਤੇ ਨਾ ਹੀ ਬਰਦਾਸ਼ਤ ਯੋਗ ਹੈ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਕਿ ਬਾਲ ਕ੍ਰਿਸ਼ਨ, ਬੀਐੱਲਓ, ਬੂਥ ਨੰਬਰ 201, ਕਰੰਡੀ, ਨੂੰ ਕਥਿਤ ਤੌਰ 'ਤੇ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਫ਼ੋਨ ਨੰ. 72401-83222 ਰਾਹੀਂ ਧਮਕੀਆਂ ਤੇ ਗਾਲੀ-ਗਲੋਚ ਕੀਤੀ ਗਈ।ਉਸ ਵਿਅਕਤੀ ਨੇ ਆਪਣਾ ਨਾਮ ਦਲਵੀਰ ਸਿੰਘ ਦੱਸਿਆ ਤੇ ਆਪਣੇ ਆਪ ਨੂੰ ਰਾਜਸਥਾਨ 'ਚ ਬੀ ਐੱਲ ਓ ਵਜੋਂ ਕੰਮ ਕਰਦਾ ਹੋਇਆ ਦੱਸਿਆ।ਇਸ ਵਿਅਕਤੀ ਨੇ ਬਾਲ ਕ੍ਰਿਸ਼ਨ ਵਿਰੁੱਧ ਇਤਰਾਜ਼ਯੋਗ ਤੇ ਧਾਰਮਿਕ ਟਿੱਪਣੀਆਂ ਵੀ ਕੀਤੀਆਂ। ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਥੇਬੰਦੀ ਦੇ ਆਗੂ ਮੇਲਾ ਸਿੰਘ ਆਲੀਕੇ ਦੀ ਅਗਵਾਈ ਹੇਠ ਇੱਕ ਵਫ਼ਦ ਐੱਸ.ਡੀ.ਐੱਮ. ਸਰਦੂਲਗੜ੍ਹ ਨੂੰ ਮਿਲਿਆ ਤੇ ਇੱਕ ਮੰਗ ਪੱਤਰ ਉਨ੍ਹਾਂ ਨੂੰ ਸੌਂਪਿਆ ਗਿਆ। ਆਗੂਆਂ ਨੇ ਮਾਣਯੋਗ ਚੋਣ ਕਮਿਸ਼ਨ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤੇ ਦੋਸ਼ ਸਾਬਿਤ ਹੋਣ ਦੀ ਸੂਰਤ 'ਚ ਮੁਲਜ਼ਮਾਂ ਖ਼ਿਲਾਫ਼ ਸਰਕਾਰੀ ਕੰਮ 'ਚ ਵਿਘਨ ਪਾਉਣ ਲਈ ਸਖ਼ਤ ਕਾਰਵਾਈ ਕੀਤੀ ਜਾਵੇ।ਮੀਟਿੰਗ 'ਚ ਬੰਸੀ ਲਾਲ ਕਰੰਡੀ, ਪ੍ਰਭੂ ਰਾਮ, ਰਾਜਕੁਮਾਰ, ਰਣਜੀਤ ਸਿੰਘ, ਗੁਰਮੇਲ ਰਾਮ, ਜਗਜੀਵਨ ਸਿੰਘ ਸਹੋਤਾ, ਬਿੱਟੂ ਕੁਮਾਰ, ਸੰਜੀਵ ਕੁਮਾਰ, ਜਸਵੰਤ ਰਾਏ, ਗੁਰਪਾਲ ਸਿੰਘ ਸਮੇਤ ਹੋਰ ਬੀ ਐੱਲ ਓ ਸਾਥੀ ਹਾਜ਼ਰ ਸਨ।

## ਜੰਗਲਾਤ ਕਾਮੇ ਮੰਗਾਂ ਦੀ ਪੂਰਤੀ ਤੱਕ ਦਿੜ੍ਹਬਾ ਲਾਉਣਗੇ ਪੱਕਾ ਮੋਰਚਾ



**ਸਮਰਾਲਾ (ਸੁਰਜੀਤ ਸਿੰਘ)**-ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾਈ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਯੂਨੀਅਨ ਦੇ ਆਗੂ ਸ਼ਾਮਲ ਹੋਏ।ਆਗੂਆਂ ਨੇ ਕਿਹਾ ਕਿ ਵਣ ਅਤੇ ਜੰਗਲੀ ਜੀਵ ਵਿਭਾਗ ਵਿੱਚ ਪਿਛਲੇ ਕਰੀਬ 27/28 ਸਾਲਾਂ ਤੋਂ ਕੰਮ ਕਰਦੇ ਸੀਨੀਅਰ ਕਾਮਿਆਂ ਨੂੰ ਪੰਜਾਬ ਸਰਕਾਰ ਨੇ ਪੱਕਿਆਂ ਤਾਂ ਕੀ ਕਰਨਾ ਸੀ, ਕਾਮਿਆਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਤਨਖਾਹਾਂ ਵੀ ਵਾਂਝੇ ਰੱਖਿਆ ਹੋਇਆ ਹੈ, ਜਿਸ ਕਾਰਨ ਜੰਗਲਾਤ ਕਾਮਿਆਂ ਨੂੰ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਨਾ ਬਹੁਤ ਔਖਾ ਹੋ ਰਿਹਾ ਹੈ।ਅਜਿਹੇ ਹਾਲਾਤ ਵਿਚ ਜੰਗਲਾਤ ਕਾਮਿਆਂ ਵਿਚ ਭਾਰੀ ਰੋਸ ਅਤੇ ਬੇਚੈਨੀ ਪਾਈ ਜਾ ਰਹੀ ਹੈ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਹਨਾਂ ਦੀਆਂ ਮੰਗਾਂ ਨਹੀਂ ਮੰਨੀਆਂ ਗਈਆਂ ਤਾਂ ਉਹ 18 ਅਗਸਤ ਤੋਂ ਵਿਧਾਨ ਸਭਾ ਹਲਕਾ ਦਿੜ੍ਹਬਾ ਵਿਚ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਹਿਯੋਗ ਨਾਲ ਮੰਗਾਂ ਪੂਰੀਆਂ ਹੋਣ ਤੱਕ ਪੱਕਾ ਮੋਰਚਾ ਲਾਉਣਗੇ।ਉਨ੍ਹਾਂ ਦੀਆਂ ਮੰਗਾਂ ਵਿਚ ਮੁੱਖ ਤੌਰ 'ਤੇ 10 ਸਾਲ ਦੀ ਸਰਵਿਸ ਪੂਰੀ ਕਰਨ ਵਾਲੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਮੁੱਖ ਮੰਤਰੀ ਵੱਲੋਂ ਨਿਯੁਕਤੀ ਪੱਤਰ ਦਿੱਤੇ ਵਰਕਰਾਂ ਨੂੰ ਪੂਰਾ ਸਕੇਲ ਦਿੱਤਾ ਜਾਵੇ, ਮਹਿੰਗਾਈ ਭੱਤਾ, ਮੈਡੀਕਲ ਸਹੂਲਤਾਂ, ਪੈਨਸ਼ਨਰ ਲਾਭ, ਵਿਭਾਗੀ ਕਾਮਿਆਂ ਦੀ ਸੀਨੀਆਰਤਾ ਸੂਚੀ ਅੱਪਡੇਟ ਕਰਨਾ ਤੇ ਨਵੇਂ ਕਾਮਿਆਂ ਦੀ ਉਜ਼ਰਤਾਂ ਦਾ ਬਕਾਇਆ ਜਾਰੀ ਕਰਨਾ ਆਦਿ ਹਨ।

## ਖ਼ਿਆਲੀ ਨੂੰ 'ਵਾਰਿਸ ਪੰਜਾਬ ਦੇ' 'ਚੋਂ ਬਰਖ਼ਾਸਤ ਕਰਨ ਨਾਲ ਹਲਚਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਹਰਜੀਤ ਸਿੰਘ ਖ਼ਿਆਲੀ ਨੂੰ ਅਕਾਲੀ ਦਲ (ਵਾਰਿਸ ਪੰਜਾਬ ਦੇ) ਵਿੱਚੋਂ ਬਰਖ਼ਾਸਤ ਕਰਨ ਦੇ ਫ਼ੈਸਲੇ ਨਾਲ ਮਹਿਲ ਕਲਾਂ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ।ਜ਼ਿਲ੍ਹਾ ਆਗੂਆਂ ਵੱਲੋਂ ਜਾਰੀ ਕੀਤੇ ਗਏ ਪ੍ਰੈੱਸ ਨੋਟ ਵਿੱਚ ਹਰਜੀਤ ਸਿੰਘ ਖ਼ਿਆਲੀ ਨੂੰ ਪਾਰਟੀ ਵਿੱਚੋਂ ਬਰਖ਼ਾਸਤ ਕਰਨ ਦੀ ਜਾਣਕਾਰੀ ਦਿੱਤੀ ਗਈ ਹੈ।ਪ੍ਰੈੱਸ ਨੋਟ ਅਨੁਸਾਰ ਹਰਜੀਤ ਸਿੰਘ ਖ਼ਿਆਲੀ 'ਤੇ ਪਾਰਟੀ ਦੀ ਟੀਮ ਨੂੰ ਨਾਲ ਲੈ ਕੇ ਨਾ ਚੱਲਣ ਅਤੇ ਪਾਰਟੀ ਤੋਂ ਵੱਖਰੀਆਂ ਮੀਟਿੰਗਾਂ ਕਰਨ ਦੇ ਦੋਸ਼ ਲਾਏ ਗਏ ਹਨ।ਪਾਰਟੀ ਆਗੂਆਂ ਮੁਤਾਬਕ ਇਨ੍ਹਾਂ ਕਾਰਨਾਂ ਦੇ ਚੱਲਦਿਆਂ ਜਥੇਬੰਦਕ ਅਨੁਸ਼ਾਸਨ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਖ਼ਿਲਾਫ਼ ਬਰਖ਼ਾਸਤਗੀ ਦਾ ਫ਼ੈਸਲਾ ਲਿਆ ਗਿਆ।ਦਿਲਚਸਪ ਗੱਲ ਇਹ ਹੈ ਕਿ ਕੁਝ ਦਿਨ ਪਹਿਲਾਂ ਹੀ ਹਰਜੀਤ ਸਿੰਘ ਖ਼ਿਆਲੀ ਨੂੰ ਦੀਪ ਸਿੱਧੂ ਦੇ ਭਰਾ ਵੱਲੋਂ ਪਾਰਟੀ ਵਿੱਚ ਸ਼ਾਮਲ ਕਰਾਇਆ ਗਿਆ ਸੀ।ਹੁਣ ਥੋੜ੍ਹੇ ਹੀ ਸਮੇਂ ਬਾਅਦ ਉਨ੍ਹਾਂ ਨੂੰ ਪਾਰਟੀ ਵਿੱਚੋਂ ਬਾਹਰ ਦਾ ਰਸਤਾ ਦਿਖਾਏ ਜਾਣ ਕਾਰਨ ਸਿਆਸੀ ਹਲਕਿਆਂ ਵਿੱਚ ਇਸ ਫ਼ੈਸਲੇ ਨੂੰ ਲੈ ਕੇ ਤਰ੍ਹਾਂ-ਤਰ੍ਹਾਂ ਦੀ ਚਰਚਾ ਸ਼ੁਰੂ ਹੋ ਗਈ ਹੈ।ਫਿਲਹਾਲ ਪਾਰਟੀ ਵੱਲੋਂ ਬਰਖ਼ਾਸਤਗੀ ਸਬੰਧੀ ਆਪਣਾ ਪੱਖ ਸਪੱਸ਼ਟ ਕੀਤਾ ਗਿਆ ਹੈ, ਜਦਕਿ ਹਰਜੀਤ ਸਿੰਘ ਖ਼ਿਆਲੀ ਦਾ ਪੱਖ ਸਾਹਮਣੇ ਆਉਣਾ ਅਜੇ ਬਾਕੀ ਹੈ।

## ਸੰਕਲਪ ਸੁਸਾਇਟੀ ਦੇ ਵਲੰਟੀਅਰਾਂ ਦੁਆਰਾ ਨੇਤਰਹੀਣਾਂ ਨਾਲ ਮਿਲਣੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸਮਾਜ ਸੇਵੀ ਸੰਸਥਾ 'ਸੰਕਲਪ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.)' ਦੇ ਵਲੰਟੀਅਰਾਂ ਦੁਆਰਾ ਨੇਤਰਹੀਣਾਂ ਨਾਲ ਮਿਲਣੀ ਦੌਰਾਨ ਉਨ੍ਹਾਂ ਨੂੰ ਖਾਣ ਪੀਣ ਦਾ ਸਮਾਨ ਵੰਡਿਆ ਗਿਆ।ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਪਿੰਡ ਗੋਨਿਆਨਾ ਸਥਿਤ ਪ੍ਰਯਾਸ ਟੂ ਉਜਾਲਾ ਸੰਸਥਾ ਦੁਆਰਾ ਨੇਤਰਹੀਣ ਬੱਚਿਆਂ ਲਈ ਰੈਣ ਬਸੇਰਾ ਅਤੇ ਪੜ੍ਹਾਈ ਦਾ ਪ੍ਰਬੰਧ ਕੀਤਾ ਗਿਆ ਹੈ।ਸੰਕਲਪ ਸੁਸਾਇਟੀ ਦੇ ਵਲੰਟੀਅਰ ਪਵਨੀਤ ਸਿੰਘ ਕੰਗ, ਜਸਕੀਰਤ ਸਿੰਘ ਤੇ ਭਵਕੀਰਤ ਸਿੰਘ ਸੰਧੂ ਦੁਆਰਾ ਨੇਤਰਹੀਣ ਵਿਅਕਤੀਆਂ ਅਤੇ ਬੱਚਿਆਂ ਨੂੰ ਖਾਣ-ਪੀਣ ਦਾ ਸਮਾਨ ਜਿਵੇਂ ਬਿਸਕੁਟ, ਪੀਣ ਵਾਲੇ ਤਰਲ ਪਦਾਰਥ ਤੇ ਫ਼ਲ ਵੰਡ ਕੇ ਉਨ੍ਹਾਂ ਨਾਲ ਸਮਾਂ ਬਤੀਤ ਕੀਤਾ।ਇਸ ਮੌਕੇ ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਪ੍ਰਯਾਸ ਟੂ ਉਜਾਲਾ ਦੇ ਸੰਚਾਲਕ ਗੁਰਬਿੰਦਰ ਸਿੰਘ ਬਰਾੜ, ਨਿਰਮਲ ਸਿੰਘ ਗੋਨੇਆਣਾ ਤੇ ਉਨ੍ਹਾਂ ਦੇ ਸਾਥੀਆਂ ਦਾ ਨੇਤਰਹੀਣਾਂ ਲਈ ਕੀਤੇ ਇਸ ਸੁਚੱਜੇ ਤੇ ਵਧੀਆ ਉਪਰਾਲੇ ਬਦਲੇ ਸ਼ਲਾਘਾ ਜ਼ਾਹਰ ਕੀਤੀ।

## ਦੇਸ਼ ਭਗਤ 'ਵਰਸਿਟੀ 'ਚ ਮਨਾਇਆ ਆਜ਼ਾਦੀ ਦਿਵਸ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਭਾਰਤ ਦੀ ਆਜ਼ਾਦੀ ਦੇ 80ਵੇਂ ਵਰ੍ਹੇ ਮੌਕੇ ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦੇ ਕੈਂਪਸ ਵਿੱਚ ਆਜ਼ਾਦੀ ਦਿਵਸ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਸਾਲ ਦੇ ਸਮਾਗਮ ਦੀ ਥੀਮ 'ਵਿਕਸਿਤ ਭਾਰਤ 2047' ਅਤੇ ਪ੍ਰੇਰਕ ਮੰਤਰ 'ਸੰਕਲਪ ਤੋਂ ਸਿੱਧੀ' ਰੱਖਿਆ ਗਿਆ।ਸਮਾਗਮ ਦਾ ਆਯੋਜਨ ਯੂਨੀਵਰਸਿਟੀ ਦੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਯਾਦਗਾਰ ਤੇ ਲਾਲ ਸਿੰਘ ਯਾਦਗਾਰ ਵਿਖੇ ਕੀਤਾ ਗਿਆ। ਮੁੱਖ ਮਹਿਮਾਨ ਚਾਂਸਲਰ ਡਾ. ਜ਼ੋਰਾ ਸਿੰਘ, ਵਿਸ਼ੇਸ਼ ਮਹਿਮਾਨ ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ, ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ, ਡਾ. ਰਵੀ ਬੇਦੀ ਸਮੇਤ ਸਮੂਹ ਡੀਨ, ਵਿਭਾਗ ਮੁਖੀ, ਅਧਿਆਪਕ, ਕਰਮਚਾਰੀ ਤੇ ਸੈਂਕੜਿਆਂ ਦੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।ਸਮਾਗਮ ਦੀ ਸ਼ੁਰੂਆਤ ਸਾਰੇ ਮਹਿਮਾਨ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਯਾਦਗਾਰ 'ਤੇ ਪਹੁੰਚੇ ਤੇ ਉਨ੍ਹਾਂ ਨੂੰ ਫੁੱਲ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸਾਰੇ ਬਹਾਦਰ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸਿਜਦਾ ਕੀਤਾ ਗਿਆ।ਇਸ ਤੋਂ ਬਾਅਦ ਸਾਰੇ ਸਟਾਫ਼ ਮੈਂਬਰ, ਵਿਦਿਆਰਥੀ ਤੇ ਮਹਿਮਾਨ ਸਰਦਾਰ ਲਾਲ ਸਿੰਘ ਜੀ ਦੀ ਯਾਦਗਾਰ 'ਤੇ ਪਹੁੰਚੇ। ਲਾਲ ਸਿੰਘ ਪੰਜਾਬ ਦੇ ਮਹਾਨ ਆਜ਼ਾਦੀ ਘੁਲਾਟੀਏ, ਸਿੱਖਿਆ ਸ਼ਾਸਤਰੀ ਅਤੇ ਸਮਾਜ ਸੇਵੀ ਸਨ।ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ, ਕੁਲਪਤੀ ਤੇ ਹੋਰ ਮਾਣਯੋਗ ਮਹਿਮਾਨਾਂ ਨੇ ਲਾਲ ਸਿੰਘ ਜੀ ਨੂੰ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।ਚਾਂਸਲਰ ਡਾ. ਜ਼ੋਰਾ ਸਿੰਘ ਵੱਲੋਂ ਕੌਮੀ ਝੰਡਾ ਲਹਿਰਾਇਆ ਗਿਆ।ਮੰਚ ਸੰਚਾਲਕ ਡਾ. ਅਜੈਪਾਲ ਸਿੰਘ ਨੇ ਕਿਹਾ, ਤਿਰੰਗੇ ਦਾ ਕੇਸਰੀ ਰੰਗ ਤਿਆਗ ਤੇ ਕੁਰਬਾਨੀ ਦਾ ਪ੍ਰਤੀਕ ਹੈ, ਚਿੱਟਾ ਰੰਗ ਸ਼ਾਂਤੀ ਅਤੇ ਸੱਚ ਦਾ ਪ੍ਰਤੀਕ ਹੈ, ਜਦਕਿ ਹਰਾ ਰੰਗ ਖੁਸ਼ਹਾਲੀ ਦਾ ਪ੍ਰਤੀਕ ਹੈ।

## ਚੋਪੜਾ ਪੱਤੀ 'ਚ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ 'ਤੇ ਲੈਂਟਰ ਪਾਉਣ ਦਾ ਕਾਰਜ ਸੰਪੂਰਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਹਿਲ ਕਲਾਂ ਦੀ ਚੋਪੜਾ ਪੱਤੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਧਰਮਸ਼ਾਲਾ ਦੇ ਨਿਰਮਾਣ ਕਾਰਜ ਤਹਿਤ ਲੈਂਟਰ ਪਾਉਣ ਦਾ ਕੰਮ ਸਫ਼ਲਤਾਪੂਰਵਕ ਮੁਕੰਮਲ ਹੋ ਗਿਆ ਹੈ।ਇਸ ਸ਼ੁਭ ਮੌਕੇ ਧਰਮਸ਼ਾਲਾ ਪ੍ਰਬੰਧਕਾਂ ਅਤੇ ਪਿੰਡ ਵਾਸੀਆਂ ਵੱਲੋਂ ਗ੍ਰਾਮ ਪੰਚਾਇਤ ਦੀ ਸਰਪੰਚ ਬੀਬੀ ਕਿਰਨਾ ਰਾਣੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਯੂਥ ਆਗੂ ਅਰੁਣ ਕੁਮਾਰ ਬਾਂਸਲ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਦੌਰਾਨ ਪੱਤੀ ਦੇ ਵਸਨੀਕਾਂ ਨਾਲ ਧਰਮਸ਼ਾਲਾ ਦੀ ਨਵ-ਉਸਾਰੀ ਕਰਾਉਣ ਦਾ ਅਹਿਮ ਵਾਅਦਾ ਕੀਤਾ ਗਿਆ ਸੀ।ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਵੱਡਮੁੱਲੇ ਸਹਿਯੋਗ ਸਦਕਾ ਇਸ ਵਾਅਦੇ ਨੂੰ ਬਹੁਤ ਹੀ ਥੋੜ੍ਹੇ ਸਮੇਂ ਅੰਦਰ ਅਮਲੀ ਜਾਮਾ ਪਹਿਨਾ ਦਿੱਤਾ ਗਿਆ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਸਰਪੰਚ ਬੀਬੀ ਕਿਰਨਾ ਰਾਣੀ ਨੇ ਕਿਹਾ ਕਿ ਪਿੰਡ ਵਾਸੀਆਂ ਨਾਲ ਕੀਤਾ ਹਰ ਇੱਕ ਵਾਅਦਾ ਤਰਜ਼ੀਹੀ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਬਿਨਾਂ ਕਿਸੇ ਪੱਖਪਾਤ ਤੋਂ ਸਮੁੱਚੇ ਪਿੰਡ ਦਾ ਚੁਫੇਰਿਓਂ ਵਿਕਾਸ ਕਰਾਉਣਾ ਹੀ ਉਨ੍ਹਾਂ ਦਾ ਮੁੱਖ ਮਕਸਦ ਹੈ।

## ਹਡਾਣਾ ਵੱਲੋਂ ਸਫੇੜਾ, ਪਹਾੜੀਪੁਰ ਤੇ ਡੇਰਾ ਮਰਦਾਹੇੜੀ 'ਚ ਲੋਕ ਕਚਹਿਰੀ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਸਫੇੜਾ, ਪਹਾੜੀਪੁਰ ਤੇ ਡੇਰਾ ਮਰਦਾਹੇੜੀ ਵਿਖੇ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਕੀਤੇ ਗਏ।ਹਲਕਾ ਇੰਚਾਰਜ ਨੇ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਅਤੇ ਸੁਝਾਅ ਬੜੇ ਧਿਆਨ ਨਾਲ ਸੁਣੇ।ਹਡਾਣਾ ਨੇ ਕਿਹਾ ਕਿ ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਵਾਸੀਆਂ ਵੱਲੋਂ ਮਿਲੇ ਅਥਾਹ ਪਿਆਰ, ਸਤਿਕਾਰ ਅਤੇ ਵਿਸ਼ਵਾਸ ਨੇ ਸਾਬਤ ਕਰ ਦਿੱਤਾ ਹੈ ਕਿ ਲੋਕ ਮਾਨ ਸਰਕਾਰ ਦੀਆਂ ਵਿਕਾਸ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਇਸ ਮੌਕੇ ਹੈਪੀ ਪਹਾੜੀਪੁਰ ਚੇਅਰਮੈਨ, ਸਰਪੰਚ ਰਛਪਾਲ ਕੌਰ ਪਹਾੜੀਪੁਰ, ਰਣਜੀਤ ਕੌਰ ਪੰਚ, ਪੰਚ ਦਲਬੀਰ ਸਿੰਘ, ਪੰਚ ਚਰਨਜੀਤ ਸਿੰਘ, ਪ੍ਰੀਤਮ ਸਿੰਘ, ਗੁਰਜੰਟ ਸਿੰਘ, ਹਰਜਿੰਦਰ ਸਿੰਘ ਪੰਚ, ਸੁਰਜੀਤ ਸਿੰਘ ਸਾਬਕਾ ਸਰਪੰਚ ਪਹਾੜੀਪੁਰ ਤੋਂ ਇਲਾਵਾ 'ਆਪ' ਦੇ ਸੀਨੀਅਰ ਆਗੂ, ਸਥਾਨਕ ਸਰਪੰਚ-ਪੰਚ, ਪਾਰਟੀ ਵਰਕਰ ਤੇ ਭਾਰੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਦੇਸ਼-ਭਗਤੀ ਦੇ ਰੰਗ 'ਚ ਰੰਗਿਆ ਹੈਲਿਕਸ ਸਕੂਲ ਕੈਂਪਸ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹੈਲਿਕਸ ਸਕੂਲ ਕੈਂਪਸ 'ਚ ਆਜ਼ਾਦੀ ਦਿਵਸ ਸ਼ਰਧਾ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਸਮਾਰੋਹ ਦੌਰਾਨ ਪੂਰਾ ਸਕੂਲ ਤਿਰੰਗੇ ਦੇ ਰੰਗਾਂ ਰੰਗਿਆ ਸੀ।ਮੁੱਖ ਮਹਿਮਾਨ ਕਰਨ ਸਿੰਘ ਡੀ ਟੀ ਓ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਸਮਾਰੋਹ ਦਾ ਸ਼ੁਭ ਆਰੰਭ ਕੀਤਾ।ਰਾਸ਼ਟਰੀ ਗੀਤ ਤੋਂ ਉਪਰੰਤ ਆਜ਼ਾਦੀ ਦੇ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਮਹਾਨ ਸ਼ਹੀਦਾਂ ਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਵਿਦਿਆਰਥੀਆਂ ਨੂੰ ਦੇਸ਼ ਦੀ ਏਕਤਾ, ਅਖੰਡਤਾ ਤੇ ਤਰੱਕੀ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੱਤਾ।ਵਿਦਿਆਰਥੀਆਂ ਨੇ ਪੰਜਾਬ, ਰਾਜਸਥਾਨ, ਗੁਜਰਾਤ, ਮਹਾਰਾਸ਼ਟਰ, ਕੇਰਲ, ਤਾਮਿਲਨਾਡੂ, ਅਸਾਮ, ਪੱਛਮੀ ਬੰਗਾਲ, ਜੰਮੂ-ਕਸ਼ਮੀਰ ਤੇ ਹੋਰ ਰਾਜਾਂ ਦੀਆਂ ਵਿਲੱਖਣ ਸੱਭਿਆਚਾਰਕ ਪ੍ਰੰਪਰਾਵਾਂ, ਪਹਿਰਾਵਿਆਂ, ਲੋਕ ਨਾਚਾਂ, ਕਲਾਵਾਂ ਅਤੇ ਜੀਵਨ-ਸ਼ੈਲੀ ਨੂੰ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਸਕੂਲ ਪ੍ਰਬੰਧਕ ਕਮੇਟੀ ਨੇ ਮੁੱਖ ਮਹਿਮਾਨ ਕਰਨ ਸਿੰਘ ਡੀ ਟੀ ਓ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਸਕੂਲ ਦੇ ਪ੍ਰਿੰਸੀਪਲ ਅਮਰਜੋਤ ਕੌਰ ਹਰੀਕਾ, ਡਾਇਰੈਕਟਰ ਦਵਿੰਦਰ ਕੌਰ, ਵਾਈਸ ਪ੍ਰਿੰਸੀਪਲ ਮੰਨਤ ਕੌਰ ਹਰੀਕਾ ਨੇ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਜ਼ਾਦੀ ਸਿਰਫ਼ ਇੱਕ ਇਤਿਹਾਸਕ ਪ੍ਰਾਪਤੀ ਨਹੀਂ, ਸਗੋਂ ਦੇਸ਼ ਪ੍ਰਤੀ ਫਰਜ਼ ਨਿਭਾਉਣ ਦੀ ਪ੍ਰੇਰਨਾ ਹੈ।

## ਖਾਨਵਾਲਾ, ਮੁੱਠਿਆਂਵਾਲੀ ਤੇ ਮੰਡੀ ਹਜ਼ੂਰ ਵਿਖੇ ਦਿਖਾਏ ਡਾਕੂਮੈਂਟਰੀ ਸ਼ੋਅ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਬੀਤੀ ਸਾਮ ਬਲਾਕ ਫਾਜ਼ਿਲਕਾ ਦੇ ਪਿੰਡ ਖਾਨਵਾਲਾ, ਮੁੱਠਿਆਂ ਵਾਲੀ, ਮੰਡੀ ਹਜ਼ੂਰ ਵਿਖੇ ਪੁੱਜੀ। ਇਸ ਮੌਕੇ ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਤੇ ਊਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਅਧਾਰਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫਿਲਮ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਸੰਗਤਾਂ ਨੇ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

## ਅਕਾਲੀ ਦਲ ਨੇ ਮੱਲ੍ਹਾ, ਮਿੱਕੀ, ਸਿੱਧੂ, ਜੱਟ ਤੇ ਚੀਮਾ ਦਾ ਕੀਤਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਛੇਵੀਂ ਪਾਤਸ਼ਾਹੀ ਗੁਰਦੁਆਰਾ ਸਾਹਿਬ ਗੁਰੂਸਰ ਕਾਉਂਕੇ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਜਗਰਾਉਂ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਜਗਰਾਉਂ ਸ਼ਹਿਰ ਨਾਲ ਸਬੰਧਤ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ ਨੂੰ ਪੰਜਾਬ ਦਾ ਜਥੇਬੰਦਕ ਸਕੱਤਰ ਤੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ ਤੇ ਦੀਪਇੰਦਰ ਸਿੰਘ ਭੰਡਾਰੀ ਨੂੰ ਪੀਏਸੀ ਮੈਂਬਰ ਤੇ ਜਤਿੰਦਰ ਸਿੰਘ ਜੱਟ ਗਰੇਵਾਲ ਨੂੰ ਯੂਥ ਅਕਾਲੀ ਦਲ ਪੰਜਾਬ ਦਾ ਜਨਰਲ ਸਕੱਤਰ ਬਣਾਏ ਜਾਣ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜ਼ਿੰਮੇਵਾਰੀਆਂ ਪਾਰਟੀ ਲਈ ਲੰਬੇ ਸਮੇਂ ਤੋਂ ਕੀਤੀ ਮਿਹਨਤ ਤੇ ਸੇਵਾ ਦਾ ਸਨਮਾਨ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਸਾਰੇ ਆਗੂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਨਵ-ਨਿਯੁਕਤ ਅਹੁਦੇਦਾਰਾਂ ਨੇ ਇਸ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਹਲਕਾ ਇੰਚਾਰਜ ਐੱਸ. ਆਰ. ਕਲੇਰ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਣਗੇ। ਇਸ ਮੌਕੇ ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸੀਨੀਅਰ ਅਕਾਲੀ ਆਗੂ ਹਰੀ ਸਿੰਘ ਕਾਉਂਕੇ, ਮੈਨੇਜਰ ਗੁਰਪ੍ਰੀਤ ਸਿੰਘ ਕਾਉਂਕੇ ਤੇ ਯੂਥ ਆਗੂ ਗਗਨਦੀਪ ਸਿੰਘ ਸਰਨਾ ਆਦਿ ਹਾਜ਼ਰ ਸਨ।

## ਚੰਡੀਗੜ੍ਹ ਧਰਨੇ ਦੀ ਤਿਆਰੀ ਲਈ ਕਿਸਾਨਾਂ ਨੂੰ ਲਾਮਬੰਦ ਕਰਨ ਦੀ ਅਪੀਲ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਦੀ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ, ਸ਼ੇਰਪੁਰ ਦੇ ਬਲਾਕ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਤੇ ਸੂਬਾ ਸਕੱਤਰ ਰਛਪਾਲ ਸਿੰਘ ਦੋਹਲਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਸੰਯੁਕਤ ਕਿਸਾਨ ਮੋਰਚੇ ਦੇ 10 ਅਗਸਤ ਦੇ ਜੇਲ੍ਹ ਭਰੋ ਅੰਦੋਲਨ ਅਤੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਆਗੂਆਂ ਤੇ ਜਥੇਬੰਦੀਆਂ ਦਾ ਧੰਨਵਾਦ ਕੀਤਾ ਗਿਆ।ਆਗੂਆਂ ਨੇ ਦੱਸਿਆ ਕਿ ਚੰਡੀਗੜ੍ਹ ਵਿੱਚ 1 ਤੋਂ 7 ਸਤੰਬਰ ਤੱਕ ਲੱਗਣ ਵਾਲੇ ਧਰਨੇ ਲਈ ਕਿਸਾਨ ਟਰੈਕਟਰ-ਟਰਾਲੀਆਂ, ਰਸਦਾਂ ਅਤੇ ਬੈਨਰਾਂ ਸਮੇਤ ਪਹੁੰਚਣ।ਉਨ੍ਹਾਂ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਐੱਮਐੱਸਪੀ ਦੀ ਕਾਨੂੰਨੀ ਗਾਰੰਟੀ, ਕਰਜ਼ਾ ਮੁਆਫ਼ੀ, ਕਾਲੇ ਕਾਨੂੰਨਾਂ ਤੇ ਬਿਜਲੀ ਅਤੇ ਬੀਜ ਸੋਧ ਬਿੱਲ ਰੱਦ ਕਰਨ ਦੀ ਮੰਗ ਕੀਤੀ।ਪੰਜਾਬ ਦੇ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਦੇਣ ਦੀ ਵੀ ਮੰਗ ਕੀਤੀ ਗਈ।

## ਸੁਪਰੀਮ ਇੰਟਰਨੈਸ਼ਨਲ ਸਕੂਲ 'ਚ ਅਜ਼ਾਦੀ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਵਿਖੇ ਸੁਤੰਤਰਤਾ ਦਿਵਸ ਬੜੇ ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਸੰਬੰਧੀ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡਾਇਰੈਕਟਰ ਮੋਹਨੀਸ ਮਿਸ਼ਾ, ਸਰਦਾਰਨੀ ਜਸਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਾਉਣਾ ਸੀ।ਇਹ ਦਿਨ ਸਾਨੂੰ ਸਾਡੇ ਸੰਵਿਧਾਨ, ਲੋਕਤੰਤਰੀ ਕਦਰਾਂ-ਕੀਮਤਾਂ ਤੇ ਦੇਸ਼ ਦੀ ਏਕਤਾ ਦੀ ਯਾਦ ਦਿਵਾਉਂਦਾ ਹੈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਉੱਪਰ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ।ਸੰਸਥਾ ਦੇ ਡਾਇਰੈਕਟਰ ਸ੍ਰੀ ਮੋਹਨੀਸ਼ ਮਿਸ਼ਾ ਨੇ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੇ ਮਹੱਤਵ ਬਾਰੇ ਦੱਸਦਿਆਂ ਉਹਨਾਂ ਨੂੰ ਸੰਵਿਧਾਨ ਦੇ ਮੂਲ ਸਿਧਾਂਤ ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ ਤੇ ਉਨ੍ਹਾਂ ਨੇ ਇੱਕ ਜ਼ਿੰਮੇਵਾਰ ਨਾਗਰਿਕ ਬਣ ਕੇ ਆਪਣੇ ਦੇਸ਼ ਨੂੰ ਤਰੱਕੀ ਦੇ ਰਾਹ 'ਤੇ ਲੈ ਕੇ ਜਾਣਾ ਹੈ।

## ਬਾਬਾ ਫ਼ਰੀਦ ਲਾਅ ਕਾਲਜ 'ਚ ਮਨਾਇਆ ਅਜ਼ਾਦੀ ਦਿਹਾੜਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਲਾਅ ਕਾਲਜ ਵਿਖੇ ਸੰਸਥਾਪਕ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਜੀ ਦੁਆਰਾ ਪਾਈਆਂ ਪੂਰਨਮਈ ਰਵਾਇਤਾਂ ਨੂੰ ਅੱਗੇ ਵਧਾਉਂਦੇ ਹੋਏ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਯੋਗ ਅਗਵਾਈ ਹੇਠ ਦੇਸ਼ ਦਾ 80ਵਾਂ ਸੁਤੰਤਰਤਾ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਵਿੱਚ ਕਾਲਜ ਮੈਨੇਜਿੰਗ ਕਮੇਟੀ ਦੇ ਵਿਸ਼ੇਸ਼ ਮੈਂਬਰ ਸੁਰਿੰਦਰ ਸਿੰਘ ਰੋਮਾਣਾ ਤੇ ਦੀਪਇੰਦਰ ਸਿੰਘ ਸੇਖੋਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਕਾਲਜ ਦੇ ਐਨ.ਸੀ.ਸੀ. ਕੈਡਿਟਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰ ਕੇ ਸਮਾਗਮ ਦੀ ਸ਼ਾਨ ਵਧਾਈ।ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।ਆਪਣੇ ਸੰਬੋਧਨ ਵਿੱਚ ਉਨ੍ਹਾਂ ਕਾਲਜ ਮੈਨੇਜਿੰਗ ਕਮੇਟੀ ਦੇ ਆਏ ਮੈਂਬਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਨੌਜਵਾਨਾਂ ਦੀ ਆਵਾਜ਼ ਨੂੰ ਪਛਾਣੇ ਮੋਦੀ ਸਰਕਾਰ: ਸੀ ਪੀ ਆਈ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਰਾਮਲੀਲਾ ਮੈਦਾਨ ਦਿੱਲੀ ਵਿਖੇ ਪਹਿਲੀ ਸਤੰਬਰ ਨੂੰ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਦਾ ਮੁੱਖ ਮਕਸਦ ਦੇਸ਼ ਅਤੇ ਪੰਜਾਬ ਦੇ ਲੋਕਾਂ ਦੇ ਜਨਤਕ ਮੁੱਦੇ ਜਿਵੇਂ ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਮਾੜੀਆਂ ਆਰਥਿਕ ਨੀਤੀਆਂ, ਸਿੱਖਿਆ ਦੀ ਨਿੱਘਰ ਰਹੀ ਹਾਲਤ ਨੂੰ ਲੈ ਕੇ ਲੋਕਾਂ ਦੀ ਲਾਮਬੰਦੀ ਲਈ ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਵੱਲੋਂ ਸਾਰੇ ਜ਼ਿਲਿਆਂ, ਬਲਾਕਾਂ, ਬਰਾਂਚਾਂ ਵਿੱਚ ਜਥੇ ਮਾਰਚ ਕੱਢੇ ਜਾ ਰਹੇ ਹਨ। ਪਿੰਡ ਪਿੰਡ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਬਲਾਕ ਵਲਟੋਹਾ, ਅਮਰਕੋਟ, ਖੇਮਕਰਨ ਅਤੇ ਵਿਖੇ ਜਥਾ ਮਾਰਚ ਕੱਢ ਕੇ ਤੇ ਮੀਟਿੰਗਾਂ ਕਰਕੇ ਪ੍ਰਚਾਰ ਕੀਤਾ ਗਿਆ।ਜਥੇ ਨੂੰ ਜ਼ਿਲ੍ਹੇ ਦੀ ਲੀਡਰਸ਼ਿਪ ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਕਾਰ ਵਲਟੋਹਾ, ਦਵਿੰਦਰ ਸੋਹਲ, ਸੁਰਿੰਦਰ ਸਿੰਘ ਬਿੱਲਾ, ਘੁੱਕ ਸਿੰਘ ਵੇਈਂਪੂਈਂ, ਸਕੱਤਰ ਕਿਰਨਜੀਤ ਕੌਰ ਵਲਟੋਹਾ, ਮੀਤ ਸਕੱਤਰ ਜੰਗੀਰ ਸਿੰਘ, ਰਣਜੀਤ ਸਿੰਘ ਬਹਾਦਰ ਨਗਰ ਦੀ ਅਗਵਾਈ ਵਿੱਚ ਪਿੰਡਾਂ ਅਤੇ ਬਰਾਂਚਾਂ ਵਿੱਚ ਲਿਜਾਇਆ ਗਿਆ।ਆਗੂਆਂ ਨੇ ਬੋਲਦਿਆਂ ਕਿਹਾ ਕਿ ਪਿਛਲੇ ਮਹੀਨੇ ਦੇਸ਼ ਦੀ ਚੜ੍ਹਦੀ ਜਵਾਨੀ ਵੱਲੋਂ ਮੋਦੀ ਸਰਕਾਰ ਦੀ ਧੌਣ 'ਚੋਂ ਜਿਹੜਾ ਕਿੱਲਾ ਕੱਢਿਆ ਹੈ, ਮੋਦੀ ਸਰਕਾਰ ਉਸਨੂੰ ਧਿਆਨ ਨਾਲ ਸਮਝੇ।ਹੁਣ ਮੋਦੀ ਸਰਕਾਰ ਆਪਣੇ ਝੂਠੇ ਪ੍ਰਚਾਰ ਰਾਹੀਂ ਨੌਜਵਾਨਾਂ ਨੂੰ ਗੁਮਰਾਹ ਨਹੀਂ ਕਰ ਸਕਦੀ, ਅੱਜ ਦੀ ਨੌਜਵਾਨ ਪੀੜ੍ਹੀ ਪੜ੍ਹੀ ਲਿਖੀ ਅਤੇ ਸੂਝਵਾਨ ਹੈ। ਅੱਜ ਦੇਸ਼ ਦੇ ਬਚਪਨ ਨੂੰ ਪੜਾਈ ਤੇ ਜਵਾਨੀ ਕੰਮ/ਰੁਜ਼ਗਾਰ ਦੀ ਲੋੜ ਹੈ। ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਹਿਲੀ ਸਤੰਬਰ ਦੀ ਰੈਲੀ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਤਾਂ ਜੋ ਰੈਲੀ ਨੂੰ ਸਫਲ ਕੀਤਾ ਜਾ ਸਕੇ। ਪ੍ਰੋਗਰਾਮਾਂ ਵਿੱਚ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਅਮਰਕੋਟ, ਬਲਦੇਵ ਸਿੰਘ ਰਾਜੋ ਕੇ, ਜਸ ਅਮਰਕੋਟ, ਲਵੀ ਅਮਰਕੋਟ, ਦਲੀਪ ਸਿੰਘ ਲਾਖਨਾ, ਅਨੂਪ ਸਿੰਘ, ਡੋਲਾ ਖੇਮਕਰਨ, ਸੁਖਦੇਵ ਸਿੰਘ ਮਨਾਵਾਂ, ਹਰਜਿੰਦਰ ਸਿੰਘ ਮਹਿਦੀਪੁਰ, ਕਾਰਜ ਸਿੰਘ ਭੰਗੂਆਣਾ, ਸੁਖਦੇਵ ਸਿੰਘ ਖੇਮਕਰਨ, ਮੇਜਰ ਸਿੰਘ ਨੌਸ਼ਹਿਰਾ, ਬੀਰ ਸਿੰਘ ਖੇਮਕਰਨ, ਰਣਜੀਤ ਸਿੰਘ ਕੋਟਲੀ, ਲਾਲ ਸਿੰਘ ਵਲਟੋਹਾ, ਜੋਗਿੰਦਰ ਸਿੰਘ ਵਲਟੋਹਾ, ਜੋਧਾ ਕੋਟਲੀ, ਗੁਰਲਾਲ ਸਿੰਘ, ਹਰਵੇਲ ਸਿੰਘ, ਗੁਰਪ੍ਰਤਾਪ ਸਿੰਘ, ਗੁਰਸੇਵਕ ਸਿੰਘ, ਹਰਵਿੰਦਰ ਸਿੰਘ, ਦਲਵਿੰਦਰ ਸਿੰਘ, ਜਸਵੰਤ ਸਿੰਘ, ਸੁਖਵਿੰਦਰ ਸਿੰਘ, ਦਲਜੀਤ ਸਿੰਘ, ਨਵਜੀਤ ਸਿੰਘ, ਅਮਰੀਕ ਸਿੰਘ, ਗੁਰਨਾਮ ਸਿੰਘ ਵਲਟੋਹਾ, ਵਿਸ਼ਾਲਦੀਪ ਸਿੰਘ ਵਲਟੋਹਾ ਆਦਿ ਹਾਜ਼ਰ ਸਨ।

# ਔਰਤ ਦੀ ਮੌਤ ਦੇ ਮਾਮਲੇ 'ਚ ਵਰੁਣ ਕੁਮਾਰ ਉਰਫ਼ ਕਾਲੂ ਗ੍ਰਿਫ਼ਤਾਰ, ਚਾਕੂ ਤੇ ਰਾਡ ਬਰਾਮਦ



ਪਠਾਨਕੋਟ, (ਦਵਿੰਦਰ ਸਿੰਘ): ਘੜਬੱਲੀ ਮੁਹੱਲੇ ਵਿੱਚ ਸੱਟਾਂ ਲੱਗਣ ਕਾਰਨ ਔਰਤ ਦੀ ਮੌਤ ਦੇ ਮਾਮਲੇ ਵਿੱਚ ਪਠਾਨਕੋਟ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਨਾਮਜ਼ਦ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਪੁਲਸ ਨੇ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਵਾਰਦਾਤ ਵਿੱਚ ਵਰਤਿਆ ਚਾਕੂ ਅਤੇ ਰਾਡ ਸਮੇਤ ਕਈ ਅਹਿਮ ਸਾਮਾਨ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।ਪਠਾਨਕੋਟ ਪੁਲਸ ਦੇ ਬੁਲਾਰੇ ਅਨੁਸਾਰ 17 ਅਗਸਤ ਨੂੰ ਥਾਣਾ ਡਵੀਜ਼ਨ ਨੰਬਰ-1 ਦੀ ਪੁਲਸ ਗਸ਼ਤੀ ਅਹਾਤਾ ਚੌਕ ਵਿੱਖੇ ਮਾੜੇ ਅਨਸਰਾਂ ਦੀ ਭਾਲ ਸਬੰਧੀ ਮੌਜੂਦ ਸੀ।ਇਸ ਦੌਰਾਨ ਪੁਲਸ ਨੂੰ ਸੂਚਨਾ ਮਿਲੀ ਕਿ ਘੜਬੱਲੀ ਮੁਹੱਲਾ, ਰਾਮਲੀਲਾ ਗਰਾਊਂਡ ਦੇ ਸਾਹਮਣੇ ਰਹਿਣ ਵਾਲੀ ਆਸ਼ਾ ਪਤਨੀ ਸੁਭਾਸ਼ ਚੰਦਰ ਨੂੰ ਕਿਸੇ ਵਿਅਕਤੀ ਵੱਲੋਂ ਸੱਟਾਂ ਮਾਰੀਆਂ ਗਈਆਂ ਹਨ। ਆਸ਼ਾ ਨੂੰ ਇਲਾਜ ਲਈ ਰਾਜ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਘਟਨਾ ਦੀ ਸੂਚਨਾ ਮਿਲਦੇ 'ਤੇ ਸੀਨੀਅਰ ਪੁਲਸ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਮੁਆਇਨਾ ਕੀਤਾ।ਇਸ ਮਾਮਲੇ ਸਬੰਧੀ ਥਾਣਾ ਡਵੀਜ਼ਨ ਨੰਬਰ-1 ਪਠਾਨਕੋਟ ਵਿਖੇ ਮੁਕੱਦਮਾ ਨੰਬਰ 122, ਮਿਤੀ 18-08-2026, ਧਾਰਾ 103, 304 ਬੀਐੱਨਐੱਸ ਤਹਿਤ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਗਈ।ਪੁਲਸ ਟੀਮਾਂ ਨੇ ਹਿਊਮਨ ਇੰਟੈਲੀਜੈਂਸ ਅਤੇ ਤਕਨੀਕੀ ਸਹਾਇਤਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਵਰੁਣ ਕੁਮਾਰ ਉਰਫ਼ ਕਾਲੂ ਪੁੱਤਰ ਵਿਜੇ ਕੁਮਾਰ, ਵਾਸੀ ਘੜਬੱਲੀ ਮੁਹੱਲਾ, ਰਾਮਲੀਲਾ ਗਰਾਊਂਡ ਦੇ ਸਾਹਮਣੇ, ਪਠਾਨਕੋਟ ਨੂੰ ਗ੍ਰਿਫ਼ਤਾਰ ਕਰ ਲਿਆ।ਮੁਲਜ਼ਮ ਕੋਲੋਂ ਵਾਰਦਾਤ ਵਿੱਚ ਵਰਤਿਆ ਗਿਆ ਇੱਕ ਚਾਕੂ, ਇੱਕ ਰਾਡ ਅਤੇ ਉਹ ਕੱਪੜਾ ਬਰਾਮਦ ਕੀਤਾ ਗਿਆ ਹੈ, ਜਿਸ ਨਾਲ ਮੁਲਜ਼ਮ ਨੇ ਕਥਿਤ ਤੌਰ 'ਤੇ ਆਪਣਾ ਮੂੰਹ ਢੱਕਿਆ ਹੋਇਆ ਸੀ।ਪੁਲਸ ਮੁਤਾਬਕ ਮੁਲਜ਼ਮ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਲਿਆ ਜਾਵੇਗਾ।

# ਵਿਆਹ ਪੁਰਬ ਸਮਾਗਮਾਂ ਨੂੰ ਲੈ ਕੇ ਸ਼ੈਰੀ ਕਲਸੀ ਤੇ ਡੀਸੀ ਆਦਿੱਤਿਆ ਉੱਪਲ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ



ਬਟਾਲਾ, (ਡਾ. ਮਲਵਿੰਦਰ ਸਿੰਘ)-ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਵੱਲੋਂ ਨਗਰ ਕੀਰਤਨ ਦੇ ਰੂਟ ਸਮੇਤ ਸ਼ਹਿਰ ਦਾ ਦੌਰਾ ਵੀ ਕੀਤਾ ਗਿਆ। ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮੇਂ ਸਿਰ ਤਿਆਰੀਆਂ ਮੁਕੰਮਲ ਕਰਨ ਦੀ ਹਦਾਇਤ ਕੀਤੀ।ਇਸ ਮੌਕੇ ਡਾ. ਮਹਿਤਾਬ ਸਿੰਘ ਐੱਸ ਐੱਸ ਪੀ ਬਟਾਲਾ, ਗੁਰਸਿਮਰਨ ਸਿੰਘ ਢਿੱਲੋਂ ਕਮਿਸ਼ਨਰ ਨਗਰ ਨਿਗਮ ਬਟਾਲਾ, ਚੇਅਰਮੈਨ ਯਸ਼ਪਾਲ ਚੌਹਾਨ, ਭੁਪਿੰਦਰ ਸਿੰਘ, ਮੇਅਰ ਨਗਰ ਨਿਗਮ ਬਟਾਲਾ, ਚੇਅਰਮੈਨ ਮਾਣਿਕ ਮਹਿਤਾ ਅਤੇ ਐੱਸ. ਡੀ. ਐੱਮ ਬਟਾਲਾ ਸਰਪ੍ਰੀਤ ਸਿੰਘ ਵੀ ਮੌਜੂਦ ਸਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ 18 ਸਤੰਬਰ ਨੂੰ ਵਿਆਹ ਪੁਰਬ ਸਮਾਗਮ ਮਨਾਇਆ ਜਾਣਾ ਹੈ ਅਤੇ ਸਮਾਗਮ ਵਿੱਚ ਬਟਾਲਾ ਵਿਖੇ ਵੱਡੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਸੰਗਤਾਂ ਆਉਂਦੀਆਂ ਹਨ ਅਤੇ ਉਨ੍ਹਾਂ ਦੀਆਂ ਸਹੂਲਤ ਅਤੇ ਆਵਾਜਾਈ ਆਦਿ ਨੂੰ ਮੁੱਖ ਰੱਖਦਿਆਂ ਸੁਚੱਜੇ ਪ੍ਰਬੰਧ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੇ ਰੂਟ ਦਾ ਨਿਰੀਖਣ ਕੀਤਾ ਗਿਆ ਹੈ ਤੇ ਵੱਖ-ਵੱਖ ਸਬੰਧਤ ਅਧਿਕਾਰੀਆਂ ਨੂੰ ਵਿਕਾਸ ਕੰਮ ਮੁਕੰਮਲ ਕਰਨ ਦੇ ਨਿਰਦੇਸ਼-ਦਿੱਤੇ ਗਏ। ਉਨ੍ਹਾਂ ਕਿਹਾ ਵਿਆਹ ਪੁਰਬ ਦੇ ਸਮਾਗਮ ਪੂਰੇ ਉਤਸ਼ਾਹ ਤੇ ਜਾਹੋ ਜਲਾਲ ਨਾਲ ਮਨਾਏ ਜਾਣਗੇ।ਡੀਸੀ ਉੱਪਲ ਨੇ ਕਿਹਾ ਕਿ ਨਗਰ ਕੀਰਤਨ ਦੇ ਰੂਟ ਅਤੇ ਸ਼ਹਿਰ ਅੰਦਰ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਕੰਮ ਕਰਵਾਏ ਜਾਣਗੇ।ਉਨ੍ਹਾਂ ਪਾਵਰਕਾਮ,ਪੀਡਬਲਿਊਡੀ, ਸੀਵਰੇਜ ਬੋਰਡ, ਨਗਰ ਨਿਗਮ ਬਟਾਲਾ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮੁੱਚੇ ਰੂਟ ਅਤੇ ਸ਼ਹਿਰ ਵਿੱਚ ਲੋੜੀਂਦੇ ਸਾਰੇ ਕੰਮ ਪੂਰੇ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਵਿਆਹ ਪੁਰਬ ਸਮਾਗਮ ਪੂਰੀ ਧੂਮ ਧਾਮ ਨਾਲ ਮਨਾਏ ਜਾਣਗੇ।ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੇ ਰੂਟ ਸਮੇਤ ਸਮੁੱਚੇ ਬਟਾਲਾ ਸ਼ਹਿਰ ਨੂੰ ਸ਼ਾਨਦਾਰ ਤਰੀਕੇ ਨਾਲ ਸਜਾਇਆ ਜਾਵੇਗਾ, ਸ਼ਹਿਰ ਦੇ ਚੌਕਾਂ ਵਿੱਚ ਸ਼ਾਨਦਾਰ ਸਵਾਗਤੀ ਗੇਟ ਬਣਾਏ ਜਾਣਗੇ ਤੇ ਰੰਗ ਬਿਰੰਗੀਆਂ ਲੜੀਆਂ ਦੀ ਸਜਾਵਟ ਕੀਤੀ ਜਾਵੇਗੀ।ਇਸ ਮੌਕੇ ਮਿਸ਼ਨ ਪ੍ਰਭਜੋਤ ਕੌਰ ਐੱਸ ਪੀ (ਐੱਚ), ਸੀਨੀਅਰ ਆਗੂ ਪਲਵਿੰਦਰ ਸਿੰਘ ਲੰਬੜਦਾਰ, ਅਰਜਨ ਸਿੰਘ ਗਰੇਵਾਲ ਤਹਿਸੀਲਦਾਰ, ਤੇਜਿੰਦਰਪਾਲ ਸਿੰਘ ਡੀ.ਐੱਸ.ਪੀ, ਐਕਸੀਅਨ ਨਿਰਮਲ ਸਿੰਘ, ਜੀ ਈ ਰੋਹਿਤ ਉੱਪਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਫਲਾਈਟ ਲੈਫਟੀਨੈਂਟ ਅਰਸ਼ਦੀਪ ਸਿੰਘ ਨੂੰ ਵਧਾਈ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਯੂਕੇ ਦੀ ਹਵਾਈ ਫ਼ੌਜ ਵਿੱਚ ਲੰਮੇ ਸਮੇਂ ਬਾਅਦ ਸਿੱਖ ਫਲਾਈਟ ਲੈਫਟੀਨੈਂਟ ਵਜੋਂ ਉੱਚ ਅਹੁਦਾ ਹਾਸਲ ਕਰਨ ਲਈ ਪੰਜਾਬੀ ਮੂਲ ਦੇ ਸਾਊਥਾਲ, ਯੂਕੇ ਵਿੱਚ ਰਹਿਣ ਵਾਲੇ ਸ. ਅਰਸ਼ਦੀਪ ਸਿੰਘ ਅਤੇ ਉਨ੍ਹਾਂ ਦੇ ਮਾਪਿਆਂ ਸ. ਜਗਦੀਪ ਸਿੰਘ ਅਤੇ ਬੀਬੀ ਗਗਨਦੀਪ ਕੌਰ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅਜਿਹਾ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਹੋਇਆ ਹੈ ਕਿ ਇੱਕ ਸਿੱਖ ਨੇ ਯੂਕੇ ਦੀ ਹਵਾਈ ਫ਼ੌਜ ਵਿੱਚ ਉੱਚ ਅਹੁਦਾ ਹਾਸਲ ਕੀਤਾ ਹੈ।

## ਰੀਅਲਮੀ ਨੇ ਰੀਅਲਮੀ 16 ਐਕਸ 5ਜੀ ਸਮਾਰਟਫੋਨ ਕੀਤਾ ਲਾਂਚ

ਅੰਮ੍ਰਿਤਸਰ : ਰੀਅਲਮੀ ਨੇ ਆਪਣੀ ਨੰਬਰ ਸੀਰੀਜ਼ ਵਿੱਚ ਰੀਅਲਮੀ 16ਐਕਸ 5ਜੀ ਸਮਾਰਟਫੋਨ ਲਾਂਚ ਕੀਤਾ ਹੈ।ਫੋਨ ਵਿੱਚ 70001 ਬੈਟਰੀ, 45 ਸੁਪਰਵੂਕ ਫਾਸਟ ਚਾਰਜਿੰਗ ਅਤੇ 144ਹ ਡਿਸਪਲੇਅ ਦਿੱਤੀ ਗਈ ਹੈ।ਇਸ ਵਿੱਚ ਮੀਡੀਆਟੈੱਕ ਡਾਇਮੈਂਸਿਟੀ 6300 5ਜੀ ਚਿਪਸੈੱਟ, 18ਜੀਬੀ ਤੱਕ ਡਾਇਨਾਮਿਕ ਰੈਮ ਅਤੇ 25672 ਤੱਕ ਸਟੋਰੇਜ ਮਿਲਦੀ ਹੈ। ਐਂਡਰਾਇਡ 16 ਆਧਾਰਿਤ ਰੀਅਲਮੀ ਯੂਆਈ 7.0 'ਤੇ ਚੱਲਣ ਵਾਲੇ ਫੋਨ ਵਿੱਚ 50$ ਏਆਈ ਕੈਮਰਾ ਅਤੇ ਗੇਮਿੰਗ ਲਈ ਜੀਟੀ ਬੂਸਟ ਤੇ ਹਾਈਪਰ ਕੂਲਿੰਗ ਵਰਗੇ ਫੀਚਰ ਹਨ।4ਜੀਬੀ +128ਜੀਬੀ ਮਾਡਲ ਦੀ ਕੀਮਤ 23,999 ਤੋਂ ਸ਼ੁਰੂ ਹੁੰਦੀ ਹੈ। ਫੋਨ ਗਲੇਸ਼ੀਅਰ ਵ੍ਹਾਈਟ ਅਤੇ ਐਂਡਿਊਰੈਂਸ ਬ੍ਰਾਊਨ ਰੰਗਾਂ ਵਿੱਚ ਉਪਲਬਧ ਹੈ।ਕੰਪਨੀ ਮੁਤਾਬਕ ਬੈਟਰੀ 1600 ਚਾਰਜਿੰਗ ਸਾਈਕਲਾਂ ਤੋਂ ਬਾਅਦ ਵੀ 80 ਫੀਸਦੀ ਸਿਹਤ ਬਰਕਰਾਰ ਰੱਖਣ ਲਈ ਤਿਆਰ ਕੀਤੀ ਗਈ ਹੈ।

## ਐੱਸ ਆਰ ਜੀ ਸੀ ਡਬਲਿਊ ਕਾਲਜ ਅੰਮ੍ਰਿਤਸਰ ਵਿਖੇ ਕਿਰਨਜੀਤ ਨੇ ਲਹਿਰਾਇਆ ਕੌਮੀ ਝੰਡਾ



ਤਰਨਤਾਰਨ (ਪ੍ਰਿਤਪਾਲ ਸਿੰਘ)-ਐੱਸ. ਆਰ. ਜੀ. ਸੀ. ਡਬਲਿਊ. ਕਾਲਜ ਫਾਰ ਵੂਮੈਨ, ਅੰਮ੍ਰਿਤਸਰ ਵਿਖੇ ਦੇਸ਼ਭਗਤੀ ਅਤੇ ਰਾਸ਼ਟਰੀ ਭਾਵਨਾ ਨਾਲ ਭਰਪੂਰ ਮਾਹੌਲ ਵਿੱਚ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਕਿਰਨਜੀਤ ਕੌਰ ਬਲ ਵੱਲੋਂ ਕੌਮੀ ਝੰਡਾ ਲਹਿਰਾਇਆ ਗਿਆ।ਹਾਜ਼ਰ ਸਟਾਫ਼ ਅਤੇ ਹੋਰ ਪਤਵੰਤਿਆਂ ਨੇ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਅਤੇ ਦੇਸ਼ ਦੀ ਏਕਤਾ, ਅਖੰਡਤਾ ਤੇ ਮਾਣ-ਸਨਮਾਨ ਨੂੰ ਕਾਇਮ ਰੱਖਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਕਾਲਜ ਦਾ ਸਮੁੱਚਾ ਵਾਤਾਵਰਨ ਦੇਸ਼ਭਗਤੀ ਦੇ ਜਜ਼ਬੇ ਨਾਲ ਭਰਿਆ ਹੋਇਆ ਨਜ਼ਰ ਆਇਆ।ਸਟਾਫ਼ ਮੈਂਬਰਾਂ ਅਤੇ ਹੋਰ ਸ਼ਖ਼ਸੀਅਤਾਂ ਨੇ ਕੌਮੀ ਝੰਡੇ ਪ੍ਰਤੀ ਸਤਿਕਾਰ ਪ੍ਰਗਟ ਕਰਦਿਆਂ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਕਲਪ ਲਿਆ।ਕੌਮੀ ਝੰਡੇ ਦੀ ਸ਼ਾਨ ਨੂੰ ਸਮਰਪਿਤ ਇਸ ਸਮਾਗਮ ਨੇ ਹਾਜ਼ਰੀਨ ਵਿੱਚ ਦੇਸ਼ ਪ੍ਰਤੀ ਪਿਆਰ, ਸਤਿਕਾਰ ਅਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।

## ਮੱਦੇਪੁਰ 'ਚ ਮੁਫ਼ਤ ਜਾਂਚ ਕੈਂਪ ਲਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ) ਸਰਕਾਰੀ ਐਲੀਮੈਂਟਰੀ ਸਕੂਲ ਮੱਦੇਪੁਰ ਨਜ਼ਦੀਕ ਖਿਲਚੀਆਂ ਬਲਾਕ ਰਈਆ ਵਿਖੇ ਡਾਕਟਰ ਓਮ ਪ੍ਰਕਾਸ਼ ਆਈ ਹਸਪਤਾਲ ਅੰਮ੍ਰਿਤਸਰ ਵੱਲੋਂ ਰਜਿੰਦਰ ਸਿੰਘ ਸਹੋਤਾ ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈੱਲਪਲਾਈਨ ਅਤੇ ਐਂਟੀ ਕੁਰੱਪਸ਼ਨ, ਸੁਖਵਿੰਦਰ ਸਿੰਘ ਮੱਤੇਵਾਲ ਪ੍ਰਧਾਨ ਸਮਾਜ ਸੇਵਕ ਸਭਾ ਰਈਆ, ਸੁਖਰਾਜ ਸਿੰਘ, ਰਮਿੰਦਰ ਸਿੰਘ ਰੋਮੀ, ਮਾਸਟਰ ਹਰਜੋਤ ਸਿੰਘ, ਮਾਸਟਰ ਕਵਲਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ ਕੈਨੇਡੀ, ਜੋਬਨਪ੍ਰੀਤ ਸਿੰਘ, ਭੁਪਿੰਦਰ ਸਿੰਘ, ਬਾਬਾ ਸੁੱਚਾ ਸਿੰਘ, ਰੋਸ਼ਨ ਲਾਲ, ਮਹਿੰਦਰ ਕੁਮਾਰ, ਪਰਮੀਸ਼ ਕੁਮਾਰ, ਈਸ਼ਵਰਪ੍ਰੀਤ ਸਿੰਘ ਸਹੋਤਾ, ਸੁਖਰਾਜ ਸਿੰਘ, ਡਾ. ਓਮ ਪ੍ਰਕਾਸ਼ ਦੇ ਡਾਕਟਰਾਂ ਦੀ ਟੀਮ ਜਿਸ ਵਿੱਚ ਡਾ. ਰਜ਼ੀਆ ਬਾਨੂੰ, ਡਾ. ਰੀਆ, ਡਾ. ਤਰਨਜੀਤ ਸਿੰਘ, ਡਾ. ਸੂਬੀਕਾ ਆਦਿ ਦੇ ਸਹਿਯੋਗ ਨਾਲ ਇਹ ਕੈਂਪ ਲਗਾਇਆ ਗਿਆ। ਇਸ ਵਿੱਚ 125 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ। 30 ਮਰੀਜ਼ਾਂ ਦੇ ਅੱਖਾਂ ਦੇ ਅਪਰੇਸ਼ਨ ਕੀਤੇ ਜਾਣਗੇ, ਬਾਕੀ ਮਰੀਜ਼ਾਂ ਨੂੰ ਦਾਰੂ ਅਤੇ ਐਨਕਾਂ ਦੇ ਕੇ ਉਹਨਾਂ ਦੀਆਂ ਅੱਖਾਂ ਨੂੰ ਠੀਕ ਕਰਨ ਦਾ ਉਪਰਾਲਾ ਕੀਤਾ ਗਿਆ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਵੱਲੋਂ ਸੰਗਤਾਂ ਦੇ ਬਲੱਡ ਟੈਸਟ ਕੀਤੇ ਗਏ। ਸੰਸਥਾ ਵੱਲੋਂ ਮਾਰਕੀਟ ਨਾਲੋਂ 75 ਫੀਸਦੀ ਘੱਟ ਰੇਟਾਂ 'ਤੇ ਟੈਸਟ ਕੀਤੇ ਜਾਂਦੇ ਹਨ। ਕੈਂਪ ਵਿੱਚ ਲੱਗਭੱਗ 55 ਲੋਕਾਂ ਦੇ ਬਲੱਡ ਟੈਸਟ, ਯੂਰਨ ਟੈਸਟ, ਫੁੱਲ ਬਾਡੀ ਟੈਸਟ ਕੀਤੇ ਗਏ।

## ਇਨਕਮ ਟੈਕਸ ਦਫ਼ਤਰ ਵਿਖੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਸੁਤੰਤਰਤਾ ਦਿਹਾੜਾ



ਤਰਨਤਾਰਨ (ਪ੍ਰਿਤਪਾਲ ਸਿੰਘ)-ਇਨਕਮ ਟੈਕਸ ਦਫਤਰ ਦਾ ਅਹਾਤਾ ਦੇਸ਼ ਭਗਤੀ ਦੇ ਜੋਸ਼ ਨਾਲ ਗੂੰਜ ਉੱਠਿਆ, ਜਿੱਥੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਕੀਲਾਂ ਨੇ ਉਤਸ਼ਾਹ ਅਤੇ ਭਾਈਚਾਰਕ ਸਾਂਝ ਨਾਲ ਭਾਰਤ ਦਾ ਸੁਤੰਤਰਤਾ ਦਿਵਸ ਮਨਾਇਆ।ਸਮਾਗਮ ਦੀ ਸ਼ੁਰੂਆਤ ਆਈ.ਟੀ.ਓ. ਆਕਾਸ਼ਦੀਪ ਜੰਡਾ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਅਤੇ ਨਾਗਰਿਕਾਂ ਨੂੰ ਇਮਾਨਦਾਰੀ ਨਾਲ ਟੈਕਸ ਅਦਾ ਕਰਕੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦਾ ਸੁਨੇਹਾ ਦੇਣ ਨਾਲ ਹੋਈ।ਇਸ ਮੌਕੇ ਮੁੱਖ ਆਕਰਸ਼ਣ ਐਡਵੋਕੇਟ ਆਦੇਸ਼ ਅਗਨੀਹੋਤਰੀ ਦਾ ਪ੍ਰੇਰਨਾਦਾਇਕ ਸੰਬੋਧਨ ਸੀ, ਜਿਨ੍ਹਾਂ ਨੇ ਸੁਤੰਤਰਤਾ ਦਿਵਸ ਦੇ ਅਮੀਰ ਇਤਿਹਾਸ ਅਤੇ ਇਸਦੀ ਡੂੰਘੀ ਮਹੱਤਤਾ ਬਾਰੇ ਵਿਸਤਾਰ ਵਿੱਚ ਦੱਸਿਆ।ਆਜ਼ਾਦੀ ਘੁਲਾਟੀਆਂ ਦੀਆਂ ਮਹਾਨ ਕੁਰਬਾਨੀਆਂ ਨੂੰ ਯਾਦ ਕਰਦਿਆਂ, ਅਗਨੀਹੋਤਰੀ ਨੇ ਇੱਕ ਭਾਵੁਕ ਭਾਸ਼ਣ ਦਿੱਤਾ ਅਤੇ ਇੱਕ ਦੇਸ਼ ਭਗਤੀ ਦਾ ਗੀਤ ਗਾ ਕੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ, ਜਿਸ ਨਾਲ ਹਾਜ਼ਰੀਨ ਵਿੱਚ ਰਾਸ਼ਟਰੀ ਮਾਣ ਦੀ ਭਾਵਨਾ ਪੈਦਾ ਹੋਈ।ਇਸ ਸਮਾਗਮ ਵਿੱਚ ਪ੍ਰਮੁੱਖ ਅਧਿਕਾਰੀਆਂ, ਕਰਮਚਾਰੀਆਂ ਅਤੇ ਕਾਨੂੰਨੀ ਮਾਹਿਰਾਂ ਨੇ ਸਰਗਰਮੀ ਨਾਲ ਭਾਗ ਲਿਆ।ਸਮਾਗਮ ਵਿੱਚ ਹਾਜ਼ਰ ਪ੍ਰਮੁੱਖ ਵਿਅਕਤੀਆਂ ਵਿੱਚ ਇੰਸਪੈਕਟਰ ਧਰਮਿੰਦਰ ਕੁਮਾਰ, ਸੁਰਿੰਦਰ ਕੁਮਾਰ, ਗੁਰੂ ਨਰਾਇਣ, ਦਿਲਬਾਗ ਸਿੰਘ, ਮੋਨਿਕਾ, ਰਾਜ ਕੁਮਾਰ ਅਤੇ ਵਿਭੂਤੀ ਕੁਮਾਰ ਸ਼ਾਮਲ ਸਨ।ਸਮਾਗਮ ਦੀ ਸਮਾਪਤੀ ਮਠਿਆਈ ਵੰਡ ਕੇ ਅਤੇ ਕਰਮਚਾਰੀਆਂ ਵੱਲੋਂ ਰਾਸ਼ਟਰ ਦੇ ਮੁੱਲਾਂ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਦੀ ਸਾਂਝੀ ਸਹੁੰ ਚੁੱਕ ਕੇ ਕੀਤੀ ਗਈ।

# ਬਜ਼ੁਰਗਾਂ ਦੇ ਵਿਹੜੇ 'ਚ ਮਨਾਇਆ 80ਵਾਂ ਸੁਤੰਤਰਤਾ ਦਿਹਾੜਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਾਂਜਲਾਂਡੀ ਪਠਾਨਕੋਟ ਵਿੱਚ ਆਜ਼ਾਦੀ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ।ਮੁੱਖ ਮਹਿਮਾਨ ਦੇ ਤੌਰ 'ਤੇ ਸਤੀਸ਼ ਕੁਮਾਰ ਤੇ ਸਾਰਥੀ ਸੇਵਾ ਸਮਿਤੀ ਪਠਾਨਕੋਟ ਦੀ ਪ੍ਰਧਾਨ ਸ਼ਿਵਾਨੀ ਤੇ ਉਨ੍ਹਾਂ ਦੀ ਸਾਰੀ ਟੀਮ ਪਹੁੰਚੀ।ਉਨ੍ਹਾਂ ਤਿਰੰਗਾ ਲਹਿਰਾਉਣ ਦੀ ਰਸਮ ਪੂਰੀ ਕੀਤੀ। ਇਸ ਮੌਕੇ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਦੱਸਿਆ ਕਿ ਅੱਜ ਸਾਡੇ ਦੇਸ਼ ਨੂੰ ਆਜ਼ਾਦ ਹੋਇਆਂ 80 ਸਾਲ ਹੋ ਗਏ ਹਨ ਪਰ ਬੜੇ ਦੁੱਖ ਦੀ ਗੱਲ ਹੈ ਕਿ ਕੁੜੀਆਂ ਅੱਜ ਵੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਮਹਿਸੂਸ ਕਰ ਰਹੀਆਂ।ਬੱਚੇ ਅਤੇ ਬਜ਼ੁਰਗਾਂ ਵਿੱਚ ਬਹੁਤ ਅੰਤਰ ਦੇਖਣ ਨੂੰ ਮਿਲ ਰਿਹਾ ਹੈ, ਬੱਚੇ ਦਿਨੋਂ ਦਿਨ ਬਜ਼ੁਰਗਾਂ ਦਾ ਸਤਿਕਾਰ ਕਰਨਾ ਭੁਲ ਰਹੇ ਹਨ।ਉਨ੍ਹਾਂ ਨੂੰ ਘਰੋਂ ਬੇਘਰ ਕਰ ਰਹੇ ਹਨ।ਮੈਡਮ ਰੀਨਾ ਸ਼ਰਮਾ ਨੇ ਕਿਹਾ ਕਿ ਸਾਨੂੰ ਹਮੇਸ਼ਾ ਆਪਣੇ ਬਜ਼ੁਰਗਾਂ ਨੂੰ ਪਿਆਰ ਕਰਨਾ ਚਾਹੀਦਾ ਹੈ। ਇਸ ਮੌਕੇ ਪ੍ਰਧਾਨ ਸਤਨਾਮ ਸਿੰਘ, ਚੇਅਰਪਰਸਨ ਮੈਡਮ ਰੀਨਾ ਸ਼ਰਮਾ, ਕੋਆਰਡੀਨੇਟਰ ਇੰਦਰਜੀਤ ਕੌਰ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਸਾਰਥੀ ਸੇਵਾ ਸਮਿਤੀ ਸੰਸਥਾ ਪ੍ਰਧਾਨ ਸ਼ਿਵਾਨੀ ਸ਼ਰਮਾ, ਦੀਪਾਲੀ ਜੰਡਵਾਲਾ ਅਤੇ ਮੁੱਖ ਮਹਿਮਾਨ ਸਤੀਸ਼ ਕੁਮਾਰ, ਸਾਬਕਾ ਚੇਅਰਮੈਨ ਰਾਜ ਕੁਮਾਰ ਸਿਊਰਾ, ਅਭੀ, ਮਮਤਾ, ਸਵਿਤਾ, ਸੁਰਜੀਤ ਕੌਰ, ਆਸ਼ਾ ਰਾਣੀ, ਸ਼ਾਰਧਾ, ਵਿਪਨ ਕੁਮਾਰ ਅਤੇ ਓਮ ਰਾਜ ਆਦਿ ਮੌਜੂਦ ਸਨ।

## ਗੁਰਸਿੱਖ ਕਿਸਾਨ ਆਗੂ ਦੀ ਦਸਤਾਰ ਉਤਾਰੇ ਜਾਣ ਦੀ ਧਾਮੀ ਵੱਲੋਂ ਸਖ਼ਤ ਨਿੰਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਿੰਡ ਲਾਂਬੜਾ, ਤਹਿਸੀਲ ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਵਿਖੇ ਕਿਸਾਨੀ ਨਾਲ ਸਬੰਧਤ ਮਾਮਲੇ ਵਿਚ ਦੋ ਧਿਰਾਂ ਵਿਚਕਾਰ ਰਾਜੀਨਾਮਾ ਕਰਵਾਉਣ ਲਈ ਯਤਨ ਕਰ ਰਹੇ ਅੰਮ੍ਰਿਤਧਾਰੀ ਗੁਰਸਿੱਖ ਕਿਸਾਨ ਆਗੂ ਸ. ਹਰਗੁਰਚਰਨ ਸਿੰਘ ਸਿੱਧੂ ਦੀ ਦਸਤਾਰ ਉਤਾਰੇ ਜਾਣ ਦੀ ਘਟਨਾ ਦੀ ਸਖ਼ਤ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਘਰ ਅੰਦਰ ਕਿਸੇ ਵੀ ਵਿਅਕਤੀ ਨਾਲ ਹੁੱਲੜਬਾਜ਼ੀ ਕਰਨਾ ਅਤੇ ਖਾਸ ਕਰਕੇ ਕਿਸੇ ਅੰਮ੍ਰਿਤਧਾਰੀ ਗੁਰਸਿੱਖ ਦੀ ਪੱਗ ਉਤਾਰਨ ਦੀ ਕੋਸ਼ਿਸ਼ ਕਰਨਾ ਬੇਹੱਦ ਨਿੰਦਣਯੋਗ ਹੈ ਅਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖ ਦੀ ਪਹਿਚਾਣ ਹੈ, ਜਿਸ ਦਾ ਸਤਿਕਾਰ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਹਰੇਕ ਲਈ ਸਤਿਕਾਰ, ਸੇਵਾ ਅਤੇ ਭਾਈਚਾਰਕ ਸਾਂਝ ਦਾ ਕੇਂਦਰ ਹੈ। ਇਸ ਲਈ ਗੁਰਦੁਆਰਾ ਸਾਹਿਬ ਦੇ ਕੰਪਲੈਕਸ ਵਿੱਚ ਅਜਿਹੀ ਹੁੱਲੜਬਾਜ਼ੀ ਨੂੰ ਕਿਸੇ ਵੀ ਕੀਮਤ 'ਤੇ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਦਸਤਾਰ ਦੀ ਬੇਅਬਦੀ ਕਰਨ ਵਾਲੇ ਵਿਅਕਤੀਆਂ ਖਿਲਾਫ ਪ੍ਰਸ਼ਾਸਨ ਸਖ਼ਤ ਕਾਰਵਾਈ ਯਕੀਨੀ ਬਣਾਵੇ ਤਾਂ ਜੋ ਕੋਈ ਵੀ ਵਿਅਕਤੀ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰਨ ਦੀ ਹਿੰਮਤ ਨਾ ਕਰੇ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਵਿਲੱਖਣ ਯੋਗ ਤੇ ਧਿਆਨ ਕੈਂਪ ਦਾ ਆਯੋਜਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਆਪਣੇ ਸੰਪੂਰਨ ਸਿਹਤ ਪ੍ਰੋਗਰਾਮ 'ਆਰੋਗਿਆ' ਪ੍ਰੋਜੈਕਟ ਦੇ ਅੰਤਰਗਤ ਸਥਾਨਕ ਆਸ਼ਰਮ ਵਿਖੇ ਵਿਲੱਖਣ ਯੋਗ ਅਤੇ ਧਿਆਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਯੋਗ ਸਾਧਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵੱਖ-ਵੱਖ ਯੋਗ ਅਤੇ ਧਿਆਨ ਤਕਨੀਕਾਂ ਦਾ ਅਭਿਆਸ ਕੀਤਾ। ਇਸ ਮੌਕੇ ਦਿਵਯ ਗੁਰੂ ਸ਼੍ਰੀ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਯੋਗਾਚਾਰੀਆ ਸਵਾਮੀ ਵਿਗਿਆਨਾਨੰਦ ਨੇ ਯੋਗ ਸਾਧਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਯੋਗ ਭਾਰਤ ਦੀ ਪ੍ਰਾਚੀਨ ਰਿਸ਼ੀ ਪਰੰਪਰਾ ਦੀ ਇੱਕ ਅਨਮੋਲ ਵਿਰਾਸਤ ਹੈ, ਜਿਸਨੇ ਪੂਰੇ ਵਿਸ਼ਵ ਨੂੰ ਇੱਕ ਸਿਹਤਮੰਦ ਅਤੇ ਸੰਤੁਲਿਤ ਜੀਵਨ ਜੀਣ ਦਾ ਮਾਰਗ ਦਿਖਾਇਆ ਹੈ।ਉਨ੍ਹਾਂ ਦੱਸਿਆ ਕਿ ਅੰਤਰਰਾਸ਼ਟਰੀ ਯੋਗ ਦਿਵਸ ਸਿਰਫ ਇੱਕ ਸਮਾਗਮ ਨਹੀਂ ਹੈ, ਸਗੋਂ ਮਨੁੱਖਤਾ ਨੂੰ ਇੱਕ ਸਿਹਤਮੰਦ, ਸੁਚੇਤ ਅਤੇ ਤਣਾਅ-ਮੁਕਤ ਜੀਵਨ ਅਪਣਾਉਣ ਦਾ ਇੱਕ ਵਿਸ਼ਵਵਿਆਪੀ ਸੰਦੇਸ਼ ਹੈ।ਯੋਗ ਦਾ ਅਭਿਆਸ ਸਵੈ-ਅਨੁਸ਼ਾਸਨ ਅਤੇ ਸਵੈ-ਨਿਯੰਤਰਣ ਦੇ ਸਿਖਰ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਨਿਯਮਤ ਯੋਗ ਅਭਿਆਸ ਜੀਵਨਸ਼ਕਤੀ, ਮਾਨਸਿਕ ਇਕਾਗਰਤਾ, ਸਾਕਾਰਾਤਮਕ ਸੋਚ ਅਤੇ ਪ੍ਰਤੀਰੋਧਕ ਸ਼ਕਤੀ ਨੂੰ ਬਿਹਤਰ ਬਣਾਉਂਦਾ ਹੈ।ਵੱਖ-ਵੱਖ ਯੋਗ ਆਸਣ, ਪ੍ਰਾਣਾਯਾਮ ਅਤੇ ਧਿਆਨ ਤਕਨੀਕਾਂ ਦਾ ਪ੍ਰਦਰਸ਼ਨ ਕਰਦੇ ਹੋਏ ਸਵਾਮੀ ਨੇ ਦੱਸਿਆ ਕਿ ਯੋਗ ਸਿਰਫ਼ ਸਰੀਰਕ ਕਸਰਤ ਨਹੀਂ ਹੈ, ਸਗੋਂ ਸਰੀਰ, ਮਨ ਅਤੇ ਆਤਮਾ ਵਿਚਕਾਰ ਸਦਭਾਵਨਾ ਸਥਾਪਤ ਕਰਨ ਦਾ ਵਿਗਿਆਨ ਹੈ।ਉਨ੍ਹਾਂ ਕਿਹਾ ਕਿ ਯੋਗ ਦਾ ਅਸਲ ਉਦੇਸ਼ ਵਿਅਕਤੀ ਨੂੰ ਅੰਦਰੂਨੀ ਸ਼ਾਂਤੀ, ਅਧਿਆਤਮਿਕ ਜਾਗ੍ਰਿਤੀ ਅਤੇ ਜੀਵਨ ਦੇ ਉੱਚ ਮੁੱਲਾਂ ਨਾਲ ਜੋੜਨਾ ਹੈ।ਧਿਆਨ ਰਾਹੀਂ, ਵਿਅਕਤੀ ਆਪਣੇ ਅੰਦਰ ਛੁਪੀਆਂ ਬ੍ਰਹਮ ਸ਼ਕਤੀਆਂ ਨੂੰ ਪਛਾਣ ਸਕਦਾ ਹੈ ਅਤੇ ਜੀਵਨ ਵਿੱਚ ਸੱਚੀ ਖੁਸ਼ੀ, ਆਨੰਦ ਅਤੇ ਸੰਤੁਸ਼ਟੀ ਦਾ ਅਨੁਭਵ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਆਸ਼ੂਤੋਸ਼ ਮਹਾਰਾਜ ਨੇ ਹਮੇਸ਼ਾ ਇਸ ਗੱਲ ਤੇ ਜ਼ੋਰ ਦਿੱਤਾ ਕਿ ਇੱਕ ਸਿਹਤਮੰਦ ਮਨ ਅਤੇ ਮਹਾਨ ਵਿਚਾਰਾਂ ਦਾ ਵਿਕਾਸ ਇੱਕ ਸਿਹਤਮੰਦ ਸਰੀਰ ਵਿੱਚ ਹੀ ਸੰਭਵ ਹੈ।ਇਸ ਲਈ ਹਰ ਕਿਸੇ ਨੂੰ ਯੋਗ ਅਤੇ ਧਿਆਨ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਅਨਿੱਖੜਵਾਂ ਅੰਗ ਬਣਾਉਣਾ ਚਾਹੀਦਾ ਹੈ।ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਨਿਯਮਿਤ ਤੌਰ ਤੇ ਯੋਗਾ ਅਤੇ ਧਿਆਨ ਦਾ ਅਭਿਆਸ ਕਰਨ ਦਾ ਪ੍ਰਣ ਲਿਆ।

# ਈ ਟੀ ਓ ਵੱਲੋਂ ਜੰਡਿਆਲਾ ਗੁਰੂ ਹਲਕੇ ਦੇ ਸਰਕਾਰੀ ਸਕੂਲਾਂ ਦਾ ਦੌਰਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਜੰਡਿਆਲਾ ਗੁਰੂ, ਸਰਕਾਰੀ ਹਾਈ ਸਕੂਲ ਟਾਂਗਰਾ ਅਤੇ ਸਰਕਾਰੀ ਹਾਈ ਸਕੂਲ ਮੇਹਰਬਾਨਪੁਰ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਸਕੂਲਾਂ ਵਿੱਚ ਅਧਿਆਪਕਾਂ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਸਕੂਲਾਂ ਦੀ ਕਾਰਗੁਜ਼ਾਰੀ ਸਬੰਧੀ ਗੱਲਬਾਤ ਕੀਤੀ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਗਏ ਹਨ, ਜਿਸ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੇ ਕੇਰਲ ਨੂੰ ਵੀ ਪਛਾੜ ਕੇ ਦੇਸ਼ ਦਾ ਪਹਿਲਾ ਸੂਬਾ ਬਣਨ ਦਾ ਮਾਣ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਉਪਲਬਧੀ ਮਿਹਨਤੀ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਿਰਫ਼ ਪੜ੍ਹਾਈ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਉਨ੍ਹਾਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵੀ ਬਹੁਤ ਮਹੱਤਵਪੂਰਨ ਹਨ।ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਪੜ੍ਹਾਈ, ਸਕੂਲ ਵਿੱਚ ਉਪਲਬਧ ਸਹੂਲਤਾਂ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਲ ਕੀਤੀ। ਈ.ਟੀ.ਓ. ਨੇ ਕਿਹਾ ਕਿ ਉਨ੍ਹਾਂ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸਾਰੇ ਸਰਕਾਰੀ ਸਕੂਲਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਬੱਚੇ ਨੂੰ ਮਿਆਰੀ ਸਿੱਖਿਆ ਲਈ ਬਿਹਤਰ ਮੌਕੇ ਪ੍ਰਦਾਨ ਕਰਨਾ ਹੈ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਕੇ ਵਿਦਿਆਰਥੀਆਂ ਨੂੰ ਇੱਕ ਸੁਚੱਜਾ ਅਤੇ ਵਧੀਆ ਸਿੱਖਿਆ ਮਾਹੌਲ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਅਧਿਆਪਕਾਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

## ਪਾਰਟੀ ਦੀ ਮਜ਼ਬੂਤੀ ਲਈ ਆਰੰਭੇ ਯਤਨਾਂ ਲਈ ਡਾ. ਰੰਜੂ ਵੱਲੋਂ ਭਾਜਪਾ ਹਾਈਕਮਾਂਡ ਦਾ ਧੰਨਵਾਦ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੰਗਠਨ ਨੂੰ ਬੂਥ ਪੱਧਰ ਤੋਂ ਲੈ ਕੇ ਪਿੰਡਾਂ ਤੱਕ ਹੋਰ ਮਜ਼ਬੂਤ ਕਰਨ ਲਈ ਪਾਰਟੀ ਹਾਈਕਮਾਂਡ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਡਾ. ਰਣਜੀਵ ਕੁਮਾਰ (ਰੰਜੂ), ਪੰਜਾਬ ਮੈਂਬਰ ਜਨਰਲ ਕੌਂਸਲ ਅਤੇ ਹਲਕਾ ਮਜੀਠਾ ਨੇ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਯੋਗ ਅਤੇ ਮਿਹਨਤੀ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ।ਇਸੇ ਤਹਿਤ ਹਲਕਾ ਮਜੀਠਾ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਪ੍ਰੋਫੈਸਰ ਚਾਂਦ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ, ਜਦਕਿ ਖਡੂਰ ਸਾਹਿਬ ਤੋਂ ਹਰਦਿਆਲ ਸਿੰਘ ਔਲਖ ਨੂੰ ਸੰਗਠਨ ਇੰਚਾਰਜ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਡਾ. ਰਣਜੀਤ ਕੁਮਾਰ (ਰੰਜੂ) ਕਿਹਾ ਕਿ ਇਨ੍ਹਾਂ ਨਿਯੁਕਤੀਆਂ ਨਾਲ ਭਾਜਪਾ ਦਾ ਸੰਗਠਨ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਹੋਵੇਗਾ ਅਤੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਵੇਗਾ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮਰਪਿਤ ਵਰਕਰਾਂ ਦੀ ਮਿਹਨਤ ਅਤੇ ਹਾਈਕਮਾਂਡ ਦੀ ਯੋਗ ਅਗਵਾਈ ਨਾਲ ਭਾਜਪਾ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਨਵੀਆਂ ਜ਼ਿੰਮੇਵਾਰੀਆਂ ਪ੍ਰਾਪਤ ਕਰਨ ਵਾਲੇ ਆਗੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ।ਇਸ ਮੌਕੇ ਉਨ੍ਹਾਂ ਇੱਕ ਵਾਰ ਫਿਰ ਭਾਜਪਾ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਵਰਕਰਾਂ ਅਤੇ ਸੰਗਠਨ ਨੂੰ ਦਿੱਤੀ ਜਾ ਰਹੀ ਤਵੱਜੋ ਸ਼ਲਾਘਾਯੋਗ ਹੈ।

# ਥੌਮਸਨ ਰਿਵਰ ਯੂਨੀਵਰਸਿਟੀ ਦੇ ਵਫਦ ਵੱਲੋਂ ਖਾਲਸਾ ਕਾਲਜ ਦਾ ਦੌਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਵਿਖੇ ਕੈਨੇਡਾ ਦੀ ਥੌਮਸਨ ਯੂਨੀਵਰਸਿਟੀ ਦੇ ਸੋਸ਼ਲ ਵਰਕਸ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਦੌਰੇ ਦੌਰਾਨ ਕਾਲਜ ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰੇ ਸਾਂਝੇ ਕੀਤੇ। ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਕਿਹਾ ਕਿ ਕੈਨੇਡਾ ਦੇ ਸ਼ਹਿਰ ਕੈਮਲੂਪਸ ਵਿਖੇ ਸਥਿਤ ਥੌਮਸਨ ਰਿਵਰ ਯੂਨੀਵਰਸਿਟੀ ਵਿਖੇ ਸੋਸ਼ਲ ਵਰਕਸ ਵਿਭਾਗ ਤੋਂ ਡਾ. ਟੈਨੀਆ ਪਾਲੁਕ, ਚੈਲਸਾ ਕੋਰਸੀ ਅਤੇ ਸਰਬਜੀਤ ਘੁੰਮਣ ਦੀ ਅਗਵਾਈ 'ਚ 7 ਵਿਦਿਆਰਥੀਆਂ ਦਾ ਵਫਦ ਪੰਜਾਬੀ ਅਤੇ ਅੰਗਰੇਜ਼ੀ ਵਿਭਾਗ 'ਚ ਪਹੁੰਚਿਆ। ਇਸ ਮੌਕੇ ਪਹੁੰਚੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਅੱਜ ਦਾ ਸਮਾਂ ਵਾਦ ਵਿਵਾਦ ਅਤੇ ਸੰਵਾਦ ਦਾ ਸਮਾਂ ਹੈ।

ਉਨ੍ਹਾਂ ਕਿਹਾ ਕਿ ਵੱਖ ਵੱਖ ਥਾਵਾਂ, ਦੇਸ਼ਾਂ ਦੇ ਵਿਦਿਆਰਥੀਆਂ ਨੂੰ ਇਕ ਦੂਸਰੇ ਨਾਲ ਵਿਚਾਰ ਵਟਾਂਦਰਾਂ ਕਰਕੇ ਆਪਣੇ ਗਿਆਨ ਨੂੰ ਵਧਾਉਣਾ ਚਾਹੀਦਾ ਹੈ। ਆਪਸੀ ਵਿਚਾਰ ਵਟਾਂਦਰਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿਚ ਸਹਾਈ ਹੁੰਦਾ ਹੈ। ਇਸ ਮੌਕੇ ਵਿਦੇਸ਼ੀ ਵਫਦ ਦੇ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਸੀਂ 'ਕੰਨਸੈਂਟ ਕੈਫੇ' ਦੇ ਸੰਕਲਪ ਰਾਹੀਂ ਦੂਸਰੇ ਦੀ ਮਰਜੀ ਨੂੰ ਸਮਝਣ ਅਤੇ ਤਰਜੀਹ ਦੇਣ ਦੀ ਅਪੀਲ ਕਰ ਰਹੇ ਹਾਂ ਤਾਂ ਜੋ ਦੂਸਰਿਆਂ 'ਤੇ ਕਿਸੇ ਵੀ ਕਿਸਮ ਦੀ ਮਰਜੀ ਥੋਪੀ ਨਾ ਜਾਵੇ। ਉਨ੍ਹਾਂ ਨੇ ਦੂਸਰਿਆਂ ਦੀ ਮਰਜੀ ਨੂੰ ਸਮਝਣ ਲਈ ਵੱਖ-ਵੱਖ ਤਰੀਕਿਆਂ ਦੀ ਵਿਆਖਿਆ ਕੀਤੀ। ਵਿਦੇਸ਼ੀ ਵਫਦ ਨੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ ਅਤੇ ਕਾਲਜ ਦੀ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਦੀ ਸਰਾਹਣਾ ਕੀਤੀ ।ਇਸ ਸਮਾਗਮ ਮੌਕੇ ਡਾ. ਦਲਜੀਤ ਸਿੰਘ. ਡਾ. ਪਰਮਿੰਦਰ ਸਿੰਘ, ਪ੍ਰੋ. ਸਾਵੰਤ ਸਿੰਘ ਮੰਟੋ, ਡਾ. ਹੀਰਾ ਸਿੰਘ, ਡਾ. ਕੁਲਦੀਪ ਸਿੰਘ ਢਿੱਲੋਂ, ਡਾ. ਮਿੰਨੀ ਸਲਵਾਨ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਸ਼ਾਮਿਲ ਸਨ।

# ਸਾਡੀ ਵਾਰੀ ਹੀ ਸਰਕਾਰੀ ਖਜ਼ਾਨਾ ਖਾਲੀ ਕਿਉਂ: ਐੱਨ ਐੱਚ ਐੱਮ ਇੰਪ. ਯੂਨੀਅਨ



ਚੋਹਲਾ ਸਾਹਿਬ (ਰਮਨ ਚੱਢਾ)-ਯੂਨੀਅਨ ਦੀ ਸੂਬਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਨੇ ਰੋਸ ਜਤਾਇਆ ਕਿ ਇਕ ਪਾਸੇ ਤਾਂ ਸਰਕਾਰ ਆਪਣੇ ਵਿਗਿਆਪਨਾਂ ਤੇ ਹੋਰ ਸਕੀਮਾਂ ਤੇ ਬੇਹਿਸਾਬ ਪੈਸਾ ਖਰਚ ਕਰ ਰਹੀ ਹੈ ਪਰ ਐੱਨ ਐੱਚ ਐੱਮ ਕਾਮੇ ਜਿਹੜੇ ਇਸ ਮਹਿੰਗਾਈ ਦੇ ਦੌਰ ਵਿਚ ਤਨਖਾਹਾਂ ਵਿੱਚ ਵਾਧੇ ਦੀ ਮੰਗ ਕਰ ਰਹੇ ਹਨ, ਉਸ ਵੇਲੇ ਸਰਕਾਰ ਖਾਲੀ ਖਜਾਨੇ ਦਾ ਹਵਾਲਾ ਦੇ ਕੇ ਕਿਓਂ ਪੱਲਾ ਝਾੜ ਲੈਂਦੀ ਹੈ। ਯੂਨੀਅਨ ਦੇ ਸੀਨੀਅਰ ਵਾਈਸ ਪ੍ਰਧਾਨ ਗੁਲਸ਼ਨ ਸ਼ਰਮਾ ਫਰੀਦਕੋਟ ਅਤੇ ਜਨਰਲ ਸੈਕਟਰੀ ਅਮਨਦੀਪ ਸਿੰਘ ਪਟਿਆਲਾ ਵੱਲੋਂ ਪ੍ਰੈਸ ਨੂੰ ਦੱਸਿਆ ਗਿਆ ਕਿ ਯੂਨੀਅਨ ਵੱਲੋਂ ਸਰਕਾਰ ਨਾਲ ਯੂਨੀਅਨ ਦੇ ਮੁੱਦਿਆਂ ਸਬੰਧੀ 50 ਤੋਂ ਜ਼ਿਆਦਾ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ ਪਰ ਫਿਰ ਵੀ ਸਰਕਾਰ ਵੱਲੋਂ ਠੇਕੇ ਤੇ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਦੀਆਂ ਮੁਸ਼ਕਿਲਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ ਹੈ। ਇਸਦੇ ਸਿੱਟੇ ਵਜੋਂ ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ 17 ਅਗਸਤ ਤੋਂ 24 ਤਰੀਕ ਤੱਕ ਹੜਤਾਲ ਦਾ ਐਲਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਤਾਂ ਆਉਣ ਵਾਲੇ ਸਮੇਂ 'ਚ ਸਰਕਾਰ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ। ਇਸ ਮੌਕੇ ਤੁਰਣਜੀਤ ਹੁਸ਼ਿਆਰਪੁਰ, ਦਿਨੇਸ਼ ਗਰਗ ਪਟਿਆਲਾ, ਜਸਵੀਰ ਸਿੰਘ ਤਰਨਤਾਰਨ, ਮਨਦੀਪ ਸਿੰਘ ਤਰਨਤਾਰਨ, ਗੁਰਪ੍ਰੀਤ ਭੁੱਲਰ ਮੁਕਤਸਰ ਸਾਹਿਬ, ਅਮਰਜੀਤ ਫਤਿਹਗੜ੍ਹ ਸਾਹਿਬ, ਡਾ. ਸਿਮਰਪਾਲ ਮੋਗਾ, ਰਣਜੀਤ ਕੌਰ ਬਠਿੰਡਾ, ਡਾ. ਸ਼ਿਵਰਾਜ, ਗੁਰਪ੍ਰੀਤ ਭੁੱਲਰ ਮੁਕਤਸਰ ਸਾਹਿਬ, ਬਗੀਚ ਫਿਰੋਜ਼ਪੁਰ, ਰਵਿੰਦਰ ਫਾਜ਼ਲਿਕਾ, ਡਾ. ਪੰਖੜੀ ਜਲੰਧਰ, ਮਨਦੀਪ ਤਰਨਤਾਰਨ, ਅਮਨਦੀਪ ਕੌਰ ਨਵਾਂਸ਼ਹਿਰ ਲੁਧਿਆਣਾ, ਡਾ. ਪੰਖੜੀ ਜਲੰਧਰ, ਜਸਬੀਰ ਸਿੰਘ ਮੋਗਾ ਆਦਿ ਕਰਮਚਾਰੀ ਹਾਜ਼ਰ ਸਨ।

## ਫਤਿਹ ਦਿਵਸ ਸ਼ਰਧਾ ਨਾਲ ਮਨਾਇਆ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਇੰਦਰਾ ਕਾਲੋਨੀ ਗੁਰੂ ਕੀ ਵਡਾਲੀ ਵਿਚ ਦਸਮੇਸ਼ ਤਰਨਾ ਦਲ ਦੇ ਮੁਖੀ ਬਾਬਾ ਮੇਜਰ ਸਿੰਘ ਸੋਢੀ ਦੇ ਦਿਸ਼ਾ-ਨਿਰਦੇਸ਼ ਹੇਠ ਪ੍ਰਮਜੀਤ ਸਿੰਘ ਵਡਾਲੀ, ਸਤਿਨਾਮ ਸਿੰਘ ਤੇ ਹੀਰਾ ਸਿੰਘ ਦੀ ਅਗਵਾਈ ਹੇਠ ਫਤਿਹ ਦਿਵਸ ਸ਼ਰਧਾ ਨਾਲ ਮਨਾਇਆ ਗਿਆ।

ਇਸ ਮੌਕੇ ਬਾਬਾ ਜੱਗਾ ਸਿੰਘ, ਜਥੇਦਾਰ ਕੁਲਵੰਤ ਸਿੰਘ ਛੇਹਰਟਾ, ਜਥੇਦਾਰ ਜਸਬੀਰ ਸਿੰਘ ਕੋਟ ਖਾਲਸਾ, ਆਮ ਆਦਮੀ ਪਾਰਟੀ (ਐੱਸਸੀ ਵਿੰਗ) ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ, ਰਾਕੇਸ਼ ਕੁਮਾਰ, ਰਿੰਕੂ, ਮੇਵਾ ਸਿੰਘ, ਸ਼ੇਰਾ ਲਹੌਰੀਆ, ਜਥੇਦਾਰ ਭਜਨ ਸਿੰਘ, ਮਿਰਜ਼ਾ ਸਿੰਘ, ਝਿਰਮਲ ਸਿੰਘ, ਜਗੀਰ ਸਿੰਘ, ਮੱਸਾ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਪੰਜਾਬ ਨੂੰ ਏ ਆਈ ਦੀ ਹੱਬ ਬਣਾਇਆ ਜਾਵੇਗਾ: ਚੇਅਰਮੈਨ ਗੁਰਪਾਲ ਸਿੰਘ

## * ਸਰਕਾਰੀ ਹਾਈ ਸਕੂਲਾਂ ਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਮੁਖੀਆਂ ਨਾਲ ਕੀਤੀ ਅਹਿਮ ਮੀਟਿੰਗ



**ਦੀਨਾਨਗਰ/ਗੁਰਦਾਸਪੁਰ, (ਬਲਵਿੰਦਰ ਸਿੰਘ ਬਿੱਲਾ)**-ਗੁਰਪਾਲ ਸਿੰਘ, ਚੇਅਰਮੈਨ, ਵਿਕਸਿਤ ਭਾਰਤ ਪ੍ਰੋਜੈਕਟ ਏ. ਆਈ. ਭਾਰਤ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਸਰਕਾਰੀ ਹਾਈ ਸਕੂਲਾਂ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੀ ਮੁਖੀਆਂ/ਪ੍ਰਿੰਸੀਪਲਾਂ ਨਾਲ ਐੱਸ.ਐੱਸ.ਐੱਮ. ਕਾਲਜ ਦੀਨਾਨਗਰ ਵਿਖੇ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਗਗਨਦੀਪ ਸਿੰਘ ਐੱਸਡੀਐੱਮ ਦੀਨਾਨਗਰ , ਰਾਜੇਸ਼ ਕੁਮਾਰ ਸ਼ਰਮਾ, ਜ਼ਿਲ੍ਹਾ ਸਿੱਖਿਆ ਅਫਸਰ (ਸ), ਅਨਿਲ ਸ਼ਰਮਾ, ਡਿਪਟੀ ਡੀ. ਈ. ਓ, ਪ੍ਰਿੰਸੀਪਲ ਆਰ. ਕੇ. ਤੁਲੀ, ਪ੍ਰਦੀਪ ਕੁਮਾਰ ਅਰੋੜਾ, ਜ਼ਿਲ੍ਹਾ ਕੁਆਰਡੀਨੇਟਰ ਵੋਕੇਸ਼ਨਲ ਗੁਰਦਾਸਪੁਰ ਆਦਿ ਮੌਜੂਦ ਸਨ।ਮੀਟਿੰਗ ਦੌਰਾਨ ਚੇਅਰਮੈਨ ਗੁਰਪਾਲ ਸਿੰਘ ਨੇ ਸਮੂਹ ਸਕੂਲ ਮੁਖੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਗਲੇ ਇੱਕ ਸਾਲ ਦੇ ਅੰਦਰ ਘੱਟੋ-ਘੱਟ ਇਕ ਕਰੋੜ ਯੁਵਾ ਨੂੰ ਏ. ਆਈ (ਆਰਟੀਫਿਸ਼ੀਅਲ ਇੰਟੈਲੀਜੈਂਸ) ਨਾਲ ਜੋੜਿਆ ਜਾਵੇਗਾ।ਉਨ੍ਹਾਂ ਨੇ ਵਿਸਥਾਰ ਵਿੱਚ ਸਕਿੱਲਗ ਫਾਰ ਏ.ਆਈ ਰੈਡੀਨੈੱਸ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਜ਼ਿਲੇ ਦੇ ਸਾਰੇ ਸਕੂਲਾਂ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾਵੇ, ਇਸ ਸਬੰਧੀ ਸਮੇਂ-ਸਮੇਂ ਤੇ ਪਹਿਲਾਂ ਹੀ ਆਪ ਨੂੰ ਪੱਤਰਾਂ ਰਾਹੀ ਸੂਚਿਤ ਕੀਤਾ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ 6ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ (ਸਰਕਾਰੀ ਅਤੇ ਪ੍ਰਾਈਵੇਟ) ਦੀ ਜਾਣਕਾਰੀ ਪੋਰਟਲ ਉਪਰ ਅਪਲੋਡ ਕੀਤੀ ਜਾਵੇ।ਉਨ੍ਹਾਂ ਨੇ ਸਮੂਹ ਸਕੂਲ ਮੁਖੀਆਂ ਨਾਲ ਏ.ਆਈ ਦੇ ਵੱਖ-ਵੱਖ ਟੂਲਜ਼, ਚੈਟ ਜੀਪੀਟੀ, ਗਰੋਕ, ਮੇਟਾ, ਜੇਮਨੀ ਅਤੇ ਇੰਸਟਾਗ੍ਰਾਮ ਸਬੰਧੀ ਵਿਸਥਾਰ ਵਿਚ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸਕੂਲਾਂ ਦੇ ਮੁਖੀਆਂ ਅਤੇ ਪ੍ਰਿੰਸੀਪਲਾਂ ਵਲੋਂ ਏ.ਆਈ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਸਬੰਧੀ ਪ੍ਰਸ਼ਨ ਵੀ ਪੁੱਛੇ ਗਏ, ਜਿਨਾਂ ਦਾ ਚੇਅਰਮੈਨ ਗੁਰਪਾਲ ਸਿੰਘ ਵੱਲੋਂ ਬਹੁਤ ਹੀ ਸਪੱਸ਼ਟ ਸ਼ਬਦਾਂ ਵਿਚ ਵਿਸਥਾਰਪੂਰਵਕ ਉੱਤਰ ਦੇ ਕੇ ਸਕੂਲ ਮੁਖੀਆਂ ਦੇ ਸ਼ੰਕੇ ਦੂਰ ਕੀਤੇ।

# ਮੁਲਾਜ਼ਮ ਤੇ ਪੈਨਸ਼ਨਰ ਹੁਣ ਤੱਕ ਸਰਕਾਰ ਦੇ ਲਾਰੇ-ਲੱਪਿਆਂ ਦੇ ਹੀ ਸ਼ਿਕਾਰ ਰਹੇ: ਝੰਜੋਟੀ, ਰਾਮਪਾਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਮੀਟਿੰਗ ਪੱਛਮ ਮੰਡਲ ਅੰਮ੍ਰਿਤਸਰ ਦਫਤਰ ਅਸ਼ੋਕ ਪੁਰੀ ਸਕੱਤਰ, ਸੀਨੀਅਰ ਮੀਤ ਅਤੇ ਪ੍ਰਧਾਨ ਰਤਨ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਨੂੰ ਪੈਨਸ਼ਨਰ ਆਗੂ ਸੋਮਨਾਥ ਮਰਵਾਹਾ, ਜੋਗਿੰਦਰ ਸਿੰਘ ਮਰਹਾਲਾ, ਗੁਰਮੀਤ ਸਿੰਘ ਭਾਟੀਆ, ਹਰਭਜਨ ਸਿੰਘ ਝੰਜੋਟੀ, ਰਾਮਪਾਲ (ਜਸਪਾਲ), ਵਰਿਆਮ ਮਸੀਹ, ਅਸ਼ਵਨੀ ਕੁਮਾਰ, ਪ੍ਰਾਨਨਾਥ ਬਟਾਲਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਕਮੇਟੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੇ ਲਾਰਿਆਂ ਲਪਿਆਂ ਵਿੱਚ ਸਾਢੇ ਚਾਰ ਸਾਲ ਪੂਰੇ ਕਰ ਲਏ ਹਨ।ਪਹਿਲੀਆਂ ਸਰਕਾਰਾਂ ਡੀਏ ਲਾਗੂ ਕਰ ਦਿੰਦੀਆਂ ਸਨ ਪਰ ਇਹ ਪਹਿਲੀ ਸਰਕਾਰ ਹੈ ਜਿਸ ਨੇ ਡੀਏ ਤੇ ਡੀਏ ਦਾ ਬਕਾਇਆ ਜਾਰੀ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਸਾਂਝਾ ਮੁਲਾਜ਼ਮ ਪੈਨਸ਼ਨਰ ਫਰੰਟ ਵੱਲੋਂ ਵੀ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਮੰਗਾਂ ਪ੍ਰਤੀ ਕੋਈ ਕਾਰਵਾਈ ਨਹੀਂ ਹੋਈ ਤਾਂ 27-8-26 ਨੂੰ ਭਗਵੰਤ ਮਾਨ ਦੇ ਪਿੰਡ ਵਿਖੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਵਹੀਰਾਂ ਘੱਤ ਕੇ ਜਾਣਗੇ।ਯੂਨੀਅਨ ਆਗੂਆਂ ਨੇ ਆਪਣੇ ਭਾਸ਼ਣ ਵਿੱਚ ਇਹ ਵੀ ਕਿਹਾ ਕਿ 31-12-2015 ਤੋਂ ਪਹਿਲਾਂ ਦੇ ਪੈਨਸ਼ਨਰਾਂ ਨੂੰ ਪੇ ਕਮਿਸ਼ਨ ਦੀ ਰਿਪੋਰਟ ਦੇ ਅਨੁਸਾਰ 2.59 ਦੀ ਸਿਫਾਰਿਸ਼ ਕੀਤੀ ਸੀ, ਸਾਡਾ ਹੱਕ ਵੀ ਹੈ।ਐੱਲਟੀਸੀ, ਫਿਕਸ ਮੈਡੀਕਲ ਭੱਤਾ 2000 ਕਰਨਾ ਅਤੇ ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕਰਨੀ।ਕੇਂਦਰ ਦੀ ਤਰਜ 'ਤੇ ਡੀਏ 60% ਕਰਨਾ, ਪੈਨਸ਼ਨਰ ਸਕੀਮ ਲਾਗੂ ਕਰਨੀ, ਨਵੀਂ ਭਰਤੀ ਕਰਨੀ, ਕੱਚੇ ਕਾਮੇ ਪੱਕੇ ਕਰਨੇ ਠੇਕੇਦਾਰੀ ਸਿਸਟਮ ਬੰਦ ਕਰਨਾ ਅਤੇ 200 ਰੁਪਏ ਜਜ਼ੀਆ ਬੰਦ ਕਰਨ ਬਾਰੇ।ਇਸ ਮੌਕੇ ਤਰਸੇਮ ਸਿੰਘ, ਗੁਰਮੀਤ ਸਿੰਘ ਝੰਜੋਟੀ, ਰਮੇਸ਼ ਕੁਮਾਰ, ਨਰੇਸ਼ ਕੁਮਾਰ, ਕੁਲਜੀਤ ਸਿੰਘ, ਯੂਨਿਸ ਮਸੀਹ, ਜਗਤ ਰਾਮ, ਸਾਹਿਬ ਸਿੰਘ, ਕੁਲਦੀਪ ਰਾਜ, ਸਾਧੂ ਸਿੰਘ, ਜਸਵੰਤ ਸਿੰਘ, ਸਰਬਜੀਤ ਸਿੰਘ, ਹਰਭਜਨ ਸਿੰਘ, ਸੁੱਚਾ ਸਿੰਘ, ਹਰਜਿੰਦਰ ਸਿੰਘ, ਗਿਆਨ ਸਿੰਘ, ਮਹਿੰਦਰ ਸਿੰਘ, ਮਨੋਹਰ ਲਾਲ ਸੋਨੀ, ਰਾਮ ਕਿਸ਼ਨ, ਅਸ਼ੋਕ ਕੁਮਾਰ, ਲਖਬੀਰ ਸਿੰਘ, ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।ਸਟੇਜ ਦੀ ਕਾਰਵਾਈ ਪ੍ਰਮੋਦ ਕੁਮਾਰ ਸਿੱਕਾ ਨੇ ਬਾਖੂਬੀ ਨਿਭਾਈ।

# ਨਰੋਟ ਜੈਮਲ ਸਿੰਘ ਦੇ ਮੌਜੂਦਾ ਹਸਪਤਾਲ ਨੂੰ ਅਪਗ੍ਰੇਡ ਕੀਤਾ ਜਾਵੇਗਾ : ਕਟਾਰੂਚੱਕ



ਪਠਾਨਕੋਟ, (ਦਵਿੰਦਰ ਸਿੰਘ)-ਨਰੋਟ ਜੈਮਲ ਸਿੰਘ ਵਿਖੇ ਮੌਜੂਦਾ ਹਸਪਤਾਲ ਨੂੰ ਅਪਗ੍ਰੇਡ ਕਰਕੇ ਕਰੀਬ 14 ਤੋਂ 15 ਕਰੋੜ ਰੁਪਏ ਦੀ ਲਾਗਤ ਨਾਲ 100 ਬਿਸਤਰਿਆਂ ਵਾਲਾ ਡਿਵੀਜ਼ਨਲ ਹਸਪਤਾਲ ਸਥਾਪਿਤ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਜਸਵਾਲੀ ਵਿਖੇ ਸਥਿਤ ਰੈਸਟ ਹਾਊਸ ਵਿੱਚ ਆਯੋਜਿਤ ਵਿਸ਼ੇਸ਼ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ।ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਹਲਕਾ ਭੋਆ ਦੇ ਲੋਕਾਂ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਦਿੱਤਾ ਗਿਆ ਇੱਕ ਵੱਡਾ ਅਤੇ ਇਤਿਹਾਸਕ ਤੋਹਫ਼ਾ ਹੈ।ਉਨ੍ਹਾਂ ਕਿਹਾ ਕਿ ਨਰੋਟ ਜੈਮਲ ਸਿੰਘ ਵਿਖੇ ਮੌਜੂਦਾ ਹਸਪਤਾਲ ਇਲਾਕੇ ਦੀਆਂ ਵੱਧ ਰਹੀਆਂ ਸਿਹਤ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਾਫ਼ੀ ਨਹੀਂ ਸੀ ਅਤੇ ਲੰਮੇ ਸਮੇਂ ਤੋਂ ਇਲਾਕੇ ਦੇ ਲੋਕਾਂ ਵੱਲੋਂ ਹਸਪਤਾਲ ਨੂੰ ਅਪਗ੍ਰੇਡ ਕਰਨ ਦੀ ਮੰਗ ਕੀਤੀ ਜਾ ਰਹੀ ਸੀ।ਪੰਜਾਬ ਸਰਕਾਰ ਵੱਲੋਂ ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਹਸਪਤਾਲ ਨੂੰ 100 ਬਿਸਤਰਿਆਂ ਦੀ ਸਮਰੱਥਾ ਵਾਲੇ ਡਿਵੀਜ਼ਨਲ ਹਸਪਤਾਲ ਵਜੋਂ ਵਿਕਸਤ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ।ਕਟਾਰੂਚੱਕ ਨੇ ਕਿਹਾ ਕਿ ਨਰੋਟ ਜੈਮਲ ਸਿੰਘ ਦਾ ਇਹ ਹਸਪਤਾਲ ਵਿਸ਼ੇਸ਼ ਤੌਰ 'ਤੇ ਹਿੰਦ-ਪਾਕਿ ਸਰਹੱਦ ਦੇ ਨਾਲ ਲੱਗਦੇ ਅਤੇ ਰਾਵੀ ਦਰਿਆ ਤੋਂ ਪਾਰਲੇ ਇਲਾਕਿਆਂ ਦੇ ਲੋਕਾਂ ਲਈ ਬੇਹੱਦ ਮਹੱਤਵਪੂਰਨ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਸਿਵਲ ਸਰਜਨ ਪਠਾਨਕੋਟ ਸਮੇਤ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਵੀ ਲਗਾਤਾਰ ਤਾਲਮੇਲ ਕੀਤਾ ਗਿਆ, ਤਾਂ ਜੋ ਹਸਪਤਾਲ ਨੂੰ ਅਪਗ੍ਰੇਡ ਕਰਦੇ ਸਮੇਂ ਇਲਾਕੇ ਦੀਆਂ ਅਸਲ ਲੋੜਾਂ ਅਨੁਸਾਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।ਉਨ੍ਹਾਂ ਹਲਕਾ ਭੋਆ ਅਤੇ ਖ਼ਾਸ ਕਰਕੇ ਹਿੰਦ-ਪਾਕਿ ਸਰਹੱਦ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੂੰ ਇਸ ਵੱਡੀ ਸਹੂਲਤ ਲਈ ਵਧਾਈ ਦਿੱਤੀ। ਇਸ ਮੌਕੇ ਬਲਾਕ ਸੰਮਤੀ ਨਰੋਟ ਜੈਮਲ ਸਿੰਘ ਦੇ ਚੇਅਰਮੈਨ ਸੋਹਨ ਲਾਲ ਪਟਵਾ, ਜ਼ਿਲ੍ਹਾ ਪਰਿਸ਼ਦ ਮੈਂਬਰ ਭੁਪਿੰਦਰ ਸਿੰਘ ਮੁੰਨਾ, ਬਲਾਕ ਪ੍ਰਧਾਨ ਅਤੇ ਸਾਬਕਾ ਸਰਪੰਚ ਰਵੀ ਜਗਤਪੁਰ ਸਮੇਤ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਪੱਤਰਕਾਰ ਸਾਥੀ ਵੀ ਹਾਜ਼ਰ ਸਨ।

# ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਨੂੰ ਮਿਲੇ ਸਾਂਸਦ ਔਜਲਾ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਤੋਂ ਐੱਮਪੀ ਗੁਰਜੀਤ ਸਿੰਘ ਔਜਲਾ ਨੇ ਮੰਗਲਵਾਰ ਨੂੰ ਦਿੱਲੀ ਵਿਚ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਨਾਲ ਉਨ੍ਹਾਂ ਦੇ ਨਿਵਾਸ ਸਥਾਨ ਵਿਚ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਪ੍ਰਸਾਦ ਤੇ ਸਿਰੋਪਾਓ ਭੇਟ ਕੀਤਾ ਅਤੇ ਡਾ. ਮਨਮੋਹਨ ਸਿੰਘ ਦੀਆਂ ਦੇਸ਼ ਪ੍ਰਤੀ ਨਿਸ਼ਕਾਮ ਸੇਵਾਵਾਂ ਨੂੰ ਯਾਦ ਕੀਤਾ। ਐੱਮਪੀ ਔਜਲਾ ਨੇ ਕਿਹਾ ਕਿ ਡਾ. ਮਨਮੋਹਨ ਸਿੰਘ ਵਰਗੀ ਮਹਾਨ ਸ਼ਖ਼ਸੀਅਤ ਦੀ ਕਾਬਲੀਅਤ, ਇਮਾਨਦਾਰੀ ਤੇ ਸਾਦਗੀ ਨੂੰ ਪੂਰੀ ਦੁਨੀਆਂ ਮੰਨਦੀ ਹੈ। ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਨੇ ਆਪਣੀ ਪੂਰੀ ਜ਼ਿੰਦਗੀ ਦੇਸ਼ ਦੀ ਸੇਵਾ ਤੇ ਤਰੱਕੀ ਲਈ ਸਮਰਪਿਤ ਕੀਤੀ ਅਤੇ ਕਈ ਮਹੱਤਵਪੂਰਨ ਕੰਮ ਕੀਤੇ, ਪਰ ਇਸ ਦੇ ਬਾਵਜੂਦ ਉਨ੍ਹਾਂ ਨੂੰ ਆਪਣੇ ਜੀਵਨ ਦੌਰਾਨ ਕਈ ਤਰ੍ਹਾਂ ਦੀਆਂ ਆਲੋਚਨਾਵਾਂ ਤੇ ਦੋਸ਼ਾਂ ਦਾ ਸਾਹਮਣਾ ਕਰਨਾ ਪਿਆ। ਔਜਲਾ ਨੇ ਭਾਜਪਾ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਕ ਮਹਾਨ ਤੇ ਇਮਾਨਦਾਰ ਸ਼ਖ਼ਸੀਅਤ ਨੂੰ ਵੀ ਸਿਆਸੀ ਤੌਰ 'ਤੇ ਕਟਹਿਰੇ ਵਿਚ ਖੜ੍ਹਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਅੱਜ ਸਮਾਂ ਡਾ. ਮਨਮੋਹਨ ਸਿੰਘ ਦੀ ਇਮਾਨਦਾਰੀ, ਨਿਸ਼ਕਾਮ ਸੇਵਾ ਤੇ ਦੇਸ਼ ਪ੍ਰਤੀ ਯੋਗਦਾਨ ਦੀ ਗਵਾਹੀ ਦੇ ਰਿਹਾ ਹੈ। ਉਨ੍ਹਾਂ ਆਪਣਾ ਸਮੁੱਚਾ ਜੀਵਨ ਦੇਸ਼ ਤੇ ਦੇਸ਼ ਵਾਸੀਆਂ ਦੀ ਭਲਾਈ ਲਈ ਸਮਰਪਿਤ ਕੀਤਾ ਅਤੇ ਭਾਰਤ ਦੀ ਤਰੱਕੀ ਵਿਚ ਅਣਮੁੱਲਾ ਯੋਗਦਾਨ ਪਾਇਆ। ਔਜਲਾ ਨੇ ਗੁਰਸ਼ਰਨ ਕੌਰ ਨਾਲ ਮੁਲਾਕਾਤ ਕਰਕੇ ਪਰਿਵਾਰ ਪ੍ਰਤੀ ਸਤਿਕਾਰ ਪ੍ਰਗਟ ਕੀਤਾ।

## ਬੇ.ਗਮਪੁਰੇ ਦਾ ਸੰਕਲਪ ਯਾਤਰਾ ਦਾ ਭਲਕੇ ਬੰਗਾ 'ਚ ਦਾਖ਼ਲ ਹੋਣ 'ਤੇ ਭਰਵਾਂ ਸਵਾਗਤ ਹੋਵੇਗਾ : ਪ੍ਰਵੀਨ ਬੰਗਾ



**ਬੰਗਾ (ਅਵਤਾਰ ਕਲੇਰ)**- ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਵਿੱਚ ਪਰਾਧੀਨਤਾ ਦਾ ਅੰਤ ਬੇਗ਼ਮਪੁਰੇ ਦਾ ਸੰਕਲਪ ਯਾਤਰਾ ਗੁਰੂ ਰਵਿਦਾਸ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਧਰਤੀ ਪ੍ਰਾਚੀਨ ਗੁਰੂ ਘਰ ਤੋਂ ਚੱਲ ਰਹੀ ਯਾਤਰਾ 20 ਅਗਸਤ ਨੂੰ ਬੰਗਾ ਹਲਕੇ ਵਿੱਚ ਦਾਖਲ ਹੋਣ 'ਤੇ ਭਰਵਾਂ ਸਵਾਗਤ ਕਰਨ ਲਈ ਬੰਗਾ ਹਲਕੇ ਦੀ ਲੀਡਰਸ਼ਿਪ ਦੀ ਮੀਟਿੰਗ ਗੁਣਾਚੌਰ ਵਿਖੇ ਕੀਤੀ। ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਨੇ ਮੀਟਿੰਗ ਵਿੱਚ ਸੰਕਲਪ ਯਾਤਰਾ ਦਾ ਲੀਡਰਸ਼ਿਪ ਨਾਲ ਵਿਚਾਰ ਵਟਾਂਦਰਾ ਕਰਦੇ ਹੋਏ ਰੂਟ ਫਾਈਨਲ ਕੀਤਾ।

ਮੀਟਿੰਗ ਵਿੱਚ ਬਸਪਾ ਦੇ ਜ਼ਿਲ੍ਹਾ ਇੰਚਾਰਜ ਮਨੋਹਰ ਕਮਾਮ, ਜ਼ਿਲ੍ਹਾ ਸੱਕਤਰ ਸੋਮਨਾਥ ਰਟੈਂਡਾ, ਬੰਗਾ ਹਲਕੇ ਦੇ ਪ੍ਰਧਾਨ ਸਤਪਾਲ ਰਟੈਂਡਾ, ਹਲਕੇ ਦੇ ਉਪ ਪ੍ਰਧਾਨ ਅਸ਼ੋਕ ਕੁਮਾਰ ਸਾਬਕਾ ਸਰਪੰਚ ਖੋਥੜਾਂ, ਜੈ ਪਾਲ ਸੁੰਡਾ, ਚਰਨਜੀਤ ਮੰਢਾਲੀ ਦੀ ਹਾਜ਼ਰੀ ਵਿਚ ਸੰਕਲਪ ਯਾਤਰਾ ਦੀ ਤਿਆਰੀ ਸੰਬੰਧੀ ਤੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਵੀ ਮਜ਼ਬੂਤ ਕਰਨ ਲਈ ਹਲਕੇ ਵਿੱਚ ਜਨ ਸੰਪਰਕ ਤੇ ਮੀਟਿੰਗਾਂ ਕੀਤੀਆਂ ਜਾਣਗੀਆਂ।

ਮੀਟਿੰਗ ਵਿੱਚ ਜਸਵੰਤ ਕਟਾਰੀਆ, ਕੁਲਦੀਪ ਬਹਿਰਾਮ, ਸਾਬਕਾ ਸਰਪੰਚ ਅਜੀਤ ਰਾਮ ਗੁਣਾਚੌਰ, ਮਲਕੀਤ ਮੰਢਾਲੀ ਰਿਟਾਇਰ ਜੇ ਈ, ਮੇਜਰ ਸਿੰਘ ਘਟਾਰੋਂ, ਸੋਹਣ ਲਾਲ ਰਟੈਂਡਾ, ਰਾਣਾ ਮੁਕੰਦਪੁਰੀ, ਤੀਰਥ ਕਲਸੀ, ਬਲਵਿੰਦਰ ਨਾਗਰਾ, ਗੁਰਦੇਵ ਰਾਮ, ਸੁਰਿੰਦਰ ਪਾਲ ਗੁਣਾਚੌਰ, ਭਲਵਾਨ ਜਗਦੀਸ਼ ਗੁਰੂ, ਮਦਨ ਕਲਸੀ, ਕੁਲਦੀਪ ਵਿਰਦੀ, ਪ੍ਰਸ਼ੋਤਮ ਘਟਾਰੋਂ ਆਦਿ ਹਾਜ਼ਰ ਸਨ।

## ਲਾਇਲਪੁਰ ਖ਼ਾਲਸਾ ਕਾਲਜ ਨੇ ਲੇਖ ਲਿਖਣ ਦਾ ਮੁਕਾਬਲਾ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਇਤਿਹਾਸ ਵਿਭਾਗ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਲਜ ਵਿਕਾਸ ਕੌਂਸਲ ਦੇ ਸਹਿਯੋਗ ਨਾਲ 'ਸੋਮਨਾਥ ਮੰਦਰ: ਭਾਰਤ ਦੇ ਸੱਭਿਆਚਾਰ ਅਤੇ ਰਾਸ਼ਟਰੀ ਮਾਣ ਦਾ ਪ੍ਰਤੀਕ' ਵਿਸ਼ੇ ਦੇ ਤਹਿਤ ਲੇਖ ਲਿਖਣ ਦਾ ਮੁਕਾਬਲਾ ਕਰਵਾਇਆ। ਇਸ ਸਮਾਗਮ ਵਿੱਚ ਵੱਖ-ਵੱਖ ਅਕਾਦਮਿਕ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ ਨੇ ਸੋਮਨਾਥ ਮੰਦਰ ਦੇ ਅਮੀਰ ਇਤਿਹਾਸ ਅਤੇ ਸੱਭਿਅਤਾ ਦੀ ਵਿਰਾਸਤ ਬਾਰੇ ਡੂੰਘੀ ਜਾਣਕਾਰੀ ਸਾਂਝੀ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਇਤਿਹਾਸ ਵਿਭਾਗ ਦੇ ਮੁਖੀ ਡਾ. ਸੁਮਨ ਚੋਪੜਾ ਦੁਆਰਾ ਪਤਵੰਤਿਆਂ ਦਾ ਰਸਮੀ ਸਵਾਗਤ ਕਰਨ ਨਾਲ ਹੋਈ।




ਆਪਣੇ ਸੰਬੋਧਨ ਵਿੱਚ, ਡਾ. ਚੋਪੜਾ ਨੇ ਸੋਮਨਾਥ ਮੰਦਰ ਬਾਰੇ ਵਿਸ਼ੇ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਡਾ. ਸੰਧੂ ਨੇ ਕਿਹਾ ਕਿ ਸੋਮਨਾਥ ਮੰਦਰ ਦਾ ਇਤਿਹਾਸ ਭਾਰਤ ਦੀ ਅਜਿੱਤ ਭਾਵਨਾ ਅਤੇ ਰਾਸ਼ਟਰੀ ਦ੍ਰਿੜਤਾ ਦਾ ਪ੍ਰਮਾਣ ਹੈ।ਮੁਕਾਬਲੇ ਦੌਰਾਨ, ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਸੋਮਨਾਥ ਮੰਦਰ ਦੇ ਇਤਿਹਾਸ ਦੇ ਵੱਖ-ਵੱਖ ਯੁੱਗਾਂ, ਇਸਦੀ ਬਣਤਰ ਉਸਾਰੀ ਅਤੇ ਰਾਸ਼ਟਰੀ ਚੇਤਨਾ ਵਿੱਚ ਇਸਦੇ ਸਥਾਈ ਸਥਾਨ ਦੀ ਪੜਚੋਲ ਕਰਦੇ ਹੋਏ ਆਪਣੀਆਂ ਲਿਖਤਾਂ ਨੂੰ ਮੰਚ ਤੋਂ ਪੜ੍ਹ ਕੇ ਸੁਣਾਇਆ। ਡਾ. ਅਨੂ ਮੂਮ, ਮੁਖੀ ਰਾਜਨੀਤੀ ਸ਼ਾਸਤਰ ਅਤੇ ਡਾ. ਗੀਤਾਂਜਲੀ ਮੌਦਗਿੱਲ, ਸੀਨੀਅਰ ਪ੍ਰੋਫੈਸਰ, ਰਸਾਇਣ ਵਿਗਿਆਨ ਨੇ ਜੱਜ ਵਜੋਂ ਸੇਵਾ ਨਿਭਾਈ। ਈਸ਼ਾ, ਸ਼ਿਵਾਨੀ ਅਤੇ ਹਿਮਾਨੀ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਹਰਕੀਰਤ ਕੌਰ, ਨੰਦਨੀ ਅਤੇ ਇੰਦਰਪ੍ਰੀਤ ਕੌਰ ਨੂੰ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਲਈ ਵੱਖਰੇ ਸਰਟੀਫਿਕੇਟ ਦਿੱਤੇ ਗਏ। ਦਰਸ਼ਕਾਂ ਲਈ ਸੋਮਨਾਥ ਮੰਦਰ 'ਤੇ ਇੱਕ ਇਤਿਹਾਸਕ ਦਸਤਾਵੇਜ਼ੀ ਵੀਡੀਓ ਵੀ ਦਿਖਾਈ ਗਈ। ਪ੍ਰੋਗਰਾਮ ਦਾ ਅੰਤ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸੰਵਾਦ ਸੈਸ਼ਨ ਨਾਲ ਹੋਇਆ। ਫੈਕਲਟੀ ਮੈਂਬਰਾਂ ਡਾ. ਅਮਨਦੀਪ ਕੌਰ, ਡਾ. ਕਰਨਬੀਰ ਸਿੰਘ, ਪ੍ਰੋ. ਜੀਨਤ ਅਤੇ ਪ੍ਰੋ. ਅਮਨਦੀਪ ਕੌਰ ਦੇ ਨਾਲ ਵੱਡੀ ਗਿਣਤੀ ਵਿੱਚ ਵਿਦਿਆਰਥੀ ਇਸ ਪ੍ਰੋਗਰਾਮ ਵਿੱਚ ਮੌਜੂਦ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ 50 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰਾਹੋਂ ਬੱਸ ਸਟੈਂਡ ਤੋਂ ਇਕ ਵਿਸ਼ੇਸ਼ ਜਥਾ ਸੱਚਖੰਡ ਹਰਿਮੰਦਰ ਸਾਹਿਬ, ਜਲ੍ਹਿਆਂਵਾਲਾ ਬਾਗ, ਦੁਰਗਿਆਣਾ ਮੰਦਰ, ਭਗਵਾਨ ਸ੍ਰੀ ਵਾਲਮੀਕਿ ਮੰਦਰ, ਸ੍ਰੀ ਗੁਰੂ ਰਵਿਦਾਸ ਮੰਦਰ, ਵਾਹਗਾ ਬਾਰਡਰ ਦੇ ਦਰਸ਼ਨਾਂ ਲਈ ਬਲਾਕ ਇੰਚਾਰਜ ਰਜਿੰਦਰ ਸਿੰਘ ਟੋਨੀ, ਸੀਨੀਅਰ ਆਗੂ ਭਗਤ ਰਾਮ, ਬਲਵਿੰਦਰ ਸਿੰਘ ਅਤੇ ਸੂਬੇਦਾਰ ਤਰਸੇਮ ਲਾਲ ਦੀ ਅਗਵਾਈ ਹੇਠ ਰਵਾਨਾ ਹੋਇਆ। ਇਸ ਮੌਕੇ ਆਪ ਦੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੌਬੀ ਕੰਗ ਅਤੇ ਸੀਨੀਅਰ ਆਗੂ ਲਖਵਿੰਦਰ ਸਿੰਘ ਲੱਖੀ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਤੋਰਿਆ। ਇਸ ਮੌਕੇ ਤੀਰਥ ਯਾਤਰੀਆਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਯਾਤਰੀਆਂ ਵਿਚ ਵਿਸ਼ੇਸ਼ ਉਤਸਾਹ ਦੇਖਣ ਨੂੰ ਮਿਲਿਆ ਯਾਤਰੀਆਂ ਨੇ ਕਿਹਾ ਕਿ ਸਾਲ 2027 ਵਿਚ ਉਹ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ ਤੇ ਦੁਬਾਰਾ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਉਣਗੇ। ਇਸ ਮੌਕੇ ਸੁਭਾਸ਼ ਚੰਦਰ, ਰਜਿੰਦਰ ਕੁਮਾਰ ਟੋਨੀ, ਸ਼ਹਿਰੀ ਪ੍ਰਧਾਨ ਯੋਗੇਸ਼ ਕੁਮਾਰ ਜੋਗਾ ਸੂਬੇਦਾਰ ਤਰਸੇਮ ਲਾਲ ਸਾਬਕਾ ਕੌਂਸਲਰ, ਸੋਮਾ ਦੇਵੀ, ਸ਼ੇਰ ਸਿੰਘ ਸ਼ੇਰਾ, ਅਮਨਦੀਪ ਕੌਰ, ਅਕਵਿੰਦਰ ਕੌਰ, ਬਲਵਿੰਦਰ ਸਿੰਘ, ਮਨਜੀਤ ਕੌਰ, ਦਿਲਬਾਗ, ਸਤਿੰਦਰ ਸਿੰਘ, ਚਮਨ ਸਬਰਵਾਲ, ਰਾਜ ਕੁਮਾਰੀ, ਬਿਮਲਾ, ਰਾਣੀ ਸਿੰਘ, ਸੁਰਜੀਤ ਕੌਰ, ਮਾਸਟਰ ਬਖਸ਼ੀਸ਼ ਸਿੰਘ, ਸੁਖਵਿੰਦਰ ਕੌਰ, ਜਗਤਾਰ ਸਿੰਘ ਤਾਰੀ, ਬਲਵੀਰ ਕੌਰ, ਸੁਖਵਿੰਦਰ ਕੌਰ, ਜਸਵਿੰਦਰ ਕੌਰ, ਮੀਨਾ ਸ਼ਰਮਾ ਹੋਰ ਯਾਤਰੀ ਅਤੇ ਪਾਰਟੀ ਦੇ ਅਹੁਦੇਦਾਰ ਸ਼ਾਮਲ ਸਨ।

## ਡੇਰਾਬੱਸੀ ਜੁਡੀਸ਼ੀਅਲ ਕੰਪਲੈਕਸ ਨੂੰ ਲੈ ਕੇ ਵਿਧਾਇਕ ਦੀ ਮਾਲ ਮੰਤਰੀ ਨਾਲ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਡੇਰਾਬੱਸੀ ਜੁਡੀਸ਼ੀਅਲ ਕੰਪਲੈਕਸ ਦੇ ਨਿਰਮਾਣ ਵਿੱਚ ਹੋ ਰਹੀ ਦੇਰੀ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਉਣ ਤੋਂ ਬਾਅਦ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ ਅਹਿਮ ਮੀਟਿੰਗ ਕੀਤੀ। ਇਹ ਮੀਟਿੰਗ ਮਾਲ ਮੰਤਰੀ ਵੱਲੋਂ ਸੈਸ਼ਨ ਦੌਰਾਨ ਜਵਾਬ ਦੇ ਤੌਰ ਤੇ ਵਿਧਾਇਕ ਰੰਧਾਵਾ ਨੂੰ ਦਿੱਤੇ ਸਮੇਂ ਅਨੁਸਾਰ ਹੋਈ। ਮੀਟਿੰਗ ਦੌਰਾਨ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੋਂ ਇਲਾਵਾ ਐੱਫ ਸੀ ਆਰ ਅਨੁਰਾਗ ਵਰਮਾ ਅਤੇ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀ ਵੀ ਮੌਜੂਦ ਰਹੇ। ਇਸ ਮੌਕੇ ਡੇਰਾਬੱਸੀ ਜੁਡੀਸ਼ੀਅਲ ਕੰਪਲੈਕਸ ਦੇ ਨਿਰਮਾਣ ਕਾਰਜ ਨੂੰ ਜਲਦ ਤੋਂ ਜਲਦ ਸ਼ੁਰੂ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਨ ਸਭਾ ਵਿੱਚ ਵਿਧਾਇਕ ਰੰਧਾਵਾ ਨੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਸੀ ਕਿ ਡੇਰਾਬੱਸੀ ਵਿੱਚ ਜੁਡੀਸ਼ੀਅਲ ਕੰਪਲੈਕਸ ਬਣਾਉਣ ਦਾ ਐਲਾਨ ਹੋਣ ਦੇ ਬਾਵਜੂਦ ਇਸ ਦਾ ਨਿਰਮਾਣ ਕਾਰਜ ਅਜੇ ਤੱਕ ਸ਼ੁਰੂ ਨਹੀਂ ਹੋ ਸਕਿਆ। ਉਨ੍ਹਾਂ ਨੇ ਇਸ ਪ੍ਰਾਜੈਕਟ ਵਿੱਚ ਹੋ ਰਹੀ ਦੇਰੀ ਦੇ ਕਾਰਨਾਂ ਸਬੰਧੀ ਸਵਾਲ ਉਠਾਉਂਦਿਆਂ ਡੇਰਾਬੱਸੀ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਇਸ ਮੰਗ ਨੂੰ ਜਲਦ ਪੂਰਾ ਕਰਨ ਦੀ ਮੰਗ ਕੀਤੀ ਸੀ।ਇਸ ਸਬੰਧੀ ਹੋਈ ਮੀਟਿੰਗ ਦੌਰਾਨ ਪ੍ਰਸਤਾਵਿਤ ਜੁਡੀਸ਼ੀਅਲ ਕੰਪਲੈਕਸ ਲਈ ਉਪਲਬਧ ਜ਼ਮੀਨ, ਨਿਰਮਾਣ ਕਾਰਜ ਸ਼ੁਰੂ ਕਰਨ ਅਤੇ ਪ੍ਰਾਜੈਕਟ ਨਾਲ ਸੰਬੰਧਤ ਪ੍ਰਸ਼ਾਸਨਿਕ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।



## ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਤਾਵੇਜ਼ੀ ਫਿਲਮ ਦਿਖਾਈ

**ਮੁਹਾਲੀ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪਿੰਡ ਨਿਊ ਲਾਂਡਰਾਂ, ਮੌਜਪੁਰ ਅਤੇ ਸ਼ਾਮਪੁਰ ਵਿਖੇ ਵਿਸ਼ੇਸ਼ ਵੈਨ ਰਾਹੀਂ ਐੱਲ ਈ ਡੀ ਸਕਰੀਨ 'ਤੇ ਦਸਤਾਵੇਜ਼ੀ ਫਿਲਮ ਦਿਖਾਈ ਗਈ। ਇਸ ਮੌਕੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ, ਸਮਾਜਿਕ ਬਰਾਬਰੀ, ਮਨੁੱਖਤਾ, ਆਪਸੀ ਭਾਈਚਾਰੇ ਅਤੇ ਸਾਂਝੀਵਾਲਤਾ ਦੇ ਸੰਦੇਸ਼ ਨਾਲ ਜਾਣੂ ਕਰਵਾਇਆ ਗਿਆ। ਦਸਤਾਵੇਜ਼ੀ ਫਿਲਮ ਰਾਹੀਂ ਗੁਰੂ ਜੀ ਵੱਲੋਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਅਤੇ ਭੇਦਭਾਵ ਨੂੰ ਦੂਰ ਕਰਨ ਲਈ ਦਿੱਤੇ ਗਏ ਮਹਾਨ ਉਪਦੇਸ਼ਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਪਿੰਡਾਂ ਵਿੱਚ ਪਹੁੰਚੀ ਇਸ ਵਿਸ਼ੇਸ਼ ਵੈਨ ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਦਸਤਾਵੇਜ਼ੀ ਫਿਲਮ ਦੇਖੀ। ਇਸ ਉਪਰਾਲੇ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਮਹਾਨ ਜੀਵਨ ਅਤੇ ਫਲਸਫ਼ੇ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।



## ਸੰਤਾਲੀ ਦੀ ਵੰਡ ਨੇ ਆਮ ਲੋਕਾਂ 'ਤੇ ਕਹਿਰ ਵਰਤਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬੀ ਸਾਹਿਤ ਸਭਾ (ਰਜਿ.), ਮੁਹਾਲੀ ਦੀ ਇਕੱਤਰਤਾ ਨਗਰ ਨਿਗਮ ਦੀ ਪਬਲਿਕ ਲਾਇਬ੍ਰੇਰੀ, ਸੈਕਟਰ ਵਿਖੇ ਡਾ. ਦੀਪਕ ਮਨਮੋਹਨ ਸਿੰਘ ਦੀ ਪ੍ਰਧਾਨਗੀ ਵਿਚ ਹੋਈ ਜਿਸ ਵਿੱਚ ਭਾਰਤ ਦੇ ਆਜ਼ਾਦੀ ਦੇ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਯੂਨੀਵਰਸਿਟੀ ਦੇ ਇਤਿਹਾਸ ਦੇ ਸਕਾਲਰ ਪ੍ਰੋ. ਈਸ਼ਵਰ ਦਿਆਲ ਗੌੜ ਵੱਲੋਂ ਵਿਸ਼ੇਸ਼ ਭਾਸ਼ਣ ਦਿੱਤਾ ਗਿਆ। ਉਨ੍ਹਾਂ ਆਪਣੇ ਇਤਿਹਾਸ ਭਾਸ਼ਣ ਵਿਚ ਦੇਸ਼ ਵੰਡ, ਦੋਵਾਂ ਪੰਜਾਬ ਦੇ ਲੋਕਾਂ ਦਾ ਵੰਡ ਤੋਂ ਪਹਿਲਾਂ ਅਤੇ ਬਾਅਦ ਵਾਲਾ ਜਨ-ਜੀਵਨ, ਸਮਾਜਿਕ, ਰਾਜਨੀਤਿਕ ਅਤੇ ਆਰਥਿਕ ਪਹਿਲੂਆਂ ਉਪਰ ਚਾਨਣਾ ਪਾਇਆ। ਉਹਨਾਂ ਨੇ ਬਾਬਾ ਨਾਨਕ ਜੀ ਦੀ ਬਾਣੀ ਅਤੇ ਮਹਾਰਾਜਾ ਰਣਜੀਤ ਸਿੰਘ ਦੀਆਂ ਮੁਹਿੰਮਾਂ ਦਾ ਵਿਸ਼ੇਸ਼ ਉਲੇਖ ਵੀ ਕੀਤਾ।



ਦੂਜੇ ਦੌਰ ਵਿਚ ਅਜ਼ਾਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਕਰਵਾਇਆ ਗਿਆ, ਜਿਸ ਵਿਚ ਹਾਜ਼ਰ ਕਵੀਆਂ ਨੇ ਆਪਣੀਆਂ ਰਚਨਾਵਾਂ ਦਾ ਪਾਠ ਕੀਤਾ। ਪ੍ਰੋ. ਈਸ਼ਵਰ ਦਿਆਲ ਗੌੜ ਨੇ ਆਪਣੀ ਰਚਨਾ ਸੁਣਾ ਕੇ ਕਵੀ ਦਰਬਾਰ ਦਾ ਅਰੰਭ ਕੀਤਾ।

ਭੁਪਿੰਦਰ ਸਿੰਘ ਮਟੌਰਵਾਲਾ, ਡਾ. ਪੰਨਾ ਲਾਲ ਮੁਸਤਫ਼ਾਬਾਦੀ, ਬਲਵਿੰਦਰ ਸਿੰਘ ਢਿੱਲੋਂ, ਸਰਬਜੀਤ ਸਿੰਘ ਪੱਡਾ, ਸਵਰਨਜੀਤ ਸਿੰਘ ਜੀਤ, ਸ਼ਮਸ਼ੇਰ ਗਾਫਲ, ਰਜਿੰਦਰ ਸਿੰਘ ਧੀਮਾਨ, ਬਾਬੂ ਰਾਮ ਦੀਵਾਨਾ, ਹਰਿੰਦਰਜੀਤ ਸਿੰਘ ਹਰ, ਦਰਸ਼ਨ ਤਿਊਣਾ, ਮਹਿੰਦਰ ਸਿੰਘ ਗੋਸਲ, ਮਲਕੀਅਤ ਸਿੰਘ ਨਾਗਰਾ, ਰੂਪ ਸਿੰਘ ਦਿਓਲ, ਰਤਨ ਬਾਬਕਵਾਲਾ, ਡਾ. ਸੁਰਿੰਦਰ ਸਿੰਘ ਗਿੱਲ, ਡਾ. ਨਿਰਮਲ ਸਿੰਘ ਬਾਸੀ, ਡਾ.ਗੁਰਵਿੰਦਰ ਸਿੰਘ ਅਮਨ (ਰਾਜਪੁਰਾ), ਅਸ਼ਵਨੀ ਕੁਮਾਰ ਸਾਵਨ, ਇੰਦਰਜੀਤ ਸਿੰਘ ਜਾਵਾ, ਕੰਵਲਨੈਣ ਸਿੰਘ ਸੇਖੋਂ, ਮਨਦੀਪ ਸਹੋਲ ਅਤੇ ਚਰਨਜੀਤ ਕੌਰ ਨੇ ਆਪਣੀਆਂ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਸਵੈਰਾਜ ਸੰਧੂ ਵੱਲੋਂ ਕੀਤਾ ਗਿਆ।

ਇਸ ਮੌਕੇ ਡਾ. ਦੀਪਕ ਮਨਮੋਹਨ ਸਿੰਘ ਨੇ ਪ੍ਰੋ. ਈਸ਼ਵਰ ਦਿਆਲ ਗੌੜ ਦੇ ਇਤਿਹਾਸਕ ਲੈਕਚਰ ਅਤੇ ਪੜ੍ਹੀਆਂ ਗਈਆਂ ਰਚਨਾਵਾਂ ਦੀ ਪ੍ਰਸੰਸਾ ਕੀਤੀ। ਸਭਾ ਦੇ ਪ੍ਰਧਾਨ ਐਡਵੋਕੇਟ ਪਰਮਿੰਦਰ ਸਿੰਘ ਗਿੱਲ ਨੇ ਆਏ ਸਾਰੇ ਸਰੋਤਿਆਂ ਦਾ ਧੰਨਵਾਦ ਕੀਤਾ।

## ਡੇਅਰੀ ਸਿਖ਼ਲਾਈ ਕੋਰਸ 24 ਤੋਂ

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਕਪਲਮੀਤ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵਲੋਂ ਲਾਭਪਾਤਰੀਆਂ ਲਈ ਦੋ ਹਫ਼ਤੇ ਦਾ ਡੇਅਰੀ ਸਿਖ਼ਲਾਈ ਕੋਰਸ ਦਾ ਬੈਚ 24 ਅਗਸਤ 2026 ਤੋਂ ਡੇਅਰੀ ਟ੍ਰੇਨਿੰਗ ਸੈਂਟਰ ਫਗਵਾੜਾ ਵਿਖੇ ਸ਼ੁਰੂ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਪਸ਼ੂ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ ਤੇ ਸਿਖਿਆਰਥੀਆਂ ਨੂੰ ਵਿਭਾਗੀ ਲਿਟਰੇਚਰ ਮੁਫ਼ਤ ਦਿੱਤਾ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਪੇਂਡੂ ਪਿਛੋਕੜ ਨਾਲ ਸੰਬੰਧ ਰੱਖਣ ਵਾਲੇ ਵਿਅਕਤੀ (ਮਰਦ/ਔਰਤ), ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਣ, ਸਿਖ਼ਲਾਈ ਵਿੱਚ ਹਿੱਸਾ ਲੈ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2,5,10 ਤੇ 20 ਦੁਧਾਰੂ ਪਸ਼ੂਆਂ ਦੀ ਖ਼ਰੀਦ 'ਤੇ 33% ਅਤੇ 25% ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਜਨਰਲ ਕੈਟਾਗਰੀ ਲਈ ਫੀਸ 1000 ਰੁਪਏ ਅਤੇ ਅਨੁਸੂਚਿਤ ਜਾਤੀ ਲਈ ਫੀਸ 750 ਰੁਪਏ ਹੋਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਦੇ ਸਿਖ਼ਲਾਈ ਲੈਣ ਦੇ ਚਾਹਵਾਨ ਉਮੀਦਵਾਰ 21 ਅਗਸਤ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਜਲੰਧਰ ਆਰ ਡੀ ਡੀ ਐੱਲ ਕੰਪਲੈਕਸ ਲਾਡੋਵਾਲੀ ਰੋਡ ਵਿਖੇ ਹਾਜ਼ਰ ਹੋ ਸਕਦੇ ਹਨ।

## ਤੀਆਂ ਦਾ ਤਿਉਹਾਰ ਖੁਸ਼ੀਆਂ-ਖੇੜਿਆਂ ਨਾਲ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਤੀਆਂ ਤੀਜ ਦੀਆਂ ਵਜੋਂ ਖੁਸ਼ੀਆਂ ਖੇੜਿਆਂ ਨਾਲ ਮਨਾਇਆ ਗਿਆ।ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੇ ਐਮ.ਡੀ ਬਿਕਰਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਦੇਖ-ਰੇਖ ਹੇਠ ਮਨਾਏ ਗਏ।



ਇਸ ਤਿਉਹਾਰ ਦੇ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਨੇ ਰਿਵਾਇਤੀ ਪੰਜਾਬੀ ਪਹਿਰਾਵਿਆਂ ਵਿੱਚ ਸੱਜ ਧੱਜ ਕੇ ਅਮੀਰ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਤੀਆਂ ਦੇ ਤਿਉਹਾਰ ਦੌਰਾਨ ਜੀ ਆਰ ਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪ੍ਰਦੀਪ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਨੇ ਕਾਲਜ ਦੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥਣਾਂ ਨੂੰ ਤੀਆਂ ਦੇ ਤਿਉਹਾਰ ਤੇ ਮੁਬਾਰਕਬਾਦ ਦਿੱਤੀ ਅਤੇ ਦੱਸਿਆ ਕਿ ਇਹ ਤਿਉਹਾਰ ਔਰਤਾਂ ਨੂੰ ਜਿੱਥੇ ਖੁਸ਼ੀਆਂ ਖੇੜਿਆ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ ਉਥ ਹੀ ਸਾਨੂੰ ਆਪਣੇ ਅਮੀਰ ਸੱਭਿਆਚਾਰ ਤੋਂ ਵੀ ਜਾਣੂ ਕਰਵਾਉਂਦਾ ਹੈ। ਇਸ ਮੌਕੇ ਇਸ ਮੌਕੇ ਅਮਨਦੀਪ ਸਿੰਘ ਸਾਹੀ, ਪ੍ਰਿੰਸੀਪਲ ਰੇਨੂ ਬਾਲਾ, ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ, ਐਡਮਿਸ਼ਨ ਸੈਲ ਇੰਚਾਰਜ ਮੈਡਮ ਲਵਲੀ ਸੈਣੀ, ਗਗਨਦੀਪ ਕੌਰ, ਡਾ. ਤਵਲੀਨ ਕੌਰ, ਬਲਜੀਤ ਕੌਰ, ਦਲਜਿੰਦਰ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਲਖਵਿੰਦਰ ਕੌਰ, ਮਨਜੀਤ ਕੌਰ, ਮਨਜੀਤ ਕੌਰ, ਜਸਲੀਨ ਕੌਰ, ਕਸ਼ਮੀਰ ਕੌਰ,ਆਂਚਲ ਸੈਣੀ, ਸਮੂਹ ਕਾਲਜ ਜੀ ਆਰ ਡੀ ਦੀ ਇੰਟਰਨੈਸ਼ਨਲ ਸਕੂਲ ਦੇ ਸਟਾਫ ਮੈਂਬਰ ਵੀ ਮੌਜੂਦ ਸਨ।

## ਸਿਵਲ ਸਰਜਨ ਨੇ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਕੀਤਾ ਨਮਨ

**ਫਗਵਾੜਾ (ਡਾ. ਰਮਨ)**- ਦੇਸ਼ ਦੇ 80ਵੇਂ ਸੁਤੰਤਰਤਾ ਦਿਵਸ ਮੌਕੇ ਸਿਵਲ ਹਸਪਤਾਲ ਕਪੂਰਥਲਾ ਵਿਖੇ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਕੌਮੀ ਝੰਡਾ ਤਿਰੰਗਾ ਲਹਿਰਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਰਾਜੀਵ ਪਰਾਸ਼ਰ ਨੇ ਸਮੂਹ ਸਟਾਫ਼ ਅਤੇ ਜ਼ਿਲ੍ਹਾ ਵਾਸੀਆਂ ਨੂੰ ਸੁਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਾਡੀ ਆਜ਼ਾਦੀ ਅਣਗਿਣਤ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਨਤੀਜਾ ਹੈ। ਸਾਨੂੰ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਦਿਆਂ ਦੇਸ਼ ਦੀ ਤਰੱਕੀ ਅਤੇ ਲੋਕਾਂ ਦੀ ਸੇਵਾ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਡਾ. ਪਰਾਸ਼ਰ ਨੇ ਕਿਹਾ ਕਿ ਸਿਹਤ ਵਿਭਾਗ ਦਾ ਮੁੱਖ ਉਦੇਸ਼ ਲੋਕਾਂ ਨੂੰ ਮਿਆਰੀ ਅਤੇ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਏਸੀਐਸ ਡਾ. ਅੰਨੂ ਸ਼ਰਮਾ,ਡੀ ਐੱਫ ਪੀ ਓ ਡਾ. ਰਵਜੀਤ ਸਿੰਘ,ਐੱਸ ਐੱਮ ਓ ਡਾ. ਪਰਮਿੰਦਰ ਕੌਰ ਤੇ ਹੋਰ ਕਰਮਚਾਰੀਆਂ ਹਾਜ਼ਰ ਸਨ। ਸਮੂਹ ਸਟਾਫ਼ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਆਪਣੀਆਂ ਜ਼ਿੰਮੇਵਾਰੀਆਂ ਹੋਰ ਵੀ ਸਮਰਪਣ ਭਾਵਨਾ ਨਾਲ ਨਿਭਾਉਣ ਦਾ ਸੰਕਲਪ ਲਿਆ।



## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮ

**ਸੁਲਤਾਨਪੁਰ ਲੋਧੀ (ਹਨੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਦਾ ਵਹੀਰ ਗੁਰਮਤਿ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਗੁਰੂ ਕਾ ਬਾਗ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼ਮੂਲੀਅਤ ਕੀਤੀ ਅਤੇ ਆਪਣੇ ਸੰਬੋਧਨ ਦੌਰਾਨ ਸੰਗਤ ਨੂੰ ਗੁਰਮਤਿ ਦੇ ਸਿਧਾਂਤਾਂ 'ਤੇ ਚੱਲਣ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਿੱਖ ਸਿਧਾਂਤਾਂ ਨਾਲ ਜੁੜਨ ਦਾ ਸੁਨੇਹਾ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਕੌਮ ਨੂੰ ਆਪਸੀ ਏਕਤਾ, ਸੰਜਮ ਅਤੇ ਗੁਰੂ ਸਾਹਿਬ ਦੀ ਬਾਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਬੀਤੇ ਦਿਨੀਂ ਨਾਂਦੇੜ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਕਿਸੇ ਵੀ ਤਰ੍ਹਾਂ ਦੀ ਹਿੰਸਕ ਜਾਂ ਅਣਸੁਖਾਵੀਂ ਘਟਨਾ ਨਹੀਂ ਵਾਪਰਨੀ ਚਾਹੀਦੀ। ਗੁਰੂ ਘਰ ਮਾਨਵਤਾ ਨੂੰ ਸ਼ਾਂਤੀ, ਸੇਵਾ, ਨਿਮਰਤਾ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ, ਇਸ ਲਈ ਇਥੇ ਅਜਿਹਾ ਵਰਤਾਰਾ ਸਿੱਖੀ ਦੀਆਂ ਕਦਰਾਂ-ਕੀਮਤਾਂ ਦੇ ਅਨੁਕੂਲ ਨਹੀਂ ਹੈ। ਇਸ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਧਰਤੀ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਛੋਹ ਪ੍ਰਾਪਤ ਹੈ, ਜਿਥੇ ਗੁਰੂ ਸਾਹਿਬ ਨੇ ਮਨੁੱਖਤਾ ਨੂੰ ਇਕ ਅਕਾਲ ਪੁਰਖ ਨਾਲ ਜੁੜਨ ਦਾ ਸੰਦੇਸ਼ ਦਿੱਤਾ।



ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਬੁਲਾਰਿਆਂ ਨੇ ਸੰਗਤ ਨਾਲ ਗੁਰੂ ਸਾਹਿਬਾਨ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ ਅਤੇ ਮੈਂਬਰ ਬੀਬੀ ਗੁਰਪ੍ਰੀਤ ਕੌਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਨਮਾਨਤ ਵੀ ਕੀਤਾ।ਇਸ ਮੌਕੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਬੀਬੀ ਗੁਰਪ੍ਰੀਤ ਕੌਰ, ਬਾਬਾ ਬੂਟਾ ਸਿੰਘ, ਇੰਜੀ ਸਰਵਣ ਸਿੰਘ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਸਾਹਿਬ ਦੇ ਮੈਨੇਜਰ ਅਵਤਾਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾ ਮੌਜੂਦ ਸਨ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਕਿਸਾਨ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਦਾਨਾ ਮੰਡੀ ਮੋਰਿੰਡਾ ਵਿੱਚ ਹੋਈ ਜਿਸ ਵਿੱਚ ਪੰਜਾਬ ਕਮੇਟੀ ਮੈਂਬਰ ਚਰਨ ਸਿੰਘ, ਜ਼ਿਲਾ ਪ੍ਰਧਾਨ ਦਲਜੀਤ ਸਿੰਘ ਅਤੇ ਗੁਰਚਰਨ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।



ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਜਸਵਿੰਦਰ ਸਿੰਘ ਕਾਈਨੌਰ ਅਤੇ ਸੁਖਜੰਤ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ ਪੰਜਾਬ ਚੈਪਟਰ ਵੱਲੋਂ ਜੋ ਇਕ ਸਤੰਬਰ ਤੋਂ ਲੈ ਕੇ ਸੱਤ ਸਤੰਬਰ ਤੱਕ ਜੋ ਚੰਡੀਗੜ੍ਹ ਧਰਨਾ ਦੇਣਾ ਹੈ ਉਸ ਸਬੰਧੀ ਵਰਕਰਾਂ ਦੀਆਂ ਟਰੈਕਟਰ ਟਰਾਲੀਆਂ ਲੈ ਜਾਣ ਦੀਆਂ ਡਿਊਟੀਆਂ ਲਾਈਆਂ ਗਈਆਂ।ਮੀਟਿੰਗ ਨੂੰ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਜੋ ਨਵੇਂ ਲੈਂਡ ਪੂਲਿੰਗ ਨੀਤੀ ਹੋਂਦ ਵਿੱਚ ਲਿਆਂਦੀ ਗਈ ਹੈ ਉਸ ਦੇ ਕਿਸਾਨਾਂ ਤੇ ਮਾਰੂ ਪ੍ਰਭਾਵ ਪੈਣ ਵਾਲੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੁਆਰਾ ਭਾਰਤ ਅਮਰੀਕਾ ਵਪਾਰਕ ਡੀਲ ਦਾ ਕਿਸਾਨਾਂ ਤੇ ਪੈਣ ਵਾਲੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਚੰਡੀਗੜ੍ਹ ਉਪਰੋਕਤ ਨੀਤੀਆਂ ਦੇ ਖਿਲਾਫ ਸੱਤ ਦਿਨਾਂ ਧਰਨੇ ਵਿੱਚ ਮੋਰਿੰਡੇ ਇਲਾਕੇ ਵਿੱਚੋਂ ਟਰੈਕਟਰ ਟਰਾਲੀਆਂ ਦੀ ਲਿਸਟਾਂ ਤਿਆਰ ਕੀਤੀਆਂ ਗਈਆਂ ਅਤੇ ਵਰਕਰਾਂ ਨੂੰ ਲਾਮ ਬੰਦ ਕੀਤਾ ਗਿਆ। ਉਪਰੋਕਤ ਆਗੂਆਂ ਨੇ ਕਿਹਾ ਕਿ ਪਿੰਡਾਂ ਵਿੱਚ ਹੋਰ ਨਾ ਕਿਸਾਨਾਂ ਮਜ਼ਦੂਰਾਂ ਨੂੰ ਧਰਨੇ ਵਿੱਚ ਸ਼ਾਮਿਲ ਹੋਣ ਲਈ ਪ੍ਰੇਰਿਆ ਜਾਵੇਗਾ ਇਹ ਨੀਤੀਆਂ ਕਿਸੇ ਕਿਸਮ ਤੇ ਲਾਗੂ ਨਹੀਂ ਹੋਣ ਦਿੱਤੀਆਂ ਜਾਣਗੀਆਂ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਇਸ ਮੌਕੇ ਮੰਗ ਕੀਤੀ ਕਿ ਬੰਦੀ ਸਿੰਘ ਨੂੰ ਤੁਰੰਤ ਰਿਹਾ ਕੀਤਾ ਜਾਵੇ ਅਤੇ ਪਿਛਲਿਆ ਸਾਲਾਂ ਤੋਂ ਜੇਲ ਵਿੱਚ ਬੰਦ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਘੱਟੋ ਘੱਟ 10 ਦਿਨ ਦੀ ਪੈਰੋਲ ਦਿੱਤੀ ਜਾਵੇ ਤਾਂ ਕਿ ਇਨਸਾਨੀਅਤ ਦੇ ਤੌਰ ਤੇ ਆਪਣੇ ਬਿਮਾਰ ਮਾਤਾ ਨੂੰ ਮਿਲ ਸਕਣ। ਇਸ ਮੌਕੇ ਬੰਦੀ ਸਿੰਘ ਮੋਰਚਾ ਵੱਲੋਂ ਜੋ 21 ਅਗਸਤ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਹੈ ਉਸ ਸੱਦੇ ਦਾ ਜਥੇਬੰਦੀ ਭਰਪੂਰ ਸਮਰਥਨ ਕਰਦੀ ਹੈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ, ਨੇਤਰ ਸਿੰਘ , ਕੇਵਲ ਸਿੰਘ, ਗੁਰਪ੍ਰੀਤ ਸਿੰਘ ਥਿੰਦ, ਗੁਰਦੀਪ ਸਿੰਘ, ਸ਼ਰਨਜੀਤ ਸਿੰਘ, ਜਗਤਾਰ ਸਿੰਘ, ਹਰਚੰਦ ਸਿੰਘ, ਸੰਤੋਖ ਸਿੰਘ, ਬੇਅੰਤ ਸਿੰਘ, ਤਰਲੋਚਨ ਸਿੰਘ, ਸੁਖਦੀਪ ਸਿੰਘ, ਰਣਧੀਰ ਸਿੰਘ, ਮੇਜਰ ਸਿੰਘ, ਸੰਤੋਖ ਸਿੰਘ, ਨਿਰਮਲ ਸਿੰਘ, ਸੁਰਿੰਦਰ ਪਾਲ ਸਿੰਘ, ਬਹਾਦਰ ਸਿੰਘ, ਹਰਪਾਲ ਸਿੰਘ, ਵਿੱਕੀ, ਪਰਮਜੀਤ ਸਿੰਘ, ਕਰਨੈਲ ਸਿੰਘ, ਬਲਜੀਤ ਸਿੰਘ, ਕਾਕਾ ਸਿੰਘ, ਮਹਿੰਦਰ ਸਿੰਘ, ਬਲਜੀਤ ਸਿੰਘ, ਹਰਮਨਜੀਤ ਸਿੰਘ, ਭੁਪਿੰਦਰ ਸਿੰਘ, ਕੁਲਵੰਤ ਸਿੰਘ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਕੰਗ ਗੁਰਦੁਆਰਾ ਬਾਬਾ ਗੁਰਦਿੱਤਾ ਵਿਖੇ ਹੋਏ ਨਤਮਸਤਕ

**ਨਵਾਂਸ਼ਹਿਰ (ਮਨੋਜ ਲਾਡੀ)**- ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਇਤਿਹਾਸਿਕ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਸਲਾਨਾ ਜੋੜ ਮੇਲੇ ਦੌਰਾਨ ਨਤਮਸਤਕ ਹੋਏ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਹਨਾਂ ਦੇ ਨਾਲ ਵਿਧਾਇਕ ਸੰਤੋਸ਼ ਕਾਟਰੀਆ ਅਤੇ ਕਰਨਵੀਰ ਕਟਾਰੀਆ ਵੀ ਮੌਜੂਦ ਸਨ। ਸਾਲਾਨਾ ਜੋੜ ਮੇਲੇ ਵਿੱਚ ਸ਼ਿਰਕਤ ਕਰਨ ਤੋਂ ਬਾਅਦ ਸੰਗਤਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਉਹ ਇਸ ਸਲਾਨਾ ਜੋੜ ਮੇਲੇ ਦੌਰਾਨ ਗੁਰਦੁਆਰਾ ਬਾਬਾ ਗੁਰਦਿੱਤਾ ਜੀ ਵਿਖੇ ਨਤਮਸਤਕ ਹੋਣ 'ਤੇ ਆਪਣੇ ਆਪ ਨੂੰ ਬਹੁਤ ਹੀ ਵੱਡਭਾਗਾ ਮਹਿਸੂਸ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਕਮੇਟੀ ਵਲੋਂ ਇਲਾਕੇ ਦੇ ਵਿਕਾਸ ਲਈ ਜੋ ਯੋਗਦਾਨ ਪਾਇਆ ਜਾ ਰਿਹਾ ਹੈ, ਉਹ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ, ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਮੌਜੂਦਾ ਸਰਕਾਰ ਵਲੋਂ ਵੀ ਸੂਬੇ ਦੇ ਮਹਾਨ ਗੁਰੂਆਂ ਤੇ ਦੇਸ਼ ਭਗਤਾਂ ਵਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਹਰ ਵਰਗ ਦੀ ਭਲਾਈ ਲਈ ਅਨੇਕਾਂ ਹੀ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵਲੋਂ ਬਿਨਾਂ ਕਿਸੇ ਭੇਦ-ਭਾਵ ਦੇ ਸੂਬੇ ਦੇ ਵਿਕਾਸ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ ਅਤੇ ਭਵਿੱਖ ਵਿੱਚ ਵੀ ਇਹਨਾਂ ਯਤਨਾਂ ਨੂੰ ਜਾਰੀ ਰੱਖਿਆ ਜਾਵੇਗਾ।ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਇੱਥੇ ਲਗਾਏ ਗਏ ਖ਼ੂਨਦਾਨ ਕੈਂਪ ਵਿੱਚ ਵੀ ਪੁੱਜੇ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਇਕ ਮਹਾਨ ਦਾਨ ਹੈ।



## ਤੀਆਂ ਦਾ ਤਿਉਹਾਰ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੋਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਦਰਸਾਉਂਦੀਆਂ ਵੱਖ-ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ। ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ, ਕੋਰੀਓਗ੍ਰਾਫੀ ਅਤੇ ਡਾਂਸ ਆਦਿ ਦੀਆਂ ਪੇਸ਼ਕਾਰੀਆਂ ਰਾਹੀਂ ਪੰਜਾਬੀ ਸੱਭਿਆਚਾਰ ਦੇ ਰੰਗ ਬਿਖੇਰੇ ਗਏ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਸੱਭਿਆਚਾਰਕ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਨੇ ਬੜੀ ਮਿਹਨਤ ਅਤੇ ਲਗਨ ਨਾਲ ਪੰਜਾਬੀ ਵਿਰਸੇ ਨੂੰ ਪੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਪ੍ਰਤਿਭਾ, ਮਿਹਨਤ ਅਤੇ ਪੇਸ਼ਕਾਰੀ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਰਣਜੋਧ ਸਿੰਘ ਡੀਪੀਈ, ਦੀਪਾਂਜਲੀ ਸ਼ਰਮਾ, ਬਲਦੀਪ ਕੌਰ, ਆਂਸ਼ੂ, ਸਪਨਾ ਰਾਣੀ, ਦਲਜੀਤ ਕੌਰ, ਜਸਪ੍ਰੀਤ ਕੌਰ, ਨਰਿੰਦਰ ਕੌਰ, ਮਮਤਾ ਦੇਵੀ, ਸਤਿੰਦਰ ਕੌਰ, ਰਜਿੰਦਰ ਕੌਰ, ਕੰਵਲਜੀਤ ਕੌਰ, ਸ਼ਾਂਤੀ ਦੇਵੀ, ਅਮਰਜੀਤ ਕੌਰ, ਕਰਮਜੀਤ ਕੌਰ, ਹਰਜਿੰਦਰ ਕੌਰ, ਸਮੇਤ ਸਮੂਹ ਵਿਦਿਆਰਥੀ ਹਾਜ਼ਰ ਸਨ।



## ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ ਧਾਰਮਿਕ ਸਮਾਗਮ 23 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ (ਰਜਿ.) ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵਿਖੇ 57ਵੇਂ ਬਰਸੀ ਸਮਾਗਮ 108 ਸੰਤ ਬਾਬਾ ਹੰਸਰਾਜ ਮਹਾਰਾਜ ਅਤੇ 23ਵੇਂ ਸਥਾਪਨਾ ਦਿਵਸ ਸਰੋਵਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਸੰਬੰਧ ਵਿੱਚ ਧਾਰਮਿਕ ਸਮਾਗਮ 23 ਅਗਸਤ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਜਾ ਰਿਹਾ ਹੈ। ਅਸਥਾਨ ਦੇ ਗੱਦੀਨਸ਼ੀਨ ਸੰਤ ਮਹਿੰਦਰ ਪਾਲ, ਸੰਤ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ ਅਤੇ ਸੰਤ ਮੋਹਨ ਪਾਲ ਅਮਰੀਕਾ ਨਿਵਾਸੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਜਾਪ 19 ਅਗਸਤ ਤੋਂ 23 ਅਗਸਤ ਤੱਕ ਚੱਲਣਗੇ। 22 ਅਗਸਤ ਨੂੰ 108 ਸੰਤ ਬਾਬਾ ਹੰਸ ਰਾਜ ਮਹਾਰਾਜ ਦੇ ਪੂਜੀਏ ਪਿਤਾ ਪ੍ਰੀਤਮ ਦਾਸ ਦੇ 13ਵੇਂ ਬਰਸੀ ਸਮਾਗਮ ਅਤੇ ਪੂਜੀਏ ਮਾਤਾ ਦਲੀਪ ਕੌਰ ਦੇ 10ਵੇਂ ਬਰਸੀ ਸਮਾਗਮ ਦੇ ਸੰਬੰਧ ਵਿੱਚ ਅੰਗੀਠਾ ਸਾਹਿਬ ਤੇ ਚਾਦਰ ਦੀ ਰਸਮ ਕੀਤੀ ਜਾਵੇਗੀ। ਲੁਕਣ ਮਚਾਈ ਅਸਥਾਨ ਵਿਖੇ ਨਿਸ਼ਾਨ ਸਾਹਿਬ ਨੂੰ ਚੋਲਾ ਪਹਿਨਾਉਣ ਦੀ ਰਸਮ ਸਵੇਰੇ 9:30 ਵਜੇ ਹੋਵੇਗੀ। ਰਾਤ ਦੇ ਦੀਵਾਨ ਸ਼ਾਮ 7 ਤੋਂ ਰਾਤ ਦੇ 12 ਵਜੇ ਤੱਕ ਸੱਜਣਗੇ। 23 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਰਾਗੀ, ਢਾਡੀ ਅਤੇ ਸੰਤ ਧਾਰਮਿਕ ਪ੍ਰਵਚਨ ਕਰਨਗੇ। ਉਹਨਾਂ ਦੱਸਿਆ ਕਿ ਢਾਡੀ ਫੌਜਾ ਸਿੰਘ ਫਕੀਰ ਲੁਧਿਆਣੇ ਵਾਲੇ ਅਤੇ ਬਾਬਾ ਜਤਿੰਦਰ ਸਿੰਘ ਪਿਪਲੀ ਸਾਹਿਬ ਵਾਲੇ 23 ਅਗਸਤ ਦਿਨ ਵੇਲੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਨਗੇ। 22 ਅਗਸਤ ਰਾਤ ਵੇਲੇ ਗਾਇਕ ਲਵਪ੍ਰੀਤ ਲਵ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਇਸ ਸਾਰੇ ਪ੍ਰੋਗਰਾਮ ਦੀ ਕਾਮਯਾਬੀ ਲਈ ਚੇਅਰਮੈਨ ਪਰਮਜੀਤ ਸਿੰਘ ਬੁੱਟਰ ਕਨੇਡਾ, ਪ੍ਰਧਾਨ ਮਾਸਟਰ ਗੁਰਨਾਮ ਚੰਦ, ਸੁਖਦੇਵ ਸਿੰਘ ਅਮਰੀਕਾ, ਪ੍ਰਗਟ ਸਿੰਘ ਉਪ ਪ੍ਰਧਾਨ, ਬਾਲ ਕ੍ਰਿਸ਼ਨ, ਸਰਬਜੀਤ ਕੁਮਾਰ, ਖਜ਼ਾਨਚੀ ਬਲਵੰਤ ਰਾਮ, ਹਰਦੇਵ ਲਾਲ, ਬਲਵੀਰ ਸਿੰਘ ਅਮਰੀਕਾ, ਕੁਲਵਿੰਦਰ ਸਿੰਘ ਕਨੇਡਾ, ਭੁਪਿੰਦਰ ਸਿੰਘ ਇੰਗਲੈਂਡ ਅਤੇ ਸਮੂਹ ਪ੍ਰਬੰਧਕ ਕਮੇਟੀ ਡੇਰਾ ਸੱਚਖੰਡ ਪੰਡਵਾਂ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਪੂਰਾ ਸਹਿਯੋਗ ਕਰ ਰਹੀਆਂ ਹਨ।ਗੁਰੂ ਕੇ ਲੰਗਰ ਅਤੁੱਟ ਚੱਲਣਗੇ।



## ਕੈਂਸਰ ਦੀ ਸ਼ੁਰੂਆਤੀ ਜਾਂਚ ਤੇ ਨਿਦਾਨ ਦੇ ਮਹੱਤਵ 'ਤੇ ਚਾਨਣਾ ਪਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਕੈਂਸਰ ਦੀ ਸ਼ੁਰੂਆਤੀ ਜਾਂਚ ਅਤੇ ਸਮੇਂ ਸਿਰ ਨਿਦਾਨ ਦੇ ਮਹੱਤਵ 'ਤੇ ਚਾਨਣਾ ਪਾਉਂਦਿਆਂ, ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ਼ੁਰੂਆਤੀ ਪੜਾਅ 'ਚ ਕੈਂਸਰ ਦਾ ਪਤਾ ਲੱਗਣ ਨਾਲ ਇਲਾਜ ਦੇ ਨਤੀਜਿਆਂ ਵਿੱਚ ਕਾਫ਼ੀ ਸੁਧਾਰ ਹੁੰਦਾ ਹੈ ਅਤੇ ਪੂਰੀ ਤਰ੍ਹਾਂ ਠੀਕ ਹੋਣ ਦੀਆਂ ਸੰਭਾਵਨਾਵਾਂ ਵਧ ਜਾਂਦੀਆਂ ਹਨ।ਕੰਸਲਟੈਂਟ ਪੀਡੀਆਟ੍ਰਿਕ ਓਨਕੋਲੋਜੀ ਡਾ. ਕ੍ਰਿਤਿਕਾ ਗੋਇਲ ਨੇ ਦੱਸਿਆ ਕਿ ਬਹੁਤ ਸਾਰੇ ਕੈਂਸਰ ਚੁੱਪਚਾਪ ਪਨਪਦੇ ਹਨ ਅਤੇ ਸ਼ੁਰੂਆਤੀ ਪੜਾਵਾਂ ਵਿੱਚ ਕੋਈ ਸਪੱਸ਼ਟ ਲੱਛਣ ਦਿਖਾਈ ਨਹੀਂ ਦਿੰਦੇ। ਨਿਯਮਤ ਜਾਂਚ ਅਤੇ ਚੇਤਾਵਨੀ ਦੇ ਲੱਛਣਾਂ—ਜਿਵੇਂ ਕਿ ਬਿਨਾਂ ਕਿਸੇ ਕਾਰਨ ਵਜ਼ਨ ਘਟਣਾ, ਲਗਾਤਾਰ ਗੰਢਾਂ ਬਣਨਾ, ਅਸਾਧਾਰਨ ਖੂਨ ਵਹਿਣਾ, ਲੰਬੇ ਸਮੇਂ ਤੱਕ ਬੁਖ਼ਾਰ, ਪੁਰਾਣਾ ਦਰਦ, ਜਾਂ ਬਿਨਾਂ ਵਜ੍ਹਾ ਥਕਾਵਟ ਦਾ ਸਮੇਂ ਸਿਰ ਡਾਕਟਰੀ ਮੁਲਾਂਕਣ ਕੈਂਸਰ ਨੂੰ ਵਧਣ ਤੋਂ ਪਹਿਲਾਂ ਪਛਾਨਣ ਵਿੱਚ ਮਦਦ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਸ਼ੁਰੂਆਤੀ ਨਿਦਾਨ ਨਾਲ ਅਕਸਰ ਘੱਟ ਗੰਭੀਰ ਇਲਾਜ ਦੀ ਲੋੜ ਪੈਂਦੀ ਹੈ ਅਤੇ ਲੰਬੇ ਸਮੇਂ ਦੇ ਨਤੀਜੇ ਬਿਹਤਰ ਨਿਕਲਦੇ ਹਨ।ਜਾਣਕਾਰੀ ਦਿੰਦਿਆਂ ਡਾ. ਗੋਇਲ ਨੇ ਕਿਹਾ 'ਸ਼ੁਰੂਆਤੀ ਪਛਾਣ ਕੈਂਸਰ ਦੇ ਇਲਾਜ ਨੂੰ ਸਫਲ ਬਣਾਉਣ ਦੇ ਸਭ ਤੋਂ ਪ੍ਰਭਾਵਸ਼ਾਲੀ ਤਰੀਕਿਆਂ ਵਿੱਚੋਂ ਇੱਕ ਹੈ। ਹਾਲਾਂਕਿ ਸਾਰੇ ਕੈਂਸਰਾਂ ਤੋਂ ਬਚਿਆ ਨਹੀਂ ਜਾ ਸਕਦਾ, ਪਰ ਚੇਤਾਵਨੀ ਦੇ ਲੱਛਣਾਂ ਨੂੰ ਪਛਾਨਣਾ ਅਤੇ ਸਮੇਂ ਸਿਰ ਡਾਕਟਰੀ ਸਲਾਹ ਲੈਣਾ ਵੱਡਾ ਫਰਕ ਲਿਆ ਸਕਦਾ ਹੈ। ਮਾਪਿਆਂ ਨੂੰ ਵੀ ਬੱਚਿਆਂ ਵਿੱਚ ਲਗਾਤਾਰ ਜਾਂ ਅਸਾਧਾਰਨ ਲੱਛਣਾਂ ਪ੍ਰਤੀ ਸਚੇਤ ਰਹਿਣਾ ਚਾਹੀਦਾ ਹੈ, ਕਿਉਂਕਿ ਬਚਪਨ ਦੇ ਕੈਂਸਰ ਜੋ ਹੁਣ ਹਰ ਸਾਲ ਵੱਧ ਪਛਾਣੇ ਜਾ ਰਹੇ ਹਨ, ਦਾ ਜੇਕਰ ਸ਼ੁਰੂਆਤ ਵਿੱਚ ਹੀ ਪਤਾ ਲੱਗ ਜਾਵੇ, ਤਾਂ ਇਹ ਪੂਰੀ ਤਰ੍ਹਾਂ ਇਲਾਜਯੋਗ ਹੁੰਦੇ ਹਨ।'



## ਡੈਂਟਿੰਗ ਤੇ ਪੇਂਟਿੰਗ ਤਕਨੀਕਾਂ 'ਤੇ ਵੈਬੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਆਟੋਮੋਬਾਈਲ ਇੰਜੀਨੀਅਰਿੰਗ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਆਟੋਮੋਬਾਈਲ ਉਦਯੋਗ ਦੀਆਂ ਆਧੁਨਿਕ ਤਕਨੀਕਾਂ ਨਾਲ ਜਾਣੂ ਕਰਵਾਉਣ ਲਈ ਡੈਂਟਿੰਗ ਅਤੇ ਪੇਂਟਿੰਗ ਤਕਨੀਕਾਂ ਵਿਸ਼ੇ 'ਤੇ ਵਿਸ਼ੇਸ਼ ਵੈਬਿਨਾਰ ਆਯੋਜਿਤ ਕੀਤਾ ਗਿਆ। ਵੈਬਿਨਾਰ ਦੇ ਮੁੱਖ ਵਕਤਾ ਇੰਜੀਨੀਅਰ ਬਲਜੀਤ ਸਿੰਘ ਜਨਰਲ ਮੈਨੇਜਰ ਬਾਡੀ ਸ਼ਾਪ ਟਾਟਾ ਮੋਟਰਜ਼ ਜਲੰਧਰ ਸਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਾਹਨਾਂ ਦੀ ਬਾਡੀ ਰਿਪੇਅਰ, ਡੈਂਟਿੰਗ ਅਤੇ ਪੇਂਟਿੰਗ ਦੀਆਂ ਆਧੁਨਿਕ ਤਕਨੀਕਾਂ, ਹਾਦਸਾਗ੍ਰਸਤ ਵਾਹਨਾਂ ਦੀ ਰਿਪੇਅਰ ਪ੍ਰਕਿਰਿਆ ਅਤੇ ਬਾਡੀ ਸ਼ਾਪ ਵਿੱਚ ਵਰਤੇ ਜਾਂਦੇ ਆਧੁਨਿਕ ਉਪਕਰਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵੈਬਿਨਾਰ ਦੌਰਾਨ ਵਿਦਿਆਰਥੀਆਂ ਨੇ ਮਾਹਿਰ ਨਾਲ ਸਵਾਲ-ਜਵਾਬ ਰਾਹੀਂ ਆਪਣੇ ਗਿਆਨ ਵਿੱਚ ਵਾਧਾ ਕੀਤਾ ਅਤੇ ਉਦਯੋਗਿਕ ਪੱਧਰ 'ਤੇ ਵਾਹਨਾਂ ਦੀ ਬਾਡੀ ਰਿਪੇਅਰ ਅਤੇ ਪੇਂਟਿੰਗ ਦੀ ਵਿਹਾਰਕ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਉਦਯੋਗਿਕ ਤਕਨਾਲੋਜੀ ਅਤੇ ਨਵੀਨਤਮ ਜਾਣਕਾਰੀ ਨਾਲ ਜੋੜਨ ਲਈ ਕਾਲਜ ਵੱਲੋਂ ਹਰ ਮਹੀਨੇ ਦੇ ਦੂਜੇ ਸ਼ਨੀਵਾਰ ਅਜਿਹੇ ਵਿਸ਼ੇਸ਼ ਵੈਬਿਨਾਰ ਆਯੋਜਿਤ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਉਦਯੋਗ ਮਾਹਿਰਾਂ ਨਾਲ ਅਜਿਹੇ ਸੰਵਾਦ ਵਿਦਿਆਰਥੀਆਂ ਦੇ ਤਕਨੀਕੀ ਗਿਆਨ ਅਤੇ ਰੋਜ਼ਗਾਰ ਯੋਗਤਾ ਨੂੰ ਹੋਰ ਮਜ਼ਬੂਤ ਕਰਦੇ ਹਨ। ਆਟੋਮੋਬਾਈਲ ਵਿਭਾਗ ਦੇ ਇੰਚਾਰਜ ਇੰਜੀਨੀਅਰ ਗੌਰਵ ਸ਼ਰਮਾ ਅਤੇ ਕੋ-ਆਰਡੀਨੇਟਰ ਇੰਜੀਨੀਅਰ ਹਰਪ੍ਰੀਤ ਸਿੰਘ ਨੇ ਵੈਬਿਨਾਰ ਦੇ ਸਫਲ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਵੈਬਿਨਾਰ ਵਿੱਚ ਉਤਸ਼ਾਹ ਨਾਲ ਭਾਗ ਲਿਆ।ਵੈਬਿਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਡੈਂਟਿੰਗ, ਪੇਂਟਿੰਗ ਅਤੇ ਆਟੋਮੋਬਾਈਲ ਬਾਡੀ ਰਿਪੇਅਰ ਤਕਨੀਕਾਂ ਨਾਲ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਨੂੰ ਉਦਯੋਗ ਦੀਆਂ ਮੌਜੂਦਾ ਲੋੜਾਂ ਅਨੁਸਾਰ ਤਿਆਰ ਕਰਨਾ ਸੀ।

## ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਦਿਹਾੜੇ ਸੰਬੰਧੀ ਵਿਸ਼ੇਸ਼ ਮੀਟਿੰਗ

**ਫਿਲੌਰ (ਨਿਰਮਲ)** ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸ਼ੋਭਾ ਯਾਤਰਾ ਅਤੇ ਗੁਰਪੁਰਬ ਸਮਾਗਮਾਂ ਦੀਆਂ ਤਿਆਰੀਆਂ ਸੰਬੰਧੀ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ ਵਿਖੇ ਵੱਖ-ਵੱਖ ਜਥੇਬੰਦੀਆਂ ਅਤੇ ਸਭਾਵਾਂ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਹੋਈ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਭਵਨ ਦੇ ਪ੍ਰਧਾਨ ਰਾਜ ਕੁਮਾਰ ਸੰਧੂ ਅਤੇ ਹਲਕਾ ਇੰਚਾਰਜ ਹਰਜੋਤ ਕੌਰ ਲੋਟੀਆ ਨੇ ਦੱਸਿਆ ਕਿ ਫਿਲੌਰ ਦੀ ਦਾਣਾ ਮੰਡੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਉਤਸਵ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।



ਉਨ੍ਹਾਂ ਦੱਸਿਆ ਕਿ 22 ਅਗਸਤ ਨੂੰ ਸਵੇਰੇ 11 ਵਜੇ ਤੋਂ ਦੁਪਹਿਰ ਕਰੀਬ 1 ਵਜੇ ਤੱਕ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਉੱਚ ਅਧਿਕਾਰੀਆਂ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਸਭਾਵਾਂ ਅਤੇ ਵੱਖ-ਵੱਖ ਪਿੰਡਾਂ ਦੀਆਂ ਸ੍ਰੀ ਗੁਰੂ ਰਵਿਦਾਸ ਸਭਾਵਾਂ ਦੇ ਅਹੁਦੇਦਾਰਾਂ ਨੂੰ ਵੀ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ।ਮੀਟਿੰਗ ਦੌਰਾਨ ਸ਼ੋਭਾ ਯਾਤਰਾ ਦੇ ਪ੍ਰਬੰਧਾਂ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਮਨਾਉਣ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਇਸ ਸੰਬੰਧੀ ਆਖਰੀ ਫੈਸਲਾ ਲਿਆ ਜਾਵੇਗਾ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ, ਸਭਾਵਾਂ ਦੇ ਅਹੁਦੇਦਾਰ ਅਤੇ ਇਲਾਕੇ ਦੀਆਂ ਸੰਗਤਾਂ ਮੌਜੂਦ ਸਨ।

## ਕੁੱਤੇ ਨੇ 6 ਸਾਲਾ ਬੱਚੀ 'ਤੇ ਹਮਲਾ ਕਰਕੇ ਕੀਤਾ ਗੰਭੀਰ ਜ਼ਖਮੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਖੁੱਡਾ ਵਿਖੇ ਇਕ ਪਾਲਤੂ ਕੁੱਤੇ ਨੇ 6 ਸਾਲਾ ਛੋਟੀ ਬੱਚੀ 'ਤੇ ਹਮਲਾ ਕਰਦੇ ਹੋਏ ਗੰਭੀਰ ਜ਼ਖਮੀ ਕਰ ਦਿੱਤਾ ਅਤੇ ਇਸੇ ਸੰਬੰਧ ਵਿੱਚ ਟਾਂਡਾ ਪੁਲਸ ਨੇ ਇੱਕ ਵਿਅਕਤੀ ਖਿਲਾਫ ਮਾਮਲਾ ਵੀ ਦਰਜ ਕੀਤਾ ਹੈ। ਇਹ ਮਾਮਲਾ ਬੀਤੇ ਜੂਨ ਮਹੀਨੇ ਦਾ ਦੱਸਿਆ ਜਾ ਰਿਹਾ ਜਿਸ ਦੇ ਸਬੰਧ ਵਿੱਚ ਟਾਂਡਾ ਪੁਲਸ ਨੇ ਹੁਣ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਕੁੱਤੇ ਦੇ ਹਮਲੇ ਵਿੱਚ ਗੰਭੀਰ ਜ਼ਖਮੀ ਹੋਈ ਬੱਚੀ ਜਸਲੀਨ ਕੌਰ ਦੇ ਪਿਤਾ ਸੁਖਪ੍ਰੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਗੁਰਨਾਮ ਸਿੰਘ ਪੁੱਤਰ ਸੁਰਜੀਤ ਸਿੰਘ ਦੇ ਖਿਲਾਫ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਗਈ ਸ਼ਿਕਾਇਤ ਵਿੱਚ ਸੁਖਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੇ ਸਮੇਂ ਵਿੱਚ ਉਸ ਦੀਆਂ 2 ਪੁੱਤਰੀਆਂ ਜਸਪ੍ਰੀਤ ਕੌਰ (8), ਜਸਲੀਨ ਕੌਰ (6) ਤੇ ਉਸ ਦੀ ਪਤਨੀ ਅਰਸ਼ਦੀਪ ਕੌਰ ਗੁਰਦੁਆਰਾ ਸਾਹਿਬ ਤੋਂ ਮੱਥਾ ਟੇਕ ਕੇ ਵਾਪਸ ਪਰਤ ਰਹੀਆਂ ਸਨ ਕਿ ਸ਼ਾਮ ਦੇ ਕਰੀਬ 7 ਵਜੇ ਗੁਰਨਾਮ ਸਿੰਘ ਆਪਣਾ ਪਾਲਤੂ ਕੁੱਤਾ ਘੁਮਾ ਰਿਹਾ ਸੀ ਅਤੇ ਉਸ ਨੇ ਕੁੱਤੇ ਦੀ ਸੰਗਲੀ ਨੂੰ ਖੁੱਲ੍ਹਾ ਛੱਡਾ ਛੱਡਿਆ ਹੋਇਆ ਸੀ। ਇਸੇ ਦੌਰਾਨ ਹੀ ਕੁੱਤੇ ਨੇ ਉਸ ਦੀ 6 ਸਾਲਾ ਪੁੱਤਰੀ ਜਸਲੀਨ 'ਤੇ ਹਮਲਾ ਕਰਦੇ ਹੋਏ ਗੰਭੀਰ ਜ਼ਖਮੀ ਕਰ ਦਿੱਤਾ। ਅਤੇ ਇਸੇ ਦੌਰਾਨ ਹੀ ਮੇਰੀ ਪਤਨੀ ਅਰਸ਼ਦੀਪ ਕੌਰ ਨੇ ਬੜੀ ਹੀ ਮੁਸ਼ਕਲ ਨਾਲ ਜਸਲੀਨ ਨੂੰ ਕੁੱਤੇ ਕੋਲੋਂ ਬਚਾਇਆ।ਟਾਂਡਾ ਪੁਲਸ ਨੇ ਹੁਣ ਕੁੱਤੇ ਦੇ ਕੇਅਰ ਟੇਕਰ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕਾਹਨਪੁਰ ਵਿਖੇ ਧਾਰਮਿਕ ਸਮਾਗਮ

**ਅਲਾਵਲਪੁਰ (ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਜਗਤਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸੰਤ ਸੰਮੇਲਨ ਸੰਤ ਸੁਰਿੰਦਰ ਦਾਸ ਬਾਵਾ ਦੀ ਸਰਪ੍ਰਸਤੀ ਹੇਠ ਸ਼ਰਧਾ ਨਾਲ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਅੰਮ੍ਰਿਤ ਵੇਲੇ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਜੀ ਦੀ ਪਾਵਨ ਅੰਮ੍ਰਿਤਬਾਣੀ ਦੇ ਪਾਠ, ਕੀਰਤਨ ਅਤੇ ਅਰਦਾਸ ਕੀਤੀ ਗਈ।ਸੰਤ ਸੁਰਿੰਦਰ ਦਾਸ ਬਾਵਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਗਤਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਸੰਘਰਸ਼, ਪਾਵਨ ਵਿਚਾਰਧਾਰਾ ਅਤੇ ਵਿਸ਼ਵ ਭਰ ਵਿੱਚ ਰਵਿਦਾਸੀਆ ਧਰਮ ਦੇ ਪ੍ਰਚਾਰ-ਪਸਾਰ ਬਾਰੇ ਚਾਨਣਾ ਪਾਇਆ। ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਵੱਲੋਂ ਹਿੰਦੀ ਭਾਸ਼ਾ ਵਿੱਚ ਤਿਆਰ ਕੀਤੀ 'ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਸਟੀਕ' ਦੀਆਂ ਕਾਪੀਆਂ ਸੰਗਤਾਂ ਵੱਲੋਂ ਰਿਲੀਜ਼ ਕੀਤੀਆਂ ਗਈਆਂ। ਸਮਾਗਮ ਵਿੱਚ ਸੰਤ ਚੰਨ ਪ੍ਰਕਾਸ਼, ਸੰਤ ਸੱਤਿਆਪਾਲ ਦਾਸ ਹਰਿਆਣਾ, ਸੰਤ ਬੂਟਾ ਭਾਰਤੀ, ਸੰਤ ਬੀਬੀ ਕ੍ਰਿਸ਼ਨਾ ਦੇਵੀ, ਸੰਤ ਹਰਵਿੰਦਰ ਦਾਸ, ਸੰਤ ਬਲਬੀਰ ਦਾਸ ਖੰਨਾ, ਸੰਤ ਪ੍ਰੇਮ ਦਾਸ ਭੂਰੀ ਵਾਲੇ, ਬਾਬਾ ਮੋਤੀ ਰਾਮ ਸਮੇਤ ਵੱਖ-ਵੱਖ ਸੰਤਾਂ, ਮਹਾਂਪੁਰਸ਼ਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।ਇਸ ਮੌਕੇ ਜਗਤਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ਨਾਲ ਜੁੜੀਆਂ ਸ਼ਖ਼ਸੀਅਤਾਂ, ਭਾਈ ਜਸਵੀਰ ਸਿੰਘ, ਬੀਬੀ ਰੱਲ੍ਹ, ਬੀਬੀ ਜਸਵੀਰ ਕੌਰ, ਗਿਆਨ ਕੌਰ ਅਤੇ ਹੋਰ ਸੰਗਤਾਂ ਵੀ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਨੇ ਨਿਭਾਈ। ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ।



## ਰੈੱਡ ਰਿਬਨ ਕਲੱਬ ਲਈ ਸਾਲ 'ਚ ਇੱਕ ਖ਼ੂਨਦਾਨ ਕੈਂਪ ਲਗਾਉਣਾ ਲਾਜ਼ਮੀ : ਚੀਮਾ

**ਨਵਾਂਸ਼ਹਿਰ (ਮਨੋਜ ਲਾਡੀ)**- ਯੁਵਕ ਸੇਵਾਵਾਂ ਵਿਭਾਗ ਐੱਸ ਬੀ ਐੱਸ ਨਗਰ ਦੇ ਸਹਾਇਕ ਡਾਇਰੈਕਟਰ ਮਨਤੇਜ ਸਿੰਘ ਚੀਮਾ ਨੇ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਦੇ ਸਾਰੇ ਪ੍ਰੋਗਰਾਮ ਅਫਸਰਾਂ ਨੂੰ ਨਿਰਦੇਸ਼ ਦਿੱਤੇ ਕਿ ਹਰੇਕ ਸੰਸਥਾ ਨੂੰ ਸ਼ੈਸ਼ਨ 2026-27 ਦੌਰਾਨ ਘੱਟੋ-ਘੱਟ ਇਕ ਖ਼ੂਨਦਾਨ ਕੈਂਪ ਜ਼ਰੂਰ ਲਗਾਉਣਾ ਚਾਹੀਦਾ ਹੈ। ਉਹ ਸਥਾਨਕ ਆਰ ਕੇ ਆਰਿਆ ਕਾਲਜ ਵਿਖੇ ਰੈੱਡ ਰਿਬਨ ਕਲੱਬਾਂ ਦੀ ਵਕਾਲਤ ਮੀਟਿੰਗ ਦੌਰਾਨ ਸੰਬੋਧਨ ਰਹੇ ਸਨ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਮੁੱਖ ਦਫਤਰ ਤੋਂ ਪ੍ਰਾਪਤ ਗ੍ਰਾਂਟਾਂ ਨੂੰ ਪ੍ਰੋਗਰਾਮ ਅਫਸਰਾਂ ਅਤੇ ਸਾਰੇ ਰੈੱਡ ਰਿਬਨ ਕਲੱਬਾਂ ਨੂੰ ਨੁਮਾਇੰਦਿਆਂ ਨੂੰ ਵੀ ਵੰਡਿਆ ਗਿਆ ਅਤੇ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਨੂੰ 2026-27 ਦੌਰਾਨ ਕੀਤੇ ਜਾਣ ਵਾਲੇ ਕੰਮਾਂ ਬਾਰੇ ਜਾਣੂ ਕਰਵਾਇਆ ਗਿਆ। ਸਹਾਇਕ ਡਾਇਰੈਕਟਰ ਮਨਤੇਜ ਸਿੰਘ ਚੀਮਾ ਨੇ ਕਿਹਾ ਕਿ ਸਾਲ 2025-26 ਵਿਚ ਕੀਤੇ ਗਏ ਕੰਮ ਦੇ ਆਧਾਤ ਤੇ ਜ਼ਿਲ੍ਹੇ ਦੇ 3 ਸਭ ਤੋਂ ਵਧੀਆ ਰੈੱਡ ਰਿਬਨ ਕਲੱਬ ਚੁਣੇ ਗਏ ਜਿਨ੍ਹਾਂ ਨੇ ਪਿਛਲੇ ਸੈਸ਼ਨ ਦੌਰਾਨ ਬਿਹਤਰ ਗਤੀਵਿਧੀਆਂ ਕੀਤੀਆਂ ਸਨ ਜਿਨ੍ਹਾਂ ਵਿਚ ਪ੍ਰੋ: ਨੰਦਨੀ ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕੰਨਸਟੀਚਿਊਟ ਕਾਲਜ ਬਲਾਚੌਰ, ਪ੍ਰੋ: ਵਿਸ਼ਾਲ ਪਾਠਕਾ ਆਰ ਕੇ ਆਰਿਆ ਕਾਲਜ ਨਵਾਂਸ਼ਹਿਰ ਅਤੇ ਪ੍ਰੋ: ਬਲਵਿੰਦਰ ਕੌਰ ਸਾਈਂ ਕਾਲਜ ਆਫ ਐਜੂਕੇਸ਼ਨ ਜਾਡਲਾ ਨੂੰ ਵਿਸ਼ੇਸ਼ ਸਨਮਾਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਪ੍ਰੋ: ਵਿਸ਼ਾਲ ਪਾਠਕ ਨੇ ਵਿਜ਼ਟਿੰਗ ਨੋਡਲ ਅਫਸਰਾਂ ਨੂੰ ਐੱਚ.ਆਈ.ਵੀ ਅਤੇ ਨਸ਼ੇ ਦੀ ਲਤ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਇਸ ਸਮਾਗਮ ਦੇ ਦੂਜੇ ਬੁਲਾਰੇ ਮਨਤੇਜ ਸਿੰਘ ਚੀਮਾ ਨੇ ਵਿਦਿਆਰਥੀਆਂ ਨਾਲ ਖ਼ੂਨਦਾਨ, ਅੱਖਾਂ ਦਾਨ ਅਤੇ ਅੰਗ ਦਾਨ ਬਾਰੇ ਚਾਰਚਾ ਕੀਤੀ।







ਮਾਤਾ ਚਿੰਤਪੁਰਨੀ ਦੇ ਸ਼ਰਧਾਲੂਆਂ ਲਈ ਆਦਮਵਾਲ ਵਿਖੇ ਵੱਖ-ਵੱਖ ਵੰਨਗੀ ਦੇ ਸੈਕੜੇ ਲੰਗਰ ਅਤੁੱਟ ਵਰਤਾਏ ਜਾਣ ਰਹੇ ਹਨ। ਉਪਰੋਕਤ ਤਸਵੀਰ ਵਿੱਚ ਅਸ਼ੋਕ ਸੇਠੀ, ਅਮਨਦੀਪ, ਮਨੀ ਕਪੂਰ, ਅਵਤਾਰ ਸਿੰਘ, ਇੰਦਰਜੀਤ, ਰਿਕੀ, ਅਸ਼ਵਿਨੀ ਗੈਂਥ, ਸ਼ਿਵਮ ਗੈਂਥ, ਸੁਮੀਰ, ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਪ੍ਰਧਾਨ ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ, ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਪੀ ਆਰ ਓ ਲਾਇਨ ਸੁਖਵਿੰਦਰ ਕੌਰ, ਮੀਤ ਪ੍ਰਧਾਨ ਲਾਇਨ ਰਵਿੰਦਰ ਕੌਰ, ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਡਾਇਰੈਕਟਰ ਲਾਇਨ ਐੱਮ ਪੀ ਸਿੱਧੂ ਨੇ ਫੂਡ ਫਾਰ ਹੰਗਰ ਪ੍ਰੋਜੈਕਟ ਤਹਿਤ ਸ਼ਰਧਾਪੂਰਵਕ ਉਤਸ਼ਾਹ ਨਾਲ ਸੇਵਾਵਾ ਨਿਭਾਈਆ। **(ਫੋਟੋ ਤੇ ਵੇਰਵਾ : ਬਲਵੀਰ ਸਿੰਘ ਸੈਣੀ, ਹੁਸ਼ਿਆਰਪੁਰ)**

## ਪਿਛਲੀਆਂ ਸਰਕਾਰਾਂ ਜੋ ਦਹਾਕਿਆਂ 'ਚ ਨਾ ਕਰ ਸਕੀਆਂ, ਮਾਨ ਸਰਕਾਰ ਨੇ ਸਾਢੇ ਚਾਰ ਸਾਲਾਂ 'ਚ ਕਰ ਵਿਖਾਇਆ : ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਸਕੂਲ ਸਿੱਖਿਆ ਦਾ ਸਾਢੇ ਚਾਰ ਸਾਲਾਂ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ 2,300 ਕਰੋੜ ਰੁਪਏ ਦੇ ਨਿਵੇਸ਼ ਰਾਹੀਂ ਪੰਜਾਬ ਦੇ ਸਿੱਖਿਆ ਢਾਂਚੇ ਦੀ ਨੁਹਾਰ ਬਦਲ ਦਿੱਤੀ ਹੈ, ਜਿਸ ਨਾਲ ਪੰਜਾਬ ਨੀਤੀ ਆਯੋਗ ਸਾਲ 2026-27 ਦੀ ਰਿਪੋਰਟ ਵਿੱਚ ਕੇਰਲਾ ਨੂੰ ਪਛਾੜ ਕੇ ਸਕੂਲੀ ਸਿੱਖਿਆ ਵਿੱਚ ਮੋਹਰੀ ਬਣਿਆ ਹੈ।ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਪ੍ਰਗਤੀ ਰਿਪੋਰਟ ਪੇਸ਼ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 2022 ਤੋਂ ਹੁਣ ਤੱਕ 3.64 ਲੱਖ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਤੋਂ ਹਟ ਕੇ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਹੋਏ ਹਨ, ਜੋ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਇਸ ਬਦਲਾਅ ਦਾ ਸਿਹਰਾ ਮਾਰਚ 2022 ਵਿੱਚ ਆਪ ਦੀ ਅਗਵਾਈ ਵਾਲੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਸੂਬਾ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਮਜ਼ਬੂਤ ਅਤੇ ਸੁਧਾਰ ਦੀ ਦਿਸ਼ਾ ਵਿੱਚ ਲਗਾਤਾਰ ਕੀਤੇ ਜਾ ਯਤਨਾਂ ਨੂੰ ਦਿੱਤਾ।ਆਪ ਦੇ ਚੋਣ ਵਾਅਦੇ ਬਾਰੇ ਗੱਲ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ,



'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰ ਪਿੰਡ ਅਤੇ ਸ਼ਹਿਰ ਜਾ ਕੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਦਾ ਇੱਕ ਮੌਕਾ ਮੰਗਿਆ ਸੀ, ਜਿਸ ਪ੍ਰਤੀ ਹਾਂ-ਪੱਖੀ ਹੁੰਗਾਰਾ ਭਰਦਿਆਂ ਪੰਜਾਬ ਦੇ ਲੋਕਾਂ ਨੇ 'ਆਪ' ਨੂੰ 92 ਸੀਟਾਂ ਦੇ ਕੇ ਆਪਣੀ ਅਗਵਾਈ ਸੌਂਪ ਦਿੱਤੀ। ਲੋਕਾਂ ਦੇ ਇਸੇ ਵਿਸ਼ਵਾਸ ਉੱਤੇ ਖਰੇ ਉਤਰਨ ਲਈ ਅਸੀਂ ਲਗਾਤਾਰ ਕੋਸ਼ਿਸ਼ ਕਰ ਰਹੇ ਹਾਂ।' ਸਕੂਲਾਂ ਵਿੱਚ ਸੁਰੱਖਿਆ ਅਤੇ ਰੱਖ-ਰਖਾਅ ਬਾਰੇ ਬੋਲਦਿਆਂ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ, ਨੂੰਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਾਬਕਾ ਫੌਜੀਆਂ ਨੂੰ ਕੈਂਪਸ ਮੈਨੇਜਰਾਂ ਵਜੋਂ ਤਾਇਨਾਤ ਕੀਤਾ ਗਿਆ ਹੈ। ਅਕਾਦਮਿਕ ਨਤੀਜਿਆਂ ਵਿੱਚ ਸੁਧਾਰ ਬਾਰੇ ਦੱਸਦਿਆਂ ਸਿੱਖਿਆ ਮੰਤਰੀ ਨੇ ਕਿਹਾ, 'ਪਿਛਲੇ ਚਾਰ ਸਾਲਾਂ ਵਿੱਚ ਸਰਕਾਰੀ ਸਕੂਲਾਂ ਦੇ 786 ਵਿਦਿਆਰਥੀਆਂ ਨੇ ਜੇ.ਈ.ਈ. ਅਤੇ 2,166 ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ। ਸਿੱਖਿਆ ਪ੍ਰਣਾਲੀ ਵਿੱਚ ਨਵੀਨਤਾ ਬਾਰੇ ਬੋਲਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਨੂੰ ਮੁੱਖ ਵਿਸ਼ੇ ਵਜੋਂ ਸ਼ੁਰੂ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ।

## ਸ਼ਰਮਾ ਨੇ ਸੈਮੀਨਾਰ ਦੌਰਾਨ ਖੇਤੀ ਨਿਰਯਾਤ ਸੰਭਾਵਨਾਵਾਂ ਕੀਤੀਆਂ ਉਜਾਗਰ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਖੇਤੀਬਾੜੀ ਅਤੇ ਪੋਸ਼ਣ ਮਾਡਲ ਨੂੰ ਆਲਮੀ ਨਕਸ਼ੇ 'ਤੇ ਪੇਸ਼ ਕਰਦਿਆਂ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕੈਨੇਡਾ ਦੇ ਓਂਟਾਰੀਓ ਵਿਖੇ 'ਪੰਜਾਬ ਦੇ ਭੋਜਨ ਅਤੇ ਪੋਸ਼ਣ ਸੁਰੱਖਿਆ ਦਾ ਵਿਸ਼ਵੀਕਰਨ' ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੈਮੀਨਾਰ ਵਿੱਚ ਸੂਬੇ ਦੀ ਵੱਡੇ ਪੱਧਰ 'ਤੇ ਚੱਲ ਰਹੀ ਨਿਊਟ੍ਰੀਸ਼ਨ ਗਾਰਡਨ (ਪੋਸ਼ਣ ਬਗੀਚੀਆਂ) ਮੁਹਿੰਮ ਅਤੇ ਪੰਜਾਬ ਦੀਆਂ ਸਰਦ ਰੁੱਤ ਸਬਜ਼ੀਆਂ ਦੀਆਂ ਅਥਾਹ ਨਿਰਯਾਤ ਸੰਭਾਵਨਾਵਾਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਨਿਊਟ੍ਰੀਸ਼ਨ ਗਾਰਡਨ (ਪੋਸ਼ਣ ਬਗੀਚੀਆਂ) ਅਤੇ ਆਂਗਣਵਾੜੀ ਪੋਸ਼ਣ ਵਾਟਿਕਾ ਵਰਗੀਆਂ ਪਹਿਲਕਦਮੀਆਂ ਪੋਸ਼ਣ ਸੁਰੱਖਿਆ ਨੂੰ ਮਜ਼ਬੂਤ ਕਰ ਰਹੀਆਂ ਹਨ ਉੱਥੇ ਹੀ ਸਰਦੀਆਂ ਦੀਆਂ ਸਬਜ਼ੀਆਂ ਵਿੱਚ ਪੰਜਾਬ ਦੇ ਕਿਸਾਨਾਂ ਲਈ ਆਲਮੀ ਬਾਜ਼ਾਰਾਂ ਵਿੱਚ ਨਵੇਂ ਰਾਹ ਖੋਲ੍ਹਣ ਦੀ ਭਾਰੀ ਸੰਭਾਵਨਾ ਹੈ। ਇਸ ਮੌਕੇ ਨੀਨਾ ਤਾਂਗੜੀ, ਐਸੋਸੀਏਟ ਵਿਕਾਸ ਮੰਤਰੀ, ਓਂਟਾਰੀਓ ਸਰਕਾਰ ਅਤੇ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਆਪਣੇ ਭਾਸ਼ਣ ਵਿੱਚ ਭਾਰਤ ਸਰਕਾਰ ਦੇ ਸਾਬਕਾ ਖੇਤੀਬਾੜੀ ਕਮਿਸ਼ਨਰ ਡਾ. ਗੁਰਬਚਨ ਸਿੰਘ ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਨਕਦੀ ਫਸਲਾਂ, ਵਪਾਰਕ ਫਸਲਾਂ ਅਤੇ ਬਾਗਬਾਨੀ ਖੇਤਰ ਨੂੰ ਹੁਲਾਰਾ ਦੇਣ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਣਕ ਅਤੇ ਚੌਲਾਂ ਸਮੇਤ ਫਸਲਾਂ ਵਿੱਚ ਜੈਵਿਕ-ਵੈਰੀਫਿਕੇਸ਼ਨ ਅਪਣਾਉਣ ਅਤੇ ਜ਼ਿੰਕ,



ਆਇਰਨ ਅਤੇ ਮੈਗਨੀਸ਼ੀਅਮ ਵਰਗੇ ਸੂਖਮ ਪੌਸ਼ਟਿਕ ਤੱਤਾਂ ਨੂੰ ਵਧਾਉਣ ਦੀ ਸਲਾਹ ਵੀ ਦਿੱਤੀ। ਇਕੱਠ ਨੂੰ ਸੰਬੋਧਨ ਕਰਦਿਆਂ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਭਾਈਵਾਲਾਂ ਨੂੰ ਪੰਜਾਬ ਵਿੱਚ ਚੱਲ ਰਹੀ 'ਪੋਸ਼ਣ ਬਾਗ ਮੁਹਿੰਮ' ਬਾਰੇ ਜਾਣੂ ਕਰਵਾਇਆ। ਇਸ ਪਹਿਲਕਦਮੀ ਤਹਿਤ, ਸਿੱਖਿਆ ਵਿਭਾਗ ਦੇ ਸਹਿਯੋਗ ਨਾਲ, ਰਾਜ ਦੇ 5000 ਤੋਂ ਵੱਧ ਸਕੂਲਾਂ ਨੂੰ ਜੜ੍ਹੀ-ਬੂਟੀਆਂ, ਸਬਜ਼ੀਆਂ ਅਤੇ ਫਲਾਂ ਦੇ ਬਾਗ ਲਗਾਉਣ ਲਈ ਪ੍ਰੇਰਿਆ ਜਾ ਰਿਹਾ ਹੈ। ਬਾਲ ਮੁਕੰਦ ਸ਼ਰਮਾ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ ਸਰਦੀਆਂ ਦੀਆਂ ਸਬਜ਼ੀਆਂ ਬਹੁਤ ਚੰਗੀ ਗੁਣਵੱਤਾ ਦੀਆਂ ਹਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਨੇ ਤਿੰਨ ਬੱਸਾਂ ਨੂੰ ਕੀਤਾ ਰਵਾਨਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਵੱਖ-ਵੱਖ ਖੇਤਰਾਂ ਤੋਂ ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀਆਂ ਤਿੰਨ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵਿਧਾਇਕ ਜਿੰਪਾ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸੂਬਾ ਵਾਸੀਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਲਗਾਤਾਰ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਣ ਤੱਕ ਪੰਜਾਬ ਦੇ ਕਰੀਬ 4 ਲੱਖ ਬਜ਼ੁਰਗ ਇਸ ਯੋਜਨਾ ਰਾਹੀਂ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਹੁਸ਼ਿਆਰਪੁਰ ਤੋਂ ਤੀਰਥ ਯਾਤਰਾ ਦੇ ਨਵੇਂ ਰੂਟਾਂ ਦੀ ਸ਼ੁਰੂਆਤ ਕੀਤੀ ਸੀ, ਜਿਸ ਤਹਿਤ ਹੁਣ ਸ਼ਰਧਾਲੂਆਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਇਸ ਯਾਤਰਾ ਦਾ ਲਾਭ ਲੈ ਸਕਦੇ ਹਨ। ਸਰਕਾਰ ਵੱਲੋਂ ਯਾਤਰੀਆਂ ਲਈ ਏ.ਸੀ. ਸਲੀਪਰ ਬੱਸਾਂ ਵਿੱਚ



ਯਾਤਰਾ, ਠਹਿਰਨ ਅਤੇ ਖਾਣ-ਪੀਣ ਦਾ ਪ੍ਰਬੰਧ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾ ਰਿਹਾ ਹੈ।ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਚੇਅਰਮੈਨ ਹੁਸ਼ਿਆਰਪੁਰ ਸਹਿਕਾਰੀ ਬੈਂਕ ਵਿਕਰਮ ਸ਼ਰਮਾ, ਕੌਂਸਲਰ ਪ੍ਰਦੀਪ ਬਿੱਟੂ, ਮਲਕੀਤ ਸਿੰਘ, ਕੌਂਸਲਰ ਨੀਲਮ ਰਾਣੀ, ਕੌਂਸਲਰ ਅੰਜਨਾ ਭੂਸ਼ਣ, ਜੋਗਿੰਦਰ ਰਾਜਾ, ਸਾਬਕਾ ਕੌਂਸਲਰ ਸੁਦਰਸ਼ਨ ਧੀਰ, ਕੌਂਸਲਰ ਅਜੇ ਵਰਮਾ, ਕੌਂਸਲਰ ਬਲਜੀਤ ਕੌਰ, ਭੁਪਿੰਦਰ ਸਿੰਘ, ਰਾਕੇਸ਼ ਕੁਮਾਰ ਕਾਲੀਆ, ਰਾਜੂ ਬ੍ਰਮੀ, ਪ੍ਰਮੋਦ ਸ਼ਰਮਾ, ਧਿਆਨ ਚੰਦ ਧਿਆਣਾ, ਕੌਂਸਲਰ ਕੁਲਵਿੰਦਰ ਸਿੰਘ ਹੁੰਦਲ, ਹਰਵਿੰਦਰ ਹੈਰੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਰੁਪਿੰਦਰ ਕੌਰ ਨੇ ਮੈਰਿਟ ਲਿਸਟ 'ਚ ਹਾਸਲ ਕੀਤਾ ਦੂਸਰਾ ਸਥਾਨ

**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਐੱਮ ਐੱਸ ਈ ਆਈ ਟੀ ਦੇ ਨਤੀਜਿਆਂ ਵਿੱਚ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਦੀ ਵਿਦਿਆਰਥਣ ਅਤੇ ਲੋਹੀਆਂ ਖਾਸ ਦੇ ਪਿੰਡ ਮਾਣਕ ਦੇ ਸਤਨਾਮ ਸਿੰਘ ਅਤੇ



ਅਮਨਦੀਪ ਕੌਰ ਦੀ ਧੀ ਰੁਪਿੰਦਰ ਕੌਰ ਨੇ ਯੂਨੀਵਰਸਿਟੀ ਦੀ ਮੈਰਿਟ ਲਿਸਟ ਵਿੱਚ ਦੂਸਰਾ ਸਥਾਨ ਹਾਸਿਲ ਕਰਕੇ ਆਪਣੇ ਮਾਤਾ-ਪਿਤਾ, ਕਾਲਜ ਅਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ। ਨਤੀਜਾ ਘੋਸ਼ਿਤ ਹੋਣ ਤੋਂ ਬਾਅਦ ਜਦ ਇੱਕ ਪ੍ਰਾਈਵੇਟ ਬੈਂਕ ਨੂੰ ਇਸ ਬੱਚੀ ਦੀ ਕਾਬਲੀਅਤ ਦਾ ਪਤਾ ਚੱਲਿਆ ਤਾਂ ਉਸ ਬੈਂਕ ਦੀ ਮੈਨੇਜਮੈਂਟ ਵੱਲੋਂ ਰੁਪਿੰਦਰ ਕੌਰ ਨੂੰ ਸਹਾਇਕ ਮੈਨੇਜਰ ਦੀ ਪੋਸਟ ਨਾਲ ਨਿਵਾਜਿਆ ਗਿਆ।ਪਿੰਡ ਮਾਣਕ ਦੇ ਸਰਪੰਚ ਬਿੱਕਰ ਸਿੰਘ, ਮਾਸਟਰ ਨਿਰਮਲ ਸਿੰਘ, ਬਲਵੰਤ ਸਿੰਘ ਫੌਜੀ ਅਤੇ ਹੋਰ ਪਿੰਡ ਵਾਸੀਆਂ ਨੇ ਰੁਪਿੰਦਰ ਕੌਰ ਦੇ ਘਰ ਪਹੁੰਚ ਕੇ ਵਧਾਈਆਂ ਪੇਸ਼ ਕੀਤੀਆਂ ਤੇ ਕਿਹਾ ਇਸ ਹੋਣਹਾਰ ਧੀ ਨੇ ਸਾਡੇ ਪਿੰਡ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਮੌਕੇ ਰੁਪਿੰਦਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਸਾਰੀ ਕਾਮਯਾਬੀ ਵਿੱਚ ਮੇਰੀ ਦਾਦੀ ਕੁਲਵਿੰਦਰ ਕੌਰ, ਮੇਰੇ ਪਿਤਾ ਸਤਨਾਮ ਸਿੰਘ, ਮਾਤਾ ਅਮਨਦੀਪ ਕੌਰ,ਚਾਚਾ ਕਮਲਜੀਤ ਸਿੰਘ,ਚਾਚੀ ਪਰਮਜੀਤ ਕੌਰ ਦਾ ਅਤੇ ਸਾਡੇ ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ ਅਤੇ ਸਮੂਹ ਅਧਿਆਪਕ ਸਾਹਿਬਾਨ ਦਾ ਪੂਰਾ ਸਹਿਯੋਗ ਰਿਹਾ ਹੈ।ਇਸ ਮੌਕੇ ਰੁਪਿੰਦਰ ਕੌਰ ਨੂੰ ਵਧਾਈਆਂ ਦੇਣ ਵਾਲਿਆਂ ਵਿੱਚ ਸਰਪੰਚ ਬਿੱਕਰ ਸਿੰਘ, ਸਾਬਕਾ ਸਰਪੰਚ ਪਰਮਜੀਤ ਸਿੰਘ, ਮਾਸਟਰ ਨਿਰਮਲ ਸਿੰਘ, ਬਲਵੰਤ ਸਿੰਘ ਫੌਜੀ, ਨੰਬਰਦਾਰ ਜਸਵਿੰਦਰ ਸਿੰਘ, ਤਰਸੇਮ ਸਿੰਘ ਪ੍ਰਧਾਨ ਕੋਆਪਰੇਟਿਵ ਸੋਸਾਇਟੀ ਮਾਣਕ, ਡਾਕਟਰ ਸੁਰਿੰਦਰ ਸਿੰਘ, ਹਰਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਮਲਕੀਤ ਸਿੰਘ, ਕਮਲਜੀਤ ਸਿੰਘ, ਨਛੱਤਰ ਸਿੰਘ, ਸੁਖਜਿੰਦਰ ਸਿੰਘ, ਰੇਸ਼ਮ ਸਿੰਘ ,ਅਰਸ਼ਦੀਪ ਸਿੰਘ, ਲਵਪ੍ਰੀਤ ਸਿੰਘ ਸੋਢੀ ਹਲਵਾਈ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਡਾ. ਦਾਭੋਲਕਰ ਹੱਤਿਆ ਕੇਸ ਦੇ ਮੁੱਖ ਦੋਸ਼ੀ ਦੀ ਉਮਰ ਕੈਦ ਦੀ ਸਜ਼ਾ ਮੁਅੱਤਲ ਕਰਨ 'ਤੇ ਜ਼ਮਾਨਤ ਦੇਣ ਦਾ ਵਿਰੋਧ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਬੰਬੇ ਹਾਈਕੋਰਟ ਵੱਲੋਂ ਮਹਾਂਰਾਸ਼ਟਰ ਦੀ ਤਰਕਸ਼ੀਲ ਸੰਸਥਾ ਅੰਧ ਸ਼ਰਧਾ ਨਿਰਮੂਲਨ ਸੰਮਤੀ ਦੇ ਸੰਸਥਾਪਕ ਡਾ. ਨਰਿੰਦਰ ਦਾਭੋਲਕਰ ਦੇ ਕਾਤਲ ਦੋਸ਼ੀ ਸਚਿਨ ਅੰਧੁਰੇ ਦੀ ਉਮਰ ਕੈਦ ਦੀ ਸਜ਼ਾ ਮੁਅੱਤਲ ਕਰਨ ਅਤੇ ਉਸਨੂੰ ਜ਼ਮਾਨਤ ਦੇਣ ਦੇ ਫੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਉਸਦੀ ਜ਼ਮਾਨਤ ਰੱਦ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।ਇਸ ਸਬੰਧੀ ਤਰਕਸ਼ੀਲ਼ ਭਵਨ ਬਰਨਾਲੇ ਤੋਂ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਅਤੇ ਸੂਬਾ ਕਮੇਟੀ ਆਗੂਆਂ ਹੇਮ ਰਾਜ ਸਟੈਨੋ, ਰਾਜਪਾਲ ਸਿੰਘ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਦੋਸ਼ ਲਾਇਆ ਕਿ ਬੰਬੇ ਹਾਈਕੋਰਟ ਵੱਲੋਂ ਜ਼ਮਾਨਤ ਦੇਣ ਦੇ ਦੋਹਰੇ ਮਿਆਰ ਅਪਣਾਉਂਦੇ ਹੋਏ ਡਾ. ਦਾਭੋਲਕਰ ਅਤੇ ਕਾ. ਗੋਵਿੰਦ ਪਨਸਾਰੇ ਦੇ ਦੋਸ਼ੀ ਕਾਤਲਾਂ ਨੂੰ ਤਾਂ ਜ਼ਮਾਨਤ ਦਿੱਤੀ ਜਾ ਰਹੀ ਹੈ ਜਦਕਿ ਭੀਮਾ ਕੋਰੇਗਾਂਵ ਕਥਿਤ ਹਿੰਸਾ ਕੇਸ ਵਿੱਚ ਫਰਜ਼ੀ ਦੋਸ਼ਾਂ ਹੇਠ ਫਸਾਏ ਗਏ ਪੱਤਰਕਾਰ, ਵਕੀਲ ਅਤੇ ਸਮਾਜਿਕ ਕਾਰਕੁਨ ਬਿਨਾਂ ਕਿਸੇ ਸੁਣਵਾਈ ਦੇ ਪਿਛਲੇ ਅੱਠ ਸਾਲ ਤੋਂ ਜੇਲ੍ਹਾਂ ਵਿੱਚ ਸੜ ਰਹੇ ਹਨ ਪਰ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਵਾਰ ਵਾਰ ਇਨਕਾਰ ਕੀਤਾ ਜਾ ਰਿਹਾ ਹੈ।ਅਜਿਹਾ ਹੀ ਪੱਖਪਾਤੀ ਵਤੀਰਾ ਦੇਸ਼ ਦੀ ਸੁਪਰੀਮ ਕੋਰਟ ਵੱਲੋਂ ਪਿਛਲੇ ਛੇ ਸਾਲਾਂ ਤੋਂ ਨਜਾਇਜ਼ ਨਜ਼ਰਬੰਦ ਕੀਤੇ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਵਿਰੁੱਧ ਧਾਰਨ ਕਰਕੇ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਮੋਦੀ ਸਰਕਾਰ ਦੇ ਕਥਿਤ ਦਬਾਅ ਹੇਠ ਪੁਲਸ ਅਤੇ ਕੇਂਦਰੀ ਜਾਂਚ ਏਜੰਸੀਆਂ ਵੱਲੋਂ ਇਸ ਕਤਲ ਕਾਂਡ ਦੇ ਮੁੱਖ ਮੁਲਜ਼ਮ ਅਤੇ ਸਾਜ਼ਿਸ਼ ਘਾੜੇ ਡਾ. ਵਰਿੰਦਰ ਤਾਵੜੇ ਸਮੇਤ ਮੁਲਜ਼ਮਾਂ ਸੰਜੀਵ ਪੁਨਾਲੇਕਰ ਤੇ ਵਿਕਰਮ ਭਾਵੇ ਵਿਰੁੱਧ ਸਪੱਸ਼ਟ ਸਬੂਤ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਜਾਣ ਬੁੱਝ ਕੇ ਗ੍ਰਿਫ਼ਤਾਰ ਨਹੀਂ ਕੀਤਾ ਗਿਆ।ਉਨ੍ਹਾਂ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਆਪਣੇ ਹਿੰਦੂਤਵੀ ਦੇ ਫ਼ਿਰਕੂ ਫਾਸ਼ੀਵਾਦੀ ਏਜੰਡੇ ਹੇਠ ਦੇਸ਼ ਵਿੱਚ ਵਿਗਿਆਨਕ ਸੋਚ, ਧਰਮ ਨਿਰਪੱਖਤਾ, ਜਮਹੂਰੀਅਤ ਅਤੇ ਸੰਵਿਧਾਨ ਨੂੰ ਖਤਮ ਕਰਨ ਲਈ ਸਿੱਖਿਆ ਅਤੇ ਸੰਵਿਧਾਨਕ ਸੰਸਥਾਵਾਂ ਦਾ ਭਗਵਾਂਕਰਨ ਕਰ ਰਹੀ ਹੈ ਅਤੇ ਭਾਜਪਾ ਸੰਘ ਦੀ ਸਿਆਸੀ ਸਰਪ੍ਰਸਤੀ ਹੇਠ ਹਿੰਦੂਤਵੀ ਅਨਸਰਾਂ ਵੱਲੋਂ ਪਿਛਲੇ ਸਾਲਾਂ ਵਿੱਚ ਤਰਕਸ਼ੀਲ ਚਿੰਤਕਾਂ ਦੀਆਂ ਹੱਤਿਆਵਾਂ ਕਰਕੇ ਮੁਲਕ ਵਿੱਚ ਤਰਕਸ਼ੀਲ ਬੁੱਧੀਜੀਵੀਆਂ ਦੀ ਜ਼ੁਬਾਨਬੰਦੀ ਕੀਤੀ ਜਾ ਰਹੀ ਹੈ।ਤਰਕਸ਼ੀਲ ਆਗੂਆਂ ਨੇ ਬੰਬੇ ਹਾਈਕੋਰਟ ਤੋਂ ਮੰਗ ਕੀਤੀ ਕਿ ਡਾ. ਦਾਭੋਲਕਰ ਹੱਤਿਆ ਕੇਸ ਦੇ ਮੁੱਖ ਸਾਜ਼ਿਸ਼ ਘਾੜਿਆਂ ਡਾ. ਵਰਿੰਦਰ ਤਾਵੜੇ ਸਮੇਤ ਤਰਕਸ਼ੀਲ ਵਿਦਵਾਨਾਂ ਗੋਵਿੰਦ ਪਨਸਾਰੇ, ਪ੍ਰੋ. ਐੱਮ ਐੱਮ ਕਲਬੁਰਗੀ ਅਤੇ ਗੌਰੀ ਲੰਕੇਸ਼ ਦੇ ਫ਼ਿਰਕੂ ਕਾਤਲਾਂ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵਿਖੇ ਵਿਸ਼ੇਸ਼ ਸੈਸ਼ਨ

**ਆਦਮਪੁਰ (ਪਰਮਜੀਤ ਸਿੰਘ)**-ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਕਾਰੋਬਾਰੀ ਸੋਚ ਅਤੇ ਨਵੀਨਤਾਕਾਰੀ ਵਿਚਾਰਾਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ 'ਉੱਦਮੀਤਾ ਅਤੇ ਰੋਜ਼ਗਾਰ ਦੇ ਨਵੇਂ ਅਵਸਰ' ਵਿਸ਼ੇ 'ਤੇ ਇੱਕ ਵਿਸ਼ੇਸ਼ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਵਿੱਚ ਯੂਨੀਵਰਸਿਟੀ ਦੇ ਮੈਨੇਜਮੈਂਟ ਵਿਭਾਗ (ਐੱਮ ਬੀ ਏ, ਬੀ ਬੀ ਏ ਅਤੇ ਬੀ.ਕੌਮ.) ਦੇ ਕੁੱਲ 191 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਵਿਸ਼ੇਸ਼ ਸੈਸ਼ਨ ਦੌਰਾਨ ਸ਼ਿਬਾਨੰਦਾ ਦਾਸ਼ (ਸੀ ਈ ਓ, ਲੁਧਿਆਣਾ ਐਂਜਲਸ ਨੈੱਟਵਰਕ) ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉੱਦਮੀਤਾ ਦੀ ਮਹੱਤਤਾ ਅਤੇ ਅੱਜ ਦੇ ਦੌਰ ਵਿੱਚ ਕਾਰੋਬਾਰ ਸ਼ੁਰੂ ਕਰਨ ਦੇ ਸੁਨਹਿਰੀ ਮੌਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਸੈਸ਼ਨ ਦੌਰਾਨ ਬੁਲਾਰੇ ਨੇ ਵਿਦਿਆਰਥੀਆਂ ਨੂੰ ਪਰੰਪਰਾਗਤ ਰੋਜ਼ਗਾਰ ਦੀ ਬਜਾਏ ਉੱਦਮੀਤਾ ਨੂੰ ਇੱਕ ਸੰਭਾਵੀ ਅਤੇ ਬਿਹਤਰ ਕਰੀਅਰ ਵਿਕਲਪ ਵਜੋਂ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਮਝਾਇਆ ਕਿ ਅੱਜ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਨੌਕਰੀ ਲੱਭਣ ਵਾਲੇ ਬਣਨ ਦੀ ਬਜਾਏ ਨੌਕਰੀਆਂ ਪੈਦਾ ਕਰਨ ਵਾਲੇ ਬਣਨ ਵੱਲ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।

## ਸੰਜੀਵ ਮਿਨਹਾਸ ਜ਼ਿਲ੍ਹਾ ਪ੍ਰਧਾਨ ਨਿਯੁਕਤ ਹੋਣ 'ਤੇ ਸਨਮਾਨਤ



**ਦਸੂਹਾ (ਕਰਨੈਲ ਮਾਂਗਟ)**-ਵਿਧਾਨ ਸਭਾ ਦਸੂਹਾ ਦੇ ਪਿੰਡ ਪੱਸੀ ਕੰਢੀ ਵਿਖੇ ਸੰਜੀਵ ਮਿਨਹਾਸ ਦਾ ਜ਼ਿਲਾ ਪ੍ਰਧਾਨ ਨਿਯੁਕਤ ਹੋਣ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਸੰਜੀਵ ਮਨਹਾਸ ਨੇ ਕਿਹਾ ਕਿ ਉਹਨਾਂ ਦਾ ਭਾਜਪਾ ਸੰਗਠਨ ਨੂੰ ਮਜ਼ਬੂਤ ਕਰਨਾ,ਪਾਰਟੀ ਵਿੱਚ ਅਨੁਸ਼ਾਸਣ ਅਤੇ ਚੁਨਾਵ ਜਿੱਤਣਾ ਮੁੱਖ ਨਿਸ਼ਾਨਾ ਰਹੇਗਾ। ਇਸ ਮੌਕੇ ਵਡਾ ਇਕੱਠ ਹੋਇਆ ਜਿਸ ਵਿਚ ਕੈਪਟਨ ਸ਼ਾਮ ਸਿੰਘ, ਮੰਗਲ ਸਿੰਘ, ਸੱਜਣ ਢਿੱਲੋਂ, ਡਿਕੀ ਰਾਣਾ, ਪਿੰਕਾ, ਜਰਨੈਲ ਜੈਲੀ, ਗੁਰਬਚਨ ਸਿੰਘ, ਮਦਨ, ਸਰਵਣ, ਵਿਨੋਦ ਕੁਮਾਰ, ਲਖਵੀਰ ਲੱਖੀ, ਸਵਰਨ ਸਿੰਘ, ਰਿੰਕੂ, ਜੌਨੀ, ਗੋਲਡੀ, ਨੀਂਦਰ, ਸੰਦੀਪ, ਲੱਡੂ, ਅਸ਼ਨੀ, ਨਰਿੰਦਰ ਪਾਲ, ਬੰਟੂ ਪਹਿਲਵਾਨ, ਜੌਨੀ ਪਹਿਲਵਾਨ, ਹੈਪੀ, ਕਰਨੈਲ ਸਿੰਘ, ਕੰਬੂ ਆਦਿ ਹਾਜ਼ਰ ਸਨ।

## ਦਯਾਵੰਤੀ ਫਾਊਂਡੇਸ਼ਨ ਨੇ ਲਗਾਇਆ ਫ੍ਰੀ ਆਯੁਰਵੈਦਿਕ ਕੈਂਪ

**ਫਗਵਾੜਾ (ਜਸਵਿੰਦਰ ਢੱਡਾ)**- ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ, ਬੰਸੀ ਲਾਲ ਮਾਰਕੀਟ, ਬੰਗਾ ਰੋਡ, ਫਗਵਾੜਾ ਵੱਲੋਂ ਦਯਾਵੰਤੀ ਫਾਊਂਡੇਸ਼ਨ ਦੇ ਚੇਅਰਮੈਨ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਨਿਰਦੇਸ਼ਾਂ ਅਨੁਸਾਰ ਸ਼ਿਵ



ਮੰਦਰ, ਪੱਕਾ ਬਾਗ, ਸਟਾਰਚ ਮਿੱਲ, ਫਗਵਾੜਾ ਵਿਖੇ ਮੁਫ਼ਤ ਆਯੁਰਵੈਦਿਕ ਮੈਡੀਕਲ ਕੈਂਪ ਲਗਾਇਆ ਗਿਆ। ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਚੱਗਰ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦਾ ਉਦਘਾਟਨ ਫਾਊਂਡੇਸ਼ਨ ਦੇ ਸਕੱਤਰ ਮਲਕੀਅਤ ਸਿੰਘ ਰਗਬੋਤਰਾ ਨੇ ਕੀਤਾ।

ਕੈਂਪ ਦੌਰਾਨ ਡਾ. ਵਿਕਾਸ ਕੁਮਾਰ (ਬੀ.ਏ.ਐੱਮ.ਐੱਸ.) ਅਤੇ ਸਹਾਇਕ ਪਰਮਿੰਦਰ ਸਿੰਘ ਦੀ ਟੀਮ ਵੱਲੋਂ 53 ਲੋੜਵੰਦ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਵੱਖ-ਵੱਖ ਬਿਮਾਰੀਆਂ ਸਬੰਧੀ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਮਰੀਜ਼ਾਂ ਨੂੰ ਇੱਕ ਹਫ਼ਤੇ ਦੀ ਮੁਫ਼ਤ ਦਵਾਈ ਦਿੱਤੀ ਗਈ ਅਤੇ ਲੋੜ ਪੈਣ 'ਤੇ ਵਾਧੂ ਦਵਾਈਆਂ ਬੰਗਾ ਰੋਡ ਸਥਿਤ ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ ਤੋਂ ਪ੍ਰਾਪਤ ਕਰਨ ਲਈ ਕਿਹਾ ਗਿਆ। ਇਸ ਮੌਕੇ ਡਾ. ਵਿਕਾਸ ਕੁਮਾਰ ਨੇ ਦੱਸਿਆ ਕਿ ਮਹਾਰਿਸ਼ੀ ਚਰਕ ਅਨੁਸਾਰ ਆਯੁਰਵੇਦ ਵਿੱਚ ਸਿਹਤਮੰਦ ਵਿਅਕਤੀ ਦੀ ਸਿਹਤ ਦੀ ਰੱਖਿਆ ਕਰਨ ਅਤੇ ਬਿਮਾਰ ਵਿਅਕਤੀ ਦੀ ਬਿਮਾਰੀ ਦੇ ਇਲਾਜ ਸਬੰਧੀ ਵਿਸਤ੍ਰਿਤ ਗਿਆਨ ਮੌਜੂਦ ਹੈ। ਫਾਊਂਡੇਸ਼ਨ ਦੇ ਸਕੱਤਰ ਮਲਕੀਅਤ ਸਿੰਘ ਰਗਬੋਤਰਾ ਨੇ ਕਿਹਾ ਕਿ ਆਯੁਰਵੈਦਿਕ ਦਵਾਈਆਂ ਅਤੇ ਇਲਾਜ ਵਿੱਚ ਜੜ੍ਹੀਆਂ-ਬੂਟੀਆਂ ਸਮੇਤ ਕੁਦਰਤੀ ਪਦਾਰਥਾਂ ਦੀ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਲੋੜ ਅਨੁਸਾਰ ਯੋਗ ਡਾਕਟਰੀ ਸਲਾਹ ਲੈਣ ਦੀ ਅਪੀਲ ਕੀਤੀ। ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਚੱਗਰ ਨੇ ਕੈਂਪ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸਾਰੇ ਵਿਅਕਤੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੰਦਰ ਕਮੇਟੀ ਦੇ ਸਕੱਤਰ ਇੰਦਰਜੀਤ ਕਾਲੜਾ, ਵਿਸ਼ਵਾਮਿੱਤਰ ਸ਼ਰਮਾ, ਬਿੱਲਾ, ਦੀਪਕ, ਮੋਹਨ ਲਾਲ ਤਨੇਜਾ, ਐਡਵੋਕੇਟ ਦਵਿੰਦਰ ਕੁਮਾਰ, ਪੰਡਿਤ ਕੇਦਾਰ ਨਾਥ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## 28 ਦੀ ਬਾਬਾ ਬਕਾਲਾ ਸਾਹਿਬ ਕਾਨਫਰੰਸ 'ਚ ਭਰਵੀਂ ਸ਼ਮੂਲੀਅਤ ਦਾ ਸੱਦਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ



ਜੰਡਿਆਲਾ ਗੁਰੂ ਦੇ ਸੇਵਾਦਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਬੰਦੀ ਸਿੰਘਾਂ ਦੀ ਰਿਹਾਈ ਦੇ ਖਿਲਾਫ ਬੋਲਣ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਰਾਜਪਾਲ ਪੰਜਾਬ ਨੂੰ ਮਿਲ ਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਪੀਲ ਕਰਨੀ ਪਈ। ਇਹ ਸਭ ਸਿੱਖ ਕੌਮ ਦੇ ਦਬਾਅ ਦਾ ਹੀ ਅਸਰ ਹੈ। ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ 28 ਅਗਸਤ ਨੂੰ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਕੀਤੀ ਜਾ ਰਹੀ ਕਾਨਫਰੰਸ ਦੇ ਸੰਬੰਧ ਵਿੱਚ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੋਟਲਾ ਅਤੇ ਡਾਕਟਰ ਵੇਰਕਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਬੀਤੇ ਦਿਨੀਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਗਏ ਪੰਥਕ ਇੱਕਠ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪੰਥਕ ਨੌਜਵਾਨਾਂ, ਪੰਥਕ ਸੋਚ ਵਾਲੇ ਲੋਕਾਂ ਦਾ ਵਿਸ਼ਾਲ ਇਕੱਠ ਹੋਇਆ। ਉਨ੍ਹਾਂ ਹਲਕਾ ਜੰਡਿਆਲਾ ਦੇ ਵਾਸੀਆਂ ਨੂੰ ਅਪੀਲ ਕੀਤੀ ਕਿ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕੀਤੀ ਜਾ ਰਹੀ ਮਿਸਾਲੀ ਕਾਨਫਰੰਸ ਵਿੱਚ ਵੱਧ ਤੋਂ ਵੱਧ ਹਾਜ਼ਰੀ ਭਰ ਕੇ ਪੰਜਾਬ ਵਿੱਚ ਇੱਕ ਚੰਗੇ ਰਾਜ ਦੀ ਸਥਾਪਤੀ ਲਈ ਜ਼ਰੂਰ ਹਿੱਸਾ ਪਾਇਆ ਜਾਵੇ।

## ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਵੱਲੋਂ ਕਲਮ ਛੋੜ ਹੜਤਾਲ

**ਨਵਾਂਸ਼ਹਿਰ (ਮਨੋਜ ਲਾਡੀ)**-ਸ਼ਹੀਦ ਭਗਤ ਸਿੰਘ ਨਗਰ ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਪੰਜਾਬ ਦੀਆਂ ਮੰਗਾਂ ਪੂਰੀਆਂ ਨਾ ਹੋਣ ਕਰਕੇ ਪੂਰਨ ਤੌਰ ਤੇ ਕੰਮ ਬੰਦ ਕਰਦਿਆਂ ਅੱਜ ਕਲਮ ਛੋੜ ਹੜਤਾਲ ਕਰਦਿਆਂ ਮਾਣਯੋਗ ਮਿਸ਼ਨ ਡਾਇਰੈਕਟਰ ਐੱਨ ਐੱਚ ਐੱਮ ਪੰਜਾਬ ਦੇ ਨਾਂਅ ਇਕ ਮੰਗ ਪੱਤਰ ਸਿਵਲ ਹਸਪਤਾਲ ਨਵਾਂਸ਼ਹਿਰ ਦੇ ਐੱਸ ਐੱਮ ਓ ਡਾ. ਅਜੈ ਬਸਰਾ ਨੂੰ ਸੌਂਪਿਆ ਗਿਆ। ਇਸ ਮੌਕੇ ਰਾਮ ਸਿੰਘ ਡੀ ਪੀ ਐੱਮ, ਰਵਿੰਦਰ ਕੌਰ ਅਕਾਊਂਟੈਂਟ, ਨਰੇਸ਼ ਅਕਾਊਂਟੈਂਟ, ਅਮਨਦੀਪ ਕੌਰ ਇਨਫੋਰਮੇਸ਼ਨ ਅਸਿਸਟੈਂਟ ਨੇ ਦੱਸਿਆ ਕਿ ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਪੰਜਾਬ ਦੀ ਵਿਭਾਗ ਨਾਲ 14 ਅਗਸਤ 2026 ਨੂੰ ਹੋਈ ਮੀਟਿੰਗ ਅਨੁਸਾਰ ਵਿਭਾਗ ਵੱਲੋਂ ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਪੰਜਾਬ ਦੀਆਂ ਮੰਗਾਂ ਦਾ ਕੋਈ ਲਿਖਤੀ ਭਰੋਸਾ ਨਹੀਂ ਦਿੱਤਾ। ਜਿਸ ਕਰਕੇ ਸਾਰੇ ਪੰਜਾਬ ਦੇ ਐੱਨ ਐੱਚ ਐੱਮ ਕਰਮਚਾਰੀਆਂ ਵਿਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਵਿਭਾਗ ਅਤੇ ਸਰਕਾਰ ਨਾਲ ਮੀਟਿੰਗਾਂ ਦੌਰਾਨ ਅਕਸਰ ਬਜਟ ਜਾਂ ਖਜ਼ਾਨਾ ਖਾਲੀ ਹੋਣ ਦਾ ਹਵਾਲਾ ਦੇ ਕੇ ਨੈਸ਼ਨਲ ਹੈਲਥ ਮਿਸ਼ਨ ਦੇ ਕੱਚੇ ਅਤੇ ਦਹਾਕਿਆਂ ਤੋਂ ਨਿਗੂਣੀਆਂ ਤਨਖਾਹਾਂ ਤੇ ਕੰਮ ਕਰਦੇ ਕਰਮਚਾਰੀਆਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ ਹੈ। ਵਿਭਾਗ ਦੇ ਕਰਮਚਾਰੀਆਂ ਪ੍ਰਤੀ ਇਸ ਰੁੱਖੇ ਰਵਈਏ ਕਰਕੇ ਇਹ ਫੈਸਲਾ ਲਿਆ ਕਿ 17 ਅਗਸਤ ਤੋਂ 24 ਅਗਸਤ ਤੱਕ ਐੱਨ ਐੱਚ ਐੱਮ ਪੰਜਾਬ ਦੇ ਸਾਰੇ ਕਰਮਚਾਰੀਆਂ ਵੱਲੋਂ ਉਨ੍ਹਾਂ ਨਾਲ ਸੰਬੰਧਿਤ ਮੈਡੀਕਲ/ਪੈਰਾ-ਮੈਡੀਕਲ) ਮੀਟਿੰਗਾਂ, ਟ੍ਰੇਨਿੰਗਾਂ,ਹਰ ਤਰ੍ਹਾਂ ਦਾ ਕੰਮ/ਰਿਪੋਰਟਿੰਗ ਬੰਦ ਕਰਦੇ ਹੋਏ ਕਲਮ ਛੋੜ ਕੰਪਿਊਟਰ ਬੰਦ ਹੜਤਾਲ ਕਰਦੇ ਹੋਏ ਸਿਵਲ ਸਰਜਨ ਐੱਸ ਐੱਮ ਓ ਦਫ਼ਤਰਾਂ ਦੇ ਬਾਹਰ ਧਰਨਾ, ਰੋਸ ਪ੍ਰਦਰਸ਼ਨ ਕਰਨਗੇ।

## ਨਵ-ਨਿਯੁਕਤ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਸਨਮਾਨਤ



**ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)**-ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਅਕਾਲੀ ਆਗੂ ਕੁਲਦੀਪ ਸਿੰਘ ਔਲਖ ਨੂੰ ਮੀਤ ਪ੍ਰਧਾਨ ਨਿਯੁਕਤ ਕਰਨ 'ਤੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸੇਰੋਂ, ਪਤਨੀ ਸਰਪੰਚ ਅਵਤਾਰ ਸਿੰਘ ਬਿੱਲਾ ਸੇਰੋਂ, ਮੈਨੇਜਰ ਗੁਰਦੁਵਾਰਾ ਸ੍ਰੀ ਬਾਉਲੀ ਸਾਹਿਬ ਨਿਰਮਲ ਸਿੰਘ ਕਾਹਲਵਾਂ ਹਰਜੀਤ ਸਿੰਘ ਸੇਰੋਂ ਨੇ ਸਨਮਾਨਿਤ ਕੀਤਾ।ਇਸ ਮੌਕੇ ਕੁਲਦੀਪ ਸਿੰਘ ਔਲਖ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸੇਰੋਂ ਅਤੇ ਸੀਨੀਅਰ ਅਕਾਲੀ ਆਗੂ ਅਵਤਾਰ ਸਿੰਘ ਬਿੱਲਾ ਸੇਰੋਂ ਦਾ ਧੰਨਵਾਦ ਕਰਦਿਆਂ ਕਿਹਾ ਪਾਰਟੀ ਨੇ ਮੈਨੂੰ ਦੂਜੀ ਵਾਰ ਜ਼ਿੰਮੇਵਾਰੀ ਸੌਂਪੀ ਹੈ। ਮੈਂ ਮਿਲ਼ੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦਾ ਵਾਅਦਾ ਕਰਦਾ ਹਾਂ ।ਇਸ ਮੌਕੇ ਮੈਨੇਜਰ ਅਵਤਾਰ ਸਿੰਘ ਪਿੱਦੀ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਯੂਥ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਸਰਕਲ ਪ੍ਰਧਾਨ ਕੁਲਦੀਪ ਸਿੰਘ ਲਾਹੌਰੀਆ, ਨੰਬਰਦਾਰ ਅਮਰਜੀਤ ਸਿੰਘ, ਵਰਿੰਦਰ ਜੋਤੀ, ਸੁਖਬੀਰ ਸਿੰਘ ਲੋਧੀ, ਮੈਂਬਰ ਮੋਹਨ ਸਿੰਘ, ਸਰਵਣ ਸਿੰਘ ਸੰਮਾ ਲਾਹੌਰੀਆ ਆਦਿ ਹਾਜ਼ਰ ਸਨ ।

## ਖੇਡਾਂ ਵਤਨ ਪੰਜਾਬ ਦੀਆਂ 2026, ਮਸ਼ਾਲ 20 ਨੂੰ ਜ਼ਿਲ੍ਹੇ 'ਚ ਪੁੱਜੇਗੀ : ਡਿਪਟੀ ਕਮਿਸ਼ਨਰ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ



ਪੰਜਾਬ ਦੀਆਂ 2026' ਸਬੰਧੀ ਮਸ਼ਾਲ ਮਾਰਚ 20 ਅਗਸਤ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਪੁੱਜੇਗੀ । ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਦੀ ਮਸ਼ਾਲ ਦੀ ਆਮਦ ਅਤੇ ਬਲਾਕ ਪੱਧਰ 'ਤੇ ਹੋਣ ਵਾਲੇ ਵੱਖ-ਵੱਖ ਸਮਾਗਮਾਂ ਸੰਬੰਧੀ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮਸ਼ਾਲ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੋ ਕੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਪੁੱਜੇਗੀ । ਇਸ ਮਸ਼ਾਲ ਦਾ ਰਾਤ ਦਾ ਠਹਿਰਾਓ ਵੀ ਐਸ.ਬੀ.ਐਸ ਨਗਰ ਵਿਖੇ ਹੀ ਕੀਤਾ ਜਾਵੇਗਾ। ਮਸ਼ਾਲ 21 ਅਗਸਤ ਨੂੰ ਇੱਥੋਂ ਜ਼ਿਲ੍ਹਾ ਜਲੰਧਰ ਲਈ ਰਵਾਨਾ ਹੋਵੇਗੀ। ਉਹਨਾਂ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਢੁਕਵੇਂ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਉਹ ਵੱਧ ਤੋਂ ਵੱਧ ਬੱਚਿਆਂ ਦੀ ਆਨਲਾਈਨ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਉਣ ਅਤੇ ਵੱਧ ਤੋਂ ਵੱਧ ਵਿਦਿਆਰਥੀਆਂ ਦੀ ਖੇਡਾਂ ਵਿੱਚ ਭਾਗੀਦਾਰੀ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮਾਗਮਾਂ ਦੌਰਾਨ ਬੱਚਿਆਂ ਦੀ ਸਿਹਤ ਦਾ ਵੀ ਪੂਰਾ ਧਿਆਨ ਰੱਖਿਆ ਜਾਵੇ ਅਤੇ ਬੱਚਿਆਂ ਦੀ ਰਿਫਰੈਸ਼ਮੈਂਟ ਦਾ ਵੀ ਪੂਰਾ ਧਿਆਨ ਰੱਖਿਆ ਜਾਵੇ। ਉਹਨਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮਸ਼ਾਲ ਦੇ ਨਾਲ ਇੱਕ ਐਂਬੂਲੈਂਸ ਦਾ ਪ੍ਰਬੰਧ ਵੀ ਕੀਤਾ ਜਾਵੇ।

ਇਸ ਦੇ ਨਾਲ ਹੀ ਪੀਣ ਵਾਲੇ ਪਾਣੀ ਅਤੇ ਸੁਰੱਖਿਆ ਦੇ ਮੁਕੰਮਲ ਪ੍ਰਬੰਧ ਕੀਤੇ ਜਾਣ। ਇਸ ਤੋਂ ਇਲਾਵਾ ਪੁਲਸ ਵਿਭਾਗ ਨੂੰ ਮਸ਼ਾਲ ਦੇ ਆਗਮਨ ਅਤੇ ਸਮਾਗਮ ਦੌਰਾਨ ਸੁਰੱਖਿਆ ਦੇ ਪੁਖ਼ਤਾ ਅਤੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ।ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਰਮਨਜੀਤ, ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ ।

## ਬਬੇਲੀ ਵਿਖੇ ਸ਼ਰਧਾ ਨਾਲ ਮਨਾਈ ਭਾਦੋਂ ਮਹੀਨੇ ਦੀ ਸੰਗਰਾਂਦ

**ਫਗਵਾੜਾ (ਜਸਵਿੰਦਰ ਢੱਡਾ)**- ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਤਹਿਸੀਲ ਫਗਵਾੜਾ ਵਿਖੇ ਭਾਦੋਂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਪ੍ਰਬੰਧਕ ਕਮੇਟੀ ਵਲੋਂ ਕਮੇਟੀ ਪ੍ਰਧਾਨ



ਬਲਦੇਵ ਸਿੰਘ ਦੀ ਅਗਵਾਈ ਹੇਠ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਬਬੇਲੀ ਨੇ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਪਰੰਤ ਢਾਡੀ ਗਿਆਨੀ ਭਾਈ ਬਲਵਿੰਦਰ ਸਿੰਘ ਆਲਮ ਸ਼ਾਹਕੋਟ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਗੁਰ ਇਤਿਹਾਸ ਨਾਲ ਜੋੜਿਆ। ਕਮੇਟੀ ਪ੍ਰਧਾਨ ਬਲਦੇਵ ਸਿੰਘ ਨੇ ਸਮੂਹ ਸੰਗਤਾਂ ਨੂੰ ਭਾਦੋਂ ਮਹੀਨੇ ਦੀ ਸੰਗਰਾਂਦ ਦੀਆਂ ਸ਼ੁੱਭ ਇੱਛਾਵਾਂ ਦਿੱਤੀ ਅਤੇ ਢਾਡੀ ਜੱਥੇ ਸਮੇਤ ਪ੍ਰਮੁੱਖ ਸ਼ਖਸੀਅਤਾਂ, ਸੇਵਾਦਾਰਾਂ, ਸਹਿਯੋਗੀਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਟ ਕੀਤੇ ਗਏ। ਚਾਹ ਪਕੌੜੇ, ਗੁਰੂ ਕਾ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹਰਜਿੰਦਰ ਸਿੰਘ ਮੀਤ ਪ੍ਰਧਾਨ, ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ, ਬੀਬੀ ਸਰਬਜੀਤ ਕੌਰ, ਪਰਮਜੀਤ ਕੌਰ, ਅਮਨਦੀਪ ਸਿੰਘ ਉੱਚਾ ਪਿੰਡ, ਮਲਕੀਤ ਸਿੰਘ ਉੱਚਾ ਪਿੰਡ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਰਾਣੀਪੁਰ, ਅਮਰੀਕ ਸਿੰਘ, ਇਕਬਾਲ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਪ੍ਰਭਜੋਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

## ਦੇਹਰੀਵਾਲ ਸਕੂਲ 'ਚ ਜ਼ਿਲ੍ਹਾ ਪੱਧਰੀ ਵੇਟਲਿਫਟਿੰਗ ਮੁਕਾਬਲੇ



**ਅੱਡਾ ਸਰਾਂ (ਜਸਵੀਰ ਕਾਜਲ)**

ਵੇਟ ਲਿਫਟਿੰਗ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪੱਧਰੀ ਵੇਟ ਲਿਫਟਿੰਗ ਟੂਰਨਾਮੈਂਟ ਸਰਕਾਰੀ ਹਾਈ ਸਕੂਲ ਦੇਹਰੀਵਾਲ ਦੇ ਵੇਟ ਲਿਫਟਿੰਗ ਸੈਂਟਰ ਵਿਚ ਕਰਵਾਇਆ ਗਿਆ ।ਕੋਚ ਬਲਜਿੰਦਰ ਸਿੰਘ ਭਿੰਡਰ ਦੀ ਦੇਖ ਰੇਖ ਵਿਚ ਵੇਟਲਿਫਟਿੰਗ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਮਨਦੀਪ ਸਿੰਘ ਹੇਅਰ ਅਤੇ ਸੈਂਟਰ ਸਰਪ੍ਰਸਤ ਹਰਦੀਪ ਸਿੰਘ ਬੀਰਮਪੁਰ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਇਸ ਟੂਰਨਾਮੈਂਟ ਦਾ ਉਦਘਾਟਨ ਕੋਚ ਜਸਵੀਰ ਸਿੰਘ ਕਟਾਰੀਆ ਅਮਰੀਕਾ ਨੇ ਕੀਤਾ । ਜਦੋਂਕਿ ਜੇਤੂਆਂ ਨੂੰ ਇਨਾਮਾਂ ਦੀ ਵੰਡ ਵੇਟਲਿਫਟਿੰਗ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਤਾਰਾ ਸਿੰਘ ਅਰਜੁਨ ਐਵਾਰਡੀ ਅਤੇ ਸਮਾਜ ਸੇਵਕ ਰਸ਼ਪਾਲ ਸਿੰਘ ਚਰੜ ਨੇ ਕੀਤੀ। ਟੂਰਨਾਮੈਂਟ ਵਿਚ ਜ਼ਿਲ੍ਹੇ ਭਰ ਤੋਂ ਵੇਟਲਿਫਟਰਾਂ ਨੇ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ । ਮੁਕਾਬਲਿਆਂ ਦੌਰਾਨ ਅੰਡਰ 14 ਸਾਲ ਲੜਕਿਆਂ ਦੇ ਵਰਗ ਵਿਚ ਹਰਫਤਿਹ ਸਿੰਘ, ਗੁਰਮਨ ਸਿੰਘ, ਸੁਖਮਨ ਸਿੰਘ, ਹਰਦੀਪ ਸਿੰਘ, ਜੀਵਨ, ਯੁਵਰਾਜ ਸਿੰਘ, ਪ੍ਰਭਜੋਤ ਸਿੰਘ ਅਤੇ ਬਲਵੀਰ ਸ਼ਰਮਾ ਆਪੋ ਆਪਣੀ ਕੈਟੇਗਰੀ ਵਿਚ ਪਹਿਲੇ ਸਥਾਨ 'ਤੇ ਰਹੇ । ਲੜਕੀਆਂ ਦੇ ਵਰਗ ਵਿਚ ਹਰਨੂਰ ਕੌਰ, ਬਰਲੀਨ ਕੌਰ ਅਤੇ ਜਸਮੀਨ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ 17 ਲੜਕਿਆਂ ਦੇ ਵਰਗ ਵਿਚ ਸੁਖਦੇਵ ਸਿੰਘ, ਤੇਜਸ ਠੇਠਰ, ਜਗਤੇਸ਼ਵਰ ਸਿੰਘ, ਪਰਮਜੋਤ ਸਿੰਘ, ਅਰਮਾਨ ਨੇ ਪਹਿਲਾ ਸਥਾਨ ਹਾਸਲ ਕੀਤਾ । 17 ਸਾਲ ਤੋਂ ਉੱਪਰ ਉਮਰ ਵਰਗ ਵਿਚ ਮਨਤੇਜ ਸਿੰਘ ਭਿੰਡਰ, ਸਿਮਰਨਜੀਤ ਸਿੰਘ, ਤਨਵੀਰ ਸਿੰਘ, ਪ੍ਰਭਜੋਤ ਸਿੰਘ, ਜਸਕਰਨਪ੍ਰੀਤ ਸਿੰਘ, ਹਰਜੋਤ ਸਿੰਘ, ਸਰਬਜੋਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨਾਂ ਅਤੇ ਕੋਚਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ।ਜੇਤੂਆਂ ਨੂੰ ਇਨਾਮ ਭੇਟ ਕਰਦੇ ਹੋਏ ਪ੍ਰਧਾਨ ਤਾਰਾ ਸਿੰਘ, ਜਸਵੀਰ ਸਿੰਘ ਕਟਾਰੀਆ ਅਤੇ ਰਸ਼ਪਾਲ ਚਰੜ ਨੇ ਖਿਡਾਰੀਆਂ ਨੂੰ ਖੇਡ ਵਿਚ ਸਖਤ ਮਿਹਨਤ ਕਰਦੇ ਹੋਏ ਉੱਚੇ ਮੁਕਾਮ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਮੁਖੀ ਸੰਦੀਪ ਤੁੱਲੀ, ਸਰਪੰਚ ਅਵਤਾਰ ਸਿੰਘ, ਸਾਬਕਾ ਸਰਪੰਚ ਹਰਦਿਆਲ ਸਿੰਘ, ਨੰਬਰਦਾਰ ਉਂਕਾਰ ਸਿੰਘ, ਸ਼ਿੰਦਰਪਾਲ ਮੱਲ੍ਹੀ, ਉਪਕਾਰ ਸਿੰਘ, ਕੋਚ ਗੁਰਵਿੰਦਰ ਸਿੰਘ, ਹਰਜਿੰਦਰ ਸਿੰਘ, ਸੁਰਜੀਤ ਸਿੰਘ ਡੀ. ਜੀ. ਐੱਮ., ਮਨੀ ਦੇਹਰੀਵਾਲ, ਗੁਰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ, ਨੰਬਰਦਾਰ ਮਨਪ੍ਰੀਤ ਸਿੰਘ, ਰਮਨਦੀਪ ਸਿੰਘ, ਮਨਦੀਪ ਸਿੰਘ ਲਿੱਤਰ, ਸਰਬਜੋਤ ਸਿੰਘ ਸੰਧੂ, ਸਨੀ ਦੇਹਰੀਵਾਲ, ਨੰਬਰਦਾਰ ਤੀਰਥ ਸਿੰਘ, ਬੰਟੂ, ਕੁਲਵਿੰਦਰ ਸਿੰਘ, ਡਾ. ਸ਼ੰਮੀ ਆਦਿ ਮੌਜੂਦ ਸਨ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਸਾਹਿਬ ਛਾਉਣੀ ਨਿਹੰਗ ਸਿੰਘਾਂ ਦੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਪਾਤਸ਼ਾਹੀ ਅੱਠਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਮੁੱਖੀ ਸਹਿਬਜਾਦਾ ਬਾਬਾ ਫਹਿਤ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਨੇ ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਤਰਨਾ ਦਲ ਬਜਵਾੜਾ ਕਲਾਂ, ਭਾਈ ਨਰੇਸ਼ ਸਿੰਘ ਮੁੱਖ ਗ੍ਰੰਥੀ ਬਜਵਾੜਾ ਕਲਾਂ, ਬਾਬਾ ਸੁਰਜਨ ਸਿੰਘ ਜਲੰਧਰ, ਭਾਈ ਬਲਜੀਤ ਸਿੰਘ, ਭਾਈ ਬਲਜੋਤ ਸਿੰਘ-ਭਾਈ ਸਿਮਰਨ ਜੀਤ ਸਿੰਘ ਚੱਬੇਵਾਲ ਆਦਿ ਨੇ ਗੁਰਬਾਣੀ, ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਰਾਗੀ ਜੱਥੇ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਸਮਾਗਮ ਦੌਰਾਨ ਰਾਜਵੀਰ ਸਿੰਘ ਹੁਸ਼ਿਆਰਪੁਰ, ਮਾਨ ਸਿੰਘ, ਰਾਜੂ ਸਿੰਘ, ਗੁਰਪ੍ਰੀਤ ਸਿੰਘ, ਰੋਹਿਤ ਸਿੰਘ, ਸੁਰਜੀਤ ਸਿੰਘ ਢੱਕੋਵਾਲ, ਬਲਵੀਰ ਸਿੰਘ ਹੇੜੀਆ, ਅਜਮੇਹਰ ਸਿੰਘ ਮੁੱਖਲਿਆਣਾ, ਬਲਦੇਵ ਸਿੰਘ ਅਜੜਾਮ, ਗੁਰਪਾਲ ਸਿੰਘ, ਹਰਪ੍ਰੀਤ ਸਿੰਘ, ਬਲਜੀਤ ਸਿੰਘ, ਅਮਰੀਕ ਸਿੰਘ, ਅਸ ਇਸਮੀਤ ਸਿੰਘ, ਗੁਰਪਾਲ ਸਿੰਘ, ਸਤਨਾਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਮਾਗਮ ਦੌਰਾਨ ਬਰੈਡ ਪਕੌੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ।

## ਆਜ਼ਾਦੀ ਦਿਵਸ ਦੇ ਸਮਾਗਮ ਮੌਕੇ ਐੱਨ ਐੱਸ ਐੱਸ ਵਲੰਟੀਅਰਾਂ ਨੇ ਕੀਤੀ ਸ਼ਮੂਲੀਅਤ

**ਦਸੂਹਾ (ਕਰਨੈਲ ਮਾਂਗਟ)**- ਕੇ ਐੱਮ ਐੱਸ ਕਾਲਜ ਆਫ਼ ਆਈ ਟੀ ਐਂਡ ਮੈਨੇਜਮੈਂਟ ਦਸੂਹਾ ਦੇ ਐੱਨ ਐੱਸ ਐੱਸ ਯੂਨਿਟ ਦੇ ਵਲੰਟੀਅਰਾਂ ਵੱਲੋਂ ਮੈਡੀਕਲ ਲੈਬ ਸਾਇੰਸ ਵਿਭਾਗ ਦੇ ਮੁਖੀ ਜਗਰੂਪ ਕੌਰ ਦੀ ਅਗਵਾਈ ਹੇਠ ਪੰਚਾਇਤ ਸੰਮਤੀ ਸਟੇਡੀਅਮ, ਦਸੂਹਾ ਵਿਖੇ ਆਜ਼ਾਦੀ ਦਿਵਸ ਮੌਕੇ ਕਰਵਾਏ ਗਏ ਸਮਾਗਮ ਵਿੱਚ ਉਤਸ਼ਾਹ ਨਾਲ ਭਾਗ ਲਿਆ ਗਿਆ। ਇਸ ਮੌਕੇ ਐਨ.ਐਸ.ਐਸ. ਵਲੰਟੀਅਰ ਲੜਕਿਆਂ ਨੇ ਆਜ਼ਾਦੀ ਦਿਵਸ ਦੀ ਪਰੇਡ ਵਿੱਚ ਸ਼ਾਮਲ ਹੋ ਕੇ ਦੇਸ਼ ਭਗਤੀ ਅਤੇ ਅਨੁਸ਼ਾਸਨ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਤਹਿਤ ਗਿੱਧੇ ਵਿੱਚ ਭਾਗ ਲੈ ਕੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਦੀ ਖ਼ੂਬਸੂਰਤ ਝਲਕ ਪੇਸ਼ ਕੀਤੀ ਗਈ। ਕਾਲਜ ਦੇ ਚੇਅਰਮੈਨ ਚੌਧਰੀ ਕੁਮਾਰ ਸੈਣੀ ਤੇ ਪ੍ਰਿੰਸੀਪਲ ਡਾ. ਮਾਨਵ ਸੈਣੀ ਨੇ ਐੱਨ ਐੱਸ ਐੱਸ ਵਲੰਟੀਅਰਾਂ ਅਤੇ ਵਿਦਿਆਰਥਣਾਂ ਨੂੰ ਇਸ ਸ਼ਾਨਦਾਰ ਭਾਗੀਦਾਰੀ ਲਈ ਵਧਾਈ ਦਿੱਤੀ।



## ਪ੍ਰਕਾਸ਼ ਪੁਰਬ ਨੂੰ ਸਮਰਪਤ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕਪੂਰਥਲਾ ਵਰਿੰਦਰਪਾਲ ਸਿੰਘ ਬਾਜਵਾ



ਵੱਲੋਂ ਫਗਵਾੜਾ ਬਲਾਕ ਦੇ ਪਿੰਡ ਭਬਿਆਣਾ ਅਤੇ ਲੱਖਪੁਰ ਤੋਂ ਪਿੰਡ ਪੱਧਰ 'ਤੇ 650 ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਤੋਂ ਇਲਾਵਾ ਉਹਨਾਂ ਨੇ ਚਹੇੜੂ ਅਤੇ ਮਹੇੜੂ ਪਿੰਡਾਂ ਵਿੱਚ ਖੇਡ ਮੈਦਾਨਾਂ ਦੇ ਚਲ ਰਹੇ ਕੰਮਾਂ ਦਾ ਨਿਰੀਖਣ ਵੀ ਕੀਤਾ। ਉਹਨਾਂ ਨੇ ਪਿੰਡਾਂ ਵਿੱਚ ਬੂਟੇ ਲਗਾ ਕੇ ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਦਾ ਸੰਦੇਸ਼ ਦਿੱਤਾ। ਉਹਨਾਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਮਨੁੱਖਤਾ, ਸਮਾਨਤਾ, ਸੇਵਾ ਅਤੇ ਕੁਦਰਤ ਨਾਲ ਸਾਂਝ ਦਾ ਸੰਦੇਸ਼ ਦਿੰਦੀਆਂ ਹਨ। ਇਸ ਮੌਕੇ ਬੀ ਡੀ ਪੀ ਓ ਲਖਵਿੰਦਰ ਕਲੇਰ ਨੇ ਦੱਸਿਆ ਕਿ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਕੇ ਫਗਵਾੜਾ ਬਲਾਕ ਦੇ ਕੁੱਲ 91 ਪਿੰਡਾਂ ਵਿੱਚ 650-650 ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੂਟੇ ਲਗਾਉਣ ਦੀ ਇਹ ਮੁਹਿੰਮ ਵਾਤਾਵਰਣ ਦੀ ਸੰਭਾਲ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਯਕੀਨੀ ਬਣਾਉਣ ਵਿੱਚ ਸਹਾਈ ਹੋਵੇਗੀ। ਉਨ੍ਹਾਂ ਨੇ ਗ੍ਰਾਮ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਲਗਾਏ ਗਏ ਬੂਟਿਆਂ ਦੀ ਸੰਭਾਲ ਅਤੇ ਸੁਰੱਖਿਆ ਨੂੰ ਵੀ ਯਕੀਨੀ ਬਣਾਇਆ ਜਾਵੇ ਤਾਂ ਜੋ ਇਹ ਬੂਟੇ ਵੱਡੇ ਹੋ ਕੇ ਦਰੱਖਤ ਬਣ ਸਕਣ।

## ਭਾਜਪਾ ਨੇ ਕਾਂਗਰਸ ਹਾਈ ਕਮਾਨ ਦਾ ਫੂਕਿਆ ਪੁਤਲਾ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ )** -ਆਜ਼ਾਦੀ ਦਿਵਸ ਦੇ ਮੌਕੇ ਤੇ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਵੱਲੋਂ ਵੰਦੇ ਮਾਤਰਮ ਦਾ ਕੀਤਾ ਗਿਆ ਅਪਮਾਨ ਭਾਰਤ ਦਾ ਕੋਈ ਵੀ ਨਾਗਰਿਕ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਦਾ। ਭਾਜਪਾ ਜ਼ਿਲਾ ਪ੍ਰਧਾਨ ਸੰਜੀਵ ਮਿਨਹਾਸ ਦੀ ਅਗਵਾਈ ਵਿੱਚ ਭਾਜਪਾ ਵਰਕਰਾਂ ਵੱਲੋਂ ਸ਼ਿਮਲਾ ਪਹਾੜੀ ਤੋਂ ਰੋਸ ਮਾਰਚ ਕੱਢਦੇ ਹੋਏ ਕਾਂਗਰਸ ਕਾਰਜਕਾਰੀ ਪੰਜਾਬ ਪ੍ਰਧਾਨ ਸੰਗਤ ਸਿੰਘ ਗਿੱਲਜੀਆਂ ਦੇ ਦਫਤਰ ਅੱਗੇ ਕਾਂਗਰਸ ਹਾਈ ਕਮਾਂਡ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਤੇ ਜ਼ਿਲਾ ਪ੍ਰਧਾਨ ਸੰਜੀਵ ਮਿਨਹਾਸ, ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ, ਹਲਕਾ ਮੁਕੇਰੀਆਂ ਵਿਧਾਇਕ ਜੰਗੀ ਲਾਲ ਮਹਾਜਨ, ਸਾਬਕਾ ਚੇਅਰਮੈਨ ਜਵਾਹਰ ਖੁਰਾਣਾ, ਸਾਬਕਾ ਪ੍ਰਧਾਨ ਦਸੂਹਾ ਰਵਿੰਦਰ ਰਵੀ, ਸੰਗਰਾਮ ਸਿੰਘ, ਅਨਿਲ ਵਸ਼ਿਸ਼ਟ, ਪ੍ਰਦੀਪ ਪਲਾਹਾ, ਰਜਿੰਦਰ ਛੋਟੂ, ਵਿਕਾਸ ਮਨਕੋਟੀਆ, ਮੰਡਲ ਪ੍ਰਧਾਨ ਚਰਨਜੀਤ ਸਿੰਘ, ਮੰਡਲ ਪ੍ਰਧਾਨ ਵਿਨੋਦ ਕੁਮਾਰ, ਮੰਡਲ ਪ੍ਰਧਾਨ ਸ਼ਮੀ ਵਸ਼ਿਸ਼ਟ ਤੋਂ ਇਲਾਵਾ ਹੋਰ ਭਾਜਪਾ ਵਰਕਰਾਂ ਨੇ ਪੰਜਾਬ ਕਾਰਜ ਕਾਂਗਰਸ ਕਾਰਜਕਾਰੀ ਪ੍ਰਧਾਨ ਸੰਗਤ ਸਿੰਘ ਗਿੱਲੀਆਂ ਦੇ ਦਫਤਰ ਅੱਗੇ ਧਰਨਾ ਦੇ ਕੇ ਵੰਦੇ ਮਾਤਰਮ ਗੀਤ ਗਾਉਣ ਉਪਰੰਤ ਕਾਂਗਰਸ ਖਿਲਾਫ ਨਾਰੇਬਾਜੀ ਕੀਤੀ। ਇਸ ਮੌਕੇ ਤੇ ਬੋਬੀ ਰਾਜਪੁਰ, ਜਸਵੀਰ ਸਿੰਘ, ਸਤਪਾਲ ਸਿੰਘ, ਮੋਨੂ ਮੱਟੂ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਕਸ਼ਮੀਰ ਸਿੰਘ, ਵੀਨੂ ਪੰਡਿਤ, ਅਸ਼ਵਨੀ ਜੈਨ ਸੁਖਦੇਵ ਸਿੰਘ, ਅਜੇ ਸੈਣੀ, ਰਾਜਕੁਮਾਰ ਅਤੇ ਹੋਰ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਅਲੀਸ਼ਾ
ਪਿਤਾ : ਬਲਜਿੰਦਰ ਸਿੰਘ
ਪਿੰਡ : ਸਾਦੋਵਾਲ (ਗੜ੍ਹਸ਼ੰਕਰ)



ਜਸ਼ਨਪ੍ਰੀਤ ਸਿੰਘ
ਪਿੰਡ : ਕਕਰਾਲੀ



ਅਗਮ ਸਿੰਘ
ਪਿੰਡ : ਗਹੂਣ



ਰਹਿਮਤ ਕੌਰ ਚੰਦੀ
ਜੰਡਿਆਲਾ ਗੁਰੂ



ਕਿਆਨ ਸ਼ਰਮਾ
ਪਟਿਆਲਾ

## ਵਰ੍ਹੇਗੰਢ ਮੁਬਾਰਕ



ਸੁਰਿੰਦਰ ਸਿੰਘ ਅਤੇ ਬਲਵਿੰਦਰ ਕੌਰ ਵਾਸੀ ਛਾਉਣੀ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।

# ਅਵਤਾਰ ਪਾਸ਼ ਦੇ 76ਵੇਂ ਜਨਮ ਦਿਹਾੜੇ ਮੌਕੇ ਸਮਾਗਮ ਲਈ ਤਲਵੰਡੀ ਸਲੇਮ 'ਚ ਇਕੱਤਰਤਾ

**ਸ਼ਾਹਕੋਟ (ਗਿਆਨ ਸੈਦਪੁਰੀ)**- ਉੱਘੇ ਕੌਮੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਦੇ 76ਵੇਂ ਜਨਮ ਦਿਹਾੜੇ ਮੌਕੇ 9 ਸਤੰਬਰ ਨੂੰ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ 'ਚ ਸਮਾਗਮ ਕਰਨ ਲਈ ਪਾਸ਼ ਦੇ ਪਿੰਡ ਤਲਵੰਡੀ ਸਲੇਮ ਵਿਖੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਸਾਂਝੀ

- ਲੋਕ ਜਥੇਬੰਦੀਆਂ ਵੱਲੋਂ ਹੱਥ ਪਰਚਾ ਤੇ ਇਸ਼ਤਿਹਾਰ ਲੋਕ ਅਰਪਣ
- ਪਾਸ਼ ਲਾਇਬ੍ਰੇਰੀ ਲਈ ਦੇਸ਼ ਭਗਤ ਯਾਦਗਾਰ ਹਾਲ ਵੱਲੋਂ ਕਿਤਾਬਾਂ ਭੇਟ

ਮੀਟਿੰਗ ਹੋਈ।ਮੀਟਿੰਗ ਦੌਰਾਨ ਸਮਾਗਮ ਦੀਆਂ ਤਿਆਰੀਆਂ ਲਈ ਜਥੇ ਹੋਣ ਵਿਉਂਤ ਬੰਦੀ ਬਣਾਈ ਗਈ ਉੱਥੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿਖੇ ਸਮਾਗਮ ਦਾ ਪੋਸਟਰ ਅਤੇ ਪ੍ਰਚਾਰ ਲਈ ਹੱਥ ਪਰਚਾ ਜਾਰੀ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਸਭਿਆਚਾਰਕ ਵਿੰਗ ਦੇ ਕਨਵੀਨਰ ਅਤੇ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਸੂਬਾ ਪ੍ਰਧਾਨ ਅਮੋਲਕ ਸਿੰਘ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਮੇਸ਼ ਮਾਲੜੀ ਵੱਲੋਂ ਪਾਸ਼ ਯਾਦਗਾਰੀ ਲਾਇਬ੍ਰੇਰੀ ਵਾਸਤੇ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਭੇਜੀਆਂ ਕਿਤਾਬਾਂ ਵੀ ਭੇਟ ਕੀਤੀਆਂ ਗਈਆਂ। ਮੀਟਿੰਗ ਵਿੱਚ ਸ਼ਾਮਲ ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਪ੍ਰਧਾਨ ਮੋਹਨ ਸਿੰਘ ਬੱਲ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ



ਨਾਹਰ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਸੁਖਵਿੰਦਰ ਬਾਗਪੁਰ, ਐਡਵੋਕੇਟ ਸੁਰਿੰਦਰ ਖੀਵਾ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਦੱਸਿਆ ਕਿ, ਹਰ ਸਾਲ ਸਾਹਿਤਕਾਰਾਂ ਬੁੱਧੀਜੀਵੀਆਂ ਵੱਲੋਂ 9 ਸਤੰਬਰ, ਪਾਸ਼ ਦਾ ਜਨਮ ਦਿਨ 'ਕਵਿਤਾ ਦਿਵਸ' ਵਜੋਂ ਮਨਾਇਆ ਜਾਂਦਾ ਹੈ। ਇਸ ਵਾਰ ਇਹ ਸਮਾਗਮ, ਲੇਖਕਾਂ, ਬੁੱਧੀਜੀਵੀਆਂ, ਮਜ਼ਦੂਰਾਂ ਕਿਸਾਨਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਵਲੋਂ ਇਕੱਠਿਆਂ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ ਇਸ ਮੌਕੇ ਵੱਡਾ ਜਨਤਕ ਇਕੱਠ ਪਾਸ਼ -ਹੰਸ ਰਾਜ ਯਾਦਗਾਰੀ ਕੰਪਲੈਕਸ ਤਲਵੰਡੀ ਸਲੇਮ ਵਿਖੇ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਮੌਕੇ ਪ੍ਰਸਿੱਧ ਨਾਟਕਕਾਰ ਕੇਵਲ ਧਾਲੀਵਾਲ ਅਤੇ ਨਾਟਕਕਾਰ ਅਤੇ ਵਿਦਵਾਨ ਡਾ. ਸਵਰਾਜਬੀਰ ਵੱਲੋਂ ਪਾਸ਼ ਦੀਆਂ ਕਵਿਤਾਵਾਂ ਦੇ ਆਧਾਰਤ ਨਾਟਕ ਖੇਡਿਆ ਜਾਵੇਗਾ ਅਤੇ ਪੰਜਾਬ ਦੀਆਂ ਪ੍ਰਸਿੱਧ ਸੰਗੀਤ ਮੰਡਲੀਆਂ ਵੱਲੋਂ ਪਾਸ਼ ਦੀ ਸ਼ਾਇਰੀ ਨੂੰ ਗਾਇਨ ਰਾਹੀਂ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੌਕੇ ਲੇਖਕਾਂ/ਬੁੱਧੀਜੀਵੀਆਂ ਅਤੇ ਜਨਤਕ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਵਲੋਂ ਮੌਜੂਦਾ ਦੌਰ ਦੀਆਂ ਚੁਣੌਤੀਆਂ ਬਾਰੇ ਵਿਚਾਰ ਸਾਂਝੇ ਕੀਤੇ ਜਾਣਗੇ। ਸਮਾਗਮ ਦੀ ਸਫਲਤਾ ਲਈ ਇਲਾਕੇ ਦੇ ਪਿੰਡਾਂ, ਕਸਬਿਆਂ ਵਿੱਚ ਜ਼ੋਰਦਾਰ ਮੁਹਿੰਮ ਚਲਾਈ ਜਾਵੇਗੀ।ਅੱਜ ਦੀ ਮੀਟਿੰਗ ਨੇ ਸਰਕਾਰ ਕੋਲੋਂ ਮੰਗ ਕੀਤੀ ਕਿ ਪਿੰਡ ਦੇ ਚੜ੍ਹਦੇ ਪਾਸੇ ਬਣਾਏ ਕੰਪਲੈਕਸ ਅੰਦਰ ਲਾਈ ਓਪਨ ਜਿੰਮ ਨੂੰ ਤੁਰੰਤ ਉੱਥੋਂ ਹਟਾਇਆ ਜਾਵੇ ਅਤੇ ਯਾਦਗਾਰ ਨੂੰ ਸ਼ਹੀਦੀ ਯਾਦਗਾਰ ਵਜੋਂ ਮਾਨਤਾ ਦਿੱਤੀ ਜਾਵੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਪੰਚ ਮਨਜਿੰਦਰ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਮਲਕੀਅਤ ਸਿੰਘ ਈਦਾ, ਅਵਤਾਰ ਉੱਗੀ, ਬਲਦੇਵ ਰਾਜ ਮਾਲੜੀ, ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਜਲੰਧਰ ਦੇ ਸਕੱਤਰ ਡਾ ਮੰਗਤ ਅੰਜਣਾ ਅਤੇ ਗੁਰਮੀਤ ਸਿੰਘ ਕੋਟਲੀ ਵੀ ਹਾਜ਼ਰ ਸਨ। ਸਮਾਗਮ ਦੀ ਸਫਲਤਾ ਲਈ ਸ਼ੁੱਭ ਕਾਮਨਾਵਾਂ ਭੇਜਣ ਵਾਲਿਆਂ 'ਚ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਕਨਵੀਨਰ ਸੁਰਿੰਦਰ ਧੰਜਲ (ਡਾ.), ਦੇਸ਼ ਭਗਤ ਯਾਦਗਾਰ ਕਮੇਟੀ ਸਲੇਮ ਦੇ ਜਨਰਲ ਸਕੱਤਰ ਗੁਰਮੀਤ ਸਿੰਘ, ਅਵਤਾਰ ਪਾਸ਼ ਯਾਦਗਾਰੀ ਟਰੱਸਟ ਦੇ ਪਾਵੇਲ ਕੁੱਸਾ ਅਤੇ ਡਾ. ਪਰਮਿੰਦਰ ਸ਼ਾਮਲ ਹਨ।

# ਜਦੋਂ ਹਵਾ ਬੀਮਾਰ ਹੋਵੇ : ਏ ਕਿਊ ਆਈ ਦੀ ਕਹਾਣੀ

ਕੀ ਤੁਸੀਂ ਜਾਣਦੇ ਹੋ ਕਿ ਹਵਾ ਬੀਮਾਰ ਹੋ ਚੁੱਕੀ ਹੈ? ਹਾਂ, ਤੁਸੀਂ ਬਿਲਕੁਲ ਸਹੀ ਪੜ੍ਹਿਆ ਹੈ, ਅੱਜ ਕੱਲ੍ਹ ਸਿਰਫ ਜੀਵਿਤ ਵਸਤੂਆਂ ਹੀ ਬੀਮਾਰ ਨਹੀਂ ਹੁੰਦੀਆਂ, ਮਨੁੱਖ ਨੇ ਧਰਤੀ ਉੱਤੇ ਆਪਣੀ ਲਗਾਤਾਰ ਗਤੀਵਿਧੀਆਂ ਨਾਲ ਵਾਤਾਵਰਣ ਨੂੰ ਵੀ ਬੀਮਾਰ ਕਰ ਦਿੱਤਾ ਹੈ, ਤੇ ਉਹ ਵੀ ਏਨਾ ਜ਼ਿਆਦਾ ਕਿ ਜੇਕਰ ਅਸੀਂ ਇਸ ਦਾ ਇਲਾਜ ਨਾ ਕੀਤਾ ਤਾਂ ਸਾਡਾ ਬਚਣਾ ਵੀ ਮੁਸ਼ਕਿਲ ਹੋ ਜਾਵੇਗਾ।



ਸ੍ਰੀਮਤੀ ਪ੍ਰਿਯੰਕਾ

ਹਵਾ ਪ੍ਰਦੂਸ਼ਣ ਭਾਰਤ ਵਿੱਚ ਸਭ ਤੋਂ ਗੰਭੀਰ ਵਾਤਾਵਰਣਕ ਸਮੱਸਿਆਵਾਂ ਵਿੱਚੋਂ ਇੱਕ ਬਣ ਚੁੱਕਾ ਹੈ। ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ, ਉਦਯੋਗਿਕ ਵਿਕਾਸ ਅਤੇ ਵਧਦੀ ਆਬਾਦੀ ਕਾਰਨ ਹਵਾ ਦੀ ਗੁਣਵੱਤਾ ਵਿੱਚ ਕਾਫ਼ੀ ਕਮੀ ਆਈ ਹੈ। ਹਵਾ ਵਿੱਚ ਪ੍ਰਦੂਸ਼ਣ ਦੇ ਪੱਧਰ ਨੂੰ ਮਾਪਣ ਅਤੇ ਲੋਕਾਂ ਤੱਕ ਇਸ ਦੀ ਜਾਣਕਾਰੀ ਪਹੁੰਚਾਉਣ ਲਈ ਭਾਰਤ ਵਿੱਚ ਹਵਾ ਗੁਣਵੱਤਾ ਸੂਚਕਾਂਕ (ਏਅਰ ਕੁਆਲਿਟੀ ਇੰਡੈਕਸ-ਏ ਕਿਊ ਆਈ) ਪ੍ਰਣਾਲੀ ਵਰਤੀ ਜਾਂਦੀ ਹੈ। ਏ ਕਿਊ ਆਈ ਸਾਨੂੰ ਦੱਸਦਾ ਹੈ ਕਿ ਹਵਾ ਕਿੰਨੀ ਸਾਫ਼ ਜਾਂ ਪ੍ਰਦੂਸ਼ਿਤ ਹੈ ਅਤੇ ਇਸ ਦਾ ਸਾਡੀ ਸਿਹਤ 'ਤੇ ਕਿਵੇਂ ਅਸਰ ਪੈਂਦਾ ਹੈ।

ਭਾਰਤ ਵਿੱਚ ਏ ਕਿਊ ਆਈ ਦੀ ਗਣਨਾ ਮੁੱਖ ਪ੍ਰਦੂਸ਼ਕ ਤੱਤਾਂ ਜਿਵੇਂ ਕਿ ਪੀ ਐਮ 2.5, ਪੀ ਐਮ 10, ਕਾਰਬਨ ਮੋਨੋਆਕਸਾਈਡ (ਸੀ ਓ), ਨਾਈਟ੍ਰੋਜਨ ਡਾਈਆਕਸਾਈਡ (ਐਨ ਓ 2), ਸਲਫਰ ਡਾਈਆਕਸਾਈਡ (ਐਸ ਓ 2) ਅਤੇ ਓਜ਼ੋਨ (ਓ 3) ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਏ ਕਿਊ ਆਈ ਦਾ ਪੈਮਾਨਾ 0 ਤੋਂ 500 ਤੱਕ ਹੁੰਦਾ ਹੈ ਅਤੇ ਇਸਨੂੰ 6 ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ—ਚੰਗਾ, ਸੰਤੋਸ਼ਜਨਕ, ਮੱਧਮ, ਖ਼ਰਾਬ, ਬਹੁਤ ਖ਼ਰਾਬ ਅਤੇ ਗੰਭੀਰ। ਜਿਵੇਂ-ਜਿਵੇਂ ਏ ਕਿਊ ਆਈ ਦੀ ਮਾਤਰਾ ਵਧਦੀ ਹੈ, ਸਿਹਤ ਲਈ ਖ਼ਤਰਾ ਵੀ ਵਧਦਾ ਜਾਂਦਾ ਹੈ।

ਭਾਰਤ ਦੇ ਅੰਕੜੇ ਇਸ ਸਮੱਸਿਆ ਦੀ ਗੰਭੀਰਤਾ ਨੂੰ ਸਾਫ਼ ਦਰਸਾਉਂਦੇ ਹਨ। ਸਰਦੀ ਦੇ ਮਹੀਨਿਆਂ ਵਿੱਚ ਦਿੱਲੀ ਦਾ ਏ ਕਿਊ ਆਈ ਅਕਸਰ 400 ਤੋਂ ਵੀ ਉੱਪਰ ਚਲਾ ਜਾਂਦਾ ਹੈ, ਜੋ ਕਿ ਗੰਭੀਰ ਸ਼੍ਰੇਣੀ ਵਿੱਚ ਆਉਂਦਾ ਹੈ। ਹਵਾ ਗੁਣਵੱਤਾ ਰਿਪੋਰਟਾਂ ਅਨੁਸਾਰ ਕਾਨਪੁਰ, ਪਟਨਾ, ਲਖਨਊ, ਗਾਜ਼ੀਆਬਾਦ ਅਤੇ ਗੁਰੂਗ੍ਰਾਮ ਵਰਗੇ ਸ਼ਹਿਰ ਅਕਸਰ ਸਭ ਤੋਂ ਵੱਧ ਪ੍ਰਦੂਸ਼ਿਤ ਸ਼ਹਿਰਾਂ ਵਿੱਚ ਦਰਜ ਕੀਤੇ ਜਾਂਦੇ ਹਨ। ਵਿਸ਼ਵ ਸਿਹਤ ਸੰਗਠਨ (ਡਬਲਯੂ ਐਚ ਓ) ਵੱਲੋਂ ਨਿਰਧਾਰਤ ਮਿਆਰਾਂ ਤੋਂ ਕਈ ਗੁਣਾ ਵੱਧ ਪੀ ਐਮ 2.5 ਦੀ ਮਾਤਰਾ ਅਕਸਰ [illegible] ਹੈ। ਤੁਸੀਂ ਪੰਜਾਬ ਵਿੱਚ ਵੀ ਪੀ ਪੀ ਸੀ ਬੀ (ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ) ਦੀ ਆਨਲਾਈਨ ਸਾਈਟ ਤੇ ਆਪਣੇ ਸ਼ਹਿਰ ਦਾ ਏ ਕਿਊ ਆਈ ਵੀ ਚੈੱਕ ਕਰ ਸਕਦੇ ਹੋ।

ਇਸ ਪ੍ਰਦੂਸ਼ਿਤ ਹਵਾ ਕਾਰਨ ਦਮਾ, ਸਾਹ ਦੀਆਂ ਬੀਮਾਰੀਆਂ, ਦਿਲ ਦੀਆਂ ਸਮੱਸਿਆਵਾਂ ਅਤੇ [illegible] ਬੀਮਾਰੀਆਂ ਨਾਲ ਲੜਨ ਦੀ ਸਮਰੱਥਾ ਵਿੱਚ ਕਮੀ ਆਉਂਦੀ ਹੈ, ਖ਼ਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਵਿੱਚ।

ਭਾਰਤ ਵਿੱਚ ਹਵਾ ਪ੍ਰਦੂਸ਼ਣ ਦੇ ਮੁੱਖ ਕਾਰਨ ਹਨ ਵਾਹਨਾਂ ਤੋਂ ਨਿਕਲਣ ਵਾਲਾ ਧੂੰਆਂ, ਕੋਲੇ 'ਤੇ ਆਧਾਰਿਤ ਬਿਜਲੀ ਘਰ, ਉਦਯੋਗਾਂ ਦਾ ਧੂੰਆਂ, ਨਿਰਮਾਣ ਕਾਰਜ, ਸੜਕਾਂ ਦੀ ਧੂੜ, ਖੇਤਾਂ ਵਿੱਚ ਕੀਟਨਾਸ਼ਕ, ਨਦੀਨ ਨਾਸ਼ਕ ਅਤੇ ਰਸਾਇਣਿਕ ਖਾਦਾਂ ਦਾ ਸਪਰੇਅ, ਖੇਤੀਬਾੜੀ ਵਾਲੇ [illegible] ਦੀ ਪਰਾਲੀ ਸਾੜਨਾ ਅਤੇ ਤਿਉਹਾਰਾਂ ਦੌਰਾਨ ਪਟਾਕਿਆਂ ਦੀ ਵਰਤੋਂ। ਮੌਸਮੀ ਹਾਲਾਤ ਜਿਵੇਂ ਕਿ ਘੱਟ ਹਵਾ ਦੀ ਗਤੀ ਅਤੇ ਤਾਪਮਾਨ ਉਲਟਾਅ ਪ੍ਰਦੂਸ਼ਕ ਤੱਤਾਂ ਨੂੰ ਜ਼ਮੀਨ ਦੇ ਨੇੜੇ ਫਸਾ ਲੈਂਦੇ ਹਨ, ਜਿਸ ਨਾਲ ਪ੍ਰਦੂਸ਼ਣ ਹੋਰ ਵਧ ਜਾਂਦਾ ਹੈ।

ਇਸ ਸਮੱਸਿਆ ਨਾਲ ਨਿਪਟਣ ਲਈ ਭਾਰਤ ਸਰਕਾਰ ਨੇ ਕਈ ਮਹੱਤਵਪੂਰਨ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਰਾਸ਼ਟਰੀ ਸਾਫ਼ ਹਵਾ ਕਾਰਜਕ੍ਰਮ (ਐਨ ਸੀ ਏ ਪੀ) ਦਾ ਉਦੇਸ਼ ਸ਼ਹਿਰਾਂ ਵਿੱਚ ਕਣ-ਰੂਪਕ ਪ੍ਰਦੂਸ਼ਣ ਨੂੰ ਘਟਾਉਣਾ ਅਤੇ ਨਿਗਰਾਨੀ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਹੈ। ਭਾਰਤ ਸਟੇਜ VI (ਬੀ ਐੱਸ-VI) ਉਤਸਰਜਨ ਮਿਆਰਾਂ ਦੀ ਲਾਗੂਆਂ ਨਾਲ ਵਾਹਨਾਂ ਤੋਂ ਨਿਕਲਣ ਵਾਲੀਆਂ ਹਾਨੀਕਾਰਕ ਗੈਸਾਂ ਵਿੱਚ ਕਮੀ ਆਈ ਹੈ। ਮੈਟਰੋ ਰੇਲ ਨੈੱਟਵਰਕ ਦਾ ਵਿਸਥਾਰ, ਇਲੈਕਟ੍ਰਿਕ ਵਾਹਨਾਂ ਦੀ ਪ੍ਰੋਤਸਾਹਨ, ਸੀ ਐਨ ਜੀ ਅਤੇ ਸਾਫ਼ ਈਂਧਨ ਦੀ ਵਰਤੋਂ ਅਤੇ ਸੂਰਜ ਅਤੇ ਪਵਨ ਊਰਜਾ ਵਰਗੇ ਨਵੀਕਰਨਯੋਗ ਸਰੋਤਾਂ 'ਤੇ ਧਿਆਨ ਵੀ ਸਰਕਾਰੀ ਕੋਸ਼ਿਸ਼ਾਂ ਦਾ ਹਿੱਸਾ ਹਨ।

ਸਰਕਾਰੀ ਕੋਸ਼ਿਸ਼ਾਂ ਦੇ ਨਾਲ-ਨਾਲ ਲੋਕਾਂ ਦੀ ਭਾਗੀਦਾਰੀ ਵੀ ਬਹੁਤ ਜ਼ਰੂਰੀ ਹੈ। ਜਨਤਕ ਆਵਾਜਾਈ ਦੀ ਵਰਤੋਂ, ਕਾਰਪੂਲਿੰਗ, ਦਰੱਖ਼ਤ ਲਗਾਉਣਾ, ਕਚਰਾ ਨਾ ਸਾੜਨਾ [illegible], ਬਿਜਲੀ ਦੀ ਬਚਤ ਕਰਨਾ ਅਤੇ ਹਵਾ ਪ੍ਰਦੂਸ਼ਣ ਬਾਰੇ ਜਾਗਰੂਕਤਾ ਫੈਲਾਉਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।

ਸਾਫ਼ ਹਵਾ ਇੱਕ ਸਿਹਤਮੰਦ ਜੀਵਨ ਲਈ ਬਹੁਤ ਜ਼ਰੂਰੀ ਹੈ। ਏ ਕਿਊ ਆਈ ਨੂੰ ਸਮਝ ਕੇ ਅਤੇ ਪ੍ਰਦੂਸ਼ਣ ਨਿਯੰਤਰਣ ਦੀਆਂ ਕੋਸ਼ਿਸ਼ਾਂ ਦਾ ਸਮਰਥਨ ਕਰਕੇ, ਭਾਰਤ ਇੱਕ ਸਾਫ਼, ਹਰਾ-ਭਰਾ ਅਤੇ ਸਿਹਤਮੰਦ ਭਵਿੱਖ ਵੱਲ ਅੱਗੇ ਵਧ ਸਕਦਾ ਹੈ।

**(ਸਾਇੰਸ ਮਿਸਟ੍ਰੈੱਸ)**
**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੂਰਪੁਰ**

# ਆਪ ਵਿਧਾਇਕ ਨੇ ਰਾਜਪਾਲ ਨਾਲ ਕੀਤੀ ਮੁਲਾਕਾਤ

## ਹੜ੍ਹਾਂ ਤੋਂ ਬਚਾਓ ਲਈ ਉੱਜ ਨਦੀ 'ਤੇ ਡੈਮ ਬਣਾਉਣ ਦੀ ਕੀਤੀ ਮੰਗ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਅਜਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਇੱਕ ਵਫ਼ਦ ਨਾਲ ਖੇਤਰ ਨੂੰ ਹਰ ਸਾਲ ਆਉਣ ਵਾਲੇ ਭਿਆਨਕ ਹੜ੍ਹਾਂ ਦੀ ਮਾਰ ਤੋਂ ਬਚਾਉਣ ਅਤੇ ਇਲਾਕੇ ਦੇ ਸਥਾਈ ਵਿਕਾਸ ਲਈ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ। ਵਫ਼ਦ ਵਿੱਚ ਅਜਨਾਲਾ ਹਲਕੇ ਦੇ ਸਰਪੰਚ, ਚੇਅਰਮੈਨ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਵਿਧਾਇਕ ਧਾਲੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਰਾਜਪਾਲ ਅੱਗੇ ਅਜਨਾਲਾ ਦੇ ਲੋਕਾਂ ਦਾ ਦਰਦ ਰੱਖਿਆ ਹੈ। ਹਰ ਸਾਲ ਰਾਵੀ ਅਤੇ ਉੱਜ ਦਰਿਆ ਦੇ ਪਾਣੀ ਕਾਰਨ ਉਨ੍ਹਾਂ ਦਾ ਇਲਾਕਾ ਪੂਰੀ ਤਰ੍ਹਾਂ ਜਲਥਲ ਹੋ ਜਾਂਦਾ ਹੈ। ਜੰਮੂ-ਕਸ਼ਮੀਰ ਤੋਂ ਆਉਂਦਾ ਉੱਜ ਦਰਿਆ ਦਾ ਪਾਣੀ ਪਠਾਨਕੋਟ, ਸੁਜਾਨਪੁਰ, ਦੀਨਾਨਗਰ, ਗੁਰਦਾਸਪੁਰ ਅਤੇ ਡੇਰਾ ਬਾਬਾ ਨਾਨਕ ਤੋਂ ਹੁੰਦਾ ਹੋਇਆ ਅੰਤ ਵਿੱਚ ਅਜਨਾਲਾ ਵਿੱਚ ਭਾਰੀ ਤਬਾਹੀ ਮਚਾਉਂਦਾ ਹੈ ਅਤੇ ਫਿਰ ਪਾਕਿਸਤਾਨ ਚਲਾ ਜਾਂਦਾ ਹੈ। ਇਸ ਕਾਰਨ ਹਰ ਸਾਲ ਕਿਸਾਨਾਂ ਦੀਆਂ ਫ਼ਸਲਾਂ ਬਰਬਾਦ ਹੋ ਜਾਂਦੀਆਂ ਹਨ, ਸੜਕਾਂ ਟੁੱਟ ਜਾਂਦੀਆਂ ਹਨ, ਸਕੂਲ ਢਹਿ ਜਾਂਦੇ ਹਨ ਅਤੇ ਉਪਜਾਊ ਜ਼ਮੀਨਾਂ ਤਬਾਹ ਹੋ ਜਾਂਦੀਆਂ ਹਨ। ਹੜ੍ਹਾਂ ਦੇ ਇਸ ਲਗਾਤਾਰ ਖ਼ਤਰੇ ਕਾਰਨ ਖੇਤਰ ਵਿੱਚ ਕੋਈ ਉਦਯੋਗ ਲਗਾਉਣ ਲਈ ਵੀ ਤਿਆਰ ਨਹੀਂ ਹੁੰਦਾ।

ਵਿਧਾਇਕ ਧਾਲੀਵਾਲ ਨੇ ਰਾਜਪਾਲ ਦਾ ਧਿਆਨ ਕੇਂਦਰ ਸਰਕਾਰ ਦੀ ਉੱਜ ਦਰਿਆ 'ਤੇ ਡੈਮ ਬਣਾਉਣ ਦੀ ਉਸ ਯੋਜਨਾ ਵੱਲ ਦਿਵਾਇਆ ਜੋ ਪਿਛਲੇ 10-12 ਸਾਲਾਂ ਤੋਂ ਲਟਕ ਰਹੀ ਹੈ। ਉਨ੍ਹਾਂ ਨੇ ਰਾਜਪਾਲ ਤੋਂ ਅਪੀਲ ਕੀਤੀ ਕਿ ਉਹ ਪ੍ਰਧਾਨ ਮੰਤਰੀ ਅਤੇ ਕੇਂਦਰੀ ਜਲ ਸ਼ਕਤੀ ਮੰਤਰਾਲੇ ਅੱਗੇ ਇਸ ਮੁੱਦੇ ਨੂੰ ਮਜ਼ਬੂਤੀ ਨਾਲ ਚੁੱਕਣ ਤਾਂ ਜੋ ਜਲਦ ਤੋਂ ਜਲਦ ਡੈਮ ਦਾ ਨਿਰਮਾਣ ਪੂਰਾ ਹੋ ਸਕੇ।

# ਮਹਿੰਗਾਈ ਭੱਤਾ ਰੋਕਣ ਵਾਲੇ ਪੱਤਰ ਨਾਲ ਮੁਲਾਜ਼ਮਾਂ 'ਚ ਨਿਰਾਸ਼ਾ ਦਾ ਆਲਮ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਮਹਿੰਗਾਈ ਭੱਤੇ ਸਬੰਧੀ ਦਿੱਤੇ ਗਏ ਫੈਸਲੇ ਨੂੰ ਲਾਗੂ ਕਰਨ ਤੋਂ ਐਨ ਇੱਕ ਦਿਨ ਪਹਿਲਾਂ ਵਿੱਤ ਵਿਭਾਗ ਵੱਲੋਂ ਸਰਕਾਰ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਲਿਖੇ ਇੱਕ ਪੱਤਰ ਰਾਹੀਂ ਸਿਵਲ ਰਿੱਟ ਪਟੀਸ਼ਨ ਨੰ: 7291 ਆਫ 2026 - ਨਿਰਮਲ ਸਿੰਘ ਧਨੌਆ ਐਂਡ ਅਦਰਜ਼ ਬਨਾਮ ਪੰਜਾਬ ਸਰਕਾਰ ਅਤੇ ਹੋਰ ਸਬੰਧਤ ਕੇਸਾਂ ਵਿੱਚ ਵਿੱਤ ਵਿਭਾਗ ਦੀ ਅਗੇਤੀ ਮਨਜ਼ੂਰੀ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦਾ ਕੋਈ ਫੈਸਲਾ ਲੈਣ ਤੇ ਸਖ਼ਤੀ ਨਾਲ ਵਰਜ ਦਿੱਤਾ ਗਿਆ ਹੈ। ਸਰਕਾਰ ਵੱਲੋਂ ਜਾਰੀ ਕੀਤੇ ਗਏ ਇਸ ਪੱਤਰ ਨਾਲ ਮੁਲਾਜ਼ਮ ਸਫ਼ਾਂ ਵਿੱਚ ਮਾਯੂਸੀ ਤੇ ਰੋਹ ਜਾਗਣਾ ਸ਼ੁਰੂ ਹੋ ਗਿਆ ਹੈ। ਇਸ ਨਾਲ ਮੁਲਾਜ਼ਮ ਜਥੇਬੰਦੀਆਂ ਦੀਆਂ ਮੀਟਿੰਗਾਂ ਦਾ ਸਿਲਸਿਲਾ ਵੀ ਤੇਜ਼ ਹੋਇਆ ਹੈ ਅਤੇ ਉਹ 27 ਅਗਸਤ ਦੇ ਦਿੱਤੇ ਗਏ ਮਹਾਂ-ਬੰਦ ਦੀਆਂ ਤਿਆਰੀਆਂ ਵਿੱਚ ਜੁਟ ਗਏ ਹਨ। ਵਰਨਣਯੋਗ ਹੈ ਕਿ ਚੰਡੀਗੜ੍ਹ ਦੀ ਦਾਣਾ ਮੰਡੀ ਵਿੱਚ ਹੋਈ ਇਤਿਹਾਸਕ ਮੁਲਾਜ਼ਮ ਰੈਲੀ ਮੌਕੇ ਮੁੱਖ ਮੰਤਰੀ ਵੱਲੋਂ ਮੁਲਾਜ਼ਮ ਜਥੇਬੰਦੀਆਂ ਨੂੰ 27 ਅਗਸਤ ਨੂੰ ਮੀਟਿੰਗ ਲਈ ਬੁਲਾਇਆ ਜਾ ਚੁੱਕਾ ਹੈ। ਇਸ ਸਬੰਧੀ ਵੱਖ ਵੱਖ ਚੈਨਲਾਂ ਨਾਲ ਗੱਲਬਾਤ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਦੇਣ ਸਬੰਧੀ ਕਈ ਕਾਨੂੰਨੀ ਪੱਖਾਂ ਬਾਰੇ ਮਾਹਿਰਾਂ ਕੋਲੋਂ ਮਸ਼ਵਰਾ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕੰਡੇ ਪਹਿਲੀਆਂ ਸਰਕਾਰਾਂ ਵੱਲੋਂ ਬੀਜੇ ਗਏ ਹਨ ਜੋ ਆਪ ਸਰਕਾਰ ਚੁਗ ਰਹੀ ਹੈ।

# ਬਾਊਪੁਰ ਖ਼ੁਰਦ 'ਚ ਖ਼ੂਨਦਾਨ ਕੈਂਪ ਲਗਾਇਆ

**ਸ਼ਾਹਕੋਟ (ਗਿਆਨ ਸੈਦਪੁਰੀ)**- ਨਜ਼ਦੀਕੀ ਪਿੰਡ ਬਾਊਪੁਰ ਖ਼ੁਰਦ ਵਿਖੇ ਮਨੁੱਖਤਾ ਦੀ ਸੇਵਾ ਅਤੇ ਲੋੜਵੰਦ ਮਰੀਜ਼ਾਂ ਦੀ ਮਦਦ ਦੇ ਉਦੇਸ਼ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਸਮਾਜ ਸੇਵੀ ਮਨਿੰਦਰਜੀਤ ਸਿੰਘ, ਜਗਦੀਪ ਸਿੰਘ ਚੇਅਰਮੈਨ ਅਤੇ ਰਮਨਦੀਪ ਸਿੰਘ ਵੱਲੋਂ ਰੈੱਡ ਕਰਾਸ ਸੰਸਥਾ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਕੈਂਪ ਦੌਰਾਨ ਦੁਆਬਾ ਹਸਪਤਾਲ ਬਲੱਡ ਸੈਂਟਰ ਜਲੰਧਰ ਦੀ ਟੀਮ ਵੱਲੋਂ ਖ਼ੂਨ ਇਕੱਤਰ ਕਰਨ ਦੀ ਸੇਵਾ ਨਿਭਾਈ ਗਈ। ਇਸ ਕੈਂਪ ਦੌਰਾਨ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੇ ਉਤਸ਼ਾਹ ਨਾਲ



ਹਿੱਸਾ ਲੈਂਦਿਆਂ ਕੁੱਲ 21 ਯੂਨਿਟ ਖ਼ੂਨਦਾਨ ਕੀਤਾ।ਇਸ ਮੌਕੇ ਰੈੱਡ ਕਰਾਸ ਵੱਲੋਂ ਮਨਿੰਦਰਜੀਤ ਸਿੰਘ ਨੂੰ ਸਮਾਜ ਸੇਵਾ ਦੇ ਖੇਤਰ ਵਿਚ ਕੀਤੇ ਜਾ ਰਹੇ ਕਾਰਜਾਂ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨਿੰਦਰਜੀਤ ਸਿੰਘ ਨੇ ਰੈੱਡ ਕਰਾਸ ਜਲੰਧਰ ਵੱਲੋਂ ਮਿਲੇ ਸਮਰਥਨ ਲਈ ਸਕੱਤਰ ਡਾ. ਸੁਰਜੀਤ ਸਿੰਘ ਧੰਨਵਾਦ ਕੀਤਾ। ਉਨ੍ਹਾਂ ਦੁਆਬਾ ਹਸਪਤਾਲ ਬਲੱਡ ਸੈਂਟਰ ਜਲੰਧਰ ਦੀ ਟੀਮ, ਖ਼ੂਨਦਾਨ ਕਰਨ ਵਾਲੇ ਸਾਰੇ ਦਾਨੀ ਸੱਜਣਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਵੀ ਕੈਂਪ ਦੇ ਆਯੋਜਨ ਵਿਚ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਸੱਜਣਾਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ।

ਇਸ ਮੌਕੇ ਪ੍ਰਬੰਧਕਾਂ ਨੇ ਕਿਹਾ ਕਿ ਭਵਿੱਖ ਵਿਚ ਵੀ ਪਿੰਡ ਬਾਊਪੁਰ ਖ਼ੁਰਦ ਵਿਖੇ ਲੋਕ-ਭਲਾਈ, ਸਿਹਤ ਅਤੇ ਸਮਾਜ ਸੇਵਾ ਨਾਲ ਸਬੰਧਤ ਅਜਿਹੇ ਕਾਰਜ ਜਾਰੀ ਰੱਖੇ ਜਾਣਗੇ।

# ਧਾਰਮਿਕ ਮੁਕਾਬਲਿਆਂ 'ਚ ਹੁਸ਼ਿਆਰਪੁਰ ਜ਼ੋਨ ਨੇ ਵਧੀਆ ਕਾਰਗੁਜ਼ਾਰੀ ਦਿਖਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਧਰਮ ਪ੍ਰਚਾਰ ਲਈ ਨਵੇਂ ਪ੍ਰਚਾਰਕ ਤਿਆਰ ਕਰਨ ਲਈ ਹਰ ਸਾਲ ਧਾਰਮਿਕ ਮੁਕਾਬਲੇ



ਕਰਵਾਏ ਜਾਂਦੇ ਹਨ। 14 ਅਗਸਤ ਤੋਂ 16 ਅਗਸਤ ਤੱਕ ਇਹ ਧਾਰਮਿਕ ਮੁਕਾਬਲੇ ਗੁਰਦੁਆਰਾ ਸਿੱਖ ਮਿਸ਼ਨਰੀ ਕਾਲਜ, ਸੈਕਟਰ 39, ਚੰਡੀਗੜ੍ਹ ਰੋਡ, ਜਮਾਲਪੁਰ ਲੁਧਿਆਣਾ ਵਿਖੇ ਕਰਵਾਏ ਗਏ। ਜਿਸ ਵਿੱਚ ਕੀਰਤਨ, ਕਵਿਤਾ, ਲੈਕਚਰ, ਵਾਰਤਾਲਾਪ, ਸ਼ਬਦ ਵਿਚਾਰ ਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏਗਾ। ਇਹਨਾਂ ਮੁਕਾਬਲਿਆਂ ਵਿੱਚ ਹੁਸ਼ਿਆਰਪੁਰ ਤੋਂ ਭਾਗੀਦਾਰਾਂ ਨੇ ਭਾਗ ਲਿਆ ਅਤੇ ਵਧੀਆ ਪੁਜੀਸ਼ਨਾਂ ਪ੍ਰਾਪਤ ਕੀਤੀਆਂ। ਕੀਰਤਨ ਮੁਕਾਬਲੇ ਵਿੱਚ ਪ੍ਰਾਇਮਰੀ ਗਰੁੱਪ ਅਤੇ ਮਿਡਲ ਗਰੁੱਪ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਸੀਨੀਅਰ ਸੈਕੰਡਰੀ ਗਰੁੱਪ ਵਿੱਚ ਚੌਥਾ ਸਥਾਨ ਹਾਸਲ ਕੀਤਾ। ਲੈਕਚਰ ਮੁਕਾਬਲੇ ਵਿੱਚ ਮਿਡਲ ਗਰੁੱਪ ਵਿੱਚ ਚੌਥਾ ਸਥਾਨ ਹਾਸਲ ਕੀਤਾ। ਵਾਰਤਾਲਾਪ ਮੁਕਾਬਲੇ ਵਿੱਚ ਸੀਨੀਅਰ ਸੈਕੰਡਰੀ ਗਰੁੱਪ ਵਿੱਚ ਤੀਜਾ ਸਥਾਨ ਹਾਸਲ ਕੀਤਾ। ਕਵਿਤਾ ਮੁਕਾਬਲੇ ਵਿੱਚ ਪ੍ਰਾਇਮਰੀ ਗਰੁੱਪ ਵਿੱਚ ਦੂਜਾ ਸਥਾਨ, ਮਿਡਲ ਗਰੁੱਪ ਵਿੱਚ ਚੌਥਾ ਸਥਾਨ ਅਤੇ ਸੀਨੀਅਰ ਸੈਕੰਡਰੀ ਗਰੁੱਪ ਵਿੱਚ ਪੰਜਵਾਂ ਸਥਾਨ ਹਾਸਲ ਕੀਤਾ। ਕਵੀਸ਼ਰੀ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਹਨਾਂ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਨੰਦਾਚੌਰ ਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮਾਡਲ ਟਾਊਨ ਹੁਸ਼ਿਆਰਪੁਰ ਦੇ ਬੱਚਿਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਅਵਤਾਰ ਸਿੰਘ ਜੋਨਲ ਆਰਗਨਾਈਜ਼ਰ ਜੋਨ ਹੁਸ਼ਿਆਰਪੁਰ, ਰਿਟਾਇਰ ਪ੍ਰਿੰਸੀਪਲ ਹਰਜਿੰਦਰ ਸਿੰਘ, ਸਰਕਲ ਇੰਚਾਰਜ ਨਰਿੰਦਰ ਸਿੰਘ, ਨਛੱਤਰ ਸਿੰਘ ਬ੍ਰਹਮਜੀਤ, ਸੰਗੀਤ ਟੀਚਰ ਦਲਜੀਤ ਕੌਰ, ਹਰਦਿਆਲ ਸਿੰਘ ਚਰਨਜੀਤ ਕੌਰ, ਗੁਰਚਰਨ ਸਿੰਘ ਅਤੇ ਹਾਜ਼ਰ ਸਨ।

# ਸਾਲਾਨਾ ਲੰਗਰ ਭੰਡਾਰਾ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਮੂਹ ਦੁਕਾਨਦਾਰਾਂ ਵੀਰਾਂ ਵੱਲੋਂ ਰਾਜਪੁਰ ਭਾਈਆਂ ਤੋਂ ਬੱਡਲਾ ਰੋਡ ਤੇ ਸਾਵਣ ਦੇ ਮਹੀਨੇ ਨਵਰਾਤਰਿਆਂ ਮੌਕੇ ਸਾਲਾਨਾ 13ਵਾਂ ਵਿਸ਼ਾਲ ਲੰਗਰ ਭੰਡਾਰਾ ਸ਼ਰਧਾ ਭਾਵਨਾ ਨਾਲ ਲਗਾਇਆ ਗਿਆ। ਇਸ ਮੌਕੇ ਸੇਵਾਦਾਰ ਜਸਵਿੰਦਰ ਸਿੰਘ ਸੋਨੂੰ, ਆਤਮਾ ਰਾਮ ਹੇੜੀਆ, ਬਲਕਾਰ ਸਿੰਘ ਕਾਲਾ ਹੇੜੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਵਣ ਦੇ ਮਹੀਨੇ ਨਵਰਾਤਰਿਆਂ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ 13ਵੇਂ ਲੰਗਰ ਭੰਡਾਰੇ ਮੌਕੇ ਸਭ ਤੋਂ ਪਹਿਲਾਂ ਮਾਤਾ ਦੀ ਪੂਜਾ ਅਰਚਨਾ ਕੀਤੀ ਗਈ। ਉਪਰੰਤ ਕੰਜਕਾਂ ਦੀ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਮੂਹ ਦੁਕਾਨਦਾਰਾਂ ਵੱਲੋਂ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਲੰਗਰ ਭੰਡਾਰਾ ਛਕਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ 13ਵੇਂ ਵਿਸ਼ਾਲ ਲੰਗਰ ਭੰਡਾਰੇ ਦੌਰਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪੰਡਤ ਰਾਮ ਅਵਤਾਰ, ਸੇਵਾਦਾਰ ਜਸਵਿੰਦਰ ਸਿੰਘ ਸੋਨੂੰ, ਆਤਮਾ ਰਾਮ ਹੇੜੀਆ, ਬਲਕਾਰ ਸਿੰਘ ਕਾਲਾ ਹੇੜੀਆ, ਡਾਕਟਰ ਰੋਸ਼ਨ ਬੱਡਲਾ, ਡਾਕਟਰ ਗੋਰਵ ਕੁਮਾਰ ਬੱਡਲਾ, ਗੋਰਖੀ, ਸਨਦੀਪ ਸਿੰਘ, ਨਵਦੀਪ ਸਿੰਘ, ਮਨਪ੍ਰੀਤ ਸਿੰਘ, ਪ੍ਰਮੋਦ ਲੁਧਿਆਣਾ, ਵਿਕਾਸ ਲੁਧਿਆਣਾ, ਇੰਦਰਪ੍ਰੀਤ ਸਿੰਘ ਜਲੰਧਰ, ਲੱਲਾ ਰਾਜਪੁਰੀਆ, ਤੋਤੂ ਬਾਬਾ, ਹਰਦੀਪ ਸਿੰਘ, ਸੋਹਲ, ਮੁਕੇਸ਼, ਜਸਵਿੰਦਰ ਸਿੰਘ ਪਠਾਣੀਆਂ ਬੱਡਲਾ, ਅਲਿਨ ਕੁਮਾਰ ਮੋਨੂੰ ਪੰਚ ਰਾਜਪੁਰ ਭਾਈਆਂ, ਜਸ਼ਨਪ੍ਰੀਤ ਸਿੰਘ ਹੇੜੀਆ, ਜਸਵਿੰਦਰ ਸਿੰਘ ਤਾਜੋਵਾਲ, ਡਾਕਟਰ ਕਮਲ ਮੁੱਖਲਿਆਣਾ ਆਦਿ ਹਾਜ਼ਰ ਸਨ।



# ਸਿਕੰਦਰਪੁਰ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਅਲਾਵਲਪੁਰ (ਮਦਨ ਬੰਗੜ)**: ਪਿੰਡ ਸਿਕੰਦਰਪੁਰ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪਿੰਡ ਦੀਆਂ ਔਰਤਾਂ ਅਤੇ ਮੁਟਿਆਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਗਿੱਧਾ, ਬੋਲੀਆਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬੀ ਵਿਰਸੇ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ।ਇਸ ਮੌਕੇ ਸੁਖਵਿੰਦਰ ਕੌਰ, ਬਲਜੀਤ ਕੌਰ, ਅਨੀਤਾ, ਰਾਜਵਿੰਦਰ ਕੌਰ, ਕਮਲ, ਜਸਵਿੰਦਰ ਕੌਰ, ਕਸ਼ਮੀਰ ਕੌਰ ਅਤੇ



ਕੁਲਦੀਪ ਕੌਰ ਸਮੇਤ ਹੋਰ ਔਰਤਾਂ ਨੇ ਤੀਆਂ ਦੇ ਤਿਉਹਾਰ ਵਿੱਚ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ ਦਾ ਅਹਿਮ ਹਿੱਸਾ ਹੈ, ਜਿਸ ਰਾਹੀਂ ਔਰਤਾਂ ਨੂੰ ਇਕੱਠੇ ਹੋ ਕੇ ਖੁਸ਼ੀਆਂ ਸਾਂਝੀਆਂ ਕਰਨ ਅਤੇ ਆਪਣੇ ਅਮੀਰ ਵਿਰਸੇ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਤਿਉਹਾਰ ਦੌਰਾਨ ਗਿੱਧੇ ਅਤੇ ਪੰਜਾਬੀ ਬੋਲੀਆਂ ਨੇ ਖ਼ੂਬ ਰੌਣਕਾਂ ਲਾਈਆਂ। ਹਾਜ਼ਰ ਔਰਤਾਂ ਨੇ ਪੰਜਾਬੀ ਪਹਿਰਾਵੇ ਅਤੇ ਸੱਭਿਆਚਾਰਕ ਰੰਗ ਵਿੱਚ ਰੰਗੇ ਇਸ ਸਮਾਗਮ ਦਾ ਖ਼ੂਬ ਆਨੰਦ ਮਾਣਿਆ।

# ਭਾਦੋਂ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਇਲਾਕੇ ਦੇ ਧਾਰਮਿਕ ਇਤਿਹਾਸਕ ਗੁਰਦੁਆਰਾ ਧੰਨ-ਧੰਨ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਭਾਦੋਂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਸਵੇਰੇ 8 ਵਜੇ ਤੋਂ 1:30 ਵਜੇ ਤਕ ਸਮੂਹ ਨਗਰ ਨਿਵਾਸੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੱਥੇਦਾਰ ਮਨੋਹਰ ਸਿੰਘਦੀ ਅਗਵਾਈ ਹੇਠ ਤੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ



ਗਿਆ ।ਇਸ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਣ ਲਈ ਗੁਰਦੁਆਰਾ ਵਿਖੇ ਪਹੁੰਚੀਆਂ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਦਿਵਾਨ ਸਜਾਏ ਗਏ ਜਿਸ ਵਿਚ ਕਥਾ ਵਾਚਕ ਭਾਈ ਹਰਦੀਪ ਸਿੰਘ ਰਾਮ ਦਿਵਾਲੀ ਅੰਮ੍ਰਿਤਸਰ, ਹਜੂਰੀ ਰਾਗੀ ਭਾਈ ਗੁਰਜੀਤ ਸਿੰਘ ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਜੀ ਡਰੋਲੀ ਕਲਾਂ, ਹਜੂਰੀ ਰਾਗੀ ਤਜਿੰਦਰ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਢਾਡੀ ਜੱਥਾ ਭਾਈ ਨਰਿੰਦਰ ਸਿੰਘ ਨਕੋਦਰ ਵਾਲਿਆ ਵਲੋਂ ਆਈਆਂ ਸੰਗਤ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤ ਗਿਆ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਵੱਲੋਂ ਨਿਭਾਈ ਜਾਵੇਗੀ। ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਗਿਆ ।

# ਫੁਲਵਾੜੀ ਸਕੂਲ 'ਚ ਮਨਾਇਆ ਤੀਆਂ ਦਾ ਤਿਉਹਾਰ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਹੀਆਂ ਦੇ ਵਿਹੜੇ ਵਿੱਚ ਤੀਆਂ ਦਾ ਤਿਉਹਾਰ ਪੂਰੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ।



ਸਿੱਖਰ ਦੀ ਗਰਮੀ ਅਤੇ ਹੁੰਮਸ ਭਰੇ ਦਿਨ 'ਚ ਜਿਉਂ ਹੀ ਨਗਰ ਪੰਚਾਇਤ ਦੀਆਂ ਸਮੂਹ ਕੌਂਸਲਰ ਬੀਬੀਆਂ ਕੌਂਸਲਰ ਲਖਵੀਰ ਕੌਰ ਨੰਢਾ, ਕੌਂਸਲਰ ਮਨਪ੍ਰੀਤ, ਕੌਂਸਲਰ ਜਸਵਿੰਦਰ ਕੌਰ, ਕੌਂਸਲਰ ਸੁਖਵਿੰਦਰ ਕੌਰ, ਕੌਂਸਲਰ ਹਰਜਿੰਦਰ ਕੌਰ, ਕੌਂਸਲਰ ਪੂਜਾ ਅਤੇ ਬੀਬੀ ਅਮਰਜੀਤ ਕੌਰ ਮੁੱਖ ਮਹਿਮਾਨ ਬਣਕੇ 'ਤੀਆਂ ਦੇ ਸਮਾਗਮ' 'ਚ ਪੁੱਜੀਆਂ ਤਾਂ ਅਚਾਨਕ ਆਏ 'ਸਾਉਣ ਦੇ ਝਰਾਟਿਆਂ' ਨੇ ਉਨ੍ਹਾਂ ਦਾ ਜ਼ੋਰਦਾਰ ਸੁਆਗਤ ਕਰਦਿਆਂ ਆਪ ਮੁਹਾਰੇ ਹੀ ਸਮਾਗਮ ਦਾ ਉਦਘਾਟਨ ਕਰ ਦਿੱਤਾ, ਜਿਸ ਦਾ ਸਮੂਹ ਹਾਜਰੀਨ ਨੇ ਭਰਪੂਰ ਅਨੰਦ ਮਾਣਿਆ। ਇਸ ਮੌਕੇ ਵੱਖ ਵੱਖ ਫੁੱਲਾਂ, ਰੰਗਾਂ ਵਿੱਚ ਸਜਾਈਆਂ ਪੀਂਘਾਂ ਨੂੰ ਝੂਟ ਕੇ, ਮਹਿਮਾਨਾਂ, ਲੜਕੀਆਂ ਅਤੇ ਸਕੂਲ ਦੀਆਂ ਅਧਿਆਪਕਾਂ ਆਨੰਦ ਮਾਨਣ ਦੇ ਨਾਲ-ਨਾਲ ਸਾਉਣ ਮਹੀਨੇ ਦੇ ਪਕਵਾਨਾਂ ਖੀਰ ਪੂੜਿਆਂ ਸਮੇਤ ਹੋਰ ਪਕਵਾਨਾਂ ਦਾ ਅਨੰਦ ਵੀ ਮਾਣਿਆ। ਸਮਾਗਮ ਦੌਰਾਨ ਵਧੀਆ ਪੇਸ਼ਕਾਰੀ ਕਰਨ ਵਾਲੀ ਸਕੂਲ ਦੀ ਵਿਦਿਆਰਥਣ ਨਵਨੀਤ ਕੌਰ ਨੇ ਮਿਸ ਤੀਜ ਦਾ ਖਿਤਾਬ ਵੀ ਜਿੱਤਿਆ। ਅੰਤ ਵਿੱਚ ਸਕੂਲ ਦੇ ਸਕੂਲ ਐੱਮ ਡੀ ਜਗੀਰ ਜੋਸਨ, ਐੱਮ ਡੀ ਜੀ ਕੇ ਜੋਸਨ, ਪ੍ਰਿੰਸੀਪਲ ਲਖਬੀਰ ਸਿੰਘ, ਪ੍ਰਿੰਸੀਪਲ ਅਤੇ ਏ ਐੱਨ ਓ (ਸੈਕਿੰਡ ਅਫ਼ਸਰ) ਹਰਪ੍ਰੀਤ ਕੌਰ ਨੇ ਜਿਥੇ ਸਾਰੀਆਂ ਵਿਦਿਆਰਥਣਾਂ ਨੂੰ ਤੀਆਂ ਦੀਆਂ ਮੁਬਾਰਕਾਂ ਦਿੱਤੀਆਂ, ਉਥੇ ਸਮੂਹ ਕੌਂਸਲਰ ਬੀਬੀਆਂ ਦਾ ਕਿਤਾਬਾਂ ਭੇਟ ਕਰਕੇ ਸਨਮਾਨ ਕੀਤਾ।

# ਬੇਗਮਪੁਰਾ ਸੰਕਲਪ ਯਾਤਰਾ ਦਾ ਮੇਨ ਚੌਕ ਮਾਹਿਲਪੁਰ ਵਿਖੇ ਭਰਵਾਂ ਸਵਾਗਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬਸਪਾ ਪੰਜਾਬ ਵੱਲੋਂ ਪੰਜਾਬ ਸੰਭਾਲੋ ਮੁਹਿੰਮ ਤਹਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰਾ ਸੰਕਲਪ ਯਾਤਰਾ 10 ਮਾਰਚ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਚਰਨ ਛੋਹ ਪ੍ਰਾਪਤ



ਇਤਿਹਾਸਕ ਧਰਤੀ ਤੁਗਲਕਾਬਾਦ ਦਿੱਲੀ ਤੋਂ ਸ਼ੁਰੂ ਕੀਤੀ ਗਈ ਸੀ। ਅੱਜ ਇਸ ਯਾਤਰਾ ਦਾ ਮੇਨ ਚੌਂਕ ਮਾਹਿਲਪੁਰ ਵਿਖੇ ਪਹੁੰਚਣ 'ਤੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ (ਰਜਿ.) ਮਾਹਿਲਪੁਰ ਵੱਲੋਂ ਭਰਵਾਂ ਸੁਵਾਗਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਵੱਲੋਂ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਅਤੇ ਬਸਪਾ ਦੇ ਹੋਰ ਸੀਨੀਅਰ ਆਗੂਆਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਸੰਗਤ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਲੱਡੂਆਂ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਦੇ ਸੰਸਥਾਪਕ ਨਿਰਮਲ ਸਿੰਘ ਮੁੱਗੋਵਾਲ, ਨਿਰਮਲ ਕੌਰ ਬੋਧ, ਅਮਰਜੀਤ ਕੌਰ, ਗੁਰਪਾਲ ਕੌਰ, ਸੁਮੀਤਾ, ਸੋਨੀਆ, ਗਗਨਦੀਪ ਕੌਰ ਸੋਨੂ, ਸੰਤੋਸ਼ ਕੁਮਾਰੀ, ਮਾਸਟਰ ਜੈ ਰਾਮ ਬਾੜੀਆਂ, ਹੰਸ ਰਾਜ ਕਨੇਡਾ, ਅਮਰਜੀਤ ਸਿੰਘ ਸੰਧੀ, ਰਾਜਿੰਦਰ ਰਾਣਾ, ਚੰਨਣ ਰਾਮ, ਰਾਮ ਕਿਸ਼ਨ ਸਮੇਤ ਸੁਸਾਇਟੀ ਦੇ ਮੈਂਬਰ ਅਤੇ ਸਮਰਥਕ ਹਾਜ਼ਰ ਸਨ। ਇਸ ਮੌਕੇ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਵੱਲੋਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਨੂੰ ਇਕ ਯਾਦਗਿਰੀ ਚਿੰਨ੍ਹ ਦੇ ਕੇ ਸਨਮਾਨ ਦਿੱਤਾ ਗਿਆ। ਇਸ ਮੌਕੇ ਹਰਜਿੰਦਰ ਕੌਰ ਕਰੀਮਪੁਰੀ, ਚੌਧਰੀ ਗੁਰਨਾਮ ਸਿੰਘ, ਐਡਵੋਕੇਟ ਬਲਵਿੰਦਰ ਸਿੰਘ, ਐਡਵੋਕੇਟ ਪਲਵਿੰਦਰ ਮਾਨਾ, ਕੁੰਦਨ ਲਾਲ ਕਾਕੂ ਬਡੇਸਰੋਂ, ਤਰਲੋਚਨ ਸਿੰਘ ਸਮੇਤ ਪਾਰਟੀ ਦੇ ਸੀਨੀਅਰ ਆਗੂ ਮਾਹਿਲਪੁਰ ਸ਼ਹਿਰ ਅਤੇ ਆਲੇ ਦੁਆਲੇ ਦੇ ਪਿੰਡਾਂ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀਆਂ ਤਸਵੀਰਾਂ ਅੱਗੇ ਧਰਮ ਸਿੰਘ ਫੌਜੀ, ਡਾਕਟਰ ਪਰਮਿੰਦਰ ਸਿੰਘ, ਰੇਖਾ ਰਾਣੀ, ਰੀਨਾ ਰਾਣੀ, ਬਲਵਿੰਦਰ ਸਿੰਘ, ਸੁਖਦੇਵ ਸਿੰਘ, ਰਵਿੰਦਰ ਸਿੰਘ ਖੈਰੜ ਅਤੇ ਹੋਰ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵੱਲੋਂ ਪ੍ਰਣਾਮ ਕੀਤਾ ਗਿਆ ਅਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਗਈਆਂ।

# ਵਿਸ਼ਾਲ ਜਾਗਰਣ ਭਲਕੇ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰੇਹੜੀ ਫੜ੍ਹੀ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਵੱਲੋਂ 23ਵਾਂ ਵਿਸ਼ਾਲ ਮਾਤਾ ਦਾ ਜਾਗਰਣ 20 ਅਗਸਤ ਦਿਨ ਵੀਰਵਾਰ ਨੂੰ ਸ਼ਰਧਾ ਅਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ।



ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰੇੜੀ ਫੜੀ ਯੂਨੀਅਨ ਦੇ ਪ੍ਰਧਾਨ ਸੁਨੀਲ ਅਡਵਾਲ ਨੇ ਦੱਸਿਆ ਕਿ ਇਸ ਸੰਬੰਧੀ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਧਾਰਮਿਕ ਸਮਾਗਮ ਮੇਨ ਬਾਜ਼ਾਰ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਜਾਵੇਗਾ। ਸਮਾਗਮ ਦੌਰਾਨ ਸ਼ਾਮ 7 ਵਜੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ, ਜਦਕਿ ਰਾਤ 8 ਵਜੇ ਮਾਤਾ ਜੀ ਦੀ ਪਵਿੱਤਰ ਆਰਤੀ ਹੋਵੇਗੀ। ਇਸ ਉਪਰੰਤ ਵਿਸ਼ਾਲ ਜਾਗਰਣ ਪ੍ਰਭੂ ਇੱਛਾ ਤੱਕ ਚੱਲੇਗਾ, ਜਿਸ ਵਿੱਚ ਸ਼ਰਧਾਲੂ ਮਾਤਾ ਰਾਣੀ ਦਾ ਗੁਣਗਾਨ ਅਤੇ ਭਜਨ-ਕੀਰਤਨ ਸਰਵਣ ਕਰਕੇ ਆਸ਼ੀਰਵਾਦ ਪ੍ਰਾਪਤ ਕਰਨਗੇ। ਉਨ੍ਹਾਂ ਦੱਸਿਆ ਕਿ ਜਾਗਰਣ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਕਲਿਆਣ ਜੀ ਅਤੇ ਜੱਗੀ ਗਿੱਲ ਵਿਸ਼ੇਸ਼ ਹਾਜ਼ਰੀ ਭਰਨਗੇ। ਪੰਜਾਬ ਦੇ ਮਸ਼ਹੂਰ ਐਂਕਰ ਸੰਦੀਪ ਭਾਰਦਵਾਜ ਅਤੇ ਰਾਜ ਘਈ ਵੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ।

# ਬੀ ਜੇ ਪੀ ਵੱਲੋਂ ਐੱਸ ਆਈ ਆਰ ਸੰਬੰਧੀ ਅਹਿਮ ਮੀਟਿੰਗ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਨੂਰਮਹਿਲ ਮੰਡਲ ਵਿੱਚ ਸ਼ਹਿਰ ਨੂਰਮਹਿਲ ਵਿਖੇ ਬੀ ਜੇ ਪੀ ਵੱਲੋਂ ਐਸ.ਆਈ.ਆਰ ਸਬੰਧੀ ਇੱਕ ਅਹਿਮ ਮੀਟਿੰਗ ਕੀਤੀ ਗਈ। ਇਹ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਐਮ.ਐਲ.ਏ ਜਗਬੀਰ ਸਿੰਘ ਬਰਾੜ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਕਰਮਜੀਤ ਕੌਰ ਚੌਧਰੀ ਪਤਨੀ ਸਵਰਗੀ ਸੰਤੋਖ ਸਿੰਘ ਚੌਧਰੀ ਸਾਬਕਾ ਐਮ.ਪੀ ਜਲੰਧਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਅਨਿਲ ਸ਼ਰਮਾ ਜਲੰਧਰ ਸ਼ਹਿਰੀ ਤੋਂ ਐਸ.ਆਈ. ਆਰ ਦੇ ਦੂਜੇ ਗੇੜ ਸੰਬੰਧੀ ਜਾਣਕਾਰੀ ਮੁਹਈਆ ਕਰਵਾਉਣ ਵਾਸਤੇ ਪਹੁੰਚੇ। ਮੀਟਿੰਗ ਵਿੱਚ ਰਾਜਪਾਲ ਸਿੰਘ ਅਟਵਾਲ ਪੁੱਤਰ ਸਾਬਕਾ ਕੈਬਨਿਟ ਮੰਤਰੀ ਸਵਰਗੀ ਗੁਰਵਿੰਦਰ ਸਿੰਘ ਅਟਵਾਲ ਦੀ ਵੀ ਮੌਜੂਦਗੀ ਰਹੀ। ਇਸ ਮੌਕੇ ਨੂਰਮਹਿਲ ਮੰਡਲ ਦੇ ਮੰਡਲ ਪ੍ਰਧਾਨ ਮਨਦੀਪ ਕੁਮਾਰ ਸ਼ੁਕਲਾ ਨੇ ਮੰਡਲ ਨੂਰਮਹਿਲ ਦੀ ਮੈਪ ਅਤੇ ਅਨਮੈਪ ਵੋਟਾਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਜਨਰਲ ਸਕੱਤਰ ਉਮਾ ਸ਼ੰਕਰ ਸਾਬਕਾ ਮੰਡਲ ਪ੍ਰਧਾਨ ਅਤੇ ਪੁਰਾਣੇ ਸੀਨੀਅਰ ਲੀਡਰ ਜਿਨ੍ਹਾਂ ਵਿੱਚ ਡਾਕਟਰ ਸ਼ਕਤੀ ਮਹਿੰਦਰੂ, ਹਰੀ ਦੇਵ ਸੰਗੜ, ਸੁਨੀਲ ਲਖਨਪਾਲ, ਅਸ਼ੋਕ ਵਿਆਸ, ਅਸ਼ੋਕ ਜੌਹਰ, ਅਸ਼ਵਨੀ ਸੋਂਧੀ, ਪ੍ਰੇਮ ਸਾਗਰ, ਵਿਸ਼ਾਲ ਗਿੱਲ, ਕੁਲਦੀਪ ਸ਼ਰਮਾ, ਡਾਕਟਰ ਤਿਵਾੜੀ, ਨਿਤਿਸ਼ ਮਿੱਤੂ, ਲਾਡੀ ਕੁੰਦੀ, ਵਿਕਰਮ ਸ਼ਾਮਲ ਹੋਏ। ਨੂਰ ਮਹਿਲ ਦੇ ਮੌਜੂਦਾ ਐਮ ਸੀ ਦਿਨੇਸ਼ ਕੁਮਾਰ ਨੇ ਇਸ ਮੀਟਿੰਗ ਨੂੰ ਕਰਵਾਉਣ 'ਚ ਉਚੇਚਾ ਯੋਗਦਾਨ ਪਾਇਆ। ਨੂਰਮਹਿਲ ਮੰਡਲ ਵਿੱਚ ਸ਼ਾਮਲ ਇਲਾਕਿਆਂ ਵਿੱਚੋਂ ਜੋਗਿੰਦਰ ਰਾਮ ਲੁਭਾਇਆ, ਨਛੱਤਰ ਸਿੰਘ, ਪਰਮਜੀਤ ਕਿਸਾਨ ਮੋਰਚਾ, ਦੀਪਾ ਦੇ ਰਾਜ ਅਤੇ ਪਿੰਡ ਕੰਦੋਲਾ ਕਲਾਂ ਦੀ ਪੂਰੀ ਟੀਮ, ਵਿਕਰਮਜੀਤ ਅਤੇ ਉਨ੍ਹਾਂ ਦੀ ਪੂਰੀ ਟੀਮ ਸ਼ਾਮਲ ਹੋਏ।



# ਬਾਬਾ ਜ਼ੋਰਾਵਰ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਕੀਰਤਨ ਤੇ ਢਾਡੀ ਦਰਬਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਰਮਦਾਸਪੁਰ ਸੰਤ ਬਾਬਾ ਹਰਚਰਨ ਸਿੰਘ ਜੀ ਖਾਲਸਾ ਰਮਦਾਸਪੁਰ ਵਾਲਿਆਂ ਵੱਲੋਂ ਗੁਰਮਤ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਮੁੱਖ ਰੱਖਦੇ ਹੋਏ ਪਿੰਡ ਪਿੰਡ ਕਰਵਾਏ ਜਾ ਰਹੇ ਕੀਰਤਨ ਦਰਬਾਰਾ ਦੀ ਲੜੀ ਤਹਿਤ ਬੁੱਢੀ ਪਿੰਡ ਵਿਖੇ ਮਹਾਨ ਗੁਰਮਤਿ ਸਮਾਗਮ ਤੇ ਕੀਰਤਨ ਦਰਬਾਰ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੀਆਂ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਧੰਨ-ਧੰਨ ਬਾਬਾ ਜ਼ੋਰਾਵਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਇਸ ਮਹਾਨ ਕੀਰਤਨ ਦਰਬਾਰ ਤੇ ਢਾਡੀ ਦਰਬਾਰ ਸਮਾਗਮ ਵਿੱਚ ਗੁਰੂ ਪੰਥ ਦੇ ਮਹਾਨ ਵਿਦਵਾਨ ਕੀਰਤਨੀਏ ਭਾਈ ਸਾਹਿਬ ਭਾਈ ਹਰਵਿੰਦਰ ਸਿੰਘ ਜਲੰਧਰ ਵਾਲੇ, ਭਾਈ ਗਿਆਨੀ ਮਿਲਖਾ ਸਿੰਘ ਮੌਜੀ ਪੰਥ ਪ੍ਰਸਿੱਧ ਢਾਡੀ ਜਥਾ ਅਤੇ ਗੁਰਦੁਆਰਾ ਸਾਹਿਬ ਬੁੱਢੀ ਪਿੰਡ ਦੇ ਮੁੱਖ ਗ੍ਰੰਥੀ ਗਿਆਨੀ ਭਵਨਪ੍ਰੀਤ ਸਿੰਘ ਨੇ ਸਮੂਹ ਸੰਗਤਾਂ ਨੂੰ ਗੁਰਬਾਣੀ ਕੀਰਤਨ ਗੁਰਮਤਿ ਵਿਚਾਰਾਂ ਦੇ ਨਾਲ ਨਿਹਾਲ ਕਰਦੇ ਹੋਏ ਸਿੱਖ ਕੌਮ ਦੇ ਮਹਾਨ ਕੁਰਬਾਨੀਆਂ ਭਰੇ ਇਤਿਹਾਸ ਨਾਲ ਜੋੜਿਆ ਅਤੇ ਜੁਗ ਜੁਗ ਅਟੱਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਤੋਂ ਸੇਧ ਲੈ ਕੇ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਸੇਵਾ ਨਿਭਾ ਰਹੇ ਗੁਰਦੁਆਰਾ ਗੁਰੂ ਸ਼ਬਦ ਪ੍ਰਕਾਸ਼ ਰਮਦਾਸਪੁਰ ਦੇ ਮੁੱਖ ਬੁਲਾਰੇ ਭਾਈ ਜਸਵਿੰਦਰ ਸਿੰਘ ਧੁੱਗਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਦਲਜੀਤ ਸਿੰਘ ਨੇ ਸਮੂਹ ਸੰਗਤ ਨੂੰ ਧੰਨ-ਧੰਨ ਬਾਬਾ ਜੋਰਾਵਰ ਸਿੰਘ ਜੀ ਦੇ ਮਹਾਨ ਜੀਵਨ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਸੰਗਤਾਂ ਵਿੱਚ ਡਾ. ਹਰਮਿੰਦਰ ਸਿੰਘ ਸਹਿਜ, ਜਸਵਿੰਦਰ ਸਿੰਘ ਸੈਫ, ਆਤਮਾ ਸਿੰਘ ਕਰਨੈਲ ਸਿੰਘ, ਸੁਖਬੀਰ ਸਿੰਘ, ਮਨਿੰਦਰ ਸਿੰਘ, ਲਖਵਿੰਦਰ ਸਿੰਘ ਹਰਵੀਰ ਸਿੰਘ ਚੌਹਾਨ, ਭਾਈ ਗੁਰਦੀਪ ਸਿੰਘ ਡੱਫਰ, ਸੁਖਜੀਵਨ ਸਿੰਘ ਸਫਰੀ, ਅਮਰਜੀਤ ਸਿੰਘ, ਅਵਤਾਰ ਸਿੰਘ, ਪ੍ਰਭਦੀਪ ਸਿੰਘ, ਜੋਬਨਪ੍ਰੀਤ ਸਿੰਘ, ਉਕਾਰ ਸਿੰਘ,ਪ੍ਰਦੀਪ ਸਿੰਘ, ਅਵਨਿੰਦਰ ਸਿੰਘ, ਗਗਨਦੀਪ ਸਿੰਘ ਅਜਮੇਰ ਸਿੰਘ ਪ੍ਰਭਜੋਤ ਸਿੰਘ, ਮਨਪ੍ਰੀਤ ਸਿੰਘ, ਤੇਜਨਪ੍ਰੀਤ ਸਿੰਘ, ਅਵਨਿੰਦਰ ਸਿੰਘ, ਗੁਰਮੁਖ ਸਿੰਘ, ਜਸਪਾਲ ਰਾਏ,ਹਰਵਿੰਦਰ ਸਿੰਘ ਤੇ ਹੋਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਤੀਆਂ ਦਾ ਤਿਉਹਾਰ ਮਨਾਇਆ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਕੇਅਰ ਵੰਨ ਕੇਅਰ ਆਲ ਗਰੁੱਪ ਪੰਜਾਬ ਆਸਟ੍ਰੇਲੀਆ ਅਤੇ ਮਾਤਾ ਜੀਤੋ ਜੀ ਜੱਚਾ ਬੱਚਾ ਸੰਸਥਾ ਭਾਰਤ ਪੰਜਾਬ ਵੱਲੋਂ ਪਿਛਲੇ ਦਿਨੀ ਚੰਗਰ ਏਰੀਏ ਦੇ ਵਿੱਚ ਨਵੇਂ ਖੋਲੇ ਗਏ ਸਿਲਾਈ ਸੈਂਟਰ ਗੁਜਰ ਭਵਨ



ਪਹਾੜਪੁਰ ਵਿਖੇ ਹਰਿਆਵਲ ਤੀਜ ਦਾ ਤਿਉਹਾਰ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ।ਜਾਣਕਾਰੀ ਦਿੰਦਿਆਂ ਰਸ਼ਵਿੰਦਰ ਸਿੰਘ ਅਤੇ ਹਰਜੀਤ ਕੌਰ ਨੇ ਦੱਸਿਆ ਕਿ ਇਹ ਪ੍ਰੋਗਰਾਮ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਪੰਜਾਬੀ ਅਤੇ ਪੇਂਡੂ ਸੱਭਿਅਤਾ ਨੂੰ ਦਰਸਾਉਂਦਾ ਹੋਇਆ ਨਿਵੇਕਲਾ ਤੀਜ ਦਾ ਤਿਉਹਾਰ ਸੀ । ਇਸ ਰੰਗਾਰੰਗ ਪ੍ਰੋਗਰਾਮ ਵਿੱਚ ਇਲਾਕੇ ਦੇ ਪੜੇ ਲਿਖੇ ਸੂਝਵਾਨ ਅਤੇ ਸੰਮਤੀ ਮੈਂਬਰ ਰਚਨਾ ਦੇਵੀ ਅਤੇ ਕੈਬਨਿਟ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਦੇ ਮਾਤਾ ਨੇ ਅਤੇ ਇਲਾਕੇ ਦੀਆਂ ਉੱਘੀਆਂ ਸ਼ਖਸ਼ੀਅਤਾਂ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ । ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਡਾਕਟਰ ਮੰਜੂ ਬਾਲਾ ਤੇ ਜੋਤੀ ਰਾਣੀ ਨੇ ਬੜੇ ਹੀ ਵਧੀਆ ਢੰਗ ਦੇ ਨਾਲ ਪੰਜਾਬੀ ਸਭਿਆਚਾਰ ਨੂੰ ਦਰਸਾਉਂਦੇ ਹੋਏ ਸ਼ੇਰੋ ਸ਼ਾਇਰੀ ਨਾਲ ਆਰੰਭ ਅਤੇ ਸਮਾਪਤ ਕੀਤਾ। ਇਸ ਪ੍ਰੋਗਰਾਮ ਦੇ ਵਿੱਚ ਜਿਹਨਾਂ ਲੜਕੀਆਂ ਨੇ ਭਾਗ ਲਿਆ ਉਹਨਾਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਪੰਜਾਬੀ ਪਹਿਰਾਵੇ ਨੂੰ ਤੇ ਪੁਰਾਤਨ ਪੰਜਾਬੀ ਸੱਭਿਆਚਾਰ ਦੇ ਪ੍ਰਸ਼ਨਾਂ ਦੇ ਸਹੀ ਉੱਤਰ ਦੇਣ ਵਾਲੀ ਲੜਕੀਆਂ ਨੂੰ ਇਨਾਮ ਦਿੱਤੇ ਗਏ । ਇਸ ਮੁਕਾਬਲੇ ਵਿੱਚ ਪਹਿਲੇ ਦਰਜੇ ਤੇ ਕ੍ਰਿਸ਼ਨਾ ਦੇਵੀ ਦੂਜੇ ਦਰਜੇ ਤੇ ਰੱਜੀ ਅਤੇ ਤੀਜੇ ਦਰਜੇ ਤੇ ਕੁਲਵੀਰ ਕੌਰ ਰਹੀਆਂ। ਪਹਿਲੇ ਦਰਜੇ ਤੇ ਆਉਣ ਵਾਲੇ ਵਿਦਿਆਰਥਣ ਕ੍ਰਿਸ਼ਨਾ ਦੇਵੀ ਨੂੰ ਮਿਸ ਪੰਜਾਬਣ ਦਾ ਖਿਤਾਬ ਦੇ ਕੇ ਭਰੇ ਇਕੱਠ ਵਿੱਚ ਸਨਮਾਨਤ ਕੀਤਾ। ਪ੍ਰੋਗਰਾਮ ਵਿੱਚ ਸਰਪੰਚ ਸੂਬੇਦਾਰ ਰਾਜਪਾਲ, ਸਾਬਕਾ ਸਰਪੰਚ ਸੁਖਦੇਵ ਸਿੰਘ, ਸਰਦੂਲ ਸਿੰਘ, ਰਣਜੀਤ ਸਿੰਘ ਐੱਨ ਸੀ ਸੀ ਅਫਸਰ, ਬਲਵੀਰ ਸਿੰਘ, ਯੂਥ ਪ੍ਰਧਾਨ ਸੁਖਦੇਵ ਸਿੰਘ, ਜਗਤਾਰ ਸਿੰਘ, ਸਾਰੇ ਸਟਾਫ ਮੈਂਬਰ ਡਾਕਟਰ ਮੰਜੂ ਬਾਲਾ, ਜੋਤੀ ਰਾਣੀ, ਸੁਸ਼ਮਾ ਦੇਵੀ ਤੇ ਮੈਡਮ ਸੀਮਾ ਦੇਵੀ ਤੇ ਇਲਾਕੇ ਦੀਆਂ ਹੋਰ ਨਾਮੀ ਸ਼ਖਸ਼ੀਅਤਾਂ ਨੇ ਇਸ ਪ੍ਰੋਗਰਾਮ ਦਾ ਆਨੰਦ ਮਾਣਿਆ ।

# ਜਨਤਕ ਜਥੇਬੰਦੀਆਂ ਵੱਲੋਂ ਪੁਲਸ ਤੇ ਸਰਕਾਰ ਦੀਆਂ ਧੱਕੇਸ਼ਾਹੀਆਂ ਵਿਰੁੱਧ ਰੋਹ ਭਰਪੂਰ ਰੈਲੀ ਤੇ ਮਾਰਚ

**ਗੜ੍ਹਸ਼ੰਕਰ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਜਨਤਕ ਜਥੇਬੰਦੀਆਂ ਵਲੋਂ ਪੁਲਸ ਅਤੇ ਸਰਕਾਰ ਦੀਆਂ ਧੱਕੇਸ਼ਾਹੀਆਂ ਵਿਰੁੱਧ ਡੀ ਐਸ ਪੀ ਦਫਤਰ ਅੱਗੇ ਰੋਹ ਭਰਪੂਰ ਰੈਲੀ ਅਤੇ ਸ਼ਹਿਰ ਵਿਚ ਮਾਰਚ ਕੀਤਾ ਗਿਆ। ਇਸ ਦੀ ਪ੍ਰਧਾਨਗੀ ਗੁਰਨੇਕ ਸਿੰਘ ਭੱਜਲ, ਮਹਿੰਦਰ ਕੁਮਾਰ ਬੱਡੋਆਣ, ਸੁਭਾਸ਼ ਮੱਟੂ, ਗੁਰਬਖ਼ਸ਼ ਕੌਰ ਚੱਕ ਗੁਰੂ, ਜੋਗਿੰਦਰ ਕੌਰ, ਕੁਲਵਿੰਦਰ ਸਿੰਘ ਸੰਘਾ ਨੇ ਕੀਤੀ। ਇਸ ਮੌਕੇ ਗੁਰਨੇਕ ਸਿੰਘ ਭੱਜਲ, ਮਹਿੰਦਰ ਕੁਮਾਰ ਬੱਡੋਆਣ, ਦਰਸ਼ਨ ਸਿੰਘ ਮੱਟੂ, ਰਵਿੰਦਰ ਕੁਮਾਰ ਨੀਟਾ, ਸੁਭਾਸ਼ ਮੱਟੂ, ਕੁਲਵਿੰਦਰ ਸਿੰਘ ਸੰਘਾ, ਨੀਲਮ ਬੱਡੋਆਣ, ਕਾਂਗਰਸ ਵੱਲੋਂ ਹਰਵਿੰਦਰ ਸਿੰਘ ਸਿੰਘ ਸੈਣੀ, ਜਸਵੀਰ ਸਿੰਘ ਜੱਟ ਸਭਾ ਦੇ ਪੰਜਾਬ ਦੇ ਪ੍ਰਧਾਨ ਅਜੈਬ ਸਿੰਘ ਬੋਪਾਰਾਏ, ਕੁਲਭੂਸ਼ਨ ਮਹਿਦਵਾਣੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਇੱਥੋਂ ਦਾ ਡਿਪਟੀ ਸਪੀਕਰ ਜਿਸ ਨੇ ਸਾਰੇ ਮਹਿਕਮੇ ਆਪਣੇ ਕੋਲ ਰੱਖੇ ਹੋਏ ਹਨ, ਕੋਈ ਵੀ ਕੰਮ ਕਿਸੇ ਵੀ ਮਹਿਕਮੇ ਦਾ ਡਿਪਟੀ ਸਪੀਕਰ ਤੋਂ ਬਗੈਰ ਨਹੀਂ ਹੋ ਰਿਹਾ। ਟਿੱਪਰਾਂ ਦਾ ਸਮਾਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਲੋਂ ਤੈਅ ਕੀਤਾ ਗਿਆ, ਉਸ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ। ਮੰਤਰੀ ਨੂੰ ਸਵਾਲ ਪੁੱਛਣ 'ਤੇ ਮੰਤਰੀ ਵੱਲੋਂ ਹਿਟਲਰਸ਼ਾਹੀ ਜਵਾਬ ਦਿੱਤਾ ਜਾਂਦਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਰਾਜ ਅੰਦਰ ਨਸ਼ਾ, ਗੈਰ ਕਾਨੂੰਨੀ ਮਾਇਨਿੰਗ, ਭ੍ਰਿਸ਼ਟਾਚਾਰ ਲਗਾਤਾਰ ਵਧ ਰਿਹਾ ਹੈ।ਆਗੂਆਂ ਨੇ ਮੰਗ ਕੀਤੀ ਗੈਰ ਕਾਨੂੰਨੀ ਮਾਇਨਿੰਗ ਬੰਦ ਕੀਤੀ ਜਾਵੇ, ਟਿੱਪਰਾਂ ਦਾ ਸਮਾਂ ਡਿਪਟੀ ਕਮਿਸ਼ਨਰ ਦੇ ਹੁਕਮਾਂ ਮੁਤਾਬਕ ਲਾਗੂ ਕੀਤਾ ਜਾਵੇ, ਲੋਕਾਂ 'ਤੇ ਬਣੇ ਝੂਠੇ ਮੁਕੱਦਮੇ ਵਾਪਸ ਲਏ ਜਾਣ, ਸਿਲੰਡਰ ਚੋਰਾਂ 'ਤੇ ਕਾਰਵਾਈ ਕੀਤੀ ਜਾਵੇ, ਡਿਪਟੀ ਸਪੀਕਰ ਦੀ ਧੱਕੇਸ਼ਾਹੀ, ਮਹਿਕਮਿਆਂ ਦਾ ਰਾਜਸੀਕਰਨ ਬੰਦ ਕੀਤਾ ਜਾਵੇ। ਇਸ ਮੌਕੇ ਡੀ ਐਸ ਪੀ ਗੜ੍ਹਸ਼ੰਕਰ ਨੇ ਮੌਕੇ 'ਤੇ ਆ ਕੇ ਭਰੋਸਾ ਦਿੱਤਾ ਕਿ ਸਾਰੇ ਮਸਲਿਆਂ ਦਾ ਹੱਲ ਬੈਠ ਕੇ ਕੀਤਾ ਜਾਵੇਗਾ। ਸਟੇਜ ਦੀ ਕਾਰਵਾਈ ਚੌਧਰੀ ਅੱਛਰ ਸਿੰਘ ਨੇ ਨਿਭਾਈ। ਆਗੂਆਂ ਨੇ ਕਿਹਾ ਕਿ ਜੇ ਇਹ ਮਸਲੇ ਹੱਲ ਨਾ ਹੋਏ ਤਾਂ ਸੰਘਰਸ਼ ਹੋਰ ਤਿੱਖਾ ਹੋਵੇਗਾ। ਇਸ ਮੌਕੇ ਮੋਹਨ ਲਾਲ ਵੀਨੇਵਾਲ, ਗੁਰਧਾਰੀ ਲਾਲ, ਸੁਰਿੰਦਰ ਕੌਰ ਚੁੰਬਰ, ਸੁਖਵਿੰਦਰ ਕੌਰ, ਪ੍ਰੇਮ ਰਾਣਾ, ਪਰੇਮੀ, ਬਲਦੇਵ ਰਾਜ ਨੇ ਵੀ ਸੰਬੋਧਨ ਕੀਤਾ। ਆਏ ਸਾਥੀਆਂ ਦਾ ਗਰੀਬ ਦਾਸ ਬੀਟਨ ਨੇ ਧੰਨਵਾਦ ਕੀਤਾ।

